ਸੋਮਵਾਰ, 2 ਮਾਰਚ, 2026
19 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 271

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 2 MARCH, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

# ਖਾਮਨੇਈ ਦੀ ਮੌਤ ਤੋਂ ਬਾਅਦ ਇੰਤਕਾਮ ਦਾ ਪ੍ਰਣ

**ਦੁਬਈ** : ਈਰਾਨ ਨੇ ਐਤਵਾਰ ਸਵੇਰੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਦੇਸ਼ ਦੇ ਸੁਪਰੀਮ ਲੀਡਰ ਆਇਤੁੱਲਾ ਅਲੀ ਖ਼ਾਮਨੇਈ ਇਜ਼ਰਾਈਲ ਅਤੇ ਅਮਰੀਕਾ ਦੁਆਰਾ ਕੀਤੇ ਗਏ ਇੱਕ ਵੱਡੇ ਹਵਾਈ ਹਮਲੇ ਵਿੱਚ ਮਾਰੇ ਗਏ ਹਨ। 86 ਸਾਲਾ ਖ਼ਾਮਨੇਈ 'ਤੇ ਇਹ ਹਮਲਾ ਤਹਿਰਾਨ ਸਥਿਤ ਉਨ੍ਹਾ ਦੇ ਦਫ਼ਤਰ ਅਤੇ ਰਿਹਾਇਸ਼ੀ ਕੰਪਲੈਕਸ ਨੂੰ ਨਿਸ਼ਾਨਾ ਬਣਾ ਕੇ ਕੀਤਾ ਗਿਆ, ਜਿਸ ਦੀਆਂ ਤਸਵੀਰਾਂ ਸੈਟੇਲਾਈਟ ਰਾਹੀਂ ਵੀ ਸਾਹਮਣੇ ਆਈਆਂ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਸ ਕਾਰਵਾਈ ਨੂੰ ਈਰਾਨੀ ਲੋਕਾਂ ਲਈ ਆਪਣਾ ਦੇਸ਼ ਵਾਪਸ ਲੈਣ ਦਾ 'ਸਭ ਤੋਂ ਵੱਡਾ ਮੌਕਾ' ਦੱਸਿਆ ਹੈ। ਇਸ ਹਮਲੇ ਵਿੱਚ ਈਰਾਨੀ ਰੈਵੋਲਿਊਸ਼ਨਰੀ ਗਾਰਡ ਦੇ ਕਮਾਂਡਰ ਅਤੇ ਰੱਖਿਆ ਮੰਤਰੀ ਸਮੇਤ ਕਈ ਉੱਚ ਅਧਿਕਾਰੀ ਵੀ ਮਾਰੇ ਗਏ, ਜਿਸ ਕਾਰਨ ਈਰਾਨੀ ਹਕੂਮਤ ਵਿੱਚ ਇੱਕ ਵੱਡਾ ਲੀਡਰਸ਼ਿਪ ਸੰਕਟ ਪੈਦਾ ਹੋ ਗਿਆ ਹੈ। ਹਮਲੇ ਵਿੱਚ ਖ਼ਾਮਨੇਈ ਦੇ ਧੀ-ਜਵਾਈ , ਨੂੰਹ ਤੇ ਪੋਤੀ ਦੀ ਵੀ ਮੌਤ ਹੋ ਗਈ। ਦੂਜੇ ਪਾਸੇ ਈਰਾਨ ਨੇ ਇਸ 'ਵੱਡੇ ਅਪਰਾਧ' ਦਾ ਬਦਲਾ ਲੈਣ ਦੀ ਸਹੁੰ ਖਾਧੀ ਹੈ ਅਤੇ ਜਵਾਬੀ ਕਾਰਵਾਈ ਕਰਦਿਆਂ ਇਜ਼ਰਾਈਲ ਅਤੇ ਖੇਤਰ ਵਿੱਚ ਸਥਿਤ ਅਮਰੀਕੀ ਫੌਜੀ ਅੱਡਿਆਂ 'ਤੇ ਸੈਂਕੜੇ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਹਮਲਾ ਕੀਤਾ ਹੈ।


ਖਾਮਨੇਈ ਦੀ ਮੌਤ ਤੋਂ ਬਾਅਦ ਤਹਿਰਾਨ ਵਿੱਚ ਰੋਹ ਵਿੱਚ ਆਏ ਈਰਾਨੀ।

ਤਹਿਰਾਨ ਤੋਂ ਮਿਲੀਆਂ ਰਿਪੋਰਟਾਂ ਮੁਤਾਬਕ ਜਿੱਥੇ ਕੁਝ ਲੋਕਾਂ ਨੇ ਇਸ ਖ਼ਬਰ 'ਤੇ ਜਸ਼ਨ ਮਨਾਇਆ, ਉੱਥੇ ਹਵਾਈ ਹਮਲਿਆਂ ਕਾਰਨ ਭਾਰੀ ਜਾਨੀ ਨੁਕਸਾਨ ਵੀ ਹੋਇਆ, ਜਿਸ ਵਿੱਚ ਦੱਖਣੀ ਈਰਾਨ ਦੇ ਇੱਕ ਸਕੂਲ 'ਤੇ ਹੋਈ ਬੰਬਾਰੀ ਵੀ ਸ਼ਾਮਲ ਹੈ। ਅਮਰੀਕਾ ਨੇ ਸਪੱਸ਼ਟ ਕੀਤਾ ਹੈ ਕਿ ਇਹ ਹਮਲੇ ਈਰਾਨ ਦੇ ਪਰਮਾਣੂ ਪ੍ਰੋਗਰਾਮ ਨੂੰ ਪੂਰੀ ਤਰ੍ਹਾਂ ਨਸ਼ਟ ਕਰਨ ਲਈ ਜ਼ਰੂਰੀ ਸਨ। ਫਿਲਹਾਲ ਪੂਰੇ ਖੇਤਰ ਵਿੱਚ ਤਣਾਅ ਹੈ ਅਤੇ ਇੱਕ ਵੱਡੀ ਖੇਤਰੀ ਜੰਗ ਛਿੜਨ ਦਾ ਖ਼ਤਰਾ ਬਣਿਆ ਹੋਇਆ ਹੈ।

ਇ ਸ • ਬਾਕੀ ਸਫਾ 2 'ਤੇ

## ਕਸ਼ਮੀਰ 'ਚ ਟਰੰਪ ਤੇ ਨੇਤਨਯਾਹੂ ਦਾ ਪਿੱਟ-ਸਿਆਪਾ



**ਨਵੀਂ ਦਿੱਲੀ** : ਈਰਾਨੀ ਸੁਪਰੀਮ ਲੀਡਰ ਆਇਤੁਲ੍ਹਾ ਖਾਮਨੇਈ ਦੇ ਮਾਰੇ ਜਾਣ ਦਾ ਕਸ਼ਮੀਰ ਤੋਂ ਲੈ ਕੇ ਕਰਨਾਟਕ ਤੱਕ ਸ਼ੀਆ ਮੁਸਲਮਾਨਾਂ ਨੇ ਐਤਵਾਰ ਸੜਕਾਂ 'ਤੇ ਉੱਤਰ ਕੇ ਸੋਗ ਮਨਾਇਆ। ਕਸ਼ਮੀਰ, ਜਿੱਥੇ ਅੰਦਾਜ਼ਨ 15 ਲੱਖ ਸ਼ੀਆ ਰਹਿੰਦੇ ਹਨ, ਦੇ ਸ੍ਰੀਨਗਰ ਦੇ ਲਾਲ ਚੌਕ, ਸੈਦਾ ਕਦਲ, ਬਡਗਾਮ, ਬਾਂਦੀਪੋਰਾ, ਅਨੰਤਨਾਗ ਤੇ ਪੁਲਵਾਮਾ ਵਿੱਚ ਲੋਕਾਂ ਨੇ ਅਮਰੀਕਾ ਤੇ ਇਜ਼ਰਾਈਲ ਦਾ ਪਿੱਟ-ਸਿਆਪਾ ਕੀਤਾ। ਸਾਵਧਾਨੀ ਵਜੋਂ ਕਸ਼ਮੀਰ ਵਿੱਚ ਸੋਮਵਾਰ ਤੋਂ ਦੋ ਦਿਨਾਂ ਲਈ ਸਕੂਲ ਅਤੇ ਕਾਲਜ ਬੰਦ ਕਰ ਦਿੱਤੇ ਗਏ ਹਨ। ਮੀਰਵਾਇਜ਼ ਉਮਰ ਫਾਰੂਕ ਨੇ ਸੋਮਵਾਰ ਬੰਦ ਦਾ ਸੱਦਾ ਦਿੱਤਾ ਹੈ। ਲਖਨਊ ਵਿੱਚ ਬੜਾ ਇਮਾਮਬਾੜਾ ਮਸਜਿਦ ਨੇੜੇ ਕਾਫੀ ਸੋਗਕਾਰੀ ਇਕੱਠੇ ਹੋਏ।

ਆਲ ਇੰਡੀਆ ਸ਼ੀਆ ਪਰਸਨਲ ਲਾਅ ਬੋਰਡ ਦੇ ਜਨਰਲ ਸਕੱਤਰ ਮੌਲਾਨਾ ਯਾਸੂਬ ਅੱਬਾਸ ਨੇ ਸੋਮਵਾਰ ਟਰੰਪ ਤੇ ਨੇਤਨਯਾਹੂ ਦੇ ਪੁਤਲੇ ਸਾੜਨ ਦਾ ਸੱਦਾ ਦਿੱਤਾ ਹੈ। ਲੁਧਿਆਣਾ ਵਿੱਚ ਸੋਗਕਾਰੀਆਂ ਦੀ ਅਗਵਾਈ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨ ਲੁਧਿਆਣਵੀ ਨੇ ਕੀਤੀ। ਉਨ੍ਹਾ ਮੰਗ ਕੀਤੀ ਕਿ ਭਾਰਤ ਸਰਕਾਰ ਇੱਕ ਹਫਤੇ ਦਾ ਕੌਮੀ ਸੋਗ ਐਲਾਨੇ। ਅਜਮੇਰ ਵਿੱਚ ਸ਼ੀਆ ਭਾਈਚਾਰੇ ਨੇ ਤਿੰਨ ਦਿਨ ਸੋਗ ਮਨਾਉਣ ਦਾ ਐਲਾਨ ਕੀਤਾ ਹੈ। ਨਵੀਂ ਦਿੱਲੀ, ਬਿਹਾਰ, ਝਾਰਖੰਡ ਤੇ ਤਿਲੰਗਾਨਾ ਵਿੱਚ ਵੀ ਰੋਸ ਮੁਜ਼ਾਹਰੇ ਹੋਏ ਹਨ। ਕਰਨਾਟਕ ਦੇ ਚਿੱਕਾਬੱਲਾਪੁਰ ਜ਼ਿਲ੍ਹੇ, ਜਿੱਥੋਂ ਦਾ ਖਾਮਨੇਈ ਨੇ ਦੌਰਾ ਕੀਤਾ ਸੀ, ਵਿੱਚ ਦੁਕਾਨਦਾਰਾਂ ਨੇ ਆਪ-ਮੁਹਾਰੇ ਦੁਕਾਨਾਂ ਬੰਦ ਕਰ ਦਿੱਤੀਆਂ। ਖਾਮਨੇਈ ਨੇ 1986 ਵਿੱਚ ਜ਼ਿਲ੍ਹੇ ਦੇ ਪਿੰਡ ਅਲੀਪੁਰ ਦਾ ਦੌਰਾ ਕੀਤਾ ਸੀ।

# ਭਾਜਪਾ ਦੇ ਤਾਨਾਸ਼ਾਹੀ ਸ਼ਾਸਨ ਦੇ ਅੰਤ ਦਾ ਮੁੱਢ ਪੰਜਾਬ ਬੰਨ੍ਹੇਗਾ : ਮਾਨ

### ਭਾਜਪਾ ਦੀ ਉਲਟੀ ਗਿਣਤੀ ਸ਼ੁਰੂ: ਕੇਜਰੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ/ਕ੍ਰਿਸ਼ਨ ਗਰਗ)**
ਆਮ ਆਦਮੀ ਪਾਰਟੀ ਦੀ ਦਿੱਲੀ ਦੇ ਜੰਤਰ-ਮੰਤਰ ਵਿਖੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਹੋਈ ਵਿਸ਼ਾਲ ਜਨਤਕ ਰੈਲੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਅਦਾਲਤ ਦਾ ਹਾਲੀਆ ਫੈਸਲਾ ਭਾਰਤੀ ਰਾਜਨੀਤੀ ਵਿੱਚ ਸੱਚਾਈ ਦੀ ਇਤਿਹਾਸਕ ਜਿੱਤ ਹੈ ਅਤੇ ਇਸ ਗੱਲ ਦੀ ਪੁਸ਼ਟੀ ਕਰਦਾ ਹੈ ਕਿ 'ਆਪ' ਇੱਕ ਕੌਮੀ ਤਾਕਤ ਵਜੋਂ ਮਜ਼ਬੂਤੀ ਨਾਲ ਉਭਰ ਕੇ ਸਾਹਮਣੇ ਆਈ ਹੈ। ਸਿੱਧੀ ਰਾਜਨੀਤਕ ਚੁਣੌਤੀ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਕੇਂਦਰ 'ਚ ਭਾਜਪਾ ਦੇ ਇਸ ਤਾਨਾਸ਼ਾਹੀ ਸ਼ਾਸਨ ਨੂੰ ਮਾਤ ਦੇਣ ਲਈ 2027 ਵਿੱਚ 'ਆਪ' ਦੀ ਝੋਲੀ ਘੱਟੋ-ਘੱਟ 100 ਸੀਟਾਂ ਪਾਏਗਾ। ਉਨ੍ਹਾ ਕਿਹਾ ਕਿ ਇਸ ਤਾਨਾਸ਼ਾਹੀ ਵਿਰੁੱਧ ਜਿੱਤ ਦਾ ਆਗਾਜ਼ ਪੰਜਾਬ ਤੋਂ ਹੋਵਗਾ। ਇਹ ਆਖਦਿਆਂ ਕਿ ਸਾਲ 2027 ਦੇਸ਼ ਭਰ ਵਿੱਚ ਬਦਲਾਅ ਦਾ ਮੁੱਢ ਬੰਨ੍ਹੇਗਾ। ਉਨ੍ਹਾ ਕਿਹਾ ਕਿ ਜਿਸ ਦਿਸ਼ਾ ਵੱਲ ਪੰਜਾਬ ਮਾਰਚ ਕਰਦਾ ਹੈ, ਪੂਰਾ ਦੇਸ਼ ਵੀ ਉਸ ਪਾਸੇ ਵੱਲ ਹੋ ਜਾਂਦਾ ਹੈ, ਕਿਉਂਕਿ ਹਰ ਕੋਈ ਜਾਣਦਾ ਹੈ ਕਿ ਪੰਜਾਬ ਕਿਸੇ ਵੀ ਤਾਨਾਸ਼ਾਹੀ ਨੂੰ ਮੂੰਹ ਤੋੜਵਾਂ ਜਵਾਬ ਦੇਣਾ ਚੰਗੀ ਤਰ੍ਹਾਂ ਜਾਣਦਾ ਹੈ।



ਜੀ ਐੱਸ ਟੀ ਦਾ ਬਕਾਇਆ ਰੋਕਣ ਅਤੇ ਪੰਜਾਬ ਲਈ ਐਲਾਨੀ ਗਈ 1,600 ਕਰੋੜ ਰੁਪਏ ਦੀ ਹੜ੍ਹ ਰਾਹਤ ਰਾਸ਼ੀ ਜਾਰੀ ਨਾ ਕਰਨ ਦਾ ਹਵਾਲਾ ਦਿੰਦਿਆਂ ਉਨ੍ਹਾ ਕਿਹਾ ਕਿ ਇਸ ਬੇਇਨਸਾਫ਼ੀ ਦਾ ਜਵਾਬ ਲੋਕ ਆਪਣੇ ਫਤਵੇ ਨਾਲ ਦੇਣਗੇ। ਉਨ੍ਹਾ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਵੀ ਤਰ੍ਹਾਂ ਦੀ ਤਾਨਾਸ਼ਾਹੀ ਵਾਲੀ ਰਾਜਨੀਤੀ ਪੰਜਾਬ ਨੂੰ ਦਬਾ ਨਹੀਂ ਸਕਦੀ ਅਤੇ ਕਿਹਾ ਕਿ ਦੇਸ਼ ਭਰ ਵਿੱਚ ਜਿੱਤ ਦੀ ਸ਼ੁਰੂਆਤ ਪੰਜਾਬ ਤੋਂ ਹੋਵੇਗੀ।

ਵੀਡੀਓ ਕਾਨਫਰੰਸਿੰਗ ਰਾਹੀਂ ਪਾਰਟੀ ਆਗੂਆਂ ਤੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਐਤਵਾਰ ਜੰਤਰ-ਮੰਤਰ 'ਤੇ ਹੋਇਆ ਵਿਸ਼ਾਲ ਇਕੱਠ ਇਸ ਗੱਲ ਦਾ ਸਪੱਸ਼ਟ ਸਬੂਤ ਹੈ ਕਿ ਨਾ ਸਿਰਫ਼ ਦਿੱਲੀ, ਸਗੋਂ ਪੂਰਾ ਦੇਸ਼ ਆਪਣੇ ਲੋਕ • ਬਾਕੀ ਸਫਾ 2 'ਤੇ

## ਪਾਕਿ 'ਚ ਅਮਰੀਕਾ ਵਿਰੁੱਧ ਪ੍ਰਦਰਸ਼ਨ, 10 ਮੌਤਾਂ

**ਕਰਾਚੀ** : ਐਤਵਾਰ ਨੂੰ ਕਰਾਚੀ ਵਿਚ ਅਮਰੀਕੀ ਕੌਂਸਲੇਟ ਦੇ ਬਾਹਰ ਪੁਲਸ ਅਤੇ ਪ੍ਰਦਰਸ਼ਨਕਾਰੀਆਂ ਵਿਚਕਾਰ ਭਾਰੀ ਝੜਪਾਂ ਤੋਂ ਬਾਅਦ ਘੱਟੋ-ਘੱਟ 10 ਲੋਕਾਂ ਦੀ ਮੌਤ ਹੋ ਗਈ ਤੇ 30 ਤੋਂ ਜ਼ਿਆਦਾ ਜ਼ਖ਼ਮੀ ਹੋ ਗਏ। ਈਰਾਨ ਉਪਰ ਹਮਲੇ ਦੇ ਵਿਰੋਧ 'ਚ ਅਮਰੀਕੀ ਕੌਂਸਲੇਟ ਦੇ ਬਾਹਰ ਲੋਕਾਂ ਨੇ ਅਮਰੀਕਾ ਵਿਰੁੱਧ ਨਾਅਰੇਬਾਜ਼ੀ ਕੀਤੀ। ਪ੍ਰਦਰਸ਼ਨਕਾਰੀ ਐਮਟੀ ਖਾਨ ਰੋਡ 'ਤੇ ਕੌਂਸਲੇਟ ਦੇ ਬਾਹਰ ਇਕੱਠੇ ਹੋਏ ਸਨ, ਜਿਨ੍ਹਾਂ ਪੱਥਰਬਾਜ਼ੀ ਕੀਤੀ ਤੇ ਕੌਂਸਲਖਾਨੇ ਵਿਚ ਦਾਖਲ ਹੋ ਗਏ, ਜਿਸ 'ਤੇ ਪੁਲਸ ਨੇ ਗੋਲਾਬਾਰੀ ਕੀਤੀ ਤੇ ਅੱਥਰੂ ਗੈਸ ਦੇ ਗੋਲੇ ਛੱਡੇ। ਬਚਾਅ ਅਧਿਕਾਰੀਆਂ ਅਨੁਸਾਰ ਪੁਲਸ ਅਤੇ ਰੇਂਜਰਾਂ ਸਮੇਤ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੇ ਹੋਰ ਹਿੰਸਾ ਨੂੰ ਰੋਕਣ ਅਤੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਖੇਤਰ ਵਿਚ ਸੁਰੱਖਿਆ ਵਧਾ ਦਿੱਤੀ ਹੈ। ਪ੍ਰਦਰਸ਼ਨ ਕਾਰਨ ਖੇਤਰ ਵਿਚ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਤ ਹੋਈ। ਟਰੈਫ਼ਿਕ ਪੁਲਸ ਦੇ ਅਨੁਸਾਰ ਵਾਹਨਾਂ ਨੂੰ ਵੀ ਡਾਇਵਰਟ ਕੀਤਾ ਗਿਆ।



## ਨਾਗਪੁਰ 'ਚ ਫੈਕਟਰੀ 'ਚ ਧਮਾਕਾ, 17 ਮੌਤਾਂ

**ਨਾਗਪੁਰ** : ਮਹਾਰਾਸ਼ਟਰ ਦੇ ਨਾਗਪੁਰ ਜ਼ਿਲ੍ਹੇ ਤੋਂ ਇੱਕ ਬੇਹੱਦ ਦਰਦਨਾਕ ਖ਼ਬਰ ਸਾਹਮਣੇ ਆਈ ਹੈ, ਜਿੱਥੇ ਐਤਵਾਰ ਸਵੇਰੇ ਇੱਕ ਵਿਸਫੋਟਕ ਬਣਾਉਣ ਵਾਲੀ ਫੈਕਟਰੀ ਵਿੱਚ ਹੋਏ ਭਿਆਨਕ ਧਮਾਕੇ ਕਾਰਨ ਘੱਟੋ-ਘੱਟ 17 ਲੋਕਾਂ ਦੀ ਮੌਤ ਹੋ ਗਈ ਅਤੇ 18 ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਇਹ ਹਾਦਸਾ ਕਾਟੋਲ ਤਹਿਸੀਲ ਦੇ ਰਾਉਲਗਾਂਵ ਸਥਿਤ ਐਨਰਜੀ ਲਿਮਟਿਡ ਦੀ ਫੈਕਟਰੀ ਵਿੱਚ ਸਵੇਰੇ ਕਰੀਬ 7 ਵਜੇ ਵਾਪਰਿਆ। ਪੁਲਸ ਮੁਤਾਬਕ ਧਮਾਕਾ ਏਨਾ ਜ਼ਬਰਦਸਤ ਸੀ ਕਿ ਫੈਕਟਰੀ ਦੀ ਡੈਟੋਨੇਟਰ ਪੈਕਿੰਗ ਯੂਨਿਟ ਪੂਰੀ ਤਰ੍ਹਾਂ ਤਬਾਹ ਹੋ ਗਈ। ਕੰਪਨੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਧਮਾਕਾ ਉਸ ਸਮੇਂ ਹੋਇਆ, ਜਦੋਂ ਸਵੇਰ ਦੀ ਸ਼ਿਫਟ ਦਾ ਕੰਮ ਸ਼ੁਰੂ ਹੀ ਹੋਇਆ ਸੀ। ਜ਼ਖਮੀਆਂ ਨੂੰ ਇਲਾਜ ਲਈ ਤੁਰੰਤ ਨਾਗਪੁਰ ਦੇ ਹਸਪਤਾਲ ਵਿੱਚ ਭੇਜਿਆ ਗਿਆ ਹੈ, ਜਿਨ੍ਹਾਂ ਵਿੱਚੋਂ ਕਈਆਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।

## ਭਾਜਪਾ ਦਾ ਘਿਨਾਉਣਾ ਚਿਹਰਾ ਬੇਨਕਾਬ : ਦੀਪਕ ਬਾਲੀ

**ਜਲੰਧਰ** : ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਅਤੇ ਪੰਜਾਬ ਵਿਰਾਸਤ ਅਤੇ ਸੈਰ-ਸਪਾਟਾ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ ਦੀਪਕ ਬਾਲੀ ਨੇ ਨਵੀਂ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਕੇ ਵਿਸ਼ੇਸ਼ ਅਦਾਲਤ ਵੱਲੋਂ ਬਰੀ ਹੋਣ 'ਤੇ ਉਨ੍ਹਾਂ ਨੂੰ ਦਿਲੋਂ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ।

ਅਦਾਲਤ ਦੇ ਫੈਸਲੇ ਦਾ ਸਵਾਗਤ ਕਰਦੇ ਹੋਏ ਦੀਪਕ ਬਾਲੀ ਨੇ ਕਿਹਾ ਕਿ ਇਹ ਨਾ ਸਿਰਫ਼ ਅਰਵਿੰਦ ਕੇਜਰੀਵਾਲ ਲਈ, ਸਗੋਂ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਸਮੇਤ 23 ਹੋਰ ਦੋਸ਼ੀਆਂ ਲਈ ਵੀ ਨਿਆਂ ਦੀ ਜਿੱਤ ਹੈ। ਇਹ ਸਿਰਫ਼ ਇੱਕ ਕਾਨੂੰਨੀ ਜਿੱਤ ਨਹੀਂ ਹੈ, ਸਗੋਂ ਸੱਚਾਈ ਅਤੇ ਲੋਕਤੰਤਰ ਲਈ ਇੱਕ ਵੱਡੀ ਜਿੱਤ ਹੈ। ਆਮ ਆਦਮੀ ਪਾਰਟੀ ਇਮਾਨਦਾਰੀ ਅਤੇ ਪਾਰਦਰਸ਼ਤਾ ਦੇ ਸਿਧਾਂਤਾਂ 'ਤੇ ਸਥਾਪਤ ਕੀਤੀ ਗਈ ਸੀ ਅਤੇ ਇਸ ਅਦਾਲਤ ਦੇ ਫੈਸਲੇ ਨੇ ਇੱਕ ਵਾਰ ਫਿਰ ਇਨ੍ਹਾਂ ਕਦਰਾਂ-ਕੀਮਤਾਂ ਦੀ ਪੁਸ਼ਟੀ ਕੀਤੀ ਹੈ।ਉਨ੍ਹਾ ਕਿਹਾ ਕਿ ਪਿਛਲੇ ਕੁਝ ਸਾਲਾਂ ਵਿੱਚ ਰਾਜਨੀਤਕ ਸਾਜ਼ਿਸ਼ਾਂ ਰਾਹੀਂ ਪਾਰਟੀ ਲੀਡਰਸ਼ਿਪ ਨੂੰ ਬਦਨਾਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ, ਪਰ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਨਿਆਂਪਾਲਿਕਾ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਦੋਸ਼ ਬੇਬੁਨਿਆਦ ਸਨ। ਬਾਲੀ ਨੇ ਕਿਹਾ ਕਿ ਇਸ ਨਾਲ ਦੇਸ਼ ਦੇ ਲੋਕਾਂ ਵਿੱਚ ਪਾਰਟੀ ਦੀ ਭਰੋਸੇਯੋਗਤਾ ਹੋਰ ਮਜ਼ਬੂਤ ਹੋਵੇਗੀ।



ਦੀਪਕ ਬਾਲੀ ਨੇ ਕੇਜਰੀਵਾਲ ਨੂੰ ਰਾਸ਼ਟਰੀ ਰਾਜਨੀਤੀ ਦਾ ਇੱਕ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਥੰਮ੍ਹ ਦੱਸਦਿਆਂ ਕਿਹਾ ਕਿ ਉਨ੍ਹਾਂ ਦਾ ਟੀਚਾ ਸਿਰਫ ਸੱਤਾ ਹਾਸਲ ਕਰਨਾ ਨਹੀਂ ਹੈ, ਸਗੋਂ ਸਿੱਖਿਆ, ਸਿਹਤ, ਰੁਜ਼ਗਾਰ ਅਤੇ • ਬਾਕੀ ਸਫਾ 2 'ਤੇ

## ਮੁੰਬਈ ਤੇ ਦਿੱਲੀ ਹਵਾਈ ਅੱਡਿਆਂ 'ਤੇ 225 ਉਡਾਣਾਂ ਰੱਦ

**ਨਵੀਂ ਦਿੱਲੀ** : ਈਰਾਨ 'ਤੇ ਅਮਰੀਕਾ ਅਤੇ ਇਜ਼ਰਾਈਲ ਦੇ ਹਮਲਿਆਂ ਉਪਰੰਤ ਖਾੜੀ ਖੇਤਰ ਵਿਚ ਹਵਾਈ ਖੇਤਰ ਦੇ ਬੰਦ ਹੋਣ ਦੇ ਮੱਦੇਨਜ਼ਰ ਐਤਵਾਰ ਨੂੰ ਮੁੰਬਈ ਅਤੇ ਦਿੱਲੀ ਹਵਾਈ ਅੱਡਿਆਂ 'ਤੇ 225 ਅੰਤਰ ਰਾਸ਼ਟਰੀ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ। ਮੁੰਬਈ ਹਵਾਈ ਅੱਡੇ 'ਤੇ 125 ਉਡਾਣਾਂ ਅਤੇ ਦਿੱਲੀ ਹਵਾਈ ਅੱਡੇ 'ਤੇ ਘੱਟੋ-ਘੱਟ 100 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ।

ਐਤਵਾਰ ਲਗਭਗ ਦਸ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ। ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ ਤੋਂ ਰੱਦ ਕੀਤੀਆਂ ਗਈਆਂ ਇਨ੍ਹਾਂ ਉਡਾਣਾਂ ਬਾਰੇ ਹਵਾਈ ਅੱਡਾ ਅਥਾਰਟੀ ਵੱਲੋਂ ਇਸ ਦੀ ਜਾਣਕਾਰੀ ਆਪਣੇ ਸੋਸ਼ਲ ਮੀਡੀਆ ਖਾਤੇ ਰਾਹੀਂ ਯਾਤਰੂਆਂ ਨੂੰ ਦਿੱਤੀ ਗਈ। ਰੱਦ ਕੀਤੀਆਂ ਗਈਆਂ ਉਡਾਣਾਂ ਵਿੱਚ ਦੋਹਾ, ਕਤਰ, ਸ਼ਾਰਜਾਹ ਆਦਿ ਨਾਲ ਸੰਬੰਧਤ ਹਨ। ਜਿਨ੍ਹਾਂ ਦਾ ਸੰਚਾਲਨ ਵੱਖ-ਵੱਖ ਹਵਾਈ ਕੰਪਨੀਆਂ ਵੱਲੋਂ ਕੀਤਾ ਜਾ ਰਿਹਾ।

## ਕਾਲਜ ਦੀ ਪ੍ਰਿੰਸੀਪਲ ਸਣੇ ਕਈ ਭਾਰਤੀ ਫਸੇ

**ਚੰਡੀਗੜ੍ਹ** : ਪੰਜਾਬ ਦੀ ਇਕ ਸਰਕਾਰੀ ਕਾਲਜ ਦੀ ਪ੍ਰਿੰਸੀਪਲ ਨੀਰੂ ਗਰਗ ਲਈ ਦੁਬਈ ਦੀ ਇਕ ਮਨੋਰੰਜਨ ਯਾਤਰਾ ਇਕ ਬੁਰੇ ਸੁਪਨੇ ਵਿਚ ਬਦਲ ਗਈ ਹੈ, ਕਿਉਂਕਿ ਈਰਾਨ ਦੇ ਸ਼ਹਿਰ 'ਤੇ ਹਮਲੇ ਕਾਰਨ ਹਵਾਈ ਖੇਤਰ ਬੰਦ ਹੋ ਗਿਆ ਅਤੇ ਉਹ ਆਪਣੇ ਪਰਵਾਰ ਸਮੇਤ ਸ਼ਾਰਜਾਹ ਵਿਚ ਨਕਦੀ ਜਾਂ ਜ਼ਰੂਰੀ ਦਵਾਈਆਂ ਤੋਂ ਬਿਨਾਂ ਫਸ ਗਈ ਹੈ। ਗਰਗ, ਜੋ ਬਠਿੰਡਾ ਦੇ ਐੱਸ ਐੱਸ ਡੀ ਗਰਲਜ਼ ਕਾਲਜ ਦੀ ਪ੍ਰਿੰਸੀਪਲ ਹੈ, ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਅਤੇ ਹੋਰ ਭਾਰਤੀ ਯਾਤਰੀਆਂ ਨੂੰ ਕੱਢਣ ਵਿਚ ਮਦਦ ਲਈ ਤੁਰੰਤ ਸਹਾਇਤਾ ਕਰੇ। ਉਨ੍ਹਾ ਕਿਹਾ ਕਿ ਉਹ ਪੰਜ ਦਿਨਾਂ ਦੀ ਯਾਤਰਾ ਉੱਤੇ ਸੀ ਅਤੇ ਇਹ ਸੋਚ ਕੇ ਕਿ ਇਹ ਯਾਤਰਾ ਦਾ ਆਖਰੀ ਦਿਨ (ਸ਼ਨੀਵਾਰ) ਸੀ, ਅਸੀਂ ਆਪਣੇ ਸਾਰੇ ਪੈਸੇ (ਦਿਰਹਾਮ) ਵੀ ਖਤਮ ਕਰ ਦਿੱਤੇ, ਕਿਉਂਕਿ ਅਸੀਂ ਇੰਡੀਗੋ ਫਲਾਈਟ 'ਤੇ ਵਾਪਸ ਜਾਣ ਦੀ ਤਿਆਰੀ ਕਰ ਰਹੇ ਸੀ, ਜੋ ਕਿ ਅੰਮ੍ਰਿਤਸਰ ਲਈ ਬੁੱਕ ਕੀਤੀ ਗਈ ਸੀ, ਉਸ ਨੇ ਸ਼ਨੀਵਾਰ ਨੂੰ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਇਕ ਵੀਡੀਓ ਵਿਚ ਇਹ ਜਾਣਕਾਰੀ ਦਿੱਤੀ। ਕਾਲਜ ਪ੍ਰਿੰਸੀਪਲ ਤੋਂ ਇਲਾਵਾ ਕੁਝ ਹੋਰ ਭਾਰਤੀ ਯਾਤਰੀਆਂ ਨੇ ਕਿਹਾ ਹੈ ਕਿ ਉਹ ਸ਼ਾਰਜਾਹ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਫਸੇ ਹੋਏ ਹਨ। ਉਨ੍ਹਾ ਕਿਹਾ ਕਿ ਅਸੀਂ ਸਾਰੀਆਂ ਰਸਮੀ ਕਾਰਵਾਈਆਂ ਪੂਰੀਆਂ ਕਰ ਲਈਆਂ ਸਨ, ਪਰ ਜਦੋਂ ਅਸੀਂ ਦੁਪਹਿਰ 1.30 ਵਜੇ ਸੁਰੱਖਿਆ ਜਾਂਚ ਲਈ ਆਏ ਤਾਂ ਉਨ੍ਹਾਂ ਨੇ ਸਾਨੂੰ ਦੁਪਹਿਰ 2.30 ਵਜੇ ਆਉਣ ਲਈ ਕਿਹਾ। ਦੁਪਹਿਰ 2 ਵਜੇ, ਉਨ੍ਹਾਂ ਨੇ ਸਾਨੂੰ ਦੱਸਿਆ ਕਿ ਸਾਰੀਆਂ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ।

## ਵਿਸ਼ੇਸ਼ ਸਪਲੀਮੈਂਟ



**ਕਪੂਰਥਲਾ** ਤੋਂ ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 12ਵੀਂ ਵਰ੍ਹੇਗੰਢ ਮੌਕੇ 10 ਮਾਰਚ ਨੂੰ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਪ੍ਰੀਤ ਸੰਗੋਜਲਾ** ਨਾਲ ਮੋਬਾਇਲ 99143-35663 'ਤੇ ਸੰਪਰਕ ਕਰੋ।
**-ਜਨਰਲ ਮੈਨੇਜਰ**

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।
**-ਮੈਨੇਜਰ**

## ਕੌਮਾਂਤਰੀ ਮੈਰਾਥਨ 'ਚ ਹਜ਼ਾਰਾਂ ਨੌਜਵਾਨਾਂ ਨੇ ਲਿਆ ਹਿੱਸਾ

**ਚੰਡੀਗੜ੍ਹ** : ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਚੰਡੀਗੜ੍ਹ ਕਲੱਬ ਵਿੱਚ ਪਹਿਲੀ ਕੌਮਾਂਤਰੀ ਮੈਰਾਥਨ ਕਰਵਾਈ ਗਈ। ਇਸ ਮੈਰਾਥਨ ਵਿੱਚ ਦੇਸ਼ ਭਰ ਤੋਂ ਲਗਭਗ 3500 ਅਥਲੀਟਾਂ ਨੇ ਹਿੱਸਾ ਲਿਆ, ਜਿਸ ਵਿੱਚ 38 ਕੌਮਾਂਤਰੀ ਅਥਲੀਟ ਵੀ ਸ਼ਾਮਲ ਹਨ। ਇਸ ਮੈਰਾਥਨ ਨੂੰ ਪੰਜਾਬ ਦੇ ਰਾਜਪਾਲ ਅਤੇ ਯੂ ਟੀ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।



ਮੈਰਾਥਨ ਵਿੱਚ 42.195 ਕਿਲੋਮੀਟਰ ਦੀ ਫੁੱਲ ਮੈਰਾਥਨ, 21 ਕਿਲੋਮੀਟਰ ਦੀ ਹਾਫ ਮੈਰਾਥਨ, 10 ਕਿਲੋਮੀਟਰ ਦੀ ਟਾਇਮਡ ਰਨ ਅਤੇ 5 ਕਿਲੋਮੀਟਰ ਮੈਰਾਥਨ ਕਰਵਾਈ ਗਈ। ਮੈਰਾਥਨ ਦੀ ਸ਼ੁਰੂਆਤ ਚੰਡੀਗੜ੍ਹ ਕਲੱਬ ਤੋਂ ਕੀਤੀ ਗਈ, ਜੋ ਹਾਈ ਕੋਰਟ ਚੌਕ, ਰਾਕ ਗਾਰਡਨ, ਸੁਖਨਾ ਝੀਲ, ਝੀਲ ਕਲੱਬ, ਮਟਕਾ ਚੌਕ, ਟਰਾਂਸਪੋਰਟ ਲਾਈਟਾਂ, ਰੋਜ਼ ਗਾਰਡਨ ਰੋਡ, ਪੀ ਜੀ ਆਈ ਗੇਟ ਨੰਬਰ 3, ਲੇਜ਼ਰ ਵੈਲੀ ਅਤੇ ਮੁੱਖ ਮੰਤਰੀ ਨਿਵਾਸ ਦੇ ਚੌਕ ਤੋਂ ਹੁੰਦੀ ਹੋਈ ਚੰਡੀਗੜ੍ਹ ਕਲੱਬ ਵਿੱਚ ਸਮਾਪਤ ਹੋਈ।

## ਈਰਾਨ 'ਤੇ ਹਮਲਾ ਗੈਰਕਾਨੂੰਨੀ : ਮਮਦਾਨੀ

**ਵਾਸ਼ਿੰਗਟਨ** : ਨਿਊ ਯਾਰਕ ਦੇ ਮੇਅਰ ਜ਼ੋਹਰਾਨ ਮਮਦਾਨੀ ਨੇ ਈਰਾਨ 'ਤੇ ਅਮਰੀਕੀ-ਇਜ਼ਰਾਈਲੀ ਹਮਲੇ ਨੂੰ ਗੈਰਕਾਨੂੰਨੀ ਜੰਗ ਕਰਾਰ ਦਿੰਦਿਆਂ ਕਿਹਾ ਹੈ ਕਿ ਅਮਰੀਕਾ ਦੇ ਲੋਕ ਇਹ ਨਹੀਂ ਚਾਹੁੰਦੇ।

ਉਨ੍ਹਾ ਕਿਹਾ ਕਿ ਅਮਰੀਕਾ ਦੇ ਲੋਕ ਈਰਾਨੀ ਹਕੂਮਤ ਬਦਲਣ ਲਈ ਜੰਗ ਕਰਨ ਦੇ ਖਿਲਾਫ ਹਨ। ਡੋਨਾਲਡ ਟਰੰਪ ਦੇ ਖਿਲਾਫ ਰਾਸ਼ਟਰਪਤੀ ਚੋਣ ਵਿੱਚ ਡੈਮੋਕਰੇਟਿਕ ਪਾਰਟੀ ਦੀ ਉਮੀਦਵਾਰ ਰਹੀ ਕਮਲਾ ਹੈਰਿਸ ਨੇ ਕਿਹਾ ਕਿ ਟਰੰਪ ਅਮਰੀਕਾ ਨੂੰ ਜੰਗ ਵਿੱਚ ਝੋਕ ਰਿਹਾ ਹੈ, ਜਦਕਿ ਅਮਰੀਕਾ ਦੇ ਲੋਕ ਅਜਿਹਾ ਨਹੀਂ ਚਾਹੁੰਦੇ। ਟਰੰਪ ਨੇ ਅਮਰੀਕੀ ਫੌਜੀਆਂ ਦਾ ਨੁਕਸਾਨ ਕਰਾਉਣਾ ਹੈ।

## ਕੌਮਾਂਤਰੀ ਭਾਈਚਾਰੇ ਨੂੰ ਆਵਾਜ਼ ਬੁਲੰਦ ਕਰਨ ਦੀ ਅਪੀਲ

**ਨਵੀਂ ਦਿੱਲੀ** : ਭਾਰਤ ਵਿੱਚ ਈਰਾਨੀ ਦੂਤਾਵਾਸ ਨੇ ਦੁਨੀਆ ਭਰ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਈਰਾਨ 'ਤੇ ਅਮਰੀਕਾ-ਇਜ਼ਰਾਈਲ ਦੇ ਹਮਲੇ ਅਤੇ ਇਸ ਦੇ ਸੁਪਰੀਮ ਲੀਡਰ ਖਾਮਨੇਈ ਦੀ ਹੱਤਿਆ ਦੀ ਸਖਤ ਨਿਖੇਧੀ ਕਰਨ। ਉਸ ਨੇ ਕਿਹਾ, 'ਭਾਰਤ ਵਿੱਚ ਇਸਲਾਮਿਕ ਰਿਪਬਲਿਕ ਆਫ ਈਰਾਨ ਦਾ ਦੂਤਾਵਾਸ ਦੁਨੀਆ ਭਰ ਦੀਆਂ ਸੁਤੰਤਰ ਅਤੇ ਆਜ਼ਾਦੀ-ਪਸੰਦ ਸਰਕਾਰਾਂ ਨੂੰ ਇਸ ਘਿਨਾਉਣੇ ਅਪਰਾਧ ਦੀ ਸਖਤ ਨਿਖੇਧੀ ਕਰਨ ਅਤੇ ਕਾਨੂੰਨਹੀਣਤਾ ਤੇ ਹਮਲੇ ਦੇ ਸਾਹਮਣੇ ਚੁੱਪ ਨਾ ਰਹਿਣ ਦੀ ਅਪੀਲ ਕਰਦਾ ਹੈ। ਅਮਰੀਕਾ ਅਤੇ ਇਜ਼ਰਾਈਲ ਨੂੰ ਇਸ ਨਾਮੁਆਫੀਯੋਗ ਅਪਰਾਧ ਦੇ ਗੰਭੀਰ ਨਤੀਜੇ ਭੁਗਤਣੇ ਪੈਣਗੇ। ਈਰਾਨ ਦੀ ਮਾਣਮੱਤੀ ਕੌਮ ਹਮੇਸ਼ਾ ਦੀ ਤਰ੍ਹਾਂ ਤਾਕਤ ਅਤੇ ਦ੍ਰਿੜ੍ਹ ਇਰਾਦੇ ਨਾਲ ਆਪਣੇ ਨੇਕ ਮਾਰਗ 'ਤੇ ਚੱਲਦੀ ਰਹੇਗੀ। ਦੇਸ਼ ਦੇ ਚੱਲ ਰਹੇ ਮਾਮਲਿਆਂ ਵਿੱਚ ਕੋਈ ਵਿਘਨ ਪਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

## ਕਾਰਾਂ 'ਤੇ ਟਿੱਪਰ ਪਲਟਿਆ, 2 ਮੌਤਾਂ

**ਅੰਮ੍ਰਿਤਸਰ** : ਅੰਮ੍ਰਿਤਸਰ ਬਾਈਪਾਸ 'ਤੇ ਰੇਤ ਨਾਲ ਲੱਦਿਆ ਇਕ ਟਿੱਪਰ ਬੇਕਾਬੂ ਹੋ ਕੇ ਫੁੱਟਪਾਥ 'ਤੇ ਚੜ੍ਹਨ ਤੋਂ ਬਾਅਦ ਪਲਟ ਗਿਆ, ਜਿਸ ਕਾਰਨ ਤਿੰਨ ਕਾਰਾਂ ਉਸ ਦੇ ਹੇਠਾਂ ਦੱਬੀਆਂ ਗਈਆਂ। ਇਸ ਹਾਦਸੇ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਹੈ ਅਤੇ ਕਈ ਹੋਰ ਜ਼ਖ਼ਮੀ ਹੋਏ ਹਨ। ਇਹ ਹਾਦਸਾ ਵੇਰਕਾ ਨੇੜੇ ਅੰਮ੍ਰਿਤਸਰ ਬਾਈਪਾਸ 'ਤੇ ਵਾਪਰਿਆ। ਟਿੱਪਰ ਦੇ ਪਲਟਣ ਨਾਲ ਇਲਾਕੇ ਵਿੱਚ ਦਹਿਸ਼ਤ ਫੈਲ ਗਈ, ਕਿਉਂਕਿ ਪ੍ਰਭਾਵਿਤ ਗੱਡੀਆਂ ਵਿੱਚ ਬੱਚਿਆਂ ਸਮੇਤ ਕਈ ਪਰਵਾਰ ਸਵਾਰ ਸਨ। ਸ਼ੁਰੂਆਤੀ ਰਿਪੋਰਟਾਂ ਮੁਤਾਬਕ ਘੱਟੋ-ਘੱਟ ਦੋ ਲੋਕਾਂ ਦੀ ਜਾਨ ਚਲੀ ਗਈ ਹੈ, ਜਦ ਕਿ ਪੰਜ ਹੋਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ। ਸਥਾਨਕ ਲੋਕਾਂ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਪੁਲਸ ਦੀ ਮਦਦ ਕੀਤੀ। ਪੁਲਸ ਨੇ ਕ੍ਰੇਨਾਂ ਅਤੇ ਹੋਰ ਉਪਕਰਨਾਂ ਦੀ ਮਦਦ ਨਾਲ ਰੇਤ ਦੇ ਢੇਰ ਅਤੇ ਪਲਟੇ ਹੋਏ ਟਿੱਪਰ ਹੇਠਾਂ ਫਸੀਆਂ ਗੱਡੀਆਂ ਨੂੰ ਬਾਹਰ ਕੱਢਿਆ। ਜ਼ਖ਼ਮੀਆਂ ਨੂੰ ਨਜ਼ਦੀਕੀ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ। ਇਸ ਹਾਦਸੇ ਕਾਰਨ ਅੰਮ੍ਰਿਤਸਰ ਬਾਈਪਾਸ 'ਤੇ ਕਈ ਕਿਲੋਮੀਟਰ ਲੰਬਾ ਟਰੈਫਿਕ ਜਾਮ ਲੱਗ ਗਿਆ।

## ਅੱਜ-ਨਾਮਾ

ਵੋਟਰ ਸੂਚੀਆਂ ਦੇ ਲੱਗੇ ਈ ਕੰਮ ਜਿਹੜੇ,
ਬੁਰੀ ਉਨ੍ਹਾਂ ਨਾਲ ਨਿੱਤ ਦਿਨ ਹੋਏ ਮੀਆਂ।
ਸੁਬਹਾ ਚਾਹ ਦੇ ਕੱਪ ਨਾਲ ਘਰੋਂ ਨਿਕਲੇ,
ਕਿਸੇ ਦਿਆਂ ਦਰਾਂ 'ਤੇ ਹੋਣ ਖੜੋਏ ਮੀਆਂ।
ਅਗਲਾ ਖਿਝ ਕੇ ਆਖੇ ਨਹੀਂ ਚਾਹ ਪੀਤੀ,
ਅੱਗਿਉਂ ਜਾਂਦੇ ਦਰਵਾਜ਼ੇ ਨੇ ਢੋਏ ਮੀਆਂ।
ਜਿਵੇਂ ਓਦੋਂ ਫਿਰ ਉਨ੍ਹਾਂ ਦੀ ਸ਼ਕਲ ਹੁੰਦੀ,
ਉਹਨੂੰ ਬੰਦਾ ਕੋਈ ਕਿੰਜ ਲੁਕੋਏ ਮੀਆਂ।
ਜਿਹੜੀ ਖੇਡ ਨਾ ਪਹਿਲਾਂ ਸੀ ਕਦੀ ਹੋਈ,
ਜਾਣਦੇ ਜਿਨ੍ਹਾਂ ਦੇ ਸਿਰ ਆ ਪਈ ਮੀਆਂ।
ਲੋਕੀਂ ਘਰਾਂ ਵਿੱਚ ਗਏ ਨੂੰ ਇੰਜ ਬੋਲਣ,
ਦਿੱਸੇ ਇੱਜ਼ਤ ਹੈ ਗਈ ਕਿ ਗਈ ਮੀਆਂ।

-ਤੀਸ ਮਾਰ ਖਾਂ

## ਵਧ ਸਕਦੀਆਂ ਹਨ ਤੇਲ ਦੀਆਂ ਕੀਮਤਾਂ

### ਭਾਰਤ ਕੋਲ ਕੱਚੇ ਤੇਲ ਦਾ 10 ਦਿਨਾਂ ਦਾ ਸਟਾਕ

**ਨਵੀਂ ਦਿੱਲੀ** : ਭਾਰਤ ਕੋਲ ਘੱਟੋ-ਘੱਟ 10 ਦਿਨਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਕੱਚੇ ਤੇਲ ਦਾ ਲੋੜੀਂਦਾ ਭੰਡਾਰ ਹੈ ਅਤੇ ਹੋਰ 5-7 ਦਿਨਾਂ ਲਈ ਬਾਲਣ ਵੀ ਮੌਜੂਦ ਹੈ। ਇਸ ਲਈ 'ਸਟਰੇਟ ਆਫ ਹਾਰਮੂਜ਼' ਵਰਗੇ ਮੁੱਖ ਸਪਲਾਈ ਮਾਰਗ ਦੇ ਬੰਦ ਹੋਣ ਨਾਲ ਭਾਰਤ ਨੂੰ ਤੇਲ ਦੀ ਸਪਲਾਈ ਵਿੱਚ ਤੁਰੰਤ ਕਿਸੇ ਵੱਡੀ ਰੁਕਾਵਟ ਦਾ ਸਾਹਮਣਾ ਕਰਨ ਦੀ ਸੰਭਾਵਨਾ ਨਹੀਂ। ਅਧਿਕਾਰੀਆਂ ਨੇ ਇਸ ਦੀ ਪੁਸ਼ਟੀ ਕੀਤੀ ਹੈ।

ਉੱਚ ਅਧਿਕਾਰੀਆਂ ਅਤੇ ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਭਾਵੇਂ ਈਰਾਨ 'ਤੇ ਅਮਰੀਕੀ ਅਤੇ ਇਜ਼ਰਾਈਲੀ ਫੌਜੀ ਹਮਲਿਆਂ ਅਤੇ ਸੁਪਰੀਮ ਲੀਡਰ ਦੀ ਮੌਤ ਤੋਂ ਬਾਅਦ ਹਾਲਾਤ ਤੇਜ਼ੀ ਨਾਲ ਬਦਲ ਰਹੇ ਹਨ, ਫਿਰ ਵੀ ਉਮੀਦ ਹੈ ਕਿ ਇਹ ਸੰਘਰਸ਼ ਬਹੁਤ ਲੰਮਾ ਨਹੀਂ ਚੱਲੇਗਾ। ਜੇਕਰ ਤਣਾਅ ਵਧਦਾ ਹੈ ਤਾਂ ਨਵੀਂ ਦਿੱਲੀ ਕੋਲ ਬਦਲਵੇਂ ਪ੍ਰਬੰਧ ਤਿਆਰ ਹਨ। ਈਰਾਨ ਨੇ ਅਮਰੀਕੀ ਅਤੇ ਇਜ਼ਰਾਈਲੀ ਮਿਜ਼ਾਈਲ ਹਮਲਿਆਂ ਦੇ ਜਵਾਬ ਵਿੱਚ 'ਸਟਰੇਟ ਆਫ ਹਾਰਮੂਜ਼' ਨੂੰ ਬੰਦ ਕਰ ਦਿੱਤਾ ਹੈ। ਦੁਨੀਆ ਦਾ ਲਗਭਗ 20 ਫੀਸਦੀ ਤੇਲ ਅਤੇ ਗੈਸ ਇਸੇ ਰਸਤੇ ਜਾਂਦਾ ਹੈ। ਭਾਰਤ ਆਪਣਾ 50 ਫੀਸਦ ਕੱਚਾ ਤੇਲ ਇਰਾਕ, ਸਾਊਦੀ ਅਰਬ, ਯੂ ਏ ਈ ਤੋਂ ਅਤੇ ਲਗਭਗ ਸਾਰੀ ਕੁਕਿੰਗ ਗੈਸ ਇਸੇ ਰਸਤਿਓਂ ਮੰਗਵਾਉਂਦਾ ਹੈ। ਜੇਕਰ ਰਸਤਾ ਲੰਮੇ ਸਮੇਂ ਲਈ ਬੰਦ ਹੁੰਦਾ ਹੈ, ਤਾਂ ਭਾਰਤ ਰੂਸ ਤੋਂ ਤੇਲ ਦੀ ਖਰੀਦ ਵਧਾ ਸਕਦਾ ਹੈ। ਹਾਲਾਂ ਕਿ ਮੱਧ ਪੂਰਬ ਤੋਂ ਜਹਾਜ਼ 5 ਦਿਨਾਂ ਵਿੱਚ ਭਾਰਤ ਪਹੁੰਚਦਾ ਹੈ, ਜਦ ਕਿ ਰੂਸ ਤੋਂ ਆਉਣ ਵਿੱਚ ਇੱਕ ਮਹੀਨਾ ਲੱਗਦਾ ਹੈ। ਕੱਚੇ ਤੇਲ ਦੀਆਂ ਕੀਮਤਾਂ 73 ਡਾਲਰ ਪ੍ਰਤੀ ਬੈਰਲ ਦੇ ਕਰੀਬ ਪਹੁੰਚ ਗਈਆਂ ਹਨ ਅਤੇ ਅਗਲੇ ਹਫ਼ਤੇ ਇਹ 80 ਡਾਲਰ ਤੱਕ ਜਾ ਸਕਦੀਆਂ ਹਨ।

MONTESSORI CAMBRIDGE SCHOOL - DEFENCE ROAD PATHANKOT
PRESIDENT'S NATIONAL AWARD - WINNING PRINCIPAL WITH 40 + YEARS OF EXPERIENCE | BEST RESULTS IN THE REGION
DISTRICT TOPPER CLASS XII — CBSE RESULTS: 96.2% DIKSHA GUPTA; 95.4% SHIV NARAYAN GUPTA; CBSE RESULTS: 95% UNNATI SHARMA; 93.2% ANUJA THAKUR
CBSE PREMIER CO - EDUCATIONAL — JEE RESULTS: KHYAATI 2ND PUNJAB IIM ROHTAK; SACHIT MAHAJAN 96%ILE IIT & NIT ADMISSION; CLAT RESULTS: ARMAAN KHANNA CLAT AIR 93 NLSIU BANGALORE; SIDDHANGNA SINGH CLAT JINDAL GLOBAL LAW SCHOOL
BOARDING & DAY SCHOOL — NEET RESULTS: NANDHINI SHARMA 99.20%ILE GMC JAMMU; MOHIT KUMAR 99.20%ILE MO IMU; NEET RESULTS: ANTRIKSH 96.62%ILE MO IMU; DR. KANNU MO FORTIS HOSPITAL MOHALI
DISTRICT TOPPER CLASS X — CBSE RESULTS: 98.4% SHANAYA MALANCH; 98.2% KINJAL; CBSE RESULTS: 98% VAIBAVI SHARMA; 98% SUNITI
ACADEMIC BENCHMARKS "15+ ABOVE 97%" "32+ ABOVE 95%" "76+ ABOVE 90%" "155+ ABOVE 80%"
ON CAMPUS FREE ACADEMIC, COMPETITIVE & SPORTS COACHING (WITH NUTRITIOUS & WELL BALANCED MEALS FOR ALL)
SKILL SUBJECTS - FRENCH, MASS MEDIA, FASHION DESIGN, ARTIFICIAL INTELLIGENCE, FINANCIAL LITERACY, TAXATION, MARKETING & MORE.
BE THE BEST. WITH THE BEST. | LIMITED SEATS | 98765-70911, 12, 13 / 86998-01818

# ਬਾਬਾ ਫ਼ਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਨੇ ਕੌਮਾਂਤਰੀ ਮੂਟ ਕੋਰਟ ਮੁਕਾਬਲੇ 'ਚ ਗੱਡੇ ਝੰਡੇ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ, ਗੁਰਪ੍ਰੀਤ ਸਿੰਘ ਬੇਦੀ)**-ਬਾਬਾ ਫ਼ਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਨੇ ਆਪਣੀ ਕਾਬਲੀਅਤ ਦਾ ਲੋਹਾ ਮੰਨਵਾਉਂਦੇ ਹੋਏ ਕੌਮਾਂਤਰੀ ਪੱਧਰ 'ਤੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ।ਕਾਲਜ ਦੇ ਵਿਦਿਆਰਥੀਆਂ ਜਸਕੀਰਤ ਸਿੰਘ, ਅਨਮੋਲ ਕੁਮਾਰ ਤੇ ਦਲਜੀਤ ਸਿੰਘ ਦੀ ਟੀਮ ਨੇ ਪ੍ਰੈਜ਼ੀਡੈਂਸੀ ਯੂਨੀਵਰਸਿਟੀ, ਬੈਂਗਲੌਰ (ਸਕੂਲ ਆਫ ਲਾਅ) ਵੱਲੋਂ ਨੈਸ਼ਨਲ ਹਿਊਮਨ ਰਾਇਟ ਕਮਿਸ਼ਨ ਦੇ ਸਹਿਯੋਗ ਨਾਲ ਕਰਵਾਏ ਗਏ ਪਹਿਲੇ ਇੰਟਰਨੈਸ਼ਨਲ ਮੂਟ ਕੋਰਟ ਕੰਪੀਟੀਸ਼ਨ 'ਚ 'ਬੈਸਟ ਮੈਮੋਰੀਅਲ ਐਵਾਰਡ' ਹਾਸਲ ਕਰਕੇ ਵੱਡੀ ਪ੍ਰਾਪਤੀ ਦਰਜ ਕੀਤੀ ਹੈ।ਇਸ ਮੁਕਾਬਲੇ ਵਿੱਚ ਭਾਰਤ ਦੀਆਂ ਚੋਟੀ ਦੀਆਂ ਨੈਸ਼ਨਲ ਲਾਅ ਯੂਨੀਵਰਸਿਟੀਆਂ ਤੋਂ ਇਲਾਵਾ ਸ੍ਰੀਲੰਕਾ, ਸਿੰਗਾਪੁਰ, ਚੀਨ ਤੇ ਦੁਬਈ ਵਰਗੇ ਦੇਸ਼ਾਂ ਦੀਆਂ ਟੀਮਾਂ ਨੇ ਵੀ ਹਿੱਸਾ ਲਿਆ ਸੀ।ਏਨੇ ਵੱਡੇ ਪੱਧਰ ਦੇ ਮੁਕਾਬਲੇ ਵਿੱਚ ਬਾਬਾ ਫ਼ਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਵਿਦਿਆਰਥੀਆਂ ਦੇ ਕਾਲਜ ਪਰਤਣ 'ਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕਰਦਿਆਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸਵ. ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਤੇ ਚੇਅਰਮੈਨ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਹੇਠ ਕਾਲਜ ਵਿਦਿਆਰਥੀਆਂ ਨੂੰ ਹਰ ਸਹੂਲਤ ਪ੍ਰਦਾਨ ਕਰ ਰਿਹਾ ਹੈ।ਡਾ. ਗਰਗ ਨੇ ਕਿਹਾ ਕਿ ਅਜਿਹੇ ਮੁਕਾਬਲਿਆਂ ਨਾਲ ਵਿਦਿਆਰਥੀਆਂ ਦਾ ਆਤਮ-ਵਿਸ਼ਵਾਸ ਵਧਦਾ ਹੈ ਤੇ ਉਨ੍ਹਾਂ ਨੂੰ ਕੌਮਾਂਤਰੀ ਮੰਚ 'ਤੇ ਵਿਚਰਨ ਦਾ ਮੌਕਾ ਮਿਲਦਾ ਹੈ।ਇਸ ਮੌਕੇ ਅਕਾਦਮਿਕ ਇੰਚਾਰਜ ਡਾ. ਨਵਜੋਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਤਿਆਰੀ ਕਰਵਾਉਣ ਵਾਲੀ ਮੂਟ ਕੋਰਟ ਕਮੇਟੀ ਦੇ ਮੈਂਬਰਾਂ ਸ੍ਰੀਮਤੀ ਹਰਬੰਸ ਜੱਸੀ ਤੇ ਸ੍ਰੀਮਤੀ ਪਰਵਿੰਦਰ ਕੌਰ (ਦੋਵੇਂ ਸਹਾਇਕ ਪ੍ਰੋਫੈਸਰ) ਸਮੇਤ ਸਮੂਹ ਸਟਾਫ ਦਾ ਧੰਨਵਾਦ ਕੀਤਾ।

# ਰਿਸ਼ਵਤ ਲੈਂਦਿਆਂ ਪਟਵਾਰੀ ਵਿਜੀਲੈਂਸ ਵੱਲੋਂ ਰੰਗੇ-ਹੱਥੀਂ ਕਾਬੂ

**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ/ਪਰਵਿੰਦਰ ਜੀਤ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਇਥੋਂ ਥੋੜ੍ਹੀ ਦੂਰ ਪਿੰਡ ਕੋਟ ਸ਼ਮੀਰ ਦੇ ਮਾਲ ਦਫ਼ਤਰ ਵਿਖੇ ਤਾਇਨਾਤ ਪਟਵਾਰੀ ਮਨਜੋਤ ਸਿੰਘ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਕੋਟ ਸ਼ਮੀਰ, ਜ਼ਿਲ੍ਹਾ ਬਠਿੰਡਾ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਆਪਣੇ ਰਿਸ਼ਤੇਦਾਰ ਦੀ ਜੱਦੀ ਜਾਇਦਾਦ ਦੇ ਇੰਤਕਾਲ ਲਈ ਦੋਸ਼ੀ ਪਟਵਾਰੀ ਨੂੰ ਮਿਲਿਆ ਸੀ।ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਦੋਸ਼ੀ ਪਟਵਾਰੀ ਨੇ ਉਸ ਦੇ ਰਿਸ਼ਤੇਦਾਰ ਦੀ ਜਾਇਦਾਦ ਦੇ ਇੰਤਕਾਲ ਕਰਨ ਬਦਲੇ 10,000 ਰੁਪਏ ਰਿਸ਼ਵਤ ਦੀ ਮੰਗ ਕੀਤੀ।ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਸਾਰੀ ਗੱਲਬਾਤ ਰਿਕਾਰਡ ਕਰ ਲਈ।ਉਸ ਨੇ ਪੰਜਾਬ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਨਾਲ ਸੰਪਰਕ ਕਰ ਸ਼ਿਕਾਇਤ ਦਰਜ ਕਰਵਾਈ।ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਨੇ ਇੱਕ ਜਾਲ ਵਿਛਾਇਆ, ਜਿਸ ਦੌਰਾਨ ਉਕਤ ਪਟਵਾਰੀ ਨੂੰ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਸਬੰਧੀ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਬੇਅਦਬੀ ਰੋਕੂ ਕਾਨੂੰਨ ਦੀ ਮੰਗ ਨੂੰ ਲੈ ਕੇ ਬੀਕੇਯੂ (ਸਿੱਧੂਪੁਰ) ਵੱਲੋਂ ਧਰਨਾ



**ਸਮਰਾਲਾ (ਸੁਰਜੀਤ ਸਿੰਘ)**-ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਹੋਰ ਧਾਰਮਿਕ ਗ੍ਰੰਥਾਂ ਦੀ ਪੰਜਾਬ ਵਿੱਚ ਹੋ ਰਹੀ ਬੇਅਦਬੀ ਨੂੰ ਰੋਕਣ ਲਈ ਪੰਜਾਬ ਸਰਕਾਰ ਤੋਂ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਸਬੰਧੀ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਵੱਲੋਂ ਦਿੱਤੀ ਕਾਲ ਦੇ ਸਬੰਧ ਵਿੱਚ ਸਮੁੱਚੇ ਪੰਜਾਬ ਵਿੱਚ ਟੋਲ ਪਲਾਜ਼ੇ ਫਰੀ ਕੀਤੇ ਗਏ।ਇਸੇ ਸਿਲਸਿਲੇ ਵਿੱਚ ਇਥੋਂ ਨੇੜਲੇ ਪਿੰਡ ਘੁਲਾਲ ਦੇ ਟੋਲ ਪਲਾਜ਼ਾ ਤੇ ਧਰਨਾ ਦਿੱਤਾ ਤੇ ਟੋਲ ਪਲਾਜ਼ਾ ਤੋਂ ਵਾਹਨ ਬਿਨਾਂ ਕਿਸੇ ਫੀਸ ਦੇ ਮੁਫ਼ਤ ਆਵਾਜਾਈ ਬਹਾਲ ਰੱਖੀ। ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਪਿੰਦਰ ਬੱਗਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚਾਰ ਸਾਲ ਬੀਤ ਜਾਣ ਤੋਂ ਬਾਅਦ ਵੀ ਸਖ਼ਤ ਕਾਨੂੰਨ ਬਣਾਉਣ ਦੀ ਬਜਾਏ ਧਰਮ ਯੁੱਧ ਮੋਰਚਾ ਸਮਾਣਾ ਵਿਖੇ ਜਾਣ ਵਾਲੇ ਲੋਕਾਂ ਨੂੰ ਹੀ ਗ੍ਰਿਫ਼ਤਾਰ ਕੀਤਾ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਖ਼ਾਲਸਾ ਪਿਛਲੇ ਕਰੀਬ ਪੰਜ ਸੌ ਦਿਨਾਂ ਤੋਂ ਟਾਵਰ ਉੱਪਰ ਬੈਠੇ ਹਨ ਤੇ ਧਰਮ ਯੁੱਧ ਮੋਰਚਾ ਸਮਾਣਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਸਭ ਧਰਮਾਂ ਦੇ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀਆਂ ਰੋਕਣ ਲਈ ਸਖ਼ਤ ਕਾਨੂੰਨ ਦੀ ਮੰਗ ਨੂੰ ਲੈ ਕੇ ਟਰੈਕਟਰ ਟਰਾਲੀਆਂ ਤੇ ਹੋਰ ਸਾਧਨਾਂ ਰਾਹੀਂ ਸਮਾਣਾ ਵਿਖੇ ਚੱਲ ਰਹੇ ਮੋਰਚੇ ਵਿੱਚ ਹਰ ਰੋਜ਼ ਪਹੁੰਚਣ ਦਾ ਪ੍ਰੋਗਰਾਮ ਦਿੱਤਾ ਹੋਇਆ ਹੈ, ਪ੍ਰੰਤੂ ਪੰਜਾਬ ਸਰਕਾਰ ਵੱਲੋਂ ਬੇਅਦਬੀ ਦੇ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਦੇਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਬਜਾਏ ਧਰਮ ਯੁੱਧ ਮੋਰਚੇ ਵਿੱਚ ਸ਼ਾਮਲ ਹੋਣ ਲਈ ਜਾਣ ਵਾਲੇ ਲੋਕਾਂ ਨੂੰ ਹੀ ਗ੍ਰਿਫਤਾਰ ਕੀਤਾ ਜਾ ਰਿਹਾ ਹੈ।

ਇਸ ਮੌਕੇ ਸੁਪਿੰਦਰ ਸਿੰਘ ਬੱਗਾ ਜ਼ਿਲ੍ਹਾ ਪ੍ਰਧਾਨ ਲੁਧਿਆਣਾ, ਗੁਰਦੀਪ ਸਿੰਘ ਬਰਮਾ, ਬਲਰਾਜ ਸਿੰਘ ਰਾਮਪੁਰ, ਸਵਰਨਜੀਤ ਸਿੰਘ ਘੁਲਾਲ, ਅਵਤਾਰ ਸਿੰਘ ਰਾਣਵਾਂ, ਕਿਰਪਾਲ ਸਿੰਘ ਬਦੇਸ਼ਾਂ, ਕਰਨੈਲ ਸਿੰਘ ਜਟਾਣਾ, ਕੁਲਦੀਪ ਸਿੰਘ ਸੇਖੋਂ, ਰਜਵੰਤ ਸਿੰਘ ਗਿੱਲ, ਹਰਜੀਤ ਸਿੰਘ ਚਹਿਲਾਂ, ਹਰਦੀਪ ਸਿੰਘ ਰਾਣਵਾਂ, ਗੁਰਮੀਤ ਸਿੰਘ ਕੋਟ ਗੰਗੂਰਾਏ, ਪ੍ਰਸ਼ੋਤਮ ਸਿੰਘ ਕਨੇਚ ਆਦਿ ਕਿਸਾਨ ਆਗੂ ਹਾਜ਼ਰ ਸਨ।

# ਦੁਕਾਨ 'ਚ ਅੱਗ, ਲੱਖਾਂ ਦਾ ਸਾਮਾਨ ਸੜ ਕੇ ਸੁਆਹ

## ਫਾਇਰ ਬ੍ਰਿਗੇਡ ਦੀ ਘਾਟ ਮੁੜ ਬਣੀ ਚਰਚਾ ਦਾ ਵਿਸ਼ਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਬੀਤੀ ਰਾਤ ਸ਼ਹਿਰ ਦੇ ਜਾਖਲ ਰੋਡ 'ਤੇ ਸਥਿਤ ਬੂਟਾਂ ਤੇ ਕਰਿਆਨੇ ਦਾ ਸਾਮਾਨ ਸਪਲਾਈ ਕਰਨ ਵਾਲੀ ਇੱਕ ਦੁਕਾਨ ਨੂੰ ਭਿਆਨਕ ਅੱਗ ਲੱਗ ਗਈ, ਜਿਸ ਨਾਲ ਦੁਕਾਨ 'ਚ ਪਿਆ ਲੱਖਾਂ ਰੁਪਏ ਦਾ ਸਾਮਾਨ ਸੜ ਕੇ ਸੁਆਹ ਹੋ ਗਿਆ।ਬਿਜਲੀ ਸਰਕਟ ਸ਼ਾਟ ਹੋਣ ਕਾਰਨ ਅੱਗ ਲੱਗਣ ਦੀ ਸੂਚਨਾ ਮਿਲਦਿਆਂ ਹੀ ਡੇਰਾ ਸੱਚਾ ਸੌਦਾ ਦੀ ਸ਼ਾਹ ਸਤਿਨਾਮ ਜੀ ਗ੍ਰੀਨ ਐਸ ਵੈੱਲਫੇਅਰ ਕਮੇਟੀ ਦੇ ਸੇਵਾਦਾਰਾਂ ਨੇ ਫਾਇਰ ਬ੍ਰਿਗੇਡ ਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਅੱਗ 'ਤੇ ਕਾਬੂ ਪਾਇਆ, ਜਿਸ ਨਾਲ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ।ਜਾਣਕਾਰੀ ਅਨੁਸਾਰ ਬੀਤੀ ਰਾਤ ਸ਼ਹਿਰ ਦੇ ਜਾਖਲ-ਪਾਤੜਾਂ ਮੁੱਖ ਸੜਕ 'ਤੇ ਬੂਟਾਂ ਦੀ ਦੁਕਾਨ ਨੂੰ ਅਚਾਨਕ ਅੱਗ ਲੱਗ ਗਈ, ਜਿਸ ਨਾਲ ਦੁਕਾਨ 'ਚ ਪਏ ਸਾਮਾਨ ਤੋਂ ਇਲਾਵਾ ਫਰਨੀਚਰ, ਦੋ ਮੋਟਰਸਾਈਕਲ ਤੇ ਏ ਸੀ ਵੀ ਅੱਗ ਦੀ ਭੇਟ ਚੜ੍ਹ ਗਏ।ਇਸ ਦੌਰਾਨ ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਰਣਵੀਰ ਸਿੰਘ ਤੇ ਸਾਬਕਾ ਪ੍ਰਧਾਨ ਪ੍ਰੇਮ ਗੁਪਤਾ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ, ਜਿਸ ਨਾਲ ਦੁਕਾਨਦਾਰ ਦਾ ਬਹੁਤ ਭਾਰੀ ਨੁਕਸਾਨ ਹੋ ਗਿਆ ਹੈ। ਉਨਾਂ ਸਰਕਾਰ ਨੂੰ ਦੁਕਾਨਦਾਰ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦੇਣ ਦੀ ਅਪੀਲ ਵੀ ਕੀਤੀ।ਇਸ ਮੌਕੇ ਪੀੜਤ ਦੁਕਾਨਦਾਰ ਮੇਘ ਰਾਜ ਨੇ ਭਰੇ ਮਨ ਨਾਲ ਕਿਹਾ ਕਿ ਅੱਗ ਲੱਗਣ ਨਾਲ ਜਿੱਥੇ ਉਸ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਹੈ, ਉੱਥੇ ਹੀ ਉਸ ਦਾ ਸਾਰਾ ਕੰਮ ਵੀ ਠੱਪ ਹੋ ਗਿਆ ਹੈ, ਕਿਉਂਕਿ ਇਸ ਦੁਕਾਨ ਦੀ ਆਮਦਨ ਤੋਂ ਹੀ ਉਹ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦਾ ਸੀ।ਸ਼ਹਿਰ ਅੰਦਰ ਫਾਇਰ ਬ੍ਰਿਗੇਡ ਨਾ ਹੋਣ ਕਾਰਨ ਪਹਿਲਾਂ ਵੀ ਕਈ ਵਾਰ ਵੱਡੇ ਨੁਕਸਾਨ ਹੋ ਚੁੱਕੇ ਹਨ। ਸ਼ਹਿਰ ਵਾਸੀਆਂ ਨੇ ਅੱਗ ਲੱਗਣ ਦੀਆਂ ਹੋ ਰਹੀਆਂ ਘਟਨਾਵਾਂ ਨੂੰ ਦੇਖਦਿਆਂ ਪ੍ਰਸ਼ਾਸਨ ਤੋਂ ਫਾਇਰ ਬ੍ਰਿਗੇਡ ਦੀ ਮੰਗ ਕੀਤੀ ਹੈ ਤਾਂ ਜੋ ਅਜਿਹੀਆਂ ਘਟਨਾਵਾਂ 'ਤੇ ਤੁਰੰਤ ਕਾਬੂ ਪਾਇਆ ਜਾ ਸਕੇ।ਜੇਕਰ ਅੱਜ ਵੀ ਫਾਇਰ ਬ੍ਰਿਗੇਡ ਸਮੇਂ ਸਿਰ ਪੁੱਜ ਜਾਂਦੀ ਤਾਂ ਪੀੜਤ ਦੁਕਾਨਦਾਰ ਦਾ ਇੰਨਾ ਵੱਡਾ ਨੁਕਸਾਨ ਨਾ ਹੁੰਦਾ।

# ਰਾਮਬਾਗ ਚੈਰੀਟੇਬਲ ਸੋਸਾਇਟੀ ਵੱਲੋਂ ਲਗਾਏ ਮੁਫ਼ਤ ਚੈੱਕਅੱਪ ਕੈਂਪ 'ਚ ਸੈਂਕੜੇ ਮਰੀਜ਼ਾਂ ਦੀ ਜਾਂਚ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਮਾਜ ਸੇਵਾ ਦੇ ਕਾਰਜਾਂ ਨੂੰ ਸਮਰਪਤ ਰਾਮਬਾਗ ਚੈਰੀਟੇਬਲ ਟਰੱਸਟ (ਰਜਿ.) ਵੱਲੋਂ ਬੀਤੇ ਦਿਨ ਧੂਰੀ ਵਿਖੇ ਆਪਣੀ ਤਰ੍ਹਾਂ ਦਾ ਪਹਿਲਾ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ।ਇਸ ਕੈਂਪ ਦਾ ਮੁੱਖ ਮਕਸਦ ਲੋੜਵੰਦ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਤੇ ਉਨ੍ਹਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਮਾਹਰ ਐੱਮ.ਡੀ. (ਮੈਡੀਸਨ) ਡਾ. ਕੰਵਰਪ੍ਰੀਤ ਕੌਰ ਤੇ ਉਨ੍ਹਾਂ ਦੀ ਟੀਮ ਨੇ ਬੜੀ ਤਨਦੇਹੀ ਨਾਲ ਸੈਂਕੜੇ ਮਰੀਜ਼ਾਂ ਦੀ ਸਿਹਤ ਜਾਂਚ ਕੀਤੀ।ਇਸ ਦੌਰਾਨ ਵੱਖ-ਵੱਖ ਬਿਮਾਰੀਆਂ ਨਾਲ ਪੀੜਤ ਲੋਕਾਂ ਦੇ ਚੈੱਕਅਪ ਕਰਨ ਉਪਰੰਤ ਟਰੱਸਟ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ।ਇਸ ਮੌਕੇ ਰਾਮਬਾਗ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਐਡਵੋਕੇਟ ਪਵਨ ਗਰਗ, ਵਾਈਸ ਪ੍ਰਧਾਨ ਸਤੀਸ਼ ਕੁਮਾਰ ਗਰਗ, ਹੰਸ ਰਾਜ ਬਜਾਜ ਤੇ ਵਿਕਾਸ ਜੈਨ ਨੇ ਕਿਹਾ ਕਿ ਲੋਕਾਂ ਦੀ ਸਿਹਤ ਤੇ ਸਹੂਲਤ ਨੂੰ ਮੁੱਖ ਰੱਖਦਿਆਂ ਇਹ ਟਰੱਸਟ ਭਵਿੱਖ ਵਿੱਚ ਵੀ ਹਰ ਮਹੀਨੇ ਅਜਿਹੇ ਮੈਡੀਕਲ ਕੈਂਪ ਲਗਾਉਣ ਲਈ ਵਚਨਬੱਧ ਹੈ।ਇਸ ਮੌਕੇ 'ਆਪ' ਦੇ ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ, ਡਾ. ਰਾਕੇਸ਼ ਸਿੰਗਲਾ, ਰੌਸ਼ਨ ਲਾਲ ਤੇ ਜਨਕ ਰਾਜ ਮੀਮਸਾ ਨੇ ਟਰੱਸਟ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਇਸ ਤੋਂ ਇਲਾਵਾ ਪ੍ਰਬੰਧਕਾਂ ਵੱਲੋਂ ਡਾਕਟਰਾਂ ਦੀ ਟੀਮ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।

# ਵਰਲਡ 'ਵਰਸਿਟੀ ਵਿਖੇ ਰਾਸ਼ਟਰੀ ਕਾਨਫਰੰਸ ਦਾ ਸਫਲਤਾਪੂਰਵਕ ਸਮਾਪਨ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਦੋ ਦਿਨਾ ਰਾਸ਼ਟਰੀ ਕਾਨਫਰੰਸ 'ਸਾਇੰਸ, ਇੰਜੀਨੀਅਰਿੰਗ ਐਂਡ ਟੈਕਨਾਲੋਜੀ ਫਾਰ ਅ ਸਸਟੇਨੇਬਲ ਫਿਊਚਰ-2026' ਸਫਲਤਾਪੂਰਵਕ ਸਮਾਪਤ ਹੋਈ।ਇਸ ਕਾਨਫਰੰਸ ਨੇ ਦੇਸ਼ ਭਰ ਦੇ ਖੋਜਕਰਤਾਵਾਂ, ਅਕਾਦਮਿਕ ਵਿਦਵਾਨਾਂ, ਵਿਦਿਆਰਥੀਆਂ ਤੇ ਵਿਦਿਆਰਥਣਾਂ ਨੂੰ ਇਕੱਠੇ ਲਿਆਂਦਾ ਤੇ ਗਲੋਬਲ ਸਸਟੇਨੇਬਿਲਟੀ ਲਈ ਅੰਤਰ-ਅਨੁਸ਼ਾਸਨਕ ਵਿਚਾਰਾਂ ਤੇ ਨਵੀਨਤਾਕਾਰੀ ਹੱਲਾਂ 'ਤੇ ਚਰਚਾ ਕੀਤੀ ਗਈ।ਦੂਜੇ ਦਿਨ ਦੇ ਸੈਸ਼ਨ ਫਿਜ਼ਿਕਸ ਲਈ ਪ੍ਰੋ. ਨਵਦੀਪ ਗੋਇਲ (ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ), ਕੈਮਿਸਟਰੀ ਲਈ ਡਾ. ਜਤਿੰਦਰ ਔਲਖ (ਪੰਜਾਬੀ ਯੂਨੀਵਰਸਿਟੀ, ਪਟਿਆਲਾ), ਐਗਰੀਕਲਚਰ ਲਈ ਡਾ. ਤਨਜੀਤ ਸਿੰਘ ਚਾਹਲ (ਡਾਇਰੈਕਟਰ, ਰੀਜਨਲ ਫਰੂਟ ਰਿਸਰਚ ਸਟੇਸ਼ਨ, ਪੀ.ਏ.ਯੂ., ਲੁਧਿਆਣਾ) ਅਤੇ ਜ਼ੂਆਲੋਜੀ ਤੇ ਬੋਟਨੀ ਲਈ ਡਾ. ਜਸਵੀਰਿੰਦਰ ਸਿੰਘ ਖੱਤਰ (ਰਿਟਾਇਰਡ ਪ੍ਰੋਫੈਸਰ ਪੰਜਾਬੀ ਯੂਨੀਵਰਸਿਟੀ ਪਟਿਆਲਾ) ਨੇ ਸ਼ਿਰਕਤ ਕੀਤੀ।ਸਮਾਪਤੀ ਸੈਸ਼ਨ ਵਿੱਚ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਸਵਾਗਤ ਕੀਤਾ ਤੇ ਜਪੁਜੀ ਸਾਹਿਬ ਦੇ ਪਵਿੱਤਰ ਬੰਦ 'ਪਵਣ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਦਾ ਜ਼ਿਕਰ ਕਰਕੇ ਕੁਦਰਤ ਦੀ ਰੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਕਾਨਫਰੰਸ ਕਨਵੀਨਰ ਡਾ. ਰਿਚਾ ਬਰਾੜ ਨੇ ਦੋ ਦਿਨਾਂ ਦੀਆਂ ਮੁੱਖ ਗੱਲਾਂ ਤੇ ਅਕਾਦਮਿਕ ਯੋਗਦਾਨਾਂ ਦੀ ਵਿਸਥਾਰਤ ਰਿਪੋਰਟ ਪੇਸ਼ ਕੀਤੀ।ਪ੍ਰਧਾਨਗੀ ਸੰਬੋਧਨ ਵਿੱਚ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ (ਡਾ.) ਪਰਿਤ ਪਾਲ ਸਿੰਘ ਨੇ ਆਯੋਜਨ ਕਮੇਟੀ ਤੇ ਸਾਰੇ ਸਹਿਭਾਗੀਆਂ ਨੂੰ ਵਧਾਈ ਦਿੱਤੀ ਅਤੇ ਖੋਜ, ਨਵੀਨਤਾ ਤੇ ਸਸਟੇਨੇਬਿਲਟੀ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦੁਹਰਾਇਆ।ਪ੍ਰਮੁੱਖ ਪੇਪਰ ਪ੍ਰੈਜ਼ੈਂਟਰਾਂ ਨੂੰ ਐਵਾਰਡ ਤੇ ਸਰਟੀਫਿਕੇਟ ਦਿੱਤੇ ਗਏ।ਸੈਸ਼ਨ ਦਾ ਅੰਤ ਡਾ. ਰਿਚਾ ਬਰਾੜ ਦੇ ਧੰਨਵਾਦ ਨਾਲ ਹੋਇਆ, ਜਿਨ੍ਹਾਂ ਨੇ ਯੂਨੀਵਰਸਿਟੀ ਅਥਾਰਟੀਆਂ ਦਾ ਸ਼ੁਕਰਾਨਾ ਕੀਤਾ ਅਤੇ ਆਯੋਜਨ ਸਕੱਤਰਾਂ ਡਾ. ਪ੍ਰੀਤ ਕੌਰ, ਡਾ. ਬ੍ਰਿਮਤ ਕੌਰ, ਡਾ. ਰਾਹੁਲ ਬਦਰੂ, ਡਾ. ਚਰਨਕਮਲ ਸੇਖੋਂ, ਡਾ. ਜਸਪ੍ਰੀਤ ਕੌਰ ਢਿੱਲੋਂ, ਡਾ. ਸ਼ੀਨਮ ਮਲਹੋਤਰਾ, ਡਾ. ਰੁਪਿੰਦਰਪਾਲ ਸਿੰਘ ਤੇ ਡਾ. ਨਵਦੀਪ ਕੌਰ ਦੀ ਮਿਹਨਤ ਦੀ ਸ਼ਲਾਘਾ ਕੀਤੀ।

# ਸਾਲਾਨਾ ਦੀਕਸ਼ਾ ਮਹਾਉਤਸਵ 8 ਨੂੰ

**ਜਗਰਾਉਂ (ਅਮਿਤ ਖੰਨਾ)**-ਸ੍ਰੀ ਰੂਪ ਚੰਦ ਐੱਸ ਐੱਸ ਜੈਨ ਬਰਾਦਰੀ ਜਗਰਾਉਂ ਵੱਲੋਂ ਸ੍ਰੀ ਰੂਪ ਚੰਦ ਜੈਨ ਮਹਾਰਾਜ ਜੀ ਦਾ ਪਾਵਨ ਸਾਲਾਨਾ ਦੀਕਸ਼ਾ ਮਹਾਉਤਸਵ 8 ਮਾਰਚ ਨੂੰ ਸ੍ਰੀ ਰੂਪ ਚੰਦ ਜੈਨ ਸਮਾਧੀ ਸਥਲ ਤਹਿਸੀਲ ਰੋਡ ਜਗਰਾਉਂ ਵਿਖੇ ਮਨਾਇਆ ਜਾ ਰਿਹਾ ਹੈ। ਇਸ ਮੌਕੇ ਬਰਾਦਰੀ ਦੇ ਪ੍ਰਧਾਨ ਤਰੁਨ ਜੈਨ ਸੈਕਟਰੀ ਧਰਮਪਾਲ ਜੈਨ ਖਜ਼ਾਨਚੀ ਵਿਜੈ ਜੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਮਹਾ ਉਤਸਵ ਦੀਆਂ ਤਿਆਰੀਆਂ ਲਗਭਗ ਹੋ ਚੁੱਕੀਆਂ ਹਨ, ਇਸ ਦਿਨ ਸਭ ਤੋਂ ਪਹਿਲਾਂ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ। ਉਸ ਤੋਂ ਬਾਅਦ ਪ੍ਰਸਿੱਧ ਰਾਸ਼ਟਰੀ ਸੰਗੀਤ ਗਾਇਕ ਡਾਕਟਰ ਅਨਾਮਿਕਾ ਜੈਨ (ਅੰਬਰ) ਵਾਲੇ ਆਪਣੇ ਭਜਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਮੁੱਖ ਮਹਿਮਾਨ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਵਿਸ਼ੇਸ਼ ਤੋਰ ਤੇ ਪਹੁੰਚ ਰਹੇ ਹਨ। ਇਸ ਮੌਕੇ ਬਰਾਦਰੀ ਦੇ ਮੈਂਬਰਾਂ ਵੱਲੋਂ ਪ੍ਰਧਾਨ ਤਰੁਨ ਜੈਨ ਸੈਕਟਰੀ ਧਰਮਪਾਲ ਜੈਨ, ਖਜ਼ਾਨਚੀ ਵਿਜੇ ਪ੍ਰਧਾਨ ਜੈਨ, ਰਮੇਸ਼ ਜੈਨ, ਅਨੀਸ਼ ਜੈਨ, ਵਰਿੰਦਰ ਜੈਨ ਵੱਲੋਂ ਜਗਰਾਉਂ ਦੇ ਐੱਸ ਐੱਸ ਪੀ ਡਾਕਟਰ ਅੰਕੁਰ ਗੁਪਤਾ ਸਮੇਤ ਪ੍ਰਸ਼ਾਸਨ ਅਧਿਕਾਰੀਆਂ ਨੂੰ ਮੁਕੰਮਲ ਸੱਦਾ ਪੱਤਰ ਦਿੱਤਾ ਗਿਆ।

# ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਸਹੁੰ ਚੁਕਾਈ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਮੂਹ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਵਧੀਕ ਡਿਪਟੀ ਕਮਿਸ਼ਨਰ (ਜ) ਡੈਵੀ ਗੋਇਲ ਵੱਲੋਂ ਅਹੁਦੇ ਦੀ ਸਹੁੰ ਚੁਕਾਈ ਗਈ।ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸੁਖਜਿੰਦਰ ਸਿੰਘ ਕਾਉਣੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਤੇ ਉਨ੍ਹਾਂ ਸਾਰੇ ਚੁਣੇ ਹੋਏ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਪੱਧਰ 'ਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਿੱਚ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਨਵੇਂ ਮੈਂਬਰ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਦੇ ਹੋਏ ਵਿਕਾਸ ਕਾਰਜਾਂ ਨੂੰ ਪਹਿਲ ਦੇਣਗੇ ਤੇ ਸਰਕਾਰ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਉਣਗੇ।ਇਸ ਮੌਕੇ ਚਰਨਜੀਤ ਸਿੰਘ ਧਾਲੀਵਾਲ ਡਾਇਰੈਕਟਰ ਪੀ.ਆਰ.ਟੀ.ਸੀ. ਨੇ ਨਵ-ਚੁਣੇ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਲੋਕ ਸੇਵਾ ਨੂੰ ਮੁੱਖ ਰੱਖ ਕੇ ਆਪਣਾ ਕੰਮ ਕਰਨ।ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਰਾਜ ਕੁਮਾਰ ਨੇ ਬਾਖੂਬੀ ਨਿਭਾਈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਢਿੱਲੋਂ, ਸਿਮਰਜੀਤ ਸਿੰਘ ਡਾਇਰੈਕਟਰ ਕੋਆਪ੍ਰੇਟਿਵ ਸੋਸਾਇਟੀ, ਕੁਲਵਿੰਦਰ ਸਿੰਘ ਬਰਾੜ, ਬਚਿੱਤਰ ਸਿੰਘ ਧਾਲੀਵਾਲ, ਕਮਲਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਆਗੂ, ਸਮੂਹ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਦੇ ਮੈਂਬਰ ਹਾਜ਼ਰ ਸਨ।

# ਦੇਵ ਮਾਨ ਨੇ ਲੋਕਾਂ ਦੀਆਂ ਸੁਣੀਆਂ ਮੁਸ਼ਕਲਾਂ



**ਨਾਭਾ (ਵਰਿੰਦਰ ਵਰਮਾ)**-ਵਿਧਾਨ ਸਭਾ ਹਲਕਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਦਫ਼ਤਰ ਵਿਖੇ ਲੋਕਾਂ ਨਾਲ ਮਿਲਣੀ ਦੌਰਾਨ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਮੌਕੇ 'ਤੇ ਨਿਪਟਾਰਾ ਕਰਦਿਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਨਿਰਦੇਸ਼ ਦਿੱਤੇ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਨਾਭਾ ਹਲਕੇ ਨੂੰ ਵਿਕਾਸ ਪੱਖੋਂ ਨਮੂਨੇ ਦਾ ਸ਼ਹਿਰ ਬਣਾਇਆ ਜਾਵੇਗਾ ਤੇ ਹਲਕਾ ਨਾਭਾ ਨੂੰ ਸੋਹਣਾ ਤੇ ਵਿਕਾਸ ਵਿੱਚ ਸਿਖਰਾਂ 'ਤੇ ਲੈ ਕੇ ਜਾਣਾ ਮੇਰਾ ਸੁਪਨਾ ਹੈ, ਜਿਸ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਹਿਯੋਗ ਨਾਲ ਜਲਦੀ ਪੂਰਾ ਕੀਤਾ ਜਾਵੇਗਾ।ਵਿਧਾਇਕ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਨੇ ਆਪਣੇ ਘਰ ਭਰਨ ਤੋਂ ਬਿਨਾਂ ਹੋਰ ਕੁਝ ਨਹੀਂ ਕੀਤਾ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੀ ਸੋਚ ਨਾਲ ਪੰਜਾਬ ਤਰੱਕੀ ਦੇ ਰਾਹੇ 'ਤੇ ਅੱਗੇ ਵਧ ਰਿਹਾ ਹੈ।ਦੇਵ ਮਾਨ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਹੋਣ ਨਾਲ ਸੂਬੇ ਦੇ ਲੋਕਾਂ ਦਾ ਇਲਾਜ ਮੁਫ਼ਤ ਹੋ ਰਿਹਾ ਹੈ, ਜੋ ਇੱਕ ਵਰਦਾਨ ਸਾਬਿਤ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋੜਵੰਦ ਪਰਵਾਰਾਂ ਦੀ ਜ਼ਰੂਰਤ ਨੂੰ ਵੇਖਦੇ ਹੋਏ ਸਰਕਾਰ ਵੱਲੋਂ ਰਾਸ਼ਨ ਦੀਆਂ ਕਿੱਟਾਂ ਬਹੁਤ ਜਲਦੀ ਦਿੱਤੀਆਂ ਜਾ ਰਹੀਆਂ ਹਨ।ਇਸ ਮੌਕੇ ਤੇਜਿੰਦਰ ਖਹਿਰਾ, ਕਪਿਲ ਮਾਨ, ਵਾਰਡ ਨੰਬਰ 18 ਦੇ ਮੁੱਖ ਸੇਵਾਦਾਰ ਉੱਦਮ ਦੀਪ ਸਿੰਘ, ਧਰਮਿੰਦਰ ਸਿੰਘ ਸੁੱਖੇਵਾਲ, ਟਰੱਕ ਯੂਨੀਅਨ ਪ੍ਰਧਾਨ ਮਨਦੀਪ ਸਿੰਘ ਧਾਰੋਂਕੀ, ਜਸਵੀਰ ਸਿੰਘ ਛਿੰਦਾ, ਭੁਪਿੰਦਰ ਸਿੰਘ ਕਲਰ ਮਾਜਰੀ ਆਦਿ ਹਾਜ਼ਰ ਸਨ।

# ਆਕਸਫੋਰਡ ਵਿਖੇ ਜਾਗਰੂਕਤਾ ਭਰਪੂਰ ਵਾਤਾਵਰਨ ਸੈਮੀਨਾਰ



**ਭਗਤਾ ਭਾਈ ਕਾ (ਰਾਜੀਵ ਗੋਇਲ)**

ਦਿ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ ਵਿਖੇ ਭਾਈ ਘਨ੍ਹੱਈਆ ਕੈਂਸਰ ਰੋਕ ਸੇਵਾ ਸੁਸਾਇਟੀ ਫਰੀਦਕੋਟ ਵੱਲੋਂ ਸਿਹਤ ਸਿੱਖਿਆ, ਵਾਤਾਵਰਨ, ਟ੍ਰੈਫਿਕ ਸਮਾਜਿਕ ਕੁਰੀਤੀਆਂ ਦੇ ਖਾਤਮੇ, ਨੈਤਿਕ ਕਦਰਾਂ-ਕੀਮਤਾਂ ਤੇ ਸਿਹਤਮੰਦ ਪੰਜਾਬ ਬਾਰੇ ਵਾਤਾਵਰਨ ਸੈਮੀਨਾਰ ਕਰਵਾਇਆ ਗਿਆ।ਇਸ ਸੈਮੀਨਾਰ ਦੇ ਮੁੱਖ ਮਹਿਮਾਨ ਸ. ਅਮਰਜੀਤ ਸਿੰਘ ਬਰਾੜ ਯੂ.ਐੱਸ.ਏ, ਮੁੱਖ ਵਕਤਾ ਸ. ਗੁਰਿੰਦਰ ਸਿੰਘ ਮਹਿੰਦੀਰੱਤਾ ਸਮਾਜ ਸੇਵੀ ਤੇ ਹੋਰ ਨਾਲ ਆਏ ਮਹਿਮਾਨਾਂ ਦਾ ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਗੁਰਮੀਤ ਸਿੰਘ ਗਿੱਲ (ਪ੍ਰਧਾਨ) ਨੇ ਵਿਦਿਆਰਥੀਆਂ ਦੇ ਸਨਮੁੱਖ ਹੁੰਦੇ ਹੋਏ ਆਪਣੇ ਵਿਚਾਰਾਂ ਰਾਹੀਂ ਸਾਫ ਵਾਤਾਵਰਨ ਦੀ ਮਹੱਤਤਾ, ਟ੍ਰੈਫਿਕ ਨਿਯਮਾਂ ਦੀ ਪਾਲਣਾ ਤੇ ਸਮਾਜਿਕ ਕੁਰੀਤੀਆਂ ਦੇ ਖਾਤਮੇ ਉੱਤੇ ਜ਼ੋਰ ਦਿੱਤਾ।ਮੁੱਖ ਵਕਤਾ ਸ੍ਰ. ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਵਿਦਿਆਰਥੀਆਂ ਤੋਂ ਵਾਤਾਵਰਨ ਸਾਫ਼ ਰੱਖਣ ਤੇ ਸਾਫ਼ ਹਵਾ ਦੀ ਮਿਕਦਾਰ ਵਧਾਉਣ ਲਈ ਪਟਾਕੇ ਨਾ ਚਲਾਉਣ ਦਾ ਵਾਅਦਾ ਲਿਆ।ਉਨ੍ਹਾਂ ਵਿਦਿਆਰਥੀਆਂ ਨੂੰ ਸੱਭਿਅਕ ਢੰਗ ਦੇ ਕੱਪੜੇ ਪਾਉਣ ਦਾ ਵੀ ਸੁਨੇਹਾ ਦਿੱਤਾ।ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਨ ਪ੍ਰਤੀ ਉਤਸ਼ਾਹਤ ਕਰਦੇ ਹੋਏ ਕਿਹਾ ਕਿ ਜੋ ਵਿਦਿਆਰਥੀ ਵਾਤਾਵਰਨ ਦੀ ਸੰਭਾਲ ਕਰਦੇ ਹੋਏ ਉੱਚੇ ਅਹੁਦੇ 'ਤੇ ਪਹੁੰਚੇਗਾ, ਉਸ ਨੂੰ ਉਨ੍ਹਾਂ ਵੱਲੋਂ ਗੋਲਡ ਮੈਡਲ ਨਾਲ ਸਨਮਾਨਤ ਕੀਤਾ ਜਾਵੇਗਾ।ਸਕੂਲ ਪ੍ਰਿੰਸੀਪਲ ਸਾਹਿਬ ਸ੍ਰੀ ਰੂਪ ਲਾਲ ਬਾਂਸਲ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇੱਕ ਸਿਹਤਮੰਦ ਪੰਜਾਬ ਦੇ ਸਿਰਜਕ ਬਣਨ ਲਈ ਸਾਨੂੰ ਖੁਦ ਨੂੰ ਜਾਗਰੂਕ ਹੋਣਾ ਪਵੇਗਾ ਤੇ ਆਲੇ-ਦੁਆਲੇ ਨੂੰ ਵੀ ਜਾਗ੍ਰਿਤ ਕਰਨਾ ਪਵੇਗਾ।ਅੰਤ ਵਿੱਚ ਉਨ੍ਹਾਂ 'ਭਾਈ ਘਨ੍ਹੱਈਆ ਕੈਂਸਰ ਰੋਕ ਸੇਵਾ ਸੁਸਾਇਟੀ ਫਰੀਦਕੋਟ ਤੇ ਕੋਟਕਪੂਰਾ ਗਰੁੱਪ ਆਫ਼ ਫੈਮਲੀਜ਼ ਬਰੈਂਪਟਨ (ਕੈਨੇਡਾ), ਮੁੱਖ ਮਹਿਮਾਨ ਗੁਰਿੰਦਰ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਪਰਮਪਾਲ ਸਿੰਘ ਸ਼ੈਰੀ ਢਿੱਲੋਂ (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ), ਕੋਆਰਡੀਨੇਟਰਜ਼ ਤੇ ਸਮੂਹ ਸਟਾਫ਼ ਮੈਂਬਰ ਮੌਜੂਦ ਸਨ।

# ਮੌਜੂਦਾ ਸਰਪੰਚ ਸਣੇ ਕਈ ਹੋਰ ਅਕਾਲੀ ਦਲ 'ਚ ਸ਼ਾਮਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਬਲ ਮਿਲਿਆ, ਜਦੋਂ ਪਿੰਡ ਮੌਮੀਆਂ ਦੇ ਮੌਜੂਦਾ ਸਰਪੰਚ ਗੁਰਪ੍ਰੀਤ ਸਿੰਘ, ਪੰਚਾਇਤ ਮੈਂਬਰ ਬੀਰਬਲ ਰਾਮ ਤੇ ਨਾਲ ਨਾਲ ਪਿੰਡ ਸਧਾਰਨਪੁਰ ਤੋਂ ਪ੍ਰਮੁੱਖ ਆਪ ਆਗੂ ਲਖਵਿੰਦਰ ਸਿੰਘ ਮੱਲ੍ਹੀ, ਸਾਬਕਾ ਸਰਪੰਚ ਕਸ਼ਮੀਰ ਸਿੰਘ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਕਸ਼ਮੀਰ ਸਿੰਘ ਜੋਗਿੰਦਰ ਨਗਰ ਤੋਂ ਇਲਾਵਾ ਪਿੰਡ ਬਕਰਾਹਾ ਦੇ ਸਾਬਕਾ ਸਰਪੰਚ ਸੁਖਵਿੰਦਰ ਸਿੰਘ ਸਮਾਜਵਾਦੀ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ।ਅਕਾਲੀ ਦਲ ਦੇ ਸਰਕਲ ਇੰਚਾਰਜ ਸੁਖਜੀਤ ਸਿੰਘ ਬਕਰਾਹਾ ਦੇ ਘਰ ਰੱਖੀ ਗਈ ਮੀਟਿੰਗ ਦੌਰਾਨ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਨੇ ਸਿਰਪਾਉ ਪਾ ਕੇ ਸਨਮਾਨ ਕੀਤਾ।ਇਸ ਮੌਕੇ ਹਲਕਾ ਇੰਚਾਰਜ ਕਬੀਰ ਦਾਸ ਨੇ ਅਕਾਲੀ ਦਲ ਬਾਦਲ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਸਨਮਾਨ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਰਕਾਰ ਬਣਦਿਆਂ ਹਰੇਕ ਘਾਟ ਨੂੰ ਤਰਜੀਹੀ ਤੌਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਸਰਕਲ ਇੰਚਾਰਜ ਲਖਵਿੰਦਰ ਸਿੰਘ, ਪੀਏਡੀਬੀ ਦੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਮੌਲਵੀਵਾਲਾ, ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪ੍ਰਿੰਸੀਪਲ ਨਿਧਾਨ ਸਿੰਘ ਜੈਖਰ, ਜਥੇਦਾਰ ਸੰਤੋਖ ਸਿੰਘ, ਨਰਿੰਦਰ ਸਿੰਘ ਸੰਧੂ, ਸਰਕਲ ਇੰਚਾਰਜ ਸੁਰਜੀਤ ਸਿੰਘ ਮਾਹਲ, ਸਰਕਲ ਪ੍ਰਧਾਨ ਜੀਤ ਸਿੰਘ ਕਲਵਾਨੂੰ, ਹਰਬੀਰ ਸਿੰਘ ਧਾਲੀਵਾਲ, ਰਣਧੀਰ ਸਿੰਘ, ਸੁਖਦੇਵ ਸਿੰਘ, ਜਰਨੈਲ ਸਿੰਘ ਵਿਰਕ ਆਦਿ ਹਾਜ਼ਰ ਸਨ।

# ਸ਼ਿਵਾਲਿਕ ਸਕੂਲ 'ਚ 5ਵੀਂ ਜਮਾਤ ਦੇ ਵਿਦਿਆਰਥੀਆਂ ਲਈ ਪ੍ਰੀਤੀ-ਭੋਜ



**ਜਗਰਾਉਂ (ਅਮਿਤ ਖੰਨਾ)**-ਸ਼ਿਵਾਲਿਕ ਮਾਡਲ ਸਕੂਲ ਵਿੱਚ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਲਈ ਪ੍ਰੀਤੀ-ਭੋਜ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਪਾਰਟੀ ਦਾ ਮੁੱਖ ਉਦੇਸ਼ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਛੇਵੀਂ ਕਲਾਸ ਵਿੱਚ ਪ੍ਰਵੇਸ਼ ਕਰਨ ਲਈ ਅੱਗੇ ਵਧਾਉਣਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਕੀਤੀ ਗਈ।ਵਿਦਿਆਰਥੀਆਂ ਨੇ ਕਵਿਤਾਵਾਂ ਰਾਹੀਂ ਆਪਣੇ ਮਨ ਦੇ ਭਾਵ ਸਾਰਿਆਂ ਸਾਹਮਣੇ ਰੱਖੇ।ਸਟੇਜ ਦਾ ਸੰਚਾਲਨ ਮੀਤ ਵਰਮਾ ਤੇ ਅਰਮਾਨ ਦੁਆਰਾ ਬਹੁਤ ਵਧੀਆ ਢੰਗ ਨਾਲ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਸੋਲੋ ਡਾਂਸ ਕੋਰੀਓਗ੍ਰਾਫੀ ਪ੍ਰਾਚੀ ਤੇ ਸ੍ਰਿਸ਼ਟੀ ਦੁਆਰਾ ਭਾਵਪੂਰਨ ਭਾਸ਼ਣ ਤੇ ਅੰਮ੍ਰਿਤ ਵੀਰ ਦੁਆਰਾ ਕਵਿਤਾ ਗਾ ਕੇ ਸਾਰਿਆਂ ਨੂੰ ਭਾਵੁਕ ਕਰ ਦਿੱਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਪ੍ਰੀ ਪ੍ਰਾਇਮਰੀ ਤੋਂ ਲੈ ਕੇ ਪੰਜਵੀਂ ਕਲਾਸ ਤੱਕ ਦੇ ਅਨੁਭਵ, ਗਿਆਨ ਤੇ ਖ਼ੂਬਸੂਰਤ ਪਲਾਂ ਰਾਹੀਂ ਆਪਣੇ ਮਨ ਦੇ ਭਾਵ ਅਧਿਆਪਕਾਂ ਸਾਹਮਣੇ ਰੱਖੇ।ਇਨ੍ਹਾਂ ਖ਼ੂਬਸੂਰਤ ਪਲਾਂ ਵਿੱਚ ਅਧਿਆਪਕਾਂ ਤੇ ਵਿਦਿਆਰਥੀਆਂ ਦੀਆਂ ਅੱਖਾਂ ਵਿੱਚ ਨਮੀ ਦੇ ਨਾਲ-ਨਾਲ ਬੱਚਿਆਂ ਦੀ ਅਗਲੀ ਕਲਾਸ ਵਿੱਚ ਜਾਣ ਦੀ ਖੁਸ਼ੀ ਵੀ ਸੀ।ਸਕੂਲ ਦੀ ਪ੍ਰਿੰਸੀਪਲ ਮੈਡਮ ਨੀਲਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀ ਸਾਡੇ ਦੇਸ਼ ਦੀ ਅਨਮੋਲ ਵਿਰਾਸਤ ਹਨ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ।ਉਪ ਪ੍ਰਧਾਨ ਇਸ਼ਿਤਾ ਗੁਪਤਾ ਨੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ ਤੇ ਜ਼ਿੰਦਗੀ ਵਿੱਚ ਨਿਰੰਤਰ ਕੋਸ਼ਿਸ਼ ਕਰਦੇ ਹੋਏ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਵਿਦਿਆਰਥੀਆਂ ਤੇ ਅਧਿਆਪਕਾਂ ਨੇ ਪ੍ਰੀਤੀ ਭੋਜ ਦਾ ਖ਼ੂਬ ਆਨੰਦ ਲਿਆ ਤੇ ਪ੍ਰੋਗਰਾਮ ਦੀ ਸਮਾਪਤੀ ਬਹੁਤ ਖੁਸ਼ੀ ਨਾਲ ਕੀਤੀ ਗਈ।

# ਜੌੜਾਮਾਜਰਾ ਵੱਲੋਂ ਧਰਮਸ਼ਾਲਾ ਤੇ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ

**ਸਮਾਣਾ (ਇਕਬਾਲ ਸਿੰਘ ਬੱਲ)**-ਪਿੰਡ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੰਦਿਆਂ ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਪਿੰਡ ਖੇੜੀ ਬਰਨਾ ਵਿਖੇ ਨਵੀਂ ਬਣੀ ਜਨਰਲ ਧਰਮਸ਼ਾਲਾ ਤੇ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ।ਇਹ ਸਾਰੇ ਵਿਕਾਸ ਕਾਰਜ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਪੂਰੇ ਕੀਤੇ ਗਏ ਹਨ।ਇਸ ਮੌਕੇ ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ।ਸਰਕਾਰ ਵੱਲੋਂ ਛੱਪੜਾਂ ਦੀ ਸੁਧਾਰ ਯੋਜਨਾ, ਨਵੀਂ ਸੀਵਰੇਜ ਲਾਈਨ ਪਾਉਣ ਤੇ ਪਿੰਡ ਦੀਆਂ ਸੜਕਾਂ ਦੇ ਨਿਰਮਾਣ ਵਰਗੇ ਮਹੱਤਵਪੂਰਨ ਕੰਮ ਮੁਕੰਮਲ ਕਰਵਾਏ ਗਏ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਪਿੰਡ ਵਿੱਚ ਸਫ਼ਾਈ ਪ੍ਰਣਾਲੀ ਸੁਧਰੇਗੀ ਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲਣਗੀਆਂ। ਉਨ੍ਹਾਂ ਨੌਜਵਾਨਾਂ ਤੇ ਸਿਆਣਿਆਂ ਨੂੰ ਅਪੀਲ ਕੀਤੀ ਕਿ ਉਹ ਇਕਜੁੱਟ ਹੋ ਕੇ ਪਿੰਡ ਦੀ ਤਰੱਕੀ ਲਈ ਕੰਮ ਕਰਨ।ਪਿੰਡ ਵਾਸੀਆਂ ਨੇ ਸਰਕਾਰ ਦੇ ਇਨ੍ਹਾਂ ਲੋਕ-ਹਿਤੈਸ਼ੀ ਕਦਮਾਂ ਦੀ ਭਰਪੂਰ ਸਰਾਹਨਾ ਕੀਤੀ।ਉਨ੍ਹਾਂ ਮੁੱਖ ਮੰਤਰੀ ਤੇ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੰਮ ਪਿੰਡ ਦੀ ਤਸਵੀਰ ਬਦਲਨ ਵਿੱਚ ਮਦਦਗਾਰ ਸਾਬਿਤ ਹੋਣਗੇ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਬਲਕਾਰ ਸਿੰਘ ਗੱਜੂਮਾਜਰਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਸਰਪੰਚ ਲਖਵਿੰਦਰ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਸਵੀਰ ਸਿੰਘ, ਪੰਚਾਇਤ ਵਿਭਾਗ ਦੇ ਅਫ਼ਸਰ, ਸਮੂਹ ਪਿੰਡ ਵਾਸੀ ਤੇ ਹੋਰ ਪਤਵੰਤੇ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਭਾਜਪਾ ਦੇ ਤਾਨਾਸ਼ਾਹੀ...

ਨੇਤਾ ਅਰਵਿੰਦ ਕੇਜਰੀਵਾਲ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ। ਭਾਜਪਾ ਨੇ ਆਪਣੀਆਂ ਏਜੰਸੀਆਂ ਦੀ ਵਰਤੋਂ ਕਰਕੇ 'ਆਪ' ਨੂੰ ਖਤਮ ਕਰਨ ਦੀ ਜਿਸ ਸਾਜ਼ਿਸ਼ ਰਾਹੀਂ ਕੋਸ਼ਿਸ਼ ਕੀਤੀ, ਉਹ ਹੁਣ ਦੇਸ਼ ਦੇ ਸਾਹਮਣੇ ਬੇਨਕਾਬ ਹੋ ਗਈ ਹੈ। ਲੋਕਤੰਤਰ ਨੂੰ ਦਬਾਅ ਅਤੇ ਡਰ ਨਾਲ ਕੁਚਲਿਆ ਨਹੀਂ ਜਾ ਸਕਦਾ। ਪੰਜਾਬ ਦੀ ਧਰਤੀ ਤੋਂ ਮੈਂ ਸਪੱਸ਼ਟ ਸੰਦੇਸ਼ ਦੇਣਾ ਚਾਹੁੰਦਾ ਹਾਂ ਕਿ ਜਿੱਥੇ ਵੀ ਬੇਇਨਸਾਫ਼ੀ ਹੋਵੇਗੀ, ਅਸੀਂ ਉੱਥੇ ਮਜ਼ਬੂਤੀ ਅਤੇ ਦ੍ਰਿੜ੍ਹਤਾ ਨਾਲ ਖੜ੍ਹਾਂਗੇ। ਇਹ ਕਿਸੇ ਇੱਕ ਵਿਅਕਤੀ ਦੀ ਲੜਾਈ ਨਹੀਂ, ਇਹ ਭਾਰਤ ਦੇ ਸੰਵਿਧਾਨ ਅਤੇ ਦੇਸ਼ ਦੀਆਂ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਦੀ ਲੜਾਈ ਹੈ, ਜਿਸ ਲਈ ਸੰਘਰਸ਼ ਜਾਰੀ ਰਹੇਗਾ।ਕੇਜਰੀਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਤਿੱਖਾ ਹਮਲਾ ਬੋਲਿਆ ਅਤੇ ਦਾਅਵਾ ਕੀਤਾ ਕਿ ਭਾਜਪਾ ਨੂੰ ਸੱਤਾ ਤੋਂ ਲਾਂਭੇ ਕਰਨ ਦੀ ਉਲਟੀ ਗਿਣਤੀ ਸ਼ੁਰੂ ਹੋ ਗਈ ਹੈ।

ਕੇਜਰੀਵਾਲ ਨੇ ਪ੍ਰਧਾਨ ਮੰਤਰੀ ਅਤੇ ਸ਼ਾਹ 'ਤੇ ਆਬਕਾਰੀ ਨੀਤੀ ਮਾਮਲੇ ਵਿੱਚ ਉਨ੍ਹਾਂ ਨੂੰ ਫਸਾਉਣ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਾਇਆ ਅਤੇ ਕਿਹਾ ਕਿ ਅਦਾਲਤ ਦੇ ਹਾਲੀਆ ਇਤਿਹਾਸਕ ਫੈਸਲੇ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਕੱਟੜ ਇਮਾਨਦਾਰ ਵਿਅਕਤੀ ਹਨ। ਕਈ ਰਾਜਾਂ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੇਜਰੀਵਾਲ ਨੇ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਹਰ ਕਿਸੇ ਤੋਂ ਡਰਦੇ ਹਨ ਅਤੇ ਦਾਅਵਾ ਕੀਤਾ ਕਿ ਜਦੋਂ ਕੋਈ ਜ਼ਾਲਮ ਡਰ ਜਾਂਦਾ ਹੈ, ਤਾਂ ਇਹ ਉਸ ਦੇ ਸ਼ਾਸਨ ਦੇ ਅੰਤ ਦਾ ਸੰਕੇਤ ਹੁੰਦਾ ਹੈ। ਕੇਜਰੀਵਾਲ ਨੇ ਕਿਹਾ ਕਿ ਉਨ੍ਹਾ ਸੋਨਮ ਵਾਂਗਚੁਕ ਨੂੰ ਜੇਲ੍ਹ ਭੇਜ ਦਿੱਤਾ, ਜੋ ਇੱਕ ਮਹਾਨ ਵਿਗਿਆਨੀ ਹਨ ਅਤੇ ਬੱਚਿਆਂ ਦੀ ਸਿੱਖਿਆ ਲਈ ਕੰਮ ਕਰਦੇ ਹਨ। ਮੋਦੀ ਜੀ ਇੱਕ ਦਿਨ ਸੰਸਦ ਵਿੱਚ ਨਹੀਂ ਗਏ, ਇਸ ਡਰ ਤੋਂ ਕਿ ਮਹਿਲਾ ਸੰਸਦ ਮੈਂਬਰ ਉਨ੍ਹਾਂ 'ਤੇ ਹਮਲਾ ਕਰ ਦੇਣਗੀਆਂ। ਉਹ ਟਰੰਪ ਤੋਂ ਵੀ ਡਰਦੇ ਹਨ। ਸਾਬਕਾ ਮੁੱਖ ਮੰਤਰੀ ਨੇ ਇਹ ਵੀ ਦੋਸ਼ ਲਾਇਆ ਕਿ ਦੇਸ਼ ਵਿੱਚ ਭਾਜਪਾ ਦੇ 12 ਸਾਲਾਂ ਦੇ ਸ਼ਾਸਨ ਵਿੱਚ ਸਾਰੇ ਖੇਤਰ ਬਰਬਾਦ ਹੋ ਗਏ ਹਨ ਅਤੇ ਸੜਕਾਂ, ਸਿਹਤ ਸੰਭਾਲ, ਸਿੱਖਿਆ ਅਤੇ ਸਫਾਈ ਆਦਿ ਦੀ ਹਾਲਤ ਮਾੜੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਨੀਸ਼ ਸਿਸੋਦੀਆ, ਆਤਿਸ਼ੀ, ਸੰਜੇ ਸਿੰਘ ਅਤੇ ਸੌਰਭ ਭਾਰਦਵਾਜ ਸਮੇਤ ਪਾਰਟੀ ਦੇ ਹੋਰ ਕਈ ਸੀਨੀਅਰ ਆਗੂਆਂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

### ਖਾਮਨੇਈ ਦੀ ਮੌਤ...

ਦੌਰਾਨ 66 ਸਾਲਾ ਧਾਰਮਿਕ ਆਗੂ ਆਇਤੁੱਲਾ ਅਲੀਰੇਜ਼ਾ ਅਰਾਫੀ ਨੂੰ ਈਰਾਨ ਦੀ 3 ਮੈਂਬਰੀ ਕੌਂਸਲ ਵਿੱਚ ਸ਼ਾਮਲ ਕੀਤਾ ਗਿਆ ਹੈ, ਜੋ ਕੌਂਸਲ ਦੇਸ਼ ਦੀ ਅਗਵਾਈ ਕਰੇਗੀ। ਇਹ 3 ਮੈਂਬਰੀ ਲੀਡਰਸ਼ਿਪ ਕੌਂਸਲ ਸੁਪਰੀਮ ਨੇਤਾ ਦੀ ਚੋਣ ਤੱਕ ਉਸ ਦੀਆਂ ਜ਼ਿੰਮੇਵਾਰੀਆਂ ਨਿਭਾਵੇਗੀ। ਇਸ ਆਰਜ਼ੀ ਕੌਂਸਲ ਦੇ ਬਾਕੀ ਦੋ ਮੈਂਬਰਾਂ ਵਿੱਚ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਆਨ ਤੇ ਚੀਫ ਜਸਟਿਸ ਗੁਲਾਮ ਹੁਸੈਨ ਮੋਹਸੇਨੀ ਏਜੇਈ ਸ਼ਾਮਲ ਹਨ।

### ਭਾਜਪਾ ਦਾ ਘਿਨਾਉਣਾ...

ਪਾਰਦਰਸ਼ੀ ਸ਼ਾਸਨ ਰਾਹੀਂ ਸਿਸਟਮ ਵਿੱਚ ਸਕਾਰਾਤਮਕ ਤਬਦੀਲੀ ਲਿਆਉਣਾ ਹੈ। ਉਨ੍ਹਾ ਕਿਹਾ ਕਿ ਦਿੱਲੀ ਮਾਡਲ ਨੇ ਸਾਬਤ ਕਰ ਦਿੱਤਾ ਹੈ ਕਿ ਇੱਛਾ ਸ਼ਕਤੀ ਅਤੇ ਇਮਾਨਦਾਰ ਲੀਡਰਸ਼ਿਪ ਨਾਲ ਵੱਡੇ ਬਦਲਾਅ ਸੰਭਵ ਹਨ।ਇਸ ਮੌਕੇ ਸੰਗਠਨਾਤਮਕ ਤਾਕਤ, ਭਵਿੱਖ ਦੀ ਰਾਜਨੀਤਕ ਰਣਨੀਤੀ ਅਤੇ ਪੰਜਾਬ ਸਮੇਤ ਹੋਰ ਰਾਜਾਂ ਵਿੱਚ ਪਾਰਟੀ ਦੇ ਵਿਸਥਾਰ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਬਾਲੀ ਨੇ ਕਿਹਾ ਕਿ ਭਾਜਪਾ ਦਾ ਘਿਨਾਉਣਾ ਚਿਹਰਾ ਸਾਹਮਣੇ ਆਇਆ ਹੈ। ਉਨ੍ਹਾ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਹੁਣ ਹੋਰ ਵੀ ਹਮਲਾਵਰ ਢੰਗ ਨਾਲ ਜਨਤਕ ਹਿੱਤਾਂ ਦੇ ਮੁੱਦੇ ਉਠਾਏਗੀ ਅਤੇ ਭ੍ਰਿਸ਼ਟਾਚਾਰ ਅਤੇ ਰਾਜਨੀਤਕ ਬਦਲਾਖੋਰੀ ਦੀ ਰਾਜਨੀਤੀ ਦੇ ਵਿਰੁੱਧ ਮਜ਼ਬੂਤੀ ਨਾਲ ਖੜ੍ਹੀ ਹੋਵੇਗੀ।ਦੀਪਕ ਬਾਲੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਪਾਰਟੀ ਇੱਕਜੁੱਟ ਹੋ ਕੇ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ ਅਤੇ ਦੇਸ਼ ਵਿੱਚ ਬਦਲਵੀਂ ਰਾਜਨੀਤੀ ਦੀ ਧਾਰ ਨੂੰ ਹੋਰ ਤਿੱਖਾ ਕਰੇਗੀ।

# ਏ ਸੀ ਪੀ ਤੇ ਐੱਸ ਐੱਚ ਓ ਮੁਅੱਤਲ

**ਜਲੰਧਰ (ਸੁਰਿੰਦਰ ਕੁਮਾਰ)**-ਸਥਾਨਕ ਮੋਤਾ ਸਿੰਘ ਨਗਰ ਵਿੱਚ ਵਰਦਾਨ ਹਸਪਤਾਲ ਉੱਤੇ ਸ਼ਨਿੱਚਰਵਾਰ ਰਾਤ ਗੋਲੀਆਂ ਚਲਾਉਣ ਦੀ ਵਾਰਦਾਤ ਉਪਰੰਤ ਪੁਲਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ ਨੇ ਏ ਸੀ ਪੀ ਮਾਡਲ ਟਾਊਨ ਪਰਮਿੰਦਰ ਸਿੰਘ ਅਤੇ ਮਾਡਲ ਟਾਊਨ ਥਾਣੇ ਦੇ ਇੰਚਾਰਜ ਰਵਿੰਦਰ ਕੁਮਾਰ ਨੂੰ ਮੁਅਤਲ ਕਰ ਦਿੱਤਾ ਹੈ। ਗੋਲੀਆਂ ਚਲਾਉਣ ਵਾਲਾ ਵਿਅਕਤੀ ਮੋਟਰਸਾਈਕਲ 'ਤੇ ਆਇਆ ਸੀ ਅਤੇ ਉਸ ਨੇ ਹੈਲਮੇਟ ਪਾਇਆ ਹੋਇਆ ਸੀ।

# ਖ਼ਾਲਸਾ ਏਡ ਵੱਲੋਂ ਛੋਟੇ ਕਿਸਾਨਾਂ ਲਈ ਸਾਂਝੀ ਖੇਤੀ ਪ੍ਰੋਜੈਕਟ ਦੀ ਸ਼ੁਰੂਆਤ

## 5 ਏਕੜ ਤੱਕ ਦੇ ਕਿਸਾਨਾਂ ਨੂੰ ਦਿੱਤਾ ਜਾਵੇਗਾ ਟਰੈਕਟਰ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਦੇ ਛੋਟੇ ਤੇ ਆਰਥਿਕ ਤੌਰ 'ਤੇ ਕਮਜ਼ੋਰ ਕਿਸਾਨਾਂ ਨੂੰ ਮਜ਼ਬੂਤ ਸਹਾਰਾ ਦੇਣ ਲਈ ਖਾਲਸਾ ਏਡ ਵੱਲੋਂ 'ਸਾਂਝੀ ਖੇਤੀ ਪ੍ਰੋਜੈਕਟ' ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਪਹਿਲ ਦਾ ਮੂਲ ਉਦੇਸ਼ ਉਨ੍ਹਾਂ ਕਿਸਾਨਾਂ ਦੀ ਸਹਾਇਤਾ ਕਰਨਾ ਹੈ, ਜਿਨ੍ਹਾਂ ਕੋਲ ਪੰਜ ਏਕੜ ਜਾਂ ਇਸ ਤੋਂ ਘੱਟ ਜ਼ਮੀਨ ਹੈ ਤੇ ਜੋ ਆਧੁਨਿਕ ਖੇਤੀਬਾੜੀ ਮਸ਼ੀਨਰੀ ਦੀ ਕਮੀ ਕਾਰਨ ਵਧੇਰੇ ਖਰਚ ਤੇ ਮੁਸ਼ਕਲਾਂ ਦਾ ਸਾਹਮਣਾ ਕਰਦੇ ਹਨ।ਇਸ ਪ੍ਰੋਜੈਕਟ ਤਹਿਤ ਜਿਨ੍ਹਾਂ ਕਿਸਾਨਾਂ ਕੋਲ ਟਰੈਕਟਰ ਜਾਂ ਖੇਤੀਬਾੜੀ ਦੇ ਲੋੜੀਂਦੇ ਸਾਜ਼ੋ-ਸਾਮਾਨ ਜਿਵੇਂ ਹਲ, ਰੋਟਾਵੇਟਰ, ਸੀਡ ਡ੍ਰਿਲ, ਲੇਜ਼ਰ ਲੈਵਲਰ ਆਦਿ ਮੌਜੂਦ ਨਹੀਂ ਹਨ, ਉਨ੍ਹਾਂ ਨੂੰ ਇਹ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ।ਟਰੈਕਟਰ ਦੇ ਨਾਲ ਤਜਰਬੇਕਾਰ ਡਰਾਈਵਰ ਦੀ ਸੇਵਾ ਵੀ ਦਿੱਤੀ ਜਾਵੇਗੀ ਤਾਂ ਜੋ ਵਾਹੀ ਦਾ ਕੰਮ ਸਮੇਂ ਸਿਰ ਤੇ ਘੱਟ ਲਾਗਤ 'ਤੇ ਪੂਰਾ ਹੋ ਸਕੇ।ਇਹ ਉਪਰਾਲਾ ਖੇਤੀ ਦੀ ਲਾਗਤ ਘਟਾਉਣ, ਕਰਜ਼ੇ ਦੇ ਬੋਝ ਨੂੰ ਘਟਾਉਣ ਤੇ ਛੋਟੇ ਕਿਸਾਨਾਂ ਨੂੰ ਆਤਮਨਿਰਭਰ ਬਣਾਉਣ ਵੱਲ ਇਕ ਮਹੱਤਵਪੂਰਨ ਕਦਮ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਇੰਚਾਰਜ ਗਗਨਦੀਪ ਸਿੰਘ ਨੇ ਕਿਹਾ ਕਿ ਸਾਂਝੀ ਖੇਤੀ ਪ੍ਰੋਜੈਕਟ ਛੋਟੇ ਤੇ ਲੋੜਵੰਦ ਕਿਸਾਨਾਂ ਲਈ ਇੱਕ ਮਜ਼ਬੂਤ ਸਹਾਰਾ ਸਾਬਿਤ ਹੋਵੇਗਾ। ਗਗਨਦੀਪ ਸਿੰਘ ਨੇ ਅੱਗੇ ਦੱਸਿਆ ਕਿ ਇਸ ਯੋਜਨਾ ਦਾ ਮਕਸਦ ਸਿਰਫ਼ ਮਸ਼ੀਨਰੀ ਉਪਲਬਧ ਕਰਵਾਉਣਾ ਹੀ ਨਹੀਂ, ਸਗੋਂ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨਾ ਤੇ ਖੇਤੀਬਾੜੀ ਨੂੰ ਲਾਭਕਾਰੀ ਬਣਾਉਣਾ ਵੀ ਹੈ।ਇਸ ਮੌਕੇ ਖਾਲਸਾ ਏਡ ਦੇ ਜਸਪ੍ਰੀਤ ਸਿੰਘ ਦਹੀਆ, ਸੰਦੀਪ ਸਿੰਘ ਲਹਿਰਾ, ਲਖਵਿੰਦਰ ਸਿੰਘ ਤੇ ਗੁਰਮੀਤ ਸਿੰਘ (ਬਿਲ ਮਾਟੋ) ਨੇ ਵੀ ਕਿਹਾ ਕਿ ਇਹ ਪ੍ਰੋਜੈਕਟ ਪੰਜਾਬ ਦੇ ਛੋਟੇ ਕਿਸਾਨਾਂ ਲਈ ਇਕ ਮਿਸਾਲੀ ਪਹਿਲ ਹੈ।ਸਾਂਝੀ ਖੇਤੀ ਪ੍ਰੋਜੈਕਟ ਰਾਹੀਂ ਨਾ ਸਿਰਫ਼ ਕਿਸਾਨਾਂ ਦੀ ਤੁਰੰਤ ਲੋੜਾਂ ਪੂਰੀਆਂ ਕੀਤੀਆਂ ਜਾਣਗੀਆਂ, ਸਗੋਂ ਸਾਂਝੇਪਣ ਤੇ ਸਹਿਯੋਗ ਦੀ ਭਾਵਨਾ ਨੂੰ ਵੀ ਮਜ਼ਬੂਤ ਕੀਤਾ ਜਾਵੇਗਾ, ਜੋ ਆਉਣ ਵਾਲੇ ਸਮੇਂ ਵਿੱਚ ਖੇਤੀਬਾੜੀ ਲਈ ਇਕ ਨਵਾਂ ਮਾਡਲ ਸਾਬਿਤ ਹੋ ਸਕਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੱਜ ਵੀਰ ਸਿੰਘ, ਠਾਕਰ ਸਿੰਘ, ਅਮ੍ਰਿਤ ਸਿੰਘ, ਮਨੀ ਗਿੱਲ ਚੱਕੀਆਂ, ਸਰਪੰਚ ਤਰਲੋਕ ਸਿੰਘ ਰੁਕਨੇ ਵਾਲਾ, ਸਰਪੰਚ ਨਿਸ਼ਾਨ ਸਿੰਘ, ਸਾਬਕਾ ਸਰਪੰਚ ਮੁਖਤਿਆਰ ਸਿੰਘ ਆਦਿ ਹਾਜ਼ਰ ਸਨ।

# ਕੇਜਰੀਵਾਲ ਤੇ ਸਿਸੋਦੀਆ ਨੂੰ ਸ਼ਰਾਬ ਘੁਟਾਲੇ 'ਚ ਬਰੀ ਕਰਨ 'ਤੇ ਸੱਚ ਦੀ ਜਿੱਤ ਹੋਈ : ਬਲਖੰਡੀ, ਪਰਮਿੰਦਰ ਸਿੰਘ



**ਕੋਟ ਈਸੇ ਖਾਂ (ਅਰੋੜਾ)**-ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮਨੀਸ਼ ਸਸੋਦੀਆਂ ਨੂੰ ਬੀਜੇਪੀ ਸਰਕਾਰ ਵੱਲੋਂ ਝੂਠੇ ਸ਼ਰਾਬ ਘੋਟਾਲੇ ਵਿੱਚ ਫਸਾਇਆ ਗਿਆ ਸੀ, ਜਿਸ ਤੋਂ ਬਾਅਦ ਮਾਨਯੋਗ ਅਦਾਲਤ ਵੱਲੋਂ ਅਰਵਿੰਦ ਕੇਜਰੀਵਾਲ ਤੇ ਮਨੀਸ਼ ਸਸੋਦੀਆ ਨੂੰ ਸ਼ਰਾਬ ਘੋਟਾਲੇ ਵਿੱਚ ਬਰੀ ਕਰਨ 'ਤੇ ਸੱਚ ਦੀ ਜਿੱਤ ਹੋਈ ਹੈ, ਜਿਸ ਨਾਲ ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਪ੍ਰਧਾਨ ਬਲਦੇਵ ਸਿੰਘ ਬਲਖੰਡੀ ਤੇ ਆਪ ਦੇ ਸੀਨੀ. ਆਗੂ ਤੇ ਸਰਪੰਚ ਪਰਮਿੰਦਰ ਸਿੰਘ ਜਨੇਰ ਨੇ ਪ੍ਰੈੱਸ ਨਾਲ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਵੱਖ-ਵੱਖ ਸੂਬਿਆਂ ਵਿੱਚ ਆਪਣੀ ਪਾਰਟੀ ਦਾ ਬਹੁਤ ਵੱਡੇ ਪੱਧਰ 'ਤੇ ਪ੍ਰਚਾਰ ਕੀਤਾ ਜਾ ਰਿਹਾ ਸੀ, ਜਿਸ ਨੂੰ ਦੇਖ ਕੇ ਬੀਜੇਪੀ ਸਰਕਾਰ ਹਜ਼ਮ ਨਹੀਂ ਕਰ ਪਾ ਰਹੀ ਸੀ, ਜਿਸ ਕਰਕੇ ਉਨ੍ਹਾ ਅਰਵਿੰਦਰ ਕੇਜਰੀਵਾਲ ਤੇ ਮਨੀਸ਼ ਸਸੋਦੀਆ ਖਿਲਾਫ ਸ਼ਰਾਬ ਦੇ ਝੂਠੇ ਇਲਜ਼ਾਮ ਲਗਾਏ ਗਏ ਸਨ ਤੇ ਸ਼ਰਾਬ ਘੋਟਾਲੇ ਵਿੱਚ ਕਾਰਵਾਈ ਕੀਤੀ ਸੀ, ਪਰ ਅੱਜ ਜੋ ਮਾਨਯੋਗ ਅਦਾਲਤ ਦਾ ਫੈਸਲਾ ਆਇਆ ਹੈ ਅਤੇ ਦੋਨਾਂ ਲੀਡਰਾਂ ਨੂੰ ਬਰੀ ਕਰ ਦਿੱਤਾ ਗਿਆ ਹੈ, ਤੋਂ ਇਹ ਸਾਬਿਤ ਹੁੰਦਾ ਹੈ ਕਿ ਝੂਠ ਜਿੰਨਾ ਵੀ ਵੱਡਾ ਕਿਉਂ ਨਾ ਹੋਵੇ, ਪਰ ਜਿੱਤ ਹਮੇਸ਼ਾ ਸੱਚ ਦੀ ਹੀ ਹੁੰਦੀ ਹੈ ਅਤੇ ਸੱਚ ਦੀ ਜਿੱਤ ਹੋਈ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ।

# ਮੁੱਖ ਮੰਤਰੀ ਤੀਰਥ ਯਾਤਰਾ ਬੱਸ ਨੂੰ ਕੋਹਲੀ ਨੇ ਕੀਤਾ ਰਵਾਨਾ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਵਰਦਾਨ ਸਾਬਿਤ ਹੋ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਾਰਡ ਨੰਬਰ 60 ਪ੍ਰਤਾਪ ਨਗਰ ਤੋਂ ਸ਼ਰਧਾਲੂਆਂ ਦੇ ਜੱਥੇ ਦੀ ਬੱਸ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕਰਨ ਮੌਕੇ ਕੀਤਾ।ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਕੀਤਾ ਗਿਆ ਉਪਰਾਲਾ ਸ਼ਲਾਘਾਯੋਗ ਹੈ।ਇਸ ਯੋਜਨਾ ਦਾ ਮਕਸਦ ਆਮ ਲੋਕਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਦੇ ਧਾਰਮਿਕ ਯਾਤਰਾ ਦਾ ਸੁਭਾਗ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਇਨ੍ਹਾਂ ਧਾਰਮਿਕ ਯਾਤਰਾਵਾਂ ਪ੍ਰਤੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਰਿਹਾਇਸ਼, ਖਾਣੇ ਦੇ ਨਾਲ ਹਰ ਲੋੜੀਂਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ।ਉਨ੍ਹਾਂ ਕਿਹਾ ਇਸ ਯਾਤਰਾ ਦੌਰਾਨ ਸ਼ਰਧਾਲੂ ਦਰਬਾਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਰ ਆਦਿ ਦੇ ਦਰਸ਼ਨ ਕਰਨਗੇ। ਇਸ ਮੌਕੇ ਵਾਰਡ ਨੰਬਰ 60 ਦੇ ਇੰਚਾਰਜ ਰੁਪਿੰਦਰ ਸਿੰਘ ਕੋਚ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਕਟਾਰੂਚੱਕ ਵੱਲੋਂ ਵੱਖ-ਵੱਖ ਪੰਚਾਇਤਾਂ ਨੂੰ 4 ਕਰੋੜ 21 ਲੱਖ 80 ਹਜ਼ਾਰ ਰੁਪਏ ਦੀਆਂ ਗਰਾਂਟਾਂ ਤਕਸੀਮ

**ਪਠਾਨਕੋਟ (ਦਵਿੰਦਰ ਸਿੰਘ)**- ਬਹੁਤ ਹੀ ਖ਼ੁਸ਼ੀ ਦਾ ਸਮਾਂ ਹੈ ਕਿ ਵਿਧਾਨ ਸਭਾ ਹਲਕਾ ਭੋਆ ਦੇ ਬਲਾਕ ਘਰੋਟਾ ਬਮਿਆਲ ਅਤੇ ਨਰੋਟ ਜੈਮਲ ਸਿੰਘ ਦੀਆਂ ਵੱਖ-ਵੱਖ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 4 ਕਰੋੜ 21 ਲੱਖ 80 ਹਜ਼ਾਰ ਰੁਪਏ ਦੀ ਰਾਸ਼ੀ ਦੇ ਚੈੱਕ ਭੇਟ ਕੀਤੇ ਗਏ ਹਨ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਨੇ ਪਿੰਡ ਕਟਾਰੂ ਚੱਕ ਵਿਖੇ ਇੱਕ ਆਯੋਜਿਤ ਸਮਾਰੋਹ ਦੌਰਾਨ ਵੱਖ-ਵੱਖ ਪੰਚਾਇਤਾਂ ਨੂੰ ਵਿਕਾਸ ਰਾਸ਼ੀ ਭੇਟ ਕਰਨ ਮਗਰੋਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਸਕੱਤਰ ਮਾਝਾ ਜ਼ੋਨ ਪੰਜਾਬ, ਪਵਨ ਕੁਮਾਰ ਫੌਜੀ ਸੰਗਠਨ ਇੰਚਾਰਜ, ਨਿਤਨ ਕੁਮਾਰ ਮੈਂਬਰ ਜ਼ਿਲ੍ਹਾ ਪਰਿਸ਼ਦ, ਭੁਪਿੰਦਰ ਸਿੰਘ ਮੁੰਨਾ ਮੈਂਬਰ ਜ਼ਿਲ੍ਹਾ ਪਰਿਸ਼ਦ, ਅਸ਼ਵਨੀ ਕੁਮਾਰ ਮੈਂਬਰ ਜ਼ਿਲ੍ਹਾ ਪਰਿਸ਼ਦ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਡਾਕਟਰ ਜਸਵੰਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਤੇ ਹੋਰ ਵਿਭਾਗੀ ਅਧਿਕਾਰੀਆਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਹਾਜ਼ਰ ਸਨ। ਇਸ ਮੌਕੇ ਕਟਾਰੂ ਚੱਕ ਨੇ ਕਿਹਾ ਕਿ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਵਿਕਾਸ ਕਾਰਜਾਂ ਲਈ ਜੋ ਡਿਮਾਂਡ ਕੀਤੀ ਗਈ ਸੀ ਉਸ ਡਿਮਾਂਡ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਰਾਸ਼ੀਆਂ ਵੰਡੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਵਿਕਾਸ ਰਾਸ਼ੀਆਂ ਦੇ ਨਾਲ ਵੱਖ-ਵੱਖ ਪਿੰਡਾਂ ਅੰਦਰ ਪਿੰਡਾਂ ਦੇ ਅੰਦਰ ਕਮਿਊਨਿਟੀ ਹਾਲ, ਗੰਦੇ ਪਾਣੀ ਦੀ ਨਿਕਾਸੀ, ਛੱਪੜਾਂ ਦੀ ਸਫਾਈ, ਪਿੰਡਾਂ ਅੰਦਰ ਸਟਰੀਟ ਲਾਈਟਾਂ ਦੀ ਵਿਵਸਥਾ, ਗਲੀਆਂ ਨਾਲੀਆਂ ਦਾ ਵਿਕਾਸ, ਆਂਗਨਵਾੜੀ ਦਾ ਨਿਰਮਾਣ ਆਦੀ ਵਿਕਾਸ ਕਾਰਜ ਕਰਵਾਏ ਜਾਣੇ ਹਨ।



# ਖੰਡਰ ਪਏ ਸਰਕਾਰੀ ਕੁਆਰਟਰਾਂ 'ਚ ਆਧੁਨਿਕ ਪਾਰਕ ਬਣਾਉਣ ਦੀ ਮੰਗ

**ਗੁਰਦਾਸਪੁਰ, (ਜਨਕ ਮਹਾਜਨ)**- ਪੁਲ ਤਿੱਬੜੀ ਨਹਿਰਾਂ 'ਤੇ ਆਧੁਨਿਕ ਪੁਲ ਬਣ ਜਾਣ ਨਾਲ 15 ਸਾਲਾਂ ਤੋਂ ਪੁਰਾਤਨ ਸਮੇਂ ਤੋਂ ਲੱਗਦਾ ਵਿਸਾਖੀ ਦਾ ਮੇਲਾ ਖ਼ਤਮ ਹੋ ਗਿਆ ਹੈ ਅਤੇ ਲੋਕਾਂ ਨੂੰ ਵਿਸਾਖੀ ਦਾ ਮੇਲਾ ਵੇਖਣ ਲਈ ਦੂਰ ਦੁਰਾਡੇ ਇਲਾਕਿਆਂ ਵਿਚ ਜਾਣਾ ਪੈਂਦਾ ਹੈ। ਇਸ ਸਬੰਧੀ ਇਲਾਕੇ ਦੇ ਵੱਖ-ਵੱਖ ਪਾਰਟੀਆਂ ਦੇ ਸੀਨੀਅਰ ਆਗੂਆਂ ਨੇ ਦੱਸਿਆ ਕਿ ਪੁਲ ਤਿਬੜੀ ਦੀ ਪਾਰਕ ਹੁਣ ਲਗਭਗ ਖਤਮ ਹੋ ਗਈ ਹੈ ਅਤੇ ਹੁਣ ਮਹਿਕਮੇ ਨੇ ਪਾਰਕ ਵਿਚ ਨਹਿਰੀ ਦਫ਼ਤਰ ਬਣਾ ਦਿੱਤਾ ਗਿਆ ਹੈ ਜਿਸ ਨਾਲ ਪਾਰਕ ਦਾ ਬਿਲਕੁਲ ਸਫਾਇਆ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਅੰਗਰੇਜ਼ਾਂ ਵੇਲੇ ਦੇ ਬਣੇ ਸਰਕਾਰੀ ਨਹਿਰੀ ਕੁਆਰਟਰ ਇਸ ਸਮੇਂ ਖੰਡਰ ਹੋਣ ਨਾਲ ਜਗ੍ਹਾ ਬੇਕਾਰ ਪਈ ਹੋਈ ਹੈ। ਇਥੇ ਕੁਆਰਟਰਾਂ ਦੀ ਸਾਫ਼ ਸਫ਼ਾਈ ਕਰਵਾ ਕੇ ਆਧੁਨਿਕ ਪਾਰਕ ਬਣਾਉਣ ਦੇ ਨਾਲ ਨਹਿਰੀ ਵਿਭਾਗ ਦੀ ਕੀਮਤੀ ਜ਼ਮੀਨ ਵੀ ਬਚ ਜਾਵੇਗੀ ਅਤੇ ਲੋਕਾਂ ਦੀ ਵਿਸਾਖੀ ਲੱਗਣ ਦੀ ਮੰਗ ਵੀ ਪ੍ਰਵਾਨ ਹੋ ਸਕਦੀ ਹੈ। ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸਿੰਚਾਈ ਵਿਭਾਗ ਪੰਜਾਬ ਨੂੰ ਹਦਾਇਤਾਂ ਕਰਕੇ ਨਹਿਰਾਂ ਦੀ ਜ਼ਮੀਨ 'ਤੇ ਆਧੁਨਿਕ ਪਾਰਕ ਬਣਾਈ ਜਾਵੇ ਜਿਸ ਨਾਲ ਨਹਿਰ ਉਤੇ ਆਉਂਦੇ ਸੈਲਾਨੀ ਲਈ ਖਿੱਚ ਦਾ ਕੇਂਦਰ ਬਣਨ ਨਾਲ ਵਿਸਾਖੀ ਦਾ ਤਿਉਹਾਰ ਲੋਕ ਦੁਬਾਰਾ ਸ਼ਾਨੋ ਸ਼ੌਕਤ ਨਾਲ ਮਨਾ ਸਕਣ।



# ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫਾਰ ਵੂਮੈਨ ਵਿਖੇ ਡਿਗਰੀ ਵੰਡ ਸਮਾਰੋਹ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਵਿਖੇ ਸਾਲਾਨਾ ਕਾਨਵੋਕੇਸ਼ਨ ਦੌਰਾਨ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ

**240 ਵਿਦਿਆਰਥਣਾਂ ਨੂੰ ਕੀਤੀਆਂ ਡਿਗਰੀਆਂ ਪ੍ਰਦਾਨ**

ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਕਲਾਸਾਂ ਦੀਆਂ ਘੱਟੋ-ਘੱਟ 240 ਵਿਦਿਆਰਥਣਾਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ।ਕਾਲਜ ਪ੍ਰਿੰਸੀਪਲ ਡਾ. ਲਕਸ਼ਮੀ ਮਲਹੋਤਰਾ ਦੀ ਅਗਵਾਈ ਹੇਠ ਕਰਵਾਏ ਗਏ ਉਕਤ ਸਮਾਰੋਹ ਮੌਕੇ ਸ: ਛੀਨਾ ਨੇ ਔਰਤਾਂ ਦੀ ਸਿੱਖਿਆ ਅਤੇ ਹੋਰਨਾਂ ਵੱਖ-ਵੱਖ ਖੇਤਰਾਂ 'ਚ ਉਪਲਬੱਧੀਆਂ ਪ੍ਰਾਪਤ ਕਰਨ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਜੀਵਨ ਦਾ ਰਾਹ ਹਮੇਸ਼ਾ ਸੌਖਾ ਨਹੀਂ ਹੁੰਦਾ।ਕਈ ਵਾਰ ਚੁਣੌਤੀਆਂ, ਸੰਘਰਸ਼ ਅਤੇ ਅਣਹੋਣੀਆਂ ਸਥਿਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ ਪਰ ਤੁਹਾਡੀ ਸਿੱਖਿਆ ਸਿਰਫ ਕਿਤਾਬੀ ਗਿਆਨ ਤੱਕ ਸੀਮਿਤ ਨਹੀਂ, ਇਸ ਨੇ ਤੁਹਾਨੂੰ ਸੋਚਣ ਦੀ ਸਮਰੱਥਾ, ਫ਼ੈਸਲਾ ਕਰਨ ਦੀ ਤਾਕਤ ਅਤੇ ਮੁਸ਼ਕਲਾਂ ਦਾ ਡੱਟ ਕੇ ਮੁਕਾਬਲਾ ਕਰਨ ਦਾ ਹੌਸਲਾ ਵੀ ਦਿੱਤਾ ਹੈ।ਆਪਣੇ 'ਤੇ ਵਿਸ਼ਵਾਸ ਰੱਖੋ, ਕਿਉਂਕਿ ਆਤਮਵਿਸ਼ਵਾਸ ਹੀ ਸਫਲਤਾ ਦੀ ਕੁੰਜੀ ਹੈ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਵੀ ਜ਼ਿੰਦਗੀ 'ਚ ਸਫਲ ਹੋਣ ਲਈ ਸਹੀ ਰਵੱਈਏ ਅਤੇ ਮਨ ਦੀ ਇੱਛਾ 'ਤੇ ਜ਼ੋਰ ਦਿੱਤਾ।ਪ੍ਰਿੰ: ਡਾ. ਮਲਹੋਤਰਾ ਨੇ ਕਾਲਜ ਦੀਆਂ ਵਿਦਿਆਰਥਣਾਂ ਦੀਆਂ ਅਕਾਦਮਿਕ, ਸੱਭਿਆਚਾਰਕ ਗਤੀਵਿਧੀਆਂ ਅਤੇ ਖੇਡਾਂ 'ਚ ਪ੍ਰਾਪਤੀਆਂ ਸਬੰਧੀ ਸਾਲਾਨਾ ਰਿਪੋਰਟ ਪੜ੍ਹੀ।ਇਸ ਮੌਕੇ ਸ: ਛੀਨਾ ਨੇ ਕੌਂਸਲ ਦੇ ਜੁਆਇੰਟ ਸਕੱਤਰ ਸ: ਸੰਤੋਖ ਸਿੰਘ ਸੇਠੀ, ਪ੍ਰਿੰ: ਡਾ. ਮਲਹੋਤਰਾ ਅਤੇ ਸ਼੍ਰੀ ਨਾਗੀ ਨਾਲ ਮਿਲ ਕੇ ਹੋਣਹਾਰ ਵਿਦਿਆਰਥਣਾਂ ਨੂੰ ਵੀ ਸਨਮਾਨਿਤ ਵੀ ਕੀਤਾ।ਇਸ ਮੌਕੇ ਪ੍ਰੋ: ਅਮਰੀਕ ਸਿੰਘ, ਡੀ. ਐਸ. ਰਟੌਲ, ਪ੍ਰੋ: ਅਜੈਪਾਲ ਸਿੰਘ ਢਿੱਲੋਂ ਅਤੇ ਹੋਰ ਸਟਾਫ਼ ਤੇ ਵਿਦਿਆਰਥੀ ਮੌਜੂਦ ਸਨ।




# ਪ੍ਰੀ-ਪ੍ਰਾਇਮਰੀ ਅਧਿਆਪਕਾਂ ਦੀ ਇੱਕ ਰੋਜ਼ਾ ਵਰਕਸ਼ਾਪ ਲੱਗੀ

**ਬਟਾਲਾ (ਡਾ. ਮਲਵਿੰਦਰ ਸਿੰਘ)**- ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ: ਪਰਮਜੀਤ ਦੀ ਅਗਵਾਈ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਸਵਿੰਦਰ ਸਿੰਘ ਦੇ ਸਹਿਯੋਗ ਨਾਲ ਪ੍ਰਾਇਮਰੀ ਪ੍ਰਾਇਮਰੀ ਅਧਿਆਪਕਾਂ ਦੀ ਇੱਕ ਰੋਜ਼ਾ ਹੈਂਡਮੇਡ ਸਹਾਇਕ ਸਮੱਗਰੀ ਬਣਾਉਣ ਦੀ ਵਰਕਸ਼ਾਪ ਆਯੋਜਿਤ ਕੀਤੀ ਗਈ ਜਿਸ ਵਿੱਚ ਅਧਿਆਪਕਾਂ ਵੱਲੋਂ ਪ੍ਰੀ-ਪ੍ਰਾਇਮਰੀ ਬੱਚਿਆਂ ਨੂੰ ਗਤੀਵਿਧੀਆਂ ਕਰਵਾਉਣ ਸਮੇਂ ਵਰਤੀ ਜਾਂਦੀ ਸਹਾਇਕ ਸਮੱਗਰੀ ਤਿਆਰ ਕੀਤੀ ਗਈ ਜਿਸ ਦੌਰਾਨ ਜ਼ਿਲ੍ਹਾ ਕੋਆਰਡੀਨੇਟਰ ਪ੍ਰਥਮ ਮੈਡਮ ਅੰਜਲੀ ਤੇ ਸਹਾਇਕ ਕੋਆਰਡੀਨੇਟਰ ਮੈਡਮ ਸੁਨੀਤਾ, ਮੈਡਮ ਪੂਜਾ ਤੇ ਮੈਡਮ ਪ੍ਰਿਅੰਕਾ ਵੱਲੋਂ ਅਧਿਆਪਕਾਂ ਨਾਲ ਸਹਾਇਕ ਸਮੱਗਰੀ ਨੂੰ ਬਣਾਉਣ ਤੇ ਇਸ ਦੀ ਵਰਤੋਂ ਕਰਨ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਦੌਰਾਨ ਅਧਿਆਪਕਾਂ ਵੱਲੋਂ ਉਤਸ਼ਾਹ ਨਾਲ ਭਾਗ ਲੈਂਦੇ ਹੋਏ ਹੈਂਡਮੇਡ ਸਹਾਇਕ ਸਮੱਗਰੀ ਤਿਆਰ ਕੀਤੀ।ਜ਼ਿਕਰਯੋਗ ਹੈ ਕਿ ਬਲਾਕ ਬਟਾਲਾ 1 ਦੇ 07 ਕਲੱਸਟਰਾਂ ਦੇ ਪ੍ਰੀ-ਪ੍ਰਾਇਮਰੀ ਅਧਿਆਪਕਾਂ ਦੀ ਇਹ ਵਰਕਸ਼ਾਪ ਸਰਕਾਰੀ ਪ੍ਰਾਇਮਰੀ ਸਕੂਲ ਸੱਲੋਚਾਹਲ ਤੇ ਸਰਕਾਰੀ ਪ੍ਰਾਇਮਰੀ ਸਕੂਲ ਕਿਲਾ ਟੇਕ ਸਿੰਘ ਵਿਖੇ ਲਗਾਈ ਗਈ ਜਿਸ ਵਿੱਚ ਅਧਿਆਪਕਾਂ ਵੱਲੋਂ ਸ਼ਮੂਲੀਅਤ ਕਰਕੇ ਹੈਂਡਮੇਡ ਸਹਾਇਕ ਸਮੱਗਰੀ ਤਿਆਰ ਕੀਤੀ।ਇਸ ਦੌਰਾਨ ਸੈਂਟਰ ਮੁੱਖ ਅਧਿਆਪਕ ਅਮਰਜੀਤ ਕੌਰ, ਜ਼ਿਲ੍ਹਾ ਕੋਆਰਡੀਨੇਟਰ ਗੁਰਨਾਮ ਸਿੰਘ, ਬਲਾਕ ਰਿਸੋਰਸਪਰਸਨ ਦਲਜੀਤ ਸਿੰਘ, ਰਾਮ ਸਿੰਘ, ਗਗਨਦੀਪ ਸਿੰਘ, ਜਸਪਿੰਦਰ ਸਿੰਘ ਸਮੇਤ ਪ੍ਰੀ-ਪ੍ਰਾਇਮਰੀ ਅਧਿਆਪਕਾਂ ਵੱਲੋਂ ਇਸ ਵਰਕਸ਼ਾਪ ਵਿੱਚ ਸ਼ਿਰਕਤ ਕੀਤੀ ਗਈ।



# ਏ ਬੀ ਕਾਲਜ 'ਚ ਰਾਸ਼ਟਰੀ ਵਿਗਿਆਨ ਦਿਵਸ ਮੌਕੇ ਵਿਗਿਆਨ ਮੇਲੇ ਦਾ ਆਯੋਜਨ

**ਪਠਾਨਕੋਟ (ਦਵਿੰਦਰ ਸਿੰਘ)**- ਏ ਬੀ ਕਾਲਜ ਪਠਾਨਕੋਟ ਵਿਖੇ ਰਾਸ਼ਟਰੀ ਵਿਗਿਆਨ ਦਿਵਸ ਦੇ ਮੌਕੇ ਇਕ ਵਿਸ਼ਾਲ ਵਿਗਿਆਨ ਮੇਲਾ ਅਤੇ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।ਇਸ ਵਿਗਿਆਨ ਮੇਲੇ ਵਿੱਚ ਕਾਲਜ ਦੇ ਲਗਭਗ 80 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਕਾਰਜਕ੍ਰਮ ਦੌਰਾਨ ਨਾਨ-ਮੈਡੀਕਲ, ਮੈਡੀਕਲ, ਕੰਪਿਊਟਰ ਸਾਇੰਸ ਅਤੇ ਹੋਮ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਵੱਲੋਂ 22 ਲਾਈਵ ਵਰਕਿੰਗ ਮਾਡਲ ਪੇਸ਼ ਕੀਤੇ ਗਏ।ਇਨ੍ਹਾਂ ਮਾਡਲਾਂ ਰਾਹੀਂ ਵਾਤਾਵਰਣ ਦੀ ਸੁਰੱਖਿਆ, ਊਰਜਾ ਬੱਚਤ, ਆਧੁਨਿਕ ਤਕਨਾਲੋਜੀ ਅਤੇ ਬੈਸਟ ਆਊਟ ਆਫ ਵੇਸਟ ਵਰਗੇ ਮਹੱਤਵਪੂਰਨ ਵਿਸ਼ਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ।ਖਾਸ ਤੌਰ 'ਤੇ ਮਕੈਨੀਕਲ ਊਰਜਾ ਤੋਂ ਬਿਜਲੀ ਊਰਜਾ ਪੈਦਾ ਕਰਨ ਵਾਲੇ ਮਾਡਲ ਨੂੰ ਸਭ ਨੇ ਬਹੁਤ ਪ੍ਰਸ਼ੰਸਾ ਕੀਤੀ।ਇਸ ਮੌਕੇ ਮੁੱਖ ਮਹਿਮਾਨ ਵਜੋਂ ਹਾਜ਼ਰ ਐੱਸਪੀ ਸੁਖਵਿੰਦਰ ਪਾਲ ਸਿੰਘ ਨੇ ਵਿਦਿਆਰਥੀਆਂ ਦੀ ਵਿਗਿਆਨਕ ਸੋਚ, ਤਕਨੀਕੀ ਅਤੇ ਰਚਨਾਤਮਕਤਾ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਵਿਗਿਆਨ ਨਾਲ ਜੋੜਨ ਦੇ ਨਾਲ-ਨਾਲ ਸਮਾਜ ਵਿੱਚ ਮੌਜੂਦ ਅੰਧਵਿਸ਼ਵਾਸ ਵਰਗੀਆਂ ਕੁਰੀਤੀਆਂ ਨੂੰ ਦੂਰ ਕਰਨ ਵਿੱਚ ਵੀ ਸਹਾਇਕ ਸਾਬਤ ਹੁੰਦੀਆਂ ਹਨ।ਕਾਲਜ ਪ੍ਰਸ਼ਾਸਨ ਨੇ ਦੱਸਿਆ ਕਿ ਏਬੀ ਕਾਲਜ ਪਿਛਲੇ ਕਈ ਸਾਲਾਂ ਤੋਂ ਵਿਦਿਆਰਥੀਆਂ ਵਿੱਚ ਵਿਗਿਆਨ ਅਤੇ ਤਕਨਾਲੋਜੀ ਪ੍ਰਤੀ ਰੁਚੀ ਵਿਕਸਿਤ ਕਰਨ ਲਈ ਸਿੱਖਿਆ ਕਾਰਜਕ੍ਰਮ ਲਗਾਤਾਰ ਆਯੋਜਿਤ ਕਰਦਾ ਆ ਰਿਹਾ ਹੈ।ਇਹ ਪ੍ਰਦਰਸ਼ਨੀ ਸਿਰਫ ਮਾਡਲ ਪ੍ਰਦਰਸ਼ਨ ਤੱਕ ਸੀਮਿਤ ਨਹੀਂ ਸੀ, ਸਗੋਂ ਇਸ ਨੇ ਵਿਦਿਆਰਥੀਆਂ ਦੀ ਸੋਚ, ਸਮਝ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਵੀ ਉਜਾਗਰ ਕੀਤਾ। ਵਿਗਿਆਨ ਮੇਲੇ ਦੌਰਾਨ ਮੌਜੂਦ ਮਾਪਿਆਂ ਨੇ ਵੀ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਮਾਡਲਾਂ ਦਾ ਨਿਰੀਖਣ ਕੀਤਾ ਅਤੇ ਉਨ੍ਹਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਕਾਲਜ ਦੇ ਪ੍ਰਿੰ. ਕੁਲਦੀਪ ਗੁਪਤਾ ਨੇ ਇਸ ਸਫਲ ਆਯੋਜਨ ਦੀ ਸਫਲਤਾ ਪਿੱਛੇ ਵਿਗਿਆਨ ਵਿਭਾਗ ਦੇ ਮੁਖੀ ਪ੍ਰੋ. ਰਵੀ ਰੰਜਨ, ਪ੍ਰੋ. ਨੇਹਾ, ਪ੍ਰੋ. ਅਲੀਸ਼ਾ, ਪ੍ਰੋ. ਰੁਚਿਕਾ, ਪ੍ਰੋ. ਪ੍ਰਿਆ, ਪ੍ਰੋ. ਪ੍ਰਿਯੰਕਾ, ਪ੍ਰੋ. ਯਕਸ਼ਿਤਾ ਅਤੇ ਸਹਿਯੋਗੀ ਵਿਵੇਕ ਤੇ ਪ੍ਰਵੀਨ ਨੂੰ ਦਿੱਤਾ।ਕਾਰਜਕ੍ਰਮ ਦੇ ਅੰਤ ਵਿੱਚ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪ੍ਰਮਾਣ-ਪੱਤਰ (ਸਰਟੀਫਿਕੇਟ) ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।




# ਮਨਿੰਦਰ ਸਿੰਘ ਸਾਹਬੀ ਕਿਸਾਨ ਵਿੰਗ ਦੇ ਹਲਕਾ ਇੰਚਾਰਜ ਨਿਯੁਕਤ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪਿੰਡ ਨੰਗਲ ਦਿਆਲ ਸਿੰਘ ਦੇ ਵਾਸੀ ਮਨਿੰਦਰ ਸਿੰਘ ਸਾਹਬੀ ਨੰਗਲ ਦਿਆਲ ਸਿੰਘ ਨੂੰ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਹਲਕਾ ਜੰਡਿਆਲਾ ਗੁਰੂ ਦੇ ਕਿਸਾਨ ਵਿੰਗ ਦੇ ਇੰਚਾਰਜ ਥਾਪਿਆ।ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੀ ਪਾਈ ਜਾ ਰਹੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਹਬੀ ਨੇ ਕਿਹਾ ਕਿ ਉਹ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਨਾਲ ਨਿਭਾਉਣਗੇ।ਸਾਹਬੀ ਨੰਗਲ ਦਿਆਲ ਨੂੰ ਹਲਕਾ ਇੰਚਾਰਜ ਨਿਯੁਕਤ ਕਰਨ 'ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਪਤਨੀ ਮੈਡਮ ਸੁਹਿੰਦਰ ਕੌਰ, ਮਨੀਸ਼ ਸਿਸੋਦੀਆ, ਅਮਨ ਅਰੋੜਾ, ਮੈਡਮ ਸੁਨੈਨਾ ਰੰਧਾਵਾ, ਐੱਸ ਐੱਸ ਬੋਰਡ ਦੇ ਮੈਂਬਰ ਨਰੇਸ਼ ਪਾਠਕ, ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਚੇਅਰਮੈਨ ਸੂਬੇਦਾਰ ਛਨਾਖ ਸਿੰਘ ਜੌਹਲ, ਪਿੰਡ ਨੰਗਲ ਦਿਆਲ ਸਿੰਘ ਦੇ ਸਰਪੰਚ ਕੇਵਲ ਸਿੰਘ, ਈਟੀਓ ਅਮਰੀਕ ਸਿੰਘ, ਸਰਬਜੀਤ ਸਿੰਘ ਡਿੰਪੀ, ਸਾਬਕਾ ਸਰਪੰਚ ਤਰਸੇਮ ਸਿੰਘ, ਪੱਤਰਕਾਰ ਦਲੇਰ ਸਿੰਘ ਜੌਹਲ, ਮੈਂਬਰ ਪੰਚਾਇਤ ਅਵਤਾਰ ਸਿੰਘ ਵਡਾਲਾ ਜੌਹਲ, ਸਰਪੰਚ ਜਗਜੀਤ ਸਿੰਘ, ਸਰਪੰਚ ਹਰਪ੍ਰੀਤ ਸਿੰਘ ਹੈਪੀ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਾਜਬੀਰ ਸਿੰਘ ਸਿੱਧੂ ਮੱਖਣਵਿੰਡੀ, ਨਵਾਂ ਪਿੰਡ ਦੇ ਸਰਪੰਚ ਸਰਬਜੀਤ ਸਿੰਘ ਜੰਮੂ, ਸਰਪੰਚ ਮੰਗਲ ਸਿੰਘ, ਕੰਵਲਜੀਤ ਸਿੰਘ ਲਾਡੀ ਤਲਵੰਡੀ ਡੋਗਰਾਂ, ਦੇਸਪਾਲ ਸਿੰਘ ਢੋਟ ਤਲਵੰਡੀ ਡੋਗਰਾਂ, ਸਰਪੰਚ ਨਿਰਵੈਰ ਸਿੰਘ ਮਲਕਪੁਰ, ਸਰਪੰਚ ਸੁੰਦਰ ਸਿੰਘ, ਮੈਂਬਰ ਪੰਚਾਇਤ ਹਰਪ੍ਰੀਤ ਸਿੰਘ ਵਡਾਲਾ ਜੌਹਲ ਤੋਂ ਇਲਾਵਾ ਇਲਾਕੇ ਦੀਆਂ ਕਈ ਹੋਰ ਨਾਮਵਰ ਸ਼ਖ਼ਸੀਅਤਾਂ ਤੇ ਆਪ ਆਗੂਆਂ ਨੇ ਮਨਿੰਦਰ ਸਿੰਘ ਸਾਹਬੀ ਨੂੰ ਵਧਾਈਆਂ ਦਿੱਤੀਆਂ।ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂਆਂ ਨੇ ਸਾਹਬੀ ਨੰਗਲ ਦਿਆਲ ਸਿੰਘ ਨੂੰ ਸਨਮਾਨਿਤ ਵੀ ਕੀਤਾ ਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ।



# ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਕੀਤਾ ਸਨਮਾਨਿਤ



**ਛੇਹਰਟਾ, (ਮਨੋਜ ਕੁਮਾਰ)**- ਗ੍ਰੇਟੈਸਟ ਹੈਲਥ ਕੇਅਰ ਕੈਮਿਸਟ, ਬਟਾਲਾ ਰੋਡ, ਨੇੜੇ ਸੈਲੀਬ੍ਰੇਸ਼ਨ ਮਾਲ ਵੱਲੋਂ ਦਵਿੰਦਰ ਖੋਸਲਾ ਦੀ ਅਗਵਾਈ ਹੇਠ ਮਹਾਸ਼ਿਵਰਾਤਰੀ ਦੇ ਸਬੰਧ ਵਿਚ ਲੰਗਰ ਲਗਾਇਆ ਗਿਆ। ਇਸ ਮੌਕੇ ਉੱਤਰੀ ਹਲਕੇ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਵੀ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਉਨ੍ਹਾਂ ਦੇ ਨਾਲ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ, ਸੁਕ੍ਰਾਂਤ ਕਾਲੜਾ, ਰਿਟੇਲ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਸੰਜੀਵ ਭਾਟੀਆ, ਡਾ. ਰਾਕੇਸ਼ ਭਾਰਤੀ, ਕੌਂਸਲਰ ਪਤੀ ਗੌਰੀਸ਼ ਸ਼ਰਮਾ, ਕ੍ਰਿਸ਼ਨ ਕੁਮਾਰ ਖੋਸਲਾ, ਪ੍ਰਦੀਪ ਖੋਸਲਾ, ਗੀਨਾ, ਸੰਜੇ ਸੇਠ, ਰਵੀ ਗੁਪਤਾ, ਪਵਨ ਵਿਆਸ, ਕੁਲਬੀਰ ਸਿੰਘ, ਸੰਜੀਵ ਸ਼ਰਮਾ, ਸੰਜੀਵ ਠਾਕੁਰ, ਗੁਰਮੀਤ ਸਿੰਘ, ਕ੍ਰਿਸ਼ਨਾ, ਮਯੰਕ, ਰਾਜਨ, ਨਕੁਲ ਵੀ ਮੌਜੂਦ ਸਨ। ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਦਵਿੰਦਰ ਖੋਸਲਾ ਤੇ ਉਨ੍ਹਾਂ ਦੀ ਟੀਮ ਨੇ ਸਨਮਾਨਿਤ ਕੀਤਾ।

# ਮਾਮੂਨ ਮਿਲਟਰੀ ਸਟੇਸ਼ਨ ਵਿਖੇ ਵੈਸਟਰਨ ਕਮਾਂਡ ਇਨਵੈਸਟੀਚਰ ਸੈਰੇਮਨੀ-2026 ਦਾ ਸ਼ਾਨਦਾਰ ਪ੍ਰਦਰਸ਼ਨ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ 100 ਤੋਂ ਵੱਧ ਵਿਦਿਆਰਥੀਆਂ ਨੂੰ ਇਤਿਹਾਸਕ ਮਾਮੂਨ ਮਿਲਟਰੀ ਸਟੇਸ਼ਨ ਵਿੱਚ ਆਯੋਜਿਤ ਵੈਸਟਰਨ ਕਮਾਂਡ ਇਨਵੈਸਟੀਚਰ ਸੈਰੇਮਨੀ-2026 ਵਿੱਚ ਸ਼ਾਮਲ ਹੋਣ ਦਾ ਮਾਣ ਪ੍ਰਾਪਤ ਹੋਇਆ।ਇਹ ਸਮਾਰੋਹ ਭਾਰਤੀ ਸੁਰੱਖਿਆ ਬਲਾਂ ਦੀ ਵੀਰਤਾ, ਅਨੁਸ਼ਾਸਨ ਅਤੇ ਰਣਨੀਤਿਕ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਸਮਾਰੋਹ ਦੀ ਪ੍ਰਧਾਨਗੀ ਮਨੋਜ ਕੁਮਾਰ ਕਟਿਆਰ, ਆਰਮੀ ਕਮਾਂਡਰ, ਵੈਸਟਰਨ ਕਮਾਂਡ ਵੱਲੋਂ ਕੀਤੀ ਗਈ।ਸਮਾਰੋਹ ਦੌਰਾਨ ਪ੍ਰਭਾਵਸ਼ਾਲੀ ਕੌਂਬੈਟ ਡ੍ਰਿਲਾਂ, ਸਹੀ ਤਾਲਮੇਲ ਨਾਲ ਕੀਤੀ ਗਈ ਕਦਮਤਾਲ ਅਤੇ ਸੁਚੱਜੇ ਰਣਨੀਤਿਕ ਪ੍ਰਦਰਸ਼ਨ ਪੇਸ਼ ਕੀਤੇ ਗਏ।ਕਾਰਜਕ੍ਰਮ ਵਿੱਚ ਭਾਰਤੀ ਸੈਨਾ, ਬੀਐੱਸਐੱਫ, ਜੰਮੂ-ਕਸ਼ਮੀਰ ਪੁਲਸ ਅਤੇ ਪੰਜਾਬ ਪੁਲਸ ਦੇ ਵੱਖ-ਵੱਖ ਰੈਂਕਾਂ ਦੇ ਅਧਿਕਾਰੀ ਅਤੇ ਜਵਾਨ ਆਪਣੇ ਪਰਿਵਾਰਾਂ ਸਮੇਤ ਸ਼ਾਮਲ ਹੋਏ।ਪਠਾਨਕੋਟ ਦੇ ਪ੍ਰਤਾਪ ਵਰਲਡ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵੀ ਇਸ ਮਾਣਯੋਗ ਅਤੇ ਸਨਮਾਨਤ ਮੌਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ।ਪ੍ਰਤਾਪ ਵਰਲਡ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਇਹ ਅਨੁਭਵ ਬਹੁਤ ਹੀ ਪ੍ਰੇਰਨਾਦਾਇਕ ਸਾਬਤ ਹੋਇਆ।ਇਸ ਸਮਾਰੋਹ ਨੇ ਵਿਦਿਆਰਥੀਆਂ ਵਿੱਚ ਸਾਹਸ, ਵਚਨਬੱਧਤਾ, ਟੀਮਵਰਕ ਅਤੇ ਸਮਰਪਣ ਵਰਗੇ ਮੁੱਲਾਂ ਨੂੰ ਮਜ਼ਬੂਤ ਕੀਤਾ।ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਆਪਣੀ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਸਾਡੇ ਵਿਦਿਆਰਥੀਆਂ ਲਈ ਭਾਰਤੀ ਸੁਰੱਖਿਆ ਬਲਾਂ ਦੇ ਸਨਮਾਨ ਅਤੇ ਅਨੁਸ਼ਾਸਨ ਨੂੰ ਨੇੜੇ ਤੋਂ ਦੇਖਣਾ ਬਹੁਤ ਹੀ ਵਧੀਆ ਅਨੁਭਵ ਰਿਹਾ।ਅਜਿਹੇ ਮੌਕੇ ਵਿਅਕਤੀਤਵ ਦਾ ਨਿਰਮਾਣ ਕਰਦੇ ਹਨ, ਦੇਸ਼ਭਗਤੀ ਨੂੰ ਮਜ਼ਬੂਤ ਬਣਾਉਂਦੇ ਹਨ ਅਤੇ ਨੌਜਵਾਨ ਪੀੜ੍ਹੀ ਨੂੰ ਸਮਰਪਣ ਅਤੇ ਇਮਾਨਦਾਰੀ ਨਾਲ ਰਾਸ਼ਟਰ ਸੇਵਾ ਲਈ ਪ੍ਰੇਰਿਤ ਕਰਦੇ ਹਨ।



# ਸਕੂਲ ਦੇ ਵੈਨ ਡਰਾਈਵਰਾਂ ਨੇ ਕੱਢੀ ਨਸ਼ਿਆਂ ਖਿਲਾਫ ਰੈਲੀ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਥਾਨਕ ਕਸਬੇ ਦੇ ਨਾਲ ਲੱਗਦੇ ਪਿੰਡ ਪਿੰਡੀ ਦੇ ਡੀ ਡੀ ਆਈ ਸਕੂਲ ਦੇ ਐੱਮ ਡੀ ਇੰਦਰਜੀਤ ਸਿੰਘ ਭਾਟੀਆ ਅਤੇ ਪ੍ਰਿੰਸੀਪਲ ਸਵਲੀਨ ਭਾਟੀਆ ਦੀ ਰਹਿਨੁਮਾਈ ਹੇਠ ਸਕੂਲ ਦੇ ਵੈਨ ਡਰਾਈਵਰਾਂ ਵੱਲੋਂ ਆਪਣੀਆਂ ਸਕੂਲ ਵੈਨਾਂ ਰਾਹੀਂ ਨਸ਼ੇ ਤੇ ਇੱਕ ਰੈਲੀ ਕੱਢੀ ਗਈ। ਰੈਲੀ ਨੂੰ ਫਤਿਹਗੜ੍ਹ ਚੂੜੀਆਂ ਦੇ ਐੱਸ ਡੀ ਐੱਮ ਡਾਕਟਰ ਨਵਜੋਤ ਸ਼ਰਮਾ ਅਤੇ ਜ਼ਿਲ੍ਹਾ ਗੁਰਦਾਸਪੁਰ ਦੇ ਨਸ਼ਾ ਮੁਕਤ ਮੁਹਿੰਮ ਦੇ ਪ੍ਰਧਾਨ ਡਾਕਟਰ ਅਰਸ਼ਦੀਪ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਰੈਲੀ ਡੀ ਡੀ ਆਈ ਸਕੂਲ ਤੋਂ ਚਾਲੂ ਹੋ ਕੇ ਡੇਰਾ ਬਾਬਾ ਨਾਨਕ ਰੋਡ ਦੇ ਵੱਖ-ਵੱਖ ਪਿੰਡਾਂ ਜਿਨ੍ਹਾਂ ਵਿੱਚ ਦਾਦੂਜੋਧ, ਲਾਲਾ ਨੰਗਲ, ਝੰਜੀਆਂ, ਡੋਗਰ, ਮਾਲੇਵਾਲ, ਨਿਕੋਸਰਾਂ, ਤਲਵੰਡੀ, ਸ਼ਾਹਪੁਰ, ਝੰਗੀ ਰਾਹੀਂ ਹੁੰਦੀ ਹੋਈ ਸ਼ਾਮਪੁਰਾ, ਸਿੰਘਪੁਰਾ, ਰਮਦਾਸ, ਅਵਾਣ, ਥੋਬਾ, ਗੱਗੋਮਾਲ, ਚਮਿਆਰੀਆਂ, ਦਿਆਲ ਪੜੰਗ, ਮੋਹਣ ਭੰਡਾਰੀਆਂ ਤੋਂ ਹੁੰਦੀ ਹੋਈ ਵਾਪਸ ਫਤਿਹਗੜ੍ਹ ਚੂੜੀਆਂ ਦੇ ਡੀ ਡੀ ਆਈ ਸਕੂਲ ਪਹੁੰਚੀ। ਇਸ ਮੌਕੇ ਐੱਸਡੀਐੱਮ ਮੈਡਮ ਡਾ. ਨਵਜੋਤ ਅਤੇ ਡਾ. ਅਰਸ਼ਦੀਪ ਸਿੰਘ ਨੇ ਕਿਹਾ ਕਿ ਡੀ. ਡੀ. ਆਈ. ਸਕੂਲ ਵਲੋਂ ਜੋ ਇਹ ਉਪਰਾਲਾ ਕੀਤਾ ਗਿਆ ਹੈ, ਉਹ ਬਹੁਤ ਹੀ ਵਧੀਆ ਤੇ ਸ਼ਲਾਘਾਯੋਗ ਹੈ।ਉਨ੍ਹਾਂ ਕਿਹਾ ਕਿ ਉਹ ਉਮੀਦ ਕਰਦੇ ਹਨ ਕਿ ਇਸ ਸਕੂਲ ਵੱਲੋਂ ਭਵਿੱਖ ਵਿਚ ਅਜਿਹੇ ਪ੍ਰੋਗਰਾਮ ਤੇ ਰੈਲੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ।ਇਸ ਦੌਰਾਨ ਆਪਣੇ ਸੰਖੇਪ ਸੰਬੋਧਨ ਵਿਚ ਐੱਮ. ਡੀ. ਭਾਟੀਆ ਅਤੇ ਪ੍ਰਿੰਸੀਪਲ ਮੈਡਮ ਸਵਲੀਨ ਵੱਲੋਂ ਮੈਡਮ ਡਾ. ਨਵਜੋਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵੈਨ ਡਰਾਈਵਰਾਂ ਨੇ ਇਹ ਰੈਲੀ ਕੱਢ ਕੇ ਸਾਬਤ ਕਰ ਦਿੱਤਾ ਹੈ ਕਿ ਉਹ ਆਪਣੇ ਚੌਗਿਰਦੇ ਨੂੰ ਨਸ਼ਾ ਮੁਕਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਨ।ਇਸ ਮੌਕੇ ਅਲੀਵਾਲ ਦੇ ਐੱਸਐੱਚਓ ਲਖਵਿੰਦਰ ਸਿੰਘ, ਚੌਂਕੀ ਇੰਚਾਰਜ ਘਣੀਏ ਕੇ ਬਾਂਗਰ ਦੇ ਏਐੱਸਆਈ ਚਰਨਜੀਤ ਸਿੰਘ ਵੀ ਹਾਜ਼ਰ ਸਨ।




# ਲੋਕਾਂ ਨੂੰ ਹੈਲਥ ਕਾਰਡ ਬਣਾਉਣ ਬਾਰੇ ਦਿੱਤੀ ਜਾਣਕਾਰੀ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਹਲਕਾ ਫਤਿਹਗੜ੍ਹ ਚੂੜੀਆਂ ਤੋਂ ਵਾਰਡ ਨੰਬਰ 2 ਵਿਖੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 10 ਲੱਖ ਤੱਕ ਦੇ ਮੁਫ਼ਤ ਇਲਾਜ ਵਾਲੇ ਹੈਲਥ ਕਾਰਡ ਦਾ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਇਲਾਕਾ ਵਾਸੀਆਂ ਨੂੰ ਸਹੂਲਤਾਂ ਅਤੇ ਕਾਰਡ ਬਣਾਉਣ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਕੇਵਲ ਮਸੀਹ, ਬਲਾਕ ਪ੍ਰਧਾਨ ਰਾਮ ਸਿੰਘ, ਨਵੀਸ ਨੰਦਾ, ਤੇਜਵਿੰਦਰ ਸਿੰਘ, ਬਲਾਕ ਪ੍ਰਧਾਨ ਪਲਵਿੰਦਰ ਸਿੰਘ, ਪਰਮਜੀਤ ਸਿੰਘ, ਸਰਬਜੀਤ ਸਿੰਘ ਟੋਨਾ, ਗੁਰਪ੍ਰੀਤ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਰਘਬੀਰ ਸਿੰਘ, ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਪੰਨੂ, ਹਲਕਾ ਯੂਥ ਪ੍ਰਧਾਨ ਗੁਰਬਿੰਦਰ ਕਾਦੀਆਂ ਆਦਿ ਹਾਜ਼ਰ ਸਨ।

# ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ 'ਚ ਜੂਨੀਅਰ ਵਿੰਗ ਦਾ ਉਦਘਾਟਨ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ 'ਚ ਜੂਨੀਅਰ ਵਿੰਗ ਦਾ ਉਦਘਾਟਨ ਕੀਤਾ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਚੇਅਰਮੈਨ ਕੰਧਾਲ ਸਿੰਘ ਬਾਠ ਨੇ ਕਿਹਾ ਕਿ ਉਨ੍ਹਾਂ ਨੇ ਵਿੱਦਿਅਕ ਸੈਸ਼ਨ 2026-27 ਤੋਂ ਸਕੂਲ ਵਿੱਚ ਜੂਨੀਅਰ ਵਿੰਗ ਸਥਾਪਿਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਵਿੰਗ ਵਿੱਚ ਬੱਚਿਆਂ ਲਈ ਸਮਾਰਟ ਕਲਾਸਰੂਮ ਦੀ ਵਿਵਸਥਾ ਕੀਤੀ ਗਈ ਹੈ।ਇਸ ਤੋਂ ਇਲਾਵਾ ਬੱਚਿਆਂ ਦੇ ਖੇਡਣ ਲਈ ਅਨੇਕਾਂ ਪ੍ਰਕਾਰ ਦੇ ਖਿਡਾਉਣਿਆਂ ਅਤੇ ਝੂਲਿਆਂ ਦਾ ਇੰਤਜ਼ਾਮ ਕੀਤਾ ਗਿਆ ਹੈ।ਦੱਸਣਯੋਗ ਹੈ ਕਿ ਵਿੰਗ ਦਾ ਉਦਘਾਟਨ ਸਕੂਲ ਚੇਅਰਮੈਨ ਸਰਦਾਰ ਕੰਧਾਲ ਸਿੰਘ ਬਾਠ ਵੱਲੋਂ ਪ੍ਰਿੰਸੀਪਲ ਮੈਡਮ ਲਖਬੀਰ ਕੌਰ ਦੇ ਹੱਥੋਂ ਕਰਵਾਇਆ ਗਿਆ।ਇਸ ਮੌਕੇ ਕੰਧਾਲ ਸਿੰਘ ਨੇ ਕਿਹਾ ਕਿ ਸਾਡੇ ਇਹ ਛੋਟੇ ਬੱਚੇ ਦੇਸ਼ ਦਾ ਭਵਿੱਖ ਹਨ ਤੇ ਇਨ੍ਹਾਂ ਨੂੰ ਪੜ੍ਹਨ ਲਈ ਵਧੀਆ ਸਹੂਲਤਾਂ ਦੇਣਾ ਸਾਡਾ ਫਰਜ਼ ਹੈ।ਉਨ੍ਹਾਂ ਦੱਸਿਆ ਕਿ ਸੰਸਥਾ ਵਿੱਚ ਜੂਨੀਅਰ ਵਿੰਗ ਸਥਾਪਿਤ ਕਰਨ 'ਤੇ ਉਨ੍ਹਾਂ ਨੂੰ ਬੜਾ ਮਾਣ ਮਹਿਸੂਸ ਹੋ ਰਿਹਾ ਹੈ।ਇਸ ਮੌਕੇ ਮੈਡਮ ਰਾਜਪ੍ਰੀਤ ਕੌਰ, ਮਨਦੀਪ ਕੌਰ, ਪੂਜਾ, ਅਰਸ਼ਪ੍ਰੀਤ ਕੌਰ, ਮੰਨਜਿੰਦਰ ਕੌਰ, ਜਸਪ੍ਰੀਤ ਕੌਰ, ਪਲਕ ਸ਼ਰਮਾ, ਅਮਰਜੀਤ ਕੌਰ ਮਨਿੰਦਰ ਕੌਰ, ਜਸਬੀਰ ਕੌਰ, ਪਰਵਿੰਦਰਜੀਤ ਕੌਰ, ਦਿਲਪ੍ਰੀਤ ਕੌਰ, ਦਵਿੰਦਰ ਕੌਰ, ਮਨਪ੍ਰੀਤ ਸ਼ਰਮਾ, ਮਨਪ੍ਰੀਤ ਕੌਰ, ਨਵਨੀਤ ਕੌਰ, ਪਲਵਿੰਦਰ ਕੌਰ, ਗੁਰਜੰਟ ਸਿੰਘ, ਰਮਨ ਬਾਜਵਾ, ਸੁਖਬੀਰ ਕੌਰ, ਕਿਰਨ ਚੋਪੜਾ, ਦਵਿੰਦਰ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ, ਮੈਡਮ ਕਿੰਪਲ, ਪ੍ਰਿੰਸੀਪਲ ਮੈਡਮ ਲਖਬੀਰ ਕੌਰ ਤੇ ਵਿਦਿਆਰਥੀ ਹਾਜ਼ਰ ਸਨ।



# ਡੇਰਾ ਬਾਬਾ ਨਾਨਕ ਰੋਡ 'ਤੇ ਬਣੇ ਪੁਲ ਦੇ ਦੋਵੇਂ ਪਾਸੇ ਦੀਆਂ ਸੜਕਾਂ ਦਾ ਰੱਖਿਆ ਨੀਂਹ ਪੱਥਰ



**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਵਿਖੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਗਈ ਹੈ ਅਤੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਵਿਧਾਇਕ ਸ਼ੈਰੀ ਕਲਸੀ ਨੇ ਡੇਰਾ ਬਾਬਾ ਨਾਨਕ ਰੋਡ ਦੇ ਪੁਲ ਦੇ ਦੋਵੇਂ ਪਾਸੇ ਦੀਆਂ ਸੜਕਾਂ ਨੂੰ ਬਣਾਉਣ ਦਾ ਕੰਮ ਦੁਕਾਨਦਾਰਾਂ ਦੀ ਮੌਜੂਦਗੀ ਵਿਚ ਕੀਤਾ ਤੇ ਕਿਹਾ ਕਿ ਸੜਕ ਦੇ ਬਣਨ ਨਾਲ ਸ਼ਹਿਰ ਵਾਸੀਆਂ ਤੇ ਆਸਪਾਸ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ।ਵਿਧਾਇਕ ਸ਼ੈਰੀ ਕਲਸੀ ਨੇ ਗੱਲਬਾਤ ਦੌਰਾਨ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਸੂਬੇ ਭਰ ਵਿੱਚ ਲੋਕਾਂ ਦੇ ਹਿੱਤ ਵਿੱਚ ਵੱਡੇ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਬਟਾਲੇ ਹਲਕੇ ਅੰਦਰ ਵੀ ਕਰੋੜਾਂ ਰੁਪਏ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਕਿਹਾ ਕਿ ਹਲਕੇ ਦਾ ਚਹੁੰਪੱਖੀ ਵਿਕਾਸ ਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਹੱਲ ਕਰਨ ਲਈ ਉਹ ਵਚਨਬੱਧ ਹਨ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਲੋਕਾਂ ਤੱਕ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਬਟਾਲਾ ਵਿੱਚ ਨਵੇਂ ਬਣੇ ਤਹਿਸੀਲ ਕੰਪਲੈਕਸ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।ਬਟਾਲਾ ਹਲਕੇ ਸਮੇਤ ਕਰੀਬ 314 ਪਿੰਡਾਂ ਦੇ ਲੋਕ ਇੱਕ ਛੱਤ ਹੇਠ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਹਾਸਿਲ ਕਰ ਰਹੇ ਹਨ।ਸੜਕ ਦੀ ਹਾਲਤ ਖਸਤਾ ਹੋਣ ਕਾਰਨ ਦੁਕਾਨਾਂ ਤੇ ਆਉਣ ਵਾਲੇ ਗਾਹਕਾਂ ਨੂੰ ਬਹੁਤ ਮੁਸ਼ਕਲ ਪੇਸ਼ ਆਉਂਦੀ ਸੀ ਖਾਸਕਰਕੇ ਮੀਂਹ ਦੇ ਦਿਨਾਂ ਵਿੱਚ ਬਹੁਤ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਸੀ ਪਰ ਹੁਣ ਵਿਧਾਇਕ ਸ਼ੈਰੀ ਕਲਸੀ ਨੇ ਦੁਕਾਨਦਾਰਾਂ ਦੀ ਮੁਸ਼ਕਿਲ ਦਾ ਹੱਲ ਕਰ ਦਿੱਤਾ ਹੈ, ਜਿਸ ਲਈ ਸਾਰੇ ਦੁਕਾਨਦਾਰਾਂ ਉਨ੍ਹਾਂ ਦਾ ਧੰਨਵਾਦ ਕਰਦੇ ਹਨ।

# ਬਾਬਾ ਬੁੱਢਾ ਕਾਲਜ ਬੀੜ ਸਾਹਿਬ ਵਿਖੇ ਸਾਲਾਨਾ ਡਿਗਰੀ ਵੰਡ ਸਮਾਗਮ ਆਯੋਜਿਤ

**ਸਰਾਏ ਅਮਾਨਤ ਖਾਂ, ਝਬਾਲ (ਮੱਖਣ ਮਨੋਜ, ਹਰਜਿੰਦਰ ਸਿੰਘ ਸੋਨੀ)**- ਬਾਬਾ ਬੁੱਢਾ ਕਾਲਜ ਬੀੜ ਸਾਹਿਬ ਵਿਖੇ ਸਲਾਨਾ ਡਿਗਰੀ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿਚ 2024-25 ਸੈਸ਼ਨ ਵਿਚ ਪਾਸ ਹੋਏ ਵਿਦਿਆਰਥੀਆਂ ਨੂੰ ਡਿਗਰੀਆਂ ਦਿਤੀਆਂ ਗਈਆਂ ।ਇਸ ਸਮਾਗਮ ਵਿੱਚ ਪ੍ਰੋਫੈਸਰ ਡਾ. ਸੁਖਦੇਵ ਸਿੰਘ, ਸਾਬਕਾ ਡਾਇਰੈਕਟਰ ਸਪੋਰਟਸ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਸਮਾਗਮ ਦੀ ਸ਼ੁਰੂਆਤ ਵਿੱਚ ਇੰਦਰਜੀਤ ਸਿੰਘ ਨੇ ਮੁੱਖ ਮਹਿਮਾਨ ਜੀ ਨੂੰ ਜੀ ਆਇਆ ਕਿਹਾ।ਕਾਲਜ ਦੀ ਸਲਾਨਾ ਪ੍ਰਗਤੀ ਰਿਪੋਰਟ ਡਾ. ਅਮਰਬੀਰ ਸਿੰਘ ਵੱਲੋਂ ਪੜ੍ਹੀ ਗਈ, ਜਿਸ ਵਿੱਚ ਕਾਲਜ ਦੀਆਂ ਸਾਲ 2025 26 ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਗਿਆ।ਇਸ ਤੋਂ ਇਲਾਵਾ ਅਕਾਦਮਿਕ ਅਤੇ ਖੇਡਾਂ ਦੇ ਖੇਤਰ ਵਿਚ ਸਰਬਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਮੁੱਖ ਮਹਿਮਾਨ ਡਾ. ਸੁਖਦੇਵ ਸਿੰਘ ਨੇ ਆਪਣੇ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਦਾ ਮਹੱਤਵ ਬਾਰੇ ਦੱਸਿਆ ਅਤੇ ਚੰਗੇ ਰਾਹ ਤੇ ਚੱਲਣ ਲਈ ਗੁਰਬਾਣੀ ਦਾ ਓਟ ਆਸਰਾ ਲੈਣ ਤੇ ਜ਼ੋਰ ਦਿੱਤਾ। ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਿਕ ਪ੍ਰੋਗਰਾਮ ਪੇਸ਼ ਕੀਤੇ ਗਏ ।ਪ੍ਰਿੰਸੀਪਲ ਡਾ. ਕਰਨਜੀਤ ਸਿੰਘ ਬੇਦੀ ਵੱਲੋਂ ਮੁੱਖ ਮਹਿਮਾਨ ਦਾ ਕਾਲਜ ਆਉਣ ਤੇ ਧੰਨਵਾਦ ਕੀਤਾ ਅਤੇ ਇਸ ਸਮਾਗਮ ਦੀ ਸਫ਼ਲਤਾ ਲਈ ਸਟਾਫ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਸਟੇਜ ਦਾ ਸੰਚਾਲਨ ਪ੍ਰੋ. ਸੁਰਿੰਦਰ ਸਿੰਘ ਵੱਲੋਂ ਬੜੇ ਸੁਚੱਜੇ ਢੰਗ ਨਾਲ ਕੀਤਾ ਗਿਆ ।ਇਸ ਸਮੇਂ ਕਾਲਜ ਸੁਪਰਡੈਂਟ ਤਜਿੰਦਰਜੀਤ ਸਿੰਘ, ਪ੍ਰੋ. ਸੁਖਪਾਲ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਚੰਦਪ੍ਰੀਤ ਕੌਰ, ਪ੍ਰੋ. ਅਮਰਜੀਤ ਕੌਰ, ਪ੍ਰੋ. ਅਮਰਪ੍ਰੀਤ ਕੌਰ, ਸੁਖਬੀਰ ਸਿੰਘ ਅਤੇ ਨਿਰਵੈਲ ਸਿੰਘ ਹਾਜ਼ਿਰ ਸਨ।




# ਪੁਲਸ ਦੀ ਨਾ-ਇਨਸਾਫ਼ੀ ਵਿਰੁੱਧ ਥਾਣਾ ਸਦਰ ਤਰਨ ਤਾਰਨ ਅੱਗੇ ਪੱਕਾ ਧਰਨਾ 7 ਨੂੰ : ਸਿੱਧਵਾਂ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- 21 ਫਰਵਰੀ ਨੂੰ ਟਰੱਕ ਡਰਾਈਵਰ ਹਜਾਰੀ ਰਾਮ ਪੁੱਤਰ ਭਗਰਤ ਰਾਮ, ਪਿੰਡ ਨੋਸਰ, ਜ਼ਿਲ੍ਹਾ ਜੋਧਪੁਰ (ਰਾਜਸਥਾਨ) ਜੰਮੂ ਤੋਂ ਠੰਢੇ ਦੀਆਂ ਬੋਤਲਾਂ ਦਾ ਭਰਿਆ ਟਰੱਕ ਲੈ ਕੇ ਜੋਧਪੁਰ ਜਾ ਰਿਹਾ ਸੀ। ਜਦੋਂ ਉਹ ਤਰਨਤਾਰਨ ਦੇ ਪਿੰਡ ਦੀਨਪਰ ਦੇ ਰਸਤੇ ਗੁਜ਼ਰ ਰਿਹਾ ਸੀ ਤਾਂ 8:30 ਦੇ ਲਗਭਗ ਸਕੀਰਪੀਓ ਗੱਡੀ, ਨੰਬਰ ਚੰਡੀਗੜ, ਵਿੱਚ ਸਵਾਰ ਪੰਜ ਲੁਟੇਰਿਆਂ ਵੱਲੋਂ ਉਸ ਦੀ ਲੁੱਟਮਾਰ ਕਰਨ ਦੀ ਕੋਸ਼ਿਸ਼ ਕੀਤੀ ਗਈ।ਡਰਾਈਵਰ ਦੀ ਕੁੱਟਮਾਰ ਕੀਤੀ ਅਤੇ ਟਰੱਕ ਦੀ ਭੰਨਤੋੜ ਕੀਤੀ। ਮੌਕੇ 'ਤੇ ਦੀਨਪੁਰ ਵਾਸੀਆਂ ਨੇ ਪਹੁੰਚ ਕੇ ਡਰਾਈਵਰ ਨੂੰ ਬਚਾਇਆ।ਟਰੱਕ ਯੂਨੀਅਨ ਆਲ ਇੰਡੀਆ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸਿੱਧਵਾਂ ਵੱਲੋਂ ਪੁਲਸ ਨੂੰ ਫੋਨ ਕਰ ਦਿੱਤਾ ਗਿਆ।ਪੁਲਸ ਨੇ ਲੁਟੇਰਿਆਂ ਨੂੰ ਘੇਰ ਤਾਂ ਲਿਆ ਪਰ ਕੇਸ ਰਫਾਦਫਾ ਕਰਨ ਦੀ ਕੋਸ਼ਿਸ਼ ਕੀਤੀ।ਪੁਲਸ ਨੇ ਦੋ ਲੁਟੇਰੇ ਫੜ ਕੇ ਬਾਕੀ ਤਿੰਨਾਂ ਲੁਟੇਰਿਆਂ ਨੂੰ ਗੱਡੀ ਸਮੇਤ ਭਜਾ ਦਿੱਤਾ ਅਤੇ ਉਲਟਾ ਜ਼ਖ਼ਮੀ ਹੋਏ ਪੀੜਤ ਡਰਾਈਵਰ ਹਜਾਰੀ ਰਾਮ ਨੂੰ ਥਾਣੇ ਲੈ ਗਈ।ਪਲਸ ਨੇ ਉਸ ਦਾ ਟਰੱਕ ਵੀ ਥਾਣੇ ਡੱਕ ਦਿੱਤਾ।ਐੱਸ.ਐੱਚ.ਓ. ਚਰਨ ਸਿੰਘ ਵੱਲੋਂ ਪੀੜਤ ਡਰਾਈਵਰ ਅਤੇ ਫੜੇ ਗਏ ਦੋ ਲੁਟੇਰਿਆ ਤੇ ਧਾਰਾ 751 ਅਧੀਨ ਕੇਸ ਦਰਜ ਕਰ ਦਿੱਤਾ ਗਿਆ।ਜਦੋਂ ਯੂਨੀਅਨ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸਾਥੀਆਂ ਸਮੇਤ ਥਾਣੇ ਪਹੁੰਚੇ ਤਾਂ ਪੁਲਸ ਵੱਲੋਂ ਯੂਨੀਅਨ ਨਾਲ ਮਾੜਾ ਵਿਵਹਾਰ ਕੀਤਾ ਗਿਆ ਜਿਸ ਕਾਰਨ ਯੂਨੀਅਨ ਨੇ ਐੱਸਐੱਸਪੀ ਦੇ ਦਰਖ਼ਾਸਤ ਦਿੱਤੀ।ਟਰੱਕ ਯੂਨੀਅਨ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸਿੱਧਵਾਂ, ਹਰਜਿੰਦਰ ਸਿੰਘ ਸੂਬਾ ਸਕੱਤਰ ਭੰਗਾਲਾ, ਵਾਈਸ ਪ੍ਰਧਾਨ ਸੁਖਰਾਜ ਸਿੰਘ ਪੱਟੀ, ਖਜਾਨਚੀ ਲਖਵਿੰਦਰ ਸਿੰਘ ਧਗਾਣਾ, ਜਗਤਾਰ ਸਿੰਘ ਸਿੱਧਵਾਂ, ਨੰਬਰਦਾਰ ਦਿਲਬਾਗ ਸਿੰਘ ਅਤੇ ਸੁਖਦੇਵ ਸਿੰਘ ਕਾਲੇ, ਭੁਪਿੰਦਰ ਸਿੰਘ, ਹਰਚੰਦ ਸਿੰਘ ਭਿੱਖੀਵਿੰਡ, ਲਖਵਿੰਦਰ ਸਿੰਘ ਆੜ੍ਹਤੀਆ ਜੋਧਸਿੰਘ ਵਾਲੇ ਨੇ ਦੱਸਿਆ ਕਿ ਜੇਕਰ ਪੁਲਸ ਵੱਲੋਂ ਬਣਦਾ ਇਨਸਾਫ ਨਾ ਮਿਲਿਆ ਤਾਂ 7 ਮਾਰਚ ਨੂੰ ਸਦਰ ਥਾਮਾ ਤਰਨਤਾਰਨ ਅੱਗੇ ਪੱਕਾ ਧਰਨਾ ਲਗਾਇਆ ਜਾਵੇਗਾ।



# ਸ਼ੇਰੋਂ ਖੰਡ ਮਿੱਲ ਮੋਰਚੇ ਦੇ ਜੇਲ੍ਹ ਭੇਜੇ ਕਿਸਾਨ ਆਗੂ ਰਿਹਾਅ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**— ਸ਼ੇਰੋਂ ਖੰਡ ਮਿੱਲ ਨੂੰ ਚਾਲੂ ਕਰਨ ਦੀ ਮੰਗ ਨੂੰ ਲੈ ਕੇ ਗ੍ਰਿਫ਼ਤਾਰ ਕੀਤੇ 17 ਕਿਸਾਨ ਆਗੂ ਜਿਨ੍ਹਾਂ ਨੂੰ 3 ਮਾਰਚ ਤੱਕ ਕੇਂਦਰੀ ਜੇਲ੍ਹ ਗੋਇੰਦਵਾਲ ਸਾਹਿਬ ਵਿਖੇ ਭੇਜਿਆ ਗਿਆ ਸੀ, ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨਤਾਰਨ ਦੇ ਦਬਾਅ ਸਦਕਾ ਬਿਨਾਂ ਸ਼ਰਤ ਰਿਹਾਅ ਹੋ ਗਏ ਹਨ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਨਿਵਾਸ ਤੇ ਮੀਟਿੰਗ ਕੀਤੀ ਗਈ, ਜਿਸ ਵਿੱਚ ਕਿਸਾਨ ਆਗੂਆਂ ਨੇ ਜੇਲ੍ਹ ਵਿੱਚ ਬੰਦ ਕਿਸਾਨ ਆਗੂਆਂ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਅਤੇ ਸ਼ੇਰੋਂ ਖੰਡ ਮਿੱਲ ਨੂੰ ਚਲਾਉਣ ਦੀ ਜ਼ੋਰਦਾਰ ਮੰਗ ਕੀਤੀ।ਮੰਤਰੀ ਨੇ ਕੇਸ ਵਾਪਸ ਲੈਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਦਾਇਤਾਂ ਜਾਰੀ ਕਰਦਿਆਂ ਕੀਤੇ ਗਏ ਕੇਸ ਵਾਪਸ ਲੈਣ ਲਈ ਕਿਹਾ ।ਕੇਂਦਰੀ ਜੇਲ੍ਹ ਗੋਇੰਦਵਾਲ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਪਹੁੰਚੇ ਕਿਸਾਨ ਅਤੇ ਮਲਾਜ਼ਮ ਆਗੂਆਂ ਨੇ ਰਿਹਾਅ ਹੋਏ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਨਛੱਤਰ ਸਿੰਘ ਪੰਨੂ, ਦਲਜੀਤ ਸਿੰਘ ਦਿਆਲਪੁਰਾ, ਰਤਨ ਸਿੰਘ ਢੰਡ, ਜੱਸਾ ਸਿੰਘ ਕੱਦਗਿੱਲ, ਗੁਰਦਿਆਲ ਸਿੰਘ ਵਰਨਾਲਾ ਸਮੇਤ ਸਮੁੱਚੇ ਸਤਾਰਾਂ ਕਿਸਾਨ ਆਗੂਆਂ ਦਾ ਸਿਰੋਪਾਓ ਅਤੇ ਹਾਰ ਪਾ ਕੇ ਜ਼ੋਰਦਾਰ ਨਾਅਰਿਆਂ ਨਾਲ ਸਵਾਗਤ ਕੀਤਾ। ਇਸ ਮੌਕੇ ਆਗੂਆਂ ਐਲਾਨ ਕੀਤਾ ਕਿ ਖੰਡ ਮਿੱਲ ਚਾਲੂ



**● ਮੰਗਾਂ ਮੰਨੇ ਜਾਣ ਤੱਕ ਸੰਘਰਸ਼ ਜਾਰੀ ਰਹੇਗਾ : ਐੱਸ ਕੇ ਐੱਮ**

ਕਰਾਉਣ ਦਾ ਸੰਘਰਸ਼ ਜਾਰੀ ਰਹੇਗਾ, ਬੱਸ ਉਡੀਕ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਕੀਤੇ ਵਾਅਦੇ ਅਨੁਸਾਰ ਮੁੱਖ ਮੰਤਰੀ ਦੀ ਗੱਲਬਾਤ ਕਿਸਾਨ ਆਗੂਆਂ ਨਾਲ ਛੇਤੀ ਕਰਾਉਂਦਾ ਹੈ ਕਿ ਨਹੀਂ।ਉਨ੍ਹਾਂ ਕਿਹਾ ਕਿ ਤਰਨ ਤਾਰਨ ਜ਼ਿਲ੍ਹੇ ਦੀ ਇੱਕੋ ਇੱਕ ਖੇਤੀ ਅਧਾਰਿਤ ਮਿੱਲ ਦੀ ਜ਼ਮੀਨ ਵੇਚਣਾ ਤਰਨ ਤਾਰਨ ਦੇ ਕਿਸਾਨਾਂ ਮਜ਼ਦੂਰਾਂ ਨਾਲ ਵੱਡਾ ਧੋਖਾ ਹੈ, ਜੋ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਰਿਹਾਅ ਹੋਏ ਸਾਥੀਆਂ ਨੂੰ ਲੈਣ ਪਹੁੰਚੇ ਕਿਸਾਨ ਮਜ਼ਦੂਰ ਆਗੂਆਂ ਵਿੱਚ ਮਹਾਂਬੀਰ ਸਿੰਘ ਗਿੱਲ, ਜਤਿੰਦਰ ਸਿੰਘ ਛੀਨਾ, ਸਾਹਿਬ ਸਿੰਘ ਡੱਲ, ਪ੍ਰਗਟ ਸਿੰਘ ਜਾਮਾਰਾਏ, ਪੂਰਨ ਸਿੰਘ ਮਾੜੀ ਮੇਘਾ, ਤਰਸੇਮ ਸਿੰਘ ਲੋਹਾਰ, ਦਵਿੰਦਰ ਸੋਹਲ, ਮਨਜੀਤ ਸਿੰਘ ਬੱਗੂ, ਕੇਵਲ ਸਿੰਘ ਕੰਬੋਕੇ, ਸਤਪਾਲ ਸਿੰਘ ਨੱਥੋਕੇ, ਗੁਰਚਰਨ ਸਿੰਘ ਸਭਰਾ, ਅਜੈਬ ਸਿੰਘ ਦੀਨਪੁਰ, ਮਨਜਿੰਦਰ ਸਿੰਘ ਲਾਲੀ, ਗੁਰਦਿਆਲ ਸਿੰਘ ਖਡੂਰ ਸਾਹਿਬ, ਰਣਜੀਤ ਸਿੰਘ ਬਹਾਦਰ ਨਗਰ. ਸਿੰਘ ਧੂੰਦਾ, ਤਾਰਾ ਸਿੰਘ ਖਹਿਰਾ ਤੋਂ ਇਲਾਵਾ ਮੁਲਾਜ਼ਮ ਆਗੂ ਗੁਰਬੇਜ ਸਿੰਘ ਢਿੱਲੋਂ, ਕੁਲਵਿੰਦਰ ਸਿੰਘ ਬਾਗੜੀਆਂ, ਮੰਗਲ ਸਿੰਘ ਨਾਗੋਕੇ, ਪੂਰਨ ਦਾਸ, ਤਰਜੀਤ ਸਿੰਘ, ਬਚਿੱਤਰ ਸਿੰਘ, ਅਵਤਾਰ ਕ੍ਰਿਸ਼ਨ, ਕੁਲਦੀਪ ਸਿੰਘ, ਅੰਗਰੇਜ਼ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਅਤੇ ਮੁਲਾਜ਼ਮ ਆਗੂ ਹਾਜ਼ਰ ਸਨ।

# ਬਾਠ ਭੋਏ ਪਰਿਵਾਰ ਨੂੰ ਸਦਮਾ; ਮਾਤਾ ਸੁਖਵੰਤ ਕੌਰ ਦਾ ਦਿਹਾਂਤ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਐਡਵੋਕੇਟ ਬਿਕਰਮਜੀਤ ਸਿੰਘ ਬਾਠ ਭੋਏ ਅਤੇ ਮਜੀਠਾ ਹਲਕੇ ਦੇ ਸੀਨੀਅਰ ਅਕਾਲੀ ਆਗੂ ਰਣਧੀਰ ਸਿੰਘ ਬਾਠ ਭੋਏ ਨੂੰ ਉਸ ਵਕਤ ਵੱਡਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਮਾਤਾ ਸੁਖਵੰਤ ਕੌਰ ਅਚਾਨਕ ਅਕਾਲ ਚਲਾਣਾ ਕਰ ਗਏ ਜਿਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਭੋਏ ਦੇ ਸ਼ਮਸ਼ਾਨ ਘਾਟ ਵਿਖੇ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਇਲਾਕੇ ਦੇ ਪੰਚ ਸਰਪੰਚ ਅਤੇ ਸੀਨੀਅਰ ਆਗੂਆਂ ਤੋਂ ਇਲਾਵਾ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਬਾਬਾ ਦਲੇਰ ਸਿੰਘ ਸਾਧਪੁਰ, ਜਸ ਵਰਪਾਲ, ਸੰਦੀਪ ਸਿੰਘ ਅਤੇ ਹੋਰ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਵਰਕਰ ਅੰਤਿਮ ਸੰਸਕਾਰ ਵਿੱਚ ਸ਼ਾਮਿਲ ਸਨ। ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਵੱਲੋਂ ਫੋਨ 'ਤੇ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।



ਨਵਾਂ ਜ਼ਮਾਨਾ
ਸੋਮਵਾਰ, 2 ਮਾਰਚ 2026

# ਟਰੰਪ ਤੇ ਨੇਤਨਯਾਹੂ ਦੀ ਧੱਕੇਸ਼ਾਹੀ

*ਇਜ਼ਰਾਈਲ ਤੇ ਅਮਰੀਕਾ ਵੱਲੋਂ ਈਰਾਨ 'ਤੇ ਸਾਂਝਾ ਹਮਲਾ ਤੇ ਉਸ ਦੇ ਜਵਾਬ ਵਿੱਚ ਈਰਾਨ ਦੀ ਕਾਰਵਾਈ ਨੇ ਪੂਰੇ ਖਿੱਤੇ ਨੂੰ ਅਸਥਿਰ ਕਰ ਦਿੱਤਾ ਹੈ। ਇਹ ਘਟਨਾ ਸਿਰਫ ਇੱਕ ਫੌਜੀ ਟਕਰਾਅ ਨਹੀਂ, ਸਗੋਂ ਲੰਬੇ ਸਮੇਂ ਤੋਂ ਬਣਦੇ ਆ ਰਹੇ ਭੂ-ਰਾਜਨੀਤਕ ਤਨਾਅ ਦਾ ਵਿਸਫੋਟ ਹੈ। ਈਰਾਨ ਤੇ ਅਮਰੀਕਾ ਦੇ ਸੰਬੰਧ 1979 ਦੀ ਈਰਾਨੀ ਕ੍ਰਾਂਤੀ ਦੇ ਬਾਅਦ ਤੋਂ ਹੀ ਤਨਾਅਪੂਰਨ ਰਹੇ ਹਨ। ਕ੍ਰਾਂਤੀ ਦੇ ਬਾਅਦ ਈਰਾਨ ਵਿੱਚ ਪੱਛਮੀ ਹਮਾਇਤ ਵਾਲੇ ਸ਼ਾਸਨ ਦਾ ਅੰਤ ਹੋਇਆ ਤੇ ਇੱਕ ਇਸਲਾਮੀ ਗਣਰਾਜ ਦੀ ਸਥਾਪਨਾ ਹੋਈ, ਜਿਸ ਨੇ ਅਮਰੀਕੀ ਪ੍ਰਭਾਵ ਨੂੰ ਚੁਣੌਤੀ ਦਿੱਤੀ। ਉਦੋਂ ਤੋਂ ਦੋਹਾਂ ਦੇਸ਼ਾਂ ਵਿਚਾਲੇ ਅਵਿਸ਼ਵਾਸ, ਆਰਥਿਕ ਰੋਕਾਂ ਤੇ ਸਿਆਸੀ ਟਕਰਾਅ ਦਾ ਸਿਲਸਿਲਾ ਚੱਲਦਾ ਰਿਹਾ ਹੈ। ਇਜ਼ਰਾਈਲ ਤੇ ਈਰਾਨ ਵਿਚਾਲੇ ਸੰਬੰਧ ਵੀ ਲੰਬੇ ਸਮੇਂ ਤੋਂ ਦੁਸ਼ਮਣਾਨਾ ਰਹੇ ਹਨ। ਇਜ਼ਰਾਈਲ ਈਰਾਨ ਦੇ ਪ੍ਰਮਾਣੂੰ ਪ੍ਰੋਗਰਾਮ ਨੂੰ ਆਪਣੀ ਹੋਂਦ ਲਈ ਖਤਰਾ ਮੰਨਦਾ ਹੈ।*

*ਹਾਲ ਹੀ ਘਟਨਾਕ੍ਰਮ ਦੀ ਖਾਸੀਅਤ ਇਹ ਹੈ ਕਿ ਈਰਾਨ 'ਤੇ ਹਮਲਾ ਉਦੋਂ ਕੀਤਾ ਗਿਆ ਜਦੋਂ ਈਰਾਨ ਤੇ ਅਮਰੀਕਾ ਵਿਚਾਲੇ ਪ੍ਰਮਾਣੂੰ ਪ੍ਰੋਗਰਾਮ ਨੂੰ ਲੈ ਕੇ ਗੱਲਬਾਤ ਚੱਲ ਰਹੀ ਸੀ। ਕੂਟਨੀਤਕ ਹੱਲ ਦੀ ਸੰਭਾਵਨਾ ਪੂਰੀ ਤਰ੍ਹਾਂ ਖਤਮ ਨਹੀਂ ਹੋਈ ਸੀ। ਅਜਿਹੇ ਸਮੇਂ ਵਿੱਚ ਫੌਜੀ ਕਾਰਵਾਈ ਨੇ ਇਹ ਸੰਕੇਤ ਦਿੱਤਾ ਹੈ ਕਿ ਖੇਤਰੀ ਸੁਰੱਖਿਆ ਦੇ ਸਵਾਲ ਉੱਤੇ ਹੁਣ ਤਹੱਮਲ ਤੇ ਸੰਵਾਦ ਦੀ ਥਾਂ ਸ਼ਕਤੀ-ਪ੍ਰਦਰਸ਼ਨ ਵਧੇਰੇ ਪ੍ਰਭਾਵੀ ਮਾਧਿਅਮ ਬਣਦਾ ਜਾ ਰਿਹਾ ਹੈ। ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦਾ ਇਹ ਬਿਆਨ ਕਿ ਜੇ ਹੁਣ ਈਰਾਨ ਨੂੰ ਨਹੀਂ ਰੋਕਿਆ ਗਿਆ ਤਾਂ ਫਿਰ ਨਹੀਂ ਰੋਕ ਹੋਣਾ, ਇਸ ਮਾਨਸਿਕਤਾ ਨੂੰ ਸਪੱਸ਼ਟ ਕਰਦਾ ਹੈ। ਇਹ ਨਜ਼ਰੀਆ ਸੁਰੱਖਿਆ ਆਧਾਰਤ ਰਣਨੀਤੀ 'ਤੇ ਆਧਾਰਤ ਹੈ, ਜਿਸ ਵਿੱਚ ਸੰਭਾਵਤ ਖਤਰੇ ਨੂੰ ਅਸਲ ਖਤਰਾ ਮੰਨ ਕੇ ਪਹਿਲਾਂ ਹੀ ਉਸ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਦੂਜੇ ਪਾਸੇ ਈਰਾਨ ਇਸ ਨੂੰ ਆਪਣੀ ਖੁਦਮੁਖਤਾਰੀ 'ਤੇ ਹਮਲਾ ਮੰਨਦਾ ਹੈ ਤੇ ਆਪਣੇ ਬਚਾਅ ਦੇ ਹੱਕ 'ਤੇ ਜ਼ੋਰ ਦਿੰਦਾ ਹੈ।*

*ਇਸ ਜੰਗ ਦਾ ਇੱਕ ਅਹਿਮ ਆਯਾਮ ਖੇਤਰੀ ਸ਼ਕਤੀ ਸੰਤੁਲਨ ਵੀ ਹੈ। ਈਰਾਨ ਪਿਛਲੇ ਦੋ ਦਹਾਕਿਆਂ ਵਿੱਚ ਮੱਧ-ਪੂਰਬ 'ਚ ਇੱਕ ਅਹਿਮ ਸ਼ਕਤੀ ਦੇ ਰੂਪ ਵਿੱਚ ਉਭਰਿਆ ਹੈ। ਇਰਾਕ, ਸੀਰੀਆ ਤੇ ਲਿਬਨਾਨ ਵਰਗੇ ਦੇਸ਼ਾਂ ਵਿੱਚ ਉਸ ਦੀ ਸਿਆਸੀ ਤੇ ਫੌਜੀ ਮੌਜੂਦਗੀ ਨੇ ਉਸ ਨੂੰ ਖੇਤਰੀ ਰਾਜਨੀਤੀ ਦਾ ਕੇਂਦਰੀ ਖਿਡਾਰੀ ਬਣਾ ਦਿੱਤਾ ਹੈ। ਇਜ਼ਰਾਈਲ ਤੇ ਉਸ ਦੇ ਸਹਿਯੋਗੀ ਦੇਸ਼ਾਂ ਦੀ ਇਸ ਨਾਲ ਚਿੰਤਾ ਵਧੀ ਹੈ।*

*ਇਸ ਪੂਰੇ ਸੰਕਟ ਦਾ ਸਭ ਤੋਂ ਅਹਿਮ ਸਵਾਲ ਇਹ ਹੈ ਕਿ ਕੀ ਕੌਮਾਂਤਰੀ ਰਾਜਨੀਤੀ ਵਿੱਚ ਕੂਟਨੀਤੀ ਅਜੇ ਵੀ ਪ੍ਰਭਾਵੀ ਮਾਧਿਅਮ ਹੈ ਜਾਂ ਫੌਜੀ ਸ਼ਕਤੀ ਹੀ ਫੈਸਲਾਕੁੰਨ ਸਾਧਨ ਬਣਦੀ ਜਾ ਰਹੀ ਹੈ। ਜੇ ਵਿਸ਼ਵ ਤਾਕਤਾਂ ਸੰਵਾਦ ਤੇ ਸਮਝੌਤੇ ਦੇ ਰਾਹ ਤੋਂ ਹਟ ਕੇ ਫੌਜੀ ਹੱਲ ਨੂੰ ਤਰਜੀਹ ਦਿੰਦੀਆਂ ਹਨ ਤਾਂ ਇਹ ਸਿਰਫ ਮੱਧ-ਪੂਰਬ ਹੀ ਨਹੀਂ, ਸਗੋਂ ਪੂਰੀ ਦੁਨੀਆ ਦੀ ਸਥਿਰਤਾ ਲਈ ਗੰਭੀਰ ਖਤਰਾ ਬਣ ਸਕਦਾ ਹੈ। ਇਸ ਲਈ ਵਰਤਮਾਨ ਸੰਕਟ ਸਿਰਫ ਇੱਕ ਖੇਤਰੀ ਲੜਾਈ ਨਹੀਂ, ਸਗੋਂ ਉਸ ਵਿਸ਼ਵ ਵਿਵਸਥਾ ਦਾ ਇਮਤਿਹਾਨ ਵੀ ਹੈ, ਜਿਹੜੀ ਅਮਨ, ਖੁਦਮੁਖਤਾਰੀ ਤੇ ਕੌਮਾਂਤਰੀ ਕਾਨੂੰਨ ਦੇ ਸਿਧਾਂਤਾਂ 'ਤੇ ਆਧਾਰਤ ਹੋਣ ਦਾ ਦਾਅਵਾ ਕਰਦੀ ਹੈ। ਆਉਣ ਵਾਲੇ ਸਮੇਂ ਵਿੱਚ ਇਹ ਸਪੱਸ਼ਟ ਹੋਵੇਗਾ ਕਿ ਵਿਸ਼ਵ ਭਾਈਚਾਰਾ ਇਸ ਸੰਕਟ ਨੂੰ ਪੁਰਅਮਨ ਹੱਲ ਦੀ ਦਿਸ਼ਾ ਵਿੱਚ ਲਿਜਾ ਪਾਉਂਦਾ ਹੈ ਜਾਂ ਇਹ ਟਕਰਾਅ ਹੋਰ ਵਿਆਪਕ ਰੂਪ ਲੈ ਲੈਂਦਾ ਹੈ।*

# ਦੱਖਣ, ਪੂਰਬੀ ਰਾਜਾਂ ਵਿੱਚ ਚੋਣਾਂ ਦਾ ਘਮਸਾਨ



ਗੁਰਮੀਤ ਸਿੰਘ ਪਲਾਹੀ

ਭਾਰਤ ਦੇ ਪੂਰਬੀ ਹਿੱਸੇ ਦੇ ਮਹੱਤਵਪੂਰਨ ਸੂਬੇ ਪੱਛਮੀ ਬੰਗਾਲ ਵਿੱਚ ਸਿਆਸੀ ਧਿਰ ਤ੍ਰਿਮੂਲ ਕਾਂਗਰਸ ਦੀ ਤਿੰਨ ਵਾਰ ਚੁਣੀ ਗਈ ਮੁੱਖ ਮੰਤਰੀ ਚੋਣ ਮੋਰਚੇ 'ਤੇ ਅਡਿੱਗ ਖੜ੍ਹੀ ਦਿਖਾਈ ਦੇ ਰਹੀ ਹੈ, ਜਦਕਿ ਦੇਸ਼ ਦੇ ਦੱਖਣੀ ਸੂਬੇ ਤਮਿਲਨਾਡੂ 'ਚ ਡੀ ਐੱਮ ਕੇ ਅਤੇ ਅੰਨਾ ਡੀ ਐੱਮ ਕੇ ਵਿਚਕਾਰ ਸਖ਼ਤ ਟੱਕਰ ਹੈ। ਭਾਜਪਾ ਬੰਗਾਲ ਵਿੱਚ ਕਿਸੇ ਮਜ਼ਬੂਤ ਚਿਹਰੇ ਦੀ ਤਲਾਸ਼ ਵਿੱਚ ਹੈ।

ਬੰਗਾਲ ਦੀ ਸਿਆਸੀ ਹਵਾ ਵਿੱਚ ਮਹਿਲਾ, ਮੁਸਲਿਮ, ਮਸਜਿਦ, ਮੰਦਰ, ਮਟਨ, ਮੱਛਲੀ, ਮਨੀ ਪਾਵਰ, ਮਸਲ ਪਾਵਰ, ਮਮਤਾ ਅਤੇ ਮੋਦੀ ਹਾਵੀ ਹਨ। ਤ੍ਰਿਣਮੂਲ ਕਾਂਗਰਸ ਦੀ ਕੋਸ਼ਿਸ਼ ਚੋਣਾਂ ਵਿੱਚ ਦੀਦੀ ਬਨਾਮ ਮੋਦੀ ਬਣਾਉਣ ਦੀ ਹੈ, ਜਦਕਿ ਮੁੱਖ ਮੁਕਾਬਲੇ ਵਿੱਚ ਖੜ੍ਹੀ ਭਾਜਪਾ ਚੋਣਾਂ ਹਿੰਦੂ-ਮੁਸਲਿਮ ਘੁਸਪੈਠ ਅਤੇ ਭ੍ਰਿਸ਼ਟਾਚਾਰ ਦੇ ਮੁੱਦੇ 'ਤੇ ਲੜਨ ਦੀ ਚਾਹਵਾਨ ਹੈ।

ਦੱਖਣ ਦੇ ਮਹੱਤਵਪੂਰਨ ਸੂਬੇ ਤਾਮਿਲਨਾਡੂ 'ਚ ਪਿਛਲੇ ਪੰਜ ਦਹਾਕਿਆਂ ਤੋਂ ਕੋਈ ਵੀ ਰਾਸ਼ਟਰੀ ਪਾਰਟੀ ਸੂਬਾ ਸਰਕਾਰ ਨਾ ਬਣਾ ਸਕੀ ਅਤੇ ਨਾ ਹੀ ਕਿਸੇ ਗਠਬੰਧਨ ਦੇ ਬਾਵਜੂਦ ਸੱਤਾ 'ਚ ਸ਼ਾਮਲ ਹੋ ਸਕੀ ਹੈ। ਡੀ ਐੱਮ ਕੇ ਅਤੇ ਅੰਨਾ ਡੀ ਐੱਮ ਕੇ 'ਚ ਸੂਬੇ ਦੀ ਸੱਤਾ ਲਈ ਲੜਾਈ ਹੁੰਦੀ ਰਹੀ ਹੈ।

ਮਈ 2026 ਵਿੱਚ ਦੱਖਣੀ ਸੂਬਿਆਂ ਕੇਰਲਾ ਅਤੇ ਤਾਮਿਲਨਾਡੂ 'ਚ ਵਿਧਾਨ ਸਭਾ ਚੋਣ ਹੈ। ਕੇਰਲ ਵਿੱਚ ਖੱਬੀ ਲੋਕਤੰਤਰਿਕ ਧਿਰ ਅਤੇ ਤਾਮਿਲਨਾਡੂ 'ਚ ਡੀ ਐੱਮ ਕੇ ਦਾ ਰਾਜ-ਭਾਗ ਹੈ। ਪੂਰਬੀ ਸੂਬੇ ਬੰਗਾਲ ਵਿੱਚ ਚੋਣਾਂ ਮਈ 'ਚ ਤਹਿ ਹਨ। ਉੱਤਰੀ-ਪੂਰਬੀ ਸੂਬੇ ਅਸਾਮ ਅਤੇ ਪਾਂਡੀਚੇਰੀ 'ਚ ਵਿਧਾਨ ਸਭਾ ਚੋਣਾਂ ਮਈ 2026 'ਚ ਨਿਰਧਾਰਤ ਹਨ। ਅਸਾਮ 'ਚ ਭਾਜਪਾ ਅਤੇ ਪਾਂਡੀਚੇਰੀ 'ਚ ਆਲ ਇੰਡੀਆ ਐੱਨ ਆਰ ਕਾਂਗਰਸ ਅਤ ਭਾਜਪਾ ਭਾਈਵਾਲੀ ਨਾਲ ਰਾਜ ਕਰ ਰਹੇ ਹਨ।

ਭਾਰਤੀ ਚੋਣ ਕਮਿਸ਼ਨ ਵੱਲੋਂ ਐੱਸ ਆਈ ਆਰ ਕਾਰਨ ਸਿਆਸੀ ਪਾਰਾ ਵਧਦਾ ਰਿਹਾ। ਸੂਬੇ ਦਾ ਪੱਖ ਪੇਸ਼ ਕਰਨ ਲਈ ਮੁੱਖ ਮੰਤਰੀ ਮਮਤਾ ਬੈਨਰਜੀ ਦੇਸ਼ ਦੀ ਸਰਵਉੱਚ ਅਦਾਲਤ ਸੁਪਰੀਮ ਕੋਰਟ ਵਿੱਚ ਨਿੱਜੀ ਤੌਰ 'ਤੇ ਪੇਸ਼ ਹੋਈ, ਕਿਉਂਕਿ ਭਾਜਪਾ ਵੱਲੋਂ ਤ੍ਰਿਣਮੂਲ ਕਾਂਗਰਸ ਨੂੰ ਪ੍ਰੇਸ਼ਾਨ ਕਰਨ ਲਈ ਅਤੇ ਰਾਜ ਸ਼ਕਤੀ ਪ੍ਰਾਪਤ ਕਰਨ ਲਈ ਪੂਰਾ ਤਾਣ ਲਗਾਇਆ ਜਾ ਰਿਹਾ ਹੈ। ਇਸ ਵੇਲੇ ਟੱਕਰ ਵੀ ਤ੍ਰਿਮੂਲ ਕਾਂਗਰਸ ਅਤੇ ਭਾਜਪਾ ਵਿਚਕਾਰ ਹੈ। ਕਦੇ ਇਹ ਟੱਕਰ ਕਾਂਗਰਸ ਅਤੇ ਖੱਬੀਆਂ ਧਿਰਾਂ ਦਰਮਿਆਨ ਹੋਇਆ ਕਰਦੀ ਸੀ। ਖੱਬੀਆਂ ਧਿਰਾਂ ਨੇ ਬੰਗਾਲ 'ਚ 34 ਸਾਲ ਰਾਜ ਕੀਤਾ। ਖੱਬੀ ਧਿਰ ਦਾ ਰਾਜ ਖ਼ਤਮ ਕਰਕੇ ਮਮਤਾ ਬੈਨਰਜੀ ਡੇਢ ਦਹਾਕੇ ਤੋਂ ਸੱਤਾ 'ਚ ਹੈ। ਕੁੱਲ ਮਿਲਾ ਕੇ 294 ਸੀਟਾਂ ਵਿੱਚੋਂ 213 ਸੀਟਾਂ 'ਤੇ ਕਾਬਜ਼ ਹੈ।

ਸਾਲ 2021 ਵਿਧਾਨ ਸਭਾ ਚੋਣ ਸਮੇਂ ਟੀ ਐੱਮ ਸੀ ਨੇ 48.5 ਫ਼ੀਸਦੀ ਵੋਟ ਲਈ ਅਤੇ ਭਾਜਪਾ ਨੇ 38.5 ਫ਼ੀਸਦੀ ਵੋਟ ਪ੍ਰਾਪਤ ਕਰਕੇ 77 ਸੀਟਾਂ ਜਿੱਤੀਆਂ, ਕਾਂਗਰਸ ਅਤੇ ਖੱਬੀ ਧਿਰ ਨੂੰ ਕੋਈ ਵੀ ਸੀਟ ਨਾ ਮਿਲੀ। ਕਾਂਗਰਸ ਨੂੰ ਤਿੰਨ ਫ਼ੀਸਦੀ ਅਤੇ ਖੱਬੀ ਧਿਰ ਨੂੰ 2.7 ਫ਼ੀਸਦੀ ਵੋਟ ਮਿਲੇ ਸਨ।

ਮਮਤਾ ਬੈਨਰਜੀ ਸਰਕਾਰ ਦੇ ਸਾਹਮਣੇ ਇਸ ਵੇਲੇ ਵੱਡੀਆਂ ਚੁਣੌਤੀਆਂ ਹਨ। ਉਸ ਦੇ ਕਈ ਮੰਤਰੀ ਭ੍ਰਿਸ਼ਟਾਚਾਰ, ਭਰਤੀ ਘੁਟਾਲੇ ਕਾਰਨ ਵੱਡੀ ਚਰਚਾ 'ਚ ਹੈ, ਪਰ ਐੱਸ ਆਈ ਆਰ ਦੇ ਮੁੱਦੇ 'ਤੇ ਤ੍ਰਿਣਮੂਲ ਕਾਂਗਰਸ ਦੇ ਵਰਕਰ ਪਿੰਡਾਂ, ਸ਼ਹਿਰਾਂ 'ਚ ਪੂਰੀ ਤਰ੍ਹਾਂ ਸਰਗਰਮ ਹਨ। ਉੱਧਰ ਭਾਜਪਾ ਵਰਕਰ ਪੂਰੀ ਤੇਜ਼ੀ ਨਾਲ ਹੁਣ ਤੋਂ ਹੀ ਵੋਟਰਾਂ ਕੋਲ ਘਰ-ਘਰ ਜਾ ਕੇ ਪ੍ਰਚਾਰ ਆਰੰਭ ਕਰ ਚੁੱਕੇ ਹਨ। ਭਾਵੇਂ ਤ੍ਰਿਣਮੂਲ ਕਾਂਗਰਸ ਅਤੇ ਭਾਜਪਾ ਸਿੱਧੀ ਟੱਕਰ ਵਿੱਚ ਹਨ, ਪਰ ਲੋਕ ਸਭਾ ਚੋਣਾਂ ਵੇਲੇ ਕਾਂਗਰਸ ਨੂੰ ਐੱਮ ਪੀ ਦੀ ਇੱਕ ਸੀਟ ਮਿਲੀ ਸੀ ਅਤੇ ਪੂਰੇ ਰਾਜ ਵਿੱਚ ਉਸ ਦੀ ਵੋਟ ਪ੍ਰਤੀਸ਼ਤ 15.7 ਹੋ ਗਈ, ਜਦ ਕਿ ਟੀ.ਐੱਮ.ਸੀ. 46.2 ਫ਼ੀਸਦੀ ਅਤੇ ਭਾਜਪਾ 39.1 ਫ਼ੀਸਦੀ ਵੋਟ ਪ੍ਰਾਪਤ ਕਰ ਸਕੀ। ਟੀ ਐੱਮ ਸੀ ਨੇ 29 ਲੋਕ ਸਭਾ ਸੀਟਾਂ, ਭਾਜਪਾ ਨੇ 12 ਸੀਟਾਂ ਅਤੇ ਕਾਂਗਰਸ ਨੇ ਇੱਕ ਸੀਟ ਜਿੱਤੀ। ਲੋਕ ਸਭਾ ਦੀਆਂ ਬੰਗਾਲ 'ਚ ਕੁੱਲ 42 ਸੀਟਾਂ ਹਨ।

ਦੂਜੇ ਪਾਸੇ ਦੱਖਣੀ ਰਾਜ ਤਾਮਿਲਨਾਡੂ 'ਚ ਡੀ ਐੱਮ ਕੇ ਅਤੇ ਅੰਨਾ ਡੀ ਐੱਮ ਕੇ ਦੇ ਦਰਮਿਆਨ ਜਦੋਂ 2021 'ਚ ਵਿਧਾਨ ਸਭਾ ਚੋਣ ਯੁੱਧ ਹੋਇਆ ਤਾਂ ਡੀ ਐੱਮ ਕੇ 133, ਅੰਨਾ ਡੀ ਐੱਮ ਕੇ 66 ਸੀਟਾਂ ਲਿਜਾ ਸਕੀ। ਡੀ ਐੱਮ ਕੇ ਨੇ 37.70 ਫ਼ੀਸਦੀ ਅਤੇ ਅੰਨਾ ਡੀ ਐੱਮ ਕੇ ਨੇ 33.23 ਫ਼ੀਸਦੀ ਵੋਟ ਪ੍ਰਾਪਤ ਕੀਤੇ, ਜਦ ਕਿ ਕਾਂਗਰਸ 18 ਸੀਟਾਂ ਲੈ ਕੇ 4.27 ਫ਼ੀਸਦੀ, ਭਾਜਪਾ 04 ਸੀਟਾਂ ਲੈ ਕੇ 2.62 ਫ਼ੀਸਦੀ ਵੋਟ ਲਿਜਾ ਸਕੀ ਸੀ। ਲੋਕ ਸਭਾ ਦੀਆਂ 39 ਸੀਟਾਂ ਵਿੱਚ 22 ਡੀ ਐੱਮ ਕੇ, ਕਾਂਗਰਸ 09, ਸੀ ਪੀ ਐੱਮ 02 ਅਤੇ ਹੋਰ 06 ਸੀਟਾਂ ਪ੍ਰਾਪਤ ਕਰ ਸਕੇ, ਪਰ ਅੰਨਾ ਡੀ ਐੱਮ ਕੇ 20.7 ਫ਼ੀਸਦੀ ਵੋਟ ਬੈਂਕ ਲੈ ਕੇ ਵੀ ਕੋਈ ਸੀਟ ਨਾ ਜਿੱਤ ਸਕੀ। ਵਿਧਾਨ ਸਭਾ ਚੋਣਾਂ 'ਚ ਏ ਆਈ ਡੀ ਐੱਮ ਕੇ ਅਤੇ ਭਾਜਪਾ ਇਕੱਠਿਆਂ ਚੋਣ ਲੜੇਗੀ, ਜਦ ਕਿ ਡੀ ਐੱਮ ਕੇ ਅਤੇ ਕਾਂਗਰਸ ਦਾ ਗੱਠਜੋੜ ਸੀਟਾਂ ਦੀ ਆਪਸੀ ਵੰਡ ਨਾਲ ਚੋਣ ਲੜੇਗਾ। ਸੂਬੇ ਵਿੱਚ ਅੰਨਾ ਡੀ ਐੱਮ ਕੇ ਤੇ ਭਾਜਪਾ ਭ੍ਰਿਸ਼ਟਾਚਾਰ, ਰੁਜ਼ਗਾਰ, ਪਰਵਾਰਵਾਦ ਦਾ ਦੋਸ਼ ਲਗਾ ਰਹੇ ਹਨ, ਜਦ ਕਿ ਸੱਤਾ ਧਿਰ ਡੀ ਐੱਮ ਕੇ ਆਪਣੀ ਲੋਕ-ਹਿਤੈਸ਼ੀ ਸਕੀਮ ਅਤੇ ਕੇਂਦਰ ਵੱਲੋਂ ਸੂਬੇ ਵਿੱਚ ਹਿੰਦੀ ਨੂੰ ਜਬਰੀ ਥੋਪਣ, ਐੱਸ ਆਈ ਆਰ ਅਤੇ ਸੂਬੇ ਨਾਲ ਲਗਾਤਾਰ ਵਿਤਕਰਿਆਂ ਨੂੰ ਚੋਣ ਮੁੱਦਾ ਬਣਾ ਰਹੀ ਹੈ।

ਤਾਮਿਲਨਾਡੂ ਉਹ ਰਾਜ ਹੈ, ਜਿੱਥੇ ਫਿਲਮੀ ਅਦਾਕਾਰਾ ਜੈਲਲਿਤਾ ਨੇ ਲੰਮਾ ਸਮਾਂ ਰਾਜ ਕੀਤਾ। ਤਾਮਿਲਨਾਡੂ 'ਚ ਇਸ ਵਾਰ ਇੱਕ ਤੀਜੀ ਧਿਰ ਦੋ ਸਾਲ ਪੁਰਾਣੀ ਟੀ ਵੀ ਕੇ ਅਦਾਕਾਰ ਥਲਾਪਤੀ ਵਿਜੈ ਦੀ ਅਗਵਾਈ ਚ ਚੋਣ ਚੁਣੌਤੀ ਪੇਸ਼ ਕਰ ਰਹੀ ਹੈ, ਜਿਸ ਨਾਲ ਤਿਕੋਣਾ ਮੁਕਾਬਲਾ ਹੋਣ ਦੀ ਸੰਭਾਵਨਾ ਬਣੀ ਹੋਈ ਹੈ।

ਦੱਖਣੀ ਰਾਜ ਕੇਰਲਾ 'ਚ ਰਾਜ-ਭਾਗ ਸੀ ਪੀ ਐੱਮ ਅਤੇ ਖੱਬੇ ਫਰੰਟ ਦੇ ਕੋਲ ਹੈ। 2021 'ਚ 140 ਵਿੱਚੋਂ 99 ਸੀਟਾਂ ਇਸ ਫਰੰਟ ਨੇ ਜਿੱਤੀਆਂ। 2024 ਦੀਆਂ ਲੋਕ ਸਭਾ ਚੋਣਾਂ 'ਚ ਇੰਡੀਆ ਫਰੰਟ, ਜਿਸ ਵਿੱਚ ਕਾਂਗਰਸ ਤੇ ਖੱਬੀਆਂ ਧਿਰਾਂ ਸ਼ਾਮਲ ਸਨ। ਕੁੱਲ 20 ਲੋਕ ਸਭਾ ਸੀਟਾਂ ਵਿੱਚੋਂ 19 ਸੀਟਾਂ ਜਿੱਤੀਆਂ ਅਤੇ ਐੱਨ ਡੀ ਏ ਨੇ ਸਿਰਫ਼ ਇੱਕ। ਕਾਂਗਰਸ ਨੇ 14, ਸੀ ਪੀ ਐੱਮ ਇੱਕ ਤੇ ਹੋਰ ਭਾਈਵਾਲ ਚਾਰ ਸੀਟਾਂ ਜਿੱਤੇ, ਜਦ ਕਿ ਭਾਜਪਾ ਇੱਕ ਸੀਟ ਹੀ ਲੈ ਜਾ ਸਕੀ।

ਕੇਰਲ 'ਚ ਮੁਕਾਬਲਾ ਖੱਬੀਆਂ ਧਿਰਾਂ ਦਾ ਫਰੰਟ, ਜਿਸ ਵਿੱਚ ਸੀ ਪੀ ਐੱਮ, ਸੀ ਪੀ ਆਈ, ਕੇਰਲਾ ਕਾਂਗਰਸ ਦਰਮਿਆਨ ਅਤੇ ਯੂਨਾਈਟਿਡ ਡੈਮੋਕਰੇਟਿਕ ਫਰੰਟ ਦਰਮਿਆਨ ਹੈ, ਜਿਸ ਵਿੱਚ ਕਾਂਗਰਸ, ਆਰ ਐੱਸ ਪੀ, ਇੰਡੀਅਨ ਯੂਨੀਅਨ ਮੁਸਲਿਮ ਦਰਮਿਆਨ ਹੈ, ਜਦ ਕਿ ਐੱਨ.ਡੀ.ਏ. ਜਿਸ ਵਿੱਚ ਭਾਰਤੀ ਜਨਤਾ ਪਾਰਟੀ ਸ਼ਾਮਲ ਹੈ, ਵੀ ਇੱਕ ਧਿਰ ਹੈ। ਚੋਣਾਂ 'ਚ ਬੇਰਜ਼ੁਗਾਰੀ, ਭ੍ਰਿਸ਼ਟਾਚਾਰ ਘੱਟ ਗਿਣਤੀਆਂ ਦੇ ਹਿੱਤ ਮੁੱਖ ਮੁੱਦੇ ਹਨ। ਇਸ ਸੂਬੇ 'ਚ ਭਾਜਪਾ ਦਾ ਖ਼ਾਸ ਅਧਾਰ ਵੇਖਣ ਨੂੰ ਨਹੀਂ ਮਿਲਦਾ।

ਅਸਾਮ 'ਚ ਭਾਜਪਾ ਅਤੇ ਏ ਐੱਸ ਓ ਐੱਮ ਵਿਚਕਾਰ ਟੱਕਰ ਰਹਿੰਦੀ ਹੈ। ਇਸ ਸਮੇਂ ਰਾਜ ਭਾਜਪਾ ਦਾ ਹੈ। ਪਾਂਡੀਚੇਰੀ ਵਿੱਚ ਐੱਨ ਡੀ ਏ ਜਿਸ ਵਿੱਚ ਭਾਜਪਾ ਅਤੇ ਏ ਆਈ ਐੱਨ ਆਰ ਸੀ ਸ਼ਾਮਲ ਹਨ ਅਤੇ ਐੱਸ ਪੀ ਏ, ਜਿਸ ਵਿੱਚ ਡੀ ਐੱਮ ਕੇ ਅਤੇ ਕਾਂਗਰਸ ਸ਼ਾਮਲ ਹਨ, ਵਿੱਚ ਮੁਕਾਬਲਾ ਹੋਏਗਾ। ਭਾਵੇਂ ਕਿ ਨਵੀਂ ਪਾਰਟੀ ਟੀ ਵੀ ਕੇ ਦਾ ਐਕਟਰ ਵਿਜੈ ਦੋਹਾਂ ਫਰੰਟਾਂ ਦੇ ਵਿਚਕਾਰ ਆਪਣੀ ਭੂਮਿਕਾ ਨਿਭਾਉਣ ਲਈ ਤਿਆਰ ਹੈ।

ਇਹਨਾਂ ਪੰਜਾਂ ਰਾਜਾਂ ਵਿੱਚ ਕੇਰਲਾ ਨੂੰ ਛੱਡ ਕੇ ਭਾਜਪਾ ਆਪਣੀ ਵਿਸ਼ੇਸ਼ ਭੂਮਿਕਾ 'ਚ ਹੈ। ਭਾਜਪਾ ਉੱਤੇ ਦੋਸ਼ ਲੱਗ ਰਹੇ ਹਨ ਕਿ ਉਹ ਭਾਰਤੀ ਚੋਣ ਕਮਿਸ਼ਨ ਨੂੰ ਆਪਣੇ ਹਿੱਤ ਵਿੱਚ ਵਰਤ ਕੇ ਕਿਸੇ ਵੀ ਹੀਲੇ ਖ਼ਾਸ ਕਰਕੇ ਪੱਛਮੀ ਬੰਗਾਲ ਦੀ ਖਾੜਕੂ ਨੇਤਾ ਮਮਤਾ ਬੈਨਰਜੀ ਨੂੰ ਹਰਾਉਣਾ ਚਾਹੁੰਦਾ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਬੰਗਾਲ ਦੌਰਿਆਂ ਦਰਮਿਆਨ ਚੋਣ ਮਾਹੌਲ ਭਖਵਾਂ ਦਿਖਦਾ ਹੈ।

ਚੋਣਾਂ ਜਿੱਤਣ ਲਈ ਹਰ ਸੱਤਾਧਾਰੀ ਧਿਰ ਹਰ ਹਰਬਾ ਵਰਤ ਰਹੀ ਹੈ। ਵਿਰੋਧੀ ਧਿਰਾਂ ਸੁਤੰਤਰ ਤੇ ਨਿਰਪੱਖ ਚੋਣਾਂ ਦੀ ਮੰਗ ਕਰ ਰਹੀਆਂ ਹਨ, ਜਿਸ ਦਾ ਖ਼ਦਸ਼ਾ ਲਗਾਤਾਰ ਬਣਿਆ ਦਿਖਾਈ ਦਿੰਦਾ ਹੈ। ਪਿਛਲੇ ਦਿਨਾਂ 'ਚ ਬਿਹਾਰ 'ਚ ਸੱਤਾ ਧਿਰ ਨੇ ਕਿਵੇਂ ਵੋਟਰਾਂ ਲਈ ਕੈਸ਼ ਟ੍ਰਾਂਸਫ਼ਰ ਕੀਤਾ ਅਤੇ ਭਾਰਤੀ ਚੋਣ ਕਮਿਸ਼ਨ ਵੱਲੋਂ ਇਸ ਭ੍ਰਿਸ਼ਟਾਚਾਰ ਨੂੰ ਨਜ਼ਰ-ਅੰਦਾਜ਼ ਕੀਤਾ ਗਿਆ। ਹੈਰਾਨੀ ਦੀ ਗੱਲ ਤਾਂ ਇਹ ਵੀ ਰਹੀ ਕਿ ਜਦੋਂ ਪ੍ਰਸ਼ਾਂਤ ਕਿਸ਼ੋਰ ਦੀ ਜਨ ਪਾਰਟੀ (ਜੇ ਐੱਸ ਪੀ) ਵੱਲੋਂ ਸੁਪਰੀਮ ਕੋਰਟ 'ਚ ਇਸ ਸੰਬੰਧੀ ਪਟੀਸ਼ਨ ਦਾਇਰ ਕੀਤੀ ਗਈ ਤਾਂ ਇਸ ਮਾਮਲੇ ਨੂੰ ਸੁਪਰੀਮ ਕੋਰਟ ਵੱਲੋਂ ਵੀ ਅਣਦੇਖਿਆ ਕੀਤਾ ਗਿਆ। ਕੇ ਐੱਸ ਪੀ ਨੇ ਇਕ ਪਟੀਸ਼ਨ ਦਾਇਰ ਕੀਤੀ ਸੀ। ਉਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਮੁੱਖ ਮੰਤਰੀ ਨੇ ਮਹਿਲਾ ਰੁਜ਼ਗਾਰ ਯੋਜਨਾ ਤਹਿਤ ਮਹਿਲਾ ਲਾਭਪਾਤਰੀਆਂ ਨੂੰ 10,000 ਰੁਪਏ ਟ੍ਰਾਂਸਫ਼ਰ ਕਰਕੇ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕੀਤੀ ਹੈ, ਜਿਸ ਦੀ ਸ਼ੁਰੂਆਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਵਰਚੁਅਲੀ ਕੀਤੀ ਗਈ। ਕੀ ਇਸ ਕਿਸਮ ਦਾ ਮਨੀ ਟ੍ਰਾਂਸਫ਼ਰ ਪਾਂਡੀਚੇਰੀ ਅਤੇ ਅਸਾਮ ਵਿੱਚ ਨਹੀਂ ਹੋਏਗਾ, ਜਿੱਥੇ ਭਾਜਪਾ ਸਰਕਾਰ ਹੈ?

ਭਾਵੇਂ ਕਿ ਪਿਛਲੇ ਦਿਨੀਂ ਸੁਪਰੀਮ ਕੋਰਟ ਨੇ ਵੋਟਾਂ ਪ੍ਰਾਪਤ ਕਰਨ ਲਈ ਮੁਫ਼ਤ ਰਿਉੜੀਆਂ ਵੰਡਣ ਉੱਤੇ ਨਾ ਖ਼ੁਸ਼ੀ ਪ੍ਰਗਟ ਕੀਤੀ ਹੈ, ਪਰ ਇਹ ਚਲਨ ਦੇਸ਼ ਵਿੱਚ ਲਗਾਤਾਰ ਜਾਰੀ ਹੈ। ਉਸ ਤੋਂ ਉੱਪਰ ਭਾਰਤੀ ਚੋਣ ਕਮਿਸ਼ਨ ਦੀ ਐੱਸ ਆਈ ਆਰ ਨੇ ਭਾਰਤੀ ਵੋਟਰਾਂ ਲਈ ਖ਼ਦਸ਼ੇ ਪ੍ਰਗਟ ਕੀਤੇ ਹਨ। ਕਾਬਜ਼ ਸਰਕਾਰੀ ਧਿਰਾਂ ਵੱਲੋਂ ਬੇਵਜ੍ਹਾ ਵੋਟਾਂ ਵੋਟਰ ਸੂਚੀਆਂ ਵਿੱਚੋਂ ਕੱਟੀਆਂ ਗਈਆਂ ਹਨ, ਜਿਸ ਨਾਲ ਲੋਕਾਂ ਵਿੱਚ ਲੋਕਤੰਤਰੀ ਵੋਟ ਪ੍ਰਕਿਰਿਆ ਸੁਖਾਵੀਂ ਬਣਾਈ ਰੱਖਣ ਲਈ ਰੁਕਾਵਟ ਪੈਦਾ ਹੋਈ ਹੈ।

ਜਿਵੇਂ ਦੇਸ਼ ਦੀ ਮੁੱਖ ਹਾਕਮ ਧਿਰ ਵੱਲੋਂ ਸੁਤੰਤਰ ਤੇ ਨਿਰਪੱਖ ਚੋਣਾਂ ਦੀ ਯੋਜਨਾਬੱਧ ਉਲੰਘਣਾ, ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਕਰਕੇ ਕੀਤੀ ਜਾ ਰਹੀ ਹੈ ਅਤੇ ਜਿਵੇਂ ਵੋਟਰਾਂ ਨੂੰ ਵਿਆਪਕ ਪ੍ਰੇਰਨਾ ਜਾਂ ਰਿਸ਼ਵਤਖੋਰੀ ਨਾਲ ਪ੍ਰਭਾਵਤ ਕੀਤੇ ਜਾਣ ਦੇ ਅਮਲ ਜਾਰੀ ਹਨ, ਉਹ ਭਾਰਤ ਦੇ ਸੰਵਿਧਾਨ ਦੇ ਮੂਲ ਢਾਂਚੇ ਲਈ ਸਿੱਧਾ ਖੋਰਾ ਹਨ।

ਦੱਖਣ-ਪੂਰਬੀ ਰਾਜਾਂ ਦੇ ਸੂਝਵਾਨ ਵੋਟਰ ਆਪਣੇ ਵਿਵੇਕ ਅਤੇ ਬੁੱਧੀ ਨਾਲ ਕੀ ਉਹਨਾਂ ਸਾਰੇ ਗ਼ਲਤ ਅਮਲਾਂ ਨੂੰ ਪਿਛਾੜ ਦੇਣਗੇ, ਜਿਸ ਦਾ ਹਮਲਾ ਉਹ ਆਉਣ ਵਾਲੇ ਦਿਨਾਂ 'ਚ ਆਪਣੇ 'ਤੇ ਝੱਲਣਗੇ? ਸਾਮ, ਦਾਮ, ਦੰਡ ਅਤੇ ਧੂੰਆਧਾਰ ਫ਼ਿਰਕੂ ਪ੍ਰਚਾਰ ਉਹਨਾਂ ਦੇ ਇਰਾਦਿਆਂ ਨੂੰ ਕੀ ਦ੍ਰਿੜ੍ਹ ਰੱਖ ਸਕੇਗਾ ਜਾਂ ਫਿਰ ਮੁੱਠੀ ਭਰ ਸਿੱਧੀ ਨਕਦੀ ਰਕਮ ਦੇ ਵਹਾਅ ਵਿੱਚ ਵਹਿ ਕੇ ਉਹ ਦੇਸ਼ ਦੀ ਸੰਵਿਧਾਨਕ ਲੋਕਤੰਤਰੀ ਤਾਕਤ ਨੂੰ ਖੇਰੂੰ-ਖੇਰੂੰ ਕਰਨ ਵਾਲਿਆਂ ਦੇ ਪੱਖ 'ਚ ਖੜੋ ਜਾਣਗੇ?

***# ਸੰਪਰਕ : 98158-02070***

# ਖਸਿਆਨੀ ਬਿੱਲੀ ਖੰਭਾ ਨੋਚੇ

ਗੁਰਜਿੰਦਰ ਸਿੰਘ ਸਾਹਦੜਾ

ਇੱਕ ਮਜ਼ਬੂਤ ਖੇਤਰੀ ਪਾਰਟੀ ਕਿਸੇ ਵੀ ਰਾਜ ਦੀ ਗੀੜ੍ਹ ਦੀ ਹੱਡੀ ਹੁੰਦੀ ਹੈ, ਬਸ਼ਰਤੇ ਕਿ ਉਹ ਇਮਾਨਦਾਰ ਤੇ ਲੋਕਹਿੱਤ ਵਾਲੀ ਹੋਵੇ। ਜਾਂ ਤਾਂ ਲੀਡਰ ਕੁਰਸੀ ਖੁੱਸਣ ਦੇ ਸਦਮੇ 'ਚ ਕਮਲੇ ਹੋ ਗਏ ਨੇ ਜਾਂ ਫਿਰ ਲੋਕਾਂ ਨੂੰ ਸਮਝਦੇ ਹੀ ਬੇਵਕੂਫ਼ ਤੇ ਪਾਗਲ ਹਨ। ਜੋ ਮਰਜ਼ੀ ਬੋਲੀ ਜਾਓ ਕਿਹੜਾ ਕੋਈ ਪੁੱਛਦਾ। ਕਿਸੇ ਵੇਲੇ ਪੰਜਾਬ ਦੀ ਗੀੜ੍ਹ ਦੀ ਹੱਡੀ ਰਹੇ 'ਸ਼੍ਰੋਮਣੀ ਅਕਾਲੀ ਦਲ' ਨੂੰ ਹੀ ਲੈ ਲਓ। ਹੁਣੇ 'ਭਰਦਾਨ ਸਾਹਬ' ਦਾ ਬਿਆਨ ਸੁਣ ਕੇ ਹਟਿਆ ਹਾਂ, ਜਿਹਦੇ ਵਿੱਚ ਹੁਣ ਤੱਕ ਹੋਈਆਂ ਬੇਅਦਬੀਆਂ ਦਾ ਸਾਰਾ ਦੋਸ਼ ਏਜੰਸੀਆਂ ਸਿਰ ਮੜ੍ਹ ਰਹੇ ਨੇ ਤੇ ਨਾਲ ਹੀ ਮੌਜੂਦਾ ਸਰਕਾਰ ਨੂੰ ਇਸ ਲਈ ਜ਼ਿੰਮੇਵਾਰ ਤੇ ਕਸੂਰਵਾਰ ਦੱਸ ਰਹੇ ਨੇ। ਕੋਈ ਪੁੱਛੇ, ਭਲਾ ਏਜੰਸੀਆਂ ਹੁੰਦੀਆਂ ਕੀ ਨੇ ਤੇ ਕੰਮ ਕੀਹਦੇ ਹੇਠ ਕਰਦੀਆਂ ਨੇ? ਜਵਾਬ ਹੈ ਜਾਂ ਤਾਂ ਰਾਜ ਸਰਕਾਰ ਹੇਠ ਤੇ ਜਾਂ ਫਿਰ ਕੇਂਦਰ ਸਰਕਾਰ ਹੇਠ।

ਜਾਪਦਾ ਹੈ ਬੁਖਲਾਹਟ ਵਿੱਚ ਚੇਤਾ ਭੁੱਲਾ ਗਏ ਕਿ ਓਦੋਂ ਸਰਕਾਰ ਕੀਹਦੀ ਸੀ? ਦੇਖੀਏ ਤਾਂ ਕੇਂਦਰ ਵਿੱਚ ਇਹ ਲੋਕ ਭਾਜਪਾ ਦੇ ਸਹਿਯੋਗੀ ਸਨ ਤੇ ਪੰਜਾਬ 'ਚ ਤਾਂ ਰਾਜ-ਭਾਗ ਹੀ ਇਨ੍ਹਾਂ ਦਾ ਆਪਣਾ ਸੀ। ਫਿਰ ਏਜੰਸੀਆਂ ਦੀ ਕੀ ਮਜ਼ਾਲ, ਜੋ ਇਨ੍ਹਾਂ ਦੇ ਉਲਟ ਭੁਗਤ ਜਾਂਦੀਆਂ? ਜੇ ਭੁਗਤੀਆਂ ਵੀ ਤਾਂ ਜਾਂਚ ਕਰਾ ਲੈਂਦੇ, ਕਿਹੜਾ ਕਿਸੇ ਨੇ ਬਾਂਹ ਫੜ ਰੱਖੀ ਸੀ? ਓਦੋਂ ਤਾਂ ਲਿਹਾਜ਼ਾਂ ਦੀ ਪੂਰੀਆਂ ਕਰਦੇ ਰਹੇ ਤੇ ਹੁਣ ਡੁੱਲ੍ਹਿਆਂ ਬੇਰਾਂ ਮਗਰ ਭੱਜੇ ਫਿਰਦੇ ਨੇ। ਜਦੋਂ ਮੌਕਾ ਸੀ, ਓਦੋਂ ਜਾਂ ਤਾਂ ਡੇਰਿਆਂ ਦੀਆਂ ਸੜਕਾਂ ਬਣਾਉਂਦੇ ਰਹੇ ਤੇ ਜਾਂ ਫਿਰ ਜਥੇਦਾਰਾਂ ਨੂੰ ਘਰੇ ਸੱਦ ਕੇ ਸੌਦਾ ਸਾਧ ਨੂੰ ਬਿਨ ਮੰਗੀਆਂ ਮੁਆਫ਼ੀਆਂ ਦਿਵਾਉਂਦੇ ਰਹੇ। ਹੁਣ ਜਦ ਸੱਤਾ ਪੱਖੋਂ ਨੰਗ-ਮਲੰਗ ਹੋ ਕੇ ਬਹਿ ਗਏ ਤਾਂ ਪਏ ਪਿੱਟਦੇ ਨੇ।

ਅੱਜ ਵਿਰੋਧੀ ਪਾਰਟੀਆਂ ਨੂੰ ਪੰਜਾਬ ਵਿੱਚ ਨਸ਼ਾ ਫੈਲਣ ਲਈ ਜ਼ਿੰਮੇਵਾਰ ਦਰਸਾ ਰਹੇ ਨੇ। ਓਦੋਂ ਜਦੋਂ ਰਾਹੁਲ ਗਾਂਧੀ ਨੇ 'ਉਡਤਾ ਪੰਜਾਬ' ਫਿਲਮ ਆਉਣ ਵੇਲੇ ਕਿਹਾ ਸੀ ਕਿ ਪੰਜਾਬੀ ਨੌਜਵਾਨ ਨਸ਼ੇ ਵਿੱਚ ਡੁੱਬ ਚੁੱਕੇ ਨੇ ਤਾਂ ਕਹਿੰਦੇ ਸੀ ਇਹ ਵਿਅਕਤੀ ਪੰਜਾਬੀ ਨੌਜਵਾਨਾਂ ਨੂੰ ਬਦਨਾਮ ਕਰ ਰਿਹਾ ਹੈ। ਪੰਜਾਬੀ ਤਾਂ ਇਹੋ ਜਿਹੇ ਹੈ ਈ ਨਹੀਂ। ਹੁਣ ਦੱਸੋ! ਕੀ ਹੁਣ ਤੁਹਾਡੇ ਕਹੇ ਤੋਂ ਨੌਜਵਾਨ ਬਦਨਾਮ ਨਹੀਂ ਹੋ ਰਹੇ? ਤੁਸੀਂ ਤਾਂ ਖੇਤੀ ਬਿੱਲਾਂ ਵੇਲੇ ਵੀ ਰਾਗ ਅਲਾਪ ਰਹੇ ਸੀ ਕਿ ਬਿੱਲ ਤਾਂ ਫਾਇਦੇਮੰਦ ਨੇ, ਕਿਸਾਨ ਹੀ ਨਹੀਂ ਸਮਝ ਪਾ ਰਹੇ ਤੇ ਫਿਰ ਜਦੋਂ ਕਿਸਾਨ ਘਿਰਾਓ ਕਰਨ ਲੱਗੇ ਤਾਂ ਯਕਦਮ ਪਾਸਾ ਪਲਟਦਿਆਂ ਬਿੱਲਾਂ ਦਾ ਵਿਰੋਧ ਕਰਨ ਲੱਗ ਗਏ। ਸਿੰਘਾਸਣ 'ਤੇ ਬੈਠੇ ਜਿਹਨਾਂ ਬੰਦੀ ਸਿੰਘਾਂ ਨੂੰ ਅੱਤਵਾਦੀ ਕਹਿੰਦੇ ਸਨ, ਕੁਰਸੀ ਖੁਸਦਿਆਂ ਹੀ ਉਨ੍ਹਾਂ ਬੰਦੀ ਸਿੰਘਾਂ ਦੀ ਰਿਹਾਈ ਲਈ ਮੋਰਚੇ ਲਾਉਣ ਲੱਗੇ ਤੇ ਜਦੋਂ ਆਪਣਾ 'ਮਾਝੇ ਦਾ ਜਰਨੈਲ' ਫੜ ਹੋਇਆ ਤਾਂ ਉਹਦੇ ਫਿਕਰ ਵਿੱਚ ਏਨਾ ਡੁੱਬ ਗਏ ਕਿ ਬੰਦੀ ਸਿੰਘਾਂ ਦਾ ਚੇਤਾ ਹੀ ਭੁੱਲ ਗਿਆ। ਲਗਦਾ ਮਜੀਠੀਏ ਨੂੰ ਹੀ ਬੰਦੀ ਸਿੰਘਾਂ ਦਾ ਸਰਦਾਰ ਮੰਨ ਲਿਆ ਸੀ।

ਭਰਦਾਨ ਜੀ ਉਹ ਜ਼ਮਾਨਾ ਗਿਆ, ਹੁਣ ਲੋਕ ਐਨੇ ਬੇਸਮਝ, ਕਮਲੇ ਤੇ ਬੇਅਕਲੇ ਨਹੀਂ ਰਹੇ, ਜੋ ਅੱਖਾਂ ਮੀਚ ਕੇ ਤੇ ਦਿਮਾਗ ਦੇ ਕਪਾਟ ਬੰਦ ਕਰ ਕੇ ਤੁਹਾਡੇ ਕਹੇ 'ਤੇ ਫੁੱਲ ਚੜ੍ਹਾਉਂਦੇ ਰਹਿਣ ਤੇ ਤੁਹਾਡੀਆਂ ਗੱਪਾਂ 'ਤੇ ਇਤਬਾਰ ਕਰੀ ਜਾਣ। ਹੁਣ ਤਾਂ ਇੱਕ-ਇੱਕ ਅੱਖਰ ਬੋਲੇ ਦੀ ਘੋਖ ਕੀਤੀ ਜਾਂਦੀ ਹੈ। ਜੁੜੀਆਂ ਭੀੜਾਂ ਦੇਖ ਕੇ ਇਹ ਨਾ ਭੁੱਲੋ, ਜਿਹੜੇ 'ਭੱਦਰ ਪੁਰਸ਼' ਤੁਹਾਡੀਆਂ ਗੱਪਾਂ ਸੁਣ ਕੇ ਜੈਕਾਰੇ ਮਾਰਦੇ ਨੇ, ਉਹ ਆਮ ਲੋਕ ਨਹੀਂ, ਉਹ ਤਾਂ ਤੁਹਾਡੀਆਂ ਹੀ 'ਪੱਕੀਆਂ ਭੇਡਾਂ' ਨੇ। ਜਿੰਨੀ ਮਰਜ਼ੀ ਉਨ ਲਾਹੀ ਜਾਓ, ਉਹਨਾਂ ਕਿਹੜਾ ਕੁਸਕਣਾ ਹੋਇਆ। ਸੁਆਦ ਤਾਂ ਏ, ਜੇ ਕੱਚੀਆਂ ਵੋਟਾਂ ਯਾਨਿ ਆਮ ਲੋਕ ਤੁਹਾਡੇ ਨਾਲ ਜੁੜਨ ਤੇ ਉਨ੍ਹਾਂ ਨੂੰ ਜੋੜਨ ਲਈ ਬੇਸਿਰ-ਪੈਰ ਦੀਆਂ ਗੱਪਾਂ ਦੀ ਨਹੀਂ ਸਗੋਂ ਸਤਰਕ ਹੋ ਕੇ ਕੁਝ ਕਰਨ ਦੀ ਲੋੜ ਹੈ, ਜੋ ਤੁਹਾਡੇ ਵੱਸ ਦੀ ਗੱਲ ਨਹੀਂ। ਅਕਾਲੀ ਦਲ ਦਾ ਹਾਲ ਤਾਂ ਤੁਸੀਂ ਇਹਦੀ ਸਾਰੀ ਉਪਜਾਊ ਸ਼ਕਤੀ ਖਤਮ ਕਰ ਕੇ ਬੰਜਰ ਜ਼ਮੀਨ ਜਿਹਾ ਕਰ ਦਿੱਤਾ ਹੈ। ਬਾਕੀ ਜੇਕਰ ਫਿਰ ਵੀ ਤੁਸੀਂ ਪਾਰਟੀ ਦੀ ਤੇ ਪੰਜਾਬ ਦੀ ਬਿਹਤਰੀ ਚਾਹੁੰਦੇ ਹੋ, ਖਾਧੇ ਲੂਣ ਦਾ ਮੁੱਲ ਮੋੜਨਾ ਚਾਹੁੰਦੇ ਹੋ, ਤਾਂ ਮੁੱਖ ਮੰਤਰੀ ਬਣਨ ਦਾ ਸੁਫ਼ਨਾ ਤਿਆਗ, ਪ੍ਰਧਾਨਗੀ ਤੋਂ ਲਾਂਭੇ ਹੋ ਕੇ ਕਿਸੇ ਸੂਝਵਾਨ, ਸਿਆਣੇ ਤੇ ਇਮਾਨਦਾਰ ਆਗੂ ਨੂੰ ਸੇਵਾ ਦਾ ਮੌਕਾ ਦੇਵੋ ਤੇ ਸੱਚੇ ਮਨ ਨਾਲ ਪਾਰਟੀ ਦੀ ਬਿਹਤਰੀ ਲਈ ਕੰਮ ਕਰੋ। ਬੇਸ਼ੱਕ ਬਾਕੀ ਪਾਰਟੀਆਂ ਦੇ ਲੀਡਰਾਂ ਦਾ ਵੀ ਇਹੀ ਹਾਲ ਹੈ, ਪਰ ਪੰਜਾਬ ਦੇ ਭਲੇ ਲਈ ਇੱਕ ਮਜ਼ਬੂਤ ਖੇਤਰੀ ਪਾਰਟੀ ਦੀ ਬਹੁਤ ਲੋੜ ਹੈ, ਇਸੇ ਕਰ ਕੇ ਲਿਖਣ ਦਾ ਸਾਰਾ ਵਿਸ਼ਾ ਸ਼੍ਰੋਮਣੀ ਅਕਾਲੀ ਦਲ 'ਤੇ ਹੀ ਕੇਂਦਰਤ ਰਿਹਾ ਹੈ।

# ਕਾਬਿਲ ਜਾਂ ਕਾਤਲ ਬਣਨਗੇ ਭਵਿੱਖ 'ਚ ਬਣਨ ਵਾਲੇ ਡਾਕਟਰ....?

ਸੰਦੀਪ ਕੁਮਾਰ

ਭਾਰਤ ਵਿੱਚ ਡਾਕਟਰੀ ਪੇਸ਼ੇ ਨੂੰ ਹਮੇਸ਼ਾ ਉੱਚੇ ਨੈਤਿਕ ਅਤੇ ਵਿਗਿਆਨਕ ਮਿਆਰਾਂ ਨਾਲ ਜੋੜ ਕੇ ਵੇਖਿਆ ਜਾਂਦਾ ਹੈ। ਡਾਕਟਰ ਨੂੰ ਭਗਵਾਨ ਦਾ ਰੂਪ ਮੰਨਿਆ ਜਾਂਦਾ ਹੈ, ਕਿਉਂਕਿ ਉਹ ਜਾਨਾਂ ਬਚਾਉਂਦੇ ਹਨ ਅਤੇ ਬਿਮਾਰੀਆਂ ਨੂੰ ਦੂਰ ਕਰਦੇ ਹਨ, ਪਰ ਮੌਜੂਦਾ ਸਮੇਂ ਵਿੱਚ ਡਾਕਟਰੀ ਸਿੱਖਿਆ ਪ੍ਰਣਾਲੀ ਵਿੱਚ ਆ ਰਹੀਆਂ ਤਬਦੀਲੀਆਂ ਅਤੇ ਵਿਵਾਦਾਂ ਨੇ ਇਸ ਪੇਸ਼ੇ ਦੀ ਸਾਖ ਨੂੰ ਖਤਰੇ ਵਿੱਚ ਪਾ ਦਿੱਤਾ ਹੈ। ਖਾਸ ਕਰਕੇ ਨੀਟ ਪੀਜੀ ਪ੍ਰੀਖਿਆ ਵਿੱਚ ਨੈਗੇਟਿਵ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਰਾਖਵੇਂ ਕੋਟੇ ਅਧੀਨ ਸੀਟਾਂ ਅਲਾਟ ਕੀਤੇ ਜਾਣ ਨੇ ਇੱਕ ਵੱਡਾ ਵਿਵਾਦ ਖੜ੍ਹਾ ਕਰ ਦਿੱਤਾ ਹੈ। ਇਹ ਸਵਾਲ ਉੱਠ ਰਿਹਾ ਹੈ ਕਿ ਅਜਿਹੇ ਵਿਦਿਆਰਥੀ ਭਵਿੱਖ ਵਿੱਚ ਕਾਬਲ ਡਾਕਟਰ ਬਣਨਗੇ ਜਾਂ ਅਣਜਾਣੇ ਵਿੱਚ ਕਾਤਲ? ਇਸ ਲੇਖ ਵਿੱਚ ਅਸੀਂ ਇਸ ਮੁੱਦੇ ਨੂੰ ਵਿਸਥਾਰ ਨਾਲ ਵਿਚਾਰਾਂਗੇ ਅਤੇ ਵੇਖਾਂਗੇ ਕਿ ਰਾਖਵਾਂਕਰਨ ਪ੍ਰਣਾਲੀ ਦੇ ਨਾਂਅ ਹੇਠ ਸਮਾਜ ਨੂੰ ਕਿਸ ਤਰ੍ਹਾਂ ਨੁਕਸਾਨ ਪਹੁੰਚ ਰਿਹਾ ਹੈ।

ਹਾਲ ਹੀ ਵਿੱਚ ਨੀਟ ਪੀਜੀ 2025 ਪ੍ਰੀਖਿਆ ਵਿੱਚ ਕੱਟ-ਆਫ ਨੂੰ ਬਹੁਤ ਨੀਵਾਂ ਕਰ ਦਿੱਤਾ ਗਿਆ ਹੈ, ਜਿਸ ਨਾਲ ਨੈਗੇਟਿਵ ਅੰਕ ਵਾਲੇ ਵਿਦਿਆਰਥੀ ਵੀ ਯੋਗ ਘੋਸ਼ਿਤ ਹੋ ਗਏ ਹਨ। ਨੈਸ਼ਨਲ ਬੋਰਡ ਆਫ ਐਗਜ਼ਾਮੀਨੇਸ਼ਨਜ਼ ਇਨ ਮੈਡੀਕਲ ਸਾਇੰਸਿਜ਼ (ਐੱਨ ਬੀ ਈ ਐੱਮ ਐੱਸ) ਨੇ ਐਲਾਨ ਕੀਤਾ ਕਿ ਜਨਰਲ ਕੈਟਾਗਰੀ ਲਈ ਕੱਟ-ਆਫ 7ਵੇਂ ਪਰਸੈਂਟਾਈਲ ਤੱਕ ਘਟਾਇਆ ਗਿਆ ਹੈ, ਜੋ ਲਗਭਗ 103 ਅੰਕਾਂ ਦੇ ਬਰਾਬਰ ਹੈ, ਪਰ ਐੱਸ ਸੀ/ਐੱਸ ਟੀ/ਓ ਬੀ ਸੀ ਵਰਗਾਂ ਲਈ ਸਾਰੇ ਉਮੀਦਵਾਰਾਂ ਨੂੰ ਯੋਗ ਮੰਨ ਲਿਆ ਗਿਆ ਹੈ, ਭਾਵੇਂ ਉਹਨਾਂ ਦੇ ਅੰਕ ਨੈਗੇਟਿਵ ਹੀ ਕਿਉਂ ਨਾ ਹੋਣ। ਇਸ ਨਾਲ ਮਾਈਨਸ 40 ਤੱਕ ਨੈਗੇਟਿਵ ਅੰਕ ਵਾਲੇ ਵਿਦਿਆਰਥੀ ਵੀ ਕਾਉਂਸਲਿੰਗ ਵਿੱਚ ਹਿੱਸਾ ਲੈ ਸਕਦੇ ਹਨ। ਇਹ ਤਬਦੀਲੀ ਪਹਿਲਾਂ ਵਾਲੇ ਮਿਆਰਾਂ ਤੋਂ ਬਹੁਤ ਵੱਖਰੀ ਹੈ, ਜਿੱਥੇ ਜਨਰਲ ਵਰਗ ਲਈ 50ਵਾਂ ਪਰਸੈਂਟਾਈਲ ਅਤੇ ਰਾਖਵੇਂ ਵਰਗਾਂ ਲਈ 40ਵਾਂ ਪਰਸੈਂਟਾਈਲ ਜ਼ਰੂਰੀ ਸੀ। ਇਸ ਫੈਸਲੇ ਨੇ ਮੈਡੀਕਲ ਭਾਈਚਾਰੇ ਵਿੱਚ ਵੱਡਾ ਵਿਰੋਧ ਪੈਦਾ ਕੀਤਾ ਹੈ ਅਤੇ ਸਮਾਜਿਕ ਤੌਰ 'ਤੇ ਮਰੀਜ਼ਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾਵਾਂ ਵਧ ਗਈਆਂ ਹਨ।

ਰਾਖਵਾਂਕਰਨ ਪ੍ਰਣਾਲੀ ਦਾ ਮੂਲ ਉਦੇਸ਼ ਸਮਾਜ ਦੇ ਵੰਚਿਤ ਵਰਗਾਂ ਨੂੰ ਉੱਚਾ ਚੁੱਕਣਾ ਅਤੇ ਉਹਨਾਂ ਨੂੰ ਬਰਾਬਰੀ ਦੇ ਮੌਕੇ ਪ੍ਰਦਾਨ ਕਰਨਾ ਹੈ। ਇਹ ਇੱਕ ਚੰਗੀ ਸੋਚ ਹੈ ਅਤੇ ਭਾਰਤੀ ਸੰਵਿਧਾਨ ਵਿੱਚ ਵੀ ਇਸ ਨੂੰ ਮਾਨਤਾ ਮਿਲੀ ਹੈ, ਪਰ ਮੌਜੂਦਾ ਸਰਕਾਰਾਂ ਇਸ ਪ੍ਰਣਾਲੀ ਨੂੰ ਵੋਟ ਬੈਂਕ ਵਜੋਂ ਵਰਤ ਰਹੀਆਂ ਹਨ। ਉਹ ਵੰਚਿਤ ਵਰਗਾਂ ਨੂੰ ਉੱਚਾ ਚੁੱਕਣ ਦੇ ਨਾਂਅ ਹੇਠ ਅਜਿਹੇ ਫੈਸਲੇ ਲੈ ਰਹੀਆਂ ਹਨ, ਜੋ ਨਾ ਸਿਰਫ਼ ਮੈਰਿਟ ਨੂੰ ਨੁਕਸਾਨ ਪਹੁੰਚਾਉਂਦੇ ਹਨ, ਬਲਕਿ ਪੂਰੇ ਸਮਾਜ ਦੀ ਸਿਹਤ ਪ੍ਰਣਾਲੀ ਨੂੰ ਖਤਰੇ ਵਿੱਚ ਪਾ ਰਹੇ ਹਨ। ਨੀਟ ਪੀਜੀ ਵਿੱਚ ਮਾਈਨਸ 12 ਅੰਕ ਵਾਲੇ ਉਮੀਦਵਾਰ ਨੂੰ ਐੱਮ ਡੀ ਫਿਜ਼ੀਓਲਾਜੀ ਵਿੱਚ ਏ ਸੀ ਐੱਸ ਮੈਡੀਕਲ ਕਾਲਜ ਚੇਨਈ ਵਿੱਚ ਓ ਬੀ ਸੀ ਵਰਗ ਅਧੀਨ ਸੀਟ ਅਲਾਟ ਹੋਈ ਹੈ। ਇਸੇ ਤਰ੍ਹਾਂ ਮਾਈਨਸ 8 ਅੰਕ ਵਾਲੇ ਨੂੰ ਐੱਸ ਟੀ ਵਰਗ ਅਧੀਨ ਗਵਰਨਮੈਂਟ ਮੈਡੀਕਲ ਕਾਲਜ ਹਲਦਵਾਨੀ ਵਿੱਚ ਐੱਮ ਡੀ ਬਾਇਓਕੈਮਿਸਟਰੀ ਵਿੱਚ ਸੀਟ ਮਿਲੀ ਹੈ ਅਤੇ ਮਾਈਨਸ 5 ਅੰਕ ਵਾਲੇ ਨੂੰ ਸਿੰਬਾਇਓਸਿਸ ਮੈਡੀਕਲ ਕਾਲਜ ਫਾਰ ਵੂਮੈਨ ਪੁਣੇ ਵਿੱਚ ਸੀਟ ਮਿਲੀ ਹੈ। ਇਸੇ ਤਰ੍ਹਾਂ ਰੋਹਤਕ ਮੈਡੀਕਲ ਕਾਲਜ ਵਿੱਚ ਨੈਗੇਟਿਵ ਅੰਕ ਪ੍ਰਾਪਤ ਰਾਖਵੀਂ ਸ਼੍ਰੇਣੀ ਦੇ ਉਮੀਦਵਾਰਾਂ ਨੂੰ ਦਾਖਲੇ ਮਿਲੇ ਹਨ। ਇਹ ਉਦਾਹਰਣਾਂ ਦੱਸਦੀਆਂ ਹਨ ਕਿ ਕਿਵੇਂ ਨੈਗੇਟਿਵ ਅੰਕ ਵਾਲੇ ਵਿਦਿਆਰਥੀ ਡਾਕਟਰ ਬਣਨ ਜਾ ਰਹੇ ਹਨ।

ਹੁਣ ਸਵਾਲ ਇਹ ਉੱਠਦਾ ਹੈ ਕਿ ਅਜਿਹੇ ਡਾਕਟਰ ਭਵਿੱਖ ਵਿੱਚ ਕਾਬਲ ਹੋਣਗੇ ਜਾਂ ਉਹ ਅਣਜਾਣੇ ਵਿੱਚ ਮਰੀਜ਼ਾਂ ਦੀ ਜਾਨ ਨੂੰ ਖਤਰੇ ਵਿੱਚ ਪਾ ਸਕਦੇ ਹਨ। ਨੈਗੇਟਿਵ ਅੰਕ ਪ੍ਰਾਪਤ ਕਰਨਾ ਇਹ ਦਰਸਾਉਂਦਾ ਹੈ ਕਿ ਵਿਦਿਆਰਥੀ ਨੂੰ ਬੁਨਿਆਦੀ ਵਿਗਿਆਨਕ ਗਿਆਨ ਵੀ ਨਹੀਂ ਹੈ। ਨੀਟ ਪੀਜੀ ਵਿੱਚ 200 ਪ੍ਰਸ਼ਨ ਹੁੰਦੇ ਹਨ, ਹਰ ਸਹੀ ਜਵਾਬ ਲਈ ਪਾਜ਼ੇਟਿਵ 4 ਅੰਕ ਅਤੇ ਗਲਤ ਲਈ ਨੈਗਟਿਵ 1 ਅੰਕ। ਜੇਕਰ ਕੋਈ ਵਿਦਿਆਰਥੀ ਬਹੁਤ ਸਾਰੇ ਗਲਤ ਜਵਾਬ ਦਿੰਦਾ ਹੈ ਤਾਂ ਉਸ ਦੇ ਅੰਕ ਨੈਗੇਟਿਵ ਹੋ ਜਾਂਦੇ ਹਨ। ਅਜਿਹੇ ਵਿਦਿਆਰਥੀ ਨੂੰ ਪੋਸਟ ਗ੍ਰੈਜੂਏਟ ਮੈਡੀਕਲ ਸਿੱਖਿਆ ਵਿੱਚ ਦਾਖਲਾ ਦੇਣਾ ਇਹ ਯਕੀਨੀ ਬਣਾਉਂਦਾ ਹੈ ਕਿ ਭਵਿੱਖ ਵਿੱਚ ਉਹ ਗਲਤ ਨਿਦਾਨ ਜਾਂ ਇਲਾਜ ਕਰ ਸਕਦੇ ਹਨ, ਜਿਸ ਨਾਲ ਮਰੀਜ਼ਾਂ ਦੀ ਜਾਨ ਜਾ ਸਕਦੀ ਹੈ। ਇਹ ਨੁਕਸਾਨ ਸਿਰਫ਼ ਜਨਰਲ ਵਰਗ ਨਾਲ ਸੰਬੰਧਤ ਵਿਅਕਤੀਆਂ ਨੂੰ ਨਹੀਂ ਹੋਵੇਗਾ, ਬਲਕਿ ਪੂਰੇ ਸਮਾਜ ਨੂੰ ਹੋਵੇਗਾ, ਕਿਉਂਕਿ ਡਾਕਟਰ ਸਾਰਿਆਂ ਲਈ ਹੁੰਦੇ ਹਨ। ਬੱਚਿਆਂ ਦੇ ਮਾਹਰ ਅਤੇ ਸਮਾਜ ਸੇਵੀ ਡਾਕਟਰ ਹਰਸ਼ਿੰਦਰ ਕੌਰ ਨੇ ਇਸ ਘਟਨਾਕ੍ਰਮ 'ਤੇ ਵਿਰੋਧ ਕਰਦੇ ਹੋਏ ਸੋਸ਼ਲ ਮੀਡੀਆ ਰਾਹੀ ਪ੍ਰਤੀਕਿਰਿਆ ਦਿੰਦੇ ਹੋਏ ਦੱਸਿਆ ਕਿ ਕਿਸ ਤਰ੍ਹਾਂ ਇਸੇ ਪ੍ਰਣਾਲੀ ਰਾਹੀ ਚੁਣ ਕੇ ਬਣੇ ਡਾਕਟਰ ਦੇ ਇਲਾਜ ਰਾਹੀ ਉਹਨਾ ਦੇ ਪਤੀ ਦੇ ਪੈਰ ਦੀ ਸਥਿਤੀ ਕਿੰਨੀ ਜ਼ਿਆਦਾ ਵਿਗੜ ਗਈ ਸੀ।

ਇਹ ਘਟਨਾ ਪਹਿਲੀ ਵਾਰ ਨਹੀਂ ਵਾਪਰ ਰਹੀ। ਪਹਿਲਾਂ ਵੀ ਨੀਟ ਪੀਜੀ 2023 ਵਿੱਚ ਕੱਟ-ਆਫ ਨੂੰ ਜ਼ੀਰੋ ਪਰਸੈਂਟਾਈਲ ਤੱਕ ਘਟਾਇਆ ਗਿਆ ਸੀ, ਜਿਸ ਨਾਲ ਨੈਗੇਟਿਵ ਅੰਕ ਵਾਲੇ ਵੀ ਯੋਗ ਹੋ ਗਏ ਸਨ। ਨਾ ਸਿਰਫ਼ ਮੈਡੀਕਲ ਖੇਤਰ ਵਿੱਚ ਬਲਕਿ ਹੋਰ ਵਿਭਾਗਾਂ ਵਿੱਚ ਵੀ ਅਜਿਹਾ ਵਾਪਰਦਾ ਰਿਹਾ ਹੈ। ਉਦਾਹਰਨ ਵਜੋਂ ਸਿੱਖਿਆ ਖੇਤਰ ਵਿੱਚ ਰਾਖਵਾਂਕਰਨ ਅਧੀਨ ਨੈਗੇਟਿਵ ਅੰਕ ਵਾਲੇ ਵਿਅਕਤੀ ਅਧਿਆਪਕ ਵਜੋਂ ਨੌਕਰੀ ਪ੍ਰਾਪਤ ਕਰ ਚੁੱਕੇ ਹਨ। ਹੁਣ ਸੋਚੋ, ਜੇਕਰ ਇੱਕ ਅਧਿਆਪਕ ਨੈਗੇਟਿਵ ਅੰਕ ਨਾਲ ਪਾਸ ਹੋ ਕੇ ਬੱਚਿਆਂ ਨੂੰ ਪੜ੍ਹਾਉਂਦਾ ਹੈ ਤਾਂ ਉਹ ਕਿਸ ਤਰ੍ਹਾਂ ਦੀ ਸਿੱਖਿਆ ਪ੍ਰਦਾਨ ਕਰੇਗਾ?

ਸਰਕਾਰਾਂ ਦਾ ਤਰਕ ਹੈ ਕਿ ਇਹ ਫੈਸਲਾ ਵੈਕੈਂਟ ਸੀਟਾਂ ਨੂੰ ਭਰਨ ਲਈ ਲਿਆ ਗਿਆ ਹੈ। ਲਗਭਗ 18,000 ਤੋਂ ਵੱਧ ਪੀਜੀ ਸੀਟਾਂ ਵੈਕੈਂਟ ਸਨ, ਜਿਸ ਨਾਲ ਸਿੱਖਿਆ ਵਿਵਸਥਾ ਨੂੰ ਨੁਕਸਾਨ ਹੋ ਰਿਹਾ ਸੀ, ਪਰ ਕੀ ਵੈਕੈਂਟ ਸੀਟਾਂ ਭਰਨ ਲਈ ਮਿਆਰਾਂ ਨੂੰ ਏਨਾ ਨੀਵਾਂ ਕਰਨਾ ਜਾਇਜ਼ ਹੈ? ਕੀ ਇਹ ਨਹੀਂ ਹੋ ਸਕਦਾ ਕਿ ਅਜਿਹੀਆਂ ਸੀਟਾਂ ਨੂੰ ਅਗਲੇ ਸੈਸ਼ਨ ਲਈ ਰੱਖ ਲਿਆ ਜਾਵੇ ਜਾਂ ਮਿਆਰਾਂ ਨੂੰ ਥੋੜ੍ਹਾ ਹੀ ਘਟਾਇਆ ਜਾਵੇ? ਸੁਪਰੀਮ ਕੋਰਟ ਨੇ ਵੀ ਇਸ ਫੈਸਲੇ 'ਤੇ ਹੈਰਾਨੀ ਪ੍ਰਗਟ ਕੀਤੀ ਹੈ ਅਤੇ ਕੇਂਦਰ ਸਰਕਾਰ ਤੋਂ ਵਿਸਥਾਰਤ ਜਵਾਬ ਮੰਗਿਆ ਹੈ। ਕੋਰਟ ਨੇ ਕਿਹਾ ਹੈ ਕਿ ਇਹ ਮੈਡੀਕਲ ਮਿਆਰਾਂ ਨੂੰ ਨੁਕਸਾਨ ਪਹੁੰਚਾ ਸਕਦਾ ਹੈ ਅਤੇ ਮਰੀਜ਼ਾਂ ਦੀ ਸੁਰੱਖਿਆ ਨੂੰ ਖਤਰੇ ਵਿੱਚ ਪਾ ਸਕਦਾ ਹੈ। ਯੂਨਾਈਟਿਡ ਡਾਕਟਰਜ਼ ਫਰੰਟ ਵਰਗੇ ਸੰਗਠਨਾਂ ਨੇ ਪੀ ਆਈ ਐੱਲ ਦਾਇਰ ਕੀਤੀ ਹੈ ਅਤੇ ਇਸ ਨੂੰ ਸੰਵਿਧਾਨ ਵਿਰੋਧੀ ਦੱਸਿਆ ਹੈ।

ਰਾਖਵਾਂਕਰਨ ਨੂੰ ਬੰਦ ਨਹੀਂ ਕੀਤਾ ਜਾਣਾ ਚਾਹੀਦਾ, ਪਰ ਇਸ ਨੂੰ ਵਧੇਰੇ ਵਿਗਿਆਨਕ ਅਤੇ ਨਿਰਪੱਖ ਬਣਾਉਣਾ ਚਾਹੀਦਾ ਹੈ। ਜੇਕਰ ਵੰਚਿਤ ਵਰਗਾਂ ਨੂੰ ਵਿਸ਼ੇਸ਼ ਸਹੂਲਤਾਂ ਦੇਣੀਆਂ ਹਨ ਤਾਂ ਉਹ ਸਿਰਫ਼ ਕਾਬਲ ਵਿਅਕਤੀਆਂ ਨੂੰ ਹੀ ਦਿੱਤੀਆਂ ਜਾਣ। ਰਾਖਵੇਂ ਵਰਗਾਂ ਵਿੱਚੋਂ ਵੀ ਬਹੁਤ ਸਾਰੇ ਵਿਦਿਆਰਥੀ ਉੱਚ ਅੰਕ ਪ੍ਰਾਪਤ ਕਰਦੇ ਹਨ ਅਤੇ ਉਹਨਾਂ ਨੂੰ ਮੌਕੇ ਮਿਲਣੇ ਚਾਹੀਦੇ ਹਨ।

ਇਸ ਮੁੱਦੇ 'ਤੇ ਸਮਾਜ ਵਿੱਚ ਵੱਡਾ ਵਿਰੋਧ ਹੋ ਰਿਹਾ ਹੈ। ਸੋਸ਼ਲ ਮੀਡੀਆ 'ਤੇ ਡਾਕਟਰ ਅਤੇ ਵਿਦਿਆਰਥੀ ਇਸ ਨੂੰ ਚੁਣੌਤੀ ਦੇ ਰਹੇ ਹਨ। ਕੁਝ ਲੋਕ ਰਾਖਵਾਂਕਰਨ ਨੂੰ ਪੂਰੀ ਤਰ੍ਹਾਂ ਖਤਮ ਕਰਨ ਦੀ ਮੰਗ ਕਰ ਰਹੇ ਹਨ। ਵੋਟ ਬੈਂਕ ਦੀ ਰਾਜਨੀਤੀ ਦੇ ਚੱਲਦਿਆਂ ਰਾਜਨੀਤਕ ਪਾਰਟੀਆਂ ਰਾਖਵਾਂਕਰਨ ਨੂੰ ਸਮਾਜਿਕ ਨਿਆਂ ਲਈ ਜ਼ਰੂਰੀ ਦੱਸ ਦੀਆਂ ਹਨ, ਪਰ ਮੌਜੂਦਾ ਸਮੇਂ ਦੀ ਮੰਗ ਅਨੁਸਾਰ ਇਸ ਨੂੰ ਸਮਾਜਿਕ ਮਿਆਰਾਂ ਨਾਲ ਜੋੜ ਕੇ ਰੱਖਣਾ ਚਾਹੀਦਾ ਹੈ। ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਵੰਚਿਤ ਵਰਗਾਂ ਲਈ ਬੁਨਿਆਦੀ ਸਿੱਖਿਆ ਅਤੇ ਕੋਚਿੰਗ ਵਿੱਚ ਨਿਵੇਸ਼ ਕਰਨ, ਤਾਂ ਜੋ ਉਹ ਬਿਨਾਂ ਨੈਗੇਟਿਵ ਅੰਕਾਂ ਦੇ ਮੈਰਿਟ 'ਤੇ ਆ ਸਕਣ। ਇਸ ਨਾਲ ਅਸਲ ਤਰੱਕੀ ਹੋਵੇਗੀ ਅਤੇ ਸਮਾਜ ਵਿੱਚ ਬਰਾਬਰੀ ਆਵੇਗੀ।

ਨੀਟ ਪੀਜੀ ਵਰਗੇ ਵਿਵਾਦਾਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਵੋਟ ਬੈਂਕ ਰਾਜਨੀਤੀ ਨੇ ਸਮਾਜ ਨੂੰ ਨੁਕਸਾਨ ਪਹੁੰਚਾਉਣਾ ਸ਼ੁਰੂ ਕਰ ਦਿੱਤਾ ਹੈ। ਜੇਕਰ ਅਸੀਂ ਚਾਹੁੰਦੇ ਹਾਂ ਕਿ ਭਵਿੱਖ ਵਿੱਚ ਡਾਕਟਰ ਕਾਬਲ ਬਣਨ ਤਾਂ ਮਿਆਰਾਂ ਨੂੰ ਉੱਚਾ ਰੱਖਣਾ ਪਵੇਗਾ ਅਤੇ ਰਾਖਵਾਂਕਰਨ ਨੂੰ ਵਿਗਿਆਨਕ ਬਣਾਉਣਾ ਪਵੇਗਾ। ਨਹੀਂ ਤਾਂ ਇਹ ਪ੍ਰਣਾਲੀ ਨਾ ਸਿਰਫ਼ ਅਯੋਗ ਡਾਕਟਰ ਪੈਦਾ ਕਰੇਗੀ, ਬਲਕਿ ਸਮਾਜ ਨੂੰ ਪੂਰਨ ਰੂਪ ਵਿੱਚ ਨੁਕਸਾਨ ਪਹੁੰਚਾਏਗੀ।

***# ਸੰਪਰਕ : 70098-07121***

# ਈਰਾਨ 'ਤੇ ਹਮਲਿਆਂ ਖ਼ਿਲਾਫ਼ ਖੱਬੇ-ਪੱਖੀਆਂ ਤੇ ਮਜ਼ਦੂਰ-ਕਿਸਾਨ ਸੰਗਠਨਾਂ ਨੇ ਟਰੰਪ ਤੇ ਨੇਤਨਯਾਹੂ ਦੇ ਪੁਤਲੇ ਫੂਕੇ

## ਖਾਮਨੇਈ ਨੂੰ ਸ਼ਹੀਦ ਕਰਨ ਦੀ ਅਮਰੀਕਾ-ਇਜ਼ਰਾਈਲ ਨੂੰ ਚੁਕਾਉਣੀ ਪਵੇਗੀ ਭਾਰੀ ਕੀਮਤ



ਮਾਨਸਾ (ਆਤਮਾ ਸਿੰਘ ਪਮਾਰ)

ਅਮਰੀਕਾ-ਇਜ਼ਰਾਈਲ ਹਮਲਾਵਰ ਜੁੰਡਲੀ ਵੱਲੋਂ ਈਰਾਨ ਦੀ ਸਿਖਰਲੀ ਲੀਡਰਸ਼ਿਪ ਤੇ ਸਕੂਲੀ ਬੱਚੀਆਂ ਸਹਿਤ ਆਮ ਲੋਕਾਂ ਦੀਆਂ ਜਾਨਾਂ ਲੈਣ ਦੇ ਵਿਰੋਧ 'ਚ ਖੱਬੀਆਂ ਪਾਰਟੀਆਂ ਤੇ ਕਿਸਾਨ-ਮਜ਼ਦੂਰ ਜਥੇਬੰਦੀਆਂ ਨੇ ਟਰੰਪ ਤੇ ਨੇਤਨਯਾਹੂ ਦਾ ਪੁਤਲਾ ਫੂਕਿਆ ਅਤੇ ਇਸ ਇਕਪਾਸੜ ਹਮਲੇ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

ਸਥਾਨਕ ਬੱਸ ਸਟੈਂਡ ਸਾਹਮਣੇ ਕੀਤੇ ਇਸ ਰੋਸ ਪ੍ਰਦਰਸ਼ਨ ਦੌਰਾਨ ਪੰਜਾਬ ਕਿਸਾਨ ਯੂਨੀਅਨ ਦੇ ਸੂਬਾਈ ਪ੍ਰਧਾਨ ਰੁਲਦੂ ਸਿੰਘ ਮਾਨਸਾ, ਸੀਪੀਆਈ (ਐਮ ਐਲ) ਲਿਬਰੇਸ਼ਨ ਦੇ ਸੂਬਾਈ ਆਗੂ ਕਾਮਰੇਡ ਸੁਖਦਰਸ਼ਨ ਸਿੰਘ ਨੱਤ, ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਸੀਪੀਐਮ ਦੇ ਜ਼ਿਲ੍ਹਾ ਆਗੂ ਘਨੀਸ਼ਾਮ ਨਿੱਕੂ, ਪ੍ਰਗਤੀਸ਼ੀਲ ਇਸਤਰੀ ਸਭਾ ਵੱਲੋਂ ਜਸਬੀਰ ਕੌਰ ਨੱਤ, ਬਲਵਿੰਦਰ ਕੌਰ ਖਾਰਾ, ਮੁਸਲਿਮ ਫਰੰਟ ਪੰਜਾਬ ਵੱਲੋਂ ਸ਼ਿੰਗਾਰਾ ਖਾਨ ਤੇ ਰਵੀ ਖਾਨ, ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਵੱਲੋਂ ਗੁਰਸੇਵਕ ਮਾਨ, ਬਿੰਦਰ ਕੌਰ ਉੱਡਤ, ਪੈਨਸ਼ਨਰਜ਼ ਐਸੋਸੀਏਸ਼ਨ ਵਲੋਂ ਕੇਵਲ ਸਿੰਘ, ਆਟੋ ਰਿਕਸ਼ਾ ਯੂਨੀਅਨ ਵਲੋਂ ਪ੍ਰਧਾਨ ਗੋਗੀ ਸਿੰਘ ਅੰਗਰੇਜ਼ ਘਰਾਂਗਣਾ, ਰਾਜੀਵ ਕੁਮਾਰ ਤੇ ਕਰਨੈਲ ਸਿੰਘ ਮਾਨਸਾ, ਸੁਖਚਰਨ ਦਾਨੇਵਾਲੀਆ ਤੇ ਮਨਜੀਤ ਸਿੰਘ ਸੋਢੀ ਹਾਜ਼ਰ ਸਨ।ਇਸ ਰੋਸ ਵਿਖਾਵੇ ਨੂੰ ਸੰਬੋਧਨ ਕਰਦੇ ਹੋਏ ਰੁਲਦੂ ਸਿੰਘ ਮਾਨਸਾ ਨੇ ਕਿਹਾ ਕਿ ਈਰਾਨ ਨੇ ਨਾ ਕਿਸੇ ਹੋਰ ਦੇਸ਼ ਉੱਤੇ ਕਬਜ਼ਾ ਕੀਤਾ ਹੈ ਨਾ ਕੋਈ ਹਮਲਾ, ਬਿਨਾਂ ਕਿਸੇ ਭੜਕਾਹਟ ਤੋਂ ਉਸ 'ਤੇ ਭਿਆਨਕ ਹਮਲਾ ਕਰਕੇ ਟਰੰਪ ਜੁੰਡਲੀ ਵੱਲੋਂ ਈਰਾਨ ਦੀ ਸਾਰੀ ਮੋਹਰੀ ਲੀਡਰਸ਼ਿਪ ਨੂੰ ਸ਼ਹੀਦ ਕਰ ਦੇਣਾ ਸ਼ਰੇਆਮ ਕੌਮਾਂਤਰੀ ਪੱਧਰ 'ਤੇ ਗੁੰਡਾਗਰਦੀ ਹੈ।ਕਾਮਰੇ ਨੱਤ ਨੇ ਕਿਹਾ ਕਿ ਅਮਰੀਕਾ ਸੰਸਾਰ ਦੇ ਸਾਰੇ ਤੇਲ ਭੰਡਾਰਾਂ ਤੇ ਹੋਰ ਕੁਦਰਤੀ ਸ੍ਰੋਤਾਂ ਤੇ ਕਬਜ਼ਾ ਕਰਨ ਦੀ ਲੁਟੇਰੀ ਸਾਮਰਾਜੀ ਨੀਤੀ ਉੱਤੇ ਚੱਲ ਰਿਹਾ ਹੈ। ਉਹ ਪਹਿਲਾਂ ਹੀ ਇਰਾਕ, ਲਿਬੀਆ, ਸੀਰੀਆ ਤੇ ਵੈਨੇਜ਼ੁਏਲਾ ਨੂੰ ਲੁੱਟ ਰਿਹਾ ਹੈ।ਈਰਾਨ ਉੱਤੇ ਵੀ ਬਿਨਾਂ ਕਿਸੇ ਭੜਕਾਹਟ ਦੇ ਟਰੰਪ ਨੇ ਉਸ ਦਾ ਤੇਲ ਲੁੱਟਣ 'ਤੇ ਉੱਥੇ ਅਪਣੀ ਦਲਾਲ ਸਰਕਾਰ ਬਣਾਉਣ ਦੇ ਉਦੇਸ਼ ਨਾਲ ਹੀ ਹਮਲਾ ਕੀਤਾ ਹੈ।ਜੇਕਰ ਦੁਨੀਆਂ ਦੀ ਇਨਸਾਫਪਸੰਦ ਜਨਤਾ ਤੇ ਸਰਕਾਰਾਂ ਨੇ ਉਸ ਦਾ ਮੂੰਹ ਨਾ ਭੰਨਿਆ, ਤਾਂ ਬਿਨਾਂ ਸ਼ੱਕ ਟਰੰਪ ਕਿਊਬਾ ਨੂੰ ਅਗਲਾ ਨਿਸ਼ਾਨਾ ਬਣਾਵੇਗਾ।ਘਨੀ ਸ਼ਾਮ ਨਿੱਕੂ ਨੇ ਭਾਰਤ ਦੇ ਪ੍ਰਧਾਨ ਮੰਤਰੀ ਮੋਦੀ ਵੱਲੋਂ ਕੁੱਝ ਦਿਨ ਪਹਿਲਾਂ ਹੀ ਗਾਜ਼ਾ ਵਿੱਚ ਸੱਤਰ ਹਜ਼ਾਰ ਤੋਂ ਵੱਧ ਬੇਕਸੂਰ ਲੋਕਾਂ ਨੂੰ ਮਾਰਨ ਵਾਲੇ ਬੁੱਚੜ ਨੇਤਨਯਾਹੂ ਨਾਲ ਜੱਫੀਆਂ ਪਾਉਣ ਦੀ ਸਖ਼ਤ ਆਲੋਚਨਾ ਕੀਤੀ।

ਕ੍ਰਿਸ਼ਨ ਚੌਹਾਨ ਦਾ ਕਹਿਣਾ ਸੀ ਕਿ ਇਹ ਇੱਕ ਸੰਕੇਤਕ ਰੋਸ ਪ੍ਰਦਰਸ਼ਨ ਸੀ, ਸਮੂਹ ਧਰਮ ਨਿਰਪੱਖ ਜਮਹੂਰੀ ਤੇ ਸਾਮਰਾਜ ਵਿਰੋਧੀ ਤਾਕਤਾਂ ਵੱਲੋਂ ਮਿਲ ਕੇ ਆਉਂਦੇ ਦਿਨਾਂ 'ਚ ਟਰੰਪ ਤੇ ਨੇਤਨਯਾਹੂ ਖ਼ਿਲਾਫ਼ ਹੋਰ ਵੀ ਵਿਸ਼ਾਲ ਰੋਸ ਪ੍ਰਦਰਸ਼ਨ ਕੀਤੇ ਜਾਣਗੇ।ਰਵੀ ਖਾਨ ਨੇ ਕਿਹਾ ਕਿ ਸ਼ਹੀਦ ਖਾਮਨੇਈ ਸਿਰਫ਼ ਇਰਾਨ ਦਾ ਨਹੀਂ ਸੀ ਸਗੋਂ, ਸੰਸਾਰ ਭਰ ਦੇ ਸ਼ੀਆ ਮੁਸਲਮਾਨਾਂ ਦਾ ਇੱਕ ਸਤਿਕਾਰਤ ਧਾਰਮਿਕ ਆਗੂ ਸੀ।ਇਜ਼ਰਾਈਲ ਅਮਰੀਕਾ ਨੂੰ ਉਨ੍ਹਾਂ ਦੀ ਜਾਨ ਲੈਣ ਦੀ ਵੱਡੀ ਕੀਮਤ ਅਦਾ ਕਰਨੀ ਪਵੇਗੀ।

# ਕਾਕਾ ਬਰਾੜ ਨੇ ਬਰਕੰਦੀ ਤੇ ਸਿਵਲ ਹਸਪਤਾਲ ਰੋਡ ਦਾ ਕੰਮ ਸ਼ੁਰੂ ਕਰਵਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪਿਛਲੇ ਲੰਬੇ ਸਮੇਂ ਤੋਂ ਖਸਤਾ ਹਾਲਤ ਦੀ ਕਾਗਾਰ 'ਤੇ ਪੁੱਜੀਆਂ ਸ਼ਹਿਰ ਦੀਆਂ ਮੇਨ ਸੜਕਾਂ ਸਰਕਾਰੀ ਹਸਪਤਾਲ ਨੂੰ ਜਾਣ ਵਾਲਾ ਰਾਹ ਤੇ ਪਿੰਡ ਬਰਕੰਦੀ ਨੂੰ ਜਾਣ ਵਾਲੇ ਰਾਹ ਨੂੰ ਨਵੇਂ ਸਿਰਿਓਂ ਬਣਾਉਣ ਦਾ ਕਾਰਜ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਕਰਵਾਇਆ ਗਿਆ।ਇਸ ਉਪਰੰਤ ਬਰਕੰਦੀ ਰੋਡ 'ਤੇ ਇੱਕ ਭਰਵੀਂ ਮੀਟਿੰਗ ਕੀਤੀ ਗਈ, ਜਿਸ ਵਿੱਚ ਮੁਹੱਲਾ ਵਾਸੀਆਂ ਵੱਲੋਂ ਵੱਡੀ ਗਿਣਤੀ ਵਿੱਚ ਭਾਗ ਲਿਆ ਗਿਆ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਉਹ ਸ਼ਹਿਰ ਤੇ ਪਿੰਡਾਂ ਦੇ ਵਿਕਾਸ ਲਈ ਹਮੇਸ਼ਾ ਤਿਆਰ ਹਨ ਅਤੇ ਲੋਕਾਂ ਦੀ ਸੇਵਾ ਕਰਨਾ ਉਨ੍ਹਾਂ ਦਾ ਫਰਜ਼ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸਰਕਾਰੀ ਹਸਪਤਾਲ ਨੂੰ ਜਾਂਦੀ ਸੜਕ 'ਤੇ ਪਹਿਲਾਂ ਸੀਵਰੇਜ ਦੀ ਸਮੱਸਿਆ ਦਾ ਹੱਲ ਕੀਤਾ ਗਿਆ, ਹੁਣ ਸੜਕ ਐੱਮ ਡੀ ਐੱਫ ਗ੍ਰਾਂਟ ਵਿੱਚੋਂ ਬਣਾਈ ਜਾ ਰਹੀ ਹੈ, ਜਿਸ ਦਾ ਲਾਹਾ ਲੋਕਾਂ ਨੂੰ ਮਿਲੇਗਾ।ਇਸ ਤੋਂ ਇਲਾਵਾ ਬਰਕੰਦੀ ਰੋਡ 'ਤੇ ਵੀ ਹਸਪਤਾਲ ਤੋਂ ਇਲਾਵਾ ਸਕੂਲ ਤੇ ਕਾਲਜ ਹਨ।ਉਨ੍ਹਾਂ ਕਿਹਾ ਕਿ ਇਹ ਸੜਕਾਂ ਜਲਦ ਬਣ ਕੇ ਤਿਆਰ ਹੋ ਜਾਣਗੀਆਂ।ਉਨ੍ਹਾਂ ਠੇਕੇਦਾਰਾਂ ਨੂੰ ਵੀ ਤਾੜਨਾ ਕੀਤੀ ਕਿ ਮਟੀਰੀਅਲ ਵਿੱਚ ਚੰਗੀ ਕੁਆਲਟੀ ਦਾ ਸਾਮਾਨ ਲਗਾਇਆ ਜਾਵੇ ਤਾਂ ਜੋ ਕਿਸੇ ਕਿਸਮ ਦੀ ਕੋਈ ਦਿੱਕਤ ਨਾ ਆਵੇ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਸਾਫ਼ ਪਾਣੀ, ਬਿਜਲੀ, ਸਿਹਤ ਤੇ ਸਿੱਖਿਆ ਵਰਗੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤੇ ਇਨ੍ਹਾਂ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਵਿਧਾਇਕ ਬਰਾੜ ਨੇ ਕਿਹਾ ਕਿ ਉਹ ਲੋਕਾਂ ਦੀ ਸੇਵਾ ਵਿੱਚ ਹਮੇਸ਼ਾ ਹਾਜ਼ਰ ਹਨ ਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਹਰ ਸੰਭਵ ਯਤਨ ਕਰਨਗੇ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਣ 'ਤੇ ਉਹ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ।ਇਸ ਦੌਰਾਨ ਅਵਤਾਰ ਮੁਕਸਰੀ, ਦਿਲਬਾਗ ਸਿੰਘ ਡੀ ਪੀ ਤੇ ਇਕਬਾਲ ਸਿੰਘ ਬਰਾੜ ਨੇ ਵੀ ਸੰਬੋਧਨ ਕੀਤਾ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਹਮੇਸ਼ਾ ਉਨ੍ਹਾਂ ਦੇ ਨਾਲ ਹਨ।

# ਸਾਹਿਤ ਸਭਾ ਜ਼ੀਰਾ ਦਾ ਸਾਲਾਨਾ ਸਾਹਿਤ ਕਲਾ ਤੇ ਪੁਸਤਕ ਮੇਲਾ ਅਮਿਤ ਯਾਦਾਂ ਛੱਡਦਾ ਸੰਪੰਨ



**ਜ਼ੀਰਾ (ਨਰਿੰਦਰ ਅਨੇਜਾ)**-ਜ਼ੀਰਾ ਇਲਾਕੇ ਦੀ ਨਾਮਵਰ ਸਾਹਿਤਕ ਸੰਸਥਾ ਸਾਹਿਤ ਸਭਾ ਜ਼ੀਰਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਹਿਲੀ ਮਾਰਚ 2026 ਨੂੰ ਸਾਲਾਨਾ ਸਾਹਿਤ ਕਲਾ ਤੇ ਪੁਸਤਕ ਮੇਲੇ ਦਾ ਆਯੋਜਨ ਕੀਤਾ ਗਿਆ।ਇਸ ਮੇਲੇ 'ਚ ਪੰਜਾਬ ਭਰ ਤੋਂ ਅਦਬੀ ਤੇ ਕਲਾ ਨਾਲ ਸੰਬੰਧਤ ਸ਼ਖ਼ਸੀਅਤਾਂ ਸ਼ਾਮਲ ਹੋਈਆਂ।ਉੱਘੇ ਕਹਾਣੀਕਾਰ ਸਾਹਿਤਕਾਰ ਸਾਂਵਲ ਧਾਮੀ ਨੂੰ ਗੁੱਜਰ ਸਿੰਘ ਗਿੱਲ ਐਵਾਰਡ ਨਾਲ ਸਨਮਾਨਿਆ ਗਿਆ।ਰੁੱਖਾਂ ਦਾ ਰਾਖਾ ਐਵਾਰਡ ਹਰਭਿੰਦਰ ਸਿੰਘ ਸੰਧੂ ਪੀਰ ਮੁਹੰਮਦ ਨੂੰ ਦਿੱਤਾ ਗਿਆ। ਸਭਾ ਪ੍ਰਤੀ ਵਧੀਆ ਕਾਰਗੁਜ਼ਾਰੀ ਲਈ ਤਾਰਾ ਸਿੰਘ ਫੌਜੀ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਰਿਟਾਇਰਡ ਤਹਿਸੀਲਦਾਰ ਗੁਰਤੇਜ ਸਿੰਘ ਗਿੱਲ ਨੇ ਕੀਤੀ।ਸ਼ਮ੍ਹਾਂ ਰੋਸ਼ਨ ਕਰਨ ਦੀ ਰਸਮ ਅਜਮੇਰ ਸਿੰਘ ਕਾਲੜਾ ਮੈਨੇਜਿੰਗ ਡਾਇਰੈਕਟਰ ਨੇ ਕੀਤੀ।ਸਮਾਗਮ ਦੌਰਾਨ ਸਭਾ ਦੇ ਮੈਂਬਰ ਉੱਘੇ ਸਾਹਿਤਕਾਰ ਨਰਿੰਦਰ ਸਿੰਘ ਜ਼ੀਰਾ ਦੀ ਪੁਸਤਕ ਜੂਝਦਾ ਜਿਉਂਦਾ ਪੰਜਾਬ ਲੋਕ ਅਰਪਣ ਕੀਤੀ ਗਈ। ਸਾਹਿਤਕ ਸਮਾਗਮ ਦੌਰਾਨ ਹੋਏ ਕਵੀ ਦਰਬਾਰ ਵਿੱਚ ਪੰਜਾਬ ਭਰ ਤੋਂ ਪੁੱਜੇ ਕਵੀਆਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ, ਜਿਨਾਂ ਵਿੱਚ ਹਰਮਿੰਦਰ ਸਿੰਘ ਕੋਹਾਰ ਵਾਲਾ, ਰਾਜਾ ਰਾਮ ਹੰਡਿਆਇਆ, ਜਸਵਿੰਦਰ ਜਲੰਧਰੀ, ਬਿੱਕਰ ਸਿੰਘ ਵਿਜੋਗੀ, ਜੀਵਨ ਸਿੰਘ ਹਾਣੀ, ਸੁਖਰਾਜ ਸਿੰਘ ਜ਼ੀਰਾ, ਲਾਲ ਸਿੰਘ ਕਲਸੀ, ਸਾਧੂ ਸਿੰਘ ਚਮੇਲੀ, ਪ੍ਰੋਫੈਸਰ ਬੀਰਇੰਦਰ ਸਿੰਘ ਸਰਾਂ, ਵਤਨਵੀਰ ਜ਼ਖਮੀ, ਮਾਸਟਰ ਸ਼ਮਸ਼ੇਰ ਸਿੰਘ ਪ੍ਰਧਾਨ ਪੰਜਾਬੀ ਸਾਹਿਤ ਸਭਾ ਕੋਟ ਈਸੇ ਖਾਂ, ਧਰਮ ਪਰਵਾਨਾ ਪ੍ਰਧਾਨ ਲੇਖਕ ਮੰਚ ਫਰੀਦਕੋਟ, ਇਕਬਾਲ ਸਿੰਘ ਘਾਰੂ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ, ਹਰਚਰਨ ਚੋਹਲਾ, ਅਜਮੇਰ ਸਿੰਘ ਕਾਲੜਾ, ਅਸ਼ੋਕ ਆਰਜ਼ੂ ਮੁਖਤਿਆਰ ਸਿੰਘ ਵੰਗੜ, ਸੁਖਦੇਵ ਸਿੰਘ ਭੱਟੀ, ਪਰਮਜੀਤ ਸਿੰਘ ਕੜਿਆਲ, ਬਿੱਟੂ ਲਹਿਰੀ, ਹਰਪ੍ਰੀਤ ਸਿੰਘ ਰੱਬੀ ਸ਼ਾਇਰ, ਪ੍ਰਿਤਪਾਲ ਸਿੰਘ ਮਣਕੂ, ਮਨਦੀਪ ਸਿੰਘ ਮਲਸੀਆਂ, ਰਾਜ ਹਰੀ ਕੇ, ਹਰਭਿੰਦਰ ਸਿੰਘ ਸੰਧੂ, ਪ੍ਰੀਤ ਜੱਗੀ,ਹਰਜੀਤ ਸਿੰਘ ਗਿੱਲ, ਮੁਖਤਿਆਰ ਸਿੰਘ ਬਰਾੜ, ਹਰੀਦਾਸ ਚੌਹਾਨ, ਡਾ. ਜਸਵੰਤ ਸਿੰਘ ਭੱਟੀ ਸ਼ਾਮਲ ਸਨ।ਸਮਾਗਮ ਵਿੱਚ ਉਚੇਚੇ ਤੌਰ 'ਤੇ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਚਮਕੌਰ ਸਿੰਘ ਸਰਾਂ, ਪ੍ਰਿੰਸੀਪਲ ਕਰਮਜੀਤ ਸਿੰਘ ਜੋਸਨ, ਸਾਬਕਾ ਟਰੇਡ ਯੂਨੀਅਨਿਸਟ ਆਗੂ ਬਚਿੱਤਰ ਸਿੰਘ ਗਾਦੜੀਵਾਲਾ, ਐਡਵੋਕੇਟ ਹਰਦੀਪ ਸਿੰਘ ਸ਼ੇਰਗਿੱਲ, ਪਰਮਜੀਤ ਵਿਦਿਆਰਥੀ, ਵੇਦ ਪ੍ਰਕਾਸ਼ ਸੋਨੀ, ਕਾਲਾ ਬੇਰੀ ਵਾਲਾ, ਸਾਹਿਤਕਾਰ ਗੋਗੀ ਜ਼ੀਰਾ, ਸੁਰਿੰਦਰ ਕੁਮਾਰ, ਉੱਘੀ ਸਮਾਜ ਸੇਵਕਾ ਵਨੀਤਾ ਝਾਂਜੀ, ਨਵਜੋਤ ਨੀਲੇ ਵਾਲਾ ਪੱਤਰਕਾਰ ਪੰਜਾਬੀ ਟਰਬਿਊਨ, ਪ੍ਰਤਾਪ ਸਿੰਘ ਹੀਰਾ, ਕੁਲਵਿੰਦਰ ਸਿੰਘ ਸੰਧੂ, ਰਜਨੀਸ਼ ਕਥੂਰੀਆ ਦੀਪਕ ਭਾਰਗੋ, ਜਰਨੈਲ ਸਿੰਘ ਭੁੱਲਰ ਪ੍ਰਧਾਨ ਪ੍ਰਕਿਰਤੀ ਕਲੱਬ, ਸਮਾਜ ਸੇਵੀ ਅਸ਼ੋਕ ਕੁਮਾਰ ਪਲਤਾ ਰਿਟਾਇਰਡ ਐੱਸ.ਡੀ.ਓ. ਸਮੇਤ ਇਲਾਕੇ ਤੇ ਜ਼ੀਰਾ ਸ਼ਹਿਰ ਦੇ ਸੈਂਕੜੇ ਪਤਵੰਤੇ ਹਾਜ਼ਰ ਹੋਏ।ਮੰਚ ਦਾ ਸੰਚਾਲਨ ਉੱਘੇ ਚਿੰਤਕ ਤੇ ਸਾਹਿਤਕਾਰ ਡਾਕਟਰ ਗੁਰਚਰਨ ਸਿੰਘ ਨੂਰਪੁਰ ਵੱਲੋਂ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਸਭਾ ਦੇ ਪ੍ਰਧਾਨ ਦਲਜੀਤ ਰਾਏ ਕਾਲੀਆਂ ਨੇ ਦੂਰ ਦੁਰਾਡੇ ਤੋਂ ਆਏ ਹੋਏ ਸਾਹਿਤਕਾਰਾਂ ਤੇ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਦਰਸ਼ਕਾਂ ਦਾ ਧੰਨਵਾਦ ਕੀਤਾ। ਦੂਰਦਰਸ਼ਨ ਕੇਂਦਰ ਜਲੰਧਰ ਦੇ ਪ੍ਰੋਡਿਊਸਰ ਅਮਰਜੀਤ ਸਿੰਘ ਕੁੱਕੂ ਦੀ ਅਗਵਾਈ ਹੇਠ ਸਾਰੇ ਪ੍ਰੋਗਰਾਮ ਦੀ ਕਵਰੇਜ ਕੀਤੀ ਗਈ।ਊੜਾ ਪ੍ਰਕਾਸ਼ਨ ਦੇ ਮਾਲਕ ਅਵਤਾਰ ਸਿੰਘ ਮੰਗਾ ਤੇ ਠੇਕਾ ਕਿਤਾਬ ਘਰ ਵੱਲੋਂ ਕਿਤਾਬਾਂ ਦੇ ਸਟਾਲ ਲਗਾਏ ਗਏ।ਆਖਿਰ ਵਿੱਚ ਸਾਹਿਤ ਸਭਾ ਜ਼ੀਰਾ ਦਾ ਸਾਲਾਨਾ ਸਾਹਿਤ ਕਲਾ ਤੇ ਪੁਸਤਕ ਮੇਲਾ ਅਮਿਟ ਯਾਦਾਂ ਛੱਡਦਾ ਸੰਪੰਨ ਹੋਇਆ।

## ਕਾਤਰਾਂ

### 180 ਗ੍ਰਾਮ ਹੈਰੋਇਨ ਸਮੇਤ 2 ਕਾਬੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਇੰਸਪੈਕਟਰ ਰਾਜਵੀਰ ਸਿੰਘ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਤੇ ਪੁਲਸ ਪਾਰਟੀ ਵੱਲੋਂ ਕਾਰਵਾਈ ਕਰਦੇ ਹੋਏ 2 ਨੌਜਵਾਨਾਂ ਨੂੰ 180 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਜਾਣਕਾਰੀ ਅਨੁਸਾਰ ਪੁਲਸ ਪਾਰਟੀ ਵੱਲੋਂ ਮੁਕਤਸਰ-ਫਿਰੋਜ਼ਪੁਰ ਮੇਨ ਰੋਡ ਤੋਂ ਪਿੰਡ ਭੰਗੇਵਾਲਾ ਨੂੰ ਜਾਣ ਵਾਲੇ ਕੱਚੇ ਰਸਤੇ ਉੱਤੇ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਇੱਕ ਸਿਲਵਰ ਰੰਗ ਦੀ ਕਾਰ ਸ਼ੱਕੀ ਹਾਲਤ ਵਿੱਚ ਖੜੀ ਦਿਖਾਈ ਦਿੱਤੀ।ਗੱਡੀ ਦੀ ਤਲਾਸ਼ੀ ਦੌਰਾਨ ਉਸ ਵਿੱਚੋਂ 180 ਗ੍ਰਾਮ ਹੈਰੋਇਨ ਬਰਾਮਦ ਹੋਈ।ਗੁਰਪ੍ਰੀਤ ਸਿੰਘ ਪੁੱਤਰ ਜਗਸੀਰ ਸਿੰਘ ਵਾਸੀ ਪਿੰਡ ਨੂਰਪੁਰ ਸੇਠਾਂ ਜ਼ਿਲ੍ਹਾ ਫਿਰੋਜ਼ਪੁਰ, ਵੰਸ਼ ਪੁੱਤਰ ਦੇਸ ਰਾਜ ਵਾਸੀ ਪਿੰਡ ਨੂਰਪੁਰ ਸੇਠਾਂ ਜ਼ਿਲ੍ਹਾ ਫਿਰੋਜ਼ਪੁਰ ਖ਼ਿਲਾਫ਼ ਥਾਣਾ ਸਦਰ ਵਿਖੇ ਮੁਕੱਦਮਾ ਦਰਜ ਕਰ ਲਿਆ ਹੈ ਤੇ ਅਗਲੀ ਤਫ਼ਤੀਸ਼ ਜਾਰੀ ਹੈ।

### ਟਰੱਕ-ਕਰੇਟਾ ਟੱਕਰ 'ਚ ਚਾਰ ਨੌਜਵਾਨ ਜ਼ਖਮੀ

**ਬਰੇਟਾ (ਰੀਤਵਾਲ)**-ਬੀਤੀ ਰਾਤ ਬਰੇਟਾ-ਜਾਖਲ ਹਾਈਵੇਅ 'ਤੇ ਇੱਕ ਟਰੱਕ ਤੇ ਕਰੇਟਾ ਕਾਰ ਵਿਚਕਾਰ ਹੋਈ ਟੱਕਰ ਵਿੱਚ ਚਾਰ ਨੌਜਵਾਨ ਜ਼ਖ਼ਮੀ ਹੋ ਗਏ।ਇਕੱਤਰ ਜਾਣਕਾਰੀ ਅਨੁਸਾਰ ਸ਼ਨੀਵਾਰ ਦੀ ਰਾਤ 8 ਵਜੇ ਦੇ ਕਰੀਬ ਇੱਟਾਂ ਨਾਲ ਭਰਿਆ ਇੱਕ ਟਰੱਕ ਬਰੇਟਾ ਪੁਲ 'ਤੇ ਜਾਖਲ ਵੱਲ ਜਾ ਰਿਹਾ ਸੀ।ਇਸ ਦੌਰਾਨ ਇੱਕ ਕਰੇਟਾ ਕਾਰ ਪੂਰੀ ਰਫ਼ਤਾਰ ਨਾਲ ਆਈ ਤੇ ਡਰਾਈਵਰ ਨੇ ਟਰੱਕ ਨੂੰ ਸਿੱਧਾ ਟੱਕਰ ਮਾਰ ਦਿੱਤੀ, ਜਿਸ ਨਾਲ ਕਾਰ ਪੂਰੀ ਤਰ੍ਹਾਂ ਕੁਚਲ ਗਈ।ਥੋੜ੍ਹੀ ਦੇਰ ਬਾਅਦ ਬਰੇਟਾ ਪੁਲਸ ਮੌਕੇ 'ਤੇ ਪਹੁੰਚੀ ਤੇ ਗੰਭੀਰ ਜ਼ਖ਼ਮੀਆਂ ਨੂੰ ਇਲਾਜ ਲਈ ਬੁਢਲਾਡਾ ਸਿਵਲ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ।ਪਤਾ ਲੱਗਾ ਕਿ ਕਰੇਟਾ ਕਾਰ ਵਿੱਚ ਚਾਰ ਨੌਜਵਾਨ ਸਵਾਰ ਸਨ, ਜਿਨ੍ਹਾਂ 'ਚੋਂ ਦੋ ਵਿਅਕਤੀਆਂ ਦੀ ਹਾਲਤ ਨਾਜ਼ੁਕ ਦੇਖਦੇ ਹੋਏ ਇੱਕ ਨੌਜਵਾਨ ਨੂੰ ਬਠਿੰਡਾ ਤੇ ਇੱਕ ਨੂੰ ਲੁਧਿਆਣਾ ਦੇ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ ਹੈ।

### ਪਵਨ ਕੁਮਾਰ ਪੱਬੀ ਨਮਿੱਤ ਪਾਠ ਦੇ ਭੋਗ ਪਾਏ



**ਲੌਂਗੋਵਾਲ (ਪ੍ਰਦੀਪ ਸੱਪਲ)**-ਪਿਛਲੇ ਦਿਨੀਂ ਪੱਤੀ ਜੈਦ ਵਾਸੀ ਤੇ ਮਿਲਣਸਾਰ ਪਰਿਵਾਰ ਮੁਨੀਸ਼ ਕੁਮਾਰ, ਹਨੀਸ਼ ਕੁਮਾਰ ਗਰਗ ਤੇ ਨਿਸ਼ਾਂਤ ਗਰਗ ਦੇ ਪਿਤਾ ਪਵਨ ਕੁਮਾਰ ਪੱਬੀ ਦਾ ਦਿਹਾਂਤ ਹੋ ਗਿਆ ਸੀ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਗਰੁੜ ਪੁਰਾਣ ਜੀ ਦੇ ਪਾਠ ਦੇ ਭੋਗ ਸ਼ਿਵ ਮੰਦਿਰ ਪੱਤੀ ਸੁਨਾਮੀ ਵਿਖ ਪਾਏ ਗਏ।ਇਸ ਮੌਕੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਥੇਦਾਰ ਉਦੈ ਸਿੰਘ ਲੌਂਗੋਵਾਲ, ਮਹਿੰਦਰ ਸਿੰਘ ਦੁੱਲਟ, ਵਪਾਰ ਮੰਡਲ ਪ੍ਰਧਾਨ ਅੰਮ੍ਰਿਤਪਾਲ ਸਿੰਗਲਾ, ਕਾਂਗਰਸੀ ਆਗੂ ਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੁਖਵਿੰਦਰ ਪਾਲ, ਜਗਪਾਲ ਸਿੰਘ ਸੰਮੀ, ਪਵਨ ਕੁਮਾਰ ਬਾਬਲਾ, ਸੁਰਿੰਦਰਪਾਲ ਲੀਲਾ ਸਾਬਕਾ ਕੌਂਸਲਰ, ਬਲਵਿੰਦਰ ਸਿੰਘ ਢਿੱਲੋਂ, ਬਲਵੰਤ ਸਿੰਘ ਕੈਨੇਡਾ, ਅੰਮ੍ਰਿਤਪਾਲ ਸਿੰਘ ਸਿੱਧੂ, ਮੇਲਾ ਸਿੰਘ ਸੂਬੇਦਾਰ, ਵਿਜੇ ਗੋਇਲ, ਕਾਲਾ ਮਿੱਤਲ, ਹਰਦੀਪ ਖਾਂ, ਸੰਜੇ ਸੈਨ, ਭਾਜਪਾ ਮੰਡਲ ਸਰਕਲ ਪ੍ਰਧਾਨ ਰਤਨ ਕੁਮਾਰ ਮੰਗੂ ਤੇ ਹੋਰਨਾਂ ਨੇ ਸ਼ਰਧਾਂਜਲੀ ਭੇਟ ਕੀਤੀ।

# ਮਿੱਡ-ਡੇ ਮੀਲ ਵਰਕਰਾਂ ਵੱਲੋਂ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਪੱਧਰੀ ਰੈਲੀ

## ਅਧਿਕਾਰੀ ਨੇ ਜਥੇਬੰਦੀ ਨੂੰ 6 ਦੀ ਮੀਟਿੰਗ ਦਾ ਲਿਖਤੀ ਪੱਤਰ ਸੌਂਪਿਆ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਲਾਲ ਝੰਡਾ ਮਿੱਡ-ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਰਾਮਬਾਗ ਧੂਰੀ ਵਿਖੇ ਜ਼ਿਲ੍ਹਾ ਪੱਧਰੀ ਰੈਲੀ ਕੀਤੀ ਗਈ, ਜਿਸ ਵਿੱਚ ਪੰਜਾਬ ਭਰ ਤੋਂ ਆਏ ਮਿੱਡ-ਡੇ ਮੀਲ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਰੈਲੀ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੀ ਸੂਬਾ ਪ੍ਰਧਾਨ ਜਸਮੇਲ ਕੌਰ ਬੀਰਕਲਾਂ ਤੇ ਜਨਰਲ ਸਕੱਤਰ ਖੁਸ਼ਪ੍ਰੀਤ ਕੌਰ ਚੰਗਾਲ ਨੇ ਸੰਬੋਧਨ ਕਰਦਿਆਂ ਨੂੰ ਪੰਜਾਬ ਸਰਕਾਰ ਮਿੱਡ-ਡੇ ਮੀਲ ਵਰਕਰਾਂ ਨੂੰ ਘੱਟ ਘੱਟ 26000 ਰੁਪਏ ਮਹੀਨਾ ਤਨਖਾਹ ਦੇਣੀ ਯਕੀਨੀ ਬਣਾਉਣ, ਵਰਕਰਾਂ ਨੂੰ ਲੇਬਰ ਕਾਨੂੰਨ ਦੇ ਘੇਰੇ 'ਚ ਲਿਆਉਣ, ਗਰਮੀ ਤੇ ਸਰਦੀਆਂ ਦੀ ਵਰਦੀ ਦੇਣ, ਕਿਸੇ ਵਰਕਰ ਨਾਲ ਅਣਹੋਣੀ ਹੋਣ ਦੀ ਸੂਰਤ 'ਚ ਘੱਟੋ ਘੱਟ 10 ਲੱਖ ਰੁਪਏ ਮੁਆਵਜ਼ਾ ਤੇ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ, ਸਕੂਲਾਂ 'ਚ ਜਬਰੀ ਕਰਵਾਈ ਜਾਂਦੀ ਵਗਾਰ ਨੂੰ ਬੰਦ ਕਰਵਾਉਣ ਸਮੇਤ ਸਾਰੀਆਂ ਮੰਗਾਂ ਪੂਰੀਆਂ ਕਰਨ ਦੀ ਅਪੀਲ ਹੱਕੀ ਤੇ ਜਾਇਜ਼ ਮੰਗਾਂ ਤੁਰੰਤ ਪੂਰੀਆਂ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਨਾਲ ਯੂਨੀਅਨ ਦੀਆਂ ਦਰਜਨਾਂ ਮੀਟਿੰਗਾਂ ਹੋ ਚੁੱਕੀਆਂ ਹਨ ਤੇ ਹਾਂ-ਪੱਖੀ ਹੁੰਗਾਰਾ ਮਿਲਣ ਦੇ ਬਾਵਜੂਦ ਮੰਗਾਂ ਅਮਲੀ ਰੂਪ 'ਚ ਲਾਗੂ ਨਹੀਂ ਹੋ ਰਹੀਆਂ।ਉਨ੍ਹਾਂ ਕਿਹਾ ਕਿ ਜੇਕਰ ਉਪਰੋਕਤ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਆਗਾਮੀ ਵਿਧਾਨ ਸਭਾ ਚੋਣਾਂ 'ਚ ਸਰਕਾਰ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ।ਹੋਰਨਾਂ 'ਚ ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ ਮੱਖਣ ਬੀਰ, ਨਿਰਮਲ ਕੌਰ ਸੁਨਾਮ, ਜਸਪ੍ਰੀਤ ਕੌਰ ਸੁਨਾਮ, ਸੁਖਵਿੰਦਰ ਕੌਰ ਰਣੀਕੇ, ਸੁਖਵਿੰਦਰ ਕੌਰ ਜਖੇਪਲ, ਚਰਨਜੀਤ ਕੌਰ ਆਦਰਸ਼ ਸਕੂਲ ਭੁਪਾਲ ਆਦਿ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਰੈਲੀ 'ਚ ਪੁੱਜੇ ਥਾਣਾ ਸਿਟੀ ਦੇ ਇੰਚਾਰਜ ਜਸਵੀਰ ਸਿੰਘ ਤੂਰ ਵੱਲੋਂ ਯੂਨੀਅਨ ਆਗੂਆਂ ਨੂੰ ਪੰਜਾਬ ਸਰਕਾਰ ਵੱਲੋਂ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨਾਲ 6 ਮਾਰਚ ਦੀ ਮੀਟਿੰਗ ਸਬੰਧੀ ਲਿਖਤੀ ਪੱਤਰ ਸੌਂਪਿਆ ਗਿਆ। ਕੀਤੀ।ਭੱਠਾ ਵਰਕਰ ਯੂਨੀਅਨ (ਸੀਟੂ) ਤੇ ਮਿੱਡ-ਡੇ ਮੀਲ ਵਰਕਰ ਯੂਨੀਅਨ ਦੇ ਕਨਵੀਨਰ ਮੱਖਣ ਸਿੰਘ ਜਖੇਪਲ, ਸੀਟੂ ਦੇ ਪ੍ਰਧਾਨ ਦੇਵ ਰਾਜ ਵਰਮਾ, ਸਾਥੀ ਮੇਜਰ ਸਿੰਘ ਪੁੰਨਾਵਾਲ, ਇੰਦਰਪਾਲ ਸਿੰਘ ਪੁੰਨਾਵਾਲ, ਨਰੇਗਾ ਪ੍ਰਧਾਨ ਸ਼ੇਰ ਸਿੰਘ ਫਰਵਾਹੀ ਤੇ ਹਰਪਾਲ ਕੌਰ ਬਰਨਾਲਾ ਨੇ ਰੈਲੀ ਨੂੰ ਸੰਬੋਧਨ ਕਰਦਿਆਂ

# ਸਰਕਾਰ ਬਣਨ 'ਤੇ ਪੰਜਾਬ ਦੇ ਨੌਜਵਾਨਾਂ ਨੂੰ ਹੀ ਨੌਕਰੀਆਂ ਦੇਵਾਂਗੇ : ਸੁਖਬੀਰ ਬਾਦਲ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦਾ ਬਿਗੁਲ ਵਜਾਉਂਦਿਆਂ ਇੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਤਰ ਹੋਏ ਇਲਾਕੇ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੇ ਵਿਰੋਧੀ ਪਾਰਟੀਆਂ ਤੇ ਮੌਜੂਦਾ ਸਰਕਾਰ 'ਤੇ ਜੰਮ ਕੇ ਰਗੜੇ ਲਾਏ।ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਵਿੱਚ 'ਪੰਜਾਬ ਬਚਾਓ, ਸੁਖਬੀਰ ਲਿਆਓ' ਸਲੋਗਨ ਤਹਿਤ ਸਥਾਨਕ ਦਾਣਾ ਮੰਡੀ ਵਿੱਚ ਆਯੋਜਿਤ ਰੈਲੀ ਨੂੰ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪਿਛਲੇ 9 ਸਾਲਾਂ ਵਿੱਚ ਕਾਂਗਰਸ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦਾ ਨਾਸ ਮਾਰ ਕੇ ਰੱਖ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਤੋਂ ਇਲਾਵਾ ਸਾਰੇ ਰਾਜ ਚੰਗੀ ਤਰੱਕੀ ਕਰ ਰਹੇ ਹਨ, ਪਰ ਪੰਜਾਬ ਬਹੁਤ ਪਿੱਛੇ ਰਹਿ ਗਿਆ ਹੈ।ਉਨ੍ਹਾਂ ਕਿਹਾ ਕਿ ਇਸ ਸਮੇਂ ਪੰਜਾਬ ਵਿੱਚ ਗੁੰਡਾਗਰਦੀ, ਫ਼ਿਰੌਤੀਆਂ ਤੇ ਗੈਂਗਸਟਰਵਾਦ ਦਾ ਬੋਲਬਾਲਾ ਹੈ।ਉਨ੍ਹਾਂ ਕਿਹਾ ਕਿ ਨਸ਼ਾ ਘਰ ਘਰ ਮਿਲਣ ਲੱਗ ਪਿਆ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸੂਬੇ ਦੀ ਤਰੱਕੀ ਵੱਲ ਧਿਆਨ ਦੇਣ ਦੀ ਬਜਾਏ ਅਕਾਲੀ ਆਗੂਆਂ ਨਾਲ ਬਦਲਾਖੋਰੀ ਕਰ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਪੰਜਾਬ ਦਾ ਪੈਸਾ ਆਪਣੀ ਸਰਕਾਰ ਦੀ ਇਸ਼ਤਿਹਾਰਬਾਜ਼ੀ 'ਤੇ ਖਰਚ ਕਰ ਰਹੀ ਹੈ।ਇਹ ਇਸ਼ਤਿਹਾਰਬਾਜ਼ੀ ਪੰਜਾਬ ਹੀ ਨਹੀਂ ਦੂਸਰੇ ਰਾਜਾਂ ਤੱਕ ਪਹੁੰਚ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਮੁਕੰਮਲ ਅਮਨ ਸ਼ਾਂਤੀ ਬਹਾਲ ਹੋਵੇਗੀ।ਡਰੱਗ ਮਾਫੀਆ, ਗੈਂਗਸਟਰਵਾਦ ਤੋਂ ਆਜ਼ਾਦੀ ਮਿਲੇਗੀ। ਗਰੀਬਾਂ ਲਈ ਵਿਸ਼ੇਸ਼ ਸਕੀਮਾਂ ਚਾਲੂ ਕੀਤੀਆਂ ਜਾਣਗੀਆਂ।ਮੌਜੂਦਾ ਸਰਕਾਰ ਪੰਜਾਬ ਦੇ ਨੌਜਵਾਨਾਂ ਦੀ ਬਜਾਏ ਬਾਹਰੀ ਰਾਜਾਂ ਦੇ ਨੌਜਵਾਨਾਂ ਨੂੰ ਨੌਕਰੀਆਂ ਦੇ ਰਹੀ ਹੈ, ਜਦਕਿ ਪੰਜਾਬ ਦਾ ਨੌਜਵਾਨ ਬੇਰੋਜ਼ਗਾਰੀ ਕਾਰਨ ਵਿਦੇਸ਼ਾਂ ਨੂੰ ਭੱਜ ਰਿਹਾ ਹੈ।ਇਹ ਸਿਲਸਿਲਾ ਬੰਦ ਕਰਕੇ ਸਰਕਾਰੀ ਨੌਕਰੀਆਂ ਪੰਜਾਬ ਦੇ ਨੌਜਵਾਨਾਂ ਨੂੰ ਹੀ ਮਿਲਣਗੀਆਂ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਇੱਕ ਇੱਕ ਕਾਲਜ ਖੋਲ੍ਹਿਆ ਜਾਵੇਗਾ। ਸਕਿਲਡ ਯੂਨੀਵਰਸਿਟੀ ਸਥਾਪਤ ਕੀਤੀ ਜਾਵੇਗੀ।ਸਕਿਲਡ ਸੈਂਟਰ ਖੋਲ੍ਹੇ ਜਾਣਗੇ, ਤਾਂ ਜੋ ਪੰਜਾਬ ਦੇ ਨੌਜਵਾਨ ਆਪਣਾ ਕਾਰੋਬਾਰ ਸ਼ੁਰੂ ਕਰਕੇ ਆਪਣੇ ਪੈਰਾਂ 'ਤੇ ਖੜੋ ਸਕਣ।ਉਨ੍ਹਾਂ ਕਿਹਾ ਕਿ ਲਘੂ ਉਦਯੋਗਾਂ ਲਈ ਦਸ ਲੱਖ ਦਾ ਬਿਨਾਂ ਵਿਆਜ ਕਰਜ਼ਾ ਨੌਜਵਾਨਾਂ ਨੂੰ ਦਿੱਤਾ ਜਾਵੇਗਾ।ਪਿੰਡਾਂ ਦੀ ਹਰ ਪੱਖੋਂ ਤਰੱਕੀ ਵੱਲ ਵਿਸ਼ੇਸ਼ ਤਵੱਜੋਂ ਦਿੱਤੀ ਜਾਵੇਗੀ।ਆਟਾ ਦਾਲ ਸਕੀਮ ਜੋ ਸਰਕਾਰ ਨੇ ਬੰਦ ਕਰ ਦਿੱਤੀ ਹੈ, ਮੁੜ ਚਾਲੂ ਕੀਤੀ ਜਾਵੇਗੀ।ਲੜਕੀਆਂ ਦੇ ਵਿਆਹ 'ਤੇ ਇੱਕ ਲੱਖ ਰੁਪਏ ਸ਼ਗਨ ਸਕੀਮ ਤਹਿਤ ਦਿੱਤਾ ਜਾਵੇਗਾ। ਪੈਨਸ਼ਨ ਦੀ ਰਾਸ਼ੀ 3100 ਰੁਪਏ ਹੋਵੇਗੀ ਤੇ ਹਰ ਕਿਸਾਨ ਨੂੰ ਖੇਤੀਬਾੜੀ ਲਈ ਇੱਕ ਟਿਊਬਵੈੱਲ ਕਨੈਕਸ਼ਨ ਦਿੱਤਾ ਜਾਵੇਗਾ।ਇਸ ਮੌਕੇ ਸਾਬਕਾ ਮੰਤਰੀ ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਸਾਕਾਰ ਦੀ ਨਾਲਾਇਕੀ ਕਾਰਨ ਪੰਜਾਬ ਕਰਜ਼ਾਈ ਹੋ ਗਿਆ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਭਾਈਚਾਰਕ ਸਾਂਝ ਦੀ ਮੁੱਦਈ ਹੈ।ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਨੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹੁਣ ਸ਼੍ਰੋਮਣੀ ਅਕਾਲੀ ਦਲ ਦੀ ਲਹਿਰ ਚਲ ਪਈ ਹੈ।ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਵੀ ਆਪਣੇ ਵਿਚਾਰ ਰੱਖੇ।

# ਅਰਬ ਦੇਸ਼ਾਂ 'ਚ ਫਸੇ ਭਾਰਤੀਆਂ ਦੀ ਵਾਪਸੀ ਲਈ ਪੀ ਐੱਮ ਮੋਦੀ ਤੁਰੰਤ ਦਖਲ ਦੇਣ : ਸੰਧਵਾਂ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਈਰਾਨ-ਇਜ਼ਰਾਈਲ ਜੰਗ ਕਾਰਨ ਪੈਦਾ ਹੋਏ ਹਾਲਾਤਾਂ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ।ਉਨ੍ਹਾਂ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਹੈ ਕਿ ਦੁਬਈ ਏਅਰਪੋਰਟ ਤੇ ਹੋਰ ਅਰਬ ਦੇਸ਼ਾਂ ਵਿੱਚ ਫਸੇ ਭਾਰਤੀ ਨਾਗਰਿਕਾਂ ਦੀ ਸੁਰੱਖਿਅਤ ਵਤਨ ਵਾਪਸੀ ਲਈ ਨਿੱਜੀ ਤੌਰ 'ਤੇ ਦਖਲਅੰਦਾਜ਼ੀ ਕਰਨ।ਸਪੀਕਰ ਸੰਧਵਾਂ ਨੇ ਮੀਡੀਆ ਰਿਪੋਰਟਾਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਮੌਜੂਦਾ ਜੰਗੀ ਹਾਲਾਤਾਂ ਕਾਰਨ ਵੱਡੀ ਗਿਣਤੀ ਵਿੱਚ ਭਾਰਤੀ ਨਾਗਰਿਕ ਖਾੜੀ ਦੇਸ਼ਾਂ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਅਜਿਹੀਆਂ ਨਾਜ਼ੁਕ ਸਥਿਤੀਆਂ ਵਿੱਚ ਤੇਜ਼ ਰਫ਼ਤਾਰ ਕੂਟਨੀਤਕ ਤੇ ਪ੍ਰਸ਼ਾਸਨਕ ਕਦਮ ਬਹੁਤ ਜ਼ਰੂਰੀ ਹੁੰਦੇ ਹਨ ਤਾਂ ਜੋ ਕੋਈ ਵੀ ਨਾਗਰਿਕ ਬਿਨਾਂ ਸਹਾਇਤਾ ਦੇ ਵਿਦੇਸ਼ੀ ਧਰਤੀ 'ਤੇ ਨਾ ਰਹਿ ਜਾਵੇ।ਸਪੀਕਰ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਪ੍ਰਭਾਵਿਤ ਭਾਰਤੀਆਂ ਦੀ ਸੁਰੱਖਿਅਤ ਵਾਪਸੀ ਨੂੰ ਸਭ ਤੋਂ ਉੱਚੀ ਤਰਜੀਹ ਦਿੱਤੀ ਜਾਵੇ।ਸੰਬੰਧਤ ਦੇਸ਼ਾਂ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਵਿਸ਼ੇਸ਼ ਉਡਾਣਾਂ ਦਾ ਪ੍ਰਬੰਧ ਕੀਤਾ ਜਾਵੇ।ਹਰ ਭਾਰਤੀ ਦੀ ਸੁਰੱਖਿਆ ਤੇ ਮਰਿਆਦਾ ਨੂੰ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ।ਸੰਧਵਾਂ ਨੇ ਜ਼ੋਰ ਦੇ ਕੇ ਕਿਹਾ ਕਿ ਸੰਕਟ ਦੀ ਇਸ ਘੜੀ ਵਿੱਚ ਕੇਂਦਰ ਸਰਕਾਰ ਦਾ ਤੁਰੰਤ ਐਕਸ਼ਨ ਪ੍ਰਭਾਵਿਤ ਪਰਵਾਰਾਂ ਨੂੰ ਵੱਡੀ ਰਾਹਤ ਦੇ ਸਕਦਾ ਹੈ।

# ਫਤਿਹ ਕਾਲਜ ਵਿਖੇ ਵਿਦਿਆਰਥੀਆਂ ਤੇ ਵਿਦਿਆਰਥਣਾਂ ਨਾਲ ਨਸ਼ਿਆਂ 'ਤੇ ਖੁੱਲ੍ਹਾ ਸੰਵਾਦ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਮਜ਼ਬੂਤ ਕਰਦਿਆਂ ਸੀਨੀਅਰ ਪੁਲਸ ਅਧਿਕਾਰੀਆਂ ਨੇ ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ (ਫਤਿਹ ਕਾਲਜ) ਰਾਮਪੁਰਾ ਫੂਲ ਵਿਖੇ ਵਿਦਿਆਰਥੀਆਂ ਤੇ ਵਿਦਿਆਰਥਣਾਂ ਨਾਲ ਖੁੱਲ੍ਹੇ ਸੰਵਾਦ ਦਾ ਆਯੋਜਨ ਕੀਤਾ।ਇਸ ਸਮਾਗਮ ਵਿੱਚ ਵਿਸ਼ੇਸ਼ ਡੀਜੀਪੀ (ਸਪੈਸ਼ਲ) ਡਾ. ਜਤਿੰਦਰ ਕੁਮਾਰ ਜੈਨ, ਡੀਆਈਜੀ ਬਠਿੰਡਾ ਹਰਜੀਤ ਸਿੰਘ, ਐੱਸ ਐੱਸ ਪੀ ਡਾ. ਜਯੋਤੀ ਯਾਦਵ ਸਮੇਤ ਹੋਰ ਅਧਿਕਾਰੀ ਮੌਜੂਦ ਸਨ।ਅਧਿਕਾਰੀਆਂ ਨੇ ਨਸ਼ਿਆਂ ਦੇ ਖਤਰੇ ਬਾਰੇ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਆਪਣੇ ਵਿਚਾਰ ਰੱਖਣ ਦੀ ਪੂਰੀ ਖੁੱਲ੍ਹ ਦਿੱਤੀ। ਵਿਦਿਆਰਥੀਆਂ ਨੇ ਵੀ ਸਰਗਰਮੀ ਨਾਲ ਹਿੱਸਾ ਲਿਆ, ਸਵਾਲ ਕੀਤੇ ਤੇ ਨਸ਼ਿਆਂ ਦੇ ਨੁਕਸਾਨ ਬਾਰੇ ਭਾਸ਼ਣ ਦਿੱਤੇ। ਡਾ. ਜਤਿੰਦਰ ਕੁਮਾਰ ਜੈਨ ਨੇ ਕਿਹਾ ਕਿ ਪੰਜਾਬ ਪੁਲਸ ਤੇ ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਪੂਰੀ ਤਾਕਤ ਨਾਲ ਲੱਗੇ ਹੋਏ ਹਨ।ਨਸ਼ਾ ਤਸਕਰਾਂ ਨੂੰ ਜੇਲ੍ਹਾਂ ਵਿੱਚ ਪਾਇਆ ਗਿਆ ਤੇ ਉਨ੍ਹਾਂ ਦੀਆਂ ਜਾਇਦਾਦਾਂ ਅਟੈਚ ਕੀਤੀਆਂ ਗਈਆਂ ਹਨ।ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ।ਡੀਆਈਜੀ ਹਰਜੀਤ ਸਿੰਘ ਨੇ ਨੌਜਵਾਨਾਂ ਨੂੰ ਪੁਲਸ ਤੇ ਸਰਕਾਰ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਤੇ ਕਿਹਾ ਕਿ ਮਾਪਿਆਂ ਨੂੰ ਵੀ ਇਸ ਮੁਹਿੰਮ ਵਿੱਚ ਸ਼ਾਮਲ ਕਰਨ ਨਾਲ ਨਤੀਜੇ ਹੋਰ ਵਧੀਆ ਹੋਣਗੇ।ਐੱਸ ਐੱਸ ਪੀ ਡਾ. ਜਯੋਤੀ ਯਾਦਵ ਨੇ ਵਿਦਿਆਰਥੀਆਂ ਨੂੰ ਨਸ਼ਾ ਤਸਕਰਾਂ ਦੀ ਜਾਣਕਾਰੀ ਬੇਖੌਫ ਹੋ ਕੇ ਦੇਣ ਦੀ ਅਪੀਲ ਕੀਤੀ।ਉਨ੍ਹਾਂ ਯਕੀਨ ਦਿਵਾਇਆ ਕਿ ਜਾਣਕਾਰੀ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ ਤੇ ਉਨ੍ਹਾਂ ਦਾ ਸਤਿਕਾਰ ਵੀ ਕੀਤਾ ਜਾਵੇਗਾ।ਡੀਐੱਸਪੀ ਸਪੈਸ਼ਲ ਗੁਰਪ੍ਰੀਤ ਸਿੰਘ ਨੇ ਨਸ਼ੇ ਦੇ ਆਦੀ ਵਿਅਕਤੀਆਂ ਪ੍ਰਤੀ ਹਮਦਰਦੀ ਵਾਲਾ ਰਵੱਈਆ ਅਪਣਾਉਣ ਤੇ ਮਨੋਵਿਗਿਆਨਕ ਤਰੀਕਿਆਂ ਨਾਲ ਉਨ੍ਹਾਂ ਨੂੰ ਮੁੱਖ ਧਾਰਾ 'ਚ ਲਿਆਉਣ 'ਤੇ ਜ਼ੋਰ ਦਿੱਤਾ।

ਕਾਲਜ ਚੇਅਰਮੈਨ ਐੱਸ. ਐੱਸ. ਚੱਠਾ ਨੇ ਪੁਲਸ ਅਧਿਕਾਰੀਆਂ ਦੀ ਆਮਦ ਦਾ ਸਵਾਗਤ ਕਰਦਿਆਂ ਇਸ ਸੰਵਾਦ ਨੂੰ ਨਸ਼ਿਆਂ ਦੇ ਖਾਤਮੇ ਲਈ ਸਾਰਥਕ ਕਦਮ ਦੱਸਿਆ।ਕਾਲਜ ਐੱਮ. ਡੀ. ਐੱਸ. ਐੱਸ. ਚੱਠਾ ਨੇ ਵੀ ਆਪਸੀ ਭਰੋਸੇ ਵਧਾਉਣ ਵਾਲੇ ਇਸ ਪ੍ਰੋਗਰਾਮ ਦੀ ਸ਼ਲਾਘਾ ਕੀਤੀ। ਸਮਾਗਮ ਵਿੱਚ ਪੁਲਸ ਭਰਤੀ ਤੇ ਨਸ਼ਾ ਛੁਡਾਊ ਕੇਂਦਰਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਵਿਦਿਆਰਥੀਆਂ ਨੂੰ ਪੁਲਸ ਅਧਿਕਾਰੀਆਂ ਵੱਲੋਂ ਸਨਮਾਨਤ ਕੀਤਾ ਗਿਆ।

# ਅਮਿਤ ਅਰੋੜਾ ਦੀ ਯਾਦ 'ਚ ਦਿਲ ਦੀਆਂ ਬਿਮਾਰੀਆਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ

**ਜਗਰਾਉਂ (ਅਮਿਤ ਖੰਨਾ)**-ਸਵਰਗਵਾਸੀ ਅਮਿਤ ਅਰੋੜਾ ਦੀ ਯਾਦ ਵਿੱਚ ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਦਿਲ ਦੀ ਬਿਮਾਰੀਆਂ ਦਾ ਮੁਫਤ ਚੈੱਕਅਪ ਕੈਂਪ ਸੀ ਐੱਮ ਸੀ ਹਸਪਤਾਲ ਦੇ ਸਹਿਯੋਗ ਨਾਲ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਲਿੰਕ ਰੋਡ ਸਾਹਮਣੇ ਰੇਲਵੇ ਸਟੇਸ਼ਨ ਜਗਰਾਉਂ ਵਿਖੇ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲਗਾਏ ਦਿਲ ਦੀਆਂ ਬਿਮਾਰੀਆਂ ਦੀ ਮੁਕਤ ਚੈੱਕਅਪ ਕੈਂਪ ਵਿੱਚ ਸੀ ਐੱਮ ਸੀ ਹਸਪਤਾਲ ਦੇ ਦਿਲ ਦੇ ਰੋਗਾਂ ਦੇ ਮਾਹਰ ਡਾਕਟਰ ਐੱਚ ਓ ਡੀ ਗੁਰਭੇਜ ਸਿੰਘ ਨੇ 64 ਮਰੀਜ਼ਾਂ ਦਾ ਚੈੱਕਅਪ ਕੀਤਾ, ਜਿਨ੍ਹਾਂ ਨੂੰ ਦਵਾਈਆਂ ਮੁਫਤ ਦਿੱਤੀਆਂ ਗਈਆਂ। ਕੈਂਪ ਵਿੱਚ 52 ਮਰੀਜ਼ਾਂ ਦੀ ਈ ਸੀ ਜੀ ਟੈਸਟ ਤੇ 49 ਮਰੀਜ਼ਾਂ ਦਾ ਸ਼ੂਗਰ ਟੈਸਟ ਵੀ ਮੁਫਤ ਵਿੱਚ ਕੀਤਾ ਗਿਆ। ਇਸ ਮੌਕੇ ਡਾਕਟਰ ਗੁਰਭੇਜ ਸਿੰਘ ਗਿੱਲ ਨੇ ਮਰੀਜ਼ਾਂ ਨੂੰ ਦਿਲ ਦੀਆਂ ਬਿਮਾਰੀਆਂ ਤੋਂ ਬਚਣ ਦੇ ਨੁਕਤੇ ਦੱਸਦੇ ਹੋਏ ਕਿਹਾ ਕਿ ਸਾਨੂੰ ਆਪਣੀ ਤੰਦਰੁਸਤੀ ਲਈ ਸਮੇਂ ਸਮੇਂ ਲੜੀਂਦੇ ਟੈਸਟ ਕਰਵਾਉਂਦੇ ਰਹਿਣਾ ਚਾਹੀਦਾ ਹੈ। ਕੈਂਪ ਵਿੱਚ ਸੀ ਐੱਮ ਸੀ ਹਸਪਤਾਲ ਦੀ ਕੋਆਰਡੀਨੇਟਰ ਡੋਲੀ ਦੀ ਅਗਵਾਈ ਵਿੱਚ ਟੀਮ ਨੇ ਆਪਣੀਆਂ ਸੇਵਾਵਾਂ ਦਿੱਤੀਆਂ।

ਇਸ ਮੌਕੇ ਵਾਈਸ ਚੇਅਰਮੈਨ ਕੰਵਲ ਕੱਕੜ, ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਪੀ ਆਰ ਓ ਸੁਖਦੇਵ ਗਰਗ, ਪ੍ਰੇਮ ਬਾਂਸਲ, ਜਸਵੰਤ ਸਿੰਘ, ਬਿਕਰਮ ਬਾਂਸਲ, ਗੋਪਾਲ ਗੁਪਤਾ, ਡਾਕਟਰ ਭਾਰਤ ਭੂਸ਼ਨ ਬਾਂਸਲ, ਅਸ਼ੋਕ ਵਰਮਾ, ਮੰਗਤ ਰਾਏ ਬਾਂਸਲ ਆਦਿ ਸੁਸਾਇਟੀ ਮੈਂਬਰ ਹਾਜ਼ਰ ਸਨ।



# ਰੋਟਰੀ ਕਲੱਬ ਵੱਲੋਂ ਗੋਡੇ ਤੇ ਚੂਲੇ ਦੇ ਦਰਦਾਂ ਦਾ ਮੁਫਤ ਚੈੱਕਅੱਪ ਕੈਂਪ

## ਡਾ. ਧਰਮਵੀਰ ਗਾਂਧੀ ਵੱਲੋਂ ਰੋਟਰੀ ਕਲੱਬ ਨੂੰ ਐਂਬੂਲੈਂਸ ਦੇਣ ਦਾ ਐਲਾਨ



**ਨਾਭਾ (ਵਰਿੰਦਰ ਵਰਮਾ)**-ਰੋਟਰੀ ਕਲੱਬ ਨਾਭਾ ਵੱਲੋਂ ਪ੍ਰਧਾਨ ਰਵਨੀਸ਼ ਗੋਇਲ ਦੀ ਅਗਵਾਈ ਹੇਠ ਰੋਟਰੀ ਭਵਨ ਪਟਿਆਲਾ ਗੇਟ ਵਿਖੇ ਗੋਡੇ ਤੇ ਚੂਲੇ ਦੇ ਦਰਦਾਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ ਗਿਆ।ਕੈਂਪ ਵਿੱਚ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਰੋਟਰੀ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਕੈਂਪ ਹਰ ਸੰਸਥਾ ਨੂੰ ਲਗਾਉਣੇ ਚਾਹੀਦੇ ਹਨ ਤਾਂ ਕਿ ਲੋੜਵੰਦ ਵਿਅਕਤੀਆਂ ਦੀ ਮਦਦ ਕੀਤੀ ਜਾ ਸਕੇ।ਡਾਕਟਰ ਧਰਮਵੀਰ ਗਾਂਧੀ ਵੱਲੋਂ ਰੋਟਰੀ ਕਲੱਬ ਨੂੰ ਕੋਟੇ ਵਿੱਚੋਂ ਐਂਬੂਲੈਂਸ ਦੇਣ ਦਾ ਵੀ ਐਲਾਨ ਕੀਤਾ ਗਿਆ।ਇਸ ਮੌਕੇ ਕਲੱਬ ਪ੍ਰਧਾਨ ਰਵਨੀਸ਼ ਗੋਇਲ, ਜਨਰਲ ਸਕੱਤਰ ਐਡਵੋਕੇਟ ਰੋਹਿਤ ਜਿੰਦਲ ਤੇ ਪ੍ਰੋਜੈਕਟ ਚੇਅਰਮੈਨ ਐਡਵੋਕੇਟ ਭਾਰਤ ਭੂਸ਼ਨ, ਨਿਤਿਨ ਜੈਨ ਤੇ ਸਮੂਹ ਮੈਂਬਰਾਂ ਵੱਲੋਂ ਵਿਸ਼ੇਸ਼ ਮਹਿਮਾਨ ਤੇ ਆਈਆਂ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਕੈਂਪ ਵਿੱਚ ਪਹੁੰਚੇ ਜਲੰਧਰ ਤੋਂ ਜੋੜ ਬਦਲਣ ਦੇ ਮਾਹਰ ਡਾਕਟਰ ਦਿਲਬੰਸ ਸਿੰਘ ਪੰਧੇਰ ਐੱਮ.ਐੱਸ., ਐੱਮ.ਸੀ.ਐੱਚ. ਆਰਥੋ ਤੇ ਕੰਵਲ ਸੈਣੀ ਸਲਾਹਕਾਰ ਡਾਕਟਰ ਵੱਲੋਂ 210 ਦੇ ਕਰੀਬ ਮਰੀਜ਼ਾਂ ਦਾ ਮੁਫਤ ਚੈੱਕਅਪ ਕੀਤਾ ਗਿਆ।ਕੈਂਪ ਵਿੱਚ ਨਿਓਰੋਪੈਥੀ ਤੇ ਬੀ.ਐੱਮ.ਡੀ. ਟੈਸਟ ਮੁਫ਼ਤ ਕੀਤੇ ਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਗਈਆਂ।ਇਸ ਮੌਕੇ ਕੋ-ਚੇਅਰਮੈਨ ਜੀਵਨ ਪ੍ਰਕਾਸ਼ ਬਾਂਸਲ, ਕੋ-ਚੇਅਰਮੈਨ ਡਾ. ਆਈ. ਡੀ. ਗੋਇਲ ਸਾਬਕਾ ਸਿਵਲ ਸਰਜਨ, ਦਲਜੀਤ ਸਿੰਘ ਸੰਧੂ, ਸਿਕੰਦਰ ਪ੍ਰਤਾਪ ਸਿੰਘ, ਕੋ-ਚੇਅਰਮੈਨ ਡਾ. ਜੇ. ਪੀ. ਨਰੂਲਾ ਇੰਡੀਅਨ ਮੈਡੀਕਲ ਐਸੋਸੀਏਸ਼ਨ ਪ੍ਰਧਾਨ ਕੈਸ਼ੀਅਰ ਨਿਤਿਨ ਗੁਪਤਾ, ਸਤਿਆਵੀਰ ਜਿੰਦਲ, ਦਰਸ਼ਨ ਅਰੋੜਾ, ਸ਼ਸ਼ੀ ਜਿੰਦਲ, ਅਸ਼ੋਕ ਕਿੰਗਰ, ਜੇ ਪੀ ਗੁਪਤਾ, ਦਰਸ਼ਨ ਬੁੱਟਰ, ਰਾਜ ਕੁਮਾਰ ਜੇਤਵਾਨੀ, ਮਨਦੀਪ ਭਾਟੀਆ, ਹਰੀਸ਼ ਬਾਂਸਲ, ਗੁਰਦੀਪ ਸਿੰਘ ਬਿਰਦੀ, ਪ੍ਰੀਤਮ ਬੱਤਰਾ, ਰਾਜੇਸ਼ ਅੱਗਰਵਾਲ, ਨਵੀਨ ਕੁਮਾਰ ਗੁਪਤਾ ਆਦਿ ਕਲੱਬ ਮੈਂਬਰ ਹਾਜ਼ਰ ਸਨ।

# ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਵਚਨਬੱਧ : ਜਤਿੰਦਰ ਸਿੰਘ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਮਨੁੱਖੀ ਅਧਿਕਾਰਾਂ ਦੀ ਰਾਖੀ ਤੇ ਪੀੜਤਾਂ ਨੂੰ ਨਿਆਂ ਦਿਵਾਉਣ ਲਈ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵਚਨਬੱਧ ਹੈ।ਇਸ ਵਾਸਤੇ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਕੋਰ ਗਰੁੱਪ ਬਣਾਏ ਜਾ ਰਹੇ ਹਨ, ਜੋ ਕਿ ਜ਼ਿਲ੍ਹਾ ਪੱਧਰ 'ਤੇ ਸਰਗਰਮੀ ਨਾਲ ਕੰਮ ਕਰਨਗੇ।ਇਹ ਪ੍ਰਗਟਾਵਾ ਮਾਣਯੋਗ ਮੈਂਬਰ ਪੰਜਾਬ ਰਾਜ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਸ. ਜਤਿੰਦਰ ਸਿੰਘ ਸ਼ੰਟੀ (ਪਦਮਸ੍ਰੀ ਐਵਾਰਡੀ) ਨੇ ਗਰੀਨ ਸੀ ਰਿਜ਼ੋਰਟ ਸ੍ਰੀ ਮੁਕਤਸਰ ਸਾਹਿਬ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਸਮਰਪਤ ਕੋਰ ਗਰੁੱਪ ਬਣਾਏ ਜਾ ਰਹੇ ਹਨ।ਇਨ੍ਹਾਂ ਕੋਰ ਗਰੁੱਪਾਂ ਵਿੱਚ 10-10 ਮੈਂਬਰ ਹੋਣਗੇ, ਜਿਨ੍ਹਾਂ ਵਿੱਚ ਮਨੁੱਖੀ ਅਧਿਕਾਰ ਕਾਰਕੁਨ, ਵਕੀਲ ਤੇ ਹੋਰ ਮਾਹਿਰ ਸ਼ਾਮਲ ਹੋਣਗੇ। ਇਹ ਸਮੂਹ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨੂੰ ਹੱਲ ਕਰਨ ਵਿੱਚ ਨਾਗਰਿਕਾਂ ਦੀ ਸਹੂਲਤ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨਗੇ ਤੇ ਤੁਰੰਤ ਕਾਰਵਾਈ ਲਈ ਮੁੱਦਿਆਂ ਨੂੰ ਸਿੱਧੇ ਕਮਿਸ਼ਨ ਕੋਲ ਭੇਜਣਗੇ।ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤਾਂ ਲਈ ਹੈਲਪਲਾਈਨ ਨੰਬਰ 9855475547 ਜਾਰੀ ਕੀਤਾ ਗਿਆ ਹੈ, ਜਿਸ 'ਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤ ਕੀਤੀ ਜਾ ਸਕਦੀ ਹੈ।

ਇਸ ਮੌਕੇ ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਮਨੁੱਖਾਂ ਦੇ ਅਧਿਕਾਰਾਂ ਦੀ ਰਾਖੀ ਲਈ ਨਵੀਆਂ ਐਡਵਾਈਜ਼ਰੀਆਂ ਜਾਰੀ ਕੀਤੀਆਂ ਗਈਆਂ ਹਨ, ਜਿਸ ਤਹਿਤ ਕਮਿਸ਼ਨ ਨੇ ਹਸਪਤਾਲਾਂ ਨੂੰ ਕਿਸੇ ਵੀ ਸਥਿਤੀ ਵਿੱਚ ਲਾਸ਼ਾਂ ਨੂੰ ਰੋਕਣ ਤੋਂ ਸਖ਼ਤੀ ਨਾਲ ਮਨਾਹੀ ਕੀਤੀ ਹੈ, ਜਿਸ ਵਿੱਚ ਬਿੱਲਾਂ ਦਾ ਭੁਗਤਾਨ ਨਾ ਹੋਣਾ ਵੀ ਸ਼ਾਮਲ ਹੈ, ਅਜਿਹੇ ਅਭਿਆਸਾਂ ਨੂੰ ਮਨੁੱਖੀ ਮਾਣ ਤੇ ਡਾਕਟਰੀ ਨੈਤਿਕਤਾ ਦੀ ਗੰਭੀਰ ਉਲੰਘਣਾ ਕਰਾਰ ਦਿੱਤਾ ਗਿਆ ਹੈ।ਹਸਪਤਾਲਾਂ ਨੂੰ ਮ੍ਰਿਤਕ ਵਿਅਕਤੀਆਂ, ਖਾਸ ਕਰਕੇ ਲਾਵਾਰਿਸ ਜਾਂ ਆਰਥਿਕ ਤੌਰ 'ਤੇ ਕਮਜ਼ੋਰ ਮਾਮਲਿਆਂ, ਮੁਫ਼ਤ ਜਾਂ ਸਹਾਇਤਾ ਪ੍ਰਾਪਤ ਸਸਕਾਰ/ਦਫ਼ਨਾਉਣ ਲਈ ਸਹਾਇਤਾ ਦੇ ਪ੍ਰਬੰਧਾਂ ਦੇ ਨਾਲ ਸਨਮਾਨਜਨਕ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਵੀ ਆਦੇਸ਼ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਫ਼ਾਈ ਕਰਮਚਾਰੀਆਂ ਦੇ ਹੱਕਾਂ ਦੀ ਰਾਖੀ ਵੀ ਯਕੀਨੀ ਬਣਾਈ ਜਾ ਰਹੀ ਹੈ, ਜਿਸ ਤਹਿਤ ਉਨ੍ਹਾਂ ਨੂੰ ਸੁਰੱਖਿਆ ਉਪਕਰਨ ਦੇਣੇ, ਬੀਮਾ ਕਰਵਾਉਣਾ ਆਦਿ ਲਾਜ਼ਮੀ ਹੈ।ਇਸ ਤੋਂ ਪਹਿਲਾਂ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਉਹ ਲਗਾਤਾਰ ਸਾਰੇ ਜ਼ਿਲ੍ਹਿਆਂ ਦਾ ਦੌਰਾ ਕਰਕੇ ਜ਼ਮੀਨੀ ਹਕੀਕਤ ਤੋਂ ਜਾਣੂੰ ਹੋ ਰਹੇ ਹਨ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸ਼ਿੱਦਤ ਨਾਲ ਕੰਮ ਕਰ ਰਹੇ ਹਨ। ਇਸ ਮੌਕੇ ਬਲੱਡ ਸੇਵਾ ਵੈੱਲਫੇਅਰ ਸੋਸਾਇਟੀ ਪੀ.ਬੀ 30 ਦੇ ਸਮੂਹ ਮੈਂਬਰਾਂ ਨੇ ਪਦਮਸ੍ਰੀ ਸ. ਜਤਿੰਦਰ ਸਿੰਘ ਸ਼ੰਟੀ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਸ. ਜਤਿੰਦਰ ਸਿੰਘ ਸ਼ੰਟੀ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਉਨ੍ਹਾਂ ਨੂੰ ਹੱਲ ਕਰਵਾਉਣ ਦਾ ਭਰੋਸਾ ਦਿੱਤਾ।

# ਯਾਦਵਿੰਦਰਾ ਸਾਇੰਸਜ਼ ਵਿਭਾਗ ਨੂੰ ਬੀ ਐੱਸ ਸੀ, ਬੀ ਐੱਡ ਕੋਰਸ ਦੀ ਪ੍ਰਵਾਨਗੀ

## *ਨਵੇਂ ਸੈਸ਼ਨ ਲਈ ਦਾਖਲਾ ਪ੍ਰਕਿਰਿਆ ਦਾ ਐਲਾਨ*

**ਤਲਵੰਡੀ ਸਾਬੋ (ਜਗਦੀਪ ਗਿੱਲ)**-ਰਾਸ਼ਟਰੀ ਅਧਿਆਪਕ ਸਿੱਖਿਆ ਪ੍ਰੀਸ਼ਦ (ਐੱਨ ਸੀ ਟੀ ਈ) ਭਾਰਤ ਸਰਕਾਰ ਦੀ ਇੱਕ ਵਿਧਾਨਕ ਸੰਸਥਾ ਹੈ, ਜਿਸ ਦਾ ਉਦੇਸ਼ ਦੇਸ਼ ਭਰ ਵਿੱਚ ਅਧਿਆਪਕ ਸਿੱਖਿਆ ਦੇ ਯੋਜਨਾਬੱਧ ਤੇ ਤਾਲਮੇਲ ਵਾਲੇ ਵਿਕਾਸ ਨੂੰ ਪ੍ਰਾਪਤ ਕਰਨਾ ਅਤੇ ਸੰਬੰਧਤ ਨਿਯਮਾਂ ਤੇ ਮਿਆਰਾਂ ਨੂੰ ਨਿਰਧਾਰਤ ਕਰਨਾ ਹੈ।ਇਸ ਪ੍ਰੀਸ਼ਦ ਵੱਲੋਂ ਆਪਣੇ ਏਕੀਕ੍ਰਿਤ ਅਧਿਆਪਕ ਸਿੱਖਿਆ ਪ੍ਰੋਗਰਾਮ ਅਧੀਨ ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਯਾਦਵਿੰਦਰਾ ਸਾਇੰਸਜ਼ ਵਿਭਾਗ ਨੂੰ ਸੈਸ਼ਨ 2026-27 ਤੋਂ ਇੱਕ 4 ਸਾਲਾ ਬੀ.ਐੱਸ.ਸੀ. ਬੀ. ਐੱਡ ਇੰਟੈਗਰੇਟਿਡ ਕੋਰਸ ਚਲਾਉਣ ਦੀ ਪ੍ਰਵਾਨਗੀ ਦਿੱਤੀ ਹੈ।ਕੈਂਪਸ ਡਾਇਰੈਕਟਰ ਪ੍ਰੋਫੈਸਰ (ਡਾ) ਅਮਨਦੀਪ ਸਿੰਘ ਨੇ ਇਸ ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਵਿਭਾਗ ਨੂੰ ਵਧਾਈ ਦਿੰਦੇ ਆਖਿਆ ਕਿ ਆਸ-ਪਾਸ ਦੇ ਇਲਾਕੇ ਤੋਂ ਸਕੂਲ ਅਧਿਆਪਨ ਕਿੱਤਾ ਅਪਨਾਉਣ ਦੇ ਚਾਹਵਾਨ ਵਿਦਿਆਰਥੀਆਂ ਤੇ ਮਾਪਿਆਂ ਲਈ ਇਹ ਕੋਰਸ ਬਹੁਤ ਹੀ ਲਾਹੇਵੰਦ ਸਾਬਿਤ ਹੋਏਗਾ।ਇਸ ਸਬੰਧੀ ਵਿਭਾਗ ਦੇ ਮੁਖੀ ਡਾ. ਪ੍ਰੀਤੀ ਬਾਂਸਲ ਵੱਲੋਂ ਜਾਰੀ ਪ੍ਰੈੱਸ ਨੋਟ ਰਾਹੀਂ ਦੱਸਿਆ ਗਿਆ ਕਿ ਯਾਦਵਿੰਦਰਾ ਸਾਇੰਸਜ਼ ਵਿਭਾਗ ਤਲਵੰਡੀ ਸਾਬੋ ਨੂੰ ਇਸ ਕੋਰਸ ਦੀਆਂ 50 ਸੀਟਾਂ ਦੀ ਪ੍ਰਵਾਨਗੀ ਮਿਲੀ ਹੈ।ਉਨ੍ਹਾਂ ਦੱਸਿਆ ਕਿ ਕੌਮੀ ਪੱਧਰ 'ਤੇ ਲਏ ਜਾਣ ਵਾਲੀ ਪ੍ਰੀਖਿਆ 'ਤੇ ਅਧਾਰਤ ਸੈਂਟਰਲ ਲੈਵਲ ਕੌਂਸਲਿੰਗ ਰਾਹੀਂ ਇਹ 50 ਸੀਟਾਂ ਭਰੀਆਂ ਜਾਣਗੀਆਂ।ਐੱਨ.ਟੀ.ਏ. ਵੱਲੋਂ ਇਸ ਕੋਰਸ ਲਈ ਸੈਸ਼ਨ 2026-27 ਦਾਖਲਿਆਂ ਵਾਸਤੇ ਆਉਣ ਵਾਲੀ 17 ਅਪ੍ਰੈਲ ਨੂੰ ਪ੍ਰੀਖਿਆ ਲਈ ਜਾ ਰਹੀ ਹੈ, ਜਿਸ ਲਈ ਵਿੱਦਿਅਕ ਯੋਗਤਾ 12ਵੀਂ ਕਲਾਸ ਹੈ ਤੇ ਚਾਹਵਾਨ ਵਿਦਿਆਰਥੀ ਐੱਨ.ਟੀ.ਏ. ਦੀ ਵੈੱਬਸਾਈਟ 'ਤੇ ਜਾ ਕੇ 10 ਮਾਰਚ ਤੱਕ ਆਨਲਾਈਨ ਵਿਧੀ ਰਾਹੀਂ ਅਪਲਾਈ ਕਰ ਸਕਦੇ ਹਨ।

# ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ 'ਚ ਨਸ਼ਿਆਂ ਪ੍ਰਤੀ ਜਾਗਰੂਕ ਕਰਨਾ ਸ਼ਲਾਘਾਯੋਗ : ਪਰਮਿੰਦਰ ਭਲਵਾਨ




**ਪਟਿਆਲਾ/ਸਮਾਣਾ (ਰਜਿੰਦਰ ਸਿੰਘ ਥਿੰਦ/ਗੁਰਪਿਆਰ ਸਿੰਘ ਬੱਲ)**-ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲਾ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ, ਏ ਡੀ ਸੀ ਡਿਵੈਲਪਮੈਂਟ ਦਮਨਜੀਤ ਸਿੰਘ ਮਾਨ ਤੇ ਐੱਸ ਡੀ ਐੱਮ ਰਾਜਪੁਰਾ ਤੇ ਸਹਾਇਕ ਮੇਲਾ ਅਫ਼ਸਰ ਨਮਨ ਮੜਕਨ ਦੀ ਅਗਵਾਈ ਹੇਠ ਚੱਲ ਰਿਹਾ ਹੈ, ਜਿਸ ਵਿੱਚ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਸਰਕਾਰੀ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ ਦੇ ਵਲੰਟੀਅਰ ਆਪਣੀਆਂ ਨਿਰਸਵਾਰਥ ਸੇਵਾਵਾਂ ਵ੍ਹੀਲਚੇਅਰ, ਸਟੇਜ, ਮੇਨ ਗੇਟ, ਤੇ ਹੋਰ ਵੱਖ ਵੱਖ ਥਾਵਾਂ ਉੱਪਰ ਵਲੰਟੀਅਰਜ਼ ਇੰਚਾਰਜ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ, ਲੈਫਟੀਨੈਂਟ ਜਗਦੀਪ ਜੋਸ਼ੀ ਟ੍ਰੇਨਿੰਗ ਅਫਸਰ ਸਰਕਾਰੀ ਆਈ ਟੀ ਆਈ ਲੜਕੇ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਦੀ ਅਗਵਾਈ ਹੇਠ ਕਰ ਰਹੇ ਹਨ। ਉਥੇ ਹੀ ਸਰਕਾਰੀ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ ਦੇ ਐੱਨ ਸੀ ਸੀ ਕੈਡਿਟਸ ਤੇ ਐੱਨ ਐੱਸ ਐੱਸ ਵਲੰਟੀਅਰਜ਼ ਵੱਲੋਂ ਮੇਲੇ ਵਿੱਚ ਆਉਣ ਵਾਲੀ ਪਬਲਿਕ ਨੂੰ ਨਸ਼ਾ ਮੁਕਤ ਭਾਰਤ ਅਭਿਆਨ ਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਤਹਿਤ ਉਨ੍ਹਾਂ ਮੇਲੇ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਕੱਢੀ ਗਈ।ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਤੇ ਲੈਫਟੀਨੈਂਟ ਜਗਦੀਪ ਜੋਸ਼ੀ ਨੇ ਕਿਹਾ ਕਿ ਜਿੱਥੇ ਐੱਨ ਸੀ ਸੀ ਕੈਡਿਟਸ ਤੇ ਐੱਨ ਐੱਸ ਐੱਸ ਵਲੰਟੀਅਰ ਮੇਲੇ ਦੌਰਾਨ ਆਪਣੀਆਂ ਸੇਵਾਵਾਂ ਦੇ ਰਹੇ ਹਨ, ਉਥੇ ਹੀ ਉਨ੍ਹਾਂ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਅਤੇ ਖੁਦ ਨਸ਼ਿਆਂ ਵਿਰੁੱਧ ਚੱਲਣ ਦਾ ਪ੍ਰਣ ਲੈਣਾ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਬੁਢਾਪੇ ਦਾ ਸਹਾਰਾ ਨੌਜਵਾਨ ਪੁੱਤਰਾਂ ਦੀਆਂ ਅਰਥੀਆਂ ਨੂੰ ਮੋਢਾ ਮਾਪਿਆਂ ਨੂੰ ਦੇਣਾ ਪੈ ਰਿਹਾ ਹੈ।ਉਨ੍ਹਾਂ ਐੱਨ ਸੀ ਸੀ ਕੈਡਿਟਸ ਨੂੰ ਅਪੀਲ ਕੀਤੀ ਕਿ ਉਹ ਸਕੂਲਾਂ, ਕਾਲਜਾਂ ਤੇ ਪਿੰਡਾਂ ਵਿਚ ਜਾ ਕੇ ਵੀ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਣ।ਇਸ ਮੌਕੇ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਤੇਜਿੰਦਰ ਮਡੋੜ, ਜੁਗਰਾਜ ਚਹਿਲ, ਉਪਕਾਰ ਸਿੰਘ, ਜਸਪ੍ਰੀਤ ਸਿੰਘ ਅਟਵਾਲ, ਅਮਰਜੀਤ ਸਿੰਘ ਲੰਗ, ਕੁਲਦੀਪ ਸਿੰਘ, ਕਿਰਨਾਂ ਦੇਵੀ, ਰਾਜ ਕੁਮਾਰ, ਗੁਰਬਚਨ ਸਿੰਘ ਨੇ ਭਰਪੂਰ ਸਹਿਯੋਗ ਦਿੱਤਾ।

# ਸਾਬਕਾ ਅਕਾਲੀ ਆਗੂ ਢਿੱਲੋਂ ਨੂੰ ਸਦਮਾ, ਜੀਜੇ ਦਾ ਦੇਹਾਂਤ

## ਭੋਗ ਤੇ ਅੰਤਿਮ ਅਰਦਾਸ 5 ਨੂੰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਸ਼ਹਿਰੀ ਦਫਤਰ ਸਕੱਤਰ ਚਰਨਜੀਤ ਸਿੰਘ ਢਿੱਲੋਂ ਦੇ ਜੀਜਾ ਜੀ ਹਰਦਿਆਲ ਸਿੰਘ ਮਾਂਗਟ (83) ਬੀਤੀ 25 ਫਰਵਰੀ ਨੂੰ ਅਕਾਲ ਚਲਾਣਾ ਕਰ ਗਏ ਸਨ।ਉਹ ਆਪਣੇ ਪਿੱਛੇ ਧਰਮ ਪਤਨੀ ਸੁਖਜੀਤ ਕੌਰ ਮਾਂਗਟ ਅਤੇ ਕੈਨੇਡਾ ਦੇ ਜੇਲ ਵਿਭਾਗ ਵਿੱਚ ਬਤੌਰ ਅਧਿਕਾਰੀ ਤਾਇਨਾਤ ਪੁੱਤਰ ਆਲਮਵੀਰ ਸਿੰਘ ਮਾਂਗਟ ਸਮੇਤ ਨੂੰਹ ਰਾਣੀ ਰਿਦਿਮਾ ਮਾਂਗਟ ਛੱਡ ਗਏ ਹਨ।ਬੁੱਧ ਵਿਹਾਰ ਵਿਕਾਸ ਕਮੇਟੀ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਸਮੇਤ ਸੀਨੀਅਰ ਮੈਂਬਰ ਇੰਜ. ਅਸ਼ੋਕ ਕੁਮਾਰ ਭਾਰਤੀ, ਇੰਸ. ਗੁਰਮੇਲ ਸਿੰਘ ਬਰਾੜ, ਅਨਿਲ ਅਨੇਜਾ, ਮਹੇਸ਼ ਸ਼ਰਮਾ, ਰਾਕੇਸ਼ ਕੁਮਾਰ ਬਿੱਲੂ, ਇੰਜ. ਅਸ਼ੋਕ ਕੁਮਾਰ ਰਾਜੌਰੀਆ, ਹਰਪਾਲ ਸਿੰਘ ਸਦਿਓੜਾ ਤੇ ਮਦਨ ਲਾਲ ਜੇ.ਈ. ਸਮੇਤ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਮਾਂਗਟ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਸਵ: ਹਰਦਿਆਲ ਸਿੰਘ ਮਾਂਗਟ ਨਮਿੱਤ ਅੰਤਿਮ ਅਰਦਾਸ ਤੇ ਪਾਠ ਦਾ ਭੋਗ 5 ਮਾਰਚ ਨੂੰ ਦੁਪਹਿਰ 12:00 ਤੋਂ 1:00 ਵਜੇ ਤੱਕ ਸਥਾਨਕ ਬਠਿੰਡਾ ਰੋਡ ਸਥਿਤ ਸ਼ਾਂਤੀ ਭਵਨ ਵਿਖੇ ਪਾਇਆ ਜਾਵੇਗਾ, ਜਿਸ ਵਿੱਚ ਰਿਸ਼ਤੇਦਾਰ, ਸਾਕ ਸੰਬੰਧੀ ਤੇ ਹੋਰ ਪ੍ਰਮੁੱਖ ਵਿਅਕਤੀ ਸ਼ਰਧਾਂਜਲੀ ਭੇਟ ਕਰਨਗੇ।

# ਅਮਨ ਅਰੋੜਾ ਨੇ ਹਲਕਾ ਵਾਸੀਆਂ ਨੂੰ ਦਿੱਤਾ 53.28 ਕਰੋੜ ਦੇ ਵਿਕਾਸ ਕਾਰਜਾਂ ਦਾ ਤੋਹਫ਼ਾ



**ਲੌਂਗੋਵਾਲ/ਸੁਨਾਮ (ਪ੍ਰਦੀਪ ਸੱਪਲ/ ਅਸ਼ੋਕ ਬਾਂਸਲ, ਹਾਕਮ ਭੱਟੀ)**

ਕੈਬਨਿਟ ਮੰਤਰੀ ਪੰਜਾਬ ਅਮਨ ਅਰੋੜਾ ਨੇ ਸੁਨਾਮ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰੀ ਖੇਤਰਾਂ ਵਿੱਚ ਕਰੀਬ 53 ਕਰੋੜ 28 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾ ਕੇ ਹਲਕਾ ਵਾਸੀਆਂ ਨੂੰ ਵੱਡਾ ਤੋਹਫ਼ਾ ਦਿੱਤਾ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਨਵੀਂਆਂ ਸੜਕਾਂ ਦਾ ਨਿਰਮਾਣ, ਸੜਕਾਂ ਦੀ ਮਜ਼ਬੂਤੀ ਤੇ ਹੋਰ ਬੁਨਿਆਦੀ ਢਾਂਚਾਗਤ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਸਮੁੱਚੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ।ਅਮਨ ਅਰੋੜਾ ਨੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਸੁਨਾਮ ਊਧਮ ਸਿੰਘ ਵਾਲਾ ਦੇ ਪਿੰਡ ਨਮੋਲ ਤੋਂ ਕੀਤੀ, ਜਿੱਥੇ ਉਨ੍ਹਾਂ ਨੇ 90 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਕੜਾਕੇ ਵਾਲੀ ਸੜਕ, 84 ਲੱਖ ਦੀ ਲਾਗਤ ਨਾਲ ਨਮੋਲ-ਭਗਵਾਨਪੁਰਾ ਰੋਡ, 1.87 ਕਰੋੜ ਰੁਪਏ ਨਾਲ ਸੂਏ ਦੇ ਨਾਲ ਸੜਕ, 77.2 ਲੱਖ ਦੀ ਲਾਗਤ ਨਾਲ ਬਾਬਾ ਰੁੱਖੜ ਦਾਸ ਦੇ ਡੇਰੇ ਕੋਲ ਸੜਕ, 1.14 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਸੜਕ, 4 ਲੱਖ ਦੀ ਲਾਗਤ ਨਾਲ ਕਬਰਸਤਾਨ ਦੇ ਕੰਮ ਤੇ ਮਿਰਜ਼ਾ ਪੱਤੀ 'ਚ 45.41 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਤੋਂ ਖੇਤਾਂ ਤੱਕ ਦੇ ਰਸਤੇ ਨੂੰ ਨਵੀਂ ਸੜਕ 'ਚ ਤਬਦੀਲ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ।ਇਸ ਤੋਂ ਬਾਅਦ ਕੈਬਨਿਟ ਮੰਤਰੀ ਨੇ ਪਿੰਡ ਸ਼ੇਰੋਂ ਵਿਖੇ 1.38 ਕਰੋੜ ਰੁਪਏ ਦੀ ਲਾਗਤ ਨਾਲ ਨਮੋਲ-ਸ਼ੇਰੋਂ ਰੋਡ, 70.38 ਲੱਖ ਰੁਪਏ ਦੀ ਲਾਗਤ ਨਾਲ ਸੰਤ ਅਤਰ ਸਿੰਘ ਮਾਰਗ, 85.5 ਲੱਖ ਰੁਪਏ ਦੀ ਲਾਗਤ ਨਾਲ ਸ਼ਾਹਪੁਰ ਵਾਲੀ ਸੜਕ, 3 ਲੱਖ ਦੀ ਲਾਗਤ ਨਾਲ ਧਰਮਸ਼ਾਲਾ ਦੇ ਕੰਮ ਤੇ 5 ਲੱਖ ਰੁਪਏ ਦੀ ਲਾਗਤ ਨਾਲ ਮਾਡਲ ਟਾਊਨ ਨੰ. 2 ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ।ਇਸੇ ਤਰ੍ਹਾਂ ਪਿੰਡ ਸ਼ਾਹਪੁਰ ਕਲਾਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ 50 ਲੱਖ ਰੁਪਏ ਦੇ ਕੰਮਾਂ ਦੀ ਨੀਂਹ ਰੱਖੀ।ਇਸ ਤੋਂ ਇਲਾਵਾ ਮੰਤਰੀ ਅਮਨ ਅਰੋੜਾ ਵੱਲੋਂ ਲੌਂਗੋਵਾਲ-ਝਾੜੋਂ ਰੋਡ ਸਥਿਤ ਪਾਰਕ 'ਚ ਸ਼ਹਿਰ ਦੇ ਵਾਰਡ ਨੰਬਰ 5, 6, 9, 11, 12 ਤੇ 13 ਦੇ ਵਿਕਾਸ ਕਾਰਜਾਂ ਲਈ 2.28 ਕਰੋੜ ਤੇ ਅੱਠ ਪਿੰਡਾਂ ਦੀਆਂ ਪੰਚਾਇਤਾਂ ਨੂੰ 40 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਤਕਸੀਮ ਕੀਤੇ ਗਏ।ਇਸੇ ਤਰ੍ਹਾਂ ਲੌਂਗੋਵਾਲ ਦੀ ਸਰਕਾਰੀ ਸਿਹਤ ਸੰਸਥਾ ਵਿੱਚ ਵੀ 46 ਲੱਖ ਰੁਪਏ ਦੀ ਲਾਗਤ ਨਾਲ ਇੱਕ ਪਾਰਕ ਬਣਾਉਣ ਦੀ ਸ਼ੁਰੂਆਤ ਕਰਵਾਈ ਗਈ।ਇਸ ਤੋਂ ਇਲਾਵਾ ਦੁੱਲਟ ਪੱਤੀ ਵਿੱਚ ਇੱਕ ਸਮਾਗਮ ਦੌਰਾਨ ਵਾਰਡ ਨੰ. 12, 13 ਤੇ 14 ਵਿੱਚ 2.22 ਕਰੋੜ ਅਤੇ ਜੈਦ ਪੱਤੀ ਵਿਖੇ ਵਾਰਡ ਨੰ. 1, 3, 4, 8 ਅਤੇ 15 ਵਿੱਚ 6.73 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ ਗਈ।ਇਸੇ ਤਰ੍ਹਾਂ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਪਿੰਡ ਮੰਡੇਰ ਖੁਰਦ ਵਿਖੇ 1.14 ਕਰੋੜ 89.38 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀਆਂ 2 ਸੜਕਾਂ ਦੇ ਨੀਂਹ ਪੱਥਰ ਰੱਖਣ ਦੇ ਨਾਲ-ਨਾਲ ਪਿੰਡ ਬੁੱਗਰਾ ਦੀ ਪੰਚਾਇਤ ਨੂੰ ਵੀ ਪੰਜ ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਭੇਟ ਕੀਤਾ।ਇਸ ਤੋਂ ਇਲਾਵਾ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਸੁਨਾਮ ਊਧਮ ਸਿੰਘ ਵਾਲਾ ਦੀ ਨਮੋਲ ਰੋਡ 'ਤੇ 29.54 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਰਿਹਾਇਸ਼ੀ ਸਪੋਰਟਸ ਕੰਪਲੈਕਸ ਦੀ ਵੀ ਨੀਂਹ ਰੱਖੀ।ਮੰਤਰੀ ਅਰੋੜਾ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਹਲਕੇ ਦੇ ਲੋਕਾਂ ਨੂੰ ਬਿਹਤਰ ਸੜਕ ਸਹੂਲਤਾਂ ਤੇ ਸੁਧਰੇ ਹੋਏ ਬੁਨਿਆਦੀ ਢਾਂਚੇ ਮੁਹੱਈਆ ਕਰਵਾਉਣ 'ਚ ਮਦਦਗਾਰ ਸਾਬਿਤ ਹੋਣਗੇ।ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਕੰਮ ਨਿਰਧਾਰਤ ਸਮੇਂ ਅੰਦਰ ਤੇ ਗੁਣਵੱਤਾ ਮਾਪਦੰਡਾਂ ਅਨੁਸਾਰ ਪੂਰੇ ਕੀਤੇ ਜਾਣ।ਇਸ ਮੌਕੇ ਸਥਾਨਕ ਪੰਚਾਇਤੀ ਨੁਮਾਇੰਦੇ, ਨਗਰ ਕੌਂਸਲ ਮੈਂਬਰ ਤੇ ਇਲਾਕਾ ਵਾਸੀ ਵੀ ਹਾਜ਼ਰ ਸਨ।

## ਸ੍ਰੀ ਖਾਟੂ ਸ਼ਾਮ ਮੰਦਰ ਵੱਲੋਂ ਨਿਸ਼ਾਨ ਯਾਤਰਾ



**ਰਾਜਪੁਰਾ (ਰਮੇਸ਼ ਕਟਾਰੀਆ)**-ਰਾਜਪੁਰਾ ਦੇ ਆਰੀਆ ਸਮਾਜ ਰੋਡ 'ਤੇ ਸਥਿਤ ਸ੍ਰੀ ਖ਼ਾਟੂ ਸ਼ਾਮ ਸ੍ਰੀ ਬਾਲਾ ਜੀ ਦੇ ਮੰਦਰ ਵੱਲੋਂ ਮੰਦਰ ਦੇ ਪ੍ਰਧਾਨ ਮਹਿੰਦਰ ਸ਼ਮੀ ਦੀ ਅਗਵਾਈ ਹੇਠ ਫੱਗਣ ਮਹੀਨੇ ਦੇ ਤਹਿਤ ਵਿਸ਼ਾਲ ਨਿਸ਼ਾਨ ਯਾਤਰਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਰਾਜਪੁਰਾ ਦੇ ਵਿਧਾਇਕ ਮੈਡਮ ਨੀਨਾ ਮਿੱਤਲ ਦੇ ਸਪੁੱਤਰ ਲਵਿਸ਼ ਮਿੱਤਲ ਵੱਲੋਂ ਸ਼ਿਰਕਤ ਕਰਦੇ ਹੋਏ ਬਾਬਾ ਸ਼ਾਮ ਤੇ ਬਾਲਾ ਜੀ ਮਹਾਰਾਜ ਦੇ ਚਰਨਾਂ ਵਿੱਚ ਸਰਬਤ ਦੇ ਭਲੇ ਅਤੇ ਸੁੱਖ ਸ਼ਾਂਤੀ ਲਈ ਅਰਦਾਸ ਕੀਤੀ।ਜ਼ਿਕਰਯੋਗ ਹੈ ਕਿ ਇਹ ਨਿਸ਼ਾਨ ਯਾਤਰਾ ਬੈਂਡ ਵਾਜਿਆਂ ਨਾਲ ਸ੍ਰੀ ਖ਼ਾਟੂ ਸ਼ਾਮ, ਸ੍ਰੀ ਬਾਲਾ ਜੀ ਦੇ ਮੰਦਰ ਆਰੀਆ ਸਮਾਜ ਰੋਡ ਤੋਂ ਸ਼ੁਰੂ ਹੋਈ ਅਤੇ ਸ਼ਹਿਰ ਦੇ ਵੱਖ ਵੱਖ ਮੰਦਰਾਂ ਤੇ ਮੁੱਖ ਬਾਜ਼ਾਰਾਂ ਵਿੱਚੋਂ ਹੁੰਦੀ ਹੋਈ ਵਾਪਸ ਸ੍ਰੀ ਖ਼ਾਟੂ ਸ਼ਾਮ ਜੀ, ਸ੍ਰੀ ਬਾਲਾ ਜੀ ਮੰਦਰ ਵਿਖੇ ਸਮਾਪਤ ਹੋਈ।ਇਸ ਨਿਸ਼ਾਨ ਯਾਤਰਾ ਦਾ ਮੰਦਰਾਂ ਦੀਆਂ ਕਮੇਟੀਆਂ ਤੇ ਸ਼ਾਮ ਪ੍ਰੇਮੀਆਂ ਨੇ ਫੁੱਲਾਂ ਦੀ ਵਰਖਾ ਕਰਦੇ ਹੋਏ ਸਵਾਗਤ ਕੀਤਾ।ਨਿਸ਼ਾਨ ਯਾਤਰਾ ਵਿੱਚ ਸ਼ਾਮ ਪ੍ਰੇਮੀ ਬਾਬਾ ਸ਼ਾਮ ਤੇ ਬਾਲਾ ਜੀ ਦੇ ਭਜਨਾਂ 'ਤੇ ਝੂਮਦੇ ਨਜ਼ਰ ਆਏ। ਇਸ ਮੌਕੇ ਮੰਦਰ ਦੇ ਪ੍ਰਧਾਨ ਮਹਿੰਦਰ ਸ਼ਮੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਮੰਦਰ ਦਾ ਨਿਰਮਾਣ ਕਾਰਜ ਤੇਜ਼ੀ ਨਾਲ ਚੱਲ ਰਿਹਾ ਹੈ ਤੇ ਲੋਕ ਆਪਣੀ ਸਮਰੱਥਾ ਅਨੁਸਾਰ ਵੱਧ ਤੋਂ ਵੱਧ ਸਹਿਯੋਗ ਕਰਨ।ਯਾਤਰਾ ਦੌਰਾਨ ਰਾਜਪੁਰਾ ਟ੍ਰੈਫਿਕ ਪੁਲਸ ਇੰਚਾਰਜ ਗੁਰਬਚਨ ਸਿੰਘ ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਇਸ ਮੌਕੇ ਆਮ ਆਦਮੀ ਪਾਰਟੀ ਰਾਜਪੁਰਾ ਦੇ ਸੰਗਠਨ ਇੰਚਾਰਜ ਰਿਤੇਸ਼ ਬਾਂਸਲ, ਵਿਜੈ ਛਾਬੜਾ, ਪੰਕਜ ਗੋਇਲ, ਵਿਸ਼ਵ ਹਿੰਦੂ ਪ੍ਰੀਸ਼ਦ ਕੰਵਲ ਨਾਗਪਾਲ, ਪੱਤਰਕਾਰ ਰਮੇਸ਼ ਕਟਾਰੀਆ, ਰਜਿੰਦਰ ਕਟਾਰੀਆ, ਜਗਦੀਸ਼ ਕੇ ਬੀ, ਹਰਸ਼ ਮਦਾਨ, ਸੌਰਵ ਚੌਧਰੀ, ਮੋਹਿਤ ਗੋਸਵਾਮੀ, ਰੋਹਿਤ ਹਿਤੇਸ਼ ਕਟਾਰੀਆ ਤੇ ਭਜਨ ਗਾਇਕ ਮੋਨੂੰ ਅਤੇ ਖੁਸ਼ੀ ਬਾਵਰੀ ਸਮੇਤ ਵੱਡੀ ਗਿਣਤੀ 'ਚ ਸ਼ਾਮ ਪ੍ਰੇਮੀ ਮੌਜੂਦ ਸਨ।

## ਸਿੱਖ ਜਥੇਬੰਦੀਆਂ ਵੱਲੋਂ ਬਾਰ ਐਸੋਸੀਏਸ਼ਨ ਦੇ ਵਕੀਲਾਂ ਦਾ ਵਿਸ਼ੇਸ਼ ਸਨਮਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਫਿਰੋਜ਼ਪੁਰ ਦੇ ਸਰਪ੍ਰਸਤ ਲਖਵੀਰ ਸਿੰਘ ਮਹਾਲਮ ਦੀ ਅਗਵਾਈ ਹੇਠ ਵੱਖ-ਵੱਖ ਧਾਰਮਿਕ ਜਥੇਬੰਦੀਆਂ ਵੱਲੋਂ ਫ਼ਿਰੋਜ਼ਪੁਰ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਲਵਜੀਤ ਸਿੰਘ ਟੂਰਨਾ ਤੇ ਸਮੁੱਚੇ ਵਕੀਲ ਭਾਈਚਾਰੇ ਦਾ ਸਿਰੋਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਵਿਕਰਮਜੀਤ ਸਿੰਘ ਉਰਫ਼ ਗੱਬਰ ਨਾਮੀ ਵਿਅਕਤੀ ਵੱਲੋਂ ਸਿੱਖ ਗੁਰੂ ਸਾਹਿਬਾਨਾਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਛੋਟੇ ਸਾਹਿਬਜ਼ਾਦਿਆਂ ਤੇ ਬਾਬਾ ਦੀਪ ਸਿੰਘ ਜੀ ਬਾਰੇ ਅਤਿ ਭੱਦੀ ਸ਼ਬਦਾਵਲੀ ਦਾ ਇਸਤੇਮਾਲ ਕੀਤਾ ਗਿਆ ਸੀ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਐੱਫ.ਆਈ.ਆਰ. ਨੰਬਰ 0057 ਦਰਜ ਕੀਤੀ ਗਈ ਸੀ। ਵਕੀਲਾਂ ਤੇ ਐੱਮ.ਸੀ. ਭਾਈਚਾਰੇ ਦਾ ਮਿਸਾਲੀ ਸਹਿਯੋਗ ਇਸ ਘਟਨਾ ਦੇ ਵਿਰੋਧ ਵਿੱਚ ਫਿਰੋਜ਼ਪੁਰ ਦੇ ਸਮੁੱਚੇ ਵਕੀਲ ਭਾਈਚਾਰੇ ਨੇ ਇੱਕਜੁੱਟਤਾ ਦਿਖਾਉਂਦਿਆਂ ਐਲਾਨ ਕੀਤਾ ਸੀ ਕਿ ਕੋਈ ਵੀ ਵਕੀਲ ਦੋਸ਼ੀ ਦੇ ਹੱਕ ਵਿੱਚ ਅਦਾਲਤ ਵਿੱਚ ਪੇਸ਼ ਨਹੀਂ ਹੋਵੇਗਾ। ਇਸ ਦੇ ਨਾਲ ਹੀ ਸ਼ਹਿਰ ਦੇ ਸਾਰੇ 33 ਐੱਮ.ਸੀ. ਸਾਹਿਬਾਨਾਂ ਨੇ ਵੀ ਜਥੇਬੰਦੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਦੋਸ਼ੀ ਦੀ ਕੋਈ ਮੱਦਦ ਨਹੀਂ ਕਰਨਗੇ ਤੇ ਨਾ ਹੀ ਉਸ ਦੀ ਜ਼ਮਾਨਤ ਵਿੱਚ ਸ਼ਾਮਲ ਹੋਣਗੇ। ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਤੇ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਸਮੇਤ ਸਮੂਹ ਜਥੇਬੰਦੀਆਂ ਨੇ ਵਕੀਲਾਂ ਦੇ ਇਸ ਫੈਸਲੇ ਦਾ ਸਵਾਗਤ ਕੀਤਾ। ਸਨਮਾਨਤ ਹੋਣ ਵਾਲੇ ਵਕੀਲਾਂ ਵਿੱਚ ਅੰਗਰੇਜ਼ ਸਿੰਘ, ਕੁਲਦੀਪ ਸਿੰਘ ਬਰਾੜ, ਸੁਖਪਾਲ ਸਿੰਘ ਮਹਾਲਮ, ਨਵਬੀਰ ਸਿੰਘ ਢਿੱਲੋਂ, ਸੰਦੀਪ ਖੰਨਾ, ਸਾਹਿਲ ਰਹੇਜਾ ਤੇ ਸੁਰੇਸ਼ ਆਨੰਦ ਪ੍ਰਮੁੱਖ ਤੌਰ 'ਤੇ ਸ਼ਾਮਲ ਸਨ।

## ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ ਨੂੰ ਨਵੇਂ ਕੋਰਸਾਂ ਲਈ ਮਿਲੀ ਮਾਨਤਾ

■ ਸਫਲਤਾ ਦੇ ਰਾਹ 'ਤੇ ਨਵਾਂ ਇਤਿਹਾਸ ਸਿਰਜਿਆ : ਡਾ. ਜ਼ੋਰਾ ਸਿੰਘ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ ਦੇ ਪ੍ਰਿੰਸੀਪਲ, ਸੁਪਰਡੈਂਟ ਤੇ ਸਟਾਫ ਦੀ ਮਿਹਨਤ ਨੇ ਸਫਲਤਾ ਦੇ ਰਾਹ 'ਤੇ ਨਵਾਂ ਇਤਿਹਾਸ ਰਚਿਆ।ਚਾਂਸਲਰ ਡਾਕਟਰ ਜ਼ੋਰਾ ਸਿੰਘ ਨੇ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ, ਸ੍ਰੀ ਮੁਕਤਸਰ ਸਾਹਿਬ ਨੂੰ ਨਵੇਂ ਕੋਰਸ ਬੀ. ਫਾਰਮੇਸੀ ਦੀ ਮਾਨਤਾ ਮਿਲਣ ਤੇ ਪ੍ਰਿੰਸੀਪਲ, ਉਸ ਦੀ ਟੀਮ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਡਾਕਟਰ ਜ਼ੋਰਾ ਸਿੰਘ ਨੇ ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ ਸ੍ਰੀ ਮੁਕਤਸਰ ਸਾਹਿਬ ਸਾਲ 2023 ਤੋਂ ਸ੍ਰੀ ਮੁਕਤਸਰ ਸਾਹਿਬ ਵਿੱਚ ਡੀ ਫਾਰਮੇਸੀ ਦੀ ਵਿੱਦਿਆ ਪ੍ਰਦਾਨ ਕਰਨ ਦੀ ਮਹੱਤਵਪੂਰਨ ਭੂਮਿਕਾ ਨਿਭਾਅ ਰਿਹਾ ਹੈ, ਜਿਸ ਦੇ ਚੱਲਦਿਆਂ ਇਸ ਸਾਲ ਫਾਰਮੇਸੀ ਕੌਂਸਲ, ਨਵੀਂ ਦਿੱਲੀ ਵੱਲੋਂ ਬੀ ਫਾਰਮੇਸੀ ਕੋਰਸ ਦੀ ਮਾਨਤਾ ਮਿਲ ਚੁੱਕੀ ਹੈ, ਜੋ ਕਿ ਸਾਡੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ।ਉਨ੍ਹਾਂ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਅੱਜ ਅਸੀਂ ਸਫਲਤਾ ਦੀ ਰਾਹ ਤੇ ਇੱਕ ਨਵਾਂ ਇਤਿਹਾਸ ਰਚਿਆ ਹੈ।ਇਸ ਮੌਕੇ ਪ੍ਰੋ ਚਾਂਸਲਰ ਮੈਡਮ ਤੇਜਿੰਦਰ ਕੌਰ ਨੇ ਇੱਕ ਵਾਰ ਫਿਰ ਆਪਣੀ ਟੀਮ ਸ੍ਰੀ ਮੁਨੀਸ਼ ਜੋਸ਼ੀ ਪ੍ਰਿੰਸੀਪਲ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ, ਸ਼੍ਰੀਮਤੀ ਰੁਪਿੰਦਰ ਕੌਰ ਪ੍ਰਿੰਸੀਪਲ, ਮਨਜਿੰਦਰ ਕੌਰ ਬਰਾੜ ਵਾਇਸ ਪ੍ਰਿੰਸੀਪਲ ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ਼ ਨਰਸਿੰਗ ਤੇ ਪੈਰਾ ਮੈਡੀਕਲ ਸਾਇੰਸਜ, ਸ੍ਰੀ ਸੰਜੀਵ ਜਿੰਦਲ ਪ੍ਰਿੰਸੀਪਲ ਦੇਸ਼ ਭਗਤ ਗਲੋਬਲ ਸਕੂਲ ਤੇ ਗਰੁੱਪ ਦੇ ਸੁਪਰਡੈਂਟ ਅਤੇ ਮੀਡੀਆ ਕੋਰਡੀਨੇਟਰ ਸ੍ਰੀ ਮੇਜਰ ਮਹਿਤਾ ਨੂੰ ਉਨ੍ਹਾਂ ਦੀ ਮਿਹਨਤ ਲਈ ਸ਼ਾਬਾਸ਼ੀ ਦਿੱਤੀ ਅਤੇ ਟੀਮ ਨੇ ਵੀ ਉਨ੍ਹਾਂ ਵੱਲੋਂ ਕੀਤੀ ਗਈ ਰਹਿਨੁਮਾਈ ਦਾ ਸ਼ੁਕਰੀਆ ਅਦਾ ਕੀਤਾ।

## ਕੋਇਲੇ ਦੇ ਰੇਟ ਵਧਣ ਕਰਕੇ ਭੱਠਾ ਇੰਡਸਟਰੀ ਘਾਟੇ 'ਚ : ਹਰਸ਼ ਗੁਪਤਾ

**ਸਮਾਣਾ (ਇਕਬਾਲ ਸਿੰਘ ਬੱਲ)**-ਭੱਠਾ ਇੰਡਸਟਰੀ ਇਸ ਵੇਲੇ ਬਹੁਤ ਘਾਟੇ ਵਿੱਚ ਚੱਲ ਰਹੀ ਹੈ, ਕਿਉਂਕਿ ਕੋਇਲੇ ਦੀਆਂ ਕੀਮਤਾਂ 'ਚ ਬੇਹੱਦ ਵਾਧਾ ਹੋ ਰਿਹਾ ਹੈ।ਕੋਇਲੇ ਦੀਆਂ ਵਧੀਆਂ ਹੋਈਆਂ ਕੀਮਤਾਂ ਤੇ ਬਲੈਕਮੇਲਿੰਗ ਕਾਰਨ ਭੱਠਾ ਇੰਡਸਟਰੀ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੀ ਹੈ।ਮੌਜੂਦਾ ਹਾਲਾਤ ਇਹੋ ਜਿਹੇ ਬਣ ਗਏ ਹਨ ਕਿ ਕਈ ਭੱਠਾ ਮਾਲਕ ਵਪਾਰ ਬੰਦ ਕਰਨ ਬਾਰੇ ਸੋਚਣ ਲਈ ਮਜਬੂਰ ਹੋ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭੱਠਾ ਐਸੋਸੀਏਸ਼ਨ ਤੇ ਪ੍ਰਧਾਨ ਹਰਸ਼ ਗੁਪਤਾ, ਜਨਰਲ ਸੈਕਟਰੀ ਅਨੂਪ ਗਰਗ ਤੇ ਕੈਸ਼ੀਅਰ ਸੰਜੀਵ ਬਾਂਸਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਨਾ ਤਾਂ ਕੋਇਲੇ ਦੇ ਇੰਪੋਰਟ ਰੇਟ ਵਿੱਚ ਵੱਡਾ ਵਾਧਾ ਹੋਇਆ ਹੈ, ਨਾ ਹੀ ਸ਼ਿਪਮੈਂਟ ਕਿਰਾਏ ਵਿੱਚ ਕੋਈ ਅਸਧਾਰਨ ਚੜ੍ਹਾਅ ਆਇਆ ਹੈ ਅਤੇ ਨਾ ਹੀ ਡਾਲਰ ਰੇਟ ਵਿੱਚ ਇਸ ਤਰ੍ਹਾਂ ਦੀ ਵਡੌਤਰੀ ਹੋਈ ਹੈ, ਫਿਰ ਵੀ ਭਾਰਤ ਵਿੱਚ ਕੋਇਲੇ ਦੀ ਕੀਮਤ ਡੇਢ ਗੁਣਾ ਤੋਂ ਵੱਧ ਕਿਵੇਂ ਹੋ ਗਈ? ਇਹ ਇਕ ਗੰਭੀਰ ਜਾਂਚ ਦਾ ਵਿਸ਼ਾ ਹੈ।ਜੇ ਕੋਇਲੇ ਦੀਆਂ ਕੀਮਤਾਂ ਵਿੱਚ ਇਹ ਗੈਰ-ਵਾਜਬ ਵਾਧਾ ਜਾਰੀ ਰਿਹਾ ਤਾਂ ਇੱਟਾਂ ਦੇ ਰੇਟ ਵਿੱਚ ਵੀ ਵਾਧਾ ਲਾਜ਼ਮੀ ਹੈ, ਜਿਸ ਦਾ ਸਿੱਧਾ ਅਸਰ ਆਮ ਆਦਮੀ ਦੀ ਜੇਬ ਉੱਤੇ ਪਵੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਬੇਨਤੀ ਕਰਦਿਆਂ ਕਿਹਾ ਕਿ ਉਹ ਤੁਰੰਤ ਇਸ ਮਾਮਲੇ ਦੀ ਜਾਂਚ ਕਰਵਾਏ ਤੇ ਭੱਠਾ ਇੰਡਸਟਰੀ ਨੂੰ ਬਚਾਉਣ ਲਈ ਯੋਗ ਕਦਮ ਚੁੱਕੇ, ਤਾਂ ਜੋ ਉਦਯੋਗ ਤੇ ਆਮ ਜਨਤਾ ਦੋਵੇਂ ਨੂੰ ਰਾਹਤ ਮਿਲ ਸਕੇ।

## ਹਲਕੇ 'ਚ 151 ਕਰੋੜ ਦੀ ਲਾਗਤ ਨਾਲ ਹੋਵੇਗਾ ਸੜਕਾਂ ਦਾ ਨਵੀਨੀਕਰਨ : ਬੁੱਧ ਰਾਮ

### 77 ਸੜਕਾਂ ਤੇ ਫਿਰਨੀਆਂ ਦੇ ਨਿਰਮਾਣ ਲਈ ਟੈਂਡਰ ਜਾਰੀ



**ਬੁਢਲਾਡਾ (ਅਸ਼ੋਕ ਲਾਕੜਾ)**-ਹਲਕਾ ਬੁਢਲਾਡਾ ਦੇ ਸਰਵਪੱਖੀ ਵਿਕਾਸ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਵੱਲੋਂ ਇੱਕ ਅਹਿਮ ਪ੍ਰੈੱਸ ਕਾਨਫਰੰਸ ਕੀਤੀ ਗਈ।ਇਸ ਦੌਰਾਨ ਉਨ੍ਹਾਂ ਹਲਕੇ ਦੇ ਨਿਵਾਸੀਆਂ ਨਾਲ ਸਾਂਝਾ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਬੁਢਲਾਡਾ ਹਲਕੇ ਵਿੱਚ ਸੜਕਾਂ ਦੇ ਨਿਰਮਾਣ ਤੇ ਮੁਰੰਮਤ ਲਈ 151 ਕਰੋੜ ਰੁਪਏ ਦੀ ਵੱਡੀ ਰਾਸ਼ੀ ਨੂੰ ਪ੍ਰਵਾਨਗੀ ਦਿੱਤੀ ਗਈ ਹੈ।ਇਸ ਵਿਕਾਸਮਈ ਤੋਹਫ਼ੇ ਲਈ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਪ੍ਰਿੰਸੀਪਲ ਬੁੱਧਰਾਮ ਨੇ ਦੱਸਿਆ ਕਿ ਹਲਕੇ ਵਿੱਚ 66 ਸੜਕਾਂ ਦਾ ਕੰਮ ਪਿਛਲੇ ਤਿੰਨ ਮਹੀਨਿਆਂ ਤੋਂ ਲਗਾਤਾਰ ਜਾਰੀ ਹੈ, ਜੋ ਕਿ ਆਉਣ ਵਾਲੀ 30 ਅਪ੍ਰੈਲ ਤੱਕ ਮੁਕੰਮਲ ਕਰ ਲਿਆ ਜਾਵੇਗਾ।ਇਸ ਦੇ ਨਾਲ ਹੀ ਇਲਾਕਾ ਨਿਵਾਸੀਆਂ ਲਈ ਇੱਕ ਹੋਰ ਵੱਡੀ ਖੁਸ਼ਖਬਰੀ ਸਾਂਝੀ ਕਰਦਿਆਂ ਉਨ੍ਹਾਂ ਦੱਸਿਆ ਕਿ 77 ਸੜਕਾਂ ਤੇ ਫਿਰਨੀਆਂ ਦੇ ਨਿਰਮਾਣ ਲਈ 111 ਕਰੋੜ ਰੁਪਏ ਦੀ ਲਾਗਤ ਨਾਲ ਟੈਂਡਰ ਲੱਗ ਚੁੱਕੇ ਹਨ ਤੇ ਜਲਦੀ ਹੀ ਇਨ੍ਹਾਂ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕਰ ਦਿੱਤਾ ਜਾਵੇਗਾ।ਅੰਤ ਵਿੱਚ ਪ੍ਰਿੰਸੀਪਲ ਬੁੱਧਰਾਮ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪਹੁੰਚਾਉਣ ਲਈ ਵਚਨਬੱਧ ਹੈ ਤੇ ਹਲਕੇ ਦੇ ਹਰ ਪਿੰਡ ਦੀ ਫਿਰਨੀ ਤੇ ਸੜਕ ਨੂੰ ਚਕਾਚਕ ਕਰਨਾ ਉਨ੍ਹਾਂ ਦਾ ਮੁੱਖ ਟੀਚਾ ਹੈ।ਇਸ ਮੌਕੇ ਰਣਜੀਤ ਸਿੰਘ ਚੇਅਰਮੈਨ, ਸੋਹਣਾ ਸਿੰਘ ਚੇਅਰਮੈਨ ਕੋਆਪਰੇਟਿਵ ਸੁਸਾਇਟੀ, ਸੁਭਾਸ਼ ਨਾਗਪਾਲ, ਹਰਵਿੰਦਰ ਸੇਖੋਂ ਤੇ ਕੁਲਦੀਪ ਸ਼ੀਮਾਰ ਹਾਜ਼ਰ ਸਨ।

## ਰੌਸ਼ਨੀ ਮੇਲਾ ਮਾਲਵੇ ਦਾ ਪ੍ਰਸਿੱਧ ਮੇਲਾ ਹੈ : ਵਿਜੈ ਦਾਨਵ



**ਜਗਰਾਉਂ (ਸੰਜੀਵ ਅਰੋੜਾ)**-ਮਾਲਵੇ ਦੇ ਪ੍ਰਸਿੱਧ ਰੌਸ਼ਨੀ ਦੇ ਮੇਲੇ 'ਤੇ ਲੁਧਿਆਣਾ ਤੋਂ ਆਮ ਆਦਮੀ ਪਾਰਟੀ ਦੇ ਦਲਿਤ ਸਮਾਜ ਦੇ ਰਾਜ ਮੰਤਰੀ ਵਿਜੈ ਦਾਨਵ ਉਚੇਚੇ ਤੌਰ 'ਤੇ ਪਹੁੰਚੇ ਤੇ ਪੀਰ ਬਾਬਾ ਮੋਹਕਮਦੀਨ ਜੀ ਦੀ ਦਰਗਾਹ 'ਤੇ ਮੱਥਾ ਟੇਕਿਆ। ਸਥਾਨਕ ਪੀਰ ਬਾਬਾ ਮੋਹਕਮਦੀਨ ਜੀ ਦੀ ਦਰਗਾਹ 'ਤੇ ਲੱਖਾਂ ਲੋਕਾਂ ਨੇ ਹਾਜ਼ਰੀ ਭਰੀ। ਇਸ ਮੌਕੇ ਪੀਰ ਬਾਬਾ ਮੋਹਕਮਦੀਨ ਦੀ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਨੂਰਦੀਨ ਵੱਲੋਂ ਪਹੁੰਚੀਆਂ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕ ਵਿਜੈ ਦਾਨਵ ਨੇ ਕਿਹਾ ਕਿ ਜਗਰਾਉਂ ਦੇ ਰੌਸ਼ਨੀ ਮੇਲੇ 'ਤੇ ਹਾਜ਼ਰੀ ਭਰ ਕੇ ਬਹੁਤ ਖੁਸ਼ੀ ਹੋ ਰਹੀ ਹੈ ਤੇ ਜਗਰਾਉਂ ਦੇ ਹੀ ਉੱਘੇ ਵਪਾਰੀ ਨੰਨੂ ਸਿੰਗਲਾ ਦੇ ਸੱਦੇ 'ਤੇ ਬੇਸ਼ੱਕ ਉਹ ਜਗਰਾਉਂ ਪਹੁੰਚੇ ਹਨ, ਪਰ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਕਰਕੇ ਉਹ ਹੁਣ ਆਉਣ ਵਾਲੇ ਦਿਨਾਂ ਵਿੱਚ ਜਗਰਾਉਂ ਵਿਖੇ ਆਪਣਾ ਦਫ਼ਤਰ ਵੀ ਖੋਲ੍ਹਣਗੇ ਤੇ ਆਮ ਲੋਕਾਂ ਦੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਪੰਜਾਬ ਸਰਕਾਰ ਤੋਂ ਕਰਵਾਉਣਗੇ।

## ਭਾਜਪਾ ਦੀ ਮੋਗਾ ਰੈਲੀ ਲਈ ਲੋਕਾਂ 'ਚ ਭਾਰੀ ਉਤਸ਼ਾਹ : ਹਰਪਾਲਪੁਰ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਭਾਜਪਾ ਵੱਲੋਂ 14 ਮਾਰਚ ਨੂੰ ਮੋਗਾ ਵਿਖੇ ਕਰਵਾਈ ਜਾ ਰਹੀ ਵਿਸ਼ਾਲ ਰੈਲੀ ਨੂੰ ਲੈ ਕੇ ਪਾਰਟੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਇਸ ਸਬੰਧੀ ਹਲਕਾ ਸਨੌਰ ਦੇ ਇੰਚਾਰਜ ਹਰਵਿੰਦਰ ਸਿੰਘ ਹਰਪਾਲਪੁਰ ਨੇ ਭਾਜਪਾ ਦੇ ਭਾਖਰ ਮੰਡਲ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਰੈਲੀ ਪੰਜਾਬ ਦੀਆਂ ਸਾਰੀਆਂ ਵਿਰੋਧੀ ਪਾਰਟੀਆਂ ਦੇ ਭੁਲੇਖੇ ਦੂਰ ਕਰੇਗੀ ਤੇ ਸੂਬੇ ਵਿੱਚ ਭਾਜਪਾ ਦੀ ਵਧ ਰਹੀ ਲੋਕਪ੍ਰਿਯਤਾ ਦਾ ਸਪੱਸ਼ਟ ਸੰਦੇਸ਼ ਦੇਵੇਗੀ। ਹਰਪਾਲਪੁਰ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਰੈਲੀ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨ ਤਾਂ ਜੋ ਇਹ ਰੈਲੀ ਇਤਿਹਾਸਕ ਬਣ ਸਕੇ। ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਗਗਰੌਲੀ ਨੇ ਕਿਹਾ ਕਿ ਮੋਗਾ ਰੈਲੀ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ ਤੇ ਵੱਡੀ ਗਿਣਤੀ ਵਿੱਚ ਲੋਕ ਹੁੰਮ ਹੁਮਾ ਕੇ ਪਹੁੰਚਣਗੇ।ਉਨ੍ਹਾਂ ਦੱਸਿਆ ਕਿ ਰੈਲੀ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਜਾਰੀ ਹਨ ਅਤੇ ਹਲਕਾ ਸਨੌਰ ਤੋਂ ਵੀ ਵੱਡਾ ਕਾਫ਼ਲਾ ਮੋਗਾ ਵੱਲ ਰਵਾਨਾ ਹੋਵੇਗਾ।ਇਸ ਮੌਕੇ ਸੀਨੀਅਰ ਆਗੂ ਹਰਮੀਤ ਸਿੰਘ ਠੁਕਰਾਲ, ਸੁਰਿੰਦਰ ਸ਼ਰਮਾ, ਤਰਸੇਮ ਸਿੰਘ ਬਲਮਗੜ੍ਹ, ਅਵਤਾਰ ਸਿੰਘ ਰਾਠੀਆ ਅਤੇ ਜਗਸੀਰ ਸਿੰਘ ਸਮੇਤ ਕਈ ਹੋਰ ਪਾਰਟੀ ਆਗੂ ਤੇ ਵਰਕਰ ਮੌਜੂਦ ਰਹੇ।

## ਸੀਨੀਅਰ ਸਿਟੀਜ਼ਨ ਕੌਂਸਲ ਸੇਵਾਮੁਕਤ ਕਰਮਚਾਰੀ ਮੋਗਾ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਸਿਟੀਜਨ ਕੌਂਸਲ (ਸੇਵਾਮੁਕਤ ਕਰਮਚਾਰੀ) ਮੋਗਾ ਦੀ ਮਹੀਨਾਵਾਰੀ ਜਨਰਲ ਮੀਟਿੰਗ ਪੰਜਾਬ ਫੈਡਰੇਸ਼ਨ ਦੇ ਸੀਨੀਅਰ ਉੱਪ ਪ੍ਰਧਾਨ, ਫਾਊਂਡਰ ਮੈਂਬਰ ਤੇ ਕੌਂਸਲ ਪ੍ਰਧਾਨ ਸਰਦਾਰੀ ਲਾਲ ਕਾਮਰਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਸ਼ਾਸਨ ਕੰਪਲੈਕਸ ਦੇ ਕੌਂਸਲ ਦਫਤਰ ਰੈੱਡ ਕਰਾਸ ਡੇਅ ਕੇਅਰ ਸੈਂਟਰ ਵਿਖੇ ਹੋਈ।ਸਮੂਹ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਸਰਦਾਰੀ ਲਾਲ ਕਾਮਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਾਰੇ ਹੀ ਜ਼ਿਲ੍ਹਿਆਂ ਵਿੱਚ ਮਨਾਏ ਗਏ ਪ੍ਰੋਗਰਾਮ 'ਸਾਡੇ ਬਜ਼ੁਰਗ ਸਾਡਾ ਮਾਣ' ਬਹੁਤ ਹੀ ਸਫਲਤਾ ਪੂਰਵਕ ਚੱਲ ਰਹੇ ਹਨ, ਜਿਸ ਵਿੱਚ ਬਜ਼ੁਰਗਾਂ ਨੇ ਵਧ ਚੜ੍ਹ ਕੇ ਹਿਸਾ ਲੈ ਕੇ ਸਰਕਾਰੀ ਸਹੂਲਤਾਂ ਦਾ ਪੂਰਾ ਲਾਭ ਉਠਾਇਆ ਤੇ ਬਜ਼ੁਰਗਾਂ ਨੇ ਸਮਾਜਿਕ ਸੁਰੱਖਿਆ, ਬਾਲ ਤੇ ਇਸਤਰੀ ਵਿਭਾਗ ਪੰਜਾਬ ਦੀ ਪ੍ਰਸੰਸਾ ਕੀਤੀ।ਫਰਵਰੀ ਮਹੀਨੇ ਵਿੱਚ ਜਨਮੇ ਮੈਂਬਰਾਂ ਪਰਸ਼ੋਤਮ ਲਾਲ ਸ਼ਰਮਾ, ਜਸਵੀਰ ਸਿੰਘ ਨਿਧਾਂਵਾਲਾ, ਵਿਜੈ ਕੁਮਾਰ ਸੂਦ ਤੇ ਲਾਲ ਚੰਦ ਅਰੋੜਾ ਦਾ ਜਨਮ ਦਿਹਾੜਾ ਮਨਾਇਆ ਗਿਆ।ਸਮੂਹ ਮੈਂਬਰਾਂ ਵੱਲੋਂ ਉਨ੍ਹਾਂ ਦੀ ਸਿਹਤਯਾਬੀ ਤੇ ਤੰਦਰੁਸਤੀ ਦੀ ਕਾਮਨਾ ਕੀਤੀ ਗਈ।ਮੀਟਿੰਗ ਵਿੱਚ ਅਵਤਾਰ ਸਿੰਘ ਨੇ ਸਟੇਜ ਦੀ ਭੂਮਿਕਾ ਨਿਭਾਈ।ਮੀਟਿੰਗ ਵਿੱਚ ਗੁਰਚਰਨ ਸਿੰਘ ਸੁਪਰਡੈਂਟ, ਵਿਜੈ ਸ਼ਰਮਾ ਜਨ. ਸਕੱਤਰ, ਜੋਗਿੰਦਰ ਸਿੰਘ ਲੋਹਾਮ, ਮਾਸਟਰ ਪ੍ਰੇਮ ਕੁਮਾਰ, ਹਰਭਜਨ ਸਿੰਘ ਨਾਗਰਾ, ਹੀਰਾ ਲਾਲ ਬਾਂਸਲ, ਸੁਰਿੰਦਰ ਕੁਮਾਰ ਬਾਂਸਲ, ਜਗਦੀਪ ਸਿੰਘ ਕੈਂਥ, ਅਮਰ ਸਿੰਘ ਵਿਰਦੀ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਸਵਤੰਤਰ ਕੁਮਾਰ ਗੁਪਤਾ ਬੈਂਕ ਅਧਿਕਾਰੀ, ਦਰਬਾਰ ਸਿੰਘ ਗਿੱਲ, ਗੁਰਦੀਪ ਸਿੰਘ ਬਰਾੜ, ਰਣਜੀਤ ਸਿੰਘ ਗਿੱਲ, ਸਵਿੰਦਰ ਸਿੰਘ, ਲਾਲ ਚੰਦ ਅਰੋੜਾ, ਗੁਰਦਰਸ਼ਨ ਸਿੰਘ ਸੋਢੀ, ਹਰਬੰਸ ਕੌਰ, ਦਲਜੀਤ ਸਿੰਘ, ਜਗਦੀਪ ਸਿੰਘ ਢਿੱਲੋਂ ਤੋਂ ਇਲਾਵਾ ਹੋਰ ਵੀ ਸ਼ਾਮਲ ਹੋਏ।

## ਰਾਇਟਵੇ ਏਅਰ ਲਿੰਕਸ ਨੇ ਲਵਾਇਆ ਕੈਨੇਡਾ ਵਿਜ਼ਟਰ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟਵੇ ਏਅਰਲਿੰਕਸ ਇਮੀਗ੍ਰੇਸ਼ਨ ਤੇ ਆਈਲਟਸ ਸੰਸਥਾ ਨੇ ਸੁਖਵਿੰਦਰ ਕੌਰ ਪਤਨੀ ਬਲਵੰਤ ਸਿੰਘ ਵਾਸੀ ਪਿੰਡ ਕਮਾਲਪੁਰਾ, ਲੁਧਿਆਣਾ ਦਾ ਕੈਨੇਡਾ ਦਾ ਵਿਜ਼ਟਰ ਵੀਜ਼ਾ ਲਗਵਾ ਕੇ ਦਿੱਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਕਿਹਾ ਕਿ ਅਫਵਾਹਾਂ 'ਤੇ ਧਿਆਨ ਨਾ ਦਿਉ, ਜਿਨ੍ਹਾਂ ਬੱਚਿਆ ਦੇ ਯੂ ਕੇ ਤੇ ਆਸਟ੍ਰੇਲੀਆ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹਨ, ਉਹ ਕੈਨੇਡਾ ਲਈ ਅਪਲਾਈ ਕਰ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂ ਕੇ, ਆਸਟ੍ਰੇਲੀਆ ਜਾਂ ਕੈਨੇਡਾ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਦੀ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹਨ।ਰਾਇਟਵੇ ਏਅਰਲਿੰਕਸ ਬੈਂਕ ਦੇ ਜ਼ਰੀਏ ਬੱਚਿਆਂ ਨੂੰ ਐਜੂਕੇਸ਼ਨ ਲੋਨ ਦੀ ਸੁਵਿਧਾ ਲੈ ਕੇ ਦਿੰਦਾ ਹੈ, ਜਿਨ੍ਹਾਂ ਪੈਸਿਆਂ ਨੂੰ ਬੱਚੇ ਅਪਣੇ ਖਰਚੇ ਲਈ ਵਰਤ ਸਕਦੇ ਹਨ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਸੁਖਵਿੰਦਰ ਕੌਰ ਨੂੰ ਵਧਾਈ ਦਿੱਤੀ।

## ਕਨਫੈਡਰੇਸ਼ਨ ਵੱਲੋਂ ਅਰਦਾਸ ਮਲਟੀਸਪੈਸ਼ਲਿਟੀ ਹਸਪਤਾਲ ਦੇ ਸਹਿਯੋਗ ਨਾਲ ਮੁਫ਼ਤ ਮੈਡੀਕਲ ਕੈਂਪ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਕਨਫੈਡਰੇਸ਼ਨ ਵੱਲੋਂ ਅਰਦਾਸ ਮਲਟੀਸਪੈਸ਼ਲਿਟੀ ਹਸਪਤਾਲ ਬੱਸੀ ਪਠਾਨਾ ਦੇ ਮੈਨੇਜਿੰਗ ਡਾਇਰੈਕਟਰ ਡਾ. ਕਮਲ ਕੁਮਾਰ ਖੰਨਾ (ਸਿੱਖਿਆ ਪ੍ਰੋਜੈਕਟ ਚੇਅਰਮੈਨ) ਦੇ ਸਹਿਯੋਗ ਨਾਲ ਅੱਖਾਂ, ਜਨਰਲ ਤੇ ਦੰਦਾਂ ਦੀ ਜਾਂਚ ਦਾ ਮੁਫ਼ਤ ਕੈਂਪ ਸ੍ਰਿਜਨ ਵਿਕਾਸ ਡੇ ਕੇਅਰ ਕੇਂਦਰ ਸੀ.ਐੱਫ.ਸੀ. ਭਵਨ ਪਿੰਡ ਫ਼ਤਿਹਪੁਰ ਅਰਾਈਆਂ ਵਿਖੇ ਲਗਾਇਆ ਗਿਆ।ਇਸ ਕੈਂਪ ਵਿੱਚ ਕੇਂਦਰ ਦੇ ਵਿਸ਼ੇਸ਼ ਬੱਚਿਆਂ ਦੇ ਨਾਲ ਨਾਲ ਇਲਾਕੇ ਦੇ 100 ਤੋਂ ਵੱਧ ਵਿਅਕਤੀਆਂ ਦੀ ਹਰ ਤਰ੍ਹਾਂ ਦੀ ਜਾਂਚ ਕੀਤੀ ਗਈ।ਇਸ ਕੈਂਪ ਵਿੱਚ ਅੱਖਾਂ ਦੀ ਜਾਂਚ ਡਾ. ਸੌਰਵ ਤੇ ਅਸਿਸਟੈਂਟ ਜਸਪ੍ਰੀਤ ਸਿੰਘ ਵੱਲੋਂ ਕੀਤੀ ਗਈ।ਜਨਰਲ ਰੋਗਾਂ ਦੀ ਜਾਂਚ ਡਾ. ਕਮਲ ਕੁਮਾਰ ਖੰਨਾ ਤੇ ਡਾ. ਵਿਕਾਸ ਵੱਲੋਂ ਕੀਤੀ ਗਈ।ਦੰਦਾਂ ਦੀ ਜਾਂਚ ਡਾ. ਅਨੁਪਮਾ ਵੱਲੋਂ ਕੀਤੀ ਗਈ ਅਤੇ ਡਾ. ਵੀਨਸ ਤੇ ਡਾ. ਜਸਨੂਰ ਕੌਰ ਵੱਲੋਂ ਥੈਰਾਪੀ ਦਿੱਤੀ ਗਈ।ਇਸ ਕੈਂਪ ਦੌਰਾਨ ਕੁਝ ਲੋੜਵੰਦ ਵਿਅਕਤੀਆਂ ਦੇ ਨਾਮ ਆਪ੍ਰੇਸ਼ਨ ਲਈ ਵੀ ਰਜਿਸਟਰ ਕੀਤੇ ਗਏ।

ਕੈਂਪ ਵਿੱਚ ਮਾਣਯੋਗ ਭੁਪਿੰਦਰ ਸਿੰਘ ਚੀਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਤੇ ਉਨ੍ਹਾਂ ਵੱਲੋਂ ਕੁਝ ਐਨਕਾਂ ਮਰੀਜ਼ਾਂ ਨੂੰ ਦੇਣ ਲਈ ਸੰਸਥਾ ਨੂੰ ਭੇਟ ਕੀਤੀਆਂ ਗਈਆਂ।ਇਸ ਮੌਕੇ ਕਨਫੈਡਰੇਸ਼ਨ ਦੇ ਪ੍ਰਧਾਨ ਮਨਮੋਹਨ ਜਰਗਰ, ਬਲਵਿੰਦਰ ਸਿੰਘ, ਅਨਿਲ ਕੁਮਾਰ ਸ਼ਰਮਾ, ਮਨਮਿੰਦਰ ਸਿੰਘ ਆਦਿ ਮੈਂਬਰਾਂ ਤੇ ਕੇਂਦਰ ਦੇ ਰਾਜਵੀਰ ਕੌਰ (ਪ੍ਰਿੰਸੀਪਲ), ਸਤਨਾਮ ਸਿੰਘ (ਸਪੈਸ਼ਲ ਐਜੂਕੇਟਰ), ਰਵਿੰਦਰ ਸਿੰਘ (ਕਾਊਂਸਲਰ), ਰਜਨੀ ਦੇਉਰਾ (ਗਤਿਵਿਧੀ ਪ੍ਰਸ਼ਿਖਸ਼ਕ), ਡਾ. ਜਸਨੂਰ ਕੌਰ (ਫਿਜ਼ੀਓਥੈਰੇਪਿਸਟ), ਸੁਖਵਿੰਦਰ ਕੌਰ, ਗਗਨਦੀਪ ਕੌਰ, ਗੁਰਦੀਪ ਕੌਰ, ਜਸਵੰਤ ਸਿੰਘ, ਬਹਾਦੁਰ ਸਿੰਘ ਆਦਿ ਨੇ ਭਾਗ ਲਿਆ।

## ਸਰਕਾਰ ਵੱਲੋਂ ਕਣਕ ਦੀ ਖਰੀਦ ਨੂੰ ਲੈ ਕੇ ਤਿਆਰੀਆਂ ਮੁਕੰਮਲ : ਬਰਸਟ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਮੰਡੀਕਰਨ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਲਗਾਤਾਰ ਪਿਛਲੇ ਦਿਨਾਂ ਤੋਂ ਇਤਿਹਾਸਕ ਸ਼ਹਿਰ ਨਾਭਾ ਵਿਖੇ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਵਰਕਰਾਂ ਨਾਲ ਬੈਠਕਾਂ ਦਾ ਸਿਲਸਿਲਾ ਜਾਰੀ ਹੈ, ਜਿਸ ਦੇ ਚਲਦਿਆਂ ਅੱਜ ਹਰਚੰਦ ਸਿੰਘ ਬਰਸਟ ਵੱਲੋਂ ਵਾਰਡ ਨੰਬਰ ਅੱਠ ਦੇ ਆਮ ਆਦਮੀ ਪਾਰਟੀ ਦੇ ਆਗੂ ਬਲਾਕ ਪ੍ਰਧਾਨ ਤੇ ਟਰੇਡ ਵਿੰਗ ਦੇ ਹਲਕਾ ਇੰਚਾਰਜ ਅਸ਼ੋਕ ਅਰੋੜਾ ਤੇ ਵਾਰਡ ਵਾਸੀਆਂ ਨਾਲ ਬੈਠਕ ਕੀਤੀ ਗਈ।ਗੱਲਬਾਤ ਦੌਰਾਨ ਹਰਚੰਦ ਸਿੰਘ ਬਸਸਟ ਨੇ ਕਿਹਾ ਕਿ ਪਾਰਟੀ ਵੱਲੋਂ ਕੀਤੇ ਕਾਰਜਾਂ ਸਬੰਧੀ ਜਾਣਕਾਰੀ ਹੇਠਲੇ ਲੈਵਲ ਤੇ ਆਗੂਆਂ ਤੇ ਵਰਕਰਾਂ ਤੋਂ ਲਈ ਜਾ ਰਹੀ ਹੈ 2027 ਦੀਆਂ ਤਿਆਰੀਆਂ ਨੂੰ ਲੈ ਕੇ ਵਰਕਰਾਂ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਜਨਤਾ ਪਾਰਟੀ ਦੇ ਕੀਤੇ ਕਾਰਜਾਂ ਤੋਂ ਬਹੁਤ ਖੁਸ਼ ਦਿਖਾਈ ਦੇ ਰਹੀ ਹੈ।ਬਰਸਟ ਨੇ ਕਿਹਾ ਕਿ ਕਣਕ ਦੀ ਖਰੀਦ ਨੂੰ ਲੈ ਕੇ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਕੇਂਦਰ ਸਰਕਾਰ 'ਤੇ ਤਿੱਖੇ ਸ਼ਬਦੀ ਹਮਲੇ ਕਰਦਿਆਂ ਕਿਹਾ ਕਿ ਕੇਂਦਰ ਪੰਜਾਬ ਨਾਲ ਵਿਤਕਰਾ ਕਰਦਾ ਆ ਰਿਹਾ ਅਤੇ ਸਾਡੇ ਬਣਦੇ ਹੱਕ ਤੇ ਫੰਡ ਨਹੀਂ ਦਿੱਤੇ ਜਾ ਰਹੇ। ਉਨ੍ਹਾਂ ਕਿਹਾ ਕਿ ਜੋ ਆਮ ਆਦਮੀ ਪਾਰਟੀ ਵੱਲੋਂ ਵਾਅਦੇ ਕੀਤੇ ਗਏ ਸੀ ਉਹ ਸਾਰੇ ਪੂਰੇ ਕੀਤੇ ਗਏ ਨੇ, 1000 ਮਹੀਨਾ ਜੋ ਔਰਤਾਂ ਨੂੰ ਦੇਣਾ ਹੈ, ਸਮੁੱਚੇ ਪੰਜਾਬ ਅੰਦਰ ਅੱਠ ਮਾਰਚ ਨੂੰ ਉਸ ਦਾ ਫੈਸਲਾ ਹੋ ਜਾਵੇਗਾ।ਇਸ ਮੌਕੇ ਬਲਾਕ ਪ੍ਰਧਾਨ ਅਸ਼ੋਕ ਅਰੋੜਾ, ਸੰਜੀਵ ਮਿੱਤਲ ਸ਼ਿਲਪਾ, ਰਾਣਾ ਨਾਭਾ, ਸਰਪੰਚ ਰਣਜੀਤ ਸਿੰਘ ਜੱਜ, ਰੋਬਿਨ ਅਰੋੜਾ, ਮੁਕੇਸ਼ ਜੈਨ, ਸੰਜੇ ਮੱਗੋ, ਅਮਿਤ ਮੰਗਲਾ, ਰਾਕੇਸ਼ ਸਹਿਗਲ, ਬਾਬੂ ਸਿੰਘ ਤੋਂ ਇਲਾਵਾ ਪਾਰਟੀ ਨਾਲ ਸੰਬੰਧਤ ਵਰਕਰ ਹਾਜ਼ਰ ਸਨ।

## ਵਿਦਿਆਰਥੀਆਂ ਨੇ ਸਕੂਲ 'ਚ ਬੈਗ ਫ੍ਰੀ ਡੇਅ ਮਨਾਇਆ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੇ ਦਬਾਅ ਤੇ ਤਣਾਅ ਤੋਂ ਰਾਹਤ ਦੇਣ ਦੇ ਉਦੇਸ਼ ਨਾਲ ਲਿਟਿਲ ਏਂਜਲ ਪਬਲਿਕ ਸਕੂਲ ਗਿੱਦੜਬਾਹਾ ਵਿਖੇ ਬੈਗ ਫ੍ਰੀ ਡੇਅ ਮਨਾਇਆ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਨਿਸ਼ਾਂਤ ਬਾਘਲਾ ਨੇ ਦੱਸਿਆ ਕਿ ਬੈਗ ਫ੍ਰੀ ਡੇਅ ਮਨਾਉਣ ਦਾ ਮੁੱਖ ਮਕਸਦ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਮਾਨਸਿਕ ਤੌਰ 'ਤੇ ਤੰਦਰੁਸਤ ਰੱਖਣਾ ਤੇ ਪ੍ਰੀਖਿਆਵਾਂ ਪ੍ਰਤੀ ਉਨ੍ਹਾਂ ਦਾ ਡਰ ਘਟਾਉਣਾ ਸੀ।ਉਨ੍ਹਾਂ ਕਿਹਾ ਕਿ ਪ੍ਰੀਖਿਆਵਾਂ ਦੇ ਸਮੇਂ ਵਿਦਿਆਰਥੀਆਂ 'ਤੇ ਪੜ੍ਹਾਈ ਦਾ ਵੱਧ ਬੋਝ ਹੋਣ ਕਾਰਨ ਉਹ ਤਣਾਅ ਮਹਿਸੂਸ ਕਰਦੇ ਹਨ।ਇਸ ਲਈ ਇੱਕ ਦਿਨ ਲਈ ਬੱਚਿਆਂ ਨੂੰ ਬਿਨਾਂ ਸਕੂਲ ਬੈਗ ਦੇ ਬੁਲਾਇਆ ਗਿਆ ਤੇ ਇਸ ਦੌਰਾਨ ਵਿਦਿਆਰਥੀਆਂ ਲਈ ਮਨੋਰੰਜਕ ਤੇ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ।ਇਸ ਮੌਕੇ ਸਕੂਲ ਦੀ ਪ੍ਰਿੰ. ਮੈਡਮ ਲਤਾ ਬਾਘਲਾ ਨੇ ਵਿਦਿਆਰਥੀਆਂ ਨੂੰ ਸਮੇਂ ਦੀ ਸਹੀ ਯੋਜਨਾ ਬਣਾਉਣ, ਸਿਹਤਮੰਦ ਰਹਿਣ ਤੇ ਸਕਾਰਾਤਮਕ ਸੋਚ ਨਾਲ ਪ੍ਰੀਖਿਆਵਾਂ ਦੇਣ ਲਈ ਕਿਹਾ।ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਦਾ ਆਤਮਵਿਸ਼ਵਾਸ ਵਧਦਾ ਹੈ ਤੇ ਉਹ ਪ੍ਰੀਖਿਆਵਾਂ ਨੂੰ ਬਿਨਾਂ ਘਬਰਾਹਟ ਦੇ ਦੇ ਸਕਦੇ ਹਨ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

## ਵਿਦਿਆਰਥੀ ਨੂੰ ਅਗਵਾ ਕਰਕੇ ਕੁੱਟਮਾਰ ਕਰਨ ਦੇ ਦੋਸ਼ 'ਚ ਛੇ ਕਾਬੂ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਬੀਤੇ ਦਿਨ ਪਿੰਡ ਬਲਾਹੜੀ ਕਲਾਂ ਦੇ ਸਰਕਾਰੀ ਸਕੂਲ ਨੇੜੀਓਂ ਕਥਿਤ ਤੌਰ 'ਤੇ ਅਗਵਾ ਕੀਤੇ ਗਏ 14 ਸਾਲਾ ਵਿਦਿਆਰਥੀ ਦੇ ਮਾਮਲੇ ਨੂੰ ਸੁਲਝਾਉਂਦੇ ਹੋਏ ਬਡਾਲੀ ਆਲਾ ਸਿੰਘ ਪੁਲਸ ਵੱਲੋਂ ਦੋ ਨਾਬਾਲਿਗਾਂ ਸਣੇ ਛੇ ਲੜਕਿਆਂ ਨੂੰ ਇਸ ਮਾਮਲੇ 'ਚ ਕਾਬੂ ਕਰਕੇ ਅਗਵਾ ਕੀਤੇ ਵਿਦਿਆਰਥੀ ਨੂੰ ਸਹੀ ਸਲਾਮਤ ਬਰਾਮਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਬੀਤੇ ਕੱਲ੍ਹ ਪਿੰਡ ਭੈਰੋਪੁਰ ਦਾ ਰਹਿਣ ਵਾਲਾ 14 ਸਾਲਾ ਨਾਬਾਲਿਗ ਲੜਕਾ ਜਦੋਂ ਪਿੰਡ ਬਲਾਹੜੀ ਕਲਾਂ ਦੇ ਸਰਕਾਰੀ ਸਕੂਲ 'ਚੋਂ ਆਪਣਾ ਇਮਤਿਹਾਨ ਦੇ ਕੇ ਬਾਹਰ ਨਿੱਕਲਿਆ ਤਾਂ ਸਕੂਲ ਦੇ ਬਾਹਰ ਇੱਕ ਕਰੂਜ਼ ਕਾਰ, ਜਿਸਦੀਆਂ ਨੰਬਰ ਪਲੇਟਾਂ 'ਤੇ ਮਿੱਟੀ ਮਲੀ ਹੋਈ ਸੀ ਅਤੇ ਇੱਕ ਸਪਲੈਂਡਰ ਮੋਟਰਸਾਈਕਲ ਲੈ ਕੇ ਉਸ ਦਾ ਇੰਤਜ਼ਾਰ ਕਰ ਰਹੇ ਨੌਜਵਾਨਾਂ ਨੇ ਉਸ ਦੀ ਕੁੱਟਮਾਰ ਕਰਦੇ ਹੋਏ ਉਸ ਨੂੰ ਜ਼ਬਰਦਸਤੀ ਚੁੱਕ ਕੇ ਕਰੂਜ਼ ਕਾਰ 'ਚ ਸੁੱਟ ਲਿਆ ਤੇ ਪੀਰਜੈਨ ਵੱਲ ਨੂੰ ਗੱਡੀ ਭਜਾ ਕੇ ਲੈ ਗਏ।ਪੀੜਤ ਲੜਕੇ ਦੇ ਚਾਚੇ ਦੇ ਬਿਆਨਾਂ 'ਤੇ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਤੇਜ਼ੀ ਨਾਲ ਮਾਮਲੇ ਦੀ ਜਾਂਚ 'ਚ ਜੁਟੀ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਵੱਲੋਂ ਇਸ ਵਾਰਦਾਤ ਨੂੰ ਕਥਿਤ ਤੌਰ 'ਤੇ ਅੰਜਾਮ ਦੇਣ ਵਾਲੇ ਦੋ ਨਾਬਾਲਿਗਾਂ ਸਮੇਤ ਛੇ ਲੜਕਿਆਂ ਨੂੰ ਇਸ ਮਾਮਲੇ 'ਚ ਕਾਬੂ ਕੀਤੇ ਜਾਣ ਦੀ ਸੂਚਨਾ ਹੈ, ਜਦੋਂ ਕਿ ਅਗਵਾ ਕੀਤੇ ਲੜਕੇ ਨੂੰ ਪੁਲਸ ਵੱਲੋਂ ਸਹੀ ਸਲਾਮਤ ਬਰਾਮਦ ਕਰਕੇ ਉਸ ਦੇ ਮਾਪਿਆਂ ਦੇ ਹਵਾਲੇ ਕਰ ਦਿੱਤਾ ਗਿਆ ਹੈ।

## ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ 5 ਤੇ 6 ਨੂੰ : ਬਾਬਾ ਰਿਸ਼ੀ ਰਾਮ



**ਜੈਤੋ (ਸਤੀਸ਼ ਕੁਮਾਰ ਭੀਰੀ)**-ਪਿਛਲੇ 25 ਸਾਲਾਂ ਤੋਂ ਲਗਾਤਾਰ ਅੱਖਾਂ ਦੇ ਮੁਫ਼ਤ ਆਪ੍ਰੇਸ਼ਨ ਕੈਂਪ ਲਗਾ ਕੇ ਹਜ਼ਾਰਾਂ ਲੋੜਵੰਦ ਬਜ਼ੁਰਗਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਕਰਵਾ ਚੁੱਕੇ ਸੰਤ ਬਾਬਾ ਰਿਸ਼ੀ ਰਾਮ ਜੀ ਜਲਾਲ ਵਾਲੇ ਇੰਗਲੈਂਡ ਵਾਸੀ ਇੰਨਸਾਨੀਅਤ ਨੂੰ ਸਮਰਪਤ ਸੰਗਤਾਂ ਦੇ ਸਹਿਯੋਗ ਨਾਲ ਇਸ ਵਾਰ 32ਵਾਂ ਕੈਂਪ ਲਗਾਇਆ ਜਾ ਰਿਹਾ ਹੈ।ਬ੍ਰਹਮਲੀਨ 108 ਸੰਤ ਬਾਬਾ ਕਰਨੈਲ ਦਾਸ ਜੀ ਦੇ ਅਸ਼ੀਰਵਾਦ, ਸਵਾਮੀ ਬ੍ਰਹਮ ਮੁਨੀ ਸ਼ਾਸਤਰੀ ਜੀ ਦੀ ਰਹਿਨੁਮਾਈ ਤੇ ਯੂ. ਕੇ. ਦੀ ਸੰਗਤ ਜਸਵਿੰਦਰ ਸਿੰਘ ਢਿੱਲੋਂ, ਗੁਰਦੇਵ ਸਿੰਘ ਪੁਰੇਵਾਲ, ਪਰਮਿੰਦਰ ਕੌਰ ਪੁਰੇਵਾਲ (ਐੱਲ.ਐੱਲ.ਬੀ. ਲਾਅ), ਹਰਨੇਕ ਸਿੰਘ ਧਾਲੀਵਾਲ, ਪਰਮਿੰਦਰ ਸਿੰਘ ਮਾਂਗਟ, ਬਲਵਿੰਦਰ ਸਿੰਘ ਚੌਹਾਨ, ਗੁਰਮੀਤ ਸਿੰਘ ਭੱਲਾ, ਭੁਪਿੰਦਰ ਪਾਲ ਸਿੰਘ ਭਮਰਾ, ਜੋਗਾ ਸਿੰਘ ਢਿੱਲੋਂ, ਹਰਮਿੰਦਰ ਸਿੰਘ ਦੂਹਰਾ, ਰਮਨ ਕੁਮਾਰ ਸ਼ਰਮਾ, ਜਸਪਾਲ ਸਿੰਘ ਭੱਲਾ, ਕੁਲਬੀਰ ਸਿੰਘ ਮੋਡੇਅਰ, ਪ੍ਰਵੀਨ ਕੁਮਾਰ ਮੈਨੀ ਤੇ ਅਨੇਕਾਂ ਹੋਰ ਪਰਿਵਾਰਾਂ ਦੇ ਸਹਿਯੋਗ ਨਾਲ ਇਹ ਕੈਂਪ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੋਸਾਇਟੀ (ਰਜਿ.) ਚੈਨਾ ਰੋਡ ਜੈਤੋ ਵਿਖੇ 5-6 ਮਾਰਚ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਲਗਾਇਆ ਜਾਵੇਗਾ।ਸੰਤ ਬਾਬਾ ਰਿਸ਼ੀ ਰਾਮ ਜੀ ਨੇ ਦੱਸਿਆ ਕਿ ਇਸ ਕੈਂਪ 'ਚ ਮਾਹਰ ਡਾਕਟਰ ਡਾ. ਦੀਪਕ ਅਰੋੜਾ, ਡਾ. ਭੁਪਿੰਦਰਪਾਲ ਕੌਰ, ਡਾ. ਮੋਨਿਕਾ ਬਲਿਆਨ ਅੱਖਾਂ ਦਾ ਚੈੱਕਅਪ ਕਰਨਗੇ ਤੇ ਲੋੜਵੰਦਾਂ ਨੂੰ ਮੁਫ਼ਤ ਲੈਂਜ਼ ਲਗਾਏ ਜਾਣਗੇ।ਸ਼ੂਗਰ ਤੇ ਦਿਲ ਦੇ ਮਰੀਜ਼ਾਂ ਨੂੰ ਵੀ ਮੁਫ਼ਤ ਦਵਾਈ ਦਿੱਤੀ ਜਾਵੇਗੀ।ਮਰੀਜ਼ ਇਸ਼ਨਾਨ ਕਰਕੇ, ਸਾਫ਼ ਕੱਪੜੇ ਪਾ ਕੇ, ਇੱਕ ਵਾਰਸ ਤੇ ਆਧਾਰ ਕਾਰਡ ਦੀਆਂ 2 ਫੋਟੋ-ਕਾਪੀਆਂ ਨਾਲ ਲੈ ਕੇ ਆਉਣ।ਮਰੀਜ਼ਾਂ ਲਈ ਰਹਿਣ-ਸਹਿਣ ਤੇ ਲੰਗਰ ਦਾ ਪ੍ਰਬੰਧ ਸੋਸਾਇਟੀ ਵੱਲੋਂ ਕੀਤਾ ਜਾਵੇਗਾ।

## ਚੇਂਜ ਮੇਕਰ ਐਵਾਰਡ ਮਿਲਣ 'ਤੇ ਪ੍ਰਿੰਸੀਪਲ ਅਨੇਜਾ ਨੂੰ ਕੀਤਾ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੀ ਉੱਘੀ ਵਿੱਦਿਅਕ ਸੰਸਥਾ ਐੱਸ ਡੀ ਕਾਲਜ ਫਾਰ ਵੋਮੈਨ ਨੂੰ ਭਾਰਤ ਸਰਕਾਰ ਦੇ ਮੰਤਰਾਲੇ ਮਾਈਕਰੋ ਸਮਾਲ ਐਂਡ ਮੀਡੀਅਮ ਐਂਟਰਪ੍ਰਾਈਜ਼ਜ਼ ਦੇ ਤਹਿਤ ਪੰਜੀਕ੍ਰਿਤ ਸੰਸਥਾ ਨੈਸ਼ਨਲ ਐਜੂ ਟਰੱਸਟ ਆਫ ਇੰਡੀਆ ਵੱਲੋਂ ਚੇਂਜ ਮੇਕਰ ਐਵਾਰਡ 2026 ਨਾਲ ਨਿਵਾਜਿਆ ਗਿਆ ਹੈ।ਇਹ ਐਵਾਰਡ ਕਾਲਜ ਪ੍ਰਿੰਸੀਪਲ ਨੀਨਾ ਕੌੜਾ ਅਨੇਜਾ ਨੇ ਪ੍ਰਾਪਤ ਕੀਤਾ। ਪ੍ਰਿੰਸੀਪਲ ਨੀਨਾ ਕੌੜਾ ਅਨੇਜਾ ਖੱਤਰੀ ਸਭਾ ਮੋਗਾ ਦੀ ਚੀਫ ਪੈਟਰਨ ਹਨ।ਪ੍ਰਿੰਸੀਪਲ ਨੀਨਾ ਕੌੜਾ ਅਨੇਜਾ ਦੀ ਸੁਚੱਜੀ ਅਗਵਾਈ ਵਿੱਚ ਮੋਗਾ ਦੀ ਇਸ ਨਾਮੀ ਵਿੱਦਿਅਕ ਸੰਸਥਾ ਨੂੰ ਇਹ ਗੌਰਵਸ਼ਾਲੀ ਚੇਂਜ ਮੇਕਰ ਐਵਾਰਡ 2026 ਮਿਲਣ 'ਤੇ ਖੱਤਰੀ ਸਭਾ ਮੋਗਾ ਨੇ ਸਭਾ ਦੇ ਚੇਅਰਮੈਨ ਤੇ ਖੱਤਰੀ ਮਹਾਂ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਵਿਜੇ ਧੀਰ ਐਡਵੋਕੇਟ, ਖੱਤਰੀ ਸਭਾ ਮੋਗਾ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਤੇ ਵਿੱਤ ਸਕੱਤਰ ਸਾਬਕਾ ਪੋਸਟ ਮਾਸਟਰ ਸਰਬਜੀਤ ਮੈਂਗੀ ਦੀ ਅਗਵਾਈ ਵਿੱਚ ਪ੍ਰਿੰਸੀਪਲ ਨੀਨਾ ਕੌੜਾ ਅਨੇਜਾ ਨੂੰ ਖੱਤਰੀ ਸਭਾ ਦਾ ਸਿਰੋਪਾਓ ਪਹਿਨਾ ਕੇ ਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਟਰੇਡ ਯੂਨੀਅਨ ਆਗੂ ਪ੍ਰਵੀਨ ਕੁਮਾਰ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਚੇਅਰਮੈਨ ਖੱਤਰੀ ਸਭਾ ਵਿਜੇ ਧੀਰ ਐਡਵੋਕੇਟ ਤੇ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਨੇ ਕਿਹਾ ਕਿ ਐੱਸ ਡੀ ਕਾਲਜ ਫਾਰ ਵੋਮੈਨ ਵੱਲੋਂ ਅਹਿਮ ਤੇ ਮਹੱਤਵਪੂਰਨ ਐਵਾਰਡ ਪ੍ਰਾਪਤ ਕਰਨ ਦਾ ਸਿਹਰਾ ਕਾਲਜ ਮੁਖੀ ਪ੍ਰਿੰਸੀਪਲ ਅਨੇਜਾ ਦੀ ਦੂਰ ਦ੍ਰਿਸ਼ਟੀ, ਪ੍ਰਸ਼ਾਸਨਕ ਕੁਸ਼ਲਤਾ ਤੇ ਮਿਹਨਤੀ ਅਗਵਾਈ ਦੀ ਬਦੌਲਤ ਕਾਲਜ ਦੇ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਦੀਆਂ ਸਮੂਹਕ ਕੋਸ਼ਿਸ਼ਾਂ ਨਾਲ ਮਿਲਣਾ ਸੰਭਵ ਹੋਇਆ ਹੈ।

## ਲਾਇਨ ਕਲੱਬ ਮੇਨ ਨੇ ਹਸਪਤਾਲ ਨੂੰ ਦਿੱਤੀਆਂ ਆਕਸੀਜਨ ਦੀਆਂ ਮਸ਼ੀਨਾਂ



**ਜਗਰਾਉਂ (ਸੰਜੀਵ ਅਰੋੜਾ)**-ਸਮਾਜ ਸੇਵਾ ਦੇ ਕੰਮਾਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੀ ਜਗਰਾਉਂ ਦੀ ਪ੍ਰਸਿੱਧ ਸੰਸਥਾ ਲਾਈਨ ਕਲੱਬ ਜਗਰਾਉਂ ਮੇਨ ਵੱਲੋਂ ਸ੍ਰੀ ਰੂਪ ਚੰਦ ਜੈਨ ਚੈਰੀਟੇਬਲ ਹਸਪਤਾਲ ਜਗਰਾਉਂ ਨੂੰ ਆਕਸੀਜਨ ਕਨਸਟਰੇਟ ਦੀਆਂ ਦੋ ਮਸ਼ੀਨਾਂ ਦਿੱਤੀਆਂ ਗਈਆਂ। ਸ੍ਰੀ ਰੂਪ ਚੰਦ ਜੈਨ ਹਸਪਤਾਲ ਦੇ ਪ੍ਰਧਾਨ ਸ੍ਰੀ ਤਰੁਣ ਜੈਨ ਨੇ ਲਾਈਨ ਕਲੱਬ ਜਗਰਾਉਂ ਮੇਨ ਵੱਲੋਂ ਇਹ ਮਸ਼ੀਨਾਂ ਦੇਣ 'ਤੇ ਕਲੱਬ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਹਸਪਤਾਲ ਨੂੰ ਇਨ੍ਹਾਂ ਮਸ਼ੀਨਾਂ ਦੀ ਸਖ਼ਤ ਜ਼ਰੂਰਤ ਸੀ। ਇਸ ਮੌਕੇ ਹਸਪਤਾਲ ਦੇ ਮੈਂਬਰਾਂ ਵੱਲੋਂ ਹਾਜ਼ਰ ਕਲੱਬ ਦੇ ਮੈਂਬਰਾਂ ਨੂੰ ਸਾਰੇ ਹਸਪਤਾਲ ਦਾ ਦੌਰਾ ਵੀ ਕਰਵਾਇਆ ਗਿਆ ਤੇ ਵੱਖ-ਵੱਖ ਵਿਭਾਗਾਂ ਵਿੱਚ ਕੀਤੇ ਜਾਂਦੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਕਲੱਬ ਦੇ ਪ੍ਰਧਾਨ ਲਾਈਨ ਕੰਵਲਜੀਤ ਸਿੰਘ ਮੱਲ੍ਹਾ ਨੇ ਵੀ ਹਸਪਤਾਲ ਵੱਲੋਂ ਸਸਤੇ ਰੇਟ ਵਿੱਚ ਮਰੀਜ਼ਾਂ ਦੇ ਕੀਤੇ ਜਾ ਰਹੇ ਇਲਾਜ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਭਵਿੱਖ ਵਿੱਚ ਹਸਪਤਾਲ ਨੂੰ ਹੋਰ ਕਿਸੇ ਕਿਸਮ ਦੀ ਜ਼ਰੂਰਤ ਹੋਵੇ ਤਾਂ ਲਾਇਨ ਕਲੱਬ ਜਗਰਾਉਂ ਮੇਨ ਉਹ ਜ਼ਰੂਰ ਪੂਰੀ ਕਰਨ ਦੀ ਕੋਸ਼ਿਸ਼ ਕਰੇਗਾ। ਇਸ ਮੌਕੇ ਸ੍ਰੀ ਰੂਪ ਚੰਦ ਜੈਨ ਚੈਰੀਟੇਬਲ ਹਸਪਤਾਲ ਜਗਰਾਉਂ ਦੇ ਪ੍ਰਧਾਨ ਤਰਨ ਜੈਨ, ਸੈਕਟਰੀ ਧਰਮਪਾਲ ਜੈਨ, ਕੈਸ਼ੀਅਰ ਵਿਜੇ ਜੈਨ, ਜੁਆਇੰਟ ਸੈਕਟਰੀ ਅਸ਼ੀਸ਼ ਜੈਨ, ਵਾਈਸ ਪ੍ਰੈਜ਼ੀਡੈਂਟ ਯੋਗੇਸ਼ ਜੈਨ, ਐਕਸ ਪ੍ਰਧਾਨ ਰਮੇਸ਼ ਕੁਮਾਰ ਜੈਨ, ਮੈਂਬਰ ਵਰਿੰਦਰ ਕੁਮਾਰ ਜੈਨ, ਲਾਇਨ ਕਲੱਬ ਜਗਰਾਉਂ ਮੇਨ ਦੇ ਪ੍ਰਧਾਨ ਐੱਮ.ਜੇ.ਐੱਫ. ਲਾਈਨ ਕੰਵਲਜੀਤ ਸਿੰਘ ਮੱਲ੍ਹਾ, ਸੈਕਟਰੀ ਐੱਮਜੇਐੱਫ ਲਾਇਨ ਪਰਮਵੀਰ ਸਿੰਘ ਗਿੱਲ, ਕੈਸ਼ੀਅਰ ਐੱਮਜੇਐੱਫ ਲਾਇਨ ਜਸਜੀਤ ਸਿੰਘ ਮੱਲੀ, ਪੀਆਰਓ ਲਾਇਨ ਹਰਪ੍ਰੀਤ ਸਿੰਘ ਸੱਗੂ, ਰੀਜਨਲ ਚੇਅਰ ਪਰਸਨ ਪੀਐਮਜੇਐਫ ਸ਼ਰਨਦੀਪ ਸਿੰਘ ਬੈਨੀਪਾਲ, ਪੀਐਮਜੇਐਫ ਦਵਿੰਦਰ ਸਿੰਘ ਤੂਰ, ਲਾਇਨ ਇੰਦਰਪਾਲ ਸਿੰਘ ਢਿੱਲੋਂ, ਐਮਜੇਐੱਫ ਲਾਇਨ ਪਰਮਿੰਦਰ ਸਿੰਘ, ਐਮਜੇਐਫ ਐਡਵੋਕੇਟ ਲਾਇਨ ਮਹਿੰਦਰ ਸਿੰਘ ਸਿੱਧਵਾਂ, ਐਮਜੇਐਫ ਡਾਕਟਰ ਮਾਨ ਰਤਨ ਗੁਪਤਾ ਆਦਿ ਹਾਜ਼ਰ ਸਨ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਵੱਲੋਂ ਰੈਲੀ ਤੇ ਵਿਧਾਨ ਸਭਾ ਵੱਲ ਮਾਰਚ 8 ਨੂੰ

■ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦਾ ਵੱਡਾ ਕਾਫ਼ਲਾ ਹੋਵੇਗਾ ਸ਼ਾਮਲ



**ਧੂਰੀ (ਸੁਖਦੇਵ ਧੂਰੀ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ 8 ਮਾਰਚ ਤੋਂ 11 ਮਾਰਚ ਤੱਕ ਚੱਲਣ ਵਾਲੇ ਸੰਘਰਸ਼ਾਂ ਦੀ ਨਿਰੰਤਰਤਾ ਅਨੁਸਾਰ ਬੱਜਟ ਸੈਸ਼ਨ ਦੇ ਪਹਿਲੇ ਦਿਨ ਹੋ ਰਹੀ ਰੈਲੀ ਤੇ ਪੰਜਾਬ ਵਿਧਾਨ ਸਭਾ ਵੱਲ ਮਾਰਚ ਲਈ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਵੱਲੋਂ ਇੱਕ ਵੱਡਾ ਕਾਫ਼ਲਾ ਸ਼ਮੂਲੀਅਤ ਕਰੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇਥੇ ਜੱਥੇਬੰਦੀ ਦੀ ਹੋਈ ਮੀਟਿੰਗ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਕੀਤਾ।ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਵਿੱਚ ਉਨ੍ਹਾਂ ਤੋਂ ਇਲਾਵਾ ਹੇਮ ਰਾਜ ਸ਼ਰਮਾ ਸਰਪ੍ਰਸਤ, ਡਾਕਟਰ ਅਮਰਜੀਤ ਸਿੰਘ ਸਕੱਤਰ, ਰਤਨ ਭੰਡਾਰੀ ਵਿੱਤ ਸਕੱਤਰ, ਰਮੇਸ਼ ਸ਼ਰਮਾ, ਪ੍ਰਿੰਸੀਪਲ ਸੁਖਵੀਰ ਸਿੰਘ, ਡਾ. ਹਰਦਿਆਲ ਸਿੰਘ, ਜਗਦੀਸ਼ ਸ਼ਰਮਾ ਤੇ ਸੁਰਜੀਤ ਸਿੰਘ ਘਨੌਰੀ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਏ।ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਡਾ. ਅਮਰਜੀਤ ਸਿੰਘ ਨੇ ਪਿਛਲੇ ਸਮੇਂ ਦੌਰਾਨ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰਾਂ ਤੇ ਉਨ੍ਹਾਂ ਦੇ ਨਜ਼ਦੀਕੀਆਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਦੋ ਮਿੰਟ ਦਾ ਮੌਨ ਰੱਖਿਆ ਗਿਆ।ਉਪਰੰਤ ਵੱਖ ਵੱਖ ਬੁਲਾਰਿਆਂ ਪ੍ਰੀਤਮ ਸਿੰਘ ਚੌਂਦਾ, ਸਤੀਸ਼ ਸ਼ਰਮਾ, ਦਰਸ਼ਨ ਸਿੰਘ ਧਾਂਦਰਾ, ਜੈ ਭਗਵਾਨ ਦਾਸ ਨੇ ਪੰਜਾਬ ਸਰਕਾਰ ਦੀ ਪੈਨਸ਼ਨਰਾਂ ਪ੍ਰਤੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਨੇ ਪਿਛਲੇ ਚਾਰ ਸਾਲਾਂ ਤੋਂ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਹੋਇਆ ਹੈ।ਕਰਮ ਸਿੰਘ ਢੀਂਡਸਾ, ਗੁਰਮੇਲ ਸਿੰਘ, ਸਤੀਸ਼ ਚੰਦਰ ਸਿੰਗਲਾ, ਭਜਨ ਸਿੰਘ ਰੰਗੀਆਂ ਤੇ ਕਰਮ ਸਿੰਘ ਸੋਢੀ ਨੇ 16% ਡੀ ਏ ਦੀਆਂ ਪੰਜ ਕਿਸ਼ਤਾਂ ਨਾ ਦੇਣ ਦੀ ਸਰਕਾਰ ਦੀ ਪੁਰਜ਼ੋਰ ਨਿਖੇਧੀ ਕਰਦਿਆਂ ਕਿਹਾ ਕਿ ਆਈ ਏ ਐੱਸ, ਆਈ ਪੀ ਐੱਸ ਤੇ ਜੁਡੀਸ਼ਰੀ ਨੂੰ ਇਹ ਕਿਸ਼ਤਾਂ ਤੇ ਬਕਾਇਆ ਨਾਲੋਂ ਨਾਲ ਦਿੱਤਾ ਜਾਂਦਾ ਹੈ, ਜਦੋਂ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਸਰਕਾਰ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਇਸ ਦੇ ਨਾਲ ਹੀ ਸੀਨੀਅਰ ਆਗੂ ਘਮੰਡ ਸਿੰਘ ਸੋਹੀ, ਪ੍ਰਿੰਸੀਪਲ ਸੀਤਾ ਸਿੰਘ, ਰਲਾ ਸਿੰਘ, ਸੋਮ ਨਾਥ ਅੱਤਰੀ ਤੇ ਓਂਕਾਰ ਸ਼ਰਮਾ ਨੇ ਤਨਖਾਹ ਕਮਿਸ਼ਨ ਵੱਲੋਂ ਪੈਨਸ਼ਨ ਸੁਧਾਈ 2.59 ਫੈਕਟਰ ਨਾਲ ਕਰਨ ਦੀ ਸਿਫਾਰਸ਼ ਨੂੰ ਪੰਜਾਬ ਸਰਕਾਰ ਵੱਲੋਂ ਅਣਦੇਖੀ ਕਰਨ ਦੀ ਆਲੋਚਨਾ ਕੀਤੀ ਤੇ ਪਹਿਲੀ ਜਨਵਰੀ 2016 ਤੋਂ ਤਨਖਾਹ ਸਕੇਲਾਂ ਦੀ ਬਕਾਇਆ ਰਾਸ਼ੀ 42 ਕਿਸ਼ਤਾਂ ਵਿੱਚ ਅਦਾ ਕਰਨ ਦੀ ਸਖ਼ਤ ਨਿੰਦਾ ਕੀਤੀ।ਇਸ ਮੌਕੇ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਗਿਆ ਕਿ 8 ਮਾਰਚ ਦੀ ਮੁਹਾਲੀ ਰੈਲੀ ਤੇ ਵਿਧਾਨ ਸਭਾ ਵੱਲ ਮਾਰਚ ਲਈ ਇੱਕ ਬੱਸ ਭਰ ਕੇ ਲੈ ਜਾਈ ਜਾਵੇਗੀ ਤਾਂ ਕਿ ਬੱਜਟ ਸੈਸ਼ਨ ਦੌਰਾਨ ਸਰਕਾਰ ਨੂੰ ਝੰਜੋੜਿਆ ਜਾ ਸਕੇ।

ਇਸ ਦੌਰਾਨ ਬੀਤੇ ਦਿਨੀਂ ਖ਼ੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਸੇਵਾ ਮੁਕਤ ਅਧਿਕਾਰੀਆਂ ਦੀ ਜਥੇਬੰਦੀ ਵੱਲੋਂ ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ ਨੂੰ ਜ਼ਿਲ੍ਹਾ ਪ੍ਰਧਾਨ ਬਣਾਏ ਜਾਣ 'ਤੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਇਸ ਦੇ ਨਾਲ ਹੀ ਪੈਨਸ਼ਨਰ ਆਗੂਆਂ ਕਰਮਜੀਤ ਸਿੰਘ ਬੇਨੜਾ ਤੇ ਰਾਮ ਲਾਲ ਵੱਲੋਂ ਹਰ ਮਹੀਨੇ ਐਸੋਸੀਏਸ਼ਨ ਦੀ ਵਿੱਤੀ ਸਹਾਇਤਾ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।

## ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਨੇ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**-ਸੁਬਾਰਡੀਨੇਟ ਸਰਵਿਸ ਫੈਡਰੇਸ਼ਨ (ਵਿਗਿਆਨਕ) ਵੱਲੋਂ ਭਾਰਤ ਦੇ ਰਾਜਾਂ ਦੇ ਸਰਕਾਰੀ ਕਰਮਚਾਰੀਆਂ ਦੀ ਜਥੇਬੰਦੀ ਏ ਆਈ ਐੱਸ ਜੀ ਈ ਐੱਫ ਦੀ ਸਿਰੜੀ ਮਹਾਰਾਸ਼ਟਰ ਵਿਖੇ ਹੋਈ ਕਾਨਫਰੰਸ ਦੇ ਫੈਸਲੇ ਅਨੁਸਾਰ ਭਾਰਤ ਦੇ ਸਾਰੇ ਰਾਜਾਂ ਵਿੱਚ 26 ਫਰਵਰੀ 2026 ਨੂੰ ਮੰਗ ਪੱਤਰ ਦਿਵਸ ਮਨਾਉਂਦੇ ਹੋਏ ਮਾਣਯੋਗ ਡਿਪਟੀ ਕਮਿਸ਼ਨਰ ਸੰਗਰੂਰ ਰਾਹੀਂ ਮਾਣਯੋਗ ਮੁੱਖ ਸਕੱਤਰ ਪੰਜਾਬ ਸਰਕਾਰ ਚੰਡੀਗੜ੍ਹ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਜਥੇਬੰਦੀ ਵੱਲੋਂ ਪੰਜਾਬ ਰਾਜ ਦੇ ਸਾਰੇ ਕਰਮਚਾਰੀਆਂ ਦੀਆਂ ਮੰਗਾਂ ਰੱਖ ਕੇ ਇਨ੍ਹਾਂ ਨੂੰ ਗੱਲਬਾਤ ਰਾਹੀਂ ਹੱਲ ਕਰਨ ਦੀ ਅਪੀਲ ਕੀਤੀ ਗਈ ਅਤੇ ਕਿਹਾ ਕਿ ਜੇ ਇਨ੍ਹਾਂ ਮੰਗਾਂ ਦਾ ਗੱਲਬਾਤ ਰਾਹੀਂ ਨਿਪਟਾਰਾ ਨਾ ਹੋਇਆ ਤਾਂ ਪੰਜਾਬ ਦੇ ਕਰਮਚਾਰੀ ਤਿੱਖੇ ਸੰਘਰਸ਼ ਲਈ ਮਜਬੂਰ ਹੋਣਗੇ ਅਤੇ ਇਸ ਦੀ ਨਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਲਈ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ (ਵਿਗਿਆਨਕ) ਉਮੀਦ ਕਰਦੀ ਹੈ ਕਿ ਜੋ ਮੰਗਾਂ ਪੰਜਾਬ ਸਰਕਾਰ ਨਾਲ ਸੰਬੰਧਤ ਹਨ, ਉਨ੍ਹਾਂ ਲਈ ਸਮਾਂ ਦੇਣ ਤੇ ਜੋ ਕੇਂਦਰ ਸਰਕਾਰ ਨਾਲ ਸੰਬੰਧਤ ਹਨ, ਉਨ੍ਹਾਂ ਮੰਗਾਂ ਦੇ ਹੱਲ ਲਈ ਆਪਣੀ ਸਿਫਾਰਸ਼ ਸਹਿਤ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜਣ ਦੀ ਕਿਰਪਾਲਤਾ ਕਰਨ। ਇਸ ਮੌਕੇ ਹਰਦੀਪ ਕੁਮਾਰ ਸੀਨੀਅਰ ਮੀਤ ਪ੍ਰਧਾਨ, ਅਸ਼ੋਕ ਕੁਮਾਰ ਧੂਰੀ ਜਰਨਲ ਸਕੱਤਰ, ਨਿਰਭੈ ਸਿੰਘ ਲੱਡਾ ਮੀਤ ਪ੍ਰਧਾਨ, ਕੁਲਵੰਤ ਸਿੰਘ ਸੰਗਰੂਰ, ਮਹਿੰਦਰ ਸਿੰਘ ਧੂਰੀ ਤੇ ਦੁਰਗਾ ਪ੍ਰਸਾਦ ਧੂਰੀ ਹਾਜ਼ਰ ਸਨ।

# ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਵਿਗਿਆਨ ਦਿਵਸ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)** : ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਵਿਗਿਆਨ ਵਿਭਾਗ ਵੱਲੋਂ ਸਰ ਸੀ ਵੀ ਰਮਨ ਦੁਆਰਾ ਖੋਜੇ ਗਏ 'ਰਮਨ ਪ੍ਰਭਾਵ' ਦੀ ਯਾਦ ਨੂੰ ਸਮਰਪਤ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਗਿਆ।ਇਸ ਦਿਵਸ ਦਾ ਵਿਸ਼ਾ 'ਨੌਜਵਾਨ ਸੋਚ ਨੂੰ ਮਜ਼ਬੂਤ ਕਰਨਾ, ਨਵੀਨ ਕਾਢਾਂ ਲਈ ਸਮਰੱਥ ਬਣਾਉਣਾ' ਸੀ।ਇਸ ਮੌਕੇ ਕੈਮਿਸਟਰੀ ਵਿਭਾਗ ਦੇ ਮੁਖੀ ਡਾ. ਮਨੋਜ ਕੁਮਾਰ ਚੌਧਰੀ ਨੇ ਵਿਦਿਆਰਥੀਆਂ ਨੂੰ ਵਿਸ਼ੇ ਦੀ ਮਹੱਤਤਾ ਤੇ ਡਾ. ਸੀ. ਵੀ. ਰਮਨ ਦੇ ਵਡਮੁੱਲੇ ਯੋਗਦਾਨ ਬਾਰੇ ਜਾਣਕਾਰੀ ਦਿੰਦਿਆਂ ਵਿਗਿਆਨ ਦੁਆਰਾ ਪੇਸ਼ ਕੀਤੀਆਂ ਜਾ ਰਹੀਆਂ ਵਿਸ਼ਾਲ ਸੰਭਾਵਨਾਵਾਂ ਦੀ ਪੜਚੋਲ ਕਰਨ ਲਈ ਉਤਸ਼ਾਹਤ ਕੀਤਾ।ਇਸ ਮੌਕੇ ਇੰਟਰਐਕਟਿਵ ਪ੍ਰਯੋਗਾਂ ਤੇ ਵਿਗਿਆਨਕ ਪ੍ਰਦਰਸ਼ਨੀਆਂ ਵਰਗੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਿਗਿਆਨਕ ਪ੍ਰਦਰਸ਼ਨੀਆਂ ਦਾ ਜਾਇਜ਼ਾ ਲੈਂਦਿਆਂ ਵਿਦਿਆਰਥੀਆਂ ਤੇ ਵਿਗਿਆਨ ਵਿਭਾਗ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ।ਇਸ ਮੌਕੇ ਗਣਿਤ ਵਿਭਾਗ ਦੇ ਮੁਖੀ ਪ੍ਰੋ. ਮਾਲਤੀ ਤਿਵਾੜੀ ਨੇ ਕਿਹਾ ਕਿ ਇਨ੍ਹਾਂ ਗਤੀਵਿਧੀਆਂ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨਕ ਰੁਚੀਆਂ ਪੈਦਾ ਕਰਨਾ ਤੇ ਉਨ੍ਹਾਂ ਨੂੰ ਵਿਗਿਆਨਕ ਖੇਤਰ ਵਿੱਚ ਹੋਏ ਨਵੀਨ ਵਿਕਾਸ ਬਾਰੇ ਜਾਣੂ ਕਰਵਾਉਣਾ ਹੈ।ਇਸ ਮੌਕੇ ਕਰਵਾਏ ਮੁਕਾਬਲਿਆਂ 'ਚ ਪਲਕ (ਬੀ ਐੱਸ ਸੀ ਭਾਗ ਦੂਜਾ) ਨੇ ਪਹਿਲਾ, ਗੁਰਲੀਨ ਕੌਰ (ਬੀਐੱਸਸੀ ਭਾਗ ਦੂਜਾ) ਨੇ ਦੂਜਾ, ਪ੍ਰਭਜੋਤ ਕੌਰ (ਬੀਐੱਸਸੀ ਭਾਗ ਪਹਿਲਾ) ਨੇ ਤੀਜਾ ਤੇ ਜੋਤੀ (ਬੀਐੱਸਸੀ ਭਾਗ ਪਹਿਲਾ) ਨੇ ਹੌਸਲਾ-ਅਫ਼ਜ਼ਾਈ ਇਨਾਮ ਪ੍ਰਾਪਤ ਕੀਤਾ।ਪ੍ਰੋ: ਰਣਜੀਤ ਕੌਰ, ਡਾ: ਨਿਰਲੇਪ ਕੌਰ ਤੇ ਡਾ. ਅਮਨਦੀਪ ਕੁਲਾਰ ਨੇ ਜੱਜਾਂ ਦੀ ਭੂਮਿਕਾ ਨਿਭਾਈ।ਇਸ ਗਤੀਵਿਧੀ ਦੇ ਆਯੋਜਨ ਵਿੱਚ ਵਿਗਿਆਨ ਵਿਭਾਗ ਤੋਂ ਡਾ. ਅਮਨਦੀਪ ਕੌਰ, ਪ੍ਰੋ. ਨਮਿਤਾ ਸ਼ਰਮਾ, ਪ੍ਰੋ. ਰੋਹਿਤ ਕੁਮਾਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰਯੋਗਸ਼ਾਲਾ ਸਹਾਇਕ ਸ੍ਰੀ ਗੁਰਪ੍ਰੀਤ ਸਿੰਘ ਤੇ ਸ੍ਰੀ ਪਰਮਜੀਤ ਸਿੰਘ ਨੇ ਮਹੱਤਵਪੂਰਨ ਯੋਗਦਾਨ ਪਾਇਆ। ਇਸ ਗਤੀਵਿਧੀ ਦੇ ਸਫਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਨੇ ਵਿਗਿਆਨ ਵਿਭਾਗ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

# ਨਵ-ਨਿਯੁਕਤ ਸਟਾਫ ਨਰਸਾਂ ਲਈ ਟ੍ਰੇਨਿੰਗ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)** : ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਫਰੀਦਕੋਟ ਵੱਲੋਂ ਡਾਇਰੈਕਟੋਰੇਟ ਆਫ਼ ਹੈਲਥ ਸਰਵਿਸਜ਼ (ਡੀ ਐੱਚ ਐੱਸ) ਅਧੀਨ ਨਵ-ਨਿਯੁਕਤ ਸਟਾਫ ਨਰਸਾਂ ਲਈ ਲਗਾਇਆ ਗਿਆ ਤਿੰਨ ਹਫ਼ਤਿਆਂ ਦਾ ਵਿਸ਼ੇਸ਼ 'ਇੰਡਕਸ਼ਨ ਟ੍ਰੇਨਿੰਗ ਪ੍ਰੋਗਰਾਮ' ਸਫਲਤਾਪੂਰਵਕ ਮੁਕੰਮਲ ਹੋ ਗਿਆ।ਵਾਈਸ ਚਾਂਸਲਰ ਡਾ. ਰਾਜੀਵ ਸੂਦ ਦੀ ਦੂਰਦਰਸ਼ੀ ਅਗਵਾਈ ਹੇਠ 9 ਫ਼ਰਵਰੀ ਤੋਂ 28 ਫ਼ਰਵਰੀ 2026 ਤੱਕ ਚੱਲੇ ਇਸ ਪ੍ਰੋਗਰਾਮ ਦਾ ਮੁੱਖ ਮਕਸਦ ਸਰਕਾਰੀ ਹਸਪਤਾਲਾਂ ਵਿੱਚ ਮਰੀਜ਼ਾਂ ਦੀ ਸੰਭਾਲ ਤੇ ਸਿਹਤ ਸੇਵਾਵਾਂ ਦੇ ਮਿਆਰ ਨੂੰ ਹੋਰ ਉੱਚਾ ਚੁੱਕਣਾ ਸੀ।

ਯੂਨੀਵਰਸਿਟੀ ਕਾਲਜ ਆਫ ਨਰਸਿੰਗ ਦੀ ਪ੍ਰਿੰਸੀਪਲ ਡਾ. ਹਰਦੀਪ ਕੌਰ ਮਾਲ ਤੇ ਵਾਈਸ ਪ੍ਰਿੰਸੀਪਲ ਹੇਮੰਤ ਕੁਮਾਰ ਸੈਣੀ ਦੀ ਦੇਖ-ਰੇਖ ਹੇਠ ਚੱਲੇ ਇਸ ਪ੍ਰੋਗਰਾਮ ਵਿੱਚ ਕੁੱਲ 150 ਸਟਾਫ ਨਰਸਾਂ ਨੂੰ ਤਿੰਨ ਵੱਖ-ਵੱਖ ਬੈਚਾਂ ਵਿੱਚ ਸਿਖਲਾਈ ਦਿੱਤੀ ਗਈ।ਇਸ ਟ੍ਰੇਨਿੰਗ ਦੇ ਸੰਯੋਜਕ ਡਾ. ਮਨਦੀਪ ਕੌਰ (ਐਸੋਸੀਏਟ ਪ੍ਰੋਫ਼ੈਸਰ) ਤੇ ਸਹਾਇਕ ਪ੍ਰੋਫ਼ੈਸਰ ਗੁਰਬੀਰ ਕੌਰ ਸਨ।ਭਾਗੀਦਾਰਾਂ ਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਤੇ ਯੂਨੀਵਰਸਿਟੀ ਦੀ ਅਧੁਨਿਕ ਸਕਿਲ ਲੈਬ ਵਿੱਚ ਪ੍ਰਯੋਗਾਤਮਕ ਸਿਖਲਾਈ ਦਿੱਤੀ ਗਈ। ਰਜਿਸਟਰਾਰ ਡਾ. ਅਰਵਿੰਦ ਕੁਮਾਰ ਤੇ ਮੈਡੀਕਲ ਸੁਪਰਿੰਟੈਂਡੈਂਟ ਡਾ. ਨੀਤੂ ਕੁਕੜ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਮਾਹਰਾਂ ਨੇ ਨਵੀਨਤਮ ਕਲੀਨਿਕਲ ਦਿਸ਼ਾ-ਨਿਰਦੇਸ਼ਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਪ੍ਰੋਗਰਾਮ ਦੇ ਅੰਤ ਵਿੱਚ ਡੀ ਐੱਚ ਐੱਸ ਸਟਾਫ ਵੱਲੋਂ ਯੂਨੀਵਰਸਿਟੀ ਪ੍ਰਬੰਧਕਾਂ ਤੇ ਟ੍ਰੇਨਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਪੀ ਜੀ ਆਈ 'ਚ ਬਾਲ ਸਿਹਤ ਸੰਭਾਲ ਸੰਬੰਧੀ ਦੋ ਰੋਜ਼ਾ ਅਕਾਦਮਿਕ ਸੰਮੇਲਨ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਵਿੱਚ ਬੱਚਿਆਂ ਦੀ ਸਿਹਤ ਸੰਭਾਲ ਸਬੰਧੀ ਦੋ ਰੋਜ਼ਾ ਅਕਾਦਮਿਕ ਸੰਮੇਲਨ ਕੀਤਾ ਗਿਆ।ਇਸ ਮੌਕੇ ਉਦਘਾਟਨੀ ਸੈਸ਼ਨ ਤੇ ਭਾਸ਼ਣ ਦੀ ਪ੍ਰਧਾਨਗੀ ਪੀਜੀਆਈ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ, ਡੀਨ ਅਕਾਦਮਿਕ ਪ੍ਰੋ. ਆਰ. ਕੇ. ਰਾਠੌ ਤੇ ਪੀਡੀਆਟ੍ਰਿਕਸ ਵਿਭਾਗ ਦੇ ਮੁਖੀ ਪ੍ਰੋ. ਪ੍ਰਵੀਨ ਕੁਮਾਰ ਨੇ ਕੀਤੀ।ਆਪਣੇ ਰੈਜੀਡੈਂਟ ਸਮੇਂ ਦਾ ਹਵਾਲਾ ਦਿੰਦਿਆਂ ਪ੍ਰੋ. ਵਿਵੇਕ ਲਾਲ ਨੇ ਸੰਸਥਾ ਦੇ ਸਥਾਪਕਾਂ, ਖ਼ਾਸ ਕਰਕੇ ਡਾ. ਬੀ.ਐੱਨ.ਐੱਸ. ਵਾਲੀਆ ਦੇ ਕੰਮ ਦੀ ਸ਼ਲਾਘਾ ਕੀਤੀ ਕਿ ਉਨ੍ਹਾਂ ਨੇ ਪੀਜੀਆਈ ਨੂੰ ਅੱਜ ਦੀ ਮਹਾਨ ਸੰਸਥਾ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।ਭਾਸ਼ਣ ਪ੍ਰਸਿੱਧ ਲੋਕ ਸਿਹਤ ਵਿਜ਼ਨਰੀ ਡਾ. ਅਭੇ ਬੰਗ ਵੱਲੋਂ ਦਿੱਤਾ ਗਿਆ।ਡਾ. ਬੰਗ ਪਦਮਸ਼੍ਰੀ ਤੇ ਪਦਮ ਭੂਸ਼ਣ ਸਨਮਾਨ ਨਾਲ ਸਨਮਾਨਤ ਹਨ।ਉਨ੍ਹਾਂ ਦੀ ਅਗਵਾਈ ਹੇਠ, ਉਨ੍ਹਾਂ ਦੀ ਪ੍ਰਸਿੱਧ ਪਤਨੀ ਪਦਮਸ਼੍ਰੀ ਡਾ. ਰਾਣੀ ਬੰਗ ਨਾਲ ਮਿਲ ਕੇ ਘਰੇਲੂ ਨਵਜੰਮੇ ਬੱਚਿਆਂ ਦੀ ਦੇਖਭਾਲ ਦਾ ਮਾਡਲ ਤਿਆਰ ਕੀਤਾ ਗਿਆ, ਜੋ ਹੁਣ ਭਾਰਤ ਸਰਕਾਰ ਦਾ ਰਾਸ਼ਟਰੀ ਪ੍ਰੋਗਰਾਮ ਬਣ ਚੁੱਕਾ ਹੈ ਅਤੇ ਕਈ ਹੋਰ ਦੇਸ਼ਾਂ ਵਿੱਚ ਵੀ ਲਾਗੂ ਕੀਤਾ ਗਿਆ ਹੈ।ਡੀਨ ਅਕਾਦਮਿਕ ਪ੍ਰੋ. ਆਰ. ਕੇ. ਰਾਠੌ ਨੇ ਡਾ. ਅਭੇ ਬੰਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਧਾਰਨ ਰਣਨੀਤੀਆਂ ਰਾਹੀਂ ਪੇਂਡੂ ਭਾਰਤ ਵਿੱਚ ਵੱਡੀਆਂ ਉਪਲਬਧੀਆਂ ਹਾਸਲ ਕਰਨ ਵਾਲਾ ਉਨ੍ਹਾਂ ਦਾ ਸਫਰ ਦਰਸ਼ਕਾਂ ਨੂੰ ਮੋਹ ਲੈਣ ਵਾਲਾ ਸੀ।

ਅਗਲੇ ਵਿਗਿਆਨਕ ਸੈਸ਼ਨਾਂ ਵਿੱਚ ਬਾਲ ਸਿਹਤ ਸੰਭਾਲ ਦੀ ਪ੍ਰਯੋਗਿਕ ਕਲੀਨੀਕਲ ਪ੍ਰਬੰਧਨ 'ਤੇ ਧਿਆਨ ਦਿੱਤਾ ਗਿਆ।ਪੀਜੀਆਈ ਦੇ ਮਾਹਿਰਾਂ ਨੇ ਟ੍ਰਾਪਿਕਲ ਬੁਖਾਰ ਦੀ ਐਮਰਜੈਂਸੀ ਮੈਨੇਜਮੈਂਟ 'ਤੇ ਚਰਚਾ ਕੀਤੀ, ਜਿਸ ਵਿੱਚ ਐਂਡੈਮਿਕ ਖੇਤਰਾਂ ਲਈ ਮੁਲਾਂਕਣ ਤੇ ਸਥਿਰਤਾ ਪ੍ਰੋਟੋਕਾਲਾਂ 'ਤੇ ਜ਼ੋਰ ਦਿੱਤਾ ਗਿਆ।ਹੋਰ ਸੈਸ਼ਨਾਂ ਵਿੱਚ ਬਚਪਨ ਦੀ ਮੋਟਾਪਾ, ਮੈਟਾਬੋਲਿਕ ਸਿੰਡਰੋਮ ਤੇ ਟਾਈਪ 1 ਡਾਇਬੀਟੀਜ਼ ਦੇ ਪ੍ਰਯੋਗਿਕ ਪ੍ਰਬੰਧਨ 'ਤੇ ਵੀ ਵਿਚਾਰ ਕੀਤਾ ਗਿਆ।ਦਿਨ ਦਾ ਸਮਾਪਨ ਫੈਕਲਟੀ ਦੀ ਅਗਵਾਈ ਹੇਠ ਰਿਸਰਚ ਪੋਸਟਰ ਰਾਊਂਡ ਨਾਲ ਹੋਇਆ, ਜਿਸ ਵਿੱਚ ਚੱਲ ਰਹੀ ਬਾਲ ਰੋਗ ਖੋਜ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਉੱਭਰ ਰਹੀ ਕਲੀਨੀਕਲ ਖੋਜ ਨੂੰ ਪ੍ਰਦਰਸ਼ਿਤ ਕੀਤਾ ਗਿਆ।

# ਸਕੂਲ 'ਚ ਦੰਦਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ



**ਧੂਰੀ (ਮਨੋਹਰ ਸਿੰਘ ਸੱਗੂ)**-ਸੋਸ਼ਲ ਵੈੱਲਫੇਅਰ ਯੂਨਿਟ ਧੂਰੀ ਵੱਲੋਂ ਉੱਘੇ ਸਮਾਜ ਸੇਵੀ, ਪੱਤਰਕਾਰ ਤੇ ਸਿਆਸੀ ਆਗੂ ਡਾ: ਬਖ਼ਸ਼ੀ ਤੀਰਥ ਸਿੰਘ ਦੀ 35ਵੀਂ ਬਰਸੀ ਮੌਕੇ ਉਨ੍ਹਾਂ ਦੀ ਯਾਦ 'ਚ ਚੱਲ ਰਹੇ ਸਥਾਨਕ ਗੁਰੂਕੁਲ ਕਾਨਵੈਂਟ ਸਕੂਲ ਵਿਖੇ ਪ੍ਰਿੰਸੀਪਲ ਮੈਡਮ ਕਮਲੇਸ਼ ਬਖ਼ਸ਼ੀ ਦੀ ਅਗਵਾਈ ਹੇਠ ਦੰਦਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਦੰਦਾਂ ਦੀ ਮਾਹਿਰ ਡਾਕਟਰ ਮੀਨਾ ਸ਼ਰਮਾ ਨੇ 97 ਸਕੂਲੀ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ ਤੇ ਬੱਚਿਆਂ ਨੂੰ ਦੰਦਾਂ ਦੀ ਸੰਭਾਲ ਬਾਰੇ ਜਾਗਰੂਕ ਕੀਤਾ ਅਤੇ ਟੁੱਥ ਪੇਸਟ ਤੇ ਬੁਰਸ਼ ਮੁਫ਼ਤ ਮੁਹੱਈਆ ਕਰਵਾਏ।ਇਸ ਮੌਕੇ ਯੂਨਿਟ ਦੇ ਚੇਅਰਮੈਨ ਸੇਵਾ ਮੁਕਤ ਲੈਕਚਰਾਰ ਸਤੀਸ਼ ਅਰੋੜਾ ਨੇ ਯੂਨਿਟ ਵੱਲੋਂ ਸਮਾਜ ਸੇਵਾ ਦੇ ਖੇਤਰ 'ਚ ਪਾਏ ਜਾ ਰਹੇ ਯੋਗਦਾਨ ਦਾ ਜ਼ਿਕਰ ਕਰਦਿਆਂ ਸਵਰਗੀ ਬਖ਼ਸ਼ੀ ਤੀਰਥ ਸਿੰਘ ਦੇ ਜੀਵਨ ਬਾਰੇ ਦਸਦਿਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ 'ਤੇ ਜ਼ੋਰ ਦਿੱਤਾ।ਸੇਵਾ ਮੁਕਤ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਮਨਜੀਤ ਸਿੰਘ ਬਖ਼ਸ਼ੀ ਨੇ ਸਕੂਲ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਸਕੂਲ ਸਟਾਫ਼ ਦੀ ਸ਼ਲਾਘਾ ਕੀਤੀ। ਹੋਰਨਾਂ 'ਚ ਯੂਨਿਟ ਦੇ ਕਰਮਜੀਤ ਸਿੰਘ ਸੋਢੀ, ਵਿਜੈ ਸ਼ੌਕਤ, ਕ੍ਰਿਸ਼ਨ ਕੁਮਾਰ, ਤਰਸੇਮ ਕੁਮਾਰ ਮਿੱਤਲ ਤੇ ਮਹਿੰਦਰਪਾਲ ਮਿੰਦਾ ਵੀ ਮੌਜੂਦ ਸਨ।ਆਖਰ 'ਚ ਕਲੱਬ ਦੇ ਚੇਅਰਮੈਨ ਨਰਿੰਦਰ ਬਖ਼ਸ਼ੀ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਦੇਸ਼ ਭਗਤ ਯੂਨੀਵਰਸਿਟੀ 'ਚ ਕੌਮੀ ਵਿਗਿਆਨ ਦਿਵਸ ਮਨਾਇਆ

**ਮੰਡੀ ਗੋਬਿੰਦਗੜ੍ਹ, (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਫੈਕਲਟੀ ਆਫ ਐਗ੍ਰੀਕਲਚਰ ਐਂਡ ਲਾਈਫ ਸਾਇੰਸਜ਼ ਦੇ ਅਗ੍ਰਿਮ ਕਲੱਬ ਨੇ ਅੰਦਰੂਨੀ ਗੁਣਵੱਤਾ ਭਰੋਸਾ ਸੈੱਲ ਦੇ ਸਹਿਯੋਗ ਨਾਲ ਡਾ. ਏ.ਪੀ.ਜੇ. ਅਬਦੁਲ ਕਲਾਮ ਸੈਮੀਨਾਰ ਹਾਲ ਵਿੱਚ ਰਾਸ਼ਟਰੀ ਵਿਗਿਆਨ ਦਿਵਸ 2026 ਮਨਾਇਆ।ਇਸ ਸਮਾਗਮ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਤੋਂ ਲਗਭਗ 150 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਤੋਂ ਇਲਾਵਾ ਨੇੜਲੇ ਲਗਭਗ 20 ਸਕੂਲਾਂ ਦੇ ਵਿਦਿਆਰਥੀਆਂ ਦੀ ਭਾਗੀਦਾਰੀ ਨਾਲ ਵਿਗਿਆਨਕ ਸੰਵਾਦ ਤੇ ਨਵਚੇਤਨਾ ਲਈ ਇੱਕ ਸਰਗਰਮ ਮੰਚ ਤਿਆਰ ਹੋਇਆ।ਫੈਕਲਟੀ ਦੇ ਡੀਨ ਪ੍ਰੋ. (ਡਾ.) ਐੱਚ. ਕੇ. ਸਿੱਧੂ ਨੇ ਸਮਾਗਮ ਦਾ ਰਸਮੀ ਸਵਾਗਤ ਕਰਦਿਆਂ ਅਕਾਦਮਿਕ ਵਿਕਾਸ ਵਿੱਚ ਵਿਗਿਆਨਕ ਜਾਗਰੂਕਤਾ ਦੀ ਮਹੱਤਤਾ ਉਜਾਗਰ ਕੀਤੀ।ਪ੍ਰੋ. (ਡਾ.) ਅਜੈ ਗੁਪਤਾ ਨੇ ਇਸ ਸਾਲ ਦੀ ਥੀਮ ਟਿਕਾਊ



ਭਵਿੱਖ ਲਈ ਵਿਗਿਆਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ।

ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਆਪਣੇ ਸੰਬੋਧਨ ਵਿੱਚ ਰਾਸ਼ਟਰੀ ਤੇ ਵਿਸ਼ਵ ਪੱਧਰ 'ਤੇ ਤਰੱਕੀ ਵਿੱਚ ਵਿਗਿਆਨ ਦੀ ਅਹਿਮ ਭੂਮਿਕਾ ਉਭਾਰੀ।ਉਨ੍ਹਾਂ ਕਿਹਾ ਕਿ ਵਿਗਿਆਨ ਹਰ ਤਰ੍ਹਾਂ ਦੇ ਵਿਕਾਸ ਤੇ ਤਰੱਕੀ ਦੀ ਰੀੜ੍ਹ ਦੀ ਹੱਡੀ ਹੈ ਅਤੇ ਯੂਨੀਵਰਸਿਟੀ ਦੀ ਖੋਜ, ਨਵਚੇਤਨਾ ਤੇ ਤਕਨੀਕੀ ਉੱਨਤੀ ਪ੍ਰਤੀ ਵਚਨਬੱਧਤਾ ਦੁਹਰਾਈ।ਇਸ ਮੌਕੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਵਿਗਿਆਨਕ ਸੋਚ ਨੂੰ ਉਤਸ਼ਾਹਤ ਕਰਨ ਤੇ ਨੌਜਵਾਨ ਮਨਾਂ ਨੂੰ ਖੋਜ-ਕੇਂਦ੍ਰਿਤ ਸਿੱਖਿਆ ਵੱਲ ਪ੍ਰੇਰਿਤ ਕਰਨ ਲਈ ਫੈਕਲਟੀ ਦੇ ਯਤਨਾਂ ਦੀ ਸਰਾਹਣਾ ਕੀਤੀ।ਸਮਾਗਮ ਦੌਰਾਨ ਪੋਸਟਰ ਪ੍ਰਦਰਸ਼ਨ, ਪ੍ਰਸ਼ਨੋਤਰੀ ਤੇ ਪਾਵਰਪੋਇੰਟ ਗਤੀਵਿਧੀਆਂ ਆਯੋਜਿਤ ਕੀਤੀਆਂ ਗਈਆਂ।ਸਮਾਗਮ ਦਾ ਸਮਾਪਨ ਡਾ. ਅਵਿਨਾਸ਼ ਕੁਮਾਰ ਭਾਟੀਆ ਵੱਲੋਂ ਧੰਨਵਾਦ ਪ੍ਰਸਤਾਵ ਨਾਲ ਹੋਇਆ, ਜਿਸ ਵਿੱਚ ਉਨ੍ਹਾਂ ਸਭ ਆਯੋਜਕਾਂ, ਭਾਗੀਦਾਰਾਂ ਤੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

# ਸ਼੍ਰੋਮਣੀ ਅਕਾਲੀ ਦਲ (ਬ) ਦੀ ਲਹਿਰ ਮੁੜ ਉੱਠੀ : ਜੱਟ ਗਰੇਵਾਲ

**ਜਗਰਾਉਂ, (ਸੰਜੀਵ ਅਰੋੜਾ)**-ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਲਹਿਰ ਮੁੜ ਤੋਂ ਉਠਣ ਲੱਗੀ ਹੈ। ਪਿੰਡਾਂ ਸਮੇਤ ਸ਼ਹਿਰਾਂ 'ਚ ਸ਼੍ਰੋਮਣੀ ਅਕਾਲੀ ਦਲ ਉੱਭਰਦਾ ਨਜ਼ਰ ਆ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਯੂਥ ਆਗੂ ਜਤਿੰਦਰ ਸਿੰਘ ਜੱਟ ਗਰੇਵਾਲ ਨੇ ਕੀਤਾ। ਜੱਟ ਗਰੇਵਾਲ ਨੇ ਦੱਸਿਆ ਕਿ 18 ਮਾਰਚ ਨੂੰ ਸਥਾਨਕ ਅਨਾਜ ਮੰਡੀ 'ਚ ਅਕਾਲੀ ਦਲ ਦੀ ਰੈਲੀ ਹੋ ਰਹੀ ਹੈ, ਜਿਸ 'ਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ, ਇਸ ਰੈਲੀ 'ਚ ਵੱਡਾ ਇਕੱਠ ਹੋਵੇਗਾ। ਉਨ੍ਹਾਂ ਕਿਹਾ ਕਿ ਰੈਲੀ ਨੂੰ ਕਾਮਯਾਬ ਕਰਨ ਲਈ ਹਲਕਾ ਇੰਚਾਰਜ ਐੱਸ. ਆਰ. ਕਲੇਰ ਵੱਲੋਂ ਪਿੰਡਾਂ ਸਮੇਤ ਸ਼ਹਿਰਾਂ 'ਚ ਮੀਟਿੰਗਾਂ ਦਾ ਦੌਰ ਸ਼ੁਰੂ ਕਰ ਦਿੱਤਾ। ਹਲਕਾ ਇੰਚਾਰਜ ਐੱਸ. ਆਰ. ਕਲੇਰ (ਸਾਬਕਾ ਵਿਧਾਇਕ) ਦੀ ਮਿਹਨਤ ਨੂੰ ਅੱਜ ਬੂਰ ਪੈ ਰਿਹਾ ਹੈ, ਲੋਕ ਵੱਡੀ ਗਿਣਤੀ 'ਚ ਅਕਾਲੀ ਦਲ ਨਾਲ ਜੁੜ ਕੇ ਮਾਣ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਲੋਕ ਮੁੜ ਅਕਾਲੀ ਦਲ ਦੀ ਸਰਕਾਰ ਸਮੇਂ ਹੋਏ ਕੰਮਾਂ ਨੂੰ ਯਾਦ ਕਰ ਰਹੇ ਹਨ।

# ਹੋਲੀ ਹਾਰਟ ਸਕੂਲ ਵਿਖੇ ਨੈਸ਼ਨਲ ਸਾਇੰਸ ਡੇਅ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਨੈਸ਼ਨਲ ਸਾਇੰਸ ਡੇਅ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਵਿੱਚ ਵਿਗਿਆਨ ਪ੍ਰਤੀ ਰੁਚੀ ਵਧਾਉਣ ਲਈ ਵਿਸ਼ੇਸ਼ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਸਕੂਲ ਪ੍ਰਿੰਸੀਪਲ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਵਿਗਿਆਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਦਿਨ ਮਹਾਨ ਵਿਗਿਆਨੀ ਡਾ. ਸੀ. ਵੀ. ਰਮਨ ਦੀ ਖੋਜ ਰਮਨ ਪ੍ਰਭਾਵ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ।ਇਸ ਦਿਨ ਸਕੂਲ ਵਿੱਚ ਸਾਇੰਸ ਮਾਡਲ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਵਿਗਿਆਨਕ ਪ੍ਰਯੋਗ ਤੇ ਮਾਡਲ ਪੇਸ਼ ਕੀਤੇ।ਬੱਚਿਆਂ ਨੇ ਭੌਤਿਕ ਵਿਗਿਆਨ, ਰਸਾਇਣ ਵਿਗਿਆਨ ਤੇ ਜੀਵ ਵਿਗਿਆਨ ਨਾਲ ਸੰਬੰਧਤ ਪ੍ਰੋਜੈਕਟਾਂ ਰਾਹੀਂ ਆਪਣੀ ਕਲਾ ਤੇ ਗਿਆਨ ਦਾ ਪ੍ਰਦਰਸ਼ਨ ਕੀਤਾ।ਅਧਿਆਪਕਾਂ ਨੇ ਬੱਚਿਆਂ ਨੂੰ ਵਿਗਿਆਨਕ ਸੋਚ ਅਪਨਾਉਣ ਤੇ ਨਵੀਂ ਖੋਜਾਂ ਵੱਲ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਵੱਲੋਂ ਵਿਦਿਆਰਥੀਆਂ ਦੀ ਪ੍ਰਸੰਸਾ ਕੀਤੀ ਗਈ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਵਿਗਿਆਨ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਗਿਆ।ਇਸ ਤਰ੍ਹਾਂ ਨੈਸ਼ਨਲ ਸਾਇੰਸ ਡੇਅ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ।

# ਚੋਲਾ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੀ ਪੈਦਲ ਯਾਤਰਾ ਦਾ ਅੱਜ ਹਰਚੋਵਾਲ ਵਿਖੇ ਹੋਵੇਗਾ ਨਿੱਘਾ ਸਵਾਗਤ: ਭਾਈ ਰਿਆੜ

**ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ)**-ਜ਼ਿਲ੍ਹਾ ਹੁਸ਼ਿਆਰਪੁਰ ਦੇ ਕਸਬਾ ਖਡਿਆਲਾ ਸੈਣੀਆਂ ਤੋਂ ਹਰ ਸਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਚੋਲਾ ਸਾਹਿਬ ਦੇ ਦਰਸ਼ਨਾਂ ਲਈ ਡੇਰਾ ਬਾਬਾ ਨਾਨਕ ਜਾਣ ਵਾਲੀ ਵਾਲੀ ਪੈਦਲ ਯਾਤਰਾ ਦਾ ਹਰਚੋਵਾਲ ਵਿਖੇ 2 ਮਾਰਚ ਨੂੰ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਜਾਵੇਗਾ, ਸੰਗਤਾਂ ਵੱਲੋਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹੈ। ਇਹ ਜਾਣਕਾਰੀ ਦਿੰਦਿਆਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਸਮਾਜ ਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ, ਦੱਸਿਆ ਕਿ ਇਹ ਪੈਦਲ ਯਾਤਰਾ ਗੁਰੂ ਨਾਨਕ ਦਰਬਾਰ ਵੱਡਾ ਗੁਰਦੁਆਰਾ ਹਰਚੋਵਾਲ ਵਿਖੇ ਪਹੁੰਚ ਕੇ ਸਮੂਹ ਘਰਾਂ ਵਿੱਚ ਅਰਾਮ ਕਰਦੀਆਂ ਹਨ ਜੋ ਕਿ 3 ਮਾਰਚ ਨੂੰ ਨਿੱਕੇ ਘੁੰਮਣਾ ਵਿਖੇ ਠਹਿਰਣ ਉਪਰੰਤ 4 ਮਾਰਚ ਨੂੰ ਡੇਰਾ ਬਾਬਾ ਨਾਨਕ ਵਿਖੇ ਪਹੁੰਚ ਕੇ ਸਮਾਪਤ ਹੁੰਦੀ ਹੈ।ਡੇਰਾ ਬਾਬਾ ਨਾਨਕ (ਗੁਰਦਾਸਪੁਰ) ਵਿਖੇ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਇਤਿਹਾਸਕ ਚੋਲਾ ਸਾਹਿਬ ਦੇ ਨਾਲ ਇਕ ਰੁਮਾਲ ਸੁਸ਼ੋਭਿਤ ਹੈ।ਇਸ ਰੁਮਾਲ ਉੱਤੇ ਫੁੱਲ, ਬੂਟੇ, ਮੋਰ, ਹਿਰਨ, ਵੇਲਾਂ, ਔਰਤਾਂ



ਆਦਿ ਦੇ ਚਿੱਤਰ ਬਣਾਏ ਹੋਏ ਹਨ।ਇਹ ਰੁਮਾਲ ਕਾਂਗੜਾ ਸ਼ੈਲੀ 'ਚ ਕੱਢਿਆ ਹੋਇਆ ਹੈ।ਇਹ ਰੁਮਾਲ ਬੇਬੇ ਨਾਨਕੀ ਦੇ ਹੱਥਾਂ ਦਾ ਕੱਢਿਆ ਹੋਇਆ ਦੱਸਿਆ ਜਾਂਦਾ ਹੈ ਤੇ ਕਿਹਾ ਜਾਂਦਾ ਹੈ ਕਿ ਇਹ ਰੁਮਾਲ ਬੇਬੇ ਨਾਨਕੀ ਨੇ ਗੁਰੂ ਜੀ ਨੂੰ ਉਨ੍ਹਾਂ ਦੀ ਸ਼ਾਦੀ ਸਮੇਂ ਭੇਟ ਕੀਤਾ ਸੀ ਜਿਸਦੇ ਸੰਗਤਾਂ ਵੱਲੋਂ ਦਰਸ਼ਨ ਦੀਦਾਰੇ ਕੀਤੇ ਜਾਂਦੇ ਹਨ।ਇਹ ਪੈਦਲ ਯਾਤਰਾ ਵੱਲੋਂ 2 ਮਾਰਚ ਦਿਨ ਸੋਮਵਾਰ ਨੂੰ ਸਵੇਰੇ ਬਿਆਸ ਦਰਿਆ ਭੇਟ ਪੱਤਣ ਤੋਂ ਪਾਰ ਕਰਕੇ ਕੇ ਰਾਤ ਹਰਚੋਵਾਲ ਵਿਖੇ ਪਹੁੰਚ ਕੇ ਅਰਾਮ ਕੀਤਾ ਜਾਂਦਾ ਹੈ।ਪੈਦਲ ਯਾਤਰਾ ਦੇ ਸ਼ਾਮਲ ਸੰਗਤਾਂ ਦੇ ਰਾਤ ਠਹਿਰਣ ਲਈ ਹਰਚੋਵਾਲ ਦੇ ਹਰੇਕ ਘਰ ਅੰਦਰ ਵਿਸ਼ੇਸ਼ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਗੁਰੂ ਨਾਨਕ ਦਰਬਾਰ ਵੱਡਾ ਗੁਰਦੁਆਰਾ ਸਾਹਿਬ ਹਰਚੋਵਾਲ ਦੇ ਮੁੱਖ ਸੇਵਾਦਾਰ, ਸੂਬੇਦਾਰ ਹਰਭਜਨ ਸਿੰਘ, ਕੁਲਵੰਤ ਸਿੰਘ, ਜਥੇਦਾਰ ਬਚਨ ਸਿੰਘ, ਮੈਂਬਰ ਪੰਚਾਇਤ ਕਰਮ ਸਿੰਘ, ਗੁਰੱਮਖ ਸਿੰਘ ਕਾਲਾ, ਪ੍ਰਿੰਸੀਪਲ ਕੁਲਵਿੰਦਰ ਸਿੰਘ, ਵੱਸਣ ਸਿੰਘ, ਆਤਮਾ ਸਿੰਘ, ਬੱਬੂ, ਮਾਸਟਰ, ਗੁਰਵਿੰਦਰ ਸਿੰਘ ਗਾਂਧੀ, ਸੁਖਚੈਨ ਸਿੰਘ, ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਸਮਾਜ ਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ, ਬਾਬਾ ਬਲਵਿੰਦਰ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਜਗਸੀਰ ਸ਼ਰਮਾ ਦਾ ਸਨਮਾਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਸਿਟੀ ਮੋਗਾ ਵੱਲੋਂ ਨਾਮੀ ਸਮਾਜ ਸੇਵੀ, ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਐਸੋਸੀਏਸ਼ਨ ਜ਼ਿਲ੍ਹਾ ਮੋਗਾ ਦੇ ਸਰਪ੍ਰਸਤ ਤੇ ਪ੍ਰਧਾਨ ਦਿਹਾਤੀ ਪੱਤਰਕਾਰ ਯੂਨੀਅਨ ਜਗਸੀਰ ਸ਼ਰਮਾ ਬਿਲਾਸਪੁਰ ਦਾ ਉਚੇਚਾ ਸਨਮਾਨ ਕੀਤਾ ਗਿਆ।ਜਥੇਬੰਦੀ ਦੇ ਜ਼ਿਲ੍ਹਾ ਚੇਅਰਮੈਨ ਡਾ. ਬਲਦੇਵ ਸਿੰਘ ਧੂੜਕੋਟ ਨੇ ਦੱਸਿਆ ਕਿ ਜਗਸੀਰ ਸ਼ਰਮਾ ਨੇ ਪਿਛਲੇ ਸਮੇਂ ਦੌਰਾਨ ਜਥੇਬੰਦੀ ਦੀ ਖਾਤਰ ਬਹੁਤ ਵੱਡਾ ਸੰਘਰਸ਼ ਕੀਤਾ ਸੀ, ਜਿਸ ਕਾਰਨ ਮੈਡੀਕਲ ਪ੍ਰੈਕਟੀਸ਼ਨਰਜ਼ ਆਪਣਾ ਰੋਜ਼ਗਾਰ ਚਲਾ ਸਕਣ ਦੇ ਸਮਰੱਥ ਹੋਏ ਹਨ।ਉਨ੍ਹਾਂ ਦੱਸਿਆ ਕਿ ਸਾਨੂੰ ਮਾਣ ਹੈ ਕਿ ਜਗਸੀਰ ਸ਼ਰਮਾ ਨੇ ਜਥੇਬੰਦੀ ਨੂੰ ਬੁਲੰਦੀਆਂ ਤੇ ਪਹੁੰਚਾਉਣ ਲਈ ਅਣਥੱਕ ਮਿਹਨਤ ਕੀਤੀ। ਇਸ ਮੌਕੇ ਸੇਵਾਮੁਕਤ ਐੱਸ ਪੀ ਜਸਵਿੰਦਰ ਸਿੰਘ ਘਾਰੂ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਸਮੇਂ ਡਾ. ਜਸਵੀਰ ਸਿੰਘ ਸਹਿਗਲ, ਡਾ. ਸੱਤਪਾਲ ਮੋਰੀਆ ਬਲਾਕ ਜਨਰਲ ਸਕੱਤਰ, ਡਾ. ਸਵਰਨ ਸਿੰਘ ਸੂਬਾ ਕਮੇਟੀ ਮੈਂਬਰ, ਡਾ. ਬਲਵਿੰਦਰ ਕੌਰ ਕੋਆਰਡੀਨੇਟਰ, ਡਾ. ਮਹਿੰਦਰ ਪਾਲ ਵਾਈਸ ਪ੍ਰਧਾਨ, ਡਾ. ਸੱਤਪਾਲ ਪ੍ਰੀਤ ਨਗਰ, ਡਾ. ਭਗਵੰਤ ਸਿੰਘ ਦੁੱਨੇਕੇ ਸਮੇਤ ਜਥੇਬੰਦੀ ਦੇ ਆਗੂ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਈਰਾਨ ਉੱਤੇ ਅਮਰੀਕੀ ਹਮਲੇ ਖਿਲਾਫ ਬਠਿੰਡਾ 'ਚ ਰੋਸ ਮਾਰਚ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਅਮਰੀਕਾ ਅਤੇ ਇਜ਼ਰਾਇਲ ਵੱਲੋਂ ਈਰਾਨ ਉੱਤੇ ਕੀਤੇ ਧੱਕੜ ਹਮਲੇ ਖਿਲਾਫ ਐਤਵਾਰ ਨੂੰ ਲੋਕ ਮੋਰਚਾ ਪੰਜਾਬ ਅਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਬਠਿੰਡਾ ਸ਼ਹਿਰ ਅੰਦਰ ਵੱਡਾ ਰੋਸ ਮਾਰਚ ਕੀਤਾ ਗਿਆ ਅਤੇ ਇਸ ਜੰਗ ਦੇ ਖਿਲਾਫ ਜ਼ੋਰਦਾਰ ਆਵਾਜ਼ ਉਠਾਈ ਗਈ। ਇਸ ਪ੍ਰਦਰਸ਼ਨ ਤੋਂ ਪਹਿਲਾਂ ਟੀਚਰ ਹੋਮ ਬਠਿੰਡਾ ਵਿਖੇ ਇਕੱਤਰਤਾ ਕੀਤੀ ਗਈ ਜਿਹਦੇ ਵਿੱਚ ਵੱਖ-ਵੱਖ ਤਬਕਿਆਂ ਵੱਲੋਂ ਭਰਵੀਂ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਲੋਕ ਮੋਰਚਾ ਪੰਜਾਬ ਦੇ ਸੂਬਾਈ ਸਕੱਤਰ ਜਗਮੇਲ ਸਿੰਘ ਅਤੇ ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾਈ ਆਗੂ ਮੁਖਤਿਆਰ ਪੂਹਲਾ ਨੇ ਕਿਹਾ ਕਿ ਈਰਾਨ ਅਮਰੀਕੀ ਧੌਂਸ ਮੰਨਣ ਤੋਂ ਨਾਬਰ ਹੈ ਅਤੇ ਇਸ ਕਰਕੇ ਇਹ ਅਮਰੀਕਾ ਨੂੰ ਮੱਧ ਪੂਰਬ ਅੰਦਰ ਆਪਣੀ ਸਾਮਰਾਜੀ ਲੁੱਟ ਦੀਆਂ ਸਕੀਮਾਂ ਵਿੱਚ ਵੱਡਾ ਅੜਿੱਕਾ ਜਾਪ ਰਿਹਾ ਹੈ। ਤੇਲ ਭੰਡਾਰਾਂ ਨਾਲ ਭਰਪੂਰ ਮੱਧ ਪੂਰਬ ਦੇ ਖੇਤਰ ਅੰਦਰ ਅਮਰੀਕਾ ਬੇਰੋਕ ਟੋਕ ਲੁੱਟ ਜਾਰੀ ਰੱਖਣਾ ਚਾਹੁੰਦਾ ਹੈ ਅਤੇ ਇਜ਼ਰਾਇਲ ਇਸ ਖੇਤਰ ਅੰਦਰ ਉਸ ਦਾ ਵੱਡਾ ਹੱਥ ਠੋਕਾ ਹੈ। ਈਰਾਨ ਦੀ



ਖਾਮਨੇਈ ਹਕੂਮਤ ਉਹਨਾਂ ਚੁਣਿੰਦਾ ਹਕੂਮਤਾਂ ਵਿੱਚੋਂ ਸੀ ਜਿਸ ਨੇ ਆਪਣੇ ਦੇਸ਼ਾਂ ਅੰਦਰ ਅਮਰੀਕੀ ਧੌਂਸ ਮੰਨਣ ਤੋਂ ਇਨਕਾਰ ਕਰਨ ਦੀ ਦਲੇਰੀ ਦਿਖਾਈ ਹੈ। ਜੰਗਬਾਜ਼ ਅਮਰੀਕਾ ਅਤੇ ਇਜ਼ਰਾਇਲ ਨੇ ਇਸ ਹਮਲੇ ਰਾਹੀਂ ਨਿਰਦੋਸ਼ ਲੋਕਾਂ ਨੂੰ ਨਿਸ਼ਾਨਾ ਬਣਾਇਆ ਹੈ। ਇੱਕ ਸਕੂਲ 'ਤੇ ਹਮਲਾ ਕਰਕੇ 100 ਤੋਂ ਵਧੇਰੇ ਲੜਕੀਆਂ ਨੂੰ ਕਤਲ ਕੀਤਾ ਹੈ ਤੇ ਸੈਂਕੜੇ ਹੋਰ ਇਰਾਨੀ ਮਾਰ ਸੁੱਟੇ ਹਨ। ਇਸ ਪ੍ਰਦਰਸ਼ਨ ਦੌਰਾਨ ਜਿੱਥੇ ਇਕੱਠ ਨੇ ਅਮਰੀਕੀ ਅਤੇ ਇਜ਼ਰਾਇਲੀ ਜੰਗਬਾਜ਼ ਹਾਕਮਾਂ ਦੇ ਖਿਲਾਫ ਆਵਾਜ਼ ਉਠਾਈ ਅਤੇ ਇਹ ਜੰਗ ਤੁਰੰਤ ਬੰਦ ਕਰਨ ਦੀ ਮੰਗ ਕੀਤੀ ਹੈ ਉਥੇ ਉਹਨਾਂ ਨੇ ਮੋਦੀ ਹਕੂਮਤ ਵੱਲੋਂ ਪਿਛਲੇ ਸਮੇਂ ਦੌਰਾਨ ਇਹਨਾਂ ਜੰਗਬਾਜ਼ ਹਕੂਮਤਾਂ ਨਾਲ ਗੂੜੇ ਕੀਤੇ ਸਬੰਧਾਂ ਦਾ ਵੀ ਵਿਰੋਧ ਕੀਤਾ ਅਤੇ ਅਮਰੀਕਾ ਤੇ ਇਜ਼ਰਾਈਲ ਨਾਲ ਕੀਤੇ ਸਾਰੇ ਸਮਝੌਤੇ- ਸੰਧੀਆਂ ਰੱਦ ਕਰਨ ਦੀ ਮੰਗ ਕੀਤੀ। ਮੁਜ਼ਾਹਰੇ ਦੀ ਅਗਵਾਈ ਲੋਕ ਮੋਰਚਾ ਪੰਜਾਬ ਤੇ ਇਨਕਲਾਬੀ ਕੇਂਦਰ ਪੰਜਾਬ ਦੇ ਆਗੂਆਂ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਨੇ ਕੀਤੀ।

ਇਸ ਇਕੱਠ ਵੱਲੋਂ ਇਕ ਮਤੇ ਰਾਹੀਂ ਗੁਰਦਾਸਪੁਰ ਵਿੱਚ ਪੁਲਿਸ ਵੱਲੋਂ ਨੌਜਵਾਨ ਦੇ ਕੀਤੇ ਗਏ ਪੁਲਿਸ ਮੁਕਾਬਲੇ ਦੀ ਉੱਚ ਪੱਧਰੀ ਜਾਂਚ ਦੀ, ਪੁਲਿਸ ਨੂੰ ਦਿੱਤੇ ਜਾਬਰ ਅਧਿਕਾਰ ਖਤਮ ਕਰਨ ਦੀ ਅਤੇ ਦੋਸ਼ੀ ਪੁਲਿਸ ਅਫਸਰਾਂ ਨੂੰ ਸਖਤ ਸਜ਼ਾਵਾਂ ਦੇਣ ਦੀ ਵੀ ਮੰਗ ਕੀਤੀ ਗਈ।

# ਝੁਨੀਰ ਰੈਲੀ ਲਈ ਅਕਾਲੀ ਆਗੂਆਂ ਤੇ ਵਰਕਰਾਂ 'ਚ ਭਾਰੀ ਉਤਸ਼ਾਹ-ਸੋਢੀ

**ਸਰਦੂਲਗੜ੍ਹ (ਅਵਤਾਰ ਜਟਾਣਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ 'ਪੰਜਾਬ ਬਚਾਓ ਰੈਲੀ' ਦੇ ਮਿਸ਼ਨ ਤੇ ਲੜੀਵਾਰ ਕੀਤੀਆਂ ਜਾ ਰਹੀਆਂ ਰੈਲੀਆਂ ਅਨੁਸਾਰ 4 ਮਾਰਚ ਨੂੰ ਅਨਾਜ ਮੰਡੀ ਝੁਨੀਰ ਵਿਖੇ ਹਲਕਾ ਸਰਦੂਲਗੜ੍ਹ ਦੀ ਰੈਲੀ ਨੂੰ ਦੂਰ ਅੰਦੇਸ਼ੀ ਸੋਚ ਦੇ ਮਾਲਕ ਕਹਿਣੀ ਤੇ ਕਰਨੀ ਦੇ ਪੱਕੇ, ਵਿਜ਼ਨਰੀ ਲੀਡਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬੀਬਾ ਹਰਸਿਮਰਤ ਕੌਰ ਬਾਦਲ ਮੈਂਬਰ ਪਾਰਲੀਮੈਂਟ ਤੇ ਸਮੁੱਚੀ ਲੀਡਰਸ਼ਿਪ ਵੱਲੋਂ ਬਲਵਿੰਦਰ ਸਿੰਘ ਭੂੰਦੜ ਸਕੱਤਰ ਜਨਰਲ ਦੇ ਮਾਰਗ ਦਰਸ਼ਨ ਤੇ ਦਿਲਰਾਜ ਸਿੰਘ ਭੂੰਦੜ ਸਾਬਕਾ ਵਿਧਾਇਕ ਸਰਦੂਲਗੜ੍ਹ ਦੀ ਅਗਵਾਈ ਵਿੱਚ ਕੀਤੀ ਜਾ ਰਹੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਜਤਿੰਦਰ ਸਿੰਘ ਸੋਢੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸ਼ਹਿਰੀ ਨੇ ਦੱਸਿਆ ਕਿ ਬਲਵਿੰਦਰ ਸਿੰਘ ਭੂੰਦੜ ਸਕੱਤਰ ਜਨਰਲ ਤੇ ਦਿਲਰਾਜ ਸਿੰਘ ਭੂੰਦੜ ਸਾਬਕਾ ਵਿਧਾਇਕ ਵੱਲੋਂ ਸਮੁੱਚੇ ਹਲਕੇ ਦੀ ਜਥੇਬੰਦੀ ਨਾਲ ਵਿਉਂਤਬੰਦੀ ਕਰਦਿਆਂ ਰੈਲੀ ਦੀ ਕਾਮਯਾਬੀ ਲਈ ਸਖ਼ਤ ਮਿਹਨਤ ਕੀਤੀ



ਗਈ ਹੈ।ਸਾਰੇ ਅਹੁਦੇਦਾਰਾਂ, ਨੌਜਵਾਨਾਂ ਨੂੰ ਜ਼ਿੰਮੇਵਾਰੀਆਂ ਲਗਾਈਆਂ ਗਈਆਂ ਹਨ। ਸਾਰੇ ਪਿੰਡਾਂ ਤੇ ਸ਼ਹਿਰ ਵਿੱਚ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਵਿੱਚ ਰੈਲੀ ਦੇ ਪ੍ਰਬੰਧਾਂ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਇਸ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਰੈਲੀ ਬਹੁਤ ਵੱਡੇ ਪੱਧਰ 'ਤੇ ਕਾਮਯਾਬ ਹੋਵੇਗੀ।ਸੋਢੀ ਨੇ ਸਾਰੇ ਅਹੁਦੇਦਾਰਾਂ ਤੇ ਵਰਕਰਾਂ ਨੂੰ ਸਤਿਕਾਰ ਸਹਿਤ ਬੇਨਤੀ ਕਰਦਿਆਂ ਕਿਹਾ ਕਿ ਆਪਾਂ ਵੀ ਰੈਲੀ ਦੀ ਕਾਮਯਾਬੀ ਲਈ ਤਨਦੇਹੀ ਨਾਲ ਆਪਣਾ ਫਰਜ਼ ਨਿਭਾਈਏ। ਇਹ ਰੈਲੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਕਾਮਯਾਬੀ ਦਾ ਰਾਹ ਪੱਧਰਾ ਕਰਦੀ ਹੋਈ ਮੀਲ ਪੱਥਰ ਸਾਬਿਤ ਹੋਵੇਗੀ।

# ਵਰਲਡ ਯੂਨੀਵਰਸਿਟੀ ਵੱਲੋਂ ਐੱਚ ਆਈ ਵੀ/ਏਡਜ਼ ਵਿਸ਼ੇ 'ਤੇ ਲੈਕਚਰ

**ਸ੍ਰੀ ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਰੈੱਡ ਰਿਬਨ ਕਲੱਬ, ਵਿਭਾਗ ਫਿਜ਼ੀਓਥੈਰੇਪੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵੱਲੋਂ ਐੱਚ.ਆਈ.ਵੀ./ਏਡਜ਼ ਪ੍ਰਤੀ ਜਾਗਰੂਕਤਾ ਪੈਦਾ ਕਰਨ ਤੇ ਵਿਦਿਆਰਥੀਆਂ ਨੂੰ ਸੰਵੇਦਨਸ਼ੀਲ ਬਣਾਉਣ ਦੇ ਉਦੇਸ਼ ਨਾਲ ਇਕ ਵਿਸ਼ੇਸ਼ ਲੈਕਚਰ ਤੇ ਸਲੋਗਨ-ਪੋਸਟਰ ਮੁਕਾਬਲਾ ਕਰਵਾਇਆ ਗਿਆ।ਇਸ ਵਰ੍ਹੇ ਦਾ ਕੇਂਦਰੀ ਵਿਸ਼ਾ 'ਏਡਜ਼ ਦਾ ਅੰਤ : ਨੌਜਵਾਨਾਂ, ਸਿੱਖਿਆ ਤੇ ਹੈਲਥਕੇਅਰ ਪ੍ਰੋਫੈਸ਼ਨਲਜ਼ ਦੀ ਭੂਮਿਕਾ' ਰਿਹਾ। ਇਹ ਸਮਾਗਮ ਡਾ. ਪੰਕਜਪ੍ਰੀਤ ਸਿੰਘ ਡੀਨ ਫੈਕਲਟੀ ਆਫ ਮੈਡੀਕਲ ਸਾਇੰਸਜ਼ ਤੇ ਡਾ. ਸੁਪ੍ਰੀਤ ਬਿੰਦਰਾ ਅਸੋਸੀਏਟ ਪ੍ਰੋਫੈਸਰ ਤੇ ਮੁਖੀ ਵਿਭਾਗ ਫਿਜ਼ੀਓਥੈਰੇਪੀ ਦੀ ਦੂਰਦਰਸ਼ੀ ਨੇਤ੍ਰਿਤਾ ਤੇ ਸਤਿਕਾਰਯੋਗ ਮਾਰਗਦਰਸ਼ਨ ਹੇਠ ਕੀਤਾ ਗਿਆ।ਮੁੱਖ ਬੁਲਾਰੇ ਡਾ. ਮਨਜਿੰਦਰ ਸਿੰਘ ਮਾਨ ਐੱਮ.ਡੀ. (ਮੈਡੀਸਨ) ਅਸੋਸੀਏਟ ਪ੍ਰੋਫੈਸਰ ਵਿਭਾਗ ਮੈਡੀਸਨ ਸਰਕਾਰੀ



ਮੈਡੀਕਲ ਕਾਲਜ ਤੇ ਰਾਜਿੰਦਰਾ ਹਸਪਤਾਲ ਪਟਿਆਲਾ ਨੇ ਆਪਣੇ ਵਿਸ਼ੇਸ਼ ਲੈਕਚਰ ਵਿੱਚ ਐਚ.ਆਈ.ਵੀ./ਏਡਜ਼ ਦੀ ਰਾਸ਼ਟਰੀ ਤੇ ਵਿਸ਼ਵ ਪੱਧਰੀ ਸਥਿਤੀ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ।ਲੈਕਚਰ ਤੋਂ ਬਾਅਦ ਵਿਦਿਆਰਥੀਆਂ ਨੇ ਸਮਾਜਿਕ ਜਾਗਰੂਕਤਾ ਤੇ ਰਚਨਾਤਮਕਤਾ ਦਾ ਪਰਚਾ ਦਿੰਦਿਆਂ ਸੋਚ-ਪ੍ਰੇਰਕ ਸਲੋਗਨਾਂ ਤੇ ਸਟਰਾਂ ਰਾਹੀਂ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਮੌਕੇ ਉਪ-ਕੁੱਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਹਾਜ਼ਰੀ ਭਰਦਿਆਂ ਰੈੱਡ ਰਿਬਨ ਕਲੱਬ ਤੇ ਵਿਭਾਗ ਫਿਜ਼ੀਓਥੈਰੇਪੀ ਦੁਆਰਾ ਆਯੋਜਿਤ ਇਸ ਪ੍ਰੋਗਰਾਮ ਦੀ ਪ੍ਰਸ਼ੰਸਾ ਕੀਤੀ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਤੇ ਡਾ. ਸਿਕੰਦਰ ਸਿੰਘ ਡੀਨ ਵਿਦਿਆਰਥੀ ਭਲਾਈ ਨੇ ਵੀ ਵਿਭਾਗ ਤੇ ਰੈੱਡ ਰਿਬਨ ਕਲੱਬ ਵੱਲੋਂ ਕੀਤੇ ਜਾਗਰੂਕਤਾ ਯਤਨਾਂ ਦੀ ਸਰਾਹਣਾ ਕੀਤੀ।ਉਪ-ਕੁੱਲਪਤੀ ਵੱਲੋਂ ਮੁੱਖ ਬੁਲਾਰੇ ਨੂੰ ਸਨਮਾਨਤ ਕੀਤਾ ਗਿਆ।

# ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵੱਲੋਂ '1857' ਦੇ ਸ਼ਹੀਦਾਂ ਨੂੰ ਭਾਵ-ਭਿੰਨੀ ਸ਼ਰਧਾਂਜਲੀ

**ਧਾਰੀਵਾਲ, (ਮਨਦੀਪ ਵਿੱਕੀ)**-ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿੱਚ ਸੰਨ 1857 ਦੀ ਪਹਿਲੀ ਆਜ਼ਾਦੀ ਦੀ ਲੜਾਈ ਦੌਰਾਨ ਅਜਨਾਲੇ ਵਿੱਚ ਨਿਰਦਯਤਾ ਨਾਲ ਸ਼ਹੀਦ ਕੀਤੇ ਗਏ 282 ਸ਼ਹੀਦ ਸੈਨਿਕਾਂ ਦੀ ਯਾਦ ਵਿੱਚ ਇੱਕ ਬਹੁਤ ਹੀ ਗੰਭੀਰ ਅਤੇ ਇਤਿਹਾਸਕ ਮਹੱਤਵ ਵਾਲਾ ਸਮਾਗਮ ਆਯੋਜਿਤ ਕੀਤਾ ਗਿਆ। ਇਹ ਸਮਾਗਮ ਇੰਟੈਕ ਪੰਜਾਬ ਵੱਲੋਂ ਰਿਆੜਕੀ ਸੰਸਥਾਵਾਂ ਦੇ ਸਹਿਯੋਗ ਨਾਲ ਸਕੂਲ ਦੇ ਡਾ. ਐੱਮ. ਐੱਸ. ਰੰਧਾਵਾ ਹਾਲ ਵਿੱਚ ਕਰਵਾਇਆ ਗਿਆ। ਇਹ ਸਮਾਗਮ 28 ਫਰਵਰੀ 2014 ਨੂੰ




ਕੀਤੀ ਗਈ ਇਤਿਹਾਸਕ ਖੁਦਾਈ ਦੀ 12ਵੀਂ ਵਰ੍ਹੇਗੰਢ ਨੂੰ ਸਮਰਪਿਤ ਸੀ, ਜਿਸ ਦੌਰਾਨ ਉਸ ਖੂਹ ਵਿੱਚੋਂ ਅਸਥੀਆਂ ਬਾਹਰ ਕੱਢੀਆਂ ਗਈਆਂ ਸਨ, ਜਿਸਨੂੰ ਅੰਗਰੇਜ਼ਾਂ ਨੇ ਤੌਹੀਨਜਨਕ ਢੰਗ ਨਾਲ ਕਾਲਿਆਂਵਾਲਾ ਖੂਹ ਕਿਹਾ ਸੀ। ਸਮਾਗਮ ਦੌਰਾਨ ਵਿਸ਼ੇਸ਼ ਲੈਕਚਰ, ਸੰਨ 1857 ਦੇ ਵਿਦਰੋਹ ਅਤੇ ਖੂਹ ਦੀ ਮੁੜ-ਖੋਜ ਸੰਬੰਧੀ ਜਾਣਕਾਰੀ ਦਿੰਦੀਆਂ ਪਾਵਰਪੋਇੰਟ ਪ੍ਰਸਤੁਤੀਆਂ ਅਤੇ ਇੱਕ ਇਤਿਹਾਸਕ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਵਿਰਲੇ ਫੋਟੋ, ਦਸਤਾਵੇਜ਼ ਅਤੇ 2014 ਦੀ ਖੁਦਾਈ ਨਾਲ ਜੁੜੇ ਦ੍ਰਿਸ਼ ਪ੍ਰਦਰਸ਼ਿਤ ਕੀਤੇ ਗਏ। ਇਹ ਪ੍ਰਦਰਸ਼ਨੀ ਵਿਦਿਆਰਥੀਆਂ ਅਤੇ ਹਾਜ਼ਰੀਨ ਲਈ ਇਤਿਹਾਸ ਨਾਲ ਜੀਵੰਤ ਜੋੜ ਬਣਾਉਣ ਵਾਲਾ ਮਾਧਿਅਮ ਸਾਬਤ ਹੋਈ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਅਤੇ ਅਰਦਾਸ ਨਾਲ ਕੀਤੀ ਗਈ। ਪ੍ਰਸਿੱਧ ਇਤਿਹਾਸਕਾਰ ਸੁਰਿੰਦਰ ਕੋਛੜ ਜਿਨ੍ਹਾਂ ਦੀ ਅਥੱਕ ਖੋਜ ਅਤੇ ਦ੍ਰਿੜ ਨਿਸ਼ਚੇ ਨਾਲ ਇਸ ਸਥਾਨ ਦੀ ਪਛਾਣ ਅਤੇ ਖੁਦਾਈ ਸੰਭਵ ਹੋਈ, ਸਮਾਗਮ ਦੇ ਮੁੱਖ ਮਹਿਮਾਨ ਅਤੇ ਮੁੱਖ ਵਕਤਾ ਸਨ। ਅਨੀਤਾ ਸਰੀਨ "ਰਿਵੋਲਟ ਆਫ ਅਜਨਾਲਾ 1857 ਦੇ ਨਰਸੰਹਾਰ" ਦੀ ਲੇਖਿਕਾ ਨੇ ਵੀ ਦਰਸ਼ਕਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਰਿਆੜਕੀ ਕਾਲਜ ਤੁਗਲਵਾਲਾ ਦੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜਿਹੇ ਇਤਿਹਾਸਕ ਸਮਾਗਮ ਵਿਦਿਆਰਥੀਆਂ ਵਿੱਚ ਆਪਣੇ ਵਿਰਸੇ ਪ੍ਰਤੀ ਪਿਆਰ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ। ਮੇਜਰ ਜਨਰਲ ਬਲਵਿੰਦਰ ਸਿੰਘ (ਰਿਟਾ.), ਵੀ.ਐਸ.ਐਮ., ਕਨਵੀਨਰ ਇੰਟੈਕ ਪੰਜਾਬ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ 1857 ਦੀ ਲੜਾਈ ਵਿੱਚ ਪੰਜਾਬ ਦੀ ਭੂਮਿਕਾ ਮਹੱਤਵਪੂਰਨ ਰਹੀ ਹੈ ਅਤੇ ਦੇਸ ਇਨ੍ਹਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਨਹੀਂ ਭੁੱਲ ਸਕਦਾ। ਗਗਨਦੀਪ ਸਿੰਘ ਵਿਰਕ ਕਨਵੀਨਰ ਇੰਟੈਕ ਅੰਮ੍ਰਿਤਸਰ ਨੇ ਆਪਣੇ ਸੰਬੋਧਨ ਵਿੱਚ ਸਰਕਾਰ ਕੋਲ ਮੰਗ ਕੀਤੀ ਕਿ ਅੰਮ੍ਰਿਤਸਰ ਦੀ ਕੂਪਰ ਰੋਡ ਦਾ ਨਾਮ ਬਦਲ ਕੇ ਇਸਨੂੰ 282 ਸ਼ਹੀਦ ਸੈਨਿਕਾਂ ਨੂੰ ਸਮਰਪਿਤ ਕੀਤਾ ਜਾਵੇ। ਇਸ ਮੌਕੇ ਸਮੂਹ ਹਾਜ਼ਰੀਨ ਨੇ ਇਹ ਸੰਕਲਪ ਦੁਹਰਾਇਆ ਕਿ ਆਜ਼ਾਦੀ ਦੀ ਇਸ ਵਿਰਾਸਤ ਨੂੰ ਸਨਮਾਨ ਨਾਲ ਸੰਭਾਲਿਆ ਅਤੇ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਇਆ ਜਾਵੇਗਾ।

# ਸ਼ਿਵ ਭੋਲਾ ਸੇਵਾ ਸੰਮਤੀ ਨੇ ਪੰਜ ਲੜਕੀਆਂ ਦੇ ਕਰਵਾਏ ਸਮੂਹਕ ਵਿਆਹ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸ਼ਿਵ ਭੋਲਾ ਸੇਵਾ ਸੰਮਤੀ (ਰਣੀਕੇ) ਧੂਰੀ ਵੱਲੋਂ ਸਥਾਨਕ ਮੰਗਲਾ ਆਸ਼ਰਮ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਜ਼ਰੂਰਤਮੰਦ ਪਰਵਾਰਾਂ ਦੀਆਂ ਪੰਜ ਲੜਕੀਆਂ ਦੇ ਸਮੂਹਕ ਵਿਆਹ ਕਰਵਾਏ ਗਏ।ਇਸ ਮੌਕੇ ਸੰਮਤੀ ਦੇ ਪ੍ਰਧਾਨ ਰਜਿੰਦਰ ਸ਼ਰਮਾ ਦੀ ਅਗਵਾਈ ਹੇਠ ਪਤਵੰਤਿਆਂ ਵੱਲੋਂ ਜਿੱਥੇ ਆਈਆਂ ਬਾਰਾਤਾਂ ਦਾ ਸਵਾਗਤ ਕੀਤਾ ਗਿਆ, ਉਥੇ ਹਰੇਕ ਜੋੜੇ ਨੂੰ ਘਰੇਲੂ ਵਰਤੋਂ ਦਾ ਸਾਮਾਨ ਦਿੱਤਾ ਗਿਆ।ਇਸ ਮੌਕੇ ਸਮਾਗਮ 'ਚ ਪੁੱਜੇ ਪੰਜਾਬ ਗਊਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਐੱਫ ਸੀ ਆਈ ਐਗਜ਼ੀਕਿਊਟਵ ਸਟਾਫ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ, ਕਾਂਗਰਸ ਆਗੂ ਹਰਪ੍ਰੀਤ ਸਿੰਘ ਧੀਮਾਨ, ਓਂਕਾਰ ਐਗਰੋ ਦੇ ਐੱਮ ਡੀ ਹਰਦੀਪ ਸਿੰਘ ਨੰਨੜੇ ਤੇ ਕੋਇਲ ਮਹੰਤ ਨੇ ਨਵੇਂ ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦਿੰਦਿਆਂ ਸੰਸਥਾ ਵੱਲੋਂ ਸਮਾਜ ਸੇਵਾ ਦੇ ਖੇਤਰ 'ਚ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ।ਸੰਮਤੀ ਦੇ ਪ੍ਰਧਾਨ ਰਜਿੰਦਰ ਸ਼ਰਮਾ ਨੇ ਦਾਨੀ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਦੋ ਦਹਾਕਿਆਂ ਤੋਂ ਲਗਾਤਾਰ ਸਮਾਜ ਸੇਵਾ ਦੇ ਖੇਤਰ 'ਚ ਯੋਗਦਾਨ ਪਾਉਂਦਿਆਂ ਹਰ ਸਾਲ ਲੋੜਮੰਦ ਪਰਵਾਰਾਂ ਦੀਆਂ ਲੜਕੀਆਂ ਦੇ ਸਮੂਹਕ ਵਿਆਹ ਕਰਵਾਏ ਜਾਂਦੇ ਹਨ।ਸਮਾਗਮ ਦੌਰਾਨ ਸੇਵਾ ਮੁਕਤ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਮਨਜੀਤ ਸਿੰਘ ਬਖ਼ਸ਼ੀ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਸਮਾਜ ਸੇਵੀ ਰਜਿੰਦਰ ਲੱਧੜ ਤੇ ਸੰਮਤੀ ਦੇ ਚੇਅਰਮੈਨ ਜਨਕ ਰਾਜ ਮੀਮਸਾ, ਸੁਖਵਿੰਦਰ ਸਿੰਘ ਮਠਾੜੂ, ਮੁਖਤਿਆਰ ਸਿੰਘ, ਜੈ ਦੇਵ ਸ਼ਰਮਾ, ਸੱਜਣ ਕੁਮਾਰ, ਮੇਘ ਰਾਜ ਤੇ ਸੁਰਿੰਦਰਪਾਲ ਆਦਿ ਮੌਜੂਦ ਸਨ।


# ਕਲਾਸੀਫਾਈਡ ਇਸ਼ਤਿਹਾਰ

## Change of Name

I, Deepanshu S/o Vijay Kumar R/o House No. -175 Lane-2 Puda Avenue, Old Jail Side Tehsil/Distt- Gurdaspur, Punjab, India. have changed my name from Deepanshu to Deepanshu Mahajan.

I, Shindo D/o Kartara W/o Joginder Pal R/o H.No. 12/116, Hadda Rodi, Banga, SBS Nagar, Punjab, 144505 changed my name to Chhindo Mahey.

I Balwinder Kaur W/O Karanjit Singh Multani R/O H.no. 15 Ajit Nagar, Kapurthala, Punjab, India have changed my Name from Balwinder Kaur to Balwinderjit Kaur.

I Manminder Singh S/o Jugraj Singh R/o Village Kangniwal, PO. Hazara, Distt. Jalandhar, Punjab, India have changed my name from Manminder Singh to Manminder as Given name and Singh as Surname. Please note.

I, Mohinder Kaur W/O Khushbir Singh Kochar, R/o 415-G Bhai Randhir Singh Nagar, Ludhiana, Punjab- 141012. have changed my name and shall hereafter be Known as Manpreet Kaur Kochar

I, Koshliya W/O Muni Lal, R/o 73, Chitti Kothi, Mohalla Khanda Khola, Batala, Gurdaspur, Punjab- 143505. have changed my name and shall hereafter be Known as kaushalya devi.

I, Akashdeep Singh son of Mohan Lal resident of Village Makhanpur, PO. Narot Jaimal Singh, Tehsil & Distt. Pathankot, Punjab, India have changed my name from Akashdeep Singh to Given Name Akashdeep & Surname as Singh. All concerned please note.

I, hitherto known as GUNEET SINGH S/o GURMIT SINGH residing at House Number 501, Golden Avenue Phase 2, Near Garha Road, Jalandhar, Punjab-144022 have changed my name and shall hereafter be known as GUNEET SINGH MULTANI.

I, Amit Kant Rehant s/o Ravi Kant Rehani r/o 3683/02, Shri Ram Sharnam Colony, Kahnuwan Road, Gurdaspur, have changed the spelling of my surname as Amit Kant Rehani (Rehani as Surname). All Please Note.

## Change of Name

I, Kulwinder son of Sh. Tarlok Singh resident of Ward No. 3, Garhshankar, Distt. Hoshiarpur, Punjab, India have changed my name Kulwinder to Kulwinder Singh and Surname as Singh.

I, Harsimran Singh S/o Balbir Singh r/o VPO. Munak Khurd, Tehsil Dasuya, Distt. Hoshiarpur have changed my name to Singh Harsimran. All Please Note.

I, Gurpreet Singh S/o Amarjit Singh R/o Patti Dehal, Tehsil Phillaur, Po Pasla Distt Jalandhar Punjab 144037 have declare that Gurpreet is my Given name and Singh is my Surname. All Concerned may please note.

I, Mohit Kumar S/o Vijay Kumar Singh R/o Vpo Patara Distt Jalandhar Punjab 144101 have declare that Mohit is my Given name and Kumar is my Surname. All Concerned may please note.

## PUBLIC NOTICE

"Notice is hereby given on behalf of my client Sukhdev Singh S/o Partap Singh R/o 10 Tricornia Drive, Nottingham NG6 0ND UK at present residing at H.No. 884, Arjan Singh Nagar, Jalandhar that the General Power of Attorney No. 2019-20/186/4/821 executed on 22-07-2019 at office of S.R. Jalandhar-1 in favor of Partap Singh S/o Tarlok Singh R/o H.No. 884, Arjan Nagar, Jalandhar, regarding movable and immovable property is hereby cancelled and revoked vide document no. 2025-26/186/4/1614 dated 17-02-2026 S.R. Jalandhar-1. Any person dealing with Partap Singh regarding this matter will do so at their own risk and responsibility." Sachin Jain Advocate Chamber No. 117, Tehsil Complex, Jalandhar.

## ਬੇਦਖਲੀ ਨੋਟਿਸ

ਮੈਂ, ਕਮਲਜੀਤ ਕੌਰ ਪਤਨੀ ਮਨਮੋਹਨ ਸਿੰਘ ਵਾਸੀ ਪਿੰਡ ਤੇ ਡਾਕ: ਲੱਧੇਵਾਲੀ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਪੁੱਤਰ ਜਗਜੀਵਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬਧਿਤ ਨੋਟ ਕਰਨ।

ਮੈਂ, ਸਰਬਜੀਤ ਕੌਰ ਪਤਨੀ ਸੁਖਵਿੰਦਰ ਸਿੰਘ ਵਾਸੀ ਮਨਿਹਾਲਾ ਜੈ ਸਿੰਘ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੀ ਰਹਿਣ ਵਾਲੀ ਹਾਂ। ਮੇਰਾ ਲੜਕਾ ਅਮਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੀ ਹਾਂ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਰਵਿੰਦਰ ਕੌਰ ਪਤਨੀ ਸੁਖਵਿੰਦਰ ਸਿੰਘ, ਵਾਸੀ ਮਕਾਨ ਨੰਬਰ 403, ਗਲੀ ਨੰਬਰ 05, ਜਸਪਾਲ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਚਾਹਤਪ੍ਰੀਤ ਸਿੰਘ, ਉਸ ਦੀ ਪਤਨੀ ਹਰਪ੍ਰੀਤ ਕੌਰ ਅਤੇ ਉਨ੍ਹਾਂ ਦੀ ਪੁੱਤਰੀ ਸਿਦਕਪ੍ਰੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ। ਸੰਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ, ਜਸਵਿੰਦਰ ਸਿੰਘ ਚਹਿਲ ਪੁੱਤਰ ਨਾਜਰ ਸਿੰਘ, ਪਿੰਡ ਕੋਲਸੇੜੀ, ਤਹਿਸੀਲ ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਜਸਵਿੰਦਰ ਸਿੰਘ ਰੱਖ ਲਿਆ ਹੈ।

ਮੈਂ ਰਾਜਾ ਪੁੱਤਰ ਜੋਗਿੰਦਰ ਪਾਲ ਵਾਸੀ ਪਿੰਡ ਪਹਾੜੀਪੁਰ, ਡਾਕਖਾਨਾ ਸੁਭਾਨਪੁਰ ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਇਹ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਂਅ ਰਾਜਾ ਤੋਂ ਬਦਲ ਕੇ ਰਾਜਾ ਭੱਟੀ ਰੱਖ ਲਿਆ ਹੈ। ਹੁਣ ਮੈਨੂੰ ਰਾਜਾ ਭੱਟੀ ਦੇ ਨਾਂ ਨਾਲ ਜਾਣਿਆ ਜਾਵੇ।

## ਨਿਲਾਮੀ ਸੂਚਨਾ

ਪੀ ਐਮ ਸ਼੍ਰੀ ਸਰਕਾਰੀ ਹਾਈ ਸਕੂਲ ਸਮਾਓ ਜ਼ਿਲ੍ਹਾ ਮਾਨਸਾ ਵਿੱਚ ਛੰਗਾਈ ਕੀਤੇ ਹੋਏ ਟੁੱਟੇ ਟਾਹਣਿਆਂ ਵਾਲੇ ਦਰੱਖਤ ਅਤੇ ਕੰਡਮ ਲੱਕੜੀ (ਬਾਲਣ) ਦੀ ਬੋਲੀ 05 ਮਾਰਚ 2026 ਨੂੰ ਸਕੂਲ ਦਫਤਰ ਵਿਖੇ ਕਰਵਾਈ ਜਾਵੇਗੀ। ਅੰਦਾਜ਼ਨ ਲੱਕੜ 20 ਤੋਂ 30 ਕੁਇੰਟਲ ਹੋ ਸਕਦੀ ਹੈ। ਕੀਮਤ ਅਤੇ ਸ਼ਰਤਾਂ ਮੌਕੇ ਤੇ ਹੀ ਦੱਸੀਆਂ ਜਾਣਗੀਆਂ ।ਚਾਹਵਾਨ ਸੱਜਣ ਸੰਪਰਕ ਕਰਨ ਦੀ ਖੇਚਲ ਕਰਨ।
ਚੇਅਰਮੈਨ ਪੀ. ਐਮ. ਸ਼੍ਰੀ ਸ. ਹ. ਸ. ਸਮਾਓ (ਮਾਨਸਾ)

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਕਿਸਾਨ ਮਹਾਂਪੰਚਾਇਤ 'ਚ ਉਮੜਿਆ ਜਨ-ਸੈਲਾਬ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਕਿਸਾਨਾਂ ਦੇ ਹੱਕ ਅਤੇ ਅਧਿਕਾਰਾਂ ਦੀ ਆਵਾਜ਼ ਬੁਲੰਦ ਕਰਨ ਲਈ ਬਰਨਾਲਾ ਵਿੱਚ ਆਯੋਜਿਤ ਕਾਂਗਰਸ ਦੀ ਵਿਸ਼ਾਲ ਕਿਸਾਨ ਮਹਾਂਪੰਚਾਇਤ ਰੈਲੀ ਇਤਿਹਾਸਕ ਜਨ ਸਮਰਥਨ ਨਾਲ ਸਫਲਤਾਪੂਰਵਕ ਸੰਪੰਨ ਹੋਈ। ਇਸ ਮਹੱਤਵਪੂਰਨ ਸਮਾਗਮ ਵਿੱਚ ਅਖਿਲ ਭਾਰਤੀ ਕਾਂਗਰਸ ਕਮੇਟੀ ਦੇ ਪ੍ਰਧਾਨ ਮੱਲਿਕਾਰਜੁਨ ਖੜਗੇ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦੇ ਹੋਏ ਹਜ਼ਾਰਾਂ ਕਾਂਗਰਸੀ ਵਰਕਰਾਂ ਅਤੇ ਕਿਸਾਨਾਂ ਨੂੰ ਸੰਬੋਧਨ ਕੀਤਾ। ਇਸ ਰੈਲੀ ਵਿੱਚ ਨਕੋਦਰ ਹਲਕਾ ਇੰਚਾਰਜ ਡਾ. ਨਵਜੋਤ ਦਹੀਆ ਦੀ ਅਗਵਾਈ ਹੇਠ 25 ਤੋਂ ਵੱਧ ਬੱਸਾਂ ਵਿੱਚ ਭਰਕੇ ਕਾਂਗਰਸੀ ਵਰਕਰ ਬਰਨਾਲਾ ਪਹੁੰਚੇ। ਨਕੋਦਰ ਹਲਕੇ ਦੇ ਵਰਕਰਾਂ ਵਿੱਚ ਖ਼ਾਸਾ ਉਤਸ਼ਾਹ ਅਤੇ ਜੋਸ਼ ਦੇਖਣ ਨੂੰ ਮਿਲਿਆ। ਹੱਥਾਂ ਵਿੱਚ ਝੰਡੇ, ਗੂੰਜਦੇ ਨਾਰੇ ਅਤੇ ਲੀਡਰਸ਼ਿਪ ਲਈ ਭਰਪੂਰ ਸਮਰਥਨ ਨੇ ਮਾਹੌਲ ਨੂੰ ਪੂਰੀ ਤਰ੍ਹਾਂ ਜ਼ੋਸ਼ ਨਾਲ ਭਰ ਦਿੱਤਾ। ਸਥਾਨ 'ਤੇ ਸਵੇਰੇ ਤੋਂ ਹੀ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਕਾਂਗਰਸੀ ਵਰਕਰਾਂ ਅਤੇ ਕਿਸਾਨ ਸੰਸਥਾਵਾਂ ਦਾ ਹਜੂਮ ਉਮੜਿਆ।ਰਾਹੁਲ ਗਾਂਧੀ ਨੇ ਆਪਣੇ ਸੰਬੋਧਨ ਵਿੱਚ ਕਿਸਾਨਾਂ ਲਈ ਨਿਆਂ, ਐੱਮ ਐੱਸ ਪੀ ਦੀ ਕਾਨੂੰਨੀ ਗਾਰੰਟੀ, ਕਰਜ਼ ਮੁਆਫ਼ੀ ਅਤੇ ਆਰਥਿਕ ਸੁਰੱਖਿਆ ਦੇ ਮੁੱਦੇ ਉਠਾਉਂਦੇ ਹੋਏ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕੀਤਾ। ਮੱਲਿਕਾਰਜੁਨ ਖੜਗੇ ਨੇ ਕਿਹਾ ਕਿ ਕਾਂਗਰਸ ਕਿਸਾਨਾਂ ਦੀ ਲੜਾਈ ਸੜਕ ਤੋਂ ਸੰਸਦ ਤੱਕ ਡਟ ਕੇ ਲੜਦੀ ਰਹੇਗੀ ਤੇ ਕਿਸਾਨ ਵਿਰੋਧੀ ਨੀਤੀਆਂ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਡਾ. ਨਵਜੋਤ ਦਹੀਆ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਹੋਈ ਇਸ ਕਿਸਾਨ ਮਹਾਂਪੰਚਾਇਤ ਨੇ ਮੌਜੂਦਾ ਸਰਕਾਰ ਦੀਆਂ ਨੀਤੀਆਂ ਦੀ ਸੱਚਾਈ ਬੇਨਕਾਬ ਕਰ ਦਿੱਤੀ ਹੈ। ਇਹ ਜਨਸੈਲਾਬ ਇਸ ਗੱਲ ਦਾ ਸੰਕੇਤ ਹੈ ਕਿ ਪੰਜਾਬ ਦਾ ਕਿਸਾਨ ਅਤੇ ਨੌਜਵਾਨ ਹੁਣ ਕਾਂਗਰਸ ਵੱਲ ਉਮੀਦ ਨਾਲ ਦੇਖ ਰਿਹਾ ਹੈ। ਆਉਣ ਵਾਲੇ ਸਮੇਂ ਵਿੱਚ ਲੋਕ ਬਦਲਾਅ ਲਈ ਤਿਆਰ ਹਨ। ਰੈਲੀ

**25 ਤੋਂ ਵੱਧ ਬੱਸਾਂ ਨਾਲ ਨਕੋਦਰ ਤੋਂ ਪਹੁੰਚਿਆ ਕਾਫ਼ਲਾ**




# ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ ਭਲਕੇ

**ਬਲਾਚੌਰ (ਜਸਵਿੰਦਰ ਬੈਂਸ)**- ਮਾਨਵਤਾ ਦੀ ਸੇਵਾ ਨੂੰ ਸਮਰਪਿਤ 'ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ' ਪਟਿਆਲਾ ਵੱਲੋਂ ਆਪਣੀਆਂ ਲੋਕ-ਭਲਾਈ ਗਤੀਵਿਧੀਆਂ ਦੀ ਲੜੀ ਨੂੰ ਅੱਗੇ ਵਧਾਉਂਦਿਆਂ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਰਤੇਵਾਲ ਵਿਖੇ 3 ਮਾਰਚ ਨੂੰ 730ਵਾਂ ਵਿਸ਼ਾਲ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਸੁਆਮੀ ਗੰਗਾ ਨੰਦ ਮਹਾਰਾਜ ਭੂਰੀ ਵਾਲੇ ਧਾਮ ਵਿਖੇ ਸਵੇਰੇ 10:00 ਵਜੇ ਤੋਂ ਸ਼ਾਮ 3:00 ਵਜੇ ਤੱਕ ਲਗਾਇਆ ਜਾਵੇਗਾ। ਰੋਪੜ ਦੇ ਪ੍ਰਸਿੱਧ ਬਵੇਜਾ ਹਸਪਤਾਲ ਦੇ ਡਾ. ਵਰੁਣ ਬਵੇਜਾ ਤੇ ਉਨ੍ਹਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ। ਕੈਂਪ ਦੌਰਾਨ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਦਿੱਤੀਆਂ ਜਾਣਗੀਆਂ।ਜਿਨ੍ਹਾਂ ਮਰੀਜ਼ਾਂ ਨੂੰ ਅੱਖਾਂ ਦੇ ਆਪ੍ਰੇਸ਼ਨ ਜਾਂ ਲੈਂਜ਼ ਪਵਾਉਣ ਦੀ ਲੋੜ ਹੋਵੇਗੀ, ਉਨ੍ਹਾਂ ਦੇ ਆਪ੍ਰੇਸ਼ਨ ਬਵੇਜਾ ਹਸਪਤਾਲ ਰੋਪੜ ਵਿਖੇ ਬਿਲਕੁਲ ਮੁਫ਼ਤ ਕੀਤੇ ਜਾਣਗੇ। ਕੈਂਪ ਦਾ ਉਦਘਾਟਨ ਸੁਆਮੀ ਕ੍ਰਿਸ਼ਨਾ ਨੰਦ ਮਹਾਰਾਜ ਜੀ ਤੇ ਸਰਬੱਤ ਦਾ ਭਲਾ ਟਰੱਸਟ ਦੇ ਪ੍ਰਧਾਨ ਸ. ਅਮਰਜੋਤ ਸਿੰਘ ਆਪਣੇ ਕਰ-ਕਮਲਾਂ ਨਾਲ ਕਰਨਗੇ।ਇਸ ਮੌਕੇ ਪ੍ਰਧਾਨ ਸ੍ਰੀ ਦੁਰਗੇਸ਼ ਜੰਡੀ, ਮੀਡੀਆ ਇੰਚਾਰਜ ਜਸਵਿੰਦਰ ਬੈਂਸ, ਰਜਿੰਦਰ ਖਟਾਣਾ, ਜਤਿੰਦਰ ਬਾਂਠ, ਰਾਜ ਕੁਮਾਰ ਖਟਾਣਾ, ਮਾਸਟਰ ਜਸਵਿੰਦਰ ਸਿੰਘ ਧੌਲ, ਰਾਕੇਸ਼ ਕੁਮਾਰ ਭਾਟੀਆ (ਹੈਪੀ), ਸੁੱਚਾ ਰਾਮ ਗਰਲੇ ਢਾਹਾ, ਹਰਪ੍ਰਭ ਮਾਹਿਲ ਸਿੰਘ ਬਰਨਾਲਾ, ਇੰਜ. ਦਾਰਾ ਸਿੰਘ, ਸਰਪੰਚ ਪਵਨ ਕੁਮਾਰ ਭਾਰਟਾ, ਇੰਦਰਜੀਤ ਮਾਨ ਤੇ ਰਾਮ ਸ਼ਾਹ ਸਰਪੰਚ ਉਧਨਵਾਲ ਸਮੇਤ ਟਰੱਸਟ ਦੇ ਹੋਰ ਮੈਂਬਰ ਮੌਜੂਦ ਰਹਿਣਗੇ। ਜ਼ਿਕਰਯੋਗ ਹੈ ਕਿ ਟਰੱਸਟ ਦੇ ਮੁਖੀ ਡਾ. ਐੱਸ ਪੀ ਸਿੰਘ ਓਬਰਾਏ ਆਪਣੀ ਨੇਕ ਕਮਾਈ ਦਾ 96% ਹਿੱਸਾ ਲੋਕ ਭਲਾਈ ਦੇ ਕਾਰਜਾਂ 'ਤੇ ਖਰਚ ਕਰਦੇ ਹਨ। ਉਨ੍ਹਾਂ ਵੱਲੋਂ ਇਸ ਇਲਾਕੇ ਵਿੱਚ ਹੁਣ ਟਰੱਸਟ ਵੱਲੋਂ ਅੱਖਾਂ ਦੇ ਕੈਂਪਾਂ ਤੋਂ ਇਲਾਵਾ ਗਰੀਬ ਕੁੜੀਆਂ ਦੇ ਵਿਆਹ, ਵਿਧਵਾ ਪੈਨਸ਼ਨ, ਅਪਾਹਜਾਂ ਦੀ ਸੇਵਾ ਅਤੇ ਬੇਸਹਾਰਾ ਮਰੀਜ਼ਾਂ ਦੇ ਇਲਾਜ ਦਾ ਪੂਰਾ ਖਰਚਾ ਵੀ ਚੁੱਕਿਆ ਜਾਂਦਾ ਹੈ।

# ਲਵਲੀ ਪ੍ਰੋਫੈਸ਼ਨਲ 'ਵਰਸਿਟੀ ਨੇ 2026 ਦੇ ਅਕਾਦਮਿਕ ਸੈਸ਼ਨ ਲਈ ਦਾਖਲਿਆਂ ਦਾ ਕੀਤਾ ਐਲਾਨ

**ਜਲੰਧਰ (ਸ਼ੈਲੀ ਐਲਬਰਟ)**- ਇੱਕ ਸਮੇਂ ਜਦੋਂ ਤਕਨੀਕੀ ਨਵੀਨਤਾ ਤੇ ਵਿਸ਼ਵਵਿਆਪੀ ਅੰਤਰ-ਨਿਰਭਰਤਾ ਪੇਸ਼ੇਵਰ ਸਫਲਤਾ ਨੂੰ ਮੁੜ ਪਰਿਭਾਸ਼ਿਤ ਕਰ ਰਹੇ ਹਨ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ 2026 ਦੇ ਅਕਾਦਮਿਕ ਸੈਸ਼ਨ ਲਈ ਦਾਖਲਿਆਂ ਦਾ ਐਲਾਨ ਕੀਤਾ ਹੈ, ਜੋ ਕਿ ਇਸ ਦੀ ਐਡੂ ਰੈਵੋਲਿਊਸ਼ਨ ਪਹਿਲਕਦਮੀ ਵਿੱਚ ਇੱਕ ਵੱਡਾ ਕਦਮ ਹੈ। ਐੱਲ ਪੀ ਯੂ ਦੇ ਅਕਾਦਮਿਕ ਕੋਰ ਵਿੱਚ ਐਡੂ ਰੈਵੋਲਿਊਸ਼ਨ ਹੈ-ਸਿੱਖਿਆ ਅਤੇ ਪ੍ਰੋਗਰਾਮ ਡਿਲੀਵਰੀ ਦਾ ਇੱਕ ਪ੍ਰਗਤੀਸ਼ੀਲ ਮਾਡਲ ਜੋ ਸਿੱਖਣ ਨੂੰ, ਕਿਵੇਂ ਹੁੰਦਾ ਹੈ ਨੂੰ ਮੁੜ ਪਰਿਭਾਸ਼ਿਤ ਕਰਦਾ ਹੈ। ਲਾਈਵ ਪ੍ਰੋਜੈਕਟਾਂ, ਏ ਆਈ-ਸਮਰੱਥ ਸਿਮੂਲੇਸ਼ਨਾਂ, ਢਾਂਚਾਗਤ ਸਲਾਹ-ਮਸ਼ਵਰੇ, ਅਤੇ ਸ਼ੁਰੂਆਤੀ ਉਦਯੋਗ ਐਕਸਪੋਜ਼ਰ ਨੂੰ ਨਿਯਮਤ ਅਕਾਦਮਿਕ ਵਿੱਚ ਏਕੀਕ੍ਰਿਤ ਕਰਦਾ ਹੈ। ਮਹੱਤਵਪੂਰਨ ਗੱਲ ਇਹ ਹੈ ਕਿ ਇਹ ਦ੍ਰਿਸ਼ਟੀਕੋਣ ਪਲੇਸਮੈਂਟ ਨੂੰ ਬਿਹਤਰ ਬਣਾਉਣ ਲਈ ਰਣਨੀਤਕ ਤੌਰ 'ਤੇ ਇਕਸਾਰ ਹੈ, ਇਹ ਯਕੀਨੀ ਬਣਾਉਂਦਾ ਹੈ ਕਿ ਗ੍ਰੈਜੂਏਟ ਪਹਿਲੇ ਦਿਨ ਤੋਂ ਹੀ ਕਾਰਜਬਲ ਲਈ ਤਿਆਰ ਹਨ। ਉਦਯੋਗ ਨਾਲ ਸਬੰਧਤ ਪ੍ਰੋਜੈਕਟਾਂ ਤੇ ਆਮਦਨ ਪੈਦਾ ਕਰਨ ਵਾਲੇ ਅਸਾਈਨਮੈਂਟਾਂ ਰਾਹੀਂ, ਵਿਦਿਆਰਥੀਆਂ ਕੋਲ ਆਪਣੀਆਂ ਫੀਸਾਂ ਵਾਪਸ ਕਮਾਉਣ ਦੇ ਮੌਕੇ ਵੀ ਹਨ, ਜਿਸ ਨਾਲ ਉਹ ਆਪਣੇ ਅਕਾਦਮਿਕ ਖਰਚਿਆਂ ਨੂੰ ਫੰਡ ਕਰ ਸਕਦੇ ਹਨ ਅਤੇ ਸਵੈ-ਉਪਭੋਗਤਾ ਕਰ ਸਕਦੇ ਹਨ। ਇਸ ਢਾਂਚੇ ਦੇ ਤਹਿਤ, ਐੱਲ ਪੀ ਯੂ ਨੇ ਤੇਜ਼ੀ ਨਾਲ ਬਦਲ ਰਹੇ ਉਦਯੋਗ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਆਪਣੀਆਂ ਤਕਨਾਲੋਜੀ ਅਤੇ ਪ੍ਰਬੰਧਨ ਪੇਸ਼ਕਸ਼ਾਂ ਦਾ ਵਿਸਤਾਰ ਕੀਤਾ ਹੈ। ਇੰਜੀਨੀਅਰਿੰਗ ਵਿੱਚ, ਐੱਲ ਪੀ ਯੂ ਰੋਬੋਟਿਕਸ ਤੇ ਏ ਆਈ, ਅਪਲਾਈਡ ਏ ਆਈ, ਏ ਆਈ ਤੇ ਮਸ਼ੀਨ ਲਰਨਿੰਗ ਤੇ ਏ ਆਈ ਅਤੇ ਡੇਟਾ ਵਿਸ਼ਲੇਸ਼ਣ ਵਿੱਚ ਵਿਸ਼ੇਸ਼ਤਾਵਾਂ ਦੇ ਨਾਲ ਆਪਣੇ ਬੀ.ਟੈਕ ਕੰਪਿਊਟਰ ਸਾਇੰਸ ਪੋਰਟਫੋਲੀਓ ਨੂੰ ਮਜ਼ਬੂਤ ਕਰਦਾ ਹੈ, ਜਿਸ ਵਿੱਚ ਕੁਆਂਟੀਫਾਈ ਵਰਗੇ ਗਲੋਬਲ ਏ ਆਈ ਲੀਡਰਾਂ ਨਾਲ ਸਹਿਯੋਗ ਸ਼ਾਮਲ ਹੈ। ਪੋਸਟ ਗ੍ਰੈਜੂਏਟ ਪੱਧਰ 'ਤੇ, ਡੇਟਾ ਸਾਇੰਸ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਫਿਨਟੈਕ ਤੇ ਏ ਆਈ ਵਿੱਚ ਐਮ ਬੀ ਏ ਪ੍ਰੋਗਰਾਮ ਰਣਨੀਤਕ ਪ੍ਰਬੰਧਨ ਨੂੰ ਤਕਨੀਕੀ ਡੂੰਘਾਈ ਨਾਲ ਜੋੜਦੇ ਹਨ, ਵਿਦਿਆਰਥੀਆਂ ਨੂੰ ਡਿਜੀਟਲ-ਪਹਿਲੇ ਉੱਦਮਾਂ ਦੀ ਅਗਵਾਈ ਕਰਨ ਲਈ ਤਿਆਰ ਕਰਦੇ ਹਨ।50 ਤੋਂ ਵੱਧ ਦੇਸ਼ਾਂ ਦੇ ਵਿਦਿਆਰਥੀਆਂ, ਮਜ਼ਬੂਤ ?ਗਲੋਬਲ ਸਹਿਯੋਗ, ਤੇ ਇਮਰਸ਼ਨ, ਏਕੀਕਰਣ ਤੇ ਨਤੀਜਿਆਂ 'ਤੇ ਬਣੇ ਇੱਕ ਸਿੱਖਿਆ ਈਕੋਸਿਸਟਮ ਦੇ ਨਾਲ, ਐੱਲ ਪੀ ਯੂ ਨਵੀਨਤਾ-ਸੰਚਾਲਿਤ, ਭਵਿੱਖ-ਤਿਆਰ ਸਿਖਲਾਈ ਲਈ ਇੱਕ ਹੱਬ ਵਜੋਂ ਉੱਭਰ ਰਿਹਾ ਹੈ। 2026 ਲਈ ਦਾਖਲੇ ਹੁਣ ਖੁੱਲ੍ਹੇ ਹਨ। ਦਿਲਚਸਪੀ ਰੱਖਣ ਵਾਲੇ ਵਿਦਿਆਰਥੀ ਪ੍ਰੋਗਰਾਮ ਦੇ ਵੇਰਵੇ ਦੇਖ ਸਕਦੇ ਹਨ ਤੇ ਅਧਿਕਾਰਤ ਵੈੱਬਸਾਈਟ: www.lpu.in 'ਤੇ ਅਰਜ਼ੀ ਦੇ ਸਕਦੇ ਹਨ।



# ਰਾਜ਼ੀਨਾਮੇ ਲਈ ਬੁਲਾਈਆਂ 2 ਧਿਰਾਂ 'ਚੋਂ 1 ਨੇ 10ਵੀਂ ਦੇ ਵਿਦਿਆਰਥੀ 'ਤੇ ਕੀਤਾ ਹਮਲਾ

**ਜਲੰਧਰ (ਸੁਰਿੰਦਰ ਕੁਮਾਰ)**- ਕੈਂਟ ਪੁਲਸ ਸਟੇਸ਼ਨ ਵਿੱਚ ਰਾਜ਼ੀਨਾਮੇ ਲਈ ਬੁਲਾਈਆਂ ਗਈਆਂ 2 ਧਿਰਾਂ ਵਿਚੋਂ 1 ਨੇ ਹਮਲਾ ਕਰ ਦਿੱਤਾ। ਜਾਣਕਾਰੀ ਅਨੁਸਾਰ ਦੋ ਧਿਰਾਂ ਨੂੰ ਸਮਝੌਤਾ ਕਰਵਾਉਣ ਲਈ ਬੁਲਾਇਆ ਗਿਆ ਸੀ। ਇਸ ਦੌਰਾਨ ਇੱਕ ਧਿਰ ਨੇ ਦੂਜੀ ਧਿਰ ਦੇ ਇੱਕ ਵਿਦਿਆਰਥੀ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰ ਦਿੱਤਾ। ਹਮਲੇ ਵਿੱਚ ਵਿਦਿਆਰਥੀ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਪੀੜਤ ਦੀ ਪਛਾਣ ਮੁਕੁਲ ਸੇਠੀ ਵਜੋਂ ਹੋਈ ਹੈ, ਜੋ ਕਿ 10ਵੀਂ ਜਮਾਤ ਦਾ ਵਿਦਿਆਰਥੀ ਹੈ। ਉਸ ਦੀ ਨਾਜ਼ੁਕ ਹਾਲਤ ਨੂੰ ਦੇਖਦਿਆਂ ਡਾਕਟਰਾਂ ਨੇ ਉਸ ਨੂੰ ਦੂਜੇ ਹਸਪਤਾਲ ਵਿੱਚ ਰੈਫਰ ਕਰ ਦਿੱਤਾ। ਪੀੜਤ ਪਰਵਾਰ ਦੇ ਅਨੁਸਾਰ ਉਨ੍ਹਾਂ ਦੇ ਪੁੱਤਰ ਦੀ ਗਰਦਨ 'ਤੇ ਲਗਭਗ 16 ਟਾਂਕੇ ਲੱਗੇ ਹਨ।ਝਗੜਾ ਐਸ ਡੀ ਮਾਡਲ ਸਕੂਲ ਦੇ ਵਿਦਿਆਰਥੀਆਂ ਵਿਚਕਾਰ ਸੀ। ਝਗੜੇ ਨੂੰ ਸੁਲਝਾਉਣ ਲਈ ਦੋਵਾਂ ਧਿਰਾਂ ਨੂੰ ਥਾਣੇ ਬੁਲਾਇਆ ਗਿਆ ਸੀ। ਜਾਂਚ ਅਧਿਕਾਰੀ ਏ ਐਸ ਆਈ ਮੁਖਤਿਆਰ ਉਸ ਸਮੇਂ ਮੌਜੂਦ ਨਹੀਂ ਸਨ। ਝਗੜਾ ਵਧ ਗਿਆ, ਅਤੇ ਦੋਸ਼ੀ ਨੌਜਵਾਨ ਦੇ ਵੱਡੇ ਭਰਾ ਨੇ ਅਚਾਨਕ ਹਮਲਾ ਕਰ ਦਿੱਤਾ। ਮੌਕੇ 'ਤੇ ਮੌਜੂਦ ਪੁਲਸ ਮੁਲਾਜ਼ਮਾਂ ਨੇ ਸਥਿਤੀ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ।ਪੁਲਸ ਨੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਦੱਸਿਆ ਗਿਆ ਹੈ। ਪੀੜਤ ਪਰਵਾਰ ਨੇ ਦੋਸ਼ੀ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਤੇ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ।



# ਹੋਲੇ ਮਹੱਲੇ ਦੇ ਸੰਬੰਧ 'ਚ ਅੱਜ ਸਜਾਇਆ ਜਾਵੇਗਾ ਨਗਰ ਕੀਰਤਨ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸੰਤ ਗੁਰਚਰਨ ਸਿੰਘ ਪੰਡਵਾਂ ਮੁੱਖ ਸੇਵਾਦਾਰ ਤਪ ਅਸਥਾਨ ਕੁਟੀਆ ਛੰਭਵਾਲੀ ਪੰਡਵਾਂ ਵੱਲੋਂ ਪ੍ਰਾਪਤ ਜਾਣਕਾਰੀ ਅਨੁਸਾਰ ਨਿਰਮਲ ਭੇਖ ਦੇ ਸਮੂਹ ਸੰਤਾਂ ਮਹਾਂਪੁਰਸ਼ਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਦਾ ਤਿਉਹਾਰ ਨਿਰਮਲ ਭੇਖ ਭੂਸ਼ਨ ਸ੍ਰੀ ਮਹੰਤ ਸੁਆਮੀ ਗਿਆਨ ਦੇਵ ਸਿੰਘ ਜੀ ਮੁਖੀ ਸ੍ਰੀ ਪੰਚਾਇਤੀ ਅਖਾੜਾ ਨਿਰਮਲਾ ਖਨਖਲ ਹਰਿਦੁਆਰ ਜੀ ਦੀ ਸਰਪ੍ਰਸਤੀ ਹੇਠ ਬੜੀ ਖੁਸ਼ੀ ਅਤੇ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ 2 ਮਾਰਚ ਦਿਨ ਸੋਮਵਾਰ ਨੂੰ ਸਵੇਰੇ 9 ਵਜੇ ਨਗਰ ਕੀਰਤਨ ਆਰੰਭ ਕੀਤਾ ਜਾਵੇਗਾ। ਇਹ ਨਗਰ ਕੀਰਤਨ ਧੰਨ- ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸ੍ਰੀਮਾਨ ਸੰਤ ਭਗਵਾਨ ਸਿੰਘ ਜੀ ਸੰਤਗੜ੍ਹ ਹਰਖੋਵਾਲ ਵਾਲਿਆਂ ਦੇ ਅਸਥਾਨ ਸ੍ਰੀ ਆਨੰਦਪੁਰ ਸਾਹਿਬ ਤੋਂ ਆਰੰਭ ਹੋ ਕੇ ਮੇਨ ਰੋਡ ਤੋਂ ਹੁੰਦੇ ਹੋਏ ਅੰਦਰਲੇ ਬਾਜ਼ਾਰ ਰਾਹੀਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਮਾਪਤ ਹੋਵੇਗਾ।

# ਭਾਜਪਾ ਦੀ ਮੋਗਾ 'ਚ ਵਿਸ਼ਾਲ ਰੈਲੀ 2027 ਨੂੰ ਸਰਕਾਰ ਬਣਾਉਣ ਦਾ ਨੀਂਹ ਪੱਥਰ ਰੱਖੇਗੀ : ਸੁਰਿੰਦਰ ਜਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- 2017 ਵਿੱਚ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਨੂੰ ਮੁੱਖ ਰੱਖਦੇ ਹੋਏ ਹਰ ਸਿਆਸੀ ਪਾਰਟੀ ਨੇ ਆਪਣੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਇਸੇ ਸੰਬੰਧ ਵਿੱਚ ਭਾਜਪਾ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਅਤੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਦੇਖ-ਰੇਖ ਵਿੱਚ 14 ਮਾਰਚ ਨੂੰ ਮੋਗਾ ਵਿੱਚ ਇੱਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਕੇਂਦਰ ਸਰਕਾਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ ਅਤੇ ਇਹ ਵਿਸ਼ਾਲ ਰੈਲੀ 2027 ਵਿੱਚ ਭਾਜਪਾ ਦੀ ਸਰਕਾਰ ਬਣਾਉਣ ਦਾ ਨੀਂਹ ਪੱਥਰ ਰੱਖੇਗੀ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਵਰਕਰਾਂ ਦੀ ਇੱਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਭਾਜਪਾ ਅਗਜ਼ੈਕਟਿਵ ਮੈਂਬਰ ਸੁਰਿੰਦਰ ਜਾਜਾ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਸ਼ਾਮਿਲ ਕੇਂਦਰ ਸਰਕਾਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਕੇ ਭਾਜਪਾ ਵਰਕਰਾਂ ਵਿੱਚ ਇੱਕ ਨਵਾਂ ਜੋਸ਼ ਭਰਨਗੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਜਿਹੜੇ ਵਾਅਦੇ ਕੀਤੇ ਸਨ ਉਨ੍ਹਾਂ ਵਾਅਦਿਆਂ ਨੂੰ ਚਾਰ ਸਾਲ ਬੀਤ ਜਾਣ 'ਤੇ ਵੀ ਪੂਰਾ ਨਹੀਂ ਕੀਤਾ, ਜਿਸ ਕਾਰਨ ਪੰਜਾਬ ਦੀ ਜਨਤਾ ਵਿੱਚ ਆਪ ਸਰਕਾਰ ਖਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸੁਰਿੰਦਰ ਜਾਜਾ ਨੇ ਕਿਹਾ ਕਿ ਜਦੋਂ ਤੋਂ ਮਾਨ ਸਰਕਾਰ ਹੋਂਦ ਵਿੱਚ ਆਈ ਹੈ ਉਦੋਂ ਤੋਂ ਹੀ ਪੰਜਾਬ ਦੇ ਲੋਕ ਦਹਿਸ਼ਤ ਭਰੇ ਮਾਹੌਲ ਵਿੱਚ ਜੀ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਵਰਕਰ ਪਿੰਡ-ਪਿੰਡ ਵਿੱਚ ਨੁੱਕੜ ਮੀਟਿੰਗਾਂ ਕਰਕੇ ਲੋਕਾਂ ਨਾਲ ਤਾਲਮੇਲ ਕਰ ਰਹੇ ਹਨ ਅਤੇ ਇਹ ਭਰੋਸਾ ਦੇ ਰਹੇ ਹਨ ਕਿ 2027 ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਨਸ਼ਾ ਸਮੱਗਲਰਾਂ, ਦਹਿਸ਼ਤ ਫੈਲਾਉਣ ਵਾਲਿਆਂ ਅਤੇ ਭੂ-ਮਾਫੀਆ ਨੂੰ ਜੜ੍ਹੋਂ ਖਤਮ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ 14 ਮਾਰਚ ਨੂੰ ਮੋਗਾ ਵਿਖੇ ਹੋ ਰਹੀ ਵਿਸ਼ਾਲ ਰੈਲੀ 'ਚ ਸ਼ਾਮਲ ਹੋਣ ਲਈ ਟਾਂਡਾ ਤੋਂ ਹਜ਼ਾਰਾਂ ਭਾਜਪਾ ਵਰਕਰ ਬੱਸਾਂ, ਕਾਰਾਂ ਰਾਹੀਂ ਸ਼ਿਰਕਤ ਕਰਨਗੇ। ਇਸ ਮੌਕੇ ਬੌਬੀ ਸੈਣੀ, ਵੀਨੂੰ ਪੰਡਿਤ, ਸੁਰਜੀਤ ਜਾਜਾ, ਜਸਵਿੰਦਰ, ਜੈ.ਐਮ ਸ਼ਰਮਾ, ਨਿਖਿਲ ਕੁਮਾਰ, ਗੋਪਾਲ, ਪਰਮਿੰਦਰ ਸਿੰਘ, ਸ਼ਿਵਾ ਅਤੇ ਹੋਰ ਭਾਜਪਾ ਵਰਕਰ ਹਾਜ਼ਰ ਸਨ।



# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ 6 ਨੂੰ ਬੱਸ ਹੋਵੇਗੀ ਰਵਾਨਾ

**ਬੰਗਾ (ਅਵਤਾਰ ਕਲੇਰ)** 350ਵਾਂ ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਜੀ,ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਨੂੰ ਪੰਜਾਬ ਸਰਕਾਰ ਵਲੋਂ ਸਪਰਪਿਤ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਯਾਤਰਾ ਪਿੰਡ ਮੇਹਲੀ ਤੋਂ 6 ਮਾਰਚ ਨੂੰ ਜਾ ਰਹੀ ਹੈ। ਇਹ ਯਾਤਰਾ 6 ਮਾਰਚ ਤੋਂ ਸ਼ੁਰੂ ਹੋ ਕੇ 8 ਮਾਰਚ ਨੂੰ ਵਾਪਸੀ ਹੋਵੇਗੀ।ਇਸ ਸਬੰਧੀ ਮੇਹਲੀ ਵਿਖੇ ਸੰਗਤਾਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ। ਰਜਿਸਟ੍ਰੇਸ਼ਨ ਕਰਨ ਵਾਲੀ ਟੀਮ ਮੈਨੇਜਰ ਪਰਨੀਤ ਕੌਰ ਅਤੇ ਸਿਮਰਨ, ਰੁਪਿੰਦਰ, ਪ੍ਰਵੀਨ, ਅਕਾਸ਼ਦੀਪ, ਪ੍ਰਿਤਪਾਲ ਨੇ ਦੱਸਿਆ ਕਿ ਸੰਗਤਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਇਸ ਤੋਂ ਇਲਾਵਾ ਸੰਗਤਾਂ ਨੂੰ ਹੋਰ ਵੀ ਨਾਮਵਰ ਥਾਵਾਂ ਦਿਖਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ 3 ਦਿਨ 2 ਰਾਤਾਂ ਦੀ ਯਾਤਰਾ ਹੋਵੇਗੀ, ਆਉਣ, ਜਾਣ ਲਈ ਮੁਫ਼ਤ ਏ ਸੀ ਬੱਸਾਂ, ਸੰਗਤਾਂ ਦੇ ਰਹਿਣ ਲਈ ਏ ਸੀ ਕਮਰਿਆਂ ਦਾ ਪ੍ਰਬੰਧ ਅਤੇ ਮੁਫਤ ਖਾਣ, ਪੀਣ ਦਾ ਪ੍ਰਬੰਧ ਹੋਵੇਗਾ। ਰਜਿਸਟ੍ਰੇਸ਼ਨ ਕਰਵਾਉਣ ਆਏ ਦਰਸ਼ਨ ਰਾਮ, ਅਵਤਾਰ ਰਾਮ, ਜਸਪਾਲ ਕਲੇਰ ਨੇ ਸਰਕਾਰ ਦਾ ਧੰਨਵਾਦ ਕੀਤਾ।



# ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਨੂੰ ਸਹਾਇਕ ਉਪਕਰਣ ਦੇਣ ਸੰਬੰਧੀ ਸਮਾਗਮ



**ਸੁਲਤਾਨਪੁਰ ਲੋਧੀ (ਹਨੀ)**- ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਪੰਚਾਲ ਦੀ ਰਹਿਨੁਮਾਈ, ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ ਮਮਤਾ ਬਜਾਜ, ਉੱਪ ਜਿਲ੍ਹਾ ਸਿੱਖਿਆ ਅਧਿਕਾਰੀ ਡਾਕਟਰ ਬਲਵਿੰਦਰ ਸਿੰਘ ਬੱਟੂ, ਬਲਾਕ ਸਿੱਖਿਆ ਅਧਿਕਾਰੀ ਕਮਲਜੀਤ ਦੀ ਪ੍ਰਧਾਨਗੀ ਹੇਠ ਸਮੱਗਰ ਸਿੱਖਿਆ ਅਭਿਆਨ ਅਥਾਰਟੀ ਕਪੂਰਥਲਾ ਤਹਿਤ ਆਈ ਈ ਡੀ ਕੰਪੋਨੈਂਟ ਅਧੀਨ ਤੇ ਅਲਿਮਕੋ ਕਾਨਪੁਰ ਦੇ ਸਹਿਯੋਗ ਨਾਲ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਨੂੰ ਸਹਾਇਕ ਉਪਕਰਣ ਦੇਣ ਸੰਬੰਧੀ ਸਿੱਖਿਆ ਬਲਾਕ ਸੁਲਤਾਨਪੁਰ ਲੋਧੀ, ਸਿੱਖਿਆ ਬਲਾਕ ਮਸੀਤਾਂ ਦੇ ਚਣੌਤੀ ਗ੍ਰਸਤ ਬੱਚਿਆਂ ਨੂੰ ਵੱਖ ਵੱਖ ਉਪਕਰਣ ਵੰਡਣ ਸੰਬੰਧੀ ਸਮਾਗਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਰਜੀਵ ਪਠਾਣੀਆ, ਕਿਰਨਪਾਲ ਸਿੰਘ, ਅਰਚਨਾ ਸੁਮਨ, ਰੋਸ਼ਨ ਲਾਲ ਦੀ ਦੇਖ ਰੇਖ ਹੇਠ ਦੋਨਾਂ ਸਿੱਖਿਆ ਬਲਾਕਾਂ ਦੇ ਵੱਖ ਵੱਖ ਚਣੌਤੀ ਗ੍ਰਸਤ ਬੱਚਿਆਂ ਨੂੰ 15 ਟੀ ਐੱਲ ਐੱਮ, 2 ਵੀਲ੍ਹ ਚੇਅਰ, ਸੀ ਪੀ ਚੇਅਰ 1, ਹੇਰਿੰਗ ਮਸ਼ੀਨ 1, ਰੋਲ ਐਟਰ 3 ਮੁਹੱਈਆ ਕਰਵਾਏ ਗਏ। ਇਸ ਦੌਰਾਨ ਰਜੀਵ ਪਠਾਣੀਆਂ ਨੇ ਦੱਸਿਆ ਕਿ ਇਹ ਸਾਰੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹਨ। ਜਿਸ ਨਾਲ ਜਿੱਥੇ ਇਹਨਾਂ ਨੂੰ ਸਪੈਸ਼ਲ ਤੌਰ ਤੇ ਪੜ੍ਹਾਈ ਕਰਵਾਈ ਜਾ ਰਹੀ ਹੈ ਉੱਥੇ ਹੀ ਉਹਨਾਂ ਨੂੰ ਇਹ ਕਰਨ ਸਮਗਰਾ ਤਹਿਤ ਉਪਲਬਧ ਕਰਵਾਏ ਜਾ ਰਹੇ ਹਨ। ਇਸ ਸਮਾਗਮ ਨੂੰ ਸਫਲ ਬਣਾਉਣ ਲਈ ਅੰਮ੍ਰਿਤਪਾਲ ਸਿੰਘ, ਰਜੀਵ ਪਠਾਣੀਆ, ਕਿਰਨਪਾਲ ਸਿੰਘ, ਅਰਚਨਾ ਸੁਮਨ, ਰੋਸ਼ਨ ਲਾਲ ਨੇ ਅਹਿਮ ਭੂਮਿਕਾ ਨਿਭਾਈ।

# ਪ੍ਰਵਾਸੀ ਮਜ਼ਦੂਰਾਂ ਤੋਂ ਦਾਤਰ ਦੀ ਨੋਕ 'ਤੇ ਨਕਦੀ ਤੇ ਮੋਬਾਇਲ ਲੁੱਟਿਆ

**ਅਲਾਵਲਪੁਰ, (ਮਦਨ ਬੰਗੜ)** ਕਿਸਾਨ ਸਿਮਰਜੀਤ ਸਿੰਘ ਪੁੱਤਰ ਨਛੱਤਰ ਸਿੰਘ ਸਿਕੰਦਰਪੁਰ ਦੇ ਮਜ਼ਦੂਰੀ ਕਰਨ ਵਾਲੇ ਮਜ਼ਦੂਰ ਤੇ ਠੇਕੇਦਾਰ ਨੂੰ ਦੋ ਨਕਾਬਪੋਸ਼ ਬਿਨਾਂ ਨੰਬਰੀ ਮੋਟਰਸਾਈਕਲ ਸਵਾਰਾਂ ਵੱਲੋਂ ਦਿਨ ਦਿਹਾੜੇ ਦਾਤਰ ਮਾਰ ਕੇ ਜ਼ਖ਼ਮੀ ਕੀਤਾ ਤੇ ਉਨਾਂ ਪਾਸੋਂ 15 ਹਜ਼ਾਰ ਰੁਪਏ ਦੀ ਨਕਦੀ ਤੇ ਇੱਕ ਮੋਬਾਇਲ ਫੋਨ ਲੁੱਟ ਲਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੀੜਿਤ ਮੁਹੰਮਦ ਆਵਿਦ, ਨੇ ਦੱਸਿਆ ਕਿ ਦੁਪਹਿਰ 1 ਵਜੇ ਦੇ ਕਰੀਬ ਉਹ ਆਪਣੇ ਸਾਥੀ ਅਕਰਮ ਨਾਲ ਸਾਈਕਲ ਉੱਪਰ ਸਵਾਰ ਹੋ ਕੇ ਦੁਪਹਿਰ ਸਮੇਂ ਸਿਕੰਦਰਪੁਰ ਦੇ ਕੱਚੇ ਰਸਤੇ ਅਲਾਵਲਪੁਰ ਵੱਲ ਨੂੰ ਜਾ ਰਹੇ ਸਨ, ਕਿ ਰਸਤੇ ਵਿੱਚ ਦੋ ਨਕਾਬਪੋਸ਼ ਮੋਟਰਸਾਈਕਲ ਸਵਾਰਾਂ ਨੇ ਉਨਾਂ ਉੱਪਰ ਦਾਤਰ ਦੇ ਨਾਲ ਹਮਲਾ ਕਰ ਦਿੱਤਾ। ਉਨਾਂ ਦੇ ਕੋਲੋਂ 15000 ਦੀ ਨਕਦੀ ਤੇ ਇੱਕ ਮੋਬਾਈਲ ਫ਼ੋਨ ਖੋਹ ਕੇ ਫਰਾਰ ਹੋ ਗਏ। ਦਾਤਰ ਲੱਗਣ ਕਾਰਨ ਜ਼ਖਮੀ ਮੁਹੰਮਦ ਆਵਿਦ ਨੂੰ ਡਾਕਟਰੀ ਸਹਾਇਤਾ ਮੁਹਈਆ ਕਰਵਾਈ ਗਈ। ਇਸ ਸਬੰਧੀ ਸਥਾਨਕ ਪੁਲਿਸ ਚੌਂਕੀ ਅਲਾਵਲਪੁਰ ਨੂੰ ਸ਼ਿਕਾਇਤ ਦਿੱਤੀ ਗਈ ਹੈ।



# ਮੜੌਲੀ ਕਲਾਂ 'ਚ ਲਗਾਇਆ ਆਧੁਨਿਕ ਆਟੋਮੈਟਿਕ ਵੈਦਰ ਸਟੇਸ਼ਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬਲਾਕ ਦੇ ਪਿੰਡ ਮੜੌਲੀ ਕਲਾਂ ਵਿੱਚ ਇੱਕ ਮਹੱਤਵਪੂਰਨ ਪਹਿਲ ਤਹਿਤ ਆਧੁਨਿਕ ਆਟੋਮੈਟਿਕ ਵੇਦਰ ਸਟੇਸ਼ਨ ਐਡ ਬਲਿਊ ਐਸ ਯੰਤਰ ਸਥਾਪਤ ਕੀਤਾ ਗਿਆ। ਇਹ ਯੰਤਰ ਗੁਰੂਗ੍ਰਾਮ ਸਥਿਤ ਆਇਜ਼ਲ ਟੈਕ ਦੀ ਮੁੱਖ ਕਾਰਜਕਾਰੀ ਅਧਿਕਾਰੀ ਅਤੇ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਅਨੁਸੂਚਿਤ ਜਾਤੀ ਮੋਰਚਾ ਦੀ ਪ੍ਰਧਾਨ ਮੇਜਰ ਅੰਜੂ ਬਾਲਾ ਸਿੰਘ ਦੀ ਅਗਵਾਈ ਹੇਠ ਲਗਾਇਆ ਗਿਆ। ਇਸ ਮੌਕੇ ਉਨ੍ਹਾਂ ਦੀ ਟੀਮ ਖਾਸ ਤੌਰ 'ਤੇ ਗੁਰੂਗ੍ਰਾਮ ਤੋਂ ਪਿੰਡ ਪਹੁੰਚੀ ਅਤੇ ਇਸ ਮਹਿੰਗੇ ਅਤੇ ਉੱਚ ਗੁਣਵੱਤਾ ਵਾਲੇ ਉਪਕਰਣ ਨੂੰ ਸਫਲਤਾਪੂਰਵਕ ਸਥਾਪਿਤ ਕੀਤਾ।ਐਡ ਬਲਿਊ ਐਸ ਯੰਤਰ ਰਾਹੀਂ ਹੁਣ ਇਲਾਕੇ ਦੇ ਕਿਸਾਨਾਂ ਨੂੰ ਮੌਸਮ ਸੰਬੰਧੀ ਸਹੀ ਅਤੇ ਵਿਗਿਆਨਕ ਜਾਣਕਾਰੀ ਸਮੇਂ ਸਿਰ ਪ੍ਰਾਪਤ ਹੋ ਸਕੇਗੀ। ਇਹ ਉਪਕਰਣ ਵਰਖਾ, ਤਾਪਮਾਨ, ਨਮੀ, ਹਵਾ ਦੀ ਗਤੀ ਅਤੇ ਦਿਸ਼ਾ ਸਮੇਤ ਹੋਰ ਮਹੱਤਵਪੂਰਨ ਮੌਸਮੀ ਅੰਕੜਿਆਂ ਨੂੰ ਇਕੱਠਾ ਕਰੇਗਾ। ਇਸ ਨਾਲ ਕਿਸਾਨ ਬਿਜਾਈ, ਸਿੰਚਾਈ ਅਤੇ ਕਟਾਈ ਸੰਬੰਧੀ ਫੈਸਲੇ ਹੋਰ ਸੁਚੱਜੇ ਤਰੀਕੇ ਨਾਲ ਲੈ ਸਕਣਗੇ। ਅਚਾਨਕ ਮੌਸਮੀ ਤਬਦੀਲੀਆਂ ਕਾਰਨ ਹੋਣ ਵਾਲੇ ਨੁਕਸਾਨ ਨੂੰ ਘਟਾਉਣ ਵਿੱਚ ਵੀ ਇਹ ਤਕਨਾਲੋਜੀ ਮਦਦਗਾਰ ਸਾਬਤ ਹੋਵੇਗੀ।ਇਸ ਮੌਕੇ ਮੇਜਰ ਅੰਜੂ ਬਾਲਾ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਸਿਰਫ ਰਾਜਨੀਤੀ ਤੱਕ ਸੀਮਿਤ ਨਹੀਂ, ਸਗੋਂ ਸਮਾਜ ਸੇਵਾ ਅਤੇ ਖਾਸ ਤੌਰ ਤੇ ਕਿਸਾਨਾਂ ਦੀ ਜੀਵਨ ਸਥਿਤੀ ਨੂੰ ਸੁਧਾਰਨਾ ਹੈ।ਉਨ੍ਹਾਂ ਨੇ ਇਹ ਵੀ ਸਪਸ਼ਟ ਕੀਤਾ ਕਿ ਆਧੁਨਿਕ ਤਕਨਾਲੋਜੀ ਨੂੰ ਪਿੰਡਾਂ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ ਤਾਂ ਜੋ ਖੇਤੀਬਾੜੀ ਨੂੰ ਲਾਭਕਾਰੀ ਬਣਾਇਆ ਜਾ ਸਕੇ। ਇਸ ਮੌਕੇ ਜਗਦੀਪ ਸਿੰਘ, ਜਸਵੰਤ ਸਿੰਘ, ਵਿਨੋਦ ਰਾਣਾ ਆਦਿ ਮੌਜੂਦ ਸਨ।

# ਜਨਸੇਵਾ ਦੇ ਮਿਸਾਲੀ ਯੋਗਦਾਨ ਲਈ ਅਵਿਨਾਸ਼ ਰਾਏ ਖੰਨਾ ਦਾ ਸਨਮਾਨ

**ਮੁਹਾਲੀ (ਗੁਰਜੀਤ ਬਿੱਲਾ)**- ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੂੰ ਸਮਾਜ ਅਤੇ ਦੇਸ਼ ਪ੍ਰਤੀ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਵਰਲਡ ਬੁੱਕ ਆਫ਼ ਰਿਕਾਰਡਜ਼ ਵੱਲੋਂ ਇੱਕ ਗੌਰਵਮਈ ਸਮਾਰੋਹ ਦੌਰਾਨ ਸਨਮਾਨਤ ਕੀਤਾ ਗਿਆ। ਇਹ ਵਿਸ਼ੇਸ਼ ਸਮਾਗਮ ਉੱਘੇ ਪਤਵੰਤਿਆਂ, ਸਿੱਖਿਆ ਸ਼ਾਸਤਰੀਆਂ, ਸਮਾਜ ਸੇਵੀਆਂ ਅਤੇ ਮੀਡੀਆ ਪ੍ਰਤੀਨਿਧੀਆਂ ਦੀ ਹਾਜ਼ਰੀ ਵਿੱਚ ਆਯੋਜਿਤ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਰਿਆਤ ਬਾਹਰਾ ਯੂਨੀਵਰਸਿਟੀ ਦੀ ਡੀਨ ਵਿਦਿਆਰਥੀ ਭਲਾਈ ਪ੍ਰੋ. (ਡਾ.) ਸਿਮਰਜੀਤ ਕੌਰ ਦੇ ਸਵਾਗਤੀ ਸੰਬੋਧਨ ਨਾਲ ਹੋਈ। ਚੰਡੀਗੜ੍ਹ ਦੇ ਮੇਅਰ ਸੌਰਵ ਜੋਸ਼ੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਅਵਿਨਾਸ਼ ਰਾਏ ਖੰਨਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਮਾਨਤਾਵਾਂ ਸਮਾਜ ਵਿੱਚ ਇਮਾਨਦਾਰੀ, ਸਮਰਪਣ ਅਤੇ ਜਨਸੇਵਾ ਦੇ ਮੁੱਲਾਂ ਨੂੰ ਮਜ਼ਬੂਤ ਕਰਦੀਆਂ ਹਨ।ਆਪਣੇ ਸੰਬੋਧਨ ਵਿੱਚ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਇਹ ਸਨਮਾਨ ਸਿਰਫ਼ ਨਿੱਜੀ ਪ੍ਰਾਪਤੀ ਨਹੀਂ, ਬਲਕਿ ਸਮਾਜਿਕ ਉੱਨਤੀ ਲਈ ਕੀਤੇ ਗਏ ਸਾਂਝੇ ਯਤਨਾਂ ਦੀ ਕਦਰ ਹੈ।ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਅਤੇ ਬਾਹਰਾ ਯੂਨੀਵਰਸਿਟੀ ਦੇ ਨਾਲ ਮਿਲ ਕੇ ਖੰਨਾ ਦੇ ਯੋਗਦਾਨ ਦੀ ਸ਼ਲਾਘਾ ਕੀਤੀ । ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਵਰਲਡ ਬੁੱਕ ਆਫ਼ ਰਿਕਾਰਡਜ਼ ਪੰਜਾਬ ਚੈਪਟਰ ਦੇ ਸੀਈਓ ਤੇ ਪ੍ਰਧਾਨ ਸੰਦੀਪ ਡੋਗਰਾ ਨੇ ਵੀ ਸਨਮਾਨਤ ਸ਼ਖ਼ਸੀਅਤ ਨੂੰ ਵਧਾਈ ਦਿੱਤੀ।ਇਸ ਮੌਕੇ ਫੂਡ ਸੇਫਟੀ ਵਿਭਾਗ ਦੇ ਮੁਖੀ ਰਵੀ ਜੱਸਲ (ਗਵਰਨਰ ਹਾਊਸ, ਯੂਟੀ ਅਤੇ ਪੰਜਾਬ) ਅਤੇ ਪੁਲਿਸ ਪਬਲਿਕ ਡਾਇਰੀ ਮੀਡੀਆ ਦੇ ਮੁੱਖ ਸੰਪਾਦਕ ਨਿਤਿਨ ਗਰਗ ਸਮੇਤ ਹੋਰ ਮਾਨਯੋਗ ਹਸਤੀਆਂ ਵੀ ਮੌਜੂਦ ਰਹੀਆਂ।




# ਸ਼ੰਗਾਰਾ ਸਿੰਘ ਭੁੱਲਰ ਦੀ ਸਵੈ-ਜੀਵਨੀ 'ਯਾਦਾਂ ਦਾ ਦਰਪਣ' ਰਿਲੀਜ਼ ਸਮਾਗਮ ਭਲਕੇ

**ਚੰਡੀਗੜ੍ਹ** : ਪੰਜਾਬੀ ਪੱਤਰਕਾਰਤਾ ਦੇ ਖੇਤਰ ਵਿਚ ਭਾਸ਼ਾ ਵਿਭਾਗ, ਪੰਜਾਬ ਸਰਕਾਰ ਵੱਲੋਂ ਸ਼੍ਰੋਮਣੀ ਪੱਤਰਕਾਰ ਐਵਾਰਡੀ ਅਤੇ ਚਾਰ ਨਾਮੀ ਪੰਜਾਬੀ ਅਖ਼ਬਾਰਾਂ ਦੇ ਸੰਪਾਦਕ ਰਹਿ ਚੁੱਕੇ ਮਰਹੂਮ ਸ਼ੰਗਾਰਾ ਸਿੰਘ ਭੁੱਲਰ ਦੀ ਸਵੈ-ਜੀਵਨੀ 'ਯਾਦਾਂ ਦਾ ਦਰਪਣ', ਜਿਸ ਦੀ ਸੰਪਾਦਨਾ ਡਾ. ਬਲਵਿੰਦਰ ਸਿੰਘ ਥਿੰਦ ਦੁਆਰਾ ਕੀਤੀ ਗਈ ਹੈ, 3 ਮਾਰਚ ਨੂੰ ਚੰਡੀਗੜ੍ਹ ਪ੍ਰੈਸ ਕਲੱਬ ਸੈਕਟਰ ਵਿਚ 27-ਬੀ ਸਵੇਰੇ 10.30 ਵਜੇ, ਪੰਜਾਬੀ ਲੇਖਕ ਸਭਾ (ਰਜਿ:) ਚੰਡੀਗੜ੍ਹ ਦੇ ਸਹਿਯੋਗ ਨਾਲ ਲੋਕ ਅਰਪਣ ਕੀਤੀ ਜਾਵੇਗੀ। ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਇਸ ਪੁਸਤਕ ਦੀ ਘੁੰਡ ਚੁਕਾਈ ਕਰਨਗੇ। ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿਚ ਪ੍ਰਿੰਸੀਪਲ ਸਰਵਣ ਸਿੰਘ, ਸ਼ਮਸ਼ੇਰ ਸੰਧੂ, ਬਲਜੀਤ ਬੱਲੀ, ਮਨਮੋਹਨ ਸਿੰਘ ਦਾਊਂ ਤੇ ਨਿੰਦਰ ਘੁਣਿਆਣਵੀ ਹੋਣਗੇ। ਮਰਹੂਮ ਸ਼ੰਗਾਰਾ ਸਿੰਘ ਭੁੱਲਰ ਨੇ ਆਪਣੀ ਜ਼ਿੰਦਗੀ ਦੇ ਆਖਰੀ ਪੜਾਅ ਦੌਰਾਨ ਆਪਣੀ ਸਵੈ-ਜੀਵਨੀ ਲਿਖੀ ਸੀ ਪਰ ਹੋਣੀ ਬਲਵਾਨ ਹੋ ਗਈ ਤੇ ਇਸ ਨੂੰ ਕਿਤਾਬੀ ਰੂਪ ਦੇਣ ਦਾ ਕਾਰਜ ਅਧੂਰਾ ਰਹਿ ਗਿਆ।ਇਸ ਅਧਵਾਟੇ ਛੱਡੇ ਕਾਰਜ ਨੂੰ ਗੁਰੂ ਨਾਨਕ ਖਾਲਸਾ ਕਾਲਜ, ਡਰੋਲੀ ਕਲਾਂ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਬਲਵਿੰਦਰ ਸਿੰਘ ਥਿੰਦ ਨੇ ਭੁੱਲਰ ਪਰਵਾਰ ਦੇ ਸਹਿਯੋਗ ਸਦਕਾ ਇਸ ਦੇ ਆਖਰੀ ਅਧਿਆਏ ਨੂੰ ਲਿਖ ਕੇ ਅੰਤਿਮ ਛੋਹ ਦਿੱਤੀ ਜੋ ਲੋਕ ਹੱਥਾਂ ਵਿਚ ਪੁੱਜਣ ਲਈ ਤਿਆਰ ਹੈ। ਸਵੈ-ਜੀਵਨੀ 'ਯਾਦਾਂ ਦਾ ਦਰਪਣ' 164 ਪੰਨਿਆਂ ਦੀ ਇਸ ਕਿਤਾਬ ਦੀ ਪ੍ਰਕਾਸ਼ਨਾ ਸਪਤਰਿਸ਼ੀ ਪਬਲੀਕੇਸ਼ਨ ਚੰਡੀਗੜ੍ਹ ਵੱਲੋਂ ਕੀਤੀ ਗਈ ਹੈ। ਇਹ ਸਵੈ-ਜੀਵਨੀ ਜਿਥੇ ਪੱਤਰਕਾਰਤਾ ਦੇ ਖੇਤਰ ਵਿਚ ਕੰਮ ਕਰ ਰਹੇ ਜਾਂ ਇਸ ਖੇਤਰ ਵਿਚ ਆਉਣ ਵਾਲੇ ਵਿਦਿਆਰਥੀਆਂ ਲਈ ਮਾਰਗ ਦਰਸ਼ਕ ਸਿੱਧ ਹੋਵੇਗੀ, ਉਥੇ ਨਾਲ ਹੀ ਆਮ ਪਾਠਕਾਂ ਲਈ ਹੀ ਰਾਹ ਦਸੇਰਾ ਬਣੇਗੀ।




# ਨਥਮੁਲਪੁਰ 'ਚ ਸੀਵਰੇਜ ਪਾਈਪ ਦੀ ਨਿਕਾਸੀ ਨੂੰ ਲੈ ਕੇ ਸਾਬਕਾ ਫੌਜੀ ਨੂੰ ਤੇਜ਼ਧਾਰ ਹਥਿਆਰਾਂ ਨਾਲ ਕੀਤਾ ਜ਼ਖਮੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਨਜ਼ਦੀਕੀ ਪਿੰਡ ਨਥਮੁਲਪੁਰ ਵਿੱਚ ਦੋ ਗੁਆਂਢੀਆਂ ਦਰਮਿਆਨ ਸੀਵਰੇਜ ਪਾਈਪ ਦੀ ਨਿਕਾਸੀ ਨੂੰ ਲੈ ਕੇ ਹੋਈ ਕਹਾ ਸੁਣੀ ਉਪਰੰਤ ਕੁਝ ਅਣਪਛਾਤੇ ਨੌਜਵਾਨਾਂ ਵੱਲੋਂ 50 ਸਾਲਾ ਇੱਕ ਸਾਬਕਾ ਫੌਜੀ ਦੀ ਤੇਜ਼ਧਾਰ ਹਥਿਆਰਾਂ ਨਾਲ ਕੁੱਟਮਾਰ ਕਰਕੇ ਗੰਭੀਰ ਰੂਪ ਵਿੱਚ ਜ਼ਖਮੀ ਕਰ ਦਿੱਤਾ ਜਿਸ ਨੂੰ ਇਲਾਜ ਲਈ ਪਹਿਲਾਂ ਸਰਕਾਰੀ ਹਸਪਤਾਲ ਮੋਰਿੰਡਾ ਫਿਰ ਸਰਕਾਰੀ ਹਸਪਤਾਲ ਫੇਸ 6 ਮੋਹਾਲੀ ਬਾਅਦ ਵਿੱਚ ਸਰਕਾਰੀ ਹਸਪਤਾਲ ਸੈਕਟਰ 32 ਚੰਡੀਗੜ੍ਹ ਵਿਖੇ ਦਾਖਲ ਕਰਵਾਉਣਾ ਪਿਆ। ਜਿਸ ਸਬੰਧੀ ਮੋਰਿੰਡਾ ਸਦਰ ਪੁਲਸ ਨੇ ਅੱਧੀ ਦਰਜਨ ਨੌਜਵਾਨਾਂ ਦੇ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆ ਮੋਰਿੰਡਾ ਸਦਰ ਪੁਲਸ ਸਟੇਸ਼ਨ ਦੇ ਐਡੀਸ਼ਨ ਐਸ ਐਚ ਓ ਸਮਰਜੀਤ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਜਸਬੀਰ ਸਿੰਘ ਪੁੱਤਰ ਖੁਸ਼ਹਾਲ ਸਿੰਘ ਵਾਸੀ ਪਿੰਡ ਨਥਮੁਲਪੁਰ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉਹ ਫੌਜ ਵਿੱਚੋਂ ਸੇਵਾ ਮੁਕਤ ਹੋਣ ਉਪਰੰਤ ਸਟੇਟ ਬੈਂਕ ਆਫ ਇੰਡੀਆ ਸੈਕਟਰ 17 ਚੰਡੀਗੜ੍ਹ ਵਿਖੇ ਨੌਕਰੀ ਕਰਦਾ ਹੈ ਅਤੇ ਉਸ ਦਾ ਘਰ ਆਪਣੇ ਚਾਚਾ ਡਾ ਸਵਰਨ ਸਿੰਘ ਦੇ ਨਾਲ ਲੱਗਦਾ ਹੈ। ਉਸ ਨੇ ਕਿਹਾ ਕਿ 20 ਫਰਵਰੀ ਨੂੰ ਉਸ ਦੇ ਘਰ ਤੋਂ ਬਾਹਰ ਆ ਰਹੀ ਸੀਵਰੇਜ ਦੀ ਪਾਈਪ ਨੂੰ ਲੈ ਕੇ ਡਾ ਸਵਰਨ ਸਿੰਘ ਨਾਲ ਕੁਝ ਕਹਾ ਸੁਣੀ ਅਤੇ ਹੱਥੋਪਾਈ ਹੋਈ ਸੀ ਜਿਸ ਸਬੰਧੀ ਡਾਕਟਰ ਵੱਲੋਂ ਪੁਲਸ ਨੂੰ ਸ਼ਿਕਾਇਤ ਵੀ ਕੀਤੀ ਗਈ ਸੀ ਪ੍ਰੰਤੂ 24 ਫਰਵਰੀ ਨੂੰ ਜਦੋਂ ਉਹ ਆਪਣੇ ਮੋਟਰਸਾਈਕਲ 'ਤੇ ਡਿਊਟੀ ਤੋਂ ਘਰ ਆ ਰਿਹਾ ਸੀ ਤਾਂ ਉਸ ਨੂੰ ਪਿੰਡ ਦੇ ਸ਼ਮਸ਼ਾਨਘਾਟ ਕੋਲ ਤਿੰਨ ਮੋਟਰਸਾਈਕਲ ਸਵਾਰਾਂ ਨੇ ਘੇਰ ਲਿਆ ਅਤੇ ਕਿਰਪਾਨਾਂ, ਲੋਹੇ ਦੀਆਂ ਰਾਡਾਂ ਤੇ ਡੰਡਿਆਂ ਨਾਲ ਉਸ ਦੀ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਜਸਵੀਰ ਸਿੰਘ ਅਨੁਸਾਰ ਇਸੇ ਦੌਰਾਨ ਇੱਕ ਹੋਰ ਮੋਟਰਸਾਈਕਲ 'ਤੇ ਡਾ ਸਵਰਨ ਸਿੰਘ ਦੇ ਲੜਕੇ ਸਮੇਤ ਤਿੰਨ ਹੋਰ ਨੌਜਵਾਨ ਮਾਰੂ ਹਥਿਆਰਾਂ ਨਾਲ ਆਏ ਉਨ੍ਹਾਂ ਸਾਰਿਆਂ ਨੇ ਮੈਨੂੰ ਗੰਭੀਰ ਰੂਪ ਵਿੱਚ ਜ਼ਖਮੀ ਕਰ ਦਿੱਤਾ। ਜਿਸ ਕਾਰਨ ਮੈਂ ਬੇਹੋਸ਼ ਹੋ ਗਿਆ। ਸਾਰੇ ਹਮਲਾਵਰ ਮੋਟਰਸਾਈਕਲਾਂ 'ਤੇ ਫਰਾਰ ਹੋ ਗਏ। ਇਸ ਉਪਰੰਤ ਪਿੰਡ ਦੇ ਸਰਪੰਚ ਇੰਦਰਜੀਤ ਸਿੰਘ ਅਤੇ ਉਸ ਦੇ ਪਿਤਾ ਖੁਸ਼ਹਾਲ ਸਿੰਘ ਨੇ ਪਿੰਡ ਵਾਸੀਆਂ ਦੀ ਮਦਦ ਨਾਲ ਉਸ ਨੂੰ ਇਲਾਜ ਲਈ ਪਹਿਲਾਂ ਸਰਕਾਰੀ ਹਸਪਤਾਲ ਮੋਰਿੰਡਾ ਵਿਖੇ ਲਿਆਂਦਾ ਜਿੱਥੋਂ ਉਸ ਨੂੰ ਮੁਢਲੀ ਸਹਾਇਤਾ ਦੇ ਕੇ ਸਰਕਾਰੀ ਸਿਵਲ ਹਸਪਤਾਲ 6 ਮੁਹਾਲੀ ਵਿਖੇ ਰੈਫਰ ਕੀਤਾ, ਜਿੱਥੇ ਡਾਕਟਰਾਂ ਵੱਲੋਂ ਉਸ ਦਾ ਐਕਸਰੇ ਅਤੇ ਸਿਟੀ ਸਕੈਨ ਕਰਨ ਉਪਰੰਤ ਹਾਲਤ ਜ਼ਿਆਦਾ ਖਰਾਬ ਹੋਣ ਕਾਰਨ ਉਸ ਨੂੰ ਸੈਕਟਰ 32 ਚੰਡੀਗੜ੍ਹ ਦੇ ਸਰਕਾਰੀ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ, ਜਿੱਥੇ ਉਹ ਹਾਲੇ ਵੀ ਇਲਾਜ ਲਈ ਦਾਖਲ ਹੈ।ਆਡੀਸ਼ਨਲ ਐਸ ਐਚ ਓ ਸਮਰਜੀਤ ਸਿੰਘ ਨੇ ਦੱਸਿਆ ਕਿ ਜਸਵੀਰ ਸਿੰਘ ਦੇ ਬਿਆਨ ਦੇ ਅਧਾਰ ਤੇ ਅਤੇ ਮੈਡੀਕਲ ਰਿਪੋਰਟ ਅਨੁਸਾਰ ਗੁਰਵਿੰਦਰ ਸਿੰਘ ਪੁੱਤਰ ਡਾ ਸਵਰਨ ਸਿੰਘ ਸਮੇਤ ਪੰਜ ਅਣਪਛਾਤੇ ਨੌਜਵਾਨਾਂ ਖਿਲਾਫ ਮੁਕੱਦਮਾ ਦਰਜ ਕਰਕੇ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

# ਮਾਨ ਨੇ ਜਥੇਦਾਰ ਰਜਿੰਦਰ ਸਿੰਘ ਫੌਜੀ ਨੂੰ ਦਿੱਤੀ ਨਿੱਘੀ ਸ਼ਰਧਾਂਜਲੀ

**ਫਗਵਾੜਾ (ਡਾ. ਰਮਨ)**- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਸੂਬਾ ਕਾਰਜਕਾਰਨੀ ਕਮੇਟੀ ਦੇ ਮੈਂਬਰ ਅਤੇ ਕਿਸਾਨ ਵਿੰਗ ਦੇ ਸੀਨੀਅਰ ਮੀਤ ਪ੍ਰਧਾਨ ਜਥੇਦਾਰ ਰਜਿੰਦਰ ਸਿੰਘ ਫੌਜੀ ਨਮਿਤ ਅੰਤਮ ਅਰਦਾਸ ਦੀ ਰਸਮ ਗੁਰਦੁਆਰਾ ਸਿੰਘ ਸਭਾ ਪਿੰਡ ਨਾਰੰਗਸ਼ਾਹਪੁਰ (ਫਗਵਾੜਾ) ਵਿਖੇ ਸੋਗਪੂਰਨ ਮਾਹੌਲ 'ਚ ਸੰਪੰਨ ਹੋਈ। ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਬੀਬੀ ਰਘਬੀਰ ਕੌਰ ਦੇ ਜਥੇ ਨੇ ਬੈਰਾਗਮਈ ਕੀਰਤਨ ਸਰਵਣ ਕਰਵਾਇਆ। ਇਸ ਦੌਰਾਨ ਸਵ. ਰਾਜਿੰਦਰ ਸਿੰਘ ਫੌਜੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸ਼੍ਰੋ.ਅ.ਦ. (ਅ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਸਮੇਤ ਵੱਡੀ ਗਿਣਤੀ 'ਚ ਪਾਰਟੀ ਆਗੂਆਂ ਅਤੇ ਹੋਰ ਸ਼ਖ਼ਸੀਅਤਾਂ ਨੇ ਹਾਜ਼ਰੀ ਲਗਵਾਈ। ਮਾਨ ਨੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਪਾਰਟੀ ਅਤੇ ਕੌਮ ਲਈ ਉਹਨਾਂ ਵਲੋਂ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ। ਉਹਨਾਂ ਪਰਵਾਰ ਨੂੰ ਭਰੋਸਾ ਦਿੱਤਾ ਕਿ ਪਾਰਟੀ ਹਰ ਦੁੱਖ-ਸੁਖ 'ਚ ਉਹਨਾਂ ਦੇ ਨਾਲ ਖੜ੍ਹੀ ਰਹੇਗੀ। ਇਸ ਮੌਕੇ ਸਵ. ਰਜਿੰਦਰ ਸਿੰਘ ਫੌਜੀ ਦੇ ਪੁੱਤਰ ਜਗਦੀਪ ਸਿੰਘ, ਪੁੱਤਰੀਆਂ ਬੀਬੀ ਇੰਦਰਜੀਤ ਕੌਰ, ਬੀਬੀ ਬਲਜੀਤ ਕੌਰ ਅਤੇ ਨੂੰਹ ਮਨਦੀਪ ਕੌਰ ਤੋਂ ਇਲਾਵਾ ਉਹਨਾਂ ਨੂੰ ਸ਼ਰਧਾਂਜਲੀ ਦੇਣ ਪਹੁੰਚੀਆਂ ਸ਼ਖ਼ਸੀਅਤਾਂ 'ਚ ਪੀ.ਏ. ਗੁਰਜੰਟ ਸਿੰਘ ਕੱਟੂ, ਰੇਸ਼ਮ ਸਿੰਘ ਪੱਪੀ, ਕਮਲਪ੍ਰੀਤ ਸਿੰਘ ਕਮਲ, ਗੁਰਪ੍ਰੀਤ ਸਿੰਘ ਗੋਪੀ, ਬਾਬਾ ਬਲਬੀਰ ਸਿੰਘ, ਸੂਬੇਦਾਰ ਮੇਜਰ ਸਿੰਘ, ਰੇਸ਼ਮ ਸਿੰਘ, ਮਨਜੀਤ ਸਿੰਘ ਰੇਰੂ, ਲਾਲ ਸਿੰਘ ਅਕਾਲਗੜ੍ਹ, ਗੁਰਦਿਆਲ ਸਿੰਘ ਮਾਨਾਵਾਲੀ, ਹਰਦੀਪ ਸਿੰਘ ਫਰਾਂਸ, ਹਰਦਿਆਲ ਸਿੰਘ, ਬੀਬੀ ਸੁਖਜੀਤ ਕੌਰ, ਕੁਲਦੀਪ ਸਿੰਘ ਨੂਰ, ਹੈਪੀ ਕੌਲ, ਮਾਸਟਰ ਕੁਲਦੀਪ ਸਿੰਘ, ਗਿਆਨ ਸਿੰਘ ਕੁਲਥਮ, ਸਰਪੰਚ ਸੁਖਜਿੰਦਰ ਸਿੰਘ, ਹਰਨੇਕ ਸਿੰਘ ਭੱਪ, ਸ਼ੇਰ ਸਿੰਘ ਹਰਿਆਣਾ, ਡਾ. ਹਰਜਿੰਦਰ ਸਿੰਘ ਜੱਖੂ, ਪ੍ਰੋ. ਮਹਿੰਦਰ ਪਾਲ ਕੁਲਦੀਪ ਸਿੰਘ ਭਾਗੋਵਾਲ, ਬਹਾਦਰ ਸਿੰਘ, ਸੁਖਜੀਤ ਸਿੰਘ ਡਰੋਲੀ, ਗੁਰਨਾਮ ਸਿੰਘ ਸਿੰਗੜੀਵਾਲ, ਸੁਰਜੀਤ ਸਿੰਘ ਫਿਲੌਰ, ਬਘੇਲ ਸਿੰਘ ਭਾਟੀਆ, ਕੁਲਵਿੰਦਰ ਸਿੰਘ, ਗੁਰਦੀਪ ਸਿੰਘ ਖੁਣਖੁਣ, ਐਡਵੋਕੇਟ ਹਰਜੀਤ ਸਿੰਘ ਸਮੇਤ ਵੱਡੀ ਗਿਣਤੀ 'ਚ ਇਲਾਕੇ ਦੇ ਪਤਵੰਤੇ ਸ਼ਾਮਲ ਸਨ ।



# ਅਦਾਲਤ ਦੇ ਫੈਸਲੇ ਦਾ ਸਵਾਗਤ ਕਰਦੇ ਹਾਂ : ਕਾਕੜ

**ਮਹਿਤਪੁਰ (ਰਾਜਾ)**- ਦਿੱਲੀ ਦੀ ਅਦਾਲਤ ਨੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸੀਸੋਦੀਆ ਨੂੰ ਸ਼ਰਾਬ ਆਬਕਾਰੀ ਨੀਤੀ ਮਾਮਲੇ ਵਿੱਚ ਬਰੀ ਕਰਨ ਦੇ ਫੈਸਲੇ ਦਾ ਜਿੱਥੇ ਹਰ ਆਮ ਵਰਗ ਨੇ ਭਰਵਾਂ ਸਵਾਗਤ ਕੀਤਾ ਹੈ ਉੱਥੇ ਹੀ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਤੇ ਸਮੂਹ ਵਰਕਰਾਂ ਦੇ ਵਿੱਚ ਇਸ ਗੱਲ ਨੂੰ ਲੈ ਕੇ ਬਹੁਤ ਹੀ ਵੱਡਾ ਉਤਸਾਹ ਅਤੇ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ ਕਿਉਂਕਿ ਇਸ ਫੈਸਲੇ ਨਾਲ ਸੱਚਾਈ ਉਭਰ ਕੇ ਸਾਹਮਣੇ ਆਈ ਹੈ ਕੀ ਸੱਚ ਹਮੇਸ਼ਾ ਸੱਚ ਹੀ ਹੁੰਦਾ ਹੈ ਭਾਵੇਂ ਉਹ ਆਪਣਾ ਰੂਪ ਦੇਰ ਬਾਅਦ ਹੀ ਦਿਖਾਵੇ। ਸਿਆਣਿਆਂ ਦੀ ਕਹਾਵਤ ਹੈ ਸੱਚ ਨੂੰ ਪ੍ਰਮਾਣ ਦੀ ਲੋੜ ਨਹੀਂ ਹੁੰਦੀ ਉਕਤ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਬੀਬੀ ਰਣਜੀਤ ਕੌਰ ਕਾਕੜ ਡਾਇਰੈਕਟਰ ਇਨਫੋਟੈਕ ਪੰਜਾਬ ਅਤੇ ਵਾਈਸ ਪ੍ਰੈਸੀਡੈਂਟ ਮਹਿਲਾ ਵਿੰਗ ਪੰਜਾਬ ਆਮ ਆਦਮੀ ਪਾਰਟੀ ਨੇ ਕਿਹਾ ਕਿ ਇਹ ਫੈਸਲਾ ਇਹ ਦੋ ਵਿਅਕਤੀਆਂ ਦੇ ਦਰਮਿਆਨ ਵਾਲਾ ਨਹੀਂ ਇਹ ਫੈਸਲਾ ਇੱਕ ਹੌਸਲੇ ਅਤੇ ਬੁਲੰਦੀ ਨੂੰ ਉਜਾਗਰ ਕਰਦਾ ਹੈ। ਬੀਬੀ ਕਾਕੜ ਨੇ ਆਪਣੀ ਗੱਲ ਜਾਰੀ ਰੱਖਦਿਆਂ ਕਿਹਾ ਕਿ ਇਸ ਫੈਸਲੇ ਨਾਲ ਹੁਣ ਦੁਬਾਰਾ ਚੰਗੇ ਸ਼ਾਸਨ, ਜਨਤਕ ਸੇਵਾ ਅਤੇ ਵਿਕਾਸ ਸਬੰਧੀ ਤਰਜੀਹਾਂ ਤੇ ਕੇਂਦਰਿਤ ਕੀਤਾ ਜਾਵੇਗਾ।



# ਦੁਕਾਨਦਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀ ਰਿਪੋਰਟ ਪੁਲਸ ਨੂੰ ਕਰਨ : ਡੀ ਐੱਸ ਪੀ

**ਬੰਗਾ (ਅਵਤਾਰ ਕਲੇਰ)**- ਬੰਗਾ ਸਬ-ਡਵੀਜ਼ਨ ਦੇ ਡੀ ਐੱਸ ਪੀ ਹਰਜੀਤ ਸਿੰਘ ਰੰਧਾਵਾ ਨੇ ਮਨਿਆਰੀ ਬਾਜ਼ਾਰ ਤੇ ਆਜ਼ਾਦ ਚੌਕ ਬੰਗਾ ਵਿੱਚ ਇੱਕ ਜਨਤਕ ਮੀਟਿੰਗ ਦਾ ਆਯੋਜਨ ਕੀਤਾ। ਮੀਟਿੰਗ ਵਿੱਚ ਮਨਿਆਰੀ ਬਾਜ਼ਾਰ ਤੇ ਆਜ਼ਾਦ ਚੌਕ ਦੇ ਦੁਕਾਨਦਾਰਾਂ ਨੇ ਸ਼ਿਰਕਤ ਕੀਤੀ। ਡਿਪਟੀ ਸੁਪਰਡੈਂਟ ਆਫ਼ ਪੁਲਿਸ ਹਰਜੀਤ ਸਿੰਘ ਰੰਧਾਵਾ ਨੇ ਦੁਕਾਨਦਾਰਾਂ ਨੂੰ ਸੰਬੋਧਨ ਕਰਦਿਆਂ ਆਪਣਾ ਕਾਰੋਬਾਰ ਬੇਖੌਫ਼ ਹੋ ਕੇ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਸ਼ਹਿਰ ਨਿਵਾਸੀਆਂ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਪੁਲਸ ਉਨ੍ਹਾਂ ਦੀ ਸੁਰੱਖਿਆ ਲਈ ਹਮੇਸ਼ਾ ਤਿਆਰ ਹੈ। ਉਨ੍ਹਾਂ ਕਾਰੋਬਾਰੀਆਂ ਨੂੰ ਅਪੀਲ ਕੀਤੀ ਕਿ ਉਹ ਤੁਰੰਤ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਜਾਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀ ਰਿਪੋਰਟ ਪੁਲਸ ਨੂੰ ਕਰਨ। ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਗੈਂਗਸਟਰਾਂ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ। ਦੁਕਾਨਦਾਰਾਂ ਨੂੰ ਕਿਸੇ ਵੀ ਤਰ੍ਹਾਂ ਦੇ ਖ਼ਤਰੇ ਦੀ ਰਿਪੋਰਟ ਨਿੱਜੀ ਤੌਰ 'ਤੇ ਪੁਲਸ ਨੂੰ ਕਰਨ ਦੀ ਵੀ ਅਪੀਲ ਕੀਤੀ। ਇਸ ਮੌਕੇ ਅਸ਼ੋਕ ਕੁਮਾਰ ਡਾਬਰ, ਡਾ ਰਾਜਨ ਸ਼ਰਮਾ, ਐੱਸ ਐੱਚ ਓ ਸਤਨਾਮ ਸਿੰਘ, ਡੀ.ਐਸ.ਪੀ ਦੇ ਰੀਡਰ ਬਲਬੀਰ ਸਿੰਘ, ਸੰਜੀਵ ਜੈਨ, ਗੋਲਡੀ ਕੁੰਦਰਾ, ਰਾਜੇਸ਼ ਕੁਮਾਰ ਅਰੋੜਾ, ਇੰਦਰਜੀਤ ਸਿੰਘ ਮਾਨ, ਉਪਕਾਰ ਸਿੰਘ ਸੋਨੂੰ, ਵਿਸ਼ਾਲ ਗਰੋਵਰ, ਰਾਹੁਲ ਜੈਨ, ਓਕਾਰ ਸਿੰਘ, ਰਾਜ ਕੁਮਾਰ ਗੁਪਤਾ, ਜਸਵਿੰਦਰ ਸਿੰਘ ਸ਼ਿੰਦਰ, ਕਮਲ ਰਾਏ, ਗੁਰਵਿੰਦਰ ਸਿੰਘ, ਰਜਿੰਦਰ ਸਿੰਘ ਲਵਪ੍ਰੀਤ, ਏ. ਭੰਮੀ,ਪਵਨ ਕੁਮਾਰ, ਰਾਮ ਕੁਮਾਰ, ਲਾਡੀ ਗੋਗਨਾ, ਰਾਮ ਕਿਸ਼ਨ ਨਾਇਰ, ਮਨੋਜ ਜੈਨ ਆਦਿ ਵੀ ਹਾਜ਼ਰ ਸਨ।



# ਚੇਅਰਪਰਸਨ ਵੱਲੋਂ ਸੈਦਪੁਰ ਦੇ ਸਰਕਾਰੀ ਹਾਈ ਸਕੂਲ 'ਚ ਨਵੀਂ ਰਸੋਈ ਤੇ ਇੰਟਰਲਾਕ ਟਾਇਲਾਂ ਦਾ ਉਦਘਾਟਨ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪਿੰਡ ਸੈਦਪੁਰ ਦੇ ਸਰਕਾਰੀ ਹਾਈ ਸਕੂਲ ਵਿੱਚ ਬਣੀ ਨਵੀਂ ਰਸੋਈ ਅਤੇ ਸਕੂਲ ਦੀ ਚਾਰਦੀਵਾਰੀ ਅੰਦਰ ਲੱਗੀਆਂ ਇੰਟਰਲਾਕ ਟਾਇਲਾਂ ਦੇ ਫਰਸ਼ ਦਾ ਉਦਘਾਟਨ ਇੰਜੀਨੀਅਰ ਪ੍ਰਭਜੋਤ ਕੌਰ, ਚੇਅਰਪਰਸਨ, ਜ਼ਿਲ੍ਹਾ ਯੋਜਨਾ ਕਮੇਟੀ ਐਸ.ਏ.ਐਸ. ਨਗਰ ਨੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਇਲਾਕੇ ਦੇ ਮਾਣਯੋਗ ਵਿਅਕਤੀ, ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ, ਅਧਿਆਪਕ ਵਰਗ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।ਇਸ ਪ੍ਰੋਜੈਕਟ ਲਈ ਜ਼ਿਲ੍ਹਾ ਯੋਜਨਾ ਕਮੇਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ 5 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਸੀ। ਉਦਘਾਟਨ ਸਮਾਗਮ ਦੌਰਾਨ ਇੰਜੀਨੀਅਰ ਪ੍ਰਭਜੋਤ ਕੌਰ ਨੇ ਕਿਹਾ ਕਿ ਨਵੀਂ ਰਸੋਈ ਬਣਨ ਨਾਲ ਵਿਦਿਆਰਥੀਆਂ ਨੂੰ ਸੁਚੱਜੇ ਅਤੇ ਸਾਫ਼-ਸੁਥਰੇ ਮਾਹੌਲ ਵਿੱਚ ਦੁਪਹਿਰ ਦਾ ਭੋਜਨ (ਮਿਡ ਡੇਅ ਮੀਲ) ਤਿਆਰ ਕਰਕੇ ਦਿੱਤਾ ਜਾਵੇਗਾ, ਜਿਸ ਨਾਲ ਬੱਚਿਆਂ ਦੀ ਸਿਹਤ ਅਤੇ ਪੜ੍ਹਾਈ ਦੋਹਾਂ ਨੂੰ ਲਾਭ ਹੋਵੇਗਾ।ਉਨ੍ਹਾਂ ਇਹ ਵੀ ਕਿਹਾ ਕਿ ਚਾਰਦੀਵਾਰੀ ਅੰਦਰ ਇੰਟਰਲਾਕ ਟਾਇਲਾਂ ਦਾ ਫਰਸ਼ ਲੱਗਣ ਨਾਲ ਸਕੂਲ ਦਾ ਵਿਹੜਾ ਸਾਫ਼-ਸੁਥਰਾ ਅਤੇ ਸੁੰਦਰ ਬਣਿਆ ਹੈ ਅਤੇ ਮੀਂਹ ਦੇ ਮੌਸਮ ਦੌਰਾਨ ਚਿੱਕੜ ਦੀ ਸਮੱਸਿਆ ਤੋਂ ਵੀ ਨਿਜਾਤ ਮਿਲੇਗੀ।ਸਕੂਲ ਇੰਚਾਰਜ ਰਾਜਬੰਸ ਕੌਰ ਨੇ ਜ਼ਿਲ੍ਹਾ ਯੋਜਨਾ ਕਮੇਟੀ ਅਤੇ ਚੇਅਰਪਰਸਨ ਪ੍ਰਭਜੋਤ ਕੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਗ੍ਰਾਂਟ ਨਾਲ ਸਕੂਲ ਦੀ ਲੰਬੇ ਸਮੇਂ ਤੋਂ ਚੱਲ ਰਹੀ ਲੋੜ ਪੂਰੀ ਹੋਈ ਹੈ।ਅਖੀਰ ਵਿੱਚ ਚੇਅਰਪਰਸਨ ਪ੍ਰਭਜੋਤ ਕੌਰ ਨੇ ਵਿਦਿਆਰਥੀਆਂ ਨੂੰ ਮਨ ਲਗਾ ਕੇ ਪੜ੍ਹਾਈ ਕਰਨ ਅਤੇ ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।

# ਨਗਰ ਕੌਂਸਲ ਅਲਾਵਲਪੁਰ ਵੱਲੋਂ 1 ਕਰੋੜ 80 ਲੱਖ ਰੁਪਏ ਦਾ ਬਜਟ ਪਾਸ

**ਅਲਾਵਲਪੁਰ, (ਮਦਨ ਬੰਗੜ)**- ਅਲਾਵਲਪੁਰ ਨਗਰ ਕੌਂਸਲ ਦੀ ਅਹਿਮ ਮੀਟਿੰਗ ਪ੍ਰਧਾਨ ਨੀਲਮ ਰਾਣੀ ਦੀ ਪ੍ਰਧਾਨਗੀ ਹੇਠ ਹੋਈ। ਅਲਾਵਲਪੁਰ ਨਗਰ ਕੌਂਸਲ ਦਾ ਸਾਲ 2026-27 ਲਈ 1 ਕਰੋੜ 80 ਲੱਖ ਦਾ ਬਜਟ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਬਜਟ ਦਾ ਲਗਭਗ 47 ਪ੍ਰਤੀਸ਼ਤ, ਜੋ ਕਿ ਲਗਭਗ 85 ਲੱਖ, ਸ਼ਹਿਰ ਦੇ ਵਿਕਾਸ ਪ੍ਰੋਜੈਕਟਾਂ 'ਤੇ ਖਰਚ ਕੀਤਾ ਜਾਵੇਗਾ। ਇਸ ਤਹਿਤ ਸਟਰੀਟ ਲਾਈਟ ਬਿੱਲ: 25 ਲੱਖ ਰੁਪਏ, ਬਿਜਲੀ ਰੱਖ-ਰਖਾਅ: 15 ਲੱਖ ਰੁਪਏ, ਸੀਵਰੇਜ ਰੱਖ-ਰਖਾਅ: 10 ਲੱਖ ਰੁਪਏ, ਸੜਕਾਂ ਅਤੇ ਨਾਲੀਆਂ ਦੀ ਉਸਾਰੀ: 10 ਲੱਖ ਰੁਪਏ, ਪੁਰਾਣੀਆਂ ਗਲੀਆਂ ਅਤੇ ਨਾਲੀਆਂ ਦੀ ਮੁਰੰਮਤ: 5 ਲੱਖ ਰੁਪਏ, ਝੁੱਗੀ-ਝੌਂਪੜੀ ਦੇ ਖੇਤਰ ਵਿੱਚ ਸੁਧਾਰ: 1 ਲੱਖ ਰੁਪਏ, ਪ੍ਰਬੰਧਨ: 10 ਲੱਖ ਰੁਪਏ, ਹੋਰ ਕੰਮ: 9 ਲੱਖ ਰੁਪਏ ਖਰਚ ਕੀਤੇ ਜਾਣਗੇ। ਮੀਟਿੰਗ ਵਿੱਚ ਕੁੱਲ ਪੰਜ ਪ੍ਰਸਤਾਵ ਪੇਸ਼ ਕੀਤੇ ਗਏ, ਜਿਨ੍ਹਾਂ ਨੂੰ ਸਦਨ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਇਨ੍ਹਾਂ ਵਿੱਚ ਸਰਕਾਰੀ ਦਰਾਂ 'ਤੇ ਦਫ਼ਤਰ ਦਾ ਕਾਰਜਕਾਲ ਇੱਕ ਸਾਲ ਲਈ ਵਧਾਉਣ ਦਾ ਪ੍ਰਸਤਾਵ ਤੇ ਸੁਚਾਰੂ ਕੰਮਕਾਜ ਲਈ ਸ਼ਰਤਾਂ ਸ਼ਾਮਲ ਸਨ। ਕਮਿਊਨਿਟੀ ਹਾਲ ਦੇ ਰੱਖ-ਰਖਾਅ ਦਾ ਕਾਰਜਕਾਲ ਇੱਕ ਸਾਲ ਲਈ ਵਧਾਉਣ ਨੂੰ ਪ੍ਰਵਾਨਗੀ ਦਿੱਤੀ ਗਈ। ਚੌਕੀਦਾਰਾਂ ਦੇ ਕਾਰਜਕਾਲ ਨੂੰ ਵਧਾਉਣ ਦਾ ਪ੍ਰਸਤਾਵ ਪਾਸ ਕੀਤਾ ਗਿਆ। ਪਾਣੀ ਦੀ ਸਪਲਾਈ ਲਈ ਟੈਂਡਰ ਮੰਗਣ ਦਾ ਫੈਸਲਾ ਕੀਤਾ ਗਿਆ। ਇਕਰਾਰਨਾਮੇ ਨੂੰ ਚਾਰ ਮਹੀਨਿਆਂ ਲਈ ਵਧਾਉਣ ਨੂੰ ਪ੍ਰਵਾਨਗੀ ਦਿੱਤੀ। ਇਸ ਤਰ੍ਹਾਂ, ਨਗਰ ਕੌਂਸਲ, ਅਲਾਵਲਪੁਰ ਨੇ ਵਿਕਾਸ ਅਤੇ ਪ੍ਰਸ਼ਾਸਕੀ ਕੰਮਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਆਉਣ ਵਾਲੇ ਵਿੱਤੀ ਸਾਲ ਲਈ ਬਜਟ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ। ਨਗਰ ਕੌਂਸਲ ਅਲਾਵਲਪੁਰ ਦੇ ਆਮਦਨ ਦੇ ਮੁੱਖ ਸਰੋਤ-ਇਮਾਰਤਾਂ ਦੀ ਅਰਜ਼ੀ: 20 ਲੱਖ ਰੁਪਏ ਬਿਜਲੀ ਡਿਊਟੀ ਅਤੇ ਨਗਰ ਨਿਗਮ ਟੈਕਸ: 10 ਲੱਖ ਰੁਪਏ ਜਾਇਦਾਦ ਟੈਕਸ: 10 ਲੱਖ ਰੁਪਏ ਪਾਣੀ ਸਪਲਾਈ: 4 ਲੱਖ ਰੁਪਏ ਕਿਰਾਇਆ ਤੇ ਤਹਿਬਾਜ਼ਾਰੀ: 20 ਹਜ਼ਾਰ ਰੁਪਏ ਇਸ਼ਤਿਹਾਰ ਟੈਕਸ: 50 ਹਜ਼ਾਰ ਰੁਪਏ ਫੀਸ: 30 ਹਜ਼ਾਰ ਰੁਪਏ ਹੋਰ ਸਰੋਤ: 10 ਲੱਖ ਰੁਪਏ ਕੁੱਲ ਅਨੁਮਾਨਤ ਆਮਦਨ 1 ਕਰੋੜ 80 ਲੱਖ ਰੁਪਏ ਹੋਵੇਗੀ। ਬਜਟ ਦਾ 45 ਪ੍ਰਤੀਸ਼ਤ (ਲਗਭਗ 80 ਲੱਖ ਰੁਪਏ) ਨਗਰ ਕੌਂਸਲ ਦੇ ਕਰਮਚਾਰੀਆਂ ਦੀਆਂ ਤਨਖਾਹਾਂ 'ਤੇ ਖਰਚ ਕੀਤਾ ਜਾਵੇਗਾ। 8 ਪ੍ਰਤੀਸ਼ਤ (ਲਗਭਗ 15 ਲੱਖ ਰੁਪਏ) ਐਮਰਜੈਂਸੀ ਅਤੇ ਜ਼ਰੂਰੀ ਖਰਚਿਆਂ ਜਿਵੇਂ ਕਿ ਸਟੇਸ਼ਨਰੀ, ਬਿਜਲੀ ਦੇ ਬਿੱਲ, ਵਾਹਨ ਰੱਖ-ਰਖਾਅ, ਕੰਪਿਊਟਰ ਖਰੀਦਦਾਰੀ, ਟੈਲੀਫੋਨ ਆਦਿ 'ਤੇ ਖਰਚ ਕੀਤੇ ਜਾਣਗੇ। ਮੀਟਿੰਗ ਵਿੱਚ ਈ ਓ ਰਾਮਜੀਤ, ਕੌਂਸਲਰ ਜਸਵੀਰ ਕੌਰ, ਕਵਿਤਾ ਰਾਣੀ, ਰਚਨਾ, ਮਦਨ ਲਾਲ, ਬ੍ਰਿਜ ਭੂਸ਼ਣ, ਨਰੇਸ਼ ਕੁਮਾਰ, ਰਾਜ ਰਾਣੀ, ਕ੍ਰਿਸ਼ਨਾ ਦੇਵੀ , ਲੇਖਾਕਾਰ ਹਰਸ਼ ਤੇ ਕਲਰਕ ਨਵੀਨ ਰਾਣਾ, ਪਾਰੁਲ ਆਦਿ ਮੌਜੂਦ ਸਨ।



# ਡਿਪਟੀ ਕਮਿਸ਼ਨਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹੇ ਦੇ ਹਰੇਕ ਪਰਵਾਰ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਦੀ ਹਦਾਇਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਇਨਰੋਲਮੈਂਟ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ




ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਹਰੇਕ ਪਰਵਾਰ ਦੀ ਸਕੀਮ ਤਹਿਤ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾਵੇ ਤਾਂ ਜੋ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਿਹਤ ਸੁਰੱਖਿਆ ਦਾ ਲਾਭ ਹਰੇਕ ਤੱਕ ਪਹੁੰਚ ਸਕੇ।ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ (ਜ) ਦਿਵਿਆ ਪੀ ਸਮੇਤ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮਜ਼ ਨੂੰ ਹਦਾਇਤ ਕੀਤੀ ਕਿ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਆਸ਼ਾ ਵਰਕਰਾਂ, ਐਨ.ਜੀ.ਓਜ਼ ਦੇ ਸਹਿਯੋਗ ਨਾਲ ਲੋਕਾਂ ਨੂੰ ਜਾਗਰੂਕ ਕਰਕੇ ਰਜਿਸਟ੍ਰੇਸ਼ਨ ਦੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਜ਼ਿਲ੍ਹੇ ਦੇ ਹਰੇਕ ਪਰਿਵਾਰ ਨੂੰ ਇਸ ਯੋਜਨਾ ਤਹਿਤ ਕਵਰ ਕੀਤਾ ਜਾ ਸਕੇ। ਡਾ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਦੇ 490 ਸੀ.ਐਸ.ਸੀ. ਕੇਂਦਰਾਂ ਤੋਂ ਇਲਾਵਾ ਸੇਵਾ ਕੇਂਦਰਾਂ ਰਾਹੀਂ ਰੋਜ਼ਾਨਾ ਵਿਸ਼ੇਸ਼ ਕੈਂਪ ਲਗਾ ਕੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਪੰਜਾਬ ਸਰਕਾਰ ਵੱਲੋਂ ਪ੍ਰਤੀ ਪਰਵਾਰ ਸਾਲਾਨਾ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਕਾਰਡ ਬਣਾਉਣ ਲਈ ਆਧਾਰ ਕਾਰਡ (ਮੋਬਾਇਲ ਨੰਬਰ ਨਾਲ ਲਿੰਕ), ਵੋਟਰ ਕਾਰਡ ਅਤੇ ਨਾਬਾਲਗ ਬੱਚਿਆਂ ਲਈ ਜਨਮ ਸਰਟੀਫਿਕੇਟ ਜ਼ਰੂਰੀ ਹੈ। ਕਾਰਡ ਬਣਾਉਣ ਲਈ ਘੱਟੋ-ਘੱਟ ਦੋ ਪਰਵਾਰਕ ਮੈਂਬਰ ਮੌਜੂਦ ਹੋਣੇ ਚਾਹੀਦੇ ਹਨ।ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ, ਸਿਹਤ ਵਿਭਾਗ, ਕਾਮਨ ਸਰਵਿਸ ਸੈਂਟਰਾਂ, ਸੇਵਾ ਕੇਂਦਰਾਂ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਹੋਰ ਬਿਹਤਰ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਸ ਲੋਕ-ਹਿਤੂ ਯੋਜਨਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਸਕੇ।ਮੀਟਿੰਗ ਵਿੱਚ ਸਹਾਇਕ ਕਮਿਸ਼ਨਰ (ਯੂ.ਟੀ.) ਮੁਕਿਲਨ ਆਰ, ਸਮੂਹ ਐਸ.ਡੀ.ਐਮਜ਼, ਸਿਵਲ ਸਰਜਨ ਡਾ. ਰਾਜੇਸ਼ ਗਰਗ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# 'ਆਪ' ਵੱਲੋਂ ਜਨਤਾ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਜਾਣਗੇ : ਪ੍ਰਿੰ. ਪ੍ਰੇਮ ਕੁਮਾਰ

**ਫਿਲੌਰ (ਨਿਰਮਲ)**- ਫਿਲੌਰ ਹਲਕੇ ਦੇ ਇੰਚਾਰਜ ਅਤੇ ਪੰਜਾਬ ਰਾਜ ਸਿੱਖਿਆ ਬੋਰਡ ਦੇ ਸਾਬਕਾ ਵਾਈਸ ਚੇਅਰਮੈਨ ਪ੍ਰਿੰਸੀਪਲ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਭਗਵੰਤ ਮਾਨ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਜਨਤਾ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰੇਗੀ। ਸਿੱਖਿਆ ਹੋਵੇ ਜਾਂ ਸਿਹਤ, ਸਰਕਾਰ ਹਰ ਮੋਰਚੇ 'ਤੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀ ਹੈ। ਪੰਚਾਇਤੀ ਚੋਣਾਂ ਤੋਂ ਪਹਿਲਾਂ, ਸਰਕਾਰ ਨੇ ਐਲਾਨ ਕੀਤਾ ਸੀ ਕਿ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪ੍ਰਤੀ ਪਿੰਡ 5 ਲੱਖ ਰੁਪਏ ਦਿੱਤੇ ਜਾਣਗੇ। ਇਸ ਤੋਂ ਬਾਅਦ, ਫਿਲੌਰ ਹਲਕੇ ਦੇ 33 ਪਿੰਡਾਂ ਵਿੱਚ ਪੰਚਾਇਤਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕੀਤੇ ਵਾਅਦੇ ਅਨੁਸਾਰ ਫਿਲੌਰ ਹਲਕੇ ਦੇ 33 ਪਿੰਡਾਂ ਲਈ ਫਿਲੌਰ ਹਲਕੇ ਨੂੰ 1.65 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਗ੍ਰਾਂਟਾਂ ਸ਼ੁਰੂ ਵਿੱਚ ਪਿੰਡ ਤੱਗੜ, ਰੰਧਾਵਾ ਡੱਲੇਵਾਲ, ਧੀਨਪੁਰ, ਖੋਜਪੁਰ, ਜੇਤੋਵਾਲ ਅਤੇ ਸੈਦੋਵਾਲ ਨੂੰ ਵੰਡੀਆਂ ਗਈਆਂ ਹਨ। 23 ਫਰਵਰੀ ਨੂੰ ਲਿੱਧਰ ਖੁਰਦ, ਨਾਨੋ ਮਜਾਰਾ, ਲਾਦੀਆਂ,



ਮਸਾਣੀ, ਗੜ੍ਹੀ ਮਹਾਂ ਸਿੰਘ, ਚੀਮਾ ਕਲਾਂ, ਚੀਮਾ ਖੁਰਦ ਅਤੇ ਜੌਹਲਾ ਵਿੱਚ ਪੰਚਾਇਤਾਂ ਨੂੰ ਚੈੱਕ ਸੌਂਪੇ ਜਾਣਗੇ। ਪ੍ਰਿੰਸੀਪਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਸਾਰੇ ਵਾਅਦੇ ਸਮੇਂ ਸਿਰ ਪੂਰੇ ਕੀਤੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਗਏ ਨਿਰੰਤਰ ਸੁਧਾਰਾਂ ਕਾਰਨ, ਸੂਬੇ ਦੇ ਸਰਕਾਰੀ ਸਕੂਲਾਂ ਦੇ 305 ਵਿਦਿਆਰਥੀ ਆਪਣੀ ਪਹਿਲੀ ਕੋਸ਼ਿਸ਼ ਵਿੱਚ ਜੇਈਈ ਮੇਨਜ਼ 2026 ਪਾਸ ਕਰਨ ਵਿੱਚ ਸਫਲ ਹੋਏ। ਪ੍ਰਿੰਸੀਪਲ ਨੇ ਕਿਹਾ ਕਿ ਹਾਲ ਹੀ ਵਿੱਚ ਜਾਰੀ ਕੀਤੇ ਗਏ ਜੇਈਈ ਮੇਨਜ਼ ਫੇਜ਼ 1 ਦੇ ਨਤੀਜੇ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਨੂੰ ਦਰਸਾਉਂਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਿਲੌਰ ਹਲਕੇ ਦੇ ਵਿਕਾਸ ਲਈ ਹਰ ਸੰਭਵ ਸਹਾਇਤਾ ਦਾ ਵਾਅਦਾ ਕੀਤਾ, ਜਿਸ ਦੇ ਨਤੀਜੇ ਵਜੋਂ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਪ੍ਰਾਪਤ ਹੋਈਆਂ। ਸਰਕਾਰ ਵੱਲੋਂ ਜਾਰੀ ਕੀਤੇ ਗਏ ਸਿਹਤ ਕਾਰਡ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਕਈ ਕੇਂਦਰਾਂ ਦੀ ਪਛਾਣ ਕੀਤੀ ਗਈ ਹੈ ਜਿੱਥੇ ਲੋਕ ਆਪਣਾ ਸਿਹਤ ਕਾਰਡ ਬਣਵਾ ਸਕਦੇ ਹਨ ਅਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ 10 ਲੱਖ ਰੁਪਏ ਤੱਕ ਦਾ ਲਾਭ ਪ੍ਰਾਪਤ ਕਰ ਸਕਦੇ ਹਨ, ਜੋ ਕਿ ਸਰਕਾਰ ਵੱਲੋਂ ਪੂਰੀ ਤਰ੍ਹਾਂ ਮੁਫ਼ਤ ਹੈ।

# ਟ੍ਰੇਨਿੰਗ ਪ੍ਰਾਪਤ ਕਰਨ ਵਾਲੀਆਂ ਔਰਤਾਂ ਨੂੰ ਸਰਟੀਫਿਕੇਟ ਵੰਡੇ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੇਂਡੂ ਵਿਕਾਸ ਮੰਤਰਾਲਿਆ ਭਾਰਤ ਸਰਕਾਰ ਵੱਲੋਂ ਪਿੰਡ ਮੂਨਕ ਕਲਾਂ ਵਿਖੇ ਕਰਵਾਏ ਗਏ ਇੱਕ ਸਮਾਗਮ ਵਿੱਚ ਸਿਲਾਈ ਦੀ ਟ੍ਰੇਨਿੰਗ ਪ੍ਰਾਪਤ ਕਰਨ ਵਾਲੀਆਂ ਔਰਤਾਂ ਨੂੰ ਸਰਟੀਫਿਕੇਟ ਵੰਡੇ ਗਏ। ਪੀ.ਐਸ.ਆਰ.ਐਲ.ਐਮ ਵੱਲੋਂ ਗ੍ਰਾਮ ਪੰਚਾਇਤ ਮੂਨਕ ਕਲਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਿਲਾਈ ਕੋਰਸ ਉਪਰੰਤ ਸੀ.ਆਰ.ਸੀ.ਟੀ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਡਾਇਰੈਕਟਰ ਗੁਰਪ੍ਰੀਤ ਸਿੰਘ, ਮੈਡਮ ਗੁਰਜੀਤ ਕੌਰ ਤੇ ਮੈਡਮ ਸੰਦੀਪ ਕੌਰ, ਪੀ. ਐਸ, ਆਰ. ਐਲ .ਐਮ ਤੋਂ ਸੌਰਵ ਸ਼ਰਮਾ ਇਹ ਸਰਟੀਫਿਕੇਟ ਔਰਤਾਂ ਨੂੰ ਭੇਂਟ ਕਰਦੇ ਹੋਏ ਕਿਹਾ ਕਿ ਭਾਰਤ ਸਰਕਾਰ ਵੱਲੋਂ ਔਰਤਾਂ ਨੂੰ ਸਵੈ ਰੁਜ਼ਗਾਰ ਪ੍ਰਦਾਨ ਕਰਨ ਦੇ ਮੰਤਵ ਇਹ ਕੋਰਸ ਕਰਵਾਇਆ ਜਾਂਦਾ ਹੈ। ਇਸ ਮੌਕੇ ਪਹੁੰਚੇ ਉਕਤ ਪ੍ਰਬੰਧਕਾਂ ਨੇ ਸਿਖਲਾਈ ਪ੍ਰਾਪਤ ਕਰਨ ਵਾਲੀਆਂ ਔਰਤਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਪਿੰਡ ਦੀਆਂ ਹੋਰ ਔਰਤਾਂ ਨੂੰ ਵੀ ਇਸ ਟ੍ਰੇਨਿੰਗ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਰਪੰਚ ਮਨਵੀਰ ਸਿੰਘ ਵਿਭਾਗ ਵੱਲੋਂ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਚ ਗੁਰਪ੍ਰੀਤ ਸਿੰਘ, ਪੰਚ ਰੁਪਿੰਦਰ ਸਿੰਘ, ਪੰਚ ਰਾਜ ਰਾਣੀ, ਪੰਚ ਕੁਲਵਿੰਦਰ ਕੌਰ, ਪੰਚ ਧਰਮ ਕੌਰ, ਪੰਚ ਬਿਮਲਾ ਰਾਣੀ ਸੁਖਵਿੰਦਰਪਾਲ ਸਿੰਘ ਅਤੇ ਮੇਟ ਦਵਿੰਦਰ ਕੌਰ ਹਾਜਰ ਰਹੇ।

# ਸ਼ੇਰਪੁਰ ਢੱਕੋਂ ਵਿਖੇ ਮਹਾਂਪੁਰਸ਼ਾਂ ਦੇ ਬਰਸੀ ਸਮਾਗਮ ਮੌਕੇ ਫ੍ਰੀ ਮੈਡੀਕਲ ਕੈਂਪ

**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਸ਼ੇਰਪੁਰ ਢੱਕੋਂ ਵਿਖੇ ਮੌਜੂਦ ਸੰਤ ਬਾਬਾ ਨਰਾਇਣ ਦਾਸ, ਡੇਰਾ ਬਾਬਾ ਕੱਲਰਾਂ ਸ਼ੇਰਪੁਰ ਵਿਖੇ ਸੰਤ ਬਾਬਾ ਅਮਰਦਾਸ, ਸੰਤ ਬਾਬਾ ਰਾਮ ਕ੍ਰਿਸ਼ਨ ਦਾਸ, ਸੰਤ ਬੀਬੀ ਜਵਾਲੀ ਰਾਮ ਦੇ ਸਲਾਨਾ ਬਰਸੀ ਸਮਾਗਮ ਡੇਰੇ ਦੇ ਮੁੱਖ ਗੱਦੀਨਸ਼ੀਨ ਸੇਵਾਦਾਰ ਸੰਤ ਰਮੇਸ਼ ਦਾਸ ਮਹਾਰਾਜ ਦੀ ਵਿਸ਼ੇਸ਼ ਅਗਵਾਈ ਵਿੱਚ ਕਰਵਾਏ ਗਏ।ਇਸ ਮੌਕੇ ਮਹਾਂਪੁਰਸ਼ਾਂ ਦੇ ਅਸ਼ੀਰਵਾਦ ਨਾਲ ਅਰੋਗਿਆ ਆਯੂਰਵੈਦਿਕ ਕਲੀਨਿਕ ਪਿੰਡ ਖੜਕਾ ਹੁਸ਼ਿਆਰਪੁਰ ਵੱਲੋਂ ਇੱਕ ਫ੍ਰੀ ਮੈਡੀਕਲ ਕੈਂਪ ਦਾ ਆਯੋਜਨ



ਮੁੱਖ ਵੈਦ ਬਲਜਿੰਦਰ ਰਾਮ ਦੀ ਵਿਸ਼ੇਸ਼ ਅਗਵਾਈ ਵਿੱਚ ਸਮੂਹ ਸਟਾਫ ਵੱਲੋਂ ਕੀਤਾ ਗਿਆ। ਇਸ ਕੈਂਪ ਦਾ ਸ਼ੁਭ ਆਰੰਭ ਸੰਤ ਰਮੇਸ਼ ਦਾਸ ਨੇ ਕੀਤਾ। ਉਨ੍ਹਾਂ ਦੱਸਿਆ ਹਰ ਸਾਲ ਇਹ ਫ੍ਰੀ ਮੈਡੀਕਲ ਕੈਂਪ ਅਰੋਗਿਆ ਆਯੂਰਵੈਦਿਕ ਕਲੀਨਿਕ ਵੱਲੋਂ ਲਗਾਇਆ ਜਾਂਦਾ ਹੈ। ਇਸ ਕੈਂਪ ਦੌਰਾਨ ਮੁੱਖ ਮਹਿਮਾਨ ਵਜੋਂ ਭੈਣ ਸੰਤੋਸ਼ ਕੁਮਾਰੀ, ਡਾ. ਸੁਰਿੰਦਰਪਾਲ ਕੌਰ (ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਹੁਸ਼ਿਆਰਪੁਰ), ਡਾ. ਪ੍ਰਦੀਪ ਸਿੰਘ ਸਾਬਕਾ ਡੀ.ਓ, ਡਾ. ਕਰੁਣਾ ਸ਼ਰਮਾ (ਆਯੁਰਵੈਦਿਕ ਮੈਡੀਕਲ ਅਫ਼ਸਰ ਜੀ.ਏ.ਡੀ. ਆਲੋਵਾਲ), ਸ਼੍ਰੀਮਤੀ ਤੁਲਿਕਾ ਸ਼ਰਮਾ (ਸਟਾਫ ਨਰਸ, ਜੀ.ਏ.ਡੀ. ਸਵਾਸਥ ਕੇਂਦਰ ਹੁਸ਼ਿਆਰਪੁਰ ਪੁੱਜੇ। ਇਸ ਕੈਂਪ ਦੌਰਾਨ 1960 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ ਅਤੇ ਆਯੁਰਵੈਦਿਕ ਦਵਾਈਆਂ ਫ੍ਰੀ ਦਿੱਤੀਆਂ ਗਈਆਂ। ਇਸ ਫ੍ਰੀ ਕੈਂਪ ਦੀ ਸਮਾਪਤੀ 'ਤੇ ਮੁੱਖ ਵੈਦ ਬਲਜਿੰਦਰ ਰਾਮ ਨੇ ਡੇਰੇ ਦੀਆਂ ਸਮੂਹ ਸੰਗਤਾਂ, ਮਹਾਂਪੁਰਸ਼ਾਂ ਤੇ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਕੈਂਪ ਨੂੰ ਸਫਲ ਬਣਾਉਣ ਲਈ ਵੈਦ ਬਲਜਿੰਦਰ ਰਾਮ, ਵੈਦ ਸਿਮਰਜੀਤ ਕੌਰ, ਵੈਦ ਗੁਰਪ੍ਰੀਤ ਕੌਰ, ਵੈਦ ਲਵਲੀਨ, ਵੈਦ ਇੰਦਰਜੀਤ, ਵੈਦ ਅੰਸ਼ ਕੁਮਾਰ, ਵੈਦ ਚਰਨਜੀਤ, ਵੈਦ ਜਸ਼ਨਪ੍ਰੀਤ ਕੌਰ, ਸਾਬਕਾ ਡੀ.ਓ ਪ੍ਰਦੀਪ ਸਿੰਘ ਤੇ ਵੈਦ ਪਰਮਜੀਤ ਕੁਮਾਰ ਫਗਵਾੜਾ ਦਾ ਵੀ ਵਿਸ਼ੇਸ਼ ਸਹਿਯੋਗ ਰਿਹਾ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨੂੰ ਘਰ-ਘਰ ਪਹੁੰਚਾਏ ਜਾਣ ਲਈ ਯਤਨ ਜਾਰੀ : ਕੁਲਵੰਤ ਸਿੰਘ

**ਮੋਹਾਲੀ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿੱਚ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਦੇ ਵਿੱਚ ਵੱਡੇ ਪੱਧਰ 'ਤੇ ਕੈਂਪ ਲਗਾਏ ਗਏ ਹਨ। ਗਰੈਂਡ ਵਿਲਾ ਸੋਸਾਇਟੀ, ਸੈਕਟਰ- 82 ਵਿਖੇ ਲਗਾਏ ਗਏ ਕੈਂਪ ਦਾ ਜਾਇਜ਼ਾ ਲੈਣ ਦੇ ਦੌਰਾਨ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਲੋਕੀਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਫਾਇਦਾ ਉਠਾ ਸਕਣ ਇਸ ਲਈ ਆਮ ਆਦਮੀ ਪਾਰਟੀ ਦੇ ਵਰਕਰਾਂ ਸਮਰਥਕਾਂ ਵੱਲੋਂ ਵੱਡੀ ਪੱਧਰ 'ਤੇ ਬਕਾਇਦਾ ਕੈਂਪ ਲਗਾ ਕੇ ਲੋਕਾਂ ਦੀ ਰਜਿਸਟਰੇਸ਼ਨ ਕੀਤੇ ਜਾਣ 'ਚ ਵੀ ਮਦਦ ਕੀਤੀ ਜਾ ਰਹੀ ਹੈ। ਵਿਧਾਇਕ ਕੁਲਵੰਤ ਸਿੰਘ ਨੇ ਇਨ੍ਹਾਂ ਕੈਂਪਾਂ ਦੌਰਾਨ ਉਨ੍ਹਾਂ ਨੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਰਜਿਸਟਰੇਸ਼ਨ ਕਰਵਾਉਣ ਦੀ ਅਪੀਲ ਕੀਤੀ।ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਸਕੀਮ ਹੇਠ ਹਜ਼ਾਰਾਂ ਪਰਵਾਰਾਂ ਨੂੰ ਉੱਚ ਪੱਧਰੀ ਇਲਾਜ ਦੀ



ਸਹੂਲਤ ਮਿਲ ਰਹੀ ਹੈ ਅਤੇ ਗਰੀਬ ਤੇ ਮੱਧ ਵਰਗ ਪਰਵਾਰਾਂ ਨੂੰ ਵੱਡੀ ਆਰਥਿਕ ਰਾਹਤ ਪ੍ਰਾਪਤ ਹੋ ਰਹੀ ਹੈ।ਉਨ੍ਹਾਂ ਕਿਹਾ, ਸਾਡਾ ਮਕਸਦ ਹੈ ਕਿ ਹਲਕੇ ਦਾ ਕੋਈ ਵੀ ਵਿਅਕਤੀ ਇਸ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹੇ। ਮੋਹਾਲੀ ਹਲਕੇ ਵਿੱਚ ਲਗੇ ਕੈਂਪਾਂ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ ਅਤੇ ਮੌਕੇ 'ਤੇ ਹੀ ਆਪਣੀ ਰਜਿਸਟਰੇਸ਼ਨ ਪ੍ਰਕਿਰਿਆ ਪੂਰੀ ਕਰਵਾਈ।ਵਿਧਾਇਕ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰਜਿਸਟਰੇਸ਼ਨ ਪ੍ਰਕਿਰਿਆ ਸਧਾਰਣ ਅਤੇ ਪਾਰਦਰਸ਼ੀ ਬਣਾਈ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਮੌਕੇ 'ਤੇ ਯੂਥ ਨੇਤਾ ਅਤੇ ਕੌਂਸਲਰ ਸਰਬਜੀਤ ਸਿੰਘ ਸਮਾਣਾ, ਆਰ.ਪੀ. ਸ਼ਰਮਾ ਬਲਾਕ ਪ੍ਰਧਾਨ, ਹਰਪਾਲ ਸਿੰਘ ਚੰਨਾ ਬਲਾਕ ਪ੍ਰਧਾਨ, ਡਾਕਟਰ ਕੁਲਦੀਪ ਸਿੰਘ ਹਲਕਾ ਕੋਆਰਡੀਨੇਟਰ ਬੀ ਸੀ ਵਿੰਗ, ਵਿਕਰਮ ਸਿੰਘ ਸੰਧੂ, ਨੀਲਮ ਨੰਦਵਾਨੀ, ਨੀਰਜ ਕੁਮਾਰ, ਨਸੀਬ ਸਿੰਘ ਸੰਧੂ, ਸ਼ਰਮਾ ਦਿਨੇਸ਼ ਜਿੰਦਲ, ਅਮਨ ਗੁਜਰਾਲ, ਸ਼ਵੇਤਾ, ਅਮਨ ਮਲਿਕ, ਹਰਿੰਦਰ ਪਾਲ ਸਿੰਘ ਮਾਨ, ਗੁਰੂ ਦੱਤ ਸਿੰਘ ਸਿਧਵਾਨੀ, ਜਸਪਾਲ ਸਿੰਘ, ਗੁਰਿੰਦਰ ਸਿੰਘ ਭੱਟੀ, ਮਨਜੀਤ ਸਿੰਘ, ਕਰਨਲ ਜਸਵੰਤ ਸਿੰਘ ਵੀ ਹਾਜ਼ਰ ਸਨ।

# ਨੰਗਲ ਸ਼ਾਮਾ 'ਚ ਬਣੇਗਾ ਡਾਗ ਸ਼ੈਲਟਰ

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਸ਼ਹਿਰੀ ਜਨਤਕ ਸੁਰੱਖਿਆ ਅਤੇ ਜਾਨਵਰਾਂ ਦੀ ਭਲਾਈ ਨੂੰ ਮਜ਼ਬੂਤ ਕਰਨ ਲਈ ਨੰਗਲ ਸ਼ਾਮਾ ਵਿਖੇ ਕਰੀਬ 58 ਲੱਖ ਰੁਪਏ ਦੀ ਲਾਗਤ ਨਾਲ ਡਾਗ ਸ਼ੈਲਟਰ ਬਣਨ ਜਾ ਰਿਹਾ ਹੈ।ਸੁਸਾਇਟੀ ਫਾਰ ਪ੍ਰੀਵੈਂਸ਼ਨ ਆਫ਼ ਕਰੂਐਲਿਟੀ ਟੂ ਐਨੀਮਲਜ਼, ਜ਼ਿਲ੍ਹਾ ਪਸ਼ੂ ਭਲਾਈ ਸੁਸਾਇਟੀ ਅਤੇ ਐਨੀਮਲ ਬਰਥ ਕੰਟਰੋਲ ਰੂਲਜ਼ 2023 ਸਬੰਧੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਡਾਗ ਸ਼ੈਲਟਰ ਦਾ ਕੰਮ 31 ਮਾਰਚ 2026 ਤੋਂ ਪਹਿਲਾਂ ਸ਼ੁਰੂ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਡਾਗ ਸ਼ੈਲਟਰ ਦੀ ਸਥਾਪਨਾ ਨਾਲ ਕੁੱਤਿਆਂ ਦੇ ਵੱਢਣ ਦੀਆਂ ਘਟਨਾਵਾਂ ਨੂੰ ਘਟਾਉਣ ਅਤੇ ਆਵਾਰਾ ਕੁੱਤਿਆਂ ਲਈ ਢੁੱਕਵੀਂ ਡਾਕਟਰੀ ਦੇਖ਼ਭਾਲ ਤੇ ਇਲਾਜ ਨੂੰ ਯਕੀਨੀ ਬਣਾਉਣ ਵਿੱਚ ਮਦਦ ਮਿਲੇਗੀ। ਇਸ ਮੌਕੇ ਡਾ. ਅਗਰਵਾਲ ਨੇ ਦੱਸਿਆ ਕਿ ਐਨੀਮਲ ਬਰਥ ਕੰਟਰੋਲ ਪ੍ਰੋਗਰਾਮ ਤਹਿਤ ਸ਼ਹਿਰ ਦੇ ਵਾਰਡ ਨੰ.10 ਅਤੇ 11 ਵਿੱਚ ਕੁੱਤਿਆਂ ਦੀ ਸਟਰਲਾਈਜ਼ੇਸ਼ਨ ਮੁਕੰਮਲ ਹੋ ਗਈ ਹੈ। ਜਦਕਿ ਵਾਰਡ ਨੰ. 8 ਅਤੇ 9 ਵਿੱਚ ਡਾਗ ਸਟਰਲਾਈਜ਼ੇਸ਼ਨ ਦਾ ਕੰਮ 80 ਫੀਸਦੀ ਪੂਰਾ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਜਨਵਰੀ ਮਹੀਨੇ ਦੌਰਾਨ



ਕਰੀਬ 543 ਕੁੱਤਿਆਂ ਦੀ ਸਟਰਲਾਈਜ਼ੇਸ਼ਨ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਸ਼ਹਿਰ ਦੀਆਂ ਸੜਕਾਂ ਤੋਂ ਬੇਸਹਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ ਵਿੱਚ ਤਬਦੀਲ ਕੀਤੇ ਜਾਣ ਦੇ ਯਤਨਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਇਸ ਸਾਲ ਜਨਵਰੀ ਮਹੀਨੇ ਦੌਰਾਨ 64 ਬੇਸਹਾਰਾ ਪਸ਼ੂ ਸ਼ਹਿਰ ਦੀਆਂ ਸੜਕਾਂ ਤੋਂ ਗਊਸ਼ਾਲਾਵਾਂ ਵਿੱਚ ਭੇਜੇ ਗਏ ਹਨ। ਕਰਤਾਰਪੁਰ ਵਿਖੇ 3.5 ਕਰੋੜ ਰੁਪਏ ਦੀ ਲਾਗਤ ਨਾਲ 300 ਪਸ਼ੂਆਂ ਦੀ ਸਮਰੱਥਾ ਵਾਲੀ ਗਊਸ਼ਾਲਾ ਦਾ ਨਿਰਮਾਣ ਕੀਤਾ ਗਿਆ ਹੈ, ਜਿਸ ਵਿੱਚ 80 ਤੋਂ ਵੱਧ ਬੇਸਹਾਰਾ ਪਸ਼ੂ ਭੇਜੇ ਜਾ ਚੁੱਕੇ ਹਨ। ਇਸ ਦੌਰਾਨ ਨਗਰ ਨਿਗਮ ਦੇ ਅਧਿਕਾਰੀਆਂ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਇਕ ਹੋਰ ਕੈਟਲ ਕੈਚਰ ਵਾਹਨ ਦੀ ਖ਼ਰੀਦ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮਜ਼ ਨੂੰ ਹਾਈਵੇ ਪੈਟਰੋਲ ਕਮੇਟੀਆਂ ਦਾ ਗਠਨ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਹ ਕਮੇਟੀਆਂ ਅਜਿਹੀਆਂ ਥਾਵਾਂ, ਜਿਥੇ ਬੇਸਹਾਰਾ ਪਸ਼ੂਆਂ ਕਾਰਨ ਹਾਦਸੇ ਵਾਪਰਦੇ ਹਨ, ਬਾਰੇ ਰਿਪੋਰਟ ਦੇਣਗੀਆਂ ਤਾਂ ਜੋ ਲੋੜੀਂਦੇ ਕਦਮ ਚੁੱਕੇ ਜਾ ਸਕਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਵਟਸਐਪ ਐਕਸ਼ਨ ਹੈਲਪਲਾਈਨ 9646222555 'ਤੇ ਬੇਸਹਾਰਾ ਪਸ਼ੂਆਂ ਸਬੰਧੀ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਤੁਰੰਤ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਜਨਤਾ ਨੂੰ ਬੇਸਹਾਰਾ ਪਸ਼ੂਆਂ ਸਬੰਧੀ ਸੂਚਨਾ ਦੇਣ ਲਈ ਹੈਲਪਲਾਈਨ ਨੰਬਰ 'ਤੇ ਵਟਸਐਪ ਮੈਸੇਜ ਕਰਨ ਦੀ ਅਪੀਲ ਵੀ ਕੀਤੀ।ਇਸ ਮੌਕੇ ਸਹਾਇਕ ਕਮਿਸ਼ਨਰ (ਯੂ.ਟੀ.) ਮੁਕਿਲਨ ਆਰ, ਜੁਆਇੰਟ ਕਮਿਸ਼ਨਰ ਨਗਰ ਨਿਗਮ ਮਨਦੀਪ ਕੌਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

## ਛਾਉਣੀ ਨਿਹੰਗ ਸਿੰਘਾਂ ਬੁੱਢਾ ਦਲ ਵਿਖੇ ਗੱਤਕਾ ਮੁਕਾਬਲੇ ਹੋਣਗੇ : ਬਾਬਾ ਬਲਬੀਰ ਸਿੰਘ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿਚ ਇਸ ਸਮੇਂ ਦੌਰਾਨ 2 ਤੇ 3 ਮਾਰਚ ਨੂੰ ਗੁਰਦੁਆਰਾ ਗੁਰੂ ਕਾ ਬਾਗ ਛਾਉਣੀ ਬੁੱਢਾ ਦਲ ਨਿਹੰਗ ਸਿੰਘਾਂ ਵਿਖੇ ਸਿੱਖ ਸ਼ਸਤਰ ਕਲਾ ਗਤਕੇ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ 4 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਨਿਸ਼ਾਨ, ਨਗਾਰਿਆਂ, ਨਰਸਿੰਙਿਆਂ ਦੀ ਛਤਰ ਛਾਇਆ ਹੇਠ ਖਾਲਸਾਈ ਜਾਹੋ ਜਲਾਲ ਨਾਲ ਮਹੱਲਾ ਕੱਢਿਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੈਨੇਜਰ ਪਰਮਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਇਸ ਸਾਲ ਵੀ ਹੋਲੇ ਮਹੱਲੇ ਦੇ ਇਤਿਹਾਸਕ ਦਿਹਾੜੇ ਮੌਕੇ ਸਿੱਖ ਸ਼ਸਤਰ ਕਲਾ ਨਾਲ ਸਬੰਧਤ ਗਤਕੇ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਵਾਰ ਇਨ੍ਹਾਂ ਮੁਕਾਬਲਿਆਂ ਵਿੱਚ 20 ਦੇ ਕਰੀਬ ਨਾਮਵਰ ਟੀਮਾਂ ਭਾਗ ਲੈਣਗੀਆਂ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਭਾਗ ਲੈਣ ਵਾਲੀਆਂ ਟੀਮਾਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਵੱਲੋਂ ਸਨਮਾਨਤ ਕੀਤਾ ਜਾਵੇਗਾ। 3 ਮਾਰਚ ਨੂੰ ਗਤਕਾ ਮੁਕਾਬਲਿਆਂ ਸਮੇਂ ਬੁੱਢਾ ਦਲ ਵੱਲੋਂ ਪੰਜ ਵਿਸ਼ੇਸ਼ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਜਾਵੇਗਾ। ਜਿਨ੍ਹਾਂ ਵਿੱਚ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਹੈਡ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ, ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲੇ, ਗਿਆਨੀ ਗੁਰਦੇਵ ਸਿੰਘ ਅਸਟ੍ਰੇਲੀਆ, ਸੰਤ ਗਿਆਨੀ ਹਰੀ ਸਿੰਘ ਰੰਧਾਵੇ ਵਾਲੇ, ਬਾਬਾ ਜਸਵਿੰਦਰ ਸਿੰਘ ਜੱਸੀ ਇੰਚਾਰਜ ਬੁੱਢਾ ਦਲ ਅਮਰੀਕਾ ਨੂੰ ਸ਼ਾਮਲ ਹਨ।

# ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਵਿਖੇ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼, ਡੇਰਾਬੱਸੀ ਵੱਲੋਂ ਇੰਸਟੀਚਿਊਟ ਇਨੋਵੇਸ਼ਨ ਸੈੱਲ ਦੇ ਸਹਿਯੋਗ ਨਾਲ ਰਾਸ਼ਟਰੀ ਵਿਗਿਆਨ ਦਿਵਸ ਬੜੀ ਧੂਮ-ਧਾਮ ਅਤੇ ਉਤਸ਼ਾਹ ਨਾਲ ਮਨਾਇਆ




ਗਿਆ। ਇਹ ਸਮਾਗਮ ਮਹਾਨ ਭਾਰਤੀ ਵਿਗਿਆਨੀ ਸਰ ਸੀ.ਵੀ. ਰਮਨ ਦੀ ਬੇਮਿਸਾਲ ਖੋਜ ਰਮਨ ਪ੍ਰਭਾਵ ਦੀ ਯਾਦ ਵਿੱਚ ਅਤੇ ਵਿਦਿਆਰਥੀਆਂ ਅੰਦਰ ਵਿਗਿਆਨਕ ਸੋਚ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਕਰਵਾਇਆ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਅਤੇ ਬੌਧਿਕ ਸਮਰੱਥਾ ਨੂੰ ਪਰਖਣ ਲਈ ਕਈ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ। ਇਸ ਵਿੱਚ ਮੁੱਖ ਤੌਰ 'ਤੇ ਸਾਇੰਸ ਕੁਇਜ਼, ਨਵੀਨਤਾਕਾਰੀ ਪੋਸਟਰ ਪੇਸ਼ਕਾਰੀ ਅਤੇ ਇੱਕ ਗੰਭੀਰ ਬਹਿਸ ਮੁਕਾਬਲਾ (ਡੀਬੇਟ) ਸ਼ਾਮਲ ਸੀ। ਬਹਿਸ ਮੁਕਾਬਲੇ ਦਾ ਵਿਸ਼ਾ 'ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) - ਵਰਦਾਨ ਜਾਂ ਸਰਾਪ' ਸੀ। ?ਪੋਸਟਰ ਪੇਸ਼ਕਾਰੀ ਰਾਹੀਂ ਵਿਦਿਆਰਥੀਆਂ ਨੇ ਵਾਤਾਵਰਣ ਸੰਭਾਲ, ਸਿਹਤ ਅਤੇ ਭਵਿੱਖ ਦੀਆਂ ਤਕਨੀਕਾਂ ਨਾਲ ਸਬੰਧਤ ਮਾਡਲ ਅਤੇ ਚਾਰਟ ਪੇਸ਼ ਕਰਕੇ ਆਪਣੀ ਨਵੀਨਤਮ ਸੋਚ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਵੱਖ-ਵੱਖ ਮੁਕਾਬਲਿਆਂ ਵਿੱਚੋਂ ਜੇਤੂ ਰਹੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਜੇਤੂਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਪ੍ਰਸੰਸਾ ਪੱਤਰ ਅਤੇ ਯਾਦਗਾਰੀ ਚਿੰਨ੍ਹ (ਅਵਾਰਡ) ਦੇ ਕੇ ਨਿਵਾਜਿਆ ਗਿਆ।ਸਮਾਗਮ ਦੇ ਅੰਤ ਵਿੱਚ ਡਾ. ਰੋਜ਼ੀ ਕਤਿਆਲ (ਪ੍ਰਿੰਸੀਪਲ, ਐਲ.ਪੀ.ਪੀ.ਸੀ.) ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਦੇ ਯੁੱਗ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਅਤੇ ਖੋਜ ਭਰਪੂਰ ਮਾਨਸਿਕਤਾ ਵਿਕਸਿਤ ਕਰਨਾ ਬਹੁਤ ਜ਼ਰੂਰੀ ਹੈ।

# ਮੇਹਰਚੰਦ ਪੋਲੀਟੈਕਨਿਕ ਵਿਖੇ ਤਿੰਨ ਰੋਜ਼ਾ ਸ਼ਾਰਟ ਟਰਮ ਕੋਰਸ ਸਮਾਪਤ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿਖੇ ਨਿੱਟਰ ਚੰਡੀਗੜ੍ਹ ਵੱਲੋਂ ਲਗਾਇਆ ਗਿਆ 25 ਫਰਵਰੀ ਤੋਂ 27 ਫਰਵਰੀ ਤੱਕ ਤਿੰਨ



ਰੋਜ਼ਾ ਸ਼ਾਰਟ ਟਰਮ ਕੋਰਸ ਸਮਾਪਤ ਹੋ ਗਿਆ ਹੈ। "ਇੰਸਟਰਕਸ਼ਨ ਡਿਜਾਇਨ ਐਂਡ ਡਲਿਵਰੀ" ਵਿਸ਼ੇ ਉੱਤੇ ਲਗਾਏ ਗਏ ਇਸ ਕੋਰਸ ਦਾ ਸੰਚਾਲਨ ਨਿੱਟਰ ਚੰਡੀਗੜ੍ਹ ਦੇ ਐਜੂਕੇਸ਼ਨ ਮੈਨੇਜਮੈਂਟ ਵਿਭਾਗ ਦੇ ਮੁਖੀ ਪ੍ਰੋ. ਏ.ਬੀ ਗੁਪਤਾ ਅਤੇ ਮੈਡਮ ਅਮਨਦੀਪ ਕੌਰ ਨੇ ਕੀਤਾ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਵੱਖ-ਵੱਖ ਕਾਲਜਾਂ ਦੇ 30 ਟੀਚਰਾਂ ਵੱਲੋਂ ਇਹ ਕੋਰਸ ਲਗਾਇਆ ਗਿਆ ਜਿਸ ਵਿੱਚ ਨਤੀਜਾ ਅਧਾਰਿਤ ਸਿੱਖਿਆ, ਐਜੂਕੇਸ਼ਨ-4, ਬਲੂਮ ਟੈਕਸੋਨਾਮੀ, ਸਿੱਖਣ ਦੀ ਪ੍ਰਮੁੱਖ ਸਥਿਤੀਆਂ, ਕਲਾਸ ਰੂਮ ਮੈਨੇਜਮੈਂਟ, ਪੜ੍ਹਾਉਣ ਜਾਂ ਨਿਰਦੇਸ਼ਨ ਦੀਆਂ ਤਰਤੀਬਵਾਰ ਘਟਨਾਵਾਂ ਵਰਗੇ ਕਈ ਸੂਖਮ ਵਿਸ਼ਿਆ ਤੇ ਗੱਲਬਾਤ ਕੀਤੀ। ਪ੍ਰੋਗਰਾਮ ਦੇ ਅਖੀਰਲੇ ਦਿਨ ਸਮਾਪਤੀ ਸਮਾਰੋਹ ਦੌਰਾਨ ਐਚ ਐਮ ਵੀ ਤੋਂ ਪ੍ਰੋ.ਡਾ. ਪ੍ਰੇਮ ਸਾਗਰ ਨੇ ਅਧਿਆਪਕਾ ਨੂੰ ਪ੍ਰੇਰਿਤ ਕਰਨ ਲਈ ਗੀਤ ਸੁਣਾਏ। ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਰਾਜੀਵ ਭਾਟੀਆ ਸਨ ਤੇ ਪ੍ਰਿੰਸ ਮਦਾਨ ਨੇ ਕੋ- ਕੋਆਰਡੀਨੇਟਰ ਦਾ ਫਰਜ਼ ਨਿਭਾਇਆ। ਸੰਚਾਲਕ ਦੀ ਭੂਮੀਕਾ ਵੀ ਰਾਜੀਵ ਭਾਟੀਆ ਨੇ ਨਿਭਾਈ ਤੇ ਅੰਤ ਵਿੱਚ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਆਏ ਹੋਏ ਰਿਸੋਰਸ ਪਰਸਨ ਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ।

## ਰਿਹਾਇਸ਼ੀ ਵਿੰਗਾਂ ਦੇ ਟਰਾਇਲ 'ਚ 660 ਖਿਡਾਰੀਆਂ ਨੇ ਲਿਆ ਭਾਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਡਾਇਰੈਕਟਰ ਖੇਡ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਖੇਡ ਵਿਭਾਗ ਵੱਲੋਂ ਖੇਡ ਭਵਨ ਸੈਕਟਰ-78, ਸਰਦਾਰ ਬਲਬੀਰ ਸਿੰਘ ਓਲੰਪੀਅਨ ਸੀਨੀਅਰ ਇੰਟਰਨੈਸ਼ਨਲ ਹਾਕੀ ਸਟੇਡੀਅਮ ਸੈਕਟਰ -63 ਅਤੇ



ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 3ਬੀ-1, ਐਸ.ਏ.ਐਸ ਨਗਰ ਵਿਖੇ ਪੀ.ਆਈ.ਐਸ ਦੇ ਰਿਹਾਇਸ਼ੀ ਵਿੰਗਾਂ ਲਈ ਟਰਾਇਲ ਸਫਲਤਾਪੂਰਵਕ ਕਰਵਾਏ ਗਏ।ਇਨ੍ਹਾਂ ਟਰਾਇਲਾਂ ਵਿੱਚ ਬਾਕਸਿੰਗ, ਫੈਂਸਿੰਗ, ਹੈਂਡਬਾਲ, ਜੂਡੋ, ਤੈਰਾਕੀ, ਵਾਲੀਬਾਲ, ਜਿਮਨਾਸਟਿਕਸ, ਕੁਸ਼ਤੀ, ਹਾਕੀ, ਤੀਰਅੰਦਾਜ਼ੀ ਅਤੇ ਐਥਲੈਟਿਕਸ ਸਮੇਤ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਲਈ ਜ਼ਿਲ੍ਹੇ ਭਰ 'ਚੋਂ ਕੁੱਲ 660 ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਗੁਰਦੀਪ ਕੌਰ, ਡਾਇਰੈਕਟਰ ਐਡਮਿਨ ਅਤੇ ਜੀਵਨਜੋਤ ਸਿੰਘ ਤੇਜਾ, ਡਾਇਰੈਕਟਰ ਟ੍ਰੇਨਿੰਗ, ਪੀ.ਆਈ.ਐਸ ਪੰਜਾਬ, ਚੰਡੀਗੜ੍ਹ ਵੱਲੋਂ ਟਰਾਇਲ ਸਥਾਨਾਂ ਦਾ ਦੌਰਾ ਕਰਕੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਰੁਪੇਸ਼ ਕੁਮਾਰ ਬੇਗੜਾ, ਜ਼ਿਲ੍ਹਾ ਖੇਡ ਅਫਸਰ ਨੇ ਦੱਸਿਆ ਕਿ ਇਨ੍ਹਾਂ ਟਰਾਇਲਾਂ ਦਾ ਮੁੱਖ ਉਦੇਸ਼ ਨਵੇਂ ਪ੍ਰਤਿਭਾਵਾਨ ਖਿਡਾਰੀਆਂ ਦੀ ਪਹਿਚਾਣ ਕਰਨਾ ਅਤੇ ਉਨ੍ਹਾਂ ਨੂੰ ਉੱਚ ਪੱਧਰੀ ਟ੍ਰੇਨਿੰਗ ਮੁਹੱਈਆ ਕਰਵਾਉਣਾ ਹੈ, ਤਾਂ ਜੋ ਉਹ ਰਾਜ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰ ਸਕਣ।

## ਬੱਚਿਆਂ ਜਥੇਦਾਰ ਫਾਰਮ ਦਾ ਟੂਰ ਲਗਾਇਆ

**ਨਵਾਂਸ਼ਹਿਰ (ਮਨੋਜ ਲਾਡੀ)**- ਪਾਠਸ਼ਾਲਾ ਪਲੇਅ ਵੇਅ ਅਤੇ ਡੇਅ ਕੇਅਰ ਸਕੂਲ ਨਵਾਂਸ਼ਹਿਰ ਵਲੋਂ ਸਕੂਲੀ ਬੱਚਿਆਂ ਅਤੇ ਸਟਾਫ ਨੇ ਜਥੇਦਾਰ ਫਾਰਮ ਰਾਹੋਂ ਦਾ ਟੂਰ ਲਗਾਇਆ।ਇਸ ਮੌਕੇ ਬੱਚਿਆਂ ਵਲੋਂ ਜਥੇਦਾਰ ਫਾਰਮ ਤੇ ਰਿਸੋਰਟਜ਼ ਵਿਖੇ ਪਾਰਕ ਵਿਚ ਵੱਖ-ਵੱਖ ਗਤੀਵਿਧੀਆਂ ਕਰਕੇ ਮਨੋਰੰਜਨ ਕੀਤਾ ਗਿਆ। ਉਨ੍ਹਾਂ ਉਥੇ ਸਥਾਪਿਤ ਵਿਰਾਸਤੀ ਚੀਜ਼ਾਂ ਵੀ ਵੇਖੀਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੈਡਮ ਕੰਵਲਜੀਤ ਕੌਰ ਨੇ ਦੱਸਿਆ ਕਿ ਅਜਿਹੇ ਵਿਦਿਅਕ ਟੂਰ ਨਾਲ ਬੱਚਿਆਂ ਅੰਦਰ ਚੀਜ਼ਾਂ ਨੂੰ ਦੇਖਣ




ਅਤੇ ਸਿੱਖਣ ਵਿਚ ਸਹਾਇਤਾ ਮਿਲਦੀ ਹੈ।ਉਨ੍ਹਾਂ ਕਿਹਾ ਕਿ 25 ਬੱਚਿਆਂ ਅਤੇ ਅਧਿਆਪਕਾਵਾਂ ਦੇ ਗਰੁੱਪ ਨੇ ਟੂਰ ਦੌਰਾਨ ਬਹੁਤ ਮਨੋਰੰਜਨ ਕੀਤਾ। ਇਸ ਮੌਕੇ ਹਰਤੇਸ਼ਵਰ ਕੌਰ, ਜੱਸੀ ਕੌਰ, ਸਰਬਜੀਤ ਕੌਰ, ਹਰਪ੍ਰੀਤ ਕੌਰ, ਕੋਮਲ ਆਦਿ ਵੀ ਹਾਜ਼ਰ ਸਨ।

# ਸਰਵੇ ਕਰਕੇ ਪੁਰਾਣੇ ਤੇ ਨਵੇਂ ਵਰਕਰਾਂ ਨੂੰ ਜੋੜਿਆ ਜਾ ਰਿਹਾ : ਰਣਜੀਤ ਕੌਰ ਕਾਕੜ ਕਲਾਂ

**ਨਕੋਦਰ (ਮਨਜੀਤ ਮਾਨ)**- ਨਕੋਦਰ ਸ਼ਹਿਰ ਦੇ 4,6,7,8,9,12 ਵਾਰਡਾਂ ਵਿੱਚ ਐਮ ਐਲ ਏ ਮੈਡਮ ਇੰਦਰਜੀਤ ਕੌਰ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ਼ਾਹਕੋਟ ਤੋਂ ਡਾਇਰੈਕਟਰ ਇਫੋਟੈਕ ਪੰਜਾਬ ਬੀਬੀ



ਰਣਜੀਤ ਕੌਰ ਕਾਕੜ ਕਲਾਂ ਵਾਈਸ ਪ੍ਰਧਾਨ ਆਪ ਮਹਿਲਾ ਵਿੰਗ ਤੇ ਹਲਕਾ ਸੰਗਠਨ ਇੰਚਾਰਜ ਜਸਵੀਰ ਸਿੰਘ ਧੰਜਲ ਤੇ ਬਲਾਕ ਪ੍ਰਧਾਨ ਕਰਨਵੀਰ ਸ਼ਰਮਾ ਵੱਲੋਂ ਪਾਰਟੀ ਨਾਲ ਜੁੜੇ ਵਰਕਰਾਂ ਨਾਲ ਤਾਲਮੇਲ ਕਾਇਮ ਕਰਕੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸ ਦੇ ਤਹਿਤ ਪੁਰਾਣੇ ਅਤੇ ਨਵੇਂ ਜੁੜੇ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਮੀਟਿੰਗਾਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪਾਰਟੀ ਹਾਈ ਕਮਾਂਡ ਨੇ ਸ਼ਹਿਰ ਦੀਆਂ 17 ਵਾਰਡਾਂ ਦਾ ਰੋਜ਼ ਸਰਵੇ ਕਰਕੇ ਪੁਰਾਣੀਆਂ ਕਮੇਟੀਆਂ ਨੂੰ ਨਵਿਆਇਆ ਜਾ ਰਿਹਾ ਹੈ। ਕੰਮ ਨਾ ਕਰਨ ਵਾਲੇ ਅਤੇ ਫਰਜ਼ੀ ਵਰਕਰਾਂ ਦੇ ਨਾਮ ਕਮੇਟੀਆਂ ਵਿੱਚੋਂ ਕੱਟ ਕੇ ਨਵੇਂ ਵਰਕਰਾਂ ਦੇ ਨਾਮ ਵੀ ਪਾਏ ਜਾ ਰਹੇ ਹਨ। ਇਸ ਸਰਵੇ ਦੀ ਰੋਜ਼ਾਨਾ ਰਿਪੋਰਟ ਬਣਾ ਕੇ ਹਾਈ ਕਮਾਂਡ ਨੂੰ ਭੇਜੀ ਜਾਂਦੀ ਹੈ। ਇਸ ਤੋਂ ਇਲਾਵਾ ਪਾਰਟੀ ਵੱਲੋਂ ਬਣਾਈ ਗਈ ਐਪ ਨੂੰ ਵੀ ਡਾਊਨਲੋਡ ਕਰਨ ਦੀ ਪ੍ਰਤਿਕ੍ਰਿਆ ਸ਼ੁਰੂ ਕੀਤੀ ਗਈ ਹੈ। ਤਾਂ ਜੋ ਆਮ ਆਦਮੀ ਪਾਰਟੀ ਪੰਜਾਬ ਸਰਕਾਰ ਵੱਲੋਂ ਵਿਕਾਸ ਦੇ ਕੰਮਾਂ ਨੂੰ ਆਸਾਨੀ ਨਾਲ ਘਰ ਘਰ ਤੱਕ ਪਹੁੰਚਾਇਆ ਜਾ ਸਕੇ। ਇਸ ਮੌਕੇ ਬਲਾਕ ਪ੍ਰਧਾਨ ਮਹਿਲਾ ਵਿੰਗ ਕਮਲਜੀਤ ਕੌਰ, ਐਸ ਸੀ ਵਿੰਗ ਬਲਵਿੰਦਰ ਸਿੰਘ, ਬੀ ਕੇ ਯੂਥ ਵਿੰਗ ਅਜੇ ਕੁਮਾਰ ਰਾਧੇ, ਕਿਸਾਨ ਵਿੰਗ ਅਮਰੀਕ ਸਿੰਘ ਥਿੰਦ ਆਦਿ ਵੀ ਹਾਜ਼ਰ ਸਨ।

# ਅਣਗਹਿਲੀਆਂ, ਊਣਤਾਈਆਂ ਤੇ ਨਿੱਜੀ ਸਵਾਰਥ ਕਾਰਨ ਮੂਲ ਸੰਵਿਧਾਨਕ ਅਧਿਕਾਰ ਬਣੇ ਕਾਗਜ਼ੀ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ, ਮੀਤ ਪ੍ਰਧਾਨ ਸੋਨੂ ਮਹਿਤਪੁਰ ਅਤੇ ਆਗੂ ਗਿਆਨ ਚੰਦ ਨੇ ਸੁਪਰੀਮ ਕੋਰਟ ਅਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵਲੋਂ ਸਰਕਾਰਾਂ ਨੂੰ ਪ੍ਰਦੂਸ਼ਣ, ਸੀਵਰੇਜ ਵਿਵਸਥਾ ਅਤੇ ਕੂੜੇ ਦੇ ਪ੍ਰਬੰਧਨ ਨੂੰ ਲੈ ਕੇ ਦਿੱਤੇ ਨਿਰਦੇਸ਼ਾਂ ਦੀ ਸਰਕਾਰਾਂ ਵਲੋਂ ਨਾ ਪਾਲਣਾ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਇਨ੍ਹਾਂ ਸਰਬਉਚ ਸੰਸਥਾਵਾਂ ਵਲੋਂ ਦਿੱਤੇ ਜਾਂਦੇ ਦਿਸ਼ਾ ਨਿਰਦੇਸ਼ ਅੰਤਰਰਾਸ਼ਟਰੀ ਪਧੱਰ ਅਤੇ ਲੋਕਾਂ ਨੂੰ ਬਿਨਾਂ ਕਿਸੇ ਭੇਦਭਾਵ ਤੋਂ ਸੰਵਿਧਾਨਕ ਸੇਵਾਵਾਂ ਮੁਹੱਈਆ ਵਾਲੇ ਹਨ।ਧੀਮਾਨ ਨੇ ਕਿਹਾ ਕਿ ਹਵਾ-ਪਾਣੀ ਅਤੇ ਸਵੱਛਤਾ ਲੋਕਾਂ ਦੇ ਮੂਲ ਸੰਵਿਧਾਨਕ ਅਧਿਕਾਰ ਹਨ ।ਨੈਸ਼ਨਲ ਗ੍ਰੀਨ ਟ੍ਰਬਿਊਨਲ ਵਲੋਂ ਪੰਜਾਬ ਸਰਕਾਰ ਨੂੰ 185 ਕਰੋੜ ਰੁਪਏ ਦਾ ਜਿਹੜਾ ਜੁਰਮਾਨਾ ਲੱਗਾ ਹੈ, ਉਹ ਸਰਕਾਰ ਦੀ ਘਟੀਆ ਕਾਰਗੁਜ਼ਾਰੀ ਦਾ ਹੀ ਸਿੱਟਾ ਹੈ।ਲੋਕ ਆਪਣੀ ਮਿਹਨਤ ਦੀ ਕਮਾਈ ਵਿਚੋਂ ਟੈਕਸ ਸੰਵਿਧਾਨਕ ਸੇਵਾਵਾਂ ਲੈਣ ਲਈ ਦਿੰਦੇ ਹਨ ਨਾ ਕਿ ਜੁਰਮਾਨੇ ਅਦਾ ਕਰਨ ਲਈ।ਇਸੇ ਤਰ੍ਹਾਂ ਟ੍ਰਿਬਿਊਨਲ ਨੇ ਸਵੱਛ ਭਾਰਤ ਮਿਸ਼ਨ ਤਹਿਤ ਪਿੰਡਾਂ ਅਤੇ ਸ਼ਹਿਰਾਂ ਨੂੰ ਗੰਦਗੀ ਅਤੇ ਪ੍ਰਦੂਸ਼ਣ ਤੇ ਪਲਾਸਟਿਕ ਤੋਂ ਛੁਟਕਾਰਾ ਦਿਵਾਉਣ ਲਈ ਦਿੱਤੇ ਦਿਸ਼ਾ ਨਿਰਦੇਸ਼ਾਂ ਦਾ 1% ਵੀ ਪੰਜਾਬ ਅੰਦਰ ਨਾ ਤਾ ਪੰਜਾਬ ਪ੍ਰਦੂਸ਼ਣ ਕੰਟਰੋਲ ਵਿਭਾਗ, ਨਾ ਹੀ ਪੰਚਾਇਤੀ ਰਾਜ ਦੇ ਉਚ ਅਧਿਕਾਰੀਆਂ ਅਤੇ ਨਾ ਹੀ ਪੀ ਡਵਲਯੂ-ਬੀ ਐਂਡ ਆਰ ਅਤੇ ਸਬੰਧਤ ਮੰਤਰਾਲਿਆਂ ਨੇ ਆਪਣੇ ਟੀਚੇ ਪੂਰੇ ਕੀਤੇ।ਅਧੂਰੇ ਅਤੇ ਨਾ ਪੂਰੇ ਹੋਣ ਕਰਕੇ ਸਾਰੇ ਪ੍ਰਜੈਕਟਾਂ ਉਤੇ



ਲੱਖਾਂ ਵਿਚ ਕਰੋੜਾਂ ਰੁਪਇਆ ਮਨਜ਼ੂਰ ਹੋਇਆ ਤੇ ਲਗਭਗ 70-80% ਭ੍ਰਿਸ਼ਟਾਚਾਰੀਆਂ ਦੀ ਜੇਬਾਂ ਵਿਚ ਚਲੇ ਗਿਆ।ਸਵੱਛ ਭਾਰਤ ਮਿਸ਼ਨ ਤਹਿਤ ਤਾਂ ਕੂੜੇ ਦੇ ਢੇਰਾਂ ਅਤੇ ਪਲਾਸਟਿਕ ਨੂੰ ਸਾੜਨ ਦੀ ਸਖਤ ਮਨਾਹੀ ਹੈ, ਪਰ ਫਿਰ ਵੀ ਸ਼ਰੇਆਮ ਪਲਾਸਟਿਕ ਦੇ ਢੇਰਾਂ ਨੂੰ ਅਤੇ ਕਚਰੇ ਨੂੰ ਸਾੜਿਆ ਜਾ ਰਿਹਾ ਹੈ।ਇਸੇ ਤਰ੍ਹਾਂ ਸਧਾਰਨ ਸੜਕਾਂ ਅਤੇ ਸਟੇਟ ਹਾਈਵੇਜ਼ ਦੇ ਆਸ ਪਾਸ ਪਲਾਸਟਿਕ ਦੇ ਕੂੜੇ ਵਾਲੇ ਢੇਰਾਂ ਦੇ ਅੰਬਾਰ ਲੱਗੇ ਪਏ ਹਨ। ਦਿਸ਼ਾ ਨਿਰਦੇਸ਼ਾਂ ਦੇ ਬਾਵਜੂਦ ਨਾ ਧਿਆਨ ਦੇਣਾ ਬਹੁਤ ਵੱਡੀ ਅਣਗਹਿਲੀ ਹੈ ਤੇ ਇਨ੍ਹਾਂ ਸਰਕਾਰੀ ਅਣਗਹਿਲੀਆਂ ਦਾ ਖਮਿਆਜ਼ਾ ਪੰਜਾਬ ਦੇ ਸਾਰੇ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।ਸਰਕਾਰੀ ਘਟੀਆ ਗਵਰਨੰਸ ਕਰਕੇ ਕੈਂਸਰ, ਦਮਾ ਅਤੇ ਹੋਰ ਭਿਆਨਕ ਬੀਮਾਰੀਆਂ ਲੋਕਾਂ ਦੇ ਘਰਾਂ ਉਤੇ ਦਸਤਕ ਦੇ ਰਹੀਆਂ ਹਨ।ਧੀਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਸਕੀਮਾਂ ਪ੍ਰਤੀ ਢਿੱਲ ਮੱਠ ਕਾਰਵਾਈ ਕਾਰਨ ਭ੍ਰਿਸ਼ਟਾਚਾਰ ਸਕੀਮਾਂ ਵਿਚ ਫੈਲਿਆ ਹੋਇਆ ਹੈ। ਅੱਜ ਕੱਲ੍ਹ ਤਾਂ ਸਾਰਾ ਆਨਲਾਇਨ ਕੰਮ ਹੋ ਰਿਹਾ ਹੈ ਤੇ ਕੇਂਦਰ ਸਰਕਾਰ ਆਡਿਟ ਟੀਮਾਂ ਵੀ ਭੇਜਦੀ ਹੈ ਪਰ ਫਿਰ ਵੀ ਭ੍ਰਿਸ਼ਟਾਚਾਰ ਲਗਾਤਾਰ ਜਾਰੀ ਹੈ।ਇਹ ਸਾਫ ਹੈ ਕਿ ਹੇਠਾਂ ਤੋਂ ਲੈ ਕੇ ਸਭ ਉਪਰ ਤੱਕ ਇਕ ਹੀ ਹਨ।ਉਨ੍ਹਾਂ ਕਿਹਾ ਕਿ ਕੈਗ, ਈ ਡੀ, ਸੀ ਬੀ ਆਈ ਸਵੱਛ ਭਾਰਤ ਮਿਸ਼ਨ ਦੇ ਅੰਦਰ ਹੋਏ ਭ੍ਰਿਸ਼ਟਾਚਾਰ ਦੀ ਕਿਉਂ ਪੜਤਾਲ ਨਹੀਂ ਇਹ ਏਜੰਸੀਆਂ ਕਰ ਰਹੀਆਂ ਤੇ ਨਾ ਹੀ ਸਰਕਾਰ ਕਰਵਾ ਰਹੀ ਹੈ। ਅਗਰ ਸਾਡੇ ਵਰਗੇ ਵਿਅਕਤੀਆਂ ਨੂੰ ਭ੍ਰਿਸ਼ਟਾਚਾਰ ਨਜ਼ਰ ਆ ਰਿਹਾ ਹੈ ਤੇ ਫਿਰ ਸਰਕਾਰਾਂ ਨੂੰ ਕਿਉਂ ਨਹੀਂ? ਧੀਮਾਨ ਨੇ ਲੋਕਾਂ ਨੂੰ ਅਪਣੇ ਸੰਵਿਧਾਨਕ ਅਧਿਕਾਰਾਂ ਪ੍ਰਤੀ ਜਾਗਰੂਕ ਹੋਣ ਦੀ ਅਪੀਲ ਕੀਤੀ ਤੇ ਭ੍ਰਿਸ਼ਟਾਚਾਰ ਦੇ ਵਿਰੁੱਧ ਲਾਮਬੰਦ ਹੋਣ ਲਈ ਵੀ ਕਿਹਾ।ਇਸ ਮੌਕੇ ਓਮ ਪ੍ਰਕਾਸ਼, ਜਸਵੀਰ ਸਿੰਘ, ਮੋਨਾ ਖਾਨ, ਕੁਲਵਿੰਦਰ ਸਿੰਘ, ਰਾਜ ਕੁਮਾਰ ਆਦਿ ਹਾਜ਼ਰ ਸਨ।

## ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ : ਡਾ. ਰਾਜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦਿੱਲੀ ਦੇ ਕਥਿਤ ਸ਼ਰਾਬ ਘੋਟਾਲੇ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਸੰਯੋਜਕ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਬਰੀ ਹੋ ਗਏ ਹਨ। ਰਾਉਜ਼ ਐਵੇਨਿਊ ਕੋਰਟ ਦੇ ਫੈਸਲੇ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਹਲਕਾ ਹੁਸ਼ਿਆਰਪੁਰ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਚੱਬੇਵਾਲ ਤੋਂ ਵਿਧਾਇਕ ਉਨ੍ਹਾਂ ਦੇ ਪੁੱਤਰ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਅਦਾਲਤ ਦੇ ਫੈਸਲੇ ਨੇ ਸਚਾਈ ਨੂੰ ਸਾਹਮਣੇ ਲਿਆ ਦਿੱਤਾ ਹੈ। ਡਾ. ਰਾਜ ਨੇ ਕਿਹਾ, ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ। ਇਨਸਾਫ ਵਿੱਚ ਦੇਰੀ ਹੋ ਸਕਦੀ ਹੈ ਪਰ ਇਨਸਾਫ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਹੋਰ ਸਾਰੇ ਲੋਕਾਂ ਨੂੰ ਦਿੱਲੀ ਦੇ ਕਥਿਤ ਸ਼ਰਾਬ ਘੋਟਾਲੇ ਮਾਮਲੇ ਵਿੱਚ ਮਾਣਯੋਗ ਅਦਾਲਤ ਵੱਲੋਂ ਝੂਠੇ ਅਤੇ ਮਨਘੜੰਤ ਦੋਸ਼ਾਂ ਤੋਂ ਬਰੀ ਕਰ ਦਿੱਤਾ ਗਿਆ ਹੈ, ਜਿਸ ਨਾਲ ਇੱਕ ਵਾਰ ਫਿਰ ਸਾਬਤ ਹੋ ਗਿਆ ਹੈ ਕਿ ਭਾਜਪਾ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਏਜੰਸੀਆਂ ਨੇ ਆਮ ਆਦਮੀ ਪਾਰਟੀ ਦੀ ਇਮਾਨਦਾਰ ਰਾਜਨੀਤੀ ਨੂੰ ਬਦਨਾਮ ਕਰਨ ਅਤੇ ਨੁਕਸਾਨ ਪਹੁੰਚਾਉਣ ਲਈ ਇਹ ਸਭ ਕੀਤਾ ਸੀ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੂੰ ਛੋਟੇ ਸਮੇਂ ਦੀ ਰਾਜਨੀਤੀ ਲਈ ਦੇਸ਼ ਦੀਆਂ ਜਾਂਚ ਏਜੰਸੀਆਂ ਦੀ ਸਾਖ ਨੂੰ ਇਸ ਤਰ੍ਹਾਂ ਦਾਅ 'ਤੇ ਨਹੀਂ ਲਗਾਉਣਾ ਚਾਹੀਦਾ। ਡਾ. ਰਾਜ ਨੇ ਭਾਰਤੀ ਜਨਤਾ ਪਾਰਟੀ 'ਤੇ ਦੋਸ਼ ਲਗਾਇਆ ਕਿ ਉਸ ਨੇ ਆਮ ਆਦਮੀ ਪਾਰਟੀ ਨੂੰ ਬਦਨਾਮ ਕਰਨ ਲਈ ਕੇਂਦਰੀ ਏਜੰਸੀਆਂ ਦਾ ਗਲਤ ਇਸਤੇਮਾਲ ਕੀਤਾ।

## ਪੁਲਸ ਮੁਕਾਬਲੇ ਦੀ ਸੀ ਬੀ ਆਈ ਜਾਂਚ ਕਰਵਾਉਣ ਨੂੰ ਲੈ ਕੇ ਗ੍ਰਹਿ ਮੰਤਰਾਲੇ ਨੂੰ ਲਿਖਿਆ ਪੱਤਰ

**ਮੁਹਾਲੀ (ਗੁਰਜੀਤ ਬਿੱਲਾ)**- ਮਿਸਲ ਸਤਲੁਜ ਦੇ ਪ੍ਰਧਾਨ ਅਜੇਪਾਲ ਸਿੰਘ ਬਰਾੜ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇੱਕ ਪੱਤਰ ਲਿਖ ਕੇ ਗੁਰਦਾਸਪੁਰ ਵਿੱਚ ਹੋਏ ਕਥਿਤ ਪੁਲਸ ਮੁਕਾਬਲੇ ਦੀ ਸਮਾਂ-ਬੱਧ ਅਤੇ ਨਿਰਪੱਖ ਜਾਂਚ ਸੀ ਬੀ ਆਈ ਤੋਂ ਕਰਵਾਉਣ ਦੀ ਮੰਗ ਕੀਤੀ ਗਈ ਹੈ। ਅਜੇਪਾਲ ਸਿੰਘ ਬਰਾੜ ਵੱਲੋਂ ਇਹ ਪੱਤਰ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਭੇਜਿਆ ਗਿਆ ਹੈ।ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਨਾਂਅ ਹੇਠ ਭੇਜੇ ਗਏ ਪੱਤਰ ਵਿੱਚ ਗੁਰਦਾਸਪੁਰ ਵਿੱਚ ਹੋਏ ਪੁਲਸ ਮੁਕਾਬਲੇ ਦੇ ਹਰ ਪਹਿਲੂ ਨੂੰ ਦਰਸਾਇਆ ਗਿਆ ਹੈ। ਬਰਾੜ ਨੇ ਆਪਣੇ ਪੱਤਰ ਵਿੱਚ ਲਿਖਿਆ ਕਿ, ਗੁਰਦਾਸਪੁਰ ਵਿੱਚ ਇੱਕ ਸਿੱਖ ਨੌਜਵਾਨ ਦੀ ਕਥਿਤ ਪੁਲਸ ਮੁਕਾਬਲੇ ਦੌਰਾਨ ਮੌਤ ਨੇ ਪੰਜਾਬ ਦੇ ਲੋਕਾਂ ਵਿੱਚ ਗੰਭੀਰ ਚਿੰਤਾ ਅਤੇ ਅਸੁਰੱਖਿਆ ਦਾ ਮਾਹੌਲ ਪੈਦਾ ਕੀਤਾ ਹੈ। ਇਸ ਘਟਨਾ ਦੀ ਸਚਾਈ, ਸਹੀ ਤੱਥ ਅਤੇ ਪੁਲਸ ਵਲੋਂ ਪੇਸ਼ ਕੀਤੇ ਜਾ ਰਹੇ ਦਾਅਵਿਆਂ ਦੀ ਅਸਲ ਸਚਾਈ ਨੂੰ ਸਾਹਮਣੇ ਲਿਆਉਣ ਅਤੇ ਦੋਹਾਂ ਘਟਨਾਵਾਂ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਕੇਂਦਰੀ ਏਜੰਸੀ ਵੱਲੋਂ ਜਾਂਚ ਬਹੁਤ ਜ਼ਰੂਰੀ ਹੈ। ਬਰਾੜ ਨੇ ਕਿਹਾ ਕਿ ਜੇਕਰ ਇਸ ਤਰ੍ਹਾਂ ਦੀਆਂ ਘਟਨਾਵਾਂ ਦੀ ਪਾਰਦਰਸ਼ੀ ਜਾਂਚ ਨਾ ਹੋਵੇ ਤਾਂ ਲੋਕਾਂ ਦਾ ਕਾਨੂੰਨ ਅਤੇ ਪ੍ਰਸ਼ਾਸਨ 'ਤੇ ਭਰੋਸਾ ਕਮਜ਼ੋਰ ਹੁੰਦਾ ਹੈ। ਇਸ ਲਈ ਕੇਂਦਰ ਸਰਕਾਰ ਨੂੰ ਤੁਰੰਤ ਦਖਲ ਦੇ ਕੇ ਸੀ ਬੀ ਆਈ ਜਾਂਚ ਨੂੰ ਮਨਜ਼ੂਰੀ ਦੇਣੀ ਚਾਹੀਦੀ ਹੈ।

# ਇਮਾਨਦਾਰੀ ਤੇ ਜਵਾਬਦੇਹੀ ਨੂੰ ਆਪਣੀ ਕਾਰਜਸ਼ੈਲੀ ਦਾ ਬਣਾਓ ਆਧਾਰ : ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਹੁਸ਼ਿਆਰਪੁਰ 'ਚ ਸਥਾਨਕ ਸਿਟੀ ਸੈਂਟਰ ਵਿਖੇ ਦਸੰਬਰ 2025 ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੌਰਾਨ ਚੁਣੇ ਗਏ ਮੈਂਬਰਾਂ ਦਾ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਸਨਮਾਨਜਨਕ ਮਾਹੌਲ ਵਿੱਚ ਪੂਰਾ ਹੋਇਆ।ਸਮਾਗਮ ਦੇ ਮੁੱਖ ਮਹਿਮਾਨ ਕੈਬਨਿਟ ਮੰਤਰੀ ਪੰਜਾਬ ਡਾ. ਰਵਜੋਤ



ਸਿੰਘ ਨੇ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ।ਪ੍ਰੋਗਰਾਮ ਵਿੱਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਵਿਧਾਇਕ ਕਰਮਬੀਰ ਸਿੰਘ ਘੁੰਮਣ ਅਤੇ ਵਿਧਾਇਕ ਡਾ. ਈਸ਼ਾਂਕ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਲੋਕਤੰਤਰ ਦੀ ਮਜ਼ਬੂਤ ਨੀਂਹ ਹਨ ਅਤੇ ਇਹ ਸੰਸਥਾਵਾਂ ਪਿੰਡਾਂ ਦੇ ਸਰਵਪੱਖੀ ਵਿਕਾਸ ਦਾ ਅਸਲ ਧੁਰਾ ਹਨ।ਉਨ੍ਹਾਂ ਕਿਹਾ ਕਿ ਜਨਤਾ ਨੇ ਤੁਹਾਡੇ ਸਾਰਿਆਂ ਵਿੱਚ ਜੋ ਵਿਸ਼ਵਾਸ ਜਤਾਇਆ ਹੈ, ਉਹ ਨਾ ਸਿਰਫ਼ ਇੱਕ ਸਨਮਾਨ ਹੈ, ਸਗੋਂ ਇੱਕ ਵੱਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਨਵੇਂ ਚੁਣੇ ਗਏ ਮੈਂਬਰਾਂ ਨੂੰ ਪਾਰਦਰਸ਼ਤਾ, ਇਮਾਨਦਾਰੀ ਅਤੇ ਜਵਾਬਦੇਹੀ ਨੂੰ ਆਪਣੀ ਕਾਰਜਸ਼ੈਲੀ ਦਾ ਆਧਾਰ ਬਣਾਉਣ ਦਾ ਸੱਦਾ ਦਿੱਤਾ।ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਪਿੰਡਾਂ ਦੀ ਆਵਾਜ਼ ਹਨ ਅਤੇ ਅਸਲ ਵਿਕਾਸ ਇਨ੍ਹਾਂ ਸੰਸਥਾਵਾਂ ਰਾਹੀਂ ਹੀ ਸੰਭਵ ਹੈ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ, ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ, ਮਾਰਕੀਟ ਕਮੇਟੀ ਦਸੂਹਾ ਦੇ ਚੇਅਰਮੈਨ ਕੇ.ਪੀ. ਸੰਧੂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਡਿਪਟੀ ਸੀਈਓ ਜ਼ਿਲ੍ਹਾ ਪ੍ਰੀਸ਼ਦ ਧਾਰਾ ਕੱਕੜ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਸੰਦੀਪ ਸਿੰਘ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਸ੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨ ਦੀਦਾਰੇ ਤੇ ਲੰਗਰ ਸੇਵਾ ਵਾਸਤੇ ਸੰਗਤਾਂ ਮੂਨਕਾਂ ਤੋਂ ਰਵਾਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਖਾਲਸਾ ਪੰਥ ਦੀ ਜਨਮ ਭੂਮੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਹੋਲੇ ਮਹੱਲੇ ਦੇ ਸਲਾਨਾ ਸਮਾਗਮਾਂ ਵਿੱਚ ਸੇਵਾਦਾਰ ਜਥੇਦਾਰ ਦਵਿੰਦਰ ਸਿੰਘ ਮੂਨਕਾਂ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੇ ਮੁੱਖ ਸੇਵਾਦਾਰ ਪ੍ਰਧਾਨ ਜਥੇਦਾਰ ਤਰਲੋਚਨ ਸਿੰਘ, ਪ੍ਰਦੀਪ ਸਿੰਘ, ਜੀਤ ਸਿੰਘ ਤੇ ਹੋਰਨਾਂ ਸੇਵਾਦਾਰਾਂ ਨੇ ਦੱਸਿਆ ਕਿ ਸਹੂਲਤ ਵਾਸਤੇ ਹਰ ਸਾਲ ਹੀ ਪਿੰਡ ਮੂਨਕ ਦੀਆਂ ਸੰਗਤਾਂ ਵੱਲੋਂ ਲੰਗਰ ਅਤੇ ਸਿਹਤ ਸੁਵਿਧਾਵਾਂ ਵਾਸਤੇ ਸਾਰੇ ਇੰਤਜ਼ਾਮ ਕੀਤੇ ਜਾਂਦੇ ਹਨ। ਇਸ ਮੌਕੇ ਪ੍ਰਬੰਧਕ ਸੇਵਾਦਾਰਾਂ ਨੇ ਹੋਰ ਦੱਸਿਆ ਕਿ ਸੰਗਤਾਂ ਵੱਲੋਂ ਜਿੱਥੇ ਸ੍ਰੀ ਅਨੰਦਪੁਰ ਸਾਹਿਬ ਦੇ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਦੀਦਾਰੇ ਕੀਤੇ ਜਾਣਗੇ ਉੱਥੇ ਹੀ ਹੋਲੇ ਮਹੱਲੇ ਦੇ ਸਮਾਗਮਾਂ ਵਿੱਚ ਹੀ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਇਸ ਤੋਂ ਇਲਾਵਾ ਪਿੰਡ ਮੂਨਕ ਖੁਰਦ ਦੀਆਂ ਸੰਗਤਾਂ ਵੀ ਸ੍ਰੀ ਅਨੰਦਪੁਰ ਸਾਹਿਬ ਵਾਸਤੇ ਲੰਗਰ ਸਮੱਗਰੀ ਲੈ ਕੇ ਰਵਾਨਾ ਹੋਈਆਂ ਜਿਸ ਦੌਰਾਨ ਹੋਲੇ ਮਹੱਲੇ ਦੇ ਸਮਾਗਮ ਵਿੱਚ ਸੰਗਤ ਦੀ ਸੇਵਾ




ਇਤਿਹਾਸਕ ਨਗਰ ਪਿੰਡ ਮੂਨਕਾਂ ਤੋਂ 4 ਦਿਨਾ ਲੰਗਰ ਲਗਾਉਣ ਵਾਸਤੇ ਸੇਵਾਦਾਰਾਂ ਤੇ ਸੰਗਤਾਂ ਦਾ ਜੱਥਾ ਰਵਾਨਾ ਹੋਇਆ। ਇਸ ਮੌਕੇ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਧਰਮਸ਼ਾਲਾ ਮੂਨਕ ਕਲਾਂ ਦੇ ਹੈਡ ਗ੍ਰੰਥੀ ਬਾਬਾ ਚਰਨਜੀਤ ਸਿੰਘ ਲੱਕੀ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਸਰਬੱਤ ਦਾ ਭਲਾ ਸੇਵਾ ਸੋਸਾਇਟੀ ਦੇ ਸਰਪ੍ਰਸਤ ਪਿੰਡ ਮੂਨਕਾਂ ਦੀਆਂ ਸੰਗਤਾਂ ਵੱਲੋਂ ਹਰ ਸਾਲ ਦੀ ਤਰ੍ਹਾਂ 1 ਮਾਰਚ ਤੋਂ ਲੰਗਰ ਦੀ ਆਰੰਭਤਾ ਕੀਤੀ ਜਾਵੇਗੀ ਜੋ 4 ਮਾਰਚ ਤੱਕ ਨਿਰੰਤਰ ਜਾਰੀ ਰਹਿਣਗੇ । ਇਸ ਮੌਕੇ ਸੇਵਾਦਾਰਾਂ ਨੇ ਹੋਰ ਦੱਸਿਆ ਕਿ ਖਾਲਸਾ ਪੰਥ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹੋਲੇ ਮਹੱਲੇ ਦੇ ਸਮਾਗਮਾਂ ਦੌਰਾਨ ਦੇਸ਼ਾਂ ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਭਾਗ ਲੈਂਦੀਆਂ ਹਨ ਜਿਨ੍ਹਾਂ ਦੀ ਸੇਵਾ ਕੀਤੀ ਜਾਵੇਗੀ। ਇਸ ਮੌਕੇ ਜਥੇਦਾਰ ਦਵਿੰਦਰ ਸਿੰਘ, ਸਰਪੰਚ ਮਨਵੀਰ ਸਿੰਘ, ਗੁਰਨਾਮ ਸਿੰਘ, ਪ੍ਰਦੀਪ ਸਿੰਘ, ਕਰਨੈਲ ਸਿੰਘ, ਜਥੇਦਾਰ ਤਰਲੋਚਨ ਸਿੰਘ, ਪ੍ਰਿੰਸੀਪਲ ਰਜਿੰਦਰ ਸਿੰਘ, ਅਰਮਿੰਦਰ ਸਿੰਘ,ਸਾਬਕਾ ਸਰਪੰਚ ਗੁਰਵਿੰਦਰ ਸਿੰਘ, ਨੰਬਰਦਾਰ ਅਮਰਜੀਤ ਸਿੰਘ, ਸਰਵਣ ਸਿੰਘ, ਜੀਤ ਸਿੰਘ ਤੋਂ ਇਲਾਵਾ ਹੋਰ ਸੰਗਤਾਂ ਵੀ ਹਾਜ਼ਰ ਸਨ।

## ਮਾਲਵਾ ਕਾਲਜ ਦੇ 60 ਸਾਲ ਪੂਰੇ ਹੋਣ 'ਤੇ ਧਾਰਮਿਕ ਸਮਾਗਮ



**ਸਮਰਾਲਾ (ਸੁਰਜੀਤ ਸਿੰਘ)**-ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਮਾਲਵਾ ਕਾਲਜ ਬੋਂਦਲੀ ਦੇ 60 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਮੈਨੇਜਮੈਂਟ, ਪ੍ਰਿੰਸੀਪਲ, ਸਟਾਫ਼ ਤੇ ਐਲੂਮਨੀ ਐਸੋਸੀਏਸ਼ਨ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੇ ਪਤਵੰਤੇ, ਪੁਰਾਣੇ ਵਿਦਿਆਰਥੀ ਤੇ ਹੋਰ ਲੋਕ ਸ਼ਾਮਲ ਹੋਏ।ਕਾਲਜ ਪ੍ਰਬੰਧਕੀ ਕਮੇਟੀ ਦੇ ਸਰਪ੍ਰਸਤ ਤੇ ਭਾਰਤੀ ਕਿਸਾਨ ਯੂਨੀਅਨ ਦੇ ਕੌਮੀ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ, ਕਮਾਂਡੈਂਟ ਰਛਪਾਲ ਸਿੰਘ, ਪ੍ਰਧਾਨ ਮਾਲਵਾ ਐਜੂਕੇਸ਼ਨ ਕੌਂਸਲ ਆਲਮਦੀਪ ਸਿੰਘ ਮੱਲ ਮਾਜਰਾ, ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ, ਜਨਰਲ ਸਕੱਤਰ, ਤੇਜਿੰਦਰ ਸਿੰਘ ਤੇ ਸਮੂਹ ਮੈਨੇਜਮੈਂਟ ਮੈਂਬਰ ਸ਼ਾਮਲ ਸਨ।ਕਾਲਜ ਦੇ ਮੈਨੇਜਮੈਂਟ ਕੌਂਸਲ ਦੇ ਪ੍ਰਧਾਨ ਆਲਮਦੀਪ ਸਿੰਘ ਮਲਮਾਜਰਾ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਦੱਸਿਆ ਕਿ ਕਾਲਜ ਨੇ ਪਿਛਲੇ 6 ਦਹਾਕਿਆਂ ਦੌਰਾਨ ਵਿੱਦਿਆ, ਖੇਡਾਂ ਤੇ ਕਲਚਰਲ ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਵੱਡੀ ਪਛਾਣ ਸਥਾਪਤ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਕਾਲਜ ਤੋਂ ਪੜ੍ਹ ਕੇ ਵਿਦਿਆਰਥੀਆਂ ਨੇ ਵਿਗਿਆਨ, ਪ੍ਰਸ਼ਾਸਨਕ ਸੇਵਾਵਾਂ, ਵਪਾਰ ਤੇ ਵਿਦੇਸ਼ਾਂ ਵਿੱਚ ਵੱਡੇ ਕਾਰੋਬਾਰ ਸਥਾਪਤ ਕੀਤੇ ਹਨ।ਉਨ੍ਹਾਂ ਯਕੀਨ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਕਾਲਜ ਪੂਰੀ ਤਨਦੇਹੀ ਨਾਲ ਇਹ ਕਰਤੱਵ ਨਿਭਾਉਂਦਾ ਰਹੇਗਾ।ਕਾਲਜ ਦੇ 60 ਵਰ੍ਹੇ ਪੂਰੇ ਹੋਣ 'ਤੇ ਬਲਬੀਰ ਸਿੰਘ ਰਾਜੇਵਾਲ ਨੇ ਕਾਲਜ ਦੀ ਨਵੀਂ ਵੈੱਬਸਾਈਟ ਦਾ ਵੀ ਉਦਘਾਟਨ ਕੀਤਾ।ਕਾਲਜ ਦੀ ਡਾਇਰੈਕਟਰ (ਐਡਮਿਸ਼ਨ ਤੇ ਐਲੂਮਨੀ ਰਿਲੇਸ਼ਨ) ਡਾ. ਕੁਲਵਿੰਦਰ ਕੌਰ ਦੀ ਦੇਖ-ਰੇਖ ਵਿੱਚ ਸਾਰੇ ਇੰਤਜ਼ਾਮ ਕੀਤੇ ਗਏ।ਐਲੂਮਨੀ ਐਸੋਸੀਏਸ਼ਨ ਦੇ ਪ੍ਰਧਾਨ ਰਾਜਵਿੰਦਰ ਸਮਰਾਲਾ ਨੇ ਮੰਚ ਸੰਚਾਲਨ ਬਹੁਤ ਖ਼ੂਬੀ ਨਾਲ ਨਿਭਾਇਆ।ਇਸ ਮੌਕੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਕਾਂਗਰਸ ਆਗੂ ਰੁਪਿੰਦਰ ਸਿੰਘ ਰਾਜਾ ਗਿੱਲ, ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਢਿੱਲੋਂ ਹਾਜ਼ਰ ਸਨ।

## ਅਦਾਲਤ ਨੇ ਫ਼ਰਜ਼ੀ ਸ਼ਰਾਬ ਘੁਟਾਲੇ 'ਚ ਕੇਜਰੀਵਾਲ ਤੇ ਸਿਸੋਦੀਆ ਨੂੰ ਬਰੀ ਕਰਕੇ ਸੱਚ ਲੋਕਾਂ ਸਾਹਮਣੇ ਲਿਆਂਦਾ : ਚੇਅਰਮੈਨ ਜੱਸੀ

**ਨਾਭਾ (ਵਰਿੰਦਰ ਵਰਮਾ)**-ਅਦਾਲਤ ਵੱਲੋਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਸਮੇਤ ਉਨ੍ਹਾਂ ਦੇ ਸਾਥੀਆਂ ਨੂੰ ਇੱਕ ਫ਼ਰਜ਼ੀ ਸ਼ਰਾਬ ਘੁਟਾਲੇ ਵਿੱਚੋਂ ਬਰੀ ਕਰਨ ਦੀ ਖੁਸ਼ੀ ਵਿੱਚ ਵਿਧਾਨ ਸਭਾ ਹਲਕਾ ਨਾਭਾ ਦੇ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਆਪ ਵਲੰਟੀਅਰਾਂ ਨੇ ਲੱਡੂ ਵੰਡੇ ਤੇ ਆਪਣੇ ਆਗੂਆਂ ਦੇ ਬਰੀ ਹੋਣ 'ਤੇ ਖੁਸ਼ੀ ਦਾ ਇਜ਼ਹਾਰ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਮਾਨਯੋਗ ਅਦਾਲਤ ਵੱਲੋਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਸਾਬਕਾ ਮੁੱਖ ਮੰਤਰੀ ਦਿੱਲੀ ਤੇ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਸਾਬਕਾ ਡਿਪਟੀ ਮੁੱਖ ਮੰਤਰੀ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਭਾਜਪਾ ਵੱਲੋਂ ਬਣਾਏ ਗਏ ਇੱਕ ਫ਼ਰਜ਼ੀ ਸ਼ਰਾਬ ਘੁਟਾਲੇ ਵਿੱਚ ਬਦਨਾਮ ਕਰਨ ਲਈ ਦਰਜ ਕੀਤੇ ਗਏ ਕੇਸਾਂ ਵਿੱਚੋਂ ਬਰੀ ਕਰਕੇ ਅਦਾਲਤ ਦੇ ਫ਼ੈਸਲੇ ਨੇ ਸੱਚ ਸਾਰੇ ਦੇਸ਼ ਸਾਹਮਣੇ ਲਿਆ ਕੇ ਸਾਬਿਤ ਕਰ ਦਿੱਤਾ ਕਿ ਆਮ ਆਦਮੀ ਪਾਰਟੀ ਕੱਟੜ ਇਮਾਨਦਾਰ ਪਾਰਟੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੇ ਆਮ ਆਦਮੀ ਪਾਰਟੀ ਨੂੰ ਰੋਕਣ ਤੇ ਅਰਵਿੰਦ ਕੇਜਰੀਵਾਲ ਨੂੰ ਬਦਨਾਮ ਕਰਨ ਲਈ ਇਸ ਫ਼ਰਜ਼ੀ ਸ਼ਰਾਬ ਘੁਟਾਲੇ ਰਾਹੀਂ ਜੇਲ੍ਹ ਵਿੱਚ ਡੱਕਿਆ, ਜਿਸ ਨਾਲ ਭਾਜਪਾ ਦਾ ਮਾਨਯੋਗ ਅਦਾਲਤ ਨੇ ਅੱਜ ਅਸਲੀ ਚਿਹਰਾ ਨੰਗਾ ਕਰ ਦਿੱਤਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਆਗੂ ਸੁੱਖ ਘੁੰਮਣ ਚਾਸਵਾਲ, ਗੋਪੀ ਫੈਜ਼ਗੜ੍ਹ, ਗਿਆਨ ਸਿੰਘ ਖਨੌੜਾ, ਜਸਪ੍ਰੀਤ ਸਿੰਘ ਰਾਇਲ ਮਾਜਰੀ, ਜਸਕਰਨਵੀਰ ਸਿੰਘ ਤੇਜੇ, ਜਤਿੰਦਰ ਸਿੰਘ ਕਕਰਾਲਾ, ਧੀਰਜ ਠਾਕੁਰ, ਹੈਪੀ ਅਰੋੜਾ, ਨੀਟੂ ਸ਼ਰਮਾ ਜੱਸੋਮਜਾਰਾ, ਬਾਵਾ ਸਿੰਘ ਕਕਰਾਲਾ, ਗੁਰਜੰਟ ਸਿੰਘ ਅੱਚਲ, ਅਕਾਸ਼ ਕੁਮਾਰ ਗੋਲੂ ਪ੍ਰਧਾਨ, ਗੁਰਧਿਆਨ ਸਿੰਘ ਬਿੱਟੂ, ਕੁਲਦੀਪ ਸਿੰਘ ਹੈਪੀ, ਬੱਗਾ ਕਕਰਾਲਾ, ਧਰਮਵੀਰ ਸਿੰਘ ਆਦਿ ਮੌਜੂਦ ਸਨ।

## ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਵਿਖੇ ਸਹੁੰ ਚੁੱਕ ਸਮਾਗਮ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਸੋਢੇਵਾਲਾ ਵਿਖੇ ਬੜੇ ਹੀ ਉਤਸ਼ਾਹ ਨਾਲ 'ਔਥ ਸੈਰੇਮਨੀ' (ਸਹੁੰ ਚੁੱਕ ਸਮਾਗਮ) ਕਰਵਾਈ ਗਈ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਪੁਲਸ ਮੁਖੀ ਭੁਪਿੰਦਰ ਸਿੰਘ ਸਿੱਧੂ ਫਿਰੋਜ਼ਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਲਜ ਪਹੁੰਚਣ 'ਤੇ ਧਰਮਪਾਲ ਬਾਂਸਲ (ਸੰਸਥਾਪਕ ਭਗਤੀ ਭਜਨ ਗਰੁੱਪ, ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਤੇ ਹਾਰਮਨੀ ਵਨਿਅਮ, ਹਾਰਮਨੀ ਆਯੁਰਵੈਦਿਕ ਕਾਲਜ), ਯੁਗੇਸ਼ ਬਾਂਸਲ ਪ੍ਰਿੰਸੀਪਲ ਤੇ ਸਮੂਹ ਸਟਾਫ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਐਸਐਸਪੀ ਭੁਪਿੰਦਰ ਸਿੰਘ ਸਿੱਧੂ ਵੱਲੋਂ ਸਾਰੇ ਵਿਦਿਆਰਥੀਆਂ (ਏਐੱਨਐੱਮ, ਜੀਐੱਨਐੱਮ, ਬੀ. ਐੱਸਸੀ (ਐੱਨ) ਤੇ ਪੋਸਟ ਬੇਸਿਕ ਬੀ. ਐੱਸਸੀ(ਐੱਨ) ਨੂੰ ਨਰਸਿੰਗ ਦੇ ਕਿੱਤੇ ਪ੍ਰਤੀ ਵਫ਼ਾਦਾਰ ਰਹਿਣ ਦੀ ਸਹੁੰ ਚੁਕਾਈ ਗਈ। ਪ੍ਰਿੰਸੀਪਲ ਸੁਖਦੀਪ ਕੌਰ ਨੇ ਮੁੱਖ ਮਹਿਮਾਨ ਦਾ ਕਾਲਜ ਆਉਣ 'ਤੇ ਧੰਨਵਾਦ ਕੀਤਾ। ਇਸ ਮੌਕੇ ਵਿਦਿਆਰਥੀਆਂ ਨੂੰ ਫਲੋਰੈਂਸ ਨਾਈਟਿੰਗੇਲ ਦੇ ਜੀਵਨ ਬਾਰੇ ਦੱਸਿਆ ਗਿਆ। ਆਪਣੇ ਵਿਚਾਰ ਸਾਂਝੇ ਕਰਦਿਆਂ ਐੱਸਐੱਸਪੀ ਭੁਪਿੰਦਰ ਸਿੰਘ ਸਿੱਧੂ ਨੇ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਨਰਸਿੰਗ ਇਕ ਅਜਿਹਾ ਨੋਬਲ ਪ੍ਰੋਫੈਸ਼ਨ ਹੈ, ਜਿਸ ਰਾਹੀਂ ਤੁਸੀਂ ਲੋਕਾਂ ਨੂੰ ਨਸ਼ਿਆਂ ਨਾਲ ਸਿਹਤ ਨੂੰ ਹੋਣ ਵਾਲੇ ਨੁਕਸਾਨ ਬਾਰੇ ਬਿਹਤਰ ਢੰਗ ਨਾਲ ਸਮਝਾ ਸਕਦੇ ਹੋ। ਉਨ੍ਹਾਂ ਕਾਲਜ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਮ 'ਤੇ ਹੋਣ ਦੀ ਵੀ ਸ਼ਲਾਘਾ ਕੀਤੀ ਤੇ ਕਿਹਾ ਕਿ ਇਸ ਨਾਲ ਅਸੀਂ ਸ਼ਹੀਦਾਂ ਦੇ ਨਾਮ ਨੂੰ ਅਮਰ ਰੱਖ ਸਕਦੇ ਹਾਂ। ਧਰਮਪਾਲ ਬਾਂਸਲ ਨੇ ਨਵੇਂ ਆਏ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਤੇ ਆਪਣੇ ਕਿੱਤੇ ਪ੍ਰਤੀ ਇਮਾਨਦਾਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਪ੍ਰਬੰਧਕਾਂ ਵੱਲੋਂ ਭੁਪਿੰਦਰ ਸਿੰਘ ਸਿੱਧੂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।

## ਸਿਹਤ ਮੰਤਰੀ ਨੇ ਨਵੇਂ ਚੁਣੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੈਂਬਰਾਂ ਨੂੰ ਸਹੁੰ ਚੁਕਾਈ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਦੇ 23 ਤੇ 10 ਬਲਾਕ ਸੰਮਤੀਆਂ ਦੇ 184 ਮੈਂਬਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ।ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ ਤੇ ਗੁਰਲਾਲ ਘਨੌਰ ਸਮੇਤ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਤੇ ਏ.ਡੀ.ਸੀ. ਦਿਹਾਤੀ ਵਿਕਾਸ ਦਮਨਜੀਤ ਸਿੰਘ ਮਾਨ ਵੀ ਮੌਜੂਦ ਸਨ।ਉਨ੍ਹਾਂ ਨਵੇਂ ਮੈਂਬਰਾਂ ਨੂੰ ਸੱਦਾ ਦਿੱਤਾ ਕਿ ਉਹ ਲੋਕਾਂ ਵਿੱਚ ਜਾਣ ਤੇ ਸਰਕਾਰ ਦੀਆਂ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁੱਜਦਾ ਕਰਨ ਸਮੇਤ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਅੱਗੇ ਆਉਣ।ਪੰਜਾਬੀ ਯੂਨੀਵਰਸਿਟੀ ਦੇ ਗੁਰੂ ਤੇਗ ਬਹਾਦਰ ਹਾਲ ਵਿਖੇ ਹੋਏ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਨਵੇਂ ਚੁਣੇ ਮੈਂਬਰਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਹੁਣ ਸਾਰੇ ਮੈਂਬਰ, ਭਾਵੇਂ ਕਿਸੇ ਵੀ ਪਾਰਟੀ ਨਾਲ ਸਬੰਧਤ ਹੋਣ ਉਨ੍ਹਾਂ ਲਈ ਹੁਣ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡਾਂ ਦਾ ਵਿਕਾਸ ਤਰਜੀਹ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸੰਵਿਧਾਨ ਦੀ 73ਵੀਂ ਸੋਧ ਨਾਲ ਮਿਲੀ ਤਾਕਤ ਸਦਕਾ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਕੋਲ 30 ਫੀਸਦੀ ਵਿਕਾਸ ਦੇ ਫੰਡ ਆਉਂਦੇ ਹਨ, ਜਿਸ ਲਈ ਕੋਈ ਵੀ ਮੈਂਬਰ ਆਪਣੇ ਪਿੰਡਾਂ ਦੇ ਵਿਕਾਸ ਲਈ ਤਜਵੀਜ਼ ਲੈ ਕੇ ਆਵੇਗਾ, ਉਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਹਰ ਪੱਖੋਂ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ, ਗੁਰਦੇਵ ਸਿੰਘ ਦੇਵ ਮਾਨ ਤੇ ਰਣਜੋਧ ਸਿੰਘ ਹਡਾਣਾ, ਏ.ਡੀ.ਸੀ. ਦਮਨਜੀਤ ਸਿੰਘ ਮਾਨ, ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਚੇਅਰਮੈਨ ਬਲਾਕ ਸੰਮਤੀ ਸਮਾਣਾ ਬਲਕਾਰ ਸਿੰਘ ਗੱਜੂਮਾਜਰਾ, ਜ਼ਿਲ੍ਹਾ ਪ੍ਰੀਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਮਹਿੰਦਰਜੀਤ ਸਿੰਘ ਸਮੇਤ ਸਾਰੇ ਬੀ.ਡੀ.ਪੀ.ਓਜ਼ ਤੇ ਹੋਰ ਪਤਵੰਤੇ ਮੌਜੂਦ ਸਨ।

## ਨੈਸ਼ਨਲ ਇੰਸਟੀਚਿਊਸ਼ਨਲ ਰੈਂਕਿੰਗ ਲਈ ਬਾਬਾ ਫ਼ਰੀਦ 'ਵਰਸਿਟੀ ਨੇ ਪੇਸ਼ ਕੀਤੀ ਦਾਅਵੇਦਾਰੀ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ (ਬੀ ਐੱਫ ਯੂ ਐੱਚ ਐੱਸ) ਫ਼ਰੀਦਕੋਟ ਨੇ ਕੌਮੀ ਪੱਧਰ 'ਤੇ ਆਪਣੀ ਪਛਾਣ ਹੋਰ ਮਜ਼ਬੂਤ ਕਰਨ ਵੱਲ ਵੱਡਾ ਕਦਮ ਪੁੱਟਿਆ ਹੈ।ਯੂਨੀਵਰਸਿਟੀ ਵੱਲੋਂ ਨੈਸ਼ਨਲ ਇੰਸਟੀਚਿਊਸ਼ਨਲ ਰੈਂਕਿੰਗ ਫਰੇਮਵਰਕ (ਐੱਨ ਆਈ ਆਰ ਐੱਫ) 2026 ਲਈ 'ਓਵਰਆਲ ਕੈਟੇਗਰੀ' ਅਧੀਨ ਆਪਣਾ ਅਰਜ਼ੀ ਫਾਰਮ ਸਫਲਤਾਪੂਰਵਕ ਜਮ੍ਹਾਂ ਕਰ ਦਿੱਤਾ ਗਿਆ ਹੈ।ਯੂਨੀਵਰਸਿਟੀ ਦੇ ਮਾਨਯੋਗ ਵਾਈਸ ਚਾਂਸਲਰ ਪ੍ਰੋ. ਰਾਜੀਵ ਸੂਦ ਨੇ ਫ਼ਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਦੀ ਮੌਜੂਦਗੀ ਵਿੱਚ ਇਸ ਪ੍ਰਕਿਰਿਆ ਨੂੰ ਅੰਤਿਮ ਰੂਪ ਦਿੱਤਾ।ਇਸ ਮੌਕੇ ਵਿਧਾਇਕ ਸੇਖੋਂ ਨੇ ਯੂਨੀਵਰਸਿਟੀ ਦੀਆਂ ਅਕਾਦਮਿਕ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ।ਜ਼ਿਕਰਯੋਗ ਹੈ ਕਿ ਐੱਨ ਆਈ ਆਰ ਐੱਫ ਕੇਂਦਰੀ ਸਿੱਖਿਆ ਮੰਤਰਾਲੇ ਦੀ ਇੱਕ ਸਾਲਾਨਾ ਪ੍ਰਕਿਰਿਆ ਹੈ, ਜੋ ਦੇਸ਼ ਭਰ ਦੀਆਂ ਸੰਸਥਾਵਾਂ ਨੂੰ ਉਨ੍ਹਾਂ ਦੇ ਅਧਿਆਪਨ, ਖੋਜ ਕਾਰਜਾਂ, ਗ੍ਰੈਜੂਏਸ਼ਨ ਨਤੀਜਿਆਂ ਤੇ ਲੋਕਾਂ ਦੀ ਰਾਇ ਦੇ ਅਧਾਰ 'ਤੇ ਦਰਜਾਬੰਦੀ ਪ੍ਰਦਾਨ ਕਰਦੀ ਹੈ।ਇਸ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨ ਵਿੱਚ ਰੈਂਕਿੰਗ ਤੇ ਐਕ੍ਰੀਡੇਟੇਸ਼ਨ ਕਮੇਟੀ (ਆਰ ਏ ਸੀ) ਦੇ ਮੈਂਬਰਾਂ ਸ੍ਰ. ਕਰਤਾਰ ਸਿੰਘ, ਡਾ. ਰਾਕੇਸ਼ ਚਾਵਲਾ ਤੇ ਪ੍ਰੋ. ਗਜੇਂਦਰ ਸਿੰਘ ਨੇ ਮਹੱਤਵਪੂਰਨ ਭੂਮਿਕਾ ਨਿਭਾਈ।

# ਪੰਜਾਬ ਨੂੰ ਸਰਵਾਈਕਲ ਕੈਂਸਰ ਮੁਕਤ ਬਣਾਉਣਾ ਸਰਕਾਰ ਦਾ ਟੀਚਾ : ਸਿਹਤ ਮੰਤਰੀ

### ਡਾ. ਬਲਬੀਰ ਸਿੰਘ ਵੱਲੋਂ ਐੱਚ ਪੀ ਵੀ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਧੀਆਂ ਦੀ ਸਿਹਤ ਸੁਰੱਖਿਆ ਵੱਲ ਇੱਕ ਇਤਿਹਾਸਕ ਤੇ ਦੂਰਅੰਦੇਸ਼ ਕਦਮ ਚੁੱਕਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸਰਵਾਈਕਲ ਕੈਂਸਰ ਵਿਰੁੱਧ ਰਾਜ ਪੱਧਰੀ ਐੱਚ ਪੀ ਵੀ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮਹੱਤਵਪੂਰਨ ਮੁਹਿੰਮ ਦਾ ਆਗਾਜ਼ ਪਟਿਆਲਾ ਦੇ ਮਾਤਾ ਕੁਸ਼ੱਲਿਆ ਹਸਪਤਾਲ ਤੋਂ ਕੀਤਾ ਗਿਆ, ਜਿਸ ਨਾਲ ਰਾਜ ਭਰ ਵਿੱਚ ਬੱਚੀਆਂ ਨੂੰ ਘਾਤਕ ਬਿਮਾਰੀ ਤੋਂ ਬਚਾਉਣ ਲਈ ਵਿਆਪਕ ਜਾਗਰੂਕਤਾ ਤੇ ਟੀਕਾਕਰਨ ਪ੍ਰਕਿਰਿਆ ਸ਼ੁਰੂ ਕੀਤੀ ਗਈ।ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸਿਹਤਮੰਦ ਤੇ ਸੁਰੱਖਿਅਤ ਪੰਜਾਬ ਦੇ ਨਿਰਮਾਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਸਰਵਾਈਕਲ ਕੈਂਸਰ ਮਹਿਲਾਵਾਂ ਵਿੱਚ ਪਾਏ ਜਾਣ ਵਾਲੇ ਗੰਭੀਰ ਕੈਂਸਰਾਂ ਵਿੱਚੋਂ ਇੱਕ ਹੈ, ਜੋ ਬੱਚੇਦਾਨੀ ਦੇ ਹੇਠਲੇ ਹਿੱਸੇ ਵਿੱਚ ਹੁੰਦਾ ਹੈ ਤੇ ਇਸ ਦਾ ਮੁੱਖ ਕਾਰਨ ਹਿਊਮਨ ਪੈਪੀਲੋਮਾ ਵਾਇਰਸ (ਐੱਚ ਪੀ ਵੀ) ਹੈ।ਉਨ੍ਹਾ ਕਿਹਾ ਕਿ ਸਮੇਂ ਸਿਰ ਲਗਾਇਆ ਗਿਆ ਟੀਕਾ ਇਸ ਬਿਮਾਰੀ ਤੋਂ ਬਚਾਅ ਵਿੱਚ ਬਹੁਤ ਪ੍ਰਭਾਵਸ਼ਾਲੀ ਸਾਬਿਤ ਹੁੰਦਾ ਹੈ।ਡਾ. ਬਲਬੀਰ ਸਿੰਘ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਧੀਆਂ ਦਾ ਐੱਚ ਪੀ ਵੀ ਟੀਕਾਕਰਨ ਜ਼ਰੂਰ ਕਰਵਾਉਣ ਤਾਂ ਜੋ ਭਵਿੱਖ ਵਿੱਚ ਉਹ ਇਸ ਜਾਨਲੇਵਾ ਰੋਗ ਤੋਂ ਸੁਰੱਖਿਅਤ ਰਹਿ ਸਕਣ।ਉਨ੍ਹਾਂ ਕਿਹਾ ਕਿ ਜੇਕਰ ਸਾਡੀਆਂ ਧੀਆਂ ਸੁਰੱਖਿਅਤ ਹੋਣਗੀਆਂ ਤਾਂ ਹੀ ਆਉਣ ਵਾਲੀਆਂ ਪੀੜ੍ਹੀਆਂ ਸੁਰੱਖਿਅਤ ਹੋਣਗੀਆਂ।ਇਸ ਮੌਕੇ ਡਾਇਰੈਕਟਰ ਫੈਮਿਲੀ ਤੇ ਵੈੱਲਫੇਅਰ ਵਿਭਾਗ ਡਾਕਟਰ ਅਦਿੱਤੀ ਸਲਾਰੀਆ ਨੇ ਦੱਸਿਆ ਕਿ ਇਹ ਵੈਕਸੀਨ 14 ਸਾਲ ਦੀਆਂ ਉਨ੍ਹਾਂ ਲੜਕੀਆਂ ਨੂੰ ਦਿੱਤੀ ਜਾਵੇਗੀ, ਜਿਨ੍ਹਾਂ ਦਾ 14ਵਾਂ ਜਨਮ ਦਿਨ ਲੰਘ ਚੁੱਕਾ ਹੈ, ਪਰ 15ਵਾਂ ਅਜੇ ਨਹੀਂ ਆਇਆ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਪੰਜਾਬ ਵਿੱਚ 253 ਸੈਂਟਰਾਂ 'ਚ ਯੋਗ ਬੱਚੀਆਂ ਦਾ ਟੀਕਾਕਰਨ ਕੀਤਾ ਜਾਵੇਗਾ।ਟੀਕਾਕਰਨ ਤੋਂ ਪਹਿਲਾਂ ਯੂ-ਵਿਨ ਪੋਰਟਲ 'ਤੇ ਰਜਿਸਟ੍ਰੇਸ਼ਨ ਲਾਜ਼ਮੀ ਹੈ, ਜਿਸ ਰਾਹੀਂ ਪੂਰੀ ਪ੍ਰਕਿਰਿਆ ਨੂੰ ਡਿਜੀਟਲ ਤੇ ਪਾਰਦਰਸ਼ੀ ਬਣਾਇਆ ਗਿਆ ਹੈ।ਇਸ ਮੌਕੇ ਡਾਇਰੈਕਟਰ ਨੈਸ਼ਨਲ ਹੈਲਥ ਮਿਸ਼ਨ ਡਾ. ਬਲਵਿੰਦਰ ਕੌਰ, ਸਟੇਟ ਇਮਯੂਨੀਸੇਸ਼ਨ ਅਫ਼ਸਰ ਡਾ, ਮੰਜੂ, ਸਿਵਿਲ ਸਰਜਨ ਜਸਵਿੰਦਰ ਸਿੰਘ, ਮੈਡੀਕਲ ਸੁਪਰਡੈਂਟ ਡਾ. ਸੰਜੇ ਕਾਮਰਾ, ਸਮੂਹ ਐੱਸ ਐੱਮ ਓਜ਼, ਜ਼ਿਲ੍ਹਾ ਟੀਕਾਕਰਨ ਅਫਸਰ ਡਾਕਟਰ ਕੁਸ਼ਲਦੀਪ ਕੌਰ ਗਿੱਲ, ਜਸਵੀਰ ਗਾਂਧੀ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

## ਸੜਕ ਹਾਦਸੇ 'ਚ ਨੌਜਵਾਨ ਪਟਵਾਰੀ ਦੀ ਮੌਤ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮੋਗਾ-ਬਰਨਾਲਾ ਰਾਸ਼ਟਰੀ ਮਾਰਗ 'ਤੇ ਹੋਏ ਭਿਆਨਕ ਸੜਕ ਹਾਦਸੇ ਵਿੱਚ ਨੌਜਵਾਨ ਪਟਵਾਰੀ ਦੀ ਮੌਤ ਹੋਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਲੰਘੀ ਰਾਤ ਮੋਗਾ-ਬਰਨਾਲਾ ਰਾਸ਼ਟਰੀ ਮਾਰਗ 'ਤੇ ਪਿੰਡ ਬਿਲਾਸਪੁਰ ਦੇ ਬਾਈਪਾਸ 'ਤੇ ਇੱਕ ਤੇਜ਼ ਰਫਤਰ ਕਾਰ, ਜੋ ਕਿ ਬੇਕਾਬੂ ਹੋ ਕੇ ਖੰਭੇ ਨਾਲ ਟਕਰਾ ਗਈ, ਜਿਸ ਕਾਰਨ ਕਾਰ ਚਾਲਕ ਨੌਜਵਾਨ ਪਟਵਾਰੀ ਅਨੀਸ਼ ਗੋਇਲ (27) ਦੀ ਮੌਤ ਹੋ ਗਈ।ਉਕਤ ਪਟਵਾਰੀ ਤਹਿਸੀਲ ਨਿਹਾਲ ਸਿੰਘ ਵਾਲਾ ਦੇ ਪਿੰਡ ਨੰਗਲ ਵਿਖੇ ਤਾਇਨਾਤ ਸੀ ਤੇ ਰਾਤ ਸਮੇਂ ਆਪਣੇ ਦੋਸਤ ਦੀ ਮੈਰਿਜ ਪਾਰਟੀ ਤੋਂ ਵਾਪਸ ਆਪਣੇ ਘਰ ਬਰਨਾਲਾ ਵਿਖੇ ਜਾ ਰਿਹਾ ਸੀ।ਘਟਨਾ ਦਾ ਪਤਾ ਲੱਗਦਿਆਂ ਹੀ ਪੁਲਸ ਚੌਕੀ ਬਿਲਾਸਪੁਰ ਦੇ ਇੰਚਾਰਜ ਜਸਵੰਤ ਸਿੰਘ ਸਰਾਂ ਦੀ ਅਗਵਾਈ 'ਚ ਪੁਲਸ ਪਾਰਟੀ ਮੌਕੇ 'ਤੇ ਪਹੁੰਚ ਗਈ ਤੇ 174 ਦੀ ਕਾਰਵਾਈ ਕਰਦਿਆਂ ਲਾਸ਼ ਦਾ ਪੋਸਟ ਮਾਰਟਮ ਕਰਵਾ ਕੇ ਵਾਰਸਾਂ ਦੇ ਹਵਾਲੇ ਕਰ ਦਿੱਤੀ।

## ਅਕਾਲ ਅਕੈਡਮੀ ਖੋਖਰ 'ਚ ਕਰਵਾਇਆ ਨਸ਼ਾ ਮੁਕਤੀ ਸੈਮੀਨਾਰ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਅਕਾਲ ਅਕੈਡਮੀ ਖੋਖਰ (ਸਿਰਸਾ) ਵਿਖੇ ਨਸ਼ਾ ਛੁਡਾਊ ਸੈਮੀਨਾਰ ਕੀਤਾ ਗਿਆ। ਇਸ ਸੈਮੀਨਾਰ ਦਾ ਉਦੇਸ਼ ਨੌਜਵਾਨਾਂ ਦੇ ਮਨਾਂ ਵਿੱਚ ਨਸ਼ਿਆਂ ਦੀ ਦੁਰਵਰਤੋਂ ਦੇ ਨੁਕਸਾਨਾਂ ਤੇ ਇੱਕ ਸਿਹਤਮੰਦ ਅਨੁਸ਼ਾਸਤ ਜੀਵਨ ਜਿਊਣ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਸ ਸਮਾਗਮ ਦੇ ਮੁੱਖ ਮਹਿਮਾਨ ਪੁਲਸ ਸੁਪਰਡੈਂਟ ਨਿਕਿਤਾ ਖੱਟਰ ਸਨ। ਅਕਾਦਮੀ ਦੇ ਪ੍ਰਿੰਸੀਪਲ ਗਗਨ ਸ਼ਰਮਾ ਤੇ ਸਮੂਹ ਸਟਾਫ ਵੱਲੋਂ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਮੈਡਮ ਖੱਟਰ ਨੇ ਕਿਹਾ ਕਿ ਨਸ਼ਿਆਂ ਦੀ ਲੱਤ ਗੰਭੀਰ ਸਮਾਜਿਕ, ਸਰੀਰਕ ਤੇ ਮਨੋਵਿਗਿਆਨਕ ਵਿਕਾਰ ਪੈਦਾ ਕਰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਟੀਚਿਆਂ 'ਤੇ ਕੇਂਦ੍ਰਿਤ ਰਹਿਣ, ਸਕਾਰਾਤਮਕ ਪ੍ਰਭਾਵਾਂ ਦੀ ਚੋਣ ਕਰਨ ਤੇ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਉਤਸ਼ਾਹਤ ਕੀਤਾ। ਪ੍ਰਿੰਸੀਪਲ ਗਗਨ ਸ਼ਰਮਾ ਨੇ ਵਿਦਿਆਰਥੀਆਂ ਵਿੱਚ ਮਜ਼ਬੂਤ ਨੈਤਿਕ ਕਦਰਾਂ-ਕੀਮਤਾਂ ਨੂੰ ਢਾਲਣ ਵਿੱਚ ਵਿੱਦਿਅਕ ਸੰਸਥਾਵਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਾ ਮੁਕਤ ਰਹਿਣ ਤੇ ਇੱਕ ਸਿਹਤਮੰਦ ਸਮਾਜ ਦੀ ਉਸਾਰੀ ਵਿੱਚ ਯੋਗਦਾਨ ਪਾਉਣ ਦਾ ਪ੍ਰਣ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਅਕਾਦਮੀ ਦੇ ਸਾਰੇ ਸਟਾਫ਼ ਮੈਂਬਰਾਂ ਨੇ ਮੈਡਮ ਖੱਟਰ ਦੀ ਇਸ ਪਹਿਲਕਦਮੀ ਨੂੰ ਆਪਣਾ ਸਮਰਥਨ ਦਿੱਤਾ ਤੇ ਸੈਮੀਨਾਰ ਵਿੱਚ ਜਾਣਕਾਰੀ ਭਰਪੂਰ ਭਾਸ਼ਣ ਲਈ ਉਨ੍ਹਾਂ ਦਾ ਤੇ ਉਨ੍ਹਾਂ ਦੇ ਸਾਥੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ।

## ਲੋੜਵੰਦ ਵਿਅਕਤੀ ਨੂੰ ਵ੍ਹੀਲਚੇਅਰ ਕੀਤੀ ਭੇਟ



**ਨਾਭਾ (ਵਰਿੰਦਰ ਵਰਮਾ)**-ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਪਿੰਡ ਸੰਗਤਪੁਰਾ ਭੌਂਕੀ ਦੇ ਲੋੜਵੰਦ ਵਿਅਕਤੀ ਜਗਦੇਵ ਸਿੰਘ ਪੁੱਤਰ ਬੰਤ ਸਿੰਘ ਨੂੰ ਸੰਸਥਾ ਵੱਲੋਂ ਵ੍ਹੀਲਚੇਅਰ ਭੇਟ ਕੀਤੀ ਗਈ।ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਦੱਸਿਆ ਕਿ ਇਹ ਪਰਵਾਰ ਦੇ ਘਰ ਦਾ ਗੁਜ਼ਾਰਾ ਬਹੁਤ ਮੁਸ਼ਕਲ ਨਾਲ ਚੱਲਦਾ ਸੀ ਤੇ ਇਸ ਨਾਲ ਉਨ੍ਹਾਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ।ਸਾਨੂੰ ਦੱਸਣ ਮੁਤਾਬਿਕ ਲੋੜਵੰਦ ਵਿਅਕਤੀ ਦੀ ਮਦਦ ਕੀਤੀ ਗਈ ਹੈ।ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਸੰਸਥਾ ਵੱਲੋਂ ਸਹਿਯੋਗੀ ਲੋਕਾਂ ਦਾ ਸਹਿਯੋਗ ਦੇਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਇਹ ਉਮੀਦ ਕੀਤੀ ਕਿ ਇਸ ਤਰ੍ਹਾਂ ਹੀ ਇਹ ਸੰਸਥਾ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਦੀ ਰਹੇ ਅਤੇ ਇੰਨੇ ਘੱਟ ਸਮੇਂ ਵਿੱਚ ਸਮਾਜ ਸੇਵੀ ਲੋਕ ਮਦਦ ਲਈ ਅੱਗੇ ਆਉਂਦੇ ਰਹਿਣ।ਵ੍ਹੀਲਚੇਅਰ ਲੈਣ ਉਪਰੰਤ ਲੋੜਵੰਦ ਵਿਅਕਤੀ ਜਗਦੇਵ ਸਿੰਘ ਪੁੱਤਰ ਬੰਤ ਸਿੰਘ ਨੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਅਹੁਦੇਦਾਰ ਵਿਕਾਸ ਮਿੱਤਲ, ਸੁਨੀਲ ਗੁਪਤਾ, ਅੰਕੁਰ ਸਿੰਗਲਾ, ਰਵਿੰਦਰ ਸਿੰਘ, ਨਰਿੰਦਰ ਮੋਹਣ ਸ਼ਰਮਾ, ਦੀਪਕ ਕੁਮਾਰ, ਵਰੁਣ ਸਿੰਗਲਾ, ਸਾਹਿਲ ਗੁਪਤਾ, ਕਰਨ ਸਿੰਗਲਾ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸਿੱਖਿਆ ਵਿਭਾਗ ਦੇ ਫੈਸਲੇ ਵਿਰੁੱਧ ਅਧਿਆਪਕ ਜਥੇਬੰਦੀਆਂ ਕਰਨਗੀਆਂ ਮੰਤਰੀਆਂ ਦਾ ਘਿਰਾਓ : ਡੀ ਟੀ ਐੱਫ

**ਸਮਰਾਲਾ (ਸੁਰਜੀਤ ਸਿੰਘ)**-ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਉੱਤੇ ਪਦਉਨਤੀਆਂ ਸਮੇਂ 'ਟੈੱਟ' ਪਾਸ ਕਰਨ ਦੀ ਲਗਾਈ ਸ਼ਰਤ ਨਾਲ ਅਧਿਆਪਕਾਂ ਵਿੱਚ ਭਾਰੀ ਬੇਚੈਨੀ ਤੇ ਰੋਸ ਫੈਲ ਗਿਆ ਹੈ, ਜਿਸ ਦੇ ਸਿੱਟੇ ਵਜੋਂ ਅਧਿਆਪਕ ਜਥੇਬੰਦੀਆਂ ਨੇ ਇੱਕ ਹੰਗਾਮੀ ਮੀਟਿੰਗ ਲੁਧਿਆਣਾ ਵਿਖੇ ਕਰਕੇ ਸਰਕਾਰ ਵਿਰੁੱਧ ਸੰਘਰਸ਼ ਕਰਨ ਲਈ ਮੋਰਚਾ ਖੋਲ੍ਹ ਦਿੱਤਾ ਹੈ।ਟੀਚਰਜ਼ ਡੈਮੋਕ੍ਰੇਟਿਕ ਫਰੰਟ ਦੇ ਸੀਨੀਅਰ ਆਗੂ ਰੁਪਿੰਦਰਪਾਲ ਸਿੰਘ ਜੰਡਿਆਲੀ ਨੇ ਕਿਹਾ ਕਿ ਸਿੱਖਿਆ ਵਿਭਾਗ ਦਾ ਇਹ ਫੈਸਲਾ ਬੇਤੁਕਾ ਤੇ ਟੀਚਰਾਂ ਨੂੰ ਪ੍ਰੇਸ਼ਾਨ ਕਰਨ ਵਾਲਾ ਹੈ।ਉਨ੍ਹਾਂ ਕਿਹਾ ਕਿ 'ਟੈੱਟ' ਪ੍ਰੀਖਿਆ ਪਾਸ ਕਰਨ ਲਈ ਪੜ੍ਹਨ ਦਾ ਉਨ੍ਹਾਂ ਕੋਲ ਸਮਾਂ ਹੀ ਨਹੀਂ ਹੈ।ਉਨ੍ਹਾਂ ਕਿਹਾ ਕਿ ਟੀਚਰ ਬੱਚਿਆਂ ਨੂੰ ਪੜ੍ਹਾਉਣਗੇ ਜਾਂ 'ਟੈੱਟ' ਪ੍ਰੀਖਿਆ ਦੀ ਤਿਆਰੀ ਕਰਨਗੇ।ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ 2011 ਤੋਂ ਪਹਿਲਾਂ ਜੁਆਇਨ ਹੋਏ ਅਧਿਆਪਕਾਂ ਨੂੰ 'ਟੈੱਟ' ਤੋਂ ਛੋਟ ਮਿਲੀ ਹੋਈ ਸੀ, ਪਰ ਸਰਕਾਰ ਨੇ ਹੁਣ ਮਾਸਟਰ ਕਾਡਰ ਦੀਆਂ ਪਦਉਨਤੀਆਂ ਲਈ ਟੀ.ਈ.ਟੀ. ਪਾਸ ਕਰਨ ਦੀ ਲਾਜ਼ਮੀ ਸ਼ਰਤ ਲਗਾ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇੱਕ ਆਦੇਸ਼ ਜਾਰੀ ਕਰਕੇ ਦਿੱਤੀ ਛੋਟ ਨੂੰ ਵਾਪਸ ਲੈ ਲਿਆ ਗਿਆ।ਅਧਿਆਪਕ ਆਗੂ ਨੇ ਕਿਹਾ ਕਿ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸੂਬਾ ਪੱਧਰੀ ਵਿਸ਼ਾਲ ਰੋਸ ਰੈਲੀ ਕਰਨ ਤੋਂ ਬਾਅਦ ਪੰਜਾਬ ਦੇ ਸਿੱਖਿਆ ਮੰਤਰੀ ਵੱਲੋਂ 27 ਫਰਵਰੀ ਨੂੰ ਮੀਟਿੰਗ ਦਾ ਸਮਾਂ ਦਿੱਤਾ ਗਿਆ ਸੀ, ਪਰ ਸਰਕਾਰ ਅਧਿਆਪਕ ਜਥੇਬੰਦੀਆਂ ਨਾਲ਼ ਗੱਲ ਕਰਨ ਤੋਂ ਭੱਜ ਗਈ ਹੈ, ਜਿਸ ਦੇ ਰੋਸ ਵਜੋਂ ਪੂਰੇ ਪੰਜਾਬ ਵਿੱਚ ਕੈਬਨਿਟ ਮੰਤਰੀਆਂ ਦੇ ਘਰਾਂ ਅੱਗੇ ਰੋਸ ਪ੍ਰਦਰਸ਼ਨ ਕਰਕੇ ਉਨ੍ਹਾਂ ਦਾ ਘਿਰਾਓ ਕੀਤੇ ਜਾਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।ਉਨ੍ਹਾਂ ਕਿਹਾ ਕਿ ਲੁਧਿਆਣਾ ਜ਼ਿਲ੍ਹੇ ਦੀਆਂ ਸਮੂਹ ਜਥੇਬੰਦੀਆਂ ਵੱਲੋਂ 2 ਮਾਰਚ ਨੂੰ ਕੈਬਨਿਟ ਮੰਤਰੀ ਸੰਜੀਵ ਅਰੋੜਾ ਤੇ ਤਰਨਪ੍ਰੀਤ ਸਿੰਘ ਸੌਂਦ ਦੇ ਘਰ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ।ਸਮੂਹ ਅਧਿਆਪਕਾਂ ਨੂੰ ਇਨ੍ਹਾਂ ਪ੍ਰੋਗਰਾਮਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਜਾਂਦੀ ਹੈ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਭਾਸ਼ਣ ਕਰਵਾਇਆ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਸਮਾਜ ਸ਼ਾਸਤਰ ਵਿਭਾਗ ਤੇ ਵਿਦਿਆਰਥੀ ਭਲਾਈ ਕੌਂਸਲ ਵੱਲੋਂ ਸਾਂਝੇ ਤੌਰ 'ਤੇ 'ਸਮਾਨਤਾ ਬਨਾਮ ਨਿਆਂਸੰਗਤਾ : ਸਮਾਜਿਕ ਤੇ ਲਿੰਗ ਨਿਆਂ ਦਾ ਪ੍ਰਚਾਰ' ਵਿਸ਼ੇ 'ਤੇ ਇੱਕ ਵਿਸਤਾਰ ਭਾਸ਼ਣ ਕਰਵਾਇਆ ਗਿਆ, ਜਿਸ ਵਿੱਚ ਯੂਨੀਵਰਸਿਟੀ ਇੰਸਟੀਚਿਊਟ ਆਫ਼ ਲੀਗਲ ਸਟੱਡੀਜ਼, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਸਮਾਜ ਸ਼ਾਸਤਰ ਦੇ ਪ੍ਰੋਫ਼ੈਸਰ (ਡਾ.) ਨਵਨੀਤ ਕੌਰ ਅਰੋੜਾ ਨੇ ਮੁੱਖ ਵਕਤਾ ਵਜੋਂ ਸ਼ਿਰਕਤੀ ਕੀਤੀ। ਲੈਕਚਰ ਦੇ ਆਰੰਭ ਵਿੱਚ ਸਮਾਜ ਸ਼ਾਸਤਰ ਵਿਭਾਗ ਦੇ ਮੁਖੀ ਡਾ. ਨਿਧੀ ਸਰੂਪ ਨੇ ਮੁੱਖ ਵਕਤਾ ਤੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ।ਇਸ ਮੌਕੇ ਮੁੱਖ ਵਕਤਾ ਡਾ. ਨਵਨੀਤ ਕੌਰ ਅਰੋੜਾ ਨੇ ਵਿਦਿਆਰਥੀਆਂ ਨਾਲ਼ ਆਪਣੇ ਵਿਚਾਰ ਸਾਂਝੇ ਕਰਦਿਆਂ ਸੰਵਿਧਾਨਕ ਪ੍ਰਬੰਧਾਂ, ਜਨਤਕ ਨੀਤੀਆਂ ਤੇ ਸਮਾਜਿਕ ਸੁਧਾਰ ਅੰਦੋਲਨਾਂ ਤੋਂ ਉਦਾਹਰਣਾਂ ਦਿੰਦੇ ਹੋਏ ਸਮਾਨਤਾ ਤੇ ਨਿਆਂਸੰਗਤਾ ਦੀਆਂ ਸਿਧਾਂਤਕ ਨੀਂਹਾਂ ਸੰਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਇਸ ਮੌਕੇ ਮੁੱਖ ਵਕਤਾ ਡਾ. ਨਵਨੀਤ ਕੌਰ ਅਰੋੜਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਮੰਚ ਸੰਚਾਲਨ ਦੀ ਭੂਮਿਕਾ ਡਾ. ਨਿਧੀ ਸਰੂਪ ਨੇ ਅਦਾ ਕੀਤੀ। ਅੰਤ ਵਿੱਚ ਡਾ. ਸੋਮਪਾਲ ਹੀਰਾ ਨੇ ਸਾਰਿਆਂ ਦਾ ਧੰਨਵਾਦ ਕੀਤਾ।ਇਸ ਵਿਸਤਾਰ ਭਾਸ਼ਣ ਦੇ ਆਯੋਜਨ ਵਿੱਚ ਡਾ. ਅਮਨਦੀਪ ਕੁਲਾਰ, ਡਾ. ਨਿਧੀ ਸਰੂਪ, ਪ੍ਰੋ. ਗੁਰਜਿੰਦਰ ਕੌਰ, ਪ੍ਰੋ. ਕੁਲਵਿੰਦਰ ਕੌਰ, ਡਾ. ਸੋਮਪਾਲ ਹੀਰਾ, ਡਾ. ਅਮਨਦੀਪ ਕੌਰ ਤੇ ਪ੍ਰੋ. ਜਗਦੀਪ ਕੌਰ ਨੇ ਯੋਗਦਾਨ ਪਾਇਆ।

## ਕੇਜਰੀਵਾਲ ਨੂੰ ਅਦਾਲਤ ਵੱਲੋਂ ਬਰੀ ਕੀਤੇ ਜਾਣ 'ਤੇ ਸਨੌਰ 'ਚ ਲੱਡੂ ਵੰਡ ਕੇ ਮਨਾਇਆ ਜਸ਼ਨ

### ਸੱਚ ਨੂੰ ਪ੍ਰੇਸ਼ਾਨ ਕੀਤਾ ਜਾ ਸਕਦੈ, ਪਰ ਹਰਾਇਆ ਨਹੀਂ ਜਾ ਸਕਦਾ : ਹਡਾਣਾ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੂੰ ਮਾਣਯੋਗ ਅਦਾਲਤ ਵੱਲੋਂ ਬਰੀ ਕੀਤੇ ਜਾਣ ਦੇ ਫ਼ੈਸਲੇ ਦਾ ਹਲਕਾ ਸਨੌਰ ਵਿੱਚ ਭਰਵਾਂ ਸਵਾਗਤ ਕੀਤਾ ਗਿਆ।ਇਸ ਖ਼ੁਸ਼ੀ ਦੇ ਮੌਕੇ 'ਤੇ ਹਲਕਾ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਨੇ ਨਗਰ ਕੌਂਸਲ ਸਨੌਰ ਦੇ ਬਾਹਰ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਵਰਕਰਾਂ ਤੇ ਇਲਾਕਾ ਨਿਵਾਸੀਆਂ ਨਾਲ ਮਿਲ ਕੇ ਲੱਡੂ ਵੰਡੇ ਤੇ ਜਸ਼ਨ ਮਨਾਇਆ।ਇਸ ਮੌਕੇ ਪ੍ਰਦੀਪ ਜੋਸ਼ਨ ਪ੍ਰਧਾਨ ਨਗਰ ਕੌਂਸਲ ਸਨੌਰ, ਹਰਪ੍ਰੀਤ ਸਿੰਘ ਘੁਮਾਣ, ਅਮਰ ਸੰਗੇੜਾ ਯੂਥ ਪ੍ਰਧਾਨ, ਜਗਪ੍ਰੀਤ ਸਿੰਘ, ਲਾਲੀ ਪੀਏ, ਕੌਂਸਲਰ, ਪੰਕਜ ਸ਼ਰਮਾ ਮੀਡੀਆ, ਪਾਰਟੀ ਦੇ ਸੀਨੀਅਰ ਆਗੂ ਤੇ ਵੱਡੀ ਗਿਣਤੀ ਵਿੱਚ ਹਲਕਾ ਨਿਵਾਸੀ ਹਾਜ਼ਰ ਸਨ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਅੱਜ ਦਾ ਦਿਨ ਲੋਕਤੰਤਰ ਤੇ ਨਿਆਂ ਪ੍ਰਣਾਲੀ ਲਈ ਇਤਿਹਾਸਕ ਦਿਨ ਹੈ।ਉਨ੍ਹਾਂ ਕਿਹਾ ਕਿ ਦਿੱਲੀ ਦੀ ਮਾਣਯੋਗ ਅਦਾਲਤ ਦੇ ਇਸ ਫ਼ੈਸਲੇ ਨੇ ਸਾਬਿਤ ਕਰ ਦਿੱਤਾ ਹੈ ਕਿ ਸੱਚਾਈ ਦੀ ਹਮੇਸ਼ਾ ਜਿੱਤ ਹੁੰਦੀ ਹੈ।ਹਡਾਣਾ ਨੇ ਕਿਹਾ ਕਿ ਵਿਰੋਧੀ ਧਿਰਾਂ ਵੱਲੋਂ ਸਾਜ਼ਿਸ਼ ਤਹਿਤ ਲਗਾਏ ਗਏ ਝੂਠੇ ਦੋਸ਼ਾਂ ਦਾ ਅੰਤ ਹੋ ਗਿਆ ਹੈ ਤੇ ਅਦਾਲਤ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਬਿਨਾਂ ਸਬੂਤਾਂ ਦੇ ਕਿਸੇ ਦੀ ਇਮਾਨਦਾਰੀ 'ਤੇ ਸ਼ੱਕ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਦੇਸ਼ ਦੇ ਸੰਵਿਧਾਨਕ ਮੂਲ ਵਿੱਚ ਵਿਸ਼ਵਾਸ ਰੱਖਣ ਵਾਲੇ ਹਰ ਨਾਗਰਿਕ ਦੀ ਜਿੱਤ ਹੈ। ਨਗਰ ਕੌਂਸਲ ਦੇ ਬਾਹਰ ਲੱਡੂ ਵੰਡਣ ਸਮੇਂ 'ਆਪ' ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਵਰਕਰਾਂ ਨੇ ਇਨਕਲਾਬ ਜ਼ਿੰਦਾਬਾਦ ਤੇ ਅਰਵਿੰਦ ਕੇਜਰੀਵਾਲ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਅਸਮਾਨ ਗੂੰਜਣ ਲਾ ਦਿੱਤਾ।ਹਡਾਣਾ ਨੇ ਕਿਹਾ ਕਿ ਇਹ ਜਸ਼ਨ ਸਿਰਫ਼ ਇੱਕ ਪਾਰਟੀ ਦਾ ਨਹੀਂ, ਸਗੋਂ ਉਸ ਸੱਚਾਈ ਦਾ ਹੈ, ਜਿਸ ਦੀ ਲੜਾਈ ਅਰਵਿੰਦ ਕੇਜਰੀਵਾਲ ਲੜ ਰਹੇ ਸੀ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ ਵਿਖੇ ਅਧਿਆਪਕ-ਮਾਪੇ ਮਿਲਣੀ

**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਨਰਸਰੀ ਤੋਂ +1 ਆਰਟਸ, ਸਾਇੰਸ ਤੇ ਕਾਮਰਸ ਗਰੁੱਪ ਦੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਇੱਕ ਭਰਵੀਂ ਮੀਟਿੰਗ ਹੋਈ, ਜਿਸ ਵਿੱਚ ਤਕਰੀਬਨ ਸਾਰੇ ਵਿਦਿਆਰਥੀਆਂ ਦੇ ਮਾਪਿਆਂ ਨੇ ਸ਼ਿਰਕਤ ਕੀਤੀ।ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਮਾਪਿਆਂ ਨੂੰ ਸਕੂਲ ਵਿੱਚ ਆਉਣ 'ਤੇ ਜੀ ਆਇਆਂ ਆਖਿਆ।ਇਸ ਉਪਰੰਤ ਸ੍ਰੀਮਤੀ ਸਤਵਿੰਦਰ ਕੌਰ ਨੇ ਸਕੂਲ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ ਤੇ ਮੋਬਾਇਲ ਦੇ ਰੁਝਾਨ ਅਤੇ ਵਿਦਿਆਰਥੀਆਂ ਵਿੱਚ ਅਨੁਸ਼ਾਸਨਹੀਣਤਾ ਸਬੰਧੀ ਸੁਧਾਰ ਕਰਨ ਲਈ ਮਾਪਿਆਂ ਨੂੰ ਜਾਗਰੂਕ ਕੀਤਾ। ਮਾਪਿਆਂ ਨੂੰ ਵਧ ਰਹੀਆਂ ਸਮਾਜਿਕ ਬੁਰਾਈਆਂ ਤੇ ਨਸ਼ਿਆਂ ਵਰਗੀ ਸਮੱਸਿਆ ਸਬੰਧੀ ਜਾਗਰੂਕ ਰਹਿਣ ਤੇ ਸਕੂਲ ਪ੍ਰਬੰਧਕਾਂ ਨਾਲ ਤਾਲਮੇਲ ਰੱਖ ਕੇ ਬੱਚਿਆਂ ਦੇ ਭਵਿੱਖ ਨੂੰ ਸੁਨਹਿਰੀ ਬਣਾਉਣ ਵਿੱਚ ਯੋਗਦਾਨ ਦੇਣ ਦੀ ਗੁਜ਼ਾਰਿਸ਼ ਕੀਤੀ ਗਈ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬਲਜੀਤ ਸਿੰਘ ਵੱਲੋਂ ਸਕੂਲ ਪ੍ਰਾਪਤੀਆਂ ਤੇ ਸਕੂਲ ਵਿੱਚ ਚੱਲ ਰਹੀਆਂ ਸਹਿ-ਪਾਠੀ ਕਰਿਆਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਨੇ ਆਏ ਹੋਏ ਮਾਪਿਆਂ ਦਾ ਧੰਨਵਾਦ ਕੀਤਾ ਤੇ ਸਮੇਂ ਦੇ ਪਾਬੰਦ ਹੋਣ ਸਬੰਧੀ ਅਪੀਲ ਕੀਤੀ।ਮਾਪਿਆਂ ਵੱਲੋਂ ਇਸ ਭਰਵੀਂ ਮੀਟਿੰਗ ਸਬੰਧੀ ਤਸੱਲੀ ਪ੍ਰਗਟ ਕੀਤੀ ਅਤੇ ਵੱਖ-ਵੱਖ ਵਿਸ਼ਿਆਂ ਦੇ ਅਧਿਆਪਕਾਂ ਤੋਂ ਆਪਣੇ ਬੱਚਿਆਂ ਸਬੰਧੀ ਜਾਣਕਾਰੀ ਲਈ। ਇਸ ਮੌਕੇ ਮਿਡਲ ਵਿਭਾਗ ਦੇ ਕੋਆਰਡੀਨੇਟਰ ਸ੍ਰੀਮਤੀ ਨਿਧੀ ਗਰਗ, ਪ੍ਰਾਇਮਰੀ ਵਿਭਾਗ ਦੇ ਕੁਆਰਡੀਨੇਟਰ ਸ੍ਰੀਮਤੀ ਨੇਹਾ ਜਿੰਦਲ ਤੇ ਸ੍ਰੀਮਤੀ ਸ਼ਮਿੰਦਰ ਕੌਰ, ਸ੍ਰੀਮਤੀ ਬਲਜੀਤ ਕੌਰ, ਆਸ਼ੂ ਬਾਂਸਲ ਆਦਿ ਅਧਿਆਪਕ ਹਾਜ਼ਰ ਸਨ।

## ਸੁਵਿਧਾ ਕੇਂਦਰ ਬਣਿਆ ਦੁਬਿਧਾ ਕੇਂਦਰ

**ਜਗਰਾਉਂ (ਨਛੱਤਰ ਸੰਧੂ)**-ਸਥਾਨਕ ਤਹਿਸੀਲ ਦਫਤਰ 'ਚ ਸਥਿਤ ਸੁਵਿਧਾ ਕੇਂਦਰ ਇਸ ਸਮੇਂ ਦੁਵਿਧਾ ਕੇਂਦਰ ਬਣ ਚੁੱਕਾ ਹੈ।ਇਸ ਸੁਵਿਧਾ ਕੇਂਦਰ 'ਚ ਸੱਤ ਕਾਊਂਟਰ ਹਨ, ਪਰ ਸਿਰਫ ਦੋ ਕਾਊਂਟਰ ਚਾਲੂ ਹਨ।ਸਿੱਟੇ ਵਜੋਂ ਆਮ ਲੋਕ ਬੁਰੀ ਤਰ੍ਹਾਂ ਖੱਜਲ ਖੁਆਰ ਹੋ ਰਹੇ ਹਨ।ਅਸਲਾ ਲਾਇਸੈਂਸ ਦੀ ਪ੍ਰਮਾਣਿਕਤਾ ਹਾਸਲ ਕਰਨ ਲਈ ਸਬੰਧਤ ਲੋਕ ਲਗਾਤਾਰ ਸੁਵਿਧਾ ਕੇਂਦਰ ਦੇ ਗੇੜੇ ਕੱਢਦੇ ਮੁੜ ਰਹੇ ਹਨ। ਬੈਠੇ ਕਾਮਿਆਂ ਦੇ ਦੱਸਣ ਮੁਤਾਬਿਕ ਸਾਰਾ ਸਟਾਫ ਲੋਕਾਂ ਦੇ ਦਸ ਲੱਖ ਵਾਲੇ ਸਿਹਤ ਕਾਰਡ ਬਣਾਉਣ 'ਚ ਝੋਕਿਆ ਹੋਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਨਗਰ ਸੁਧਾਰ ਸਭਾ ਦੇ ਪ੍ਰਧਾਨ ਅਵਤਾਰ ਸਿੰਘ ਤੇ ਸਕੱਤਰ ਕੰਵਲਜੀਤ ਖੰਨਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੂੰ ਇਸ ਕੰਮ ਲਈ ਵਿਸ਼ੇਸ਼ ਸਟਾਫ ਭਰਤੀ ਕਰਨ ਚਾਹੀਦਾ ਹੈ।ਵੋਟਾਂ ਦੀ ਸੁਧਾਈ (ਸਰ) ਦਾ ਕੰਮ ਵੱਡੀ ਤਦਾਦ 'ਚ ਅਧਿਆਪਕਾਂ ਨੂੰ ਦਿੱਤਾ ਹੋਇਆ ਹੈ।ਸਿੱਟੇ ਵਜੋਂ ਪਹਿਲਾਂ ਤੋਂ ਹੀ ਘੱਟ ਸਟਾਫ ਨਾਲ ਗੁਜ਼ਾਰਾ ਚਲਾ ਰਹੇ ਸਾਰੇ ਸਕੂਲਾਂ 'ਚ ਬੱਚਿਆਂ ਦੀ ਪੜ੍ਹਾਈ ਰੱਬ ਆਸਰੇ ਚੱਲਣ ਲਈ ਮਜਬੂਰ ਹੈ।ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਿਰੋਧੀ ਹੁੰਦਿਆਂ ਇਸ ਅਲਾਮਤ ਖਿਲਾਫ ਜ਼ੋਰ ਸ਼ੋਰ ਨਾਲ ਬੋਲਦੇ ਰਹੇ ਹਨ ਕਿ ਇਨ੍ਹਾਂ ਮਿਆਦੀ ਕੰਮਾਂ ਲਈ ਵਿਸ਼ੇਸ਼ ਮਹਿਕਮਾ ਤੇ ਸਟਾਫ ਪੈਦਾ ਕਰਾਂਗੇ, ਪਰ ਹੁਣ ਕਿਉਂ ਕਿ ਸੱਤਾ 'ਚ ਹਨ ਤਾਂ ਉਹ ਐਲਾਨ ਭੁੱਲ ਭੁਲਾ ਗਏ ਹਨ।ਉਨ੍ਹਾਂ ਦੱਸਿਆ ਕਿ ਇਸ ਮਾਮਲੇ ਬਾਰੇ ਰੋਸ ਪ੍ਰਗਟ ਕਰਨ ਲਈ ਦਫ਼ਤਰ 'ਚ ਨਾ ਤਾਂ ਏ ਡੀ ਸੀ, ਨਾ ਹੀ ਉੱਪ ਮੰਡਲ ਅਫ਼ਸਰ ਤੇ ਨਾ ਹੀ ਕੋਈ ਤਹਿਸੀਲਦਾਰ ਹੀ ਹਾਜ਼ਰ ਸੀ।ਲੋਕ ਦਿਹਾੜੀਆਂ ਤੋੜ, ਪੈਸੇ ਖਰਚ ਕਰ ਬੁੜ ਬੁੜ ਕਰਦੇ ਮੁੜ ਜਾਂਦੇ ਹਨ, ਪਰ ਅਫਸਰਾਂ ਦੀਆਂ ਤਾਂ ਦਿਹਾੜੀਆਂ ਪੱਕੀਆਂ ਹਨ।ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਤੋਂ ਇਸ ਮਾਮਲੇ ਦਾ ਠੋਸ ਹੱਲ ਕਰਨ ਦੀ ਮੰਗ ਕੀਤੀ ਹੈ।

## ਵਿਧਾਇਕ ਤੇ ਮੇਅਰ ਨੇ ਵਿਕਾਸ ਕਾਰਜਾਂ ਦੇ ਕੰਮ ਸ਼ੁਰੂ ਕਰਵਾਏ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਕੁੰਦਨ ਗੋਗੀਆ ਦੀ ਅਗਵਾਈ ਹੇਠ ਪਟਿਆਲਾ ਸ਼ਹਿਰ ਦੇ ਵੱਖ ਵੱਖ ਇਲਾਕਿਆਂ ਵਿੱਚ ਕਰੀਬ 80 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਗਏ।ਇਹ ਕੰਮ ਲਾਹੌਰੀ ਗੇਟ ਤੋਂ ਸਫਬਦੀ ਗੇਟ ਤੱਕ ਸ਼ੁਰੂ ਕਰਵਾਏ ਗਏ।ਵਿਧਾਇਕ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਹਿਤੈਸ਼ੀ ਤੇ ਵਿਕਾਸ ਕੇਂਦਰਿਤ ਸੋਚ ਦੇ ਤਹਿਤ ਅਮਲ ਵਿੱਚ ਲਿਆਂਦੇ ਗਏ ਹਨ।ਕੋਹਲੀ ਨੇ ਕਿਹਾ ਇਨ੍ਹਾਂ ਕਾਰਜਾਂ ਨਾਲ ਨਾ ਸਿਰਫ ਟ੍ਰੈਫਿਕ ਪ੍ਰਬੰਧਨ ਸੁਧਰੇਗਾ, ਸਗੋਂ ਇਲਾਕੇ ਦੀ ਸੂਰਤ ਵੀ ਨਿਖਰੇਗੀ।ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਇਤਿਹਾਸਕ ਵਿਕਾਸ ਦੀ ਲਹਿਰ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਹਰ ਹਿੱਸੇ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਰਨਾ ਉਨ੍ਹਾਂ ਦੀ ਪਹਿਲ ਹੈ ਤੇ ਲੋਕਾਂ ਨਾਲ ਕੀਤੇ ਵਾਅਦੇ ਲਗਾਤਾਰ ਪੂਰੇ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਨਵੇਂ ਪ੍ਰੋਜੈਕਟਾਂ ਦੀ ਘੋਸ਼ਣਾ ਕੀਤੀ ਜਾਵੇਗੀ ਤਾਂ ਜੋ ਸ਼ਹਿਰ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਸਕੇ।ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਸਾਰੇ ਵਿਕਾਸ ਕਾਰਜ ਮਿਆਰੀ ਤਰੀਕੇ ਨਾਲ ਤੇ ਸਮੇਂ ਸਿਰ ਮੁਕੰਮਲ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਰਹਿਨੁਮਾਈ ਹੇਠ ਨਗਰ ਨਿਗਮ ਸ਼ਹਿਰ ਦੀ ਸਫ਼ਾਈ, ਸੜਕਾਂ ਦੀ ਮੁਰੰਮਤ ਤੇ ਬੁਨਿਆਦੀ ਢਾਂਚੇ ਦੇ ਮਜ਼ਬੂਤੀਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਵਿਕਾਸ ਦੇ ਨਾਲ-ਨਾਲ ਹਰੇ-ਭਰੇ ਤੇ ਸੁੰਦਰ ਸ਼ਹਿਰ ਦੀ ਦ੍ਰਿਸ਼ਟੀ ਨੂੰ ਵੀ ਸਾਕਾਰ ਕੀਤਾ ਜਾ ਰਿਹਾ ਹੈ।ਇਸ ਮੌਕੇ ਕੌਂਸਲਰ ਰਾਜੇਸ਼ ਕੁਮਾਰ ਰਾਜੂ ਸਾਹਨੀ, ਕੌਂਸਲਰ ਨੇਹਾ ਸਿੱਧੂ, ਵੇਦ ਕਪੂਰ, ਸੰਜੀਵ ਕੁਮਾਰ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।

## ਅੱਕਾਂਵਾਲੀ ਸਕੂਲ ਦਾ ਸਾਬਕਾ ਵਿਦਿਆਰਥੀ ਅੰਮ੍ਰਿਤਪਾਲ ਸਿੰਘ ਸਨਮਾਨਤ



**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰੀ ਪੀ ਐੱਮ ਸੈਕੰਡਰੀ ਸਕੂਲ ਅੱਕਾਂਵਾਲੀ ਦੇ ਮੁਖੀ ਸ੍ਰ. ਨਰਿੰਦਰ ਸਿੰਘ ਮੋਹਲ ਦੀ ਅਗਵਾਈ ਹੇਠ ਸਮੂਹ ਸਟਾਫ਼ ਵੱਲੋਂ ਸੰਸਥਾ ਦੇ ਸਾਬਕਾ ਵਿਦਿਆਰਥੀ ਅੰਮ੍ਰਿਤਪਾਲ ਸਿੰਘ ਪੁੱਤਰ ਸ੍ਰੀ ਹੰਸਾ ਸਿੰਘ ਦਾ ਸਕੂਲ 'ਚ ਬੁਲਾ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਜ਼ਿਕਰਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਗੁਜਰਾਤ 'ਚ ਇੱਕ ਬਿਜ਼ਨਸਮੈਨ ਹਨ।ਸਕੂਲ ਮੁਖੀ ਨੇ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਸਮੇਂ-ਸਮੇਂ 'ਤੇ ਲੋੜਵੰਦ ਵਿਦਿਆਰਥੀਆਂ ਨੂੰ ਕੋਟੀਆਂ-ਬੂਟ ਆਦਿ ਵੰਡਣ ਤੋਂ ਇਲਾਵਾ ਵੱਖ ਵੱਖ ਸਮਿਆਂ 'ਤੇ ਇਸ ਸੰਸਥਾ ਦੀ ਬਿਹਤਰੀ ਲਈ ਆਪਣਾ ਯੋਗਦਾਨ ਪਾਉਂਦੇ ਰਹਿੰਦੇ ਹਨ।ਅੰਮ੍ਰਿਤਪਾਲ ਸਿੰਘ ਨੇ ਇਸ ਸਮੇਂ ਪ੍ਰਿੰਸੀਪਲ ਤੇ ਸਕੂਲ ਸਟਾਫ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਵਿੱਖ 'ਚ ਵੀ ਸਕੂਲ ਦੀ ਬਿਹਤਰੀ ਲਈ ਹਰ ਸੰਭਵ ਸਹਿਯੋਗ ਦਿੰਦੇ ਰਹਿਣਗੇ, ਫਿਰ ਚਾਹੇ ਉਹ ਵਿੱਤੀ ਜਾਂ ਕਿਸੇ ਵੀ ਰੂਪ ਵਿੱਚ ਹੋਵੇ।ਸਕੂਲ ਮੁਖੀ ਵੱਲੋਂ ਉਨ੍ਹਾਂ ਦੀਆਂ ਅਜਿਹੀਆਂ ਸੇਵਾਵਾਂ ਲਈ ਵਿਸ਼ੇਸ਼ ਧੰਨਵਾਦ ਕੀਤਾ ਤੇ ਉਮੀਦ ਜਤਾਈ ਕਿ ਪਿੰਡ ਤੇ ਆਲੇ ਦੁਆਲੇ ਦੇ ਦਾਨੀ ਸੱਜਣ ਵੀ ਅੰਮ੍ਰਿਤਪਾਲ ਸਿੰਘ ਤੋਂ ਪ੍ਰੇਰਨਾ ਲੈ ਕੇ ਇਨ੍ਹਾਂ ਸਰਬ-ਸਾਂਝੀਆਂ ਸਕੂਲੀ ਸੰਸਥਾਵਾਂ ਦੀ ਬਿਹਤਰੀ ਤੇ ਲੋੜਵੰਦ ਵਿਦਿਆਰਥੀਆਂ ਦੀ ਭਲਾਈ ਲਈ ਆਪਣਾ ਬਣਦਾ ਯੋਗਦਾਨ ਪਾਉਣਗੇ।

## ਬਾਬਾ ਜਸਵਿੰਦਰ ਸਿੰਘ ਦੀ ਪੁਸਤਕ 'ਸਿੱਖੀ ਦੇ ਥੰਮ੍ਹ' ਲੋਕ ਅਰਪਣ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੇਂਡੂ ਸਾਹਿਤ ਸਭਾ ਰਜਿ. ਬਾਲਿਆਂਵਾਲੀ ਵੱਲੋਂ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਸੰਤ ਬਾਬਾ ਜਸਵਿੰਦਰ ਸਿੰਘ ਬਾਲਿਆਂਵਾਲੀ ਵੱਲੋਂ ਲਿਖੀ ਪੁਸਤਕ 'ਸਿੱਖੀ ਦੇ ਥੰਮ੍ਹ' ਲੋਕ ਅਰਪਣ ਕੀਤੀ ਗਈ। ਇਸ ਕਿਤਾਬ ਵਿੱਚ ਸਿੱਖ ਇਤਿਹਾਸ ਸ਼ਹੀਦ ਗੁਰੂ ਅਰਜਨ ਦੇਵ, ਕਲਗੀਧਰ ਜੀ ਦੇ 52 ਹੁਕਮ, ਰਾਣੀ ਝਾਲਾਂ, ਜ਼ਿਆਦਾ ਜ਼ਿਕਰ ਸਿੱਖ ਇਤਿਹਾਸ ਵਿੱਚ ਹੋਈਆਂ ਸ਼ਹੀਦੀਆਂ ਬਾਰੇ ਬੜੇ ਸੋਹਣੇ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਇਸ ਮੌਕੇ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ ਨੇ ਰੁਬਾਈ, ਜਨਰਲ ਸਕੱਤਰ ਮਾ. ਜਗਨ ਨਾਥ ਨੇ ਕਵਿਤਾ, ਮੁੱਖ ਸਲਾਹਕਾਰ ਜੀਤ ਸਿੰਘ ਚਹਿਲ ਨੇ ਮਿੰਨੀ ਕਹਾਣੀ 'ਦਲੀਆ', ਸਰਪ੍ਰਸਤ ਅਜਮੇਰ ਦੀਵਾਨਾ ਨੇ ਸਾਰਥਕ ਆਲੋਚਨਾ ਕੀਤੀ, ਪ੍ਰੈੱਸ ਸਕੱਤਰ ਕੁਲਦੀਪ ਮਤਵਾਲਾ ਨੇ ਕਹਾਣੀ 'ਬੇਰੀਆਂ ਦੇ ਬੇਰ' ਤੇ ਮੈਂਬਰ ਹਰਜਿੰਦਰ ਕੌਰ ਨੇ ਕਵਿਤਾ ਪੇਸ਼ ਕੀਤੀ। ਇਸ ਮੌਕੇ ਗੁਰਮੇਲ ਸਿੰਘ ਮੇਲਾ, ਗੁਰਪ੍ਰੀਤ ਕੌਰ, ਸਰਪੰਚ ਬਲਰਾਜ ਸਿੰਘ ਤੇ ਕੁਲਵਿੰਦਰ ਸਿੰਘ ਹਾਜ਼ਰ ਸਨ।

## ਡਿਸਕਵਰੀ ਸਕੂਲ 'ਚ ਨੰਨ੍ਹਿਆਂ ਲਈ ਸਮਾਰੋਹ ਕਰਵਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ ਦੁਆਰਾ ਮਨਜ਼ੂਰਸ਼ੁਦਾ ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਵਿੱਚ ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ ਦੇ ਕੁਸ਼ਲ ਨੇਤ੍ਰਿਤਵ ਹੇਠ ਛੋਟੇ ਵਿਦਿਆਰਥੀਆਂ ਲਈ ਸ਼ਾਨਦਾਰ ਤੇ ਖੁਸ਼ੀ ਭਰਿਆ ਕੌਂਗਰੈਚੂਲੇਸ਼ਨ ਸਮਾਰੋਹ ਕੀਤਾ ਗਿਆ।ਸਕੂਲ ਇਮਾਰਤ ਉਤਸ਼ਾਹ, ਉਮੰਗ ਤੇ ਗੌਰਵਮਈ ਮਾਹੌਲ ਨਾਲ ਰੌਸ਼ਨ ਹੋ ਰਿਹਾ ਸੀ।ਕਾਰਜਕ੍ਰਮ ਦੀ ਸ਼ੁਰੂਆਤ ਸਕੂਲ ਪ੍ਰਬੰਧਕ ਮੰਡਲ, ਪ੍ਰਿੰਸੀਪਲ ਤੇ ਯੂ.ਕੇ.ਜੀ. ਦੇ ਵਿਦਿਆਰਥੀਆਂ ਦਾ ਬੈਂਡ ਨਾਲ ਕੀਤੇ ਗਏ ਸ਼ਾਨਦਾਰ ਸਵਾਗਤ ਨਾਲ ਹੋਈ।ਇਸ ਆਕਰਸ਼ਕ ਪ੍ਰਵੇਸ਼ ਨੇ ਹਾਜ਼ਰ ਮਾਤਾ-ਪਿਤਾ ਤੇ ਮਹਿਮਾਨਾਂ ਦਾ ਮਨ ਮੋਹ ਲਿਆ।ਸਮਾਰੋਹ ਦੀ ਸ਼ੁਰੂਆਤ ਯੂਕੇਜੀ ਦੇ ਵਿਦਿਆਰਥੀ ਵੱਲੋਂ ਪ੍ਰਭਾਵਸ਼ਾਲੀ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਨੇ ਕਾਰਜਕ੍ਰਮ ਨੂੰ ਗੰਭੀਰਤਾ ਤੇ ਮਰਿਆਦਾ ਪ੍ਰਦਾਨ ਕੀਤੀ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸਕੂਲ ਪ੍ਰਬੰਧਕ ਮੰਡਲ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਨਮਾਨ ਪ੍ਰਗਟਾਇਆ ਤੇ ਦੀਪ ਜਲਾ ਕੇ ਸਮਾਰੋਹ ਨੂੰ ਰਸਮੀ ਤੌਰ 'ਤੇ ਅੱਗੇ ਵਧਾਇਆ।ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ ਨੇ ਬੱਚਿਆਂ ਦੇ ਚਮਕਦਾਰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਆਤਮਵਿਸ਼ਵਾਸ, ਪ੍ਰਤਿਭਾ ਤੇ ਰਚਨਾਤਮਕਤਾ ਦੀ ਸਰਾਹਣਾ ਕੀਤੀ।ਸਕੂਲ ਦੇ ਉਪ-ਚੇਅਰਮੈਨ ਅਮਿਤ ਸਰਾਫ਼ ਨੇ ਕਿਹਾ ਕਿ ਅੱਜ ਸਾਡੇ ਇਹ ਨੰਨ੍ਹੇ ਵਿਦਿਆਰਥੀ ਜੀਵਨ ਦੇ ਇੱਕ ਮਹੱਤਵਪੂਰਨ ਪੜਾਅ ਨੂੰ ਪਾਰ ਕਰ ਰਹੇ ਹਨ।ਸਾਡਾ ਸਕੂਲ ਬੱਚਿਆਂ ਨੂੰ ਤਕਨਾਲੋਜੀ, ਕ੍ਰਿਤ੍ਰਿਮ ਬੁੱਧੀਮਤਾ, ਕੋਡਿੰਗ ਤੇ ਰੋਬੋਟਿਕਸ ਨੂੰ ਇਕੱਠਾ ਕਰਕੇ ਸਿੱਖਿਆ ਪ੍ਰਦਾਨ ਕਰ ਰਿਹਾ ਹੈ।ਸਮਾਰੋਹ ਦੀ ਪ੍ਰਸ਼ਾਸਨਕ ਪ੍ਰਬੰਧਕ ਮਿਸ ਨੰਦਿਨੀ ਨੇ ਕਾਰਜਕ੍ਰਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

## ਕੇਜਰੀਵਾਲ ਨੂੰ ਮਿਲੇ ਦਲਿਤ ਆਗੂ ਰਿੰਕਾ ਕੁਤਬਾ ਬਾਹਮਣੀਆਂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪ੍ਰਮੁੱਖ ਦਲਿਤ ਆਗੂ ਰਿੰਕਾ ਕੁਤਬਾ ਬਾਹਮਣੀਆਂ ਵੱਲੋਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਸੁਪਰੀਮੋ ਅਰਵਿੰਦ ਕੇਜਰੀਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਮੌਕੇ ਰਿੰਕਾ ਕੁਤਬਾ ਬਾਹਮਣੀਆਂ ਨੇ ਅਰਵਿੰਦ ਕੇਜਰੀਵਾਲ ਨੂੰ ਅਦਾਲਤ ਵੱਲੋਂ ਸਾਰੇ ਦੋਸ਼ਾਂ ਤੋਂ ਮੁਕਤ ਕਰਦਿਆਂ ਬਰੀ ਕੀਤੇ ਜਾਣ ਦੇ ਇਤਿਹਾਸਕ ਫ਼ੈਸਲੇ 'ਤੇ ਤਹਿ ਦਿਲੋਂ ਵਧਾਈਆਂ ਦਿੱਤੀਆਂ ਤੇ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ।ਅਦਾਲਤੀ ਫ਼ੈਸਲੇ ਦਾ ਹਵਾਲਾ ਦਿੰਦਿਆਂ ਰਿੰਕਾ ਨੇ ਕਿਹਾ ਕਿ ਅੱਜ ਦੇ ਦਿਨ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਹੱਕ ਤੇ ਸੱਚ ਦੀ ਆਵਾਜ਼ ਨੂੰ ਤਰ੍ਹਾਂ-ਤਰ੍ਹਾਂ ਦੀਆਂ ਸਾਜ਼ਿਸ਼ਾਂ ਰਚ ਕੇ ਵੀ ਦਬਾਇਆ ਨਹੀਂ ਜਾ ਸਕਦਾ।ਉਨ੍ਹਾਂ ਕਿਹਾ ਕਿ ਵਿਰੋਧੀ ਧਿਰਾਂ ਵੱਲੋਂ ਲਗਾਤਾਰ ਪਾਰਟੀ ਲੀਡਰਸ਼ਿਪ ਨੂੰ ਬਦਨਾਮ ਕਰਨ ਤੇ ਰਾਜਨੀਤਕ ਤੌਰ 'ਤੇ ਕਮਜ਼ੋਰ ਕਰਨ ਲਈ ਤਰ੍ਹਾਂ-ਤਰ੍ਹਾਂ ਦੇ ਹੱਥਕੰਡੇ ਅਪਣਾਏ ਜਾ ਰਹੇ ਸਨ, ਪਰ ਅੱਜ ਮਾਣਯੋਗ ਅਦਾਲਤ ਨੇ ਆਪਣੇ ਫ਼ੈਸਲੇ ਰਾਹੀਂ 'ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ' ਕਰ ਦਿੱਤਾ ਹੈ।ਰਿੰਕਾ ਨੇ ਕਿਹਾ ਕਿ ਇਹ ਜਿੱਤ ਕੇਵਲ ਆਮ ਆਦਮੀ ਪਾਰਟੀ ਦੀ ਹੀ ਨਹੀਂ, ਸਗੋਂ ਦੇਸ਼ ਦੇ ਉਸ ਹਰ ਗਰੀਬ ਤੇ ਆਮ ਇਨਸਾਨ ਦੀ ਜਿੱਤ ਹੈ, ਜੋ ਇਨਸਾਫ਼ ਵਿੱਚ ਵਿਸ਼ਵਾਸ ਰੱਖਦਾ ਹੈ।ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਇਸ ਜਿੱਤ ਨੇ ਪੂਰੇ ਦੇਸ਼ ਦੇ ਵਰਕਰਾਂ ਵਿੱਚ ਇੱਕ ਨਵੀਂ ਰੂਹ ਫੂਕ ਦਿੱਤੀ ਹੈ ਤੇ ਹੁਣ ਹਲਕਾ ਮਹਿਲ ਕਲਾਂ ਸਮੇਤ ਪੂਰੇ ਪੰਜਾਬ ਵਿੱਚ ਪਾਰਟੀ ਪਹਿਲਾਂ ਨਾਲੋਂ ਵੀ ਵੱਧ ਮਜ਼ਬੂਤੀ ਤੇ ਚੜ੍ਹਦੀ ਕਲਾ ਵਿੱਚ ਹੋ ਕੇ ਲੋਕਾਂ ਦੇ ਮਸਲਿਆਂ ਲਈ ਡਟੇਗੀ।

## ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਨੂੰ ਵਿਦਾਇਗੀ ਪਾਰਟੀ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਸਿਵਲ ਸਰਜਨ ਪਟਿਆਲਾ ਡਾ. ਜਸਵਿੰਦਰ ਸਿੰਘ ਅੱਜ ਆਪਣੀ 58 ਸਾਲ ਦੀ ਉਮਰ ਪੂਰੀ ਕਰਨ ਤੋਂ ਸਰਕਾਰੀ ਨੌਕਰੀ ਤੋਂ ਸਿਹਤ ਵਿਭਾਗ ਵਿਚੋਂ ਸੇਵਾ ਮੁਕਤ ਹੋ ਗਏ ਹਨ।ਸੇਵਾ ਮੁਕਤੀ ਮੌਕੇ ਸਮੂਹ ਸਿਹਤ ਸਟਾਫ ਵੱਲੋਂ ਉਨ੍ਹਾਂ ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ।ਪਾਰਟੀ ਮੌਕੇ ਸਹਾਇਕ ਸਿਵਲ ਸਰਜਨ ਡਾ. ਰਚਨਾ ਨੇ ਦੱਸਿਆ ਕਿ ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਲਗਭਗ 31 ਸਾਲ ਦੀਆਂ ਸਰਕਾਰੀ ਸੇਵਾਵਾਂ ਦੇ ਕੇ ਆਪਣੇ ਅਹੁਦੇ ਤੋਂ ਬੇਦਾਗ ਤੇ ਇਮਾਨਦਾਰ ਅਫਸਰ ਦੇ ਤੌਰ 'ਤੇ ਰਿਟਾਇਰ ਹੋਏ ਹਨ।ਉਨ੍ਹਾਂ ਕਿਹਾ ਕਿ ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਨੇ ਆਪਣੀ ਅਣਥੱਕ ਮਿਹਨਤ ਦੇ ਨਾਲ ਸਮੂਹ ਸਿਹਤ ਪ੍ਰੋਗਰਾਮਾਂ ਨੂੰ ਜ਼ਿਲ੍ਹੇ ਵਿੱਚ ਲਾਗੂ ਕਰਵਾ ਕੇ ਲੋਕਾਂ ਨੂੰ ਬੁਨਿਆਦੀ ਸਿਹਤ ਸੇਵਾਵਾਂ ਉਪਲਬਧ ਕਰਵਾਈਆਂ।ਉਨ੍ਹਾਂ ਹਮੇਸ਼ਾ ਹੀ ਸਰਕਾਰੀ ਨੌਕਰੀ ਦੌਰਾਨ ਕੰਮ ਨੂੰ ਪਹਿਲ ਦੇ ਕੇ ਲੋਕਾਂ ਦੀਆਂ ਸਿਹਤ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ।ਡਿਊਟੀ ਦੌਰਾਨ ਜਿੱਥੇ ਉਨ੍ਹਾਂ ਇੱਕ ਚੰਗੇ ਪ੍ਰਸ਼ਾਸਨਕ ਅਧਿਕਾਰੀ ਵਜੋਂ ਕੰਮ ਕੀਤਾ।ਉਨ੍ਹਾਂ ਬਹੁਤ ਇਮਾਨਦਾਰੀ ਤੇ ਅਣਥੱਕ ਮਿਹਨਤ ਨਾਲ ਅਪਣੀ ਡਿਊਟੀ ਕੀਤੀ।ਸਮੂਹ ਪ੍ਰੋਗਰਾਮ ਅਫਸਰਾਂ ਵੱਲੋਂ ਆਪਣੇ ਭਾਸ਼ਣ ਵਿੱਚ ਜਿੱਥੇ ਸਾਰਿਆਂ ਨੂੰ ਰਿਟਾਇਰਮੈਂਟ ਮੌਕੇ ਵਧਾਈ ਦਿੱਤੀ, ਉਥੇ ਪ੍ਰਮਾਤਮਾ ਅੱਗੇ ਉਨ੍ਹਾਂ ਦੀ ਲੰਬੀ ਉਮਰ ਤੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣ ਦੀ ਕਾਮਨਾ ਕੀਤੀ।ਸਮੂਹ ਸਟਾਫ ਵੱਲੋਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ।ਇਸ ਮੌਕੇ ਸਮੂਹ ਸਿਹਤ ਪ੍ਰੋਗਰਾਮ ਅਫਸਰ ਤੇ ਦਫਤਰੀ ਸਟਾਫ ਵੀ ਹਾਜ਼ਰ ਸੀ।

## ਮਾਂ ਜਵਾਲਾ ਜੀ ਤੇ ਚਿੰਤਪੁਰਨੀ ਦਰਬਾਰ ਲਈ ਬੱਸ ਰਵਾਨਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਗਵਤੀ ਮਾਂ ਦੀ ਅਪਾਰ ਕਿਰਪਾ ਸਦਕਾ 'ਇਕ ਪ੍ਰਯਾਸ ਵੈੱਲਫੇਅਰ ਸੁਸਾਇਟੀ' ਵੱਲੋਂ 147ਵੀਂ ਮਾਸਿਕ ਬੱਸ ਯਾਤਰਾ ਰਵਾਨਾ ਕੀਤੀ ਗਈ। ਇਹ ਯਾਤਰਾ ਸ਼ਰਧਾਲੂਆਂ ਨੂੰ ਮਾਂ ਚਿੰਤਪੁਰਨੀ ਦਰਬਾਰ, ਮਾਂ ਜਵਾਲਾ ਜੀ ਤੇ ਹੋਰ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਲਿਜਾਈ ਜਾ ਰਹੀ ਹੈ। ਸੁਸਾਇਟੀ ਦੇ ਮੈਂਬਰ ਸਰਬਜੀਤ ਸ਼ਰਮਾ (ਸਨੀ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਾਰ ਬੱਸ ਨੂੰ ਰਵਾਨਾ ਕਰਨ ਦੀ ਰਸਮ ਵੱਡੇ ਭਰਾ ਵਿਸ਼ਾਲ ਵੱਲੋਂ ਨਿਭਾਈ ਗਈ। ਇਸ ਮੌਕੇ ਪੰਡਿਤ ਆਸ਼ੀਸ਼ ਸ਼ਾਸਤਰੀ ਨੇ ਵਿਧੀ-ਵਿਧਾਨ ਅਨੁਸਾਰ ਪੂਜਾ-ਅਰਚਨਾ ਕਰਵਾਈ ਅਤੇ ਸਾਰੇ ਯਾਤਰੀਆਂ ਦੀ ਸੁਖਦ ਅਤੇ ਮੰਗਲਮਈ ਯਾਤਰਾ ਲਈ ਅਰਦਾਸ ਕੀਤੀ। ਇਸ ਸ਼ੁਭ ਮੌਕੇ ਪਵਨ ਭਾਟੀਆ, ਸੁਖਦੇਵ ਰਣਦੇਵ, ਸਤੀਸ਼ ਸ਼ਰਮਾ, ਰਵੀ ਭਾਰਦਵਾਜ, ਦਾਨਿਸ਼ ਨਾਰੰਗ, ਰਾਜਿੰਦਰ ਮੋਂਗਾ, ਮੋਟੀ ਸ਼ਰਮਾ, ਸੁਰਿੰਦਰ ਸ਼ਰਮਾ, ਲਾਡੀ ਕੱਕੜ ਤੇ ਲੋਕੇਸ਼ ਤਲਵਾਰ ਸਮੇਤ ਕਈ ਪਤਵੰਤੇ ਸੱਜਣ ਹਾਜ਼ਰ ਸਨ। 'ਇਕ ਪ੍ਰਯਾਸ ਵੈੱਲਫੇਅਰ ਸੁਸਾਇਟੀ' ਵੱਲੋਂ ਸਮੂਹ ਹਾਜ਼ਰ ਸੰਗਤ ਤੇ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਖੰਡ ਮਿੱਲ ਸ਼ੇਰੋਂ ਨੂੰ ਮੁੜ ਚਾਲੂ ਕਰਨ ਦਾ ਵਾਅਦਾ ਪੂਰਾ ਕਰੇ ਸਰਕਾਰ : ਐੱਸ ਕੇ ਐੱਮ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਸ਼ੇਰੋਂ ਖੰਡ ਮਿੱਲ ਦੀ ਜ਼ਮੀਨ ਪੁੱਡਾ ਨੂੰ ਤਬਦੀਲ ਕਰਨ ਖਿਲਾਫ਼ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਪੱਕਾ ਮੋਰਚਾ ਲਗਾ ਕੇ ਸੰਘਰਸ਼ ਕਰ ਰਹੇ 17 ਕਿਸਾਨ ਆਗੂਆਂ ਨੂੰ ਪੁਲਸ ਪ੍ਰਸ਼ਾਸਨ ਵੱਲੋਂ ਗ੍ਰਿਫ਼ਤਾਰ ਕਰਨ ਦੇ ਤਿੱਖੇ ਵਿਰੋਧ ਨੂੰ ਠੰਡਾ ਕਰਨ ਲਈ ਕੇਂਦਰੀ ਜੇਲ੍ਹ ਗੋਇੰਦਵਾਲ ਵਿੱਚ 26 ਫਰਵਰੀ ਤੋਂ ਡੱਕੇ ਸਾਰੇ ਆਗੂਆਂ ਨੂੰ ਬੀਤੀ ਦੇਰ ਸ਼ਾਮ ਬਿਨਾਂ ਸ਼ਰਤ ਰਿਹਾਅ ਕੀਤੇ ਜਾਣ ਸਮੇਂ ਸੰਯੁਕਤ ਕਿਸਾਨ ਮੋਰਚੇ ਅਤੇ ਟਰੇਡ ਯੂਨੀਅਨਾਂ ਨਾਲ ਸਬੰਧਤ ਆਗੂਆਂ ਅਤੇ ਵਰਕਰਾਂ ਨੇ ਸਾਰੇ ਆਗੂਆਂ ਦਾ ਹਾਰ ਪਾ ਕੇ ਭਰਵਾਂ ਸਵਾਗਤ ਕਰਦਿਆਂ ਗਰਮਜੋਸ਼ੀ ਨਾਲ ਸਨਮਾਨ ਕੀਤਾ।ਕੇਂਦਰੀ ਜੇਲ੍ਹ ਗੋਇੰਦਵਾਲ ਸਾਹਿਬ ਦੇ ਬਾਹਰ ਹੋਏ ਵੱਡੇ ਇਕੱਠ ਵਿੱਚ ਸ਼ਾਮਲ ਆਗੂਆਂ ਨੇ ਪੰਜਾਬ ਸਰਕਾਰ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਕੀਤੇ ਵਾਅਦੇ ਅਨੁਸਾਰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਛੇ ਮਾਰਚ ਤੋਂ ਪਹਿਲਾਂ ਪਹਿਲਾਂ ਸ਼ੇਰੋਂ ਖੰਡ ਮਿੱਲ ਚਾਲੂ ਕਰਨ ਸਬੰਧੀ ਮੁੱਖ ਮੰਤਰੀ ਨਾਲ ਕਿਸਾਨਾਂ ਦੀ ਮੀਟਿੰਗ ਕਰਵਾਉਣ।ਆਗੂਆਂ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਕੈਬਨਿਟ ਮੰਤਰੀ ਵੱਲੋਂ ਕੀਤਾ ਵਾਅਦਾ ਪੂਰਾ ਨਾ ਕੀਤਾ ਤਾਂ ਕਿਸਾਨ ਮਜ਼ਦੂਰ ਜਥੇਬੰਦੀਆਂ ਮੁਲਤਵੀ ਐਕਸ਼ਨ ਮੁੜ ਸ਼ੁਰੂ ਕਰਨ ਲਈ ਮਜਬੂਰ ਹੋਣਗੀਆਂ।ਜੇਲ੍ਹ ਤੋਂ ਰਿਹਾਅ ਹੋ ਕੇ ਬਾਹਰ ਆਏ ਆਗੂਆਂ ਨਛੱਤਰ ਸਿੰਘ ਮੁਗਲ ਚੱਕ, ਦਲਜੀਤ ਸਿੰਘ ਦਿਆਲਪੁਰਾ, ਰਤਨ ਸਿੰਘ ਢੰਡ, ਗੁਰਪ੍ਰੀਤ ਸਿੰਘ ਗੰਡੀਵਿੰਡ, ਦਵਿੰਦਰ ਸਿੰਘ ਗਰੇਵਾਲ, ਬਲਦੇਵ ਸਿੰਘ ਵਰ੍ਹਿਆਂ, ਹੀਰਾ ਸਿੰਘ ਸਰਪੰਚ ਵਰ੍ਹਿਆਂ, ਸੁਲੱਖਣ ਸਿੰਘ ਤੁੜ, ਸੁਖਚੈਨ ਸਿੰਘ ਸਰਹਾਲੀ ਖੁਰਦ, ਗੁਰਦਿਆਲ ਸਿੰਘ ਵਰਨਾਲਾ, ਅਮਰਜੀਤ ਸਿੰਘ ਤੁੜ, ਰਛਪਾਲ ਸਿੰਘ, ਬਲਜੀਤ ਸਿੰਘ, ਗੁਰਭੇਜ ਸਿੰਘ ਨੰਦਪੁਰ, ਜੱਸਾ ਸਿੰਘ ਕੱਦਗਿੱਲ, ਬਲਵਿੰਦਰ ਸਿੰਘ ਨੰਦਪੁਰ, ਨਿਰਮਲ ਸਿੰਘ ਦਾ ਨਾਅਰਿਆਂ ਦੀ ਗੂੰਜ ਵਿੱਚ ਬਹੁਤ ਹੀ ਗਰਮਜੋਸ਼ੀ ਨਾਲ ਹਾਰ ਅਤੇ ਸਿਰੋਪਾਓ ਪਾ ਕੇ ਸ਼ਨਮਾਨ ਕੀਤਾ ਗਿਆ ।ਹਾਜ਼ਰੀਨ ਨੂੰ ਸੰਬੋਧਨ ਕਰਦੇ ਹੋਏ ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਪ੍ਰਗਟ ਸਿੰਘ ਜਾਮਾਰਾਏ, ਕੁੱਲ ਹਿੰਦ ਕਿਸਾਨ ਸਭਾ 1936 ਦੇ ਸੂਬਾ ਆਗੂ ਮਹਾਂਬੀਰ ਸਿੰਘ ਗਿੱਲ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਜਤਿੰਦਰ ਸਿੰਘ ਛੀਨਾ, ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਦੇ ਸੂਬਾ ਪ੍ਰਧਾਨ ਗੁਰਭੇਜ ਸਿੰਘ ਢਿੱਲੋਂ, ਬੀਕੇਯੂ ਕਾਦੀਆਂ ਦੇ ਆਗੂ ਗੁਰਸਾਬ ਸਿੰਘ ਡੱਲ, ਕੌਮੀ ਕਿਸਾਨ ਯੂਨੀਅਨ ਦੇ ਆਗੂ ਤਰਸੇਮ ਸਿੰਘ ਲੁਹਾਰ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਟਾਂਡਾ ਦੇ ਆਗੂ ਸੁਖਦੇਵ ਸਿੰਘ ਤੁੜ, ਜਮਹੂਰੀ ਕਿਸਾਨ ਸਭਾ ਦੇ ਆਗੂ ਮਨਜੀਤ ਸਿੰਘ ਬੱਗੂ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਪੂਰਨ ਸਿੰਘ ਮਾੜੀਮੇਘਾ, ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਆਗੂ ਮਨਜੀਤ ਸਿੰਘ ਬਾਸਰਕੇ, ਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਗੁਰਦਿਆਲ ਸਿੰਘ ਖਡੂਰ ਸਾਹਿਬ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਦੇ ਸੂਬਾ ਆਗੂ ਤਾਰਾ ਸਿੰਘ ਖਹਿਰਾ ਨੇ ਕਿਹਾ ਕਿ ਖੰਡ ਮਿੱਲ ਚਾਲੂ ਕਰਵਾਉਣ ਲਈ ਸੰਘਰਸ਼ ਕਰਨਾ ਇੱਕ ਵੱਡਾ ਕਾਰਜ ਹੈ ਕਿਉਂਕਿ ਇਸ ਮਿੱਲ ਦੇ ਮੁੜ ਚਾਲੂ ਹੋਣ ਨਾਲ ਹਜ਼ਾਰਾਂ ਮਜ਼ਦੂਰਾਂ ਤੇ ਕਿਸਾਨਾਂ ਨੂੰ ਸਿੱਧਾ ਅਸਿੱਧਾ ਰੁਜ਼ਗਾਰ ਮਿਲੇਗਾ ਅਤੇ ਮਿੱਲ ਦੀ ਜ਼ਮੀਨ ਵੀ ਅਸਲ ਮਕਸਦ ਲਈ ਵਰਤੋਂ ਵਿੱਚ ਆਵੇਗੀ ।ਇਸ ਮੌਕੇ ਜਗੀਰ ਸਿੰਘ ਗੰਡੀਵਿੰਡ, ਸਤਪਾਲ ਸਿੰਘ ਨੱਥੋਕੇ, ਕੁਲਵਿੰਦਰ ਸਿੰਘ ਬਾਗੜੀਆ, ਪੂਰਨ ਦਾਸ, ਮੰਗਲ ਸਿੰਘ ਨਾਗੋਕੇ, ਤਰਜੀਤ ਸਿੰਘ ਨਾਗੋਕੇ, ਬਲਜੀਤ ਸਿੰਘ ਫਤਿਆਬਾਦ ਆਦਿ ਨੇ ਵੀ ਵਿਚਾਰ ਪੇਸ਼ ਕੀਤੇ।



## 'ਮੇਰੀ ਰਸੋਈ' ਯੋਜਨਾ ਸ਼ੁਰੂ ਕਰਨਾ ਪੰਜਾਬ ਸਰਕਾਰ ਦਾ ਇਤਿਹਾਸਕ ਫੈਸਲਾ: ਸਹੋਤਾ

ਬਿਆਸ (ਪਰਮਜੀਤ ਸਿੰਘ ਰੱਖੜਾ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਤਹਿਤ ਮੇਰੀ ਰਸੋਈ ਯੋਜਨਾ ਸ਼ੁਰੂ ਕਰਨ ਨਾਲ ਇਸ ਸਰਕਾਰ ਨੇ ਹਰੇਕ ਵਰਗ ਦੇ ਲੋਕਾਂ ਨੂੰ ਵੱਖ-ਵੱਖ ਸਹੂਲਤਾਂ ਇਕ ਆਮ ਲੋਕਾਂ ਦੀ ਸਰਕਾਰ ਹੋਣ ਦਾ ਸਬੂਤ ਦਿੱਤਾ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਾਜਿੰਦਰ ਸਿੰਘ ਸਹੋਤਾ ਨੇ ਕੀਤਾ ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਪੌਸ਼ਟਿਕ ਭੋਜਨ ਦੀ ਗੁਣਵੱਤਾ ਅਤੇ ਸੁਰੱਖਿਆ ਨੂੰ ਮੱਦੇਨਜ਼ਰ ਰੱਖਦਿਆਂ ਇਹ ਇਕ ਇਤਿਹਾਸਿਕ ਪਹਿਲ ਕਦਮੀ ਕੀਤੀ ਗਈ ਹੈ ਅਤੇ ਇਹ ਮੇਰੀ ਰਸੋਈ ਯੋਜਨਾ ਲੋੜਵੰਦ ਪਰਿਵਾਰਾਂ ਲਈ ਵਰਦਾਨ ਸਾਬਿਤ ਹੋਵੇਗੀ ਅਤੇ ਸਰਕਾਰ ਵੱਲੋਂ ਚਲਾਈ ਗਈ ਇਹ ਯੋਜਨਾ ਅਪ੍ਰੈਲ ਮਹੀਨੇ ਤੋਂ ਸ਼ੁਰੂ ਹੋਵੇਗੀ ਜਿਸ ਵਿੱਚ 2 ਕਿੱਲੋ ਮਾਂਹ ਛੋਲਿਆਂ ਦੀ ਦਾਲ, 2 ਕਿੱਲੋ ਖੰਡ, 1 ਕਿੱਲੋ ਨਮਕ, 200 ਗ੍ਰਾਮ ਹਲਦੀ ਅਤੇ 1 ਲੀਟਰ ਸਰ੍ਹੋਂ ਦਾ ਤੇਲ ਦਿੱਤਾ ਜਾਵੇਗਾ।ਇਸ ਦਾ ਲਾਭ 40 ਲੱਖ ਪਰਿਵਾਰਾਂ ਨੂੰ ਹੋਵੇਗਾ ।ਮੁਫ਼ਤ ਭੋਜਨ ਕਿੱਟਾਂ ਹਲਕਾ ਬਾਬਾ ਬਕਾਲਾ ਸਾਹਿਬ ਦੇ ਹਰੇਕ ਪਿੰਡ ਵਿੱਚ ਬਿਨਾਂ ਭੇਦ ਭਾਵ ਵੰਡੀਆਂ ਜਾਣਗੀਆਂ।ਇਸ ਮੌਕੇ ਚੇਅਰਮੈਨ ਵੀਰ ਸਿੰਘ ਖ਼ਾਨਪੁਰ, ਰੌਸ਼ਨ ਲਾਲ ਰਈਆ, ਸੋਹਣ ਸਿੰਘ ਠਾਣੇਵਾਲ, ਮਹਿੰਦਰ ਕੁਮਾਰ, ਪਰਮੀਸ਼, ਚੀਮਾ ਬਾਠ, ਬਾਬਾ ਸੁੱਚਾ ਸਿੰਘ ਆਦਿ ਆਗੂ ਹਾਜ਼ਰ ਸਨ।

# ਜਨ ਸੰਪਰਕ ਮੁਹਿੰਮ ਤਹਿਤ ਡੇਰਾ ਬਾਬਾ ਨਾਨਕ ਵਿਖੇ ਪੁਲਸ-ਪਬਲਿਕ ਮੀਟਿੰਗ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ ਸ਼ੁਰੂ ਕੀਤੇ ਗਏ ਜਨ ਸੰਪਰਕ ਮੁਹਿੰਮ ਤਹਿਤ ਪੁਲਸ ਜ਼ਿਲ੍ਹਾ ਬਟਾਲਾ ਦੇ ਸੀਨੀਅਰ ਪੁਲਸ ਕਪਤਾਨ ਡਾਕਟਰ ਮਹਿਤਾਬ ਸਿੰਘ ਦੇ ਆਦੇਸ਼ਾਂ ਹੇਠ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਪੁਲਸ ਥਾਣਾ ਮੁਖੀ ਅਸ਼ੋਕ ਕੁਮਾਰ ਸ਼ਰਮਾ ਵੱਲੋਂ ਬਜ਼ਾਰ ਜੋੜੀਆਂ ਸਥਿਤ ਗੁਰਦੁਆਰਾ ਦਰਬਾਰ ਬਾਬਾ ਲਖਮੀ ਚੰਦ ਹਾਲ ਵਿਖੇ ਪੁਲਸ ਪਬਲਿਕ ਮੀਟਿੰਗ ਆਯੋਜਨ ਕੀਤੀ ਗਈ ।ਇਸ ਮੌਕੇ ਮੁੱਖ ਮਹਿਮਾਨ ਵਜੋਂ ਡੇਰਾ ਬਾਬਾ ਨਾਨਕ ਦੇ ਡੀ ਐੱਸ ਪੀ ਜੋਗਾ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਮੀਟਿੰਗ ਵਿੱਚ ਹਾਜ਼ਰ ਲੋਕਾਂ ਨੂੰ ਕਿਹਾ ਕਿ ਇਸ ਮੁਹਿੰਮ ਨਾਲ ਪੁਲਸ ਅਤੇ ਪਬਲਿਕ ਦਾ ਸਿੱਧਾ ਰਾਬਤਾ ਕਾਇਮ ਹੋਵੇਗਾ ।ਇਸ ਮੌਕੇ ਡੇਰਾ ਬਾਬਾ ਨਾਨਕ ਦੇ ਲੋਕਾਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕੀਤਾ ਅਤੇ ਲੋੜ ਪੈਣ ਤੇ ਪੁਲਸ ਦੇ ਹੈਲਪ ਲਾਈਨ ਨੰਬਰਾਂ 'ਤੇ ਨਸ਼ਾ ਕਰਨ ਅਤੇ ਵੇਚਣ ਵਾਲਿਆਂ ਦੀ ਜਾਣਕਾਰੀ ਸਾਂਝੀ ਕਰਨ ਲਈ ਕਿਹਾ ।ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਵਿਖੇ ਕੁਝ ਦਿਨਾਂ ਬਾਅਦ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਅੰਗ ਬਸਤਰ ਸਾਲਾਨਾ ਜੋੜ ਮੇਲਾ ਸ਼ੁਰੂ ਹੋ ਰਿਹਾ ਹੈ। ਇਸ ਮੇਲੇ ਦੀ ਪਵਿੱਤਰਤਾ ਨੂੰ ਦੇਖਦਿਆਂ ਹੋਇਆਂ ਨੌਜਵਾਨ ਆਪਣੇ ਟਰੈਕਟਰਾਂ 'ਤੇ ਉਚੀ ਆਵਾਜ਼ ਵਿੱਚ ਸਪੀਕਰ ਜਾਂ ਡੀਜੇ ਲਗਾ ਕੇ ਨਾ ਆਉਣ।ਜੇਕਰ ਕੋਈ ਅਜਿਹਾ ਕਰਦਾ ਦੇਖਿਆ ਗਿਆ ਤਾਂ ਪੁਲਸ ਵੱਲੋਂ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



ਇਸ ਮੌਕੇ ਥਾਣਾ ਮੁਖੀ ਅਸ਼ੋਕ ਕੁਮਾਰ ਸ਼ਰਮਾ ਨੇ ਇਲਾਕਾ ਨਿਵਾਸੀਆਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕੀਤਾ ਅਤੇ ਸਾਂਝ ਕੇਂਦਰਾਂ ਰਾਹੀ ਪੁਲਸ ਵਿਭਾਗ ਵੱਲੋਂ ਪਬਲਿਕ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ, ਔਰਤਾਂ ਅਤੇ ਬੱਚਿਆਂ ਦੀ ਸੁਰੱਖਿਆ ਅਤੇ ਸਵੈ ਰੱਖਿਆ, ਸਾਇਬਰ ਕ੍ਰਾਈਮ, ਪੁਲਸ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ ।ਇਸ ਮੌਕੇ ਪੁਲਸ ਵੱਲੋਂ ਮੀਟਿੰਗ ਵਿੱਚ ਹਾਜ਼ਰ ਮੋਹਤਬਰ ਲੋਕਾਂ ਦੇ ਸੁਝਾਅ ਲਏ ਗਏ ਤੇ ਪੁਲਸ ਵੱਲੋਂ ਲੋਕਾਂ ਦੇ ਮਸਲਿਆਂ ਨੂੰ ਮੈਰਿਟ ਦੇ ਅਧਾਰ ਤੇ ਹੱਲ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ (ਜੁਗਨੂੰ), ਸਰਪੰਚ ਹਰਜੀਤ ਸਿੰਘ ਠੇਠਰਕੇ, ਕੈਪਟਨ ਨਰਿੰਦਰ ਸਿੰਘ ਸਰਪੰਚ ਠੇਠਰਕੇ, ਕੌਂਸਲਰ ਸੱਤ ਪਾਲ ਸ਼ੌਂਕੀ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਬਲਕਾਰ ਸਿੰਘ ਫੌਜੀ, ਗਗਨਦੀਪ ਸਿੰਘ, ਗੋਲਾ ਸੁਨਿਆਰਾ, ਰਮੇਸ਼ ਢਿੱਲੋਂ, ਰਾਜੇਸ਼ ਕੁਮਾਰ ਮੋਨੂੰ, ਨਵੀਨ ਮਹਾਜਨ, ਹੈਪੀ ਬੇਦੀ, ਰੀਡਰ ਡੀ ਐੱਸ ਪੀ ਗੁਰਪਾਲ ਸਿੰਘ, ਏਐੱਸਆਈ ਕਾਬਲ ਸਿੰਘ, ਏਐੱਸਆਈ ਮਲਕੀਤ ਸਿੰਘ, ਏਐੱਸਆਈ ਨਿਰਮਲ ਸਿੰਘ, ਕਰਨੈਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਸਨ।

## ਹੋਲੇ ਮਹੱਲੇ ਨੂੰ ਸਮਰਪਿਤ ਲੰਗਰ ਲਗਾਇਆ

ਬਿਆਸ (ਪਰਮਜੀਤ ਸਿੰਘ ਰੱਖੜਾ)-ਧੰਨ ਧੰਨ ਬਾਬਾ ਗਰੀਬ ਦਾਸ ਜੀ ਗੁਰੂਦੁਆਰਾ ਪਿੰਡ ਵਜ਼ੀਰ ਭੁੱਲਰ ਦੀ ਸਮੂਹ ਸੰਗਤ ਅਤੇ ਵੀਰਾਂ ਦੇ ਸਹਿਯੋਗ ਨਾਲ ਹੋਲੇ ਮਹੱਲੇ ਨੂੰ ਸਮਰਪਿਤ ਜੀ ਟੀ ਰੋਡ ਬਿਆਸ 'ਤੇ 28, ਫਰਵਰੀ ਤੋਂ 4 ਮਾਰਚ ਤੱਕ ਲੰਗਰ ਲੱਗੇਗਾ ।28 ਫਰਵਰੀ ਨੂੰ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਪਾਇਆ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਪਾਠੀ ਕੁਲਦੀਪ ਸਿੰਘ, ਬਲਜੀਤ ਸਿੰਘ ਜਲਾਲਉਸਮਾ, ਕੁਲਵੰਤ ਸਿੰਘ ਰੰਧਾਵਾ, ਸਰਪੰਚ ਰੇਸ਼ਮ ਸਿੰਘ, ਸਾਬਕਾ ਸਰਪੰਚ ਅਵਤਾਰ ਸਿੰਘ, ਬਿੱਟੂ, ਟੋਨੀ ਪ੍ਰਧਾਨ, ਬਲਜਿੰਦਰ ਸਿੰਘ, ਬੂਟਾ ਸਿੰਘ, ਹਰਪਾਲ ਸਿੰਘ, ਤਰਲੋਕ ਸਿੰਘ, ਮੁਖਤਾਰ ਸਿੰਘ, ਜਸਪਾਲ ਸਿੰਘ, ਹਰਪ੍ਰੀਤ ਸਿੰਘ, ਨਿਸ਼ਾਨ ਸਿੰਘ, ਮੇਜਰ ਸਿੰਘ, ਜਸਬੀਰ ਸਿੰਘ ਬਿਆਸ, ਸ਼ਿੰਦਾ ਸਿੰਘ, ਦੇਬਾ ਸਿੰਘ, ਹਰਪ੍ਰੀਤ ਸਿੰਘ, ਨਿਰਮਲ ਸਿੰਘ, ਗੁਰਦਿਆਲ ਸਿੰਘ, ਜਰਨੈਲ ਸਿੰਘ ਕੋਟ ਮਹਿਤਾਬ, ਜਸਪ੍ਰੀਤ ਸਿੰਘ, ਸੰਦੀਪ ਸਿੰਘ, ਸੋਨੂੰ, ਪ੍ਰਿੰਸ ਅਤੇ ਪਿੰਡ ਦੇ ਮੋਹਤਬਰ ਹਾਜ਼ਰ ਸਨ।



## ਗੁ. ਭਗਤ ਬਾਬਾ ਨਾਮਦੇਵ ਮੜ੍ਹੀ ਕਲਾਂ ਵਿਖੇ ਮੈਡੀਕਲ ਕੈਂਪ ਲਗਾਇਆ

ਮਜੀਠਾ (ਸੋਇਮ ਆਨੰਦ)-ਡਾਕਟਰ ਰਮਨ ਖੰਨਾ ਅਤੇ ਡਾਇਰੈਕਟਰ ਹੋਮਿਓ ਪੈਥੀ ਪੰਜਾਬ ਡਾਕਟਰ ਹਰਵਿੰਦਰ ਪਾਲ ਦੇ ਨਿਰਦੇਸ਼ਾਂ ਤਹਿਤ ਜ਼ਿਲਾ ਆਯੂਰਵੈਦਿਕ ਅਫਸਰ ਡਾਕਟਰ ਦਨੇਸ਼ ਕੁਮਾਰ ਅਤੇ ਜ਼ਿਲ੍ਹਾ ਹੋਮਿਓਪੈਥਿਕ ਅਫਸਰ ਡਾਕਟਰ ਰੁਪਿੰਦਰ ਕੌਰ ਅੰਮ੍ਰਿਤਸਰ ਦੀ ਅਗਵਾਈ ਹੇਠ ਗੁਰਦੁਆਰਾ ਭਗਤ ਬਾਬਾ ਨਾਮਦੇਵ ਮੜ੍ਹੀ ਕਲਾਂ ਵਿਖੇ ਕੈਂਪ ਲਵਾਇਆ ਗਿਆ। ਇਸ ਕੈਂਪ ਵਿੱਚ 232 ਮਰੀਜ਼ਾਂ ਦਾ ਚੈਕਅਪ ਕੀਤਾ ਗਿਆ। ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸ ਕੈਂਪ ਉਦਘਾਟਨ ਸਰਪੰਚ ਬਲਵਿੰਦਰ ਸਿੰਘ ਮੜ੍ਹੀ ਕਲਾਂ ਅਤੇ ਬਾਬਾ ਜਗੀਰ ਸਿੰਘ ਕੁਹਾਲੀ ਵਾਲਿਆਂ ਵੱਲੋਂ ਕੀਤਾ ਗਿਆ। ਕੈਂਪ ਦੇ ਇੰਚਾਰਜ ਡਾਕਟਰ ਅਮਨਪ੍ਰੀਤ ਸਿੰਘ, ਡਾਕਟਰ ਮਨਦੀਪ ਕੌਰ, ਡਾਕਟਰ ਕਰਨਦੀਪ ਸਿੰਘ, ਡਾਕਟਰ ਬਲਵਿੰਦਰ ਕੌਰ, ਅਮਨਦੀਪ ਸਿੰਘ, ਬਬੀਤਾ, ਅਵਤਾਰ ਸਿੰਘ, ਅਮਨਦੀਪ ਕੌਰ, ਹਰਪ੍ਰੀਤ ਸਿੰਘ, ਮਨ ਮੋਲਦੀਪ ਸਿੰਘ ਆਦਿ ਟੀਮ ਵੱਲੋਂ ਮਰੀਜ਼ਾਂ ਦੇ ਚੈੱਕਅਪ ਕੀਤੇ ਗਏ। ਇਸ ਮੌਕੇ ਜਗਜੀਤ ਸਿੰਘ, ਨਿਸ਼ਾਨ ਸਿੰਘ, ਬਖਤਾਵਰ ਸਿੰਘ, ਸੰਦੀਪ ਸਿੰਘ, ਬਲਕਾਰ ਸਿੰਘ, ਇੰਦਰਜੀਤ ਸਿੰਘ, ਰਜਿੰਦਰ ਪ੍ਰਤਾਪ ਸਿੰਘ ,ਧਰਮਵੀਰ ਸਿੰਘ, ਰਣਜੀਤ ਸਿੰਘ, ਸ਼ਮਸ਼ੇਰ ਸਿੰਘ, ਹਰਵਿੰਦਰ ਸਿੰਘ, ਜਸਵਿੰਦਰ ਸਿੰਘ ਫੌਜੀ ਆਦਿ ਹਾਜ਼ਰ ਸਨ।



## ਸੀਡ ਵਿਲੇਜ ਸਕੀਮ ਤਹਿਤ ਪਿੰਡ ਚੰਡੇ ਤੇ ਹਰੀਆਂ 'ਚ ਲੱਗਾ ਕਿਸਾਨ ਸਿਖਲਾਈ ਕੈਂਪ

ਮਜੀਠਾ (ਸੋਇਮ ਆਨੰਦ)-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅੰਮ੍ਰਿਤਸਰ ਦੇ ਮੁੱਖ ਖੇਤੀਬਾੜੀ ਅਫਸਰ ਡਾ: ਗੁਰਸਾਹਿਬ ਸਿੰਘ ਪੱਟੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਲਾਕ ਖੇਤੀਬਾੜੀ ਅਫਸਰ ਡਾ: ਹਰਭਿੰਦਰ ਸਿੰਘ ਦੀ ਅਗਵਾਈ ਹੇਠ ਬਲਾਕ ਮਜੀਠਾ ਦੇ ਪਿੰਡਾਂ ਚੰਡੇ, ਹਰੀਆਂ ਦੇ ਕਿਸਾਨਾਂ ਲਈ ਸੀਡ ਵਿਲੇਜ ਸਕੀਮ ਅਧੀਨ ਕਨਕ ਦੀ ਫਸਲ ਸਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ।ਡਾ: ਕੰਵਰਪਾਲ ਸਿੰਘ ਢਿੱਲੋਂ ਨੇ ਕਿਸਾਨਾਂ ਨੂੰ ਦੁਧਾਰੂ ਪਸ਼ੂਆਂ ਦੀ ਸਾਂਭ ਸੰਭਾਲ ਸਬੰਧੀ ਵਿਸਥਾਰ ਵਿੱਚ ਦੱਸਿਆ।ਡਾ: ਸਿਕੰਦਰ ਸਿੰਘ ਨੇ ਹਾੜੀ ਫਸਲਾਂ ਵਿਚੋ ਕਣਕ ਦੀ ਫਸਲ ਦਾ ਆਪਣਾ ਮਿਆਰੀ ਘਰ ਦਾ ਬੀਜ ਤਿਆਰ ਕਰਨ ਸਬੰਧੀ ਚਾਨਣਾ ਪਾਇਆ ਤੇ ਫਸਲ ਨੂੰ ਹੁਣ ਮੌਕੇ ਤੇ ਲੱਗ ਰਹੇ ਕੀੜੇ ਮਕੌੜਿਆਂ ਦੀ ਰੋਕਥਾਮ ਸਬੰਧੀ ਜਾਣਕਾਰੀ ਦਿੱਤੀ।ਕੈਂਪ ਵਿਚ ਸਟੇਜ ਸੰਚਾਲਨ ਖੇਤੀਬਾੜੀ ਵਿਸਥਾਰ ਅਫਸਰ ਹਰਮਨਦੀਪ ਸਿੰਘ ਸ਼ਾਮਨਗਰ ਨੇ ਕੀਤਾ।ਇਸ ਮੌਕੇ ਖੇਤੀਬਾੜੀ ਵਿਸਥਾਰ ਅਫਸਰ ਸ਼ਰਨਜੀਤ ਸਿੰਘ, ਕਮਲ ਕਾਹਲੋਂ, ਦਵਿੰਦਰ ਸਿੰਘ ਬੀ.ਟੀ.ਐਮ, ਲਵਪ੍ਰੀਤ ਸਿੰਘ ਏ.ਐਸ.ਆਈ, ਤਿਲਕ ਰਾਜ, ਬਲਵਿੰਦਰ ਸਿੰਘ, ਜਸ਼ਨਪ੍ਰੀਤ ਕੌਰ, ਦਿਲਬਾਗ ਸਿੰਘ, ਸੁਖਵਿੰਦਰ ਸਿੰਘ, ਸ਼ਮਸ਼ੇਰ ਸਿੰਘ ਤੋਂ ਇਲਾਵਾ ਪ੍ਰਗਟ ਸਿੰਘ, ਰਵੀਕਰਨ ਸਿੰਘ, ਚਮਕੌਰ ਸਿੰਘ, ਗੁਰਵਿੰਦਰ ਸਿੰਘ, ਦਲਬੀਰ ਸਿੰਘ ਮਿੱਠਾ, ਧਰਮਿੰਦਰ ਸਿੰਘ, ਮੇਜਰ ਸਿੰਘ, ਹਨੀਪ੍ਰੀਤ ਸਿੰਘ, ਨਰਿੰਦਰ ਸਿੰਘ, ਮਲਕੀਤ ਸਿੰਘ, ਜਗਰਾਜ ਸਿੰਘ, ਕੁਲਵਿੰਦਰ ਸਿੰਘ, ਜਗਤਾਰ ਸਿੰਘ, ਕੁਲਵੰਤ ਸਿੰਘ, ਕੁਲਜੀਤ ਸਿੰਘ, ਪ੍ਰਮਜੀਤ ਸਿੰਘ, ਯੁਵਰਾਜ ਸਿੰਘ, ਮੰਗਲ ਸਿੰਘ, ਸਮੇਤ ਪਿੰਡ ਚੰਡੇ ਤੇ ਪਿੰਡ ਹਰੀਆਂ ਦੇ ਅਗਾਂਹਵਧੂ ਕਿਸਾਨ ਹਾਜ਼ਰ ਸਨ।



## ਰਾਜ ਪੱਧਰੀ ਖੇਡਾਂ 'ਚ ਜੇਤੂ ਖਿਡਾਰੀਆਂ ਨੂੰ ਕੀਤਾ ਸਨਮਾਨਿਤ

ਝਬਾਲ, (ਹਰਜਿੰਦਰ ਸਿੰਘ ਸੋਨੀ)-ਰਾਜ ਪੱਧਰੀ ਖੇਡਾਂ ਵਿੱਚ ਜੇਤੂ ਖਿਡਾਰੀਆਂ ਅਤੇ ਕੋਚਾਂ ਦੇ ਸਨਮਾਨ ਸਬੰਧੀ ਰੱਖੇ ਪ੍ਰੋਗਰਾਮ ਵਿੱਚ ਬੋਲਦਿਆਂ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਾਜਿੰਦਰ ਸਿੰਘ ਨੇ ਕਿਹਾ ਕਿ ਜਿੱਥੇ ਖੇਡਾਂ ਬੱਚਿਆਂ ਵਿੱਚ ਮਿਲਵਰਤਨ, ਪਿਆਰ ਆਦਿ ਦੀ ਭਾਵਨਾ ਪੈਦਾ ਕਰਦੀਆਂ ਹਨ ਉਥੇ ਇਹ ਸਰਬਪੱਖੀ ਵਿਕਾਸ ਲਈ ਵੀ ਜ਼ਰੂਰੀ ਹਨ।ਸਰਕਾਰੀ ਐਲੀਮੈਂਟਰੀ ਸਕੂਲ ਦੋਦੇ ਵਿਖੇ ਰੱਖੇ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਵਿੱਚ ਬਲਾਕ ਖੇਡ ਅਫਸਰ ਮੈਡਮ ਰਣਦੀਪ ਕੌਰ ਨੇ ਖੇਡ ਪ੍ਰਾਪਤੀਆਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਬਲਾਕ ਗੰਡੀਵਿੰਡ ਰਾਜ ਪੱਧਰੀ ਖੇਡਾਂ ਵਿੱਚ ਹਮੇਸ਼ਾ ਮੋਹਰੀ ਰਿਹਾ ਹੈ ਅਤੇ ਇਸ ਵਾਰ ਵੀ ਐਥਲੈਟਿਕ ਅਤੇ ਹੋਰ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਰਿਹਾ। ਬਲਾਕ ਦੀ ਰਿਲੇਅ (ਲੜਕੀਆਂ) ਟੀਮ ਨੇ ਗੋਲਡ ਮੈਡਲ ਪ੍ਰਾਪਤ ਕੀਤਾ ਹੈ। ਫੁੱਟਬਾਲ ਲੜਕੀਆਂ ਦਾ ਰਾਜ ਪੱਧਰ 'ਤੇ ਪ੍ਰਦਰਸ਼ਨ ਵੀ ਸ਼ਾਨਦਾਰ ਰਿਹਾ।ਪਿੰਡ ਦੇ ਸਰਪੰਚ ਸੋਨੂੰ ਬਰਾੜ ਵੱਲੋਂ ਜੇਤੂ ਬੱਚਿਆਂ ਨੂੰ ਮੈਡਲ ਅਤੇ ਸਪੋਰਟਸ ਕਿੱਟਾਂ ਤਕਸੀਮ ਕੀਤੀਆਂ। ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਪ੍ਰਧਾਨ ਨਰਿੰਦਰ ਨੂਰ ਨੇ ਬਾਖੂਬੀ ਨਿਭਾਈ। ਇਸ ਤੋਂ ਇਲਾਵਾ ਗੁਰਚਰਨ ਸਿੰਘ ਕੋਟ, ਗੁਰਵੇਲ ਸਿੰਘ ਠੱਠਾ, ਜਗਜੀਤ ਸਿੰਘ, ਅਮਿਤ ਕੁਮਾਰ ਸਰਬਜੀਤ ਸਿੰਘ ਆਦਿ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਬੱਚਿਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ। ਬਲਾਕ ਪੱਧਰੀ ਪ੍ਰੋਗਰਾਮ ਵਿੱਚ ਸੀ. ਐਚ. ਟੀ. ਸਰਬਜੀਤ ਸਿੰਘ, ਮੈਡਮ ਕਿਰਨ, ਮਨਪ੍ਰੀਤ ਕੌਰ, ਹਰਭਪਿੰਦਰਪਾਲ ਸਿੰਘ, ਮਨਦੀਪ ਕੌਰ, ਸਰਬਜੀਤ ਕੌਰ, ਰਣਜੀਤ ਕੌਰ, ਰੁਪਿੰਦਰ ਕੌਰ, ਸਾਹਿਬ ਸਿੰਘ ਆਦਿ ਹਾਜ਼ਰ ਸਨ।



# ਪੁਲਸ ਮੁਕਾਬਲੇ 'ਚ ਮਾਰੇ ਗਏ ਰਣਜੀਤ ਸਿੰਘ ਦੇ ਪਰਿਵਾਰ ਨੇ ਬੱਬਰੀ ਚੌਕ 'ਚ ਦਿੱਤਾ ਧਰਨਾ

ਗੁਰਦਾਸਪੁਰ, (ਜਨਕ ਮਹਾਜਨ)-ਪੁਲਸ ਮੁਕਾਬਲੇ 'ਚ ਮਾਰੇ ਗਏ ਰਣਜੀਤ ਸਿੰਘ ਦੇ ਪਰਿਵਾਰ ਨੇ ਉਸਦਾ ਪੋਸਟਮਾਰਟਮ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਹੈ।ਪੁਲਸ 'ਤੇ ਝੂਠਾ ਮੁਕਾਬਲਾ ਕਰਨ ਦਾ ਦੋਸ਼ ਲਗਾਉਂਦੇ ਹੋਏ ਪਰਿਵਾਰ ਨੇ ਵੱਖ-ਵੱਖ ਸੰਗਠਨਾਂ ਦੇ ਨਾਲ ਸ਼ਹਿਰ ਦੇ ਬੱਬਰੀ ਬਾਈਪਾਸ ਚੌਕ 'ਤੇ ਤਿੰਨ ਘੰਟੇ ਦਾ ਧਰਨਾ ਦਿੱਤਾ। ਆਦੀਆਂ ਚੌਕੀ 'ਤੇ ਹਾਲ ਹੀ ਵਿੱਚ ਹੋਏ ਹਮਲੇ ਵਿੱਚ ਦੋ ਸੈਨਿਕ ਸ਼ਹੀਦ ਹੋ ਗਏ ਸਨ।ਪੁਲਸ ਨੇ ਇਸ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਨਾਮਜ਼ਦ ਕੀਤਾ ਸੀ: ਦਿਲਾਵਰ ਸਿੰਘ, ਇੰਦਰਜੀਤ ਸਿੰਘ ਅਤੇ ਰਣਜੀਤ ਸਿੰਘ।ਪੁਲਸ ਨੇ ਦਿਲਾਵਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਉਸਦੀ ਜਾਣਕਾਰੀ ਦੇ ਆਧਾਰ ਤੇ ਰਣਜੀਤ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ।ਪੁਲਸ ਅਨੁਸਾਰ ਹਥਿਆਰਾਂ ਦੀ ਬਰਾਮਦਗੀ ਦੌਰਾਨ ਰਣਜੀਤ ਸਿੰਘ ਨੇ ਭੱਜਣ ਦੀ ਕੋਸ਼ਿਸ਼ ਕੀਤੀ ਅਤੇ ਪੁਲਿਸ ਪਾਰਟੀ ਤੇ ਗੋਲੀਬਾਰੀ ਕੀਤੀ, ਜਿਸ ਤੋਂ ਬਾਅਦ ਉਹ ਜਵਾਬੀ ਕਾਰਵਾਈ ਵਿੱਚ ਮਾਰਿਆ ਗਿਆ। ਇੰਦਰਜੀਤ ਸਿੰਘ ਨੂੰ ਸ਼ੁੱਕਰਵਾਰ ਨੂੰ ਅੰਮ੍ਰਿਤਸਰ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ।ਮੁਕਾਬਲੇ ਤੋਂ ਪੰਜ ਦਿਨ ਬਾਅਦ ਵੀ ਰਣਜੀਤ ਸਿੰਘ ਦੇ ਪਰਿਵਾਰ ਨੇ ਪੋਸਟਮਾਰਟਮ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਹੈ।ਵਿਰੋਧ ਪ੍ਰਦਰਸ਼ਨ ਵਿੱਚ ਪਰਿਵਾਰ ਨੇ ਆਪਣੀਆਂ ਮੰਗਾਂ ਦੁਹਰਾਈਆਂ।ਕਾਂਗਰਸ ਨੇਤਾ ਸੁਖਪਾਲ ਸਿੰਘ ਖਹਿਰਾ, ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ, ਲੱਖਾ ਸਿਧਾਣਾ, ਕਿਰਤੀ ਕਿਸਾਨ ਯੂਨੀਅਨ ਦੇ ਨੇਤਾ ਸਤਬੀਰ ਸੁਲਤਾਨੀ ਅਤੇ ਸੀਪੀਆਈ (ਐੱਮਐੱਲ) ਦੇ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਸਮੇਤ ਕਈ ਆਗੂਆਂ ਨੇ ਇਸ ਪ੍ਰਦਰਸ਼ਨ ਵਿੱਚ ਹਿੱਸਾ ਲਿਆ।

ਬੁਲਾਰਿਆਂ ਨੇ ਦੋਸ਼ ਲਗਾਇਆ ਕਿ ਇਹ ਪੰਜਾਬ ਵਿੱਚ ਵਧ ਰਹੇ ਜ਼ੁਲਮ ਅਤੇ ਝੂਠੇ ਪੁਲਸ ਮੁਕਾਬਲਿਆਂ ਦੀ ਤਾਜ਼ਾ ਉਦਾਹਰਣ ਹੈ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਬਿਨਾਂ ਕਿਸੇ ਕਾਰਨ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਪ੍ਰਦਰਸ਼ਨਕਾਰੀਆਂ ਨੇ ਪੀਜੀਆਈ ਚੰਡੀਗੜ੍ਹ ਵਿਖੇ ਮ੍ਰਿਤਕ ਰਣਜੀਤ ਸਿੰਘ ਦਾ ਪੋਸਟਮਾਰਟਮ ਕਰਵਾਉਣ ਅਤੇ ਪੂਰੇ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ।



# ਕਟਾਰੂਚੱਕ, ਭੁੱਲਰ, ਸ਼ੈਰੀ ਕਲਸੀ ਤੇ ਰੰਧਾਵਾ ਨੇ ਸ਼ਹੀਦ ਪੁਲਸ ਜਵਾਨਾਂ ਦੇ ਪਰਿਵਾਰਾਂ ਨਾਲ ਦੁੱਖ ਵੰਡਾਇਆ

ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਲਾਲਜੀਤ ਸਿੰਘ ਭੁੱਲਰ ਨੇ ਪਿੰਡ ਆਦੀਆਂ ਵਿਖੇ ਵਾਪਰੀ ਮੰਦਭਾਗੀ ਘਟਨਾ ਵਿੱਚ ਸ਼ਹੀਦ ਹੋਏ ਪਿੰਡ ਗਾਦੜੀਆਂ ਦੇ ਏ.ਐੱਸ.ਆਈ. ਗੁਰਨਾਮ ਸਿੰਘ ਅਤੇ ਪਿੰਡ ਅਖਲਾਸਪੁਰ ਦੇ ਪੰਜਾਬ ਹੋਮ ਗਾਰਡ ਅਸ਼ੋਕ ਕੁਮਾਰ ਦੇ ਗ੍ਰਹਿ ਪਿੰਡ ਗਾਦੜੀਆਂ ਅਤੇ ਅਖਲਾਸਪੁਰ ਵਿਖੇ ਪਹੁੰਚ ਕੇ ਸ਼ਹੀਦ ਪਰਿਵਾਰ ਨਾਲ ਦੁੱਖ ਵੰਡਾਇਆ। ਉਨ੍ਹਾਂ ਨਾਲ ਆਮ ਆਦਮੀ ਪਾਰਟੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਏਡੀਸੀ (ਜ) ਗੁਰਦਾਸਪੁਰ ਗੁਰਸਿਮਰਨ ਸਿੰਘ ਢਿੱਲੋਂ, ਹਲਕਾ ਇੰਚਾਰਜ ਦੀਨਾਨਗਰ ਸਮਸ਼ੇਰ ਸਿੰਘ, ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ, ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਬਲਬੀਰ ਸਿੰਘ ਪਨੂੰ ਸਣੇ ਹੋਰ ਵੀ ਪਾਰਟੀ ਆਗੂ ਮੌਜੂਦ ਸਨ। ਸ਼ਹੀਦ ਦੇ ਪਰਿਵਾਰ ਨਾਲ ਦੁੱਖ ਵੰਡਾਉਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਆਦੀਆਂ ਵਿਖੇ ਸ਼ਹੀਦ ਹੋਏ (ਪਿੰਡ ਗਾਦੜੀਆਂ ਦੇ ਏ. ਐੱਸ. ਆਈ. ਗੁਰਨਾਮ ਸਿੰਘ ਅਤੇ ਪਿੰਡ ਅਖਲਾਸਪੁਰ ਦੇ ਪੰਜਾਬ ਹੋਮ ਗਾਰਡ ਅਸ਼ੋਕ ਕੁਮਾਰ) ਦੋਵੇਂ ਜਵਾਨ ਪੰਜਾਬ ਦਾ ਮਾਣ ਅਤੇ ਦੇਸ਼ ਦੇ ਸਿਰ ਦਾ ਤਾਜ ਹਨ, ਜਿਨ੍ਹਾਂ ਨੂੰ ਦੇਸ਼ ਵਿਰੋਧੀ ਤਾਕਤਾਂ ਨੇ ਕਾਇਰਾਨਾ ਹਰਕਤ ਕਰਕੇ ਸ਼ਹੀਦ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਸ਼ਹੀਦ ਪਰਿਵਾਰਾਂ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੀ ਹੈ ਅਤੇ ਸ਼ਹੀਦਾਂ ਦੇ ਸਨਮਾਨ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਪਰਿਵਾਰਾਂ ਨੂੰ 1-1 ਕਰੋੜ ਰੁਪਏ ਦੀ ਐਕਸਗ੍ਰੇਸ਼ੀਆ ਰਾਸ਼ੀ ਪ੍ਰਦਾਨ ਕਰੇਗੀ। ਉਨ੍ਹਾਂ ਨੇ ਵਿਰੋਧੀ ਪਾਰਟੀ ਦੇ ਆਗੂਆਂ ਦੀ ਤਿੱਖੀ ਆਲੋਚਨਾ ਕਰਦਿਆਂ ਕਿਹਾ ਇਸ ਦੁੱਖ ਦੀ ਘੜੀ ਵਿੱਚ ਸ਼ਹੀਦ ਪੁਲਸ ਜਵਾਨਾਂ ਦੇ ਪਰਿਵਾਰਾਂ ਨਾਲ ਖੜ੍ਹਨ ਦਾ ਸਮਾਂ ਹੈ ਨਾ ਕਿ ਸਿਆਸਤ ਕਰਨ ਦਾ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ, ਪੰਜਾਬ ਅਤੇ ਦੇਸ਼ ਦੀ ਅਮਨ ਸ਼ਾਂਤੀ, ਏਕਤਾ ਅਤੇ ਅਖੰਡਤਾ ਨੂੰ ਤੋੜਨ ਵਾਲੀਆਂ ਦੇਸ਼ ਵਿਰੋਧੀ ਤਾਕਤਾਂ ਦੀ ਬੋਲੀ ਬੋਲ ਰਹੀਆਂ ਹਨ , ਜੋ ਅਤਿ ਨਿੰਦਣਯੋਗ ਹੈ। ਉਨ੍ਹਾਂ ਦੱਸਿਆ ਪੰਜਾਬ ਪੁਲਸ ਨੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਕਾਰਵਾਈ ਕਰਦਿਆਂ ਦੋਸ਼ੀਆਂ ਨੂੰ ਫੜ ਲਿਆ ਹੈ ਅਤੇ ਉਨ੍ਹਾਂ ਨੇ ਕਬੂਲ ਲਿਆ ਹੈ ਕਿ ਉਨ੍ਹਾਂ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਉਨ੍ਹਾਂ ਸਖਤ ਲਫਜ਼ਾਂ ਵਿੱਚ ਕਿਹਾ ਅਮਨ ਸ਼ਾਤੀ ਭੰਗ ਕਰਨ ਵਾਲੀਆਂ ਤਾਕਤਾਂ ਨੂੰ ਬਖਸ਼ਿਆ ਨਹੀ ਜਾਵੇਗਾ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਵਿਰੋਧੀ ਤਾਕਤਾਂ ਦੇ ਝਾਂਸਿਆਂ ਵਿੱਚ ਨਾ ਆਉਣ ਅਤੇ ਆਪਣੇ ਪਰਿਵਾਰ, ਸੂਬੇ ਤੇ ਦੇਸ਼ ਦੀ ਸੇਵਾ ਕਰਨ। ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਦੇਸ਼ ਵਿਰੋਧੀ ਤਾਕਤਾਂ ਪੰਜਾਬ ਦਾ ਮਾਹੌਲ ਖਰਾਬ ਕਰਨਾ ਚਾਹੁੰਦੀਆਂ ਹਨ ਉਨ੍ਹਾਂ ਕਿਹਾ ਪੰਜਾਬ ਪੁਲੀਸ ਨੇ ਹਮੇਸ਼ਾ ਸੂਬੇ ਅਤੇ ਦੇਸ਼ ਦੀ ਖਾਤਰ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ। ਸਾਨੂੰ ਪੰਜਾਬ ਪੁਲੀਸ 'ਤੇ ਮਾਣ ਹੈ।

ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਪੰਜਾਬ ਪੁਲਸ ਦਾ ਮਨੋਬਲ ਵਧਾਉਣ ਦੀ ਥਾਂ ਉਨ੍ਹਾਂ ਦੀ ਨੁਕਤਾਚੀਨੀ ਕਰ ਰਹੀਆਂ ਹਨ, ਜੋ ਬਹੁਤ ਹੀ ਨਿੰਦਣਯੋਗ ਅਤੇ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਪਾਰਟੀ ਸ਼ਹੀਦ ਪਰਿਵਾਰਾਂ ਦੇ ਨਾਲ ਖੜੀ ਹੈ ਅਤੇ ਸ਼ਹੀਦਾਂ ਦੇ ਮਾਣ ਸਨਮਾਨ ਲਈ ਵਚਨਬੱਧ ਹੈ। ਅਸੀਂ ਆਪਣੇ ਸ਼ਹੀਦਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਇਸ ਦੁੱਖ ਦੀ ਘੜੀ ਵਿੱਚ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹਾਂ।



## ਪੈਨਸ਼ਨਰਜ਼ ਐਂਡ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਤਹਿਸੀਲ ਪੱਟੀ ਦੀ ਮੀਟਿੰਗ

**ਪੱਟੀ, (ਬਲਦੇਵ ਸਿੰਘ ਸੰਧੂ)**-ਪੈਨਸ਼ਨਰਜ਼ ਐਂਡ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਤਹਿਸੀਲ ਪੱਟੀ ਦੀ ਹਫਤਾਵਾਰੀ ਮੀਟਿੰਗ ਪ੍ਰਧਾਨ ਹਰਜਿੰਦਰ ਸਿੰਘ ਜੰਡ ਦੀ ਪ੍ਰਧਾਨਗੀ ਹੇਠ ਹੋਈ। ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦੇ ਹੋਏ ਜਨਰਲ ਸਕੱਤਰ ਜਗਤਾਰ ਸਿੰਘ ਆਸਲ ਨੇ ਕਿਹਾ ਕਿ ਪੰਜਾਬ ਸਰਕਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ 16% ਡੀਏ ਨਹੀਂ ਦੇ ਰਹੀ, ਕੈਸ਼ਲੈੱਸ ਸਕੀਮ ਅਤੇ 2.59 ਦਾ ਫੈਕਟਰ ਲਾਗੂ ਨਹੀਂ ਕਰ ਰਹੀ, ਲਗਾਤਾਰ ਮੀਟਿੰਗਾਂ ਰੱਖ ਕੇ ਹਰ ਵਾਰੀ ਮੁਲਤਵੀ ਕਰ ਦਿੱਤੀਆਂ ਜਾਂਦੀਆਂ। ਜ਼ਿਲਾ ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ ਸਰਹਾਲੀ ਨੇ ਕਿਹਾ ਕਿ ਪੰਜਾਬ ਸਰਕਾਰ ਨਰਿੰਦਰ ਮੋਦੀ ਦੀਆਂ ਨੀਤੀਆਂ ਲਾਗੂ ਕਰ ਰਹੀ ਹੈ, ਪੁਰਾਣੀ ਪੈਨਸ਼ਨ ਮੋਦੀ ਵੱਲੋਂ ਬੰਦ ਕਰ ਦਿੱਤੀ ਗਈ ਹੈ ਉਸੇ ਤਰਜ਼ ਤੇ ਮਾਨ ਸਰਕਾਰ ਵੀ ਪੁਰਾਣੀ ਪੈਨਸ਼ਨ ਬਹਾਲ ਨਹੀਂ ਕਰ ਰਹੀ। ਜ਼ਿਲਾ ਸਕੱਤਰ ਸੱਤਪਾਲ ਸ਼ਰਮਾ ਨੇ ਕਿਹਾ ਕਿ ਅੱਠ ਮਾਰਚ ਨੂੰ ਪੈਨਸ਼ਨਰ ਵੱਡੀ ਗਿਣਤੀ ਵਿੱਚ ਪੱਟੀ ਤਹਿਸੀਲ ਤੋਂ ਚੰਡੀਗੜ੍ਹ ਸ਼ਾਮਿਲ ਹੋਣਗੇ। ਸੁਪਰਡੈਂਟ ਮਲਕੀਤ ਸਿੰਘ, ਸੁਪਰਡੈਂਟ ਮੋਹਨ ਸਿੰਘ ਅਤੇ ਸੁਰਜੀਤ ਲਾਲ ਪਾਸੀ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਜੀਤ ਸਿੰਘ, ਕੁਲਦੀਪ ਸਿੰਘ, ਦੀਪ ਸਿੰਘ, ਸੁਖਵਿੰਦਰ ਸਿੰਘ, ਇੰਦਰਜੀਤ ਕੌਰ, ਨਰਿੰਦਰ ਕੌਰ, ਸੁਖਬੀਰ ਕੌਰ ਗੁਰਨਾਮ ਕੌਰ, ਦਰਸ਼ਨ ਸਿੰਘ, ਦਰਸ਼ਨ ਸਿੰਘ ਲੈਕਚਰਾਰ, ਕੁਲਵਿੰਦਰ ਸਿੰਘ, ਗੁਰਦੀਪ ਸਿੰਘ, ਚਾਨਣ ਸਿੰਘ, ਗੋਪਾਲ ਸਿੰਘ, ਕੁਲਵਿੰਦਰ ਸਿੰਘ, ਧਰਮ ਸਿੰਘ ਪੱਟੀ, ਅਨੋਖ ਸਿੰਘ ਜਸਵੰਤ ਸਿੰਘ, ਮਲੂਕ ਸਿੰਘ, ਕਨਗੋ, ਤੇਜਦਵਿੰਦਰ ਸਿੰਘ, ਜਿਲੇਦਾਰ ਅਮਰਜੀਤ ਸਿੰਘ, ਨਿਰੰਜਨ ਸਿੰਘ, ਗੁਰਮੀਤ ਸਿੰਘ ਮਾਨ, ਨਿਰਮਲ ਸਿੰਘ ਬੁਰਜ, ਵਿਕਰਮਜੀਤ ਸਿੰਘ, ਓਮ ਪ੍ਰਕਾਸ਼ ਅਤੇ ਹੋਰ ਕਈ ਸਾਥੀ ਹਾਜ਼ਰ ਸਨ। ਪ੍ਰਧਾਨ ਹਰਜਿੰਦਰ ਸਿੰਘ ਜੰਡ ਨੇ ਅੱਠ ਮਾਰਚ ਨੂੰ ਚੰਡੀਗੜ੍ਹ ਪਹੁੰਚਣ ਦੀ ਪੈਨਸ਼ਨਰਾਂ ਨੂੰ ਅਪੀਲ ਕੀਤੀ।



# 'ਦਿ ਜਰਨੀ ਆਫ ਕਿਊਰੀਅਸ ਸਟਾਰ' ਰਿਲੀਜ਼

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਖੱਤਰੀ ਸਭਾ ਮਹਿਲਾ ਮੰਡਲ ਮੁਖੀ ਤੇ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ. ਸਵਰਾਜ ਗਰੋਵਰ ਨੇ ਸਪਰਿੰਗ ਡੇਲ ਸਕੂਲ ਵਿਚ ਚੌਥੀ ਕਲਾਸ ਦੇ ਵਿਦਿਆਰਥੀ ਨਿਤਯਮ ਅਰੋੜਾ ਵੱਲੋਂ ਲਿਖੀ ਗਈ ਪੁਸਤਕ 'ਦਿ ਜਰਨੀ ਆਫ ਕਿਊਰੀਅਸ ਸਟਾਰ' ਦਾ ਵਿਮੋਚਨ ਕੀਤਾ।ਪੁਸਤਕ ਦੀ ਰਿਲੀਜ਼ ਸਮਾਰੋਹ ਦੌਰਾਨ ਡਾ. ਸਵਰਾਜ ਗਰੋਵਰ ਨੇ ਨਿਤਯਮ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਆਪਣਾ ਅਸ਼ੀਰਵਾਦ ਦਿੱਤਾ।

ਇਸ ਮੌਕੇ ਨਿਤਯਮ ਅਰੋੜਾ ਦੇ ਪਿਤਾ ਕਰਨ ਅਰੋੜਾ, ਮਾਂ ਦਿਵਿਆ ਅਰੋੜਾ, ਦਾਦੀ ਰਮਾ ਅਰੋੜਾ ਤੇ ਦਾਦਾ ਮੋਹਨ ਲਾਲ ਅਰੋੜਾ ਵੀ ਮੌਜੂਦ ਸਨ।ਉਨ੍ਹਾਂ ਨੇ ਡਾ. ਸਵਰਾਜ ਗਰੋਵਰ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ। ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਨਿਤਯਮ ਛੋਟੀ ਉਮਰ ਤੋਂ ਲੇਖਕ ਬਣ ਗਿਆ ਹੈ ਅਤੇ ਇਸ ਵੱਲੋਂ ਲਿਖੀ ਇਹ ਕਿਤਾਬ 'ਦਿ ਜਰਨੀ ਆਫ ਕਿਊਰੀਅਸ ਸਟਾਰ' 'ਯੂਨੀਵਰਸ ਆਫ ਪਲਾਂਨੇਟ' ਬਾਰੇ ਬੇਹੱਦ ਜਾਣਕਾਰੀ ਭਰਪੂਰ ਹੈ।ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਇਹ ਕਿਤਾਬ 'ਦਾ ਜਰਨੀ ਆਫ ਕਿਊਰੀਅਸ ਸਟਾਰ' ਬੱਚਿਆਂ ਨੂੰ ਯੂਨੀਵਰਸ ਅਤੇ ਪਲਾਂਨੇਟ, ਪਲਾਂਨੇਟ ਦਾ ਤਾਪਮਾਨ, ਪਲਾਂਨੇਟ 'ਤੇ ਮਨੁਖੀ ਜੀਵਨ ਸਬੰਧੀ, ਪਲਾਂਨੇਟ ਰਿੰਗ ਆਦਿ ਭਰਪੂਰ ਜਾਣਕਾਰੀ ਮਿਲੇਗੀ।ਉਨ੍ਹਾਂ ਦੱਸਿਆ ਕਿ ਨੰਨੇ ਲੇਖਕ ਦੀ ਮਾਂ ਦਿਵਿਆ ਅਰੋੜਾ ਵੀ ਖੁਦ ਲੇਖਕ ਹਨ ਅਤੇ ਉਹ 10 ਦੇ ਕਰੀਬ ਪੋਇਟਰੀ ਕਿਤਾਬਾਂ ਲਿਖ ਚੁੱਕੇ ਹਨ।ਇਸ ਮੌਕੇ ਨਿਯਮਤ ਦੇ ਪਿਤਾ ਕਰਨ ਅਰੋੜਾ ਅਤੇ ਮਾਂ ਦਿਵਿਆ ਅਰੋੜਾ ਨੇ ਦੱਸਿਆ ਕਿ ਉਨ੍ਹਾਂ ਦਾ ਬੇਟਾ ਸਪਰਿੰਗ ਡੇਲ ਸੀਨੀਅਰ ਸਕੂਲ ਵਿਚ ਚੌਥੀ ਕਲਾਸ ਦਾ ਵਿਦਆਰਥੀ ਹੈ ਅਤੇ ਉਸ ਦੀ ਉਮਰ 10 ਸਾਲ ਹੈ।ਉਸ ਨੂੰ ਸਪੇਸ ਬਾਰੇ ਨਾਲਜ ਇਕੱਠਾ ਕਰਨ ਦਾ ਬਹੁਤ ਸ਼ੌਕ ਹੈ, ਇਸੇ ਲਈ ਉਸ ਨੇ ਬਚਪਨ ਤੋਂ ਹੀ ਟੈਲੀਸਕੋਪ ਵੀ ਰੱਖਿਆ ਹੋਇਆ ਹੈ।ਨਿਤਯਮ ਕ੍ਰਿਕਟ ਦਾ ਵੀ ਸ਼ੌਂਕ ਰੱਖਦਾ ਹੈ ਅਤੇ ਰੋਜਾਨਾ ਕ੍ਰਿਕਟ ਦੀ ਟ੍ਰੇਨਿੰਗ ਵੀ ਲੈ ਰਿਹਾ ਹੈ। ਉਸ ਦਾ ਸੁਪਨਾ ਇਕ ਚੰਗਾ ਕ੍ਰਿਕਟਰ ਬਣਨ ਦਾ ਹੈ। ਇਸ ਦੇ ਨਾਲ ਹੀ ਭਵਿੱਖ ਵਿਚ ਹੋਰ ਵੀ ਇਸੇ ਤਰ੍ਹਾਂ ਦੀਆਂ ਜਾਣਕਾਰੀ ਭਰਪੂਰ ਕਿਤਾਬਾਂ ਲਿਖੇਗਾ।

ਪਬਲਿਸ਼ਰਜ਼ ਬ੍ਰੀਬੁਕਸ ਵਲੋਂ ਇੰਟਰਨੈਸ਼ਨਲ ਪੱਧਰ 'ਤੇ ਮੁਕਾਬਲੇ ਵਿਚ 'ਸਿਟੀ ਬੈਸਟ ਸੈਲਰ' ਦਾ ਖਿਤਾਬ ਵੀ ਨਿਤਯਮ ਨੂੰ ਮਿਲਿਆ ਹੈ ਅਤੇ ਸਿਲਵਰ ਸਟਾਰ ਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਕਿਤਾਬ ਦੇਸ਼ ਵਿਦੇਸ਼ ਵਿਚ ਵੀ ਆਨਲਾਈਨ ਪਹੁੰਚੀ ਹੈ।

ਸਕੂਲ ਦੇ ਪ੍ਰਿੰਸੀਪਲ ਰਾਜੀਵ ਕੁਮਾਰ ਸ਼ਰਮਾ ਨੇ ਨਿਤਯਮ ਨੂੰ ਆਪਣਾ ਅਸ਼ੀਰਵਾਦ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਸਮਾਰੋਹ ਦੇ ਅੰਤ ਵਿਚ ਡਾ. ਸਵਰਾਜ ਗਰੋਵਰ ਨੇ ਨਿਤਯਮ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ।



## ਫੱਤੂ ਬਰਕਤ ਦੀ ਸ਼ਾਮਲਾਟ ਜ਼ਮੀਨ 'ਤੇ ਹੋ ਰਹੀ ਨਜਾਇਜ਼ ਉਸਾਰੀ ਰੋਕਣ ਦੀ ਮੰਗ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਇੱਕ ਪਾਸੇ ਜਿੱਥੇ ਪੰਜਾਬ ਸਰਕਾਰ ਪਿੰਡਾਂ ਦੇ ਵਿੱਚੋਂ ਨਜਾਇਜ਼ ਕਬਜ਼ਿਆਂ ਨੂੰ ਛੁਡਵਾ ਰਹੀ ਹੈ ਅਤੇ ਪੰਚਾਇਤੀ ਜ਼ਮੀਨਾਂ ਉਪਰ ਲੋਕਾਂ ਦੀ ਸੁੱਖ ਸਹੂਲਤਾਂ ਦੇ ਲਈ ਸੁਵਿਧਾਵਾਂ ਬਣਾਈਆਂ ਜਾ ਰਹੀਆਂ ਹਨ ਪਰ ਉਥੇ ਹੀ ਕੁਝ ਅਜਿਹਾ ਵੀ ਦੇਖਣ ਨੂੰ ਮਿਲਦਾ ਹੈ ਕਿ ਜਿੱਥੇ ਪਿੰਡ ਦੇ ਅੰਦਰ ਨਜਾਇਜ਼ ਉਸਾਰੀ ਹੋ ਰਹੀ ਹੈ।ਅਜਿਹਾ ਹੀ ਇੱਕ ਮਾਮਲਾ ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਬਲਾਕ ਕਾਹਨੂੰਵਾਨ ਦੇ ਪਿੰਡ ਫੱਤੂ ਬਰਕਤ ਤੋਂ ਸਾਹਮਣੇ ਆਇਆ ਜਿੱਥੇ ਕਿ ਸ਼ਾਮਲਾਟ ਜ਼ਮੀਨ ਵਿੱਚ ਮੰਦਰ ਸ਼ਮਸ਼ਾਨ ਘਾਟ ਗੁਰਦੁਆਰਾ ਛੱਪੜ ਕਬਰਿਸਤਾਨ ਆਦਿ ਜ਼ਮੀਨ ਤੇ ਲੋਕਾਂ ਦੇ ਵੱਲੋਂ ਨਜਾਇਜ਼ ਕਬਜ਼ੇ ਦੀ ਉਸਾਰੀ ਜ਼ੋਰ ਸ਼ੋਰ ਨਾਲ ਕੀਤੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਗ੍ਰਾਮ ਸਭਾ ਦੇ ਮੈਂਬਰਾਂ ਕੁਲਦੀਪ ਸਿੰਘ, ਜਗਜੀਤ ਸਿੰਘ, ਸੁਨੀਲ ਸਿੰਘ, ਬਲਕਾਰ ਸਿੰਘ, ਪਾਰਸ, ਸੋਨੀ, ਰਮਨ ਕੁਮਾਰ ਨੇ ਸਾਂਝੇ ਤੌਰ ਤੇ ਦੱਸਿਆ ਕਿ ਗ੍ਰਾਮ ਪੰਚਾਇਤ ਫੱਤੂ ਬਰਕਤ ਦੀ ਸ਼ਾਮਲਾਟ ਜ਼ਮੀਨ ਤੇ ਕੁਝ ਲੋਕਾਂ ਵੱਲੋਂ ਨਜਾਇਜ਼ ਕਬਜ਼ੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਸਬੰਧੀ ਉਨ੍ਹਾਂ ਨੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਕਾਹਨੂੰਵਾਨ ਨੂੰ ਬੀਤੇ ਦਿਨੀਂ ਇੱਕ ਲਿਖਤੀ ਸ਼ਿਕਾਇਤ ਵੀ ਦਰਜ ਕਰਵਾਈ ਸੀ ਪਰ ਅਜੇ ਤੱਕ ਕੋਈ ਵੀ ਸੁਣਵਾਈ ਨਹੀਂ ਕੀਤੀ ਗਈ। ਉਕਤ ਵਿਅਕਤੀਆਂ ਨੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਸੰਬੰਧਿਤ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਕੋਲੋਂ ਮੰਗ ਕੀਤੀ ਹੈ ਕਿ ਪੰਚਾਇਤੀ ਜਗ੍ਹਾ ਤੇ ਨਜਾਇਜ਼ ਕਬਜ਼ੇ ਕਰਨ ਦੀ ਨੀਅਤ ਨਾਲ ਕੀਤੀਆਂ ਜਾ ਰਹੀਆਂ ਉਸਾਰੀਆਂ ਨੂੰ ਤੁਰੰਤ ਰੋਕਿਆ ਜਾਵੇ ਅਤੇ ਕਬਜ਼ਾ ਕਰਨ ਵਾਲਿਆਂ ਵਿਅਕਤੀਆਂ ਦੇ ਖਿਲਾਫ ਕਾਰਵਾਈ ਕੀਤੀ ਜਾਵੇ ।ਇਸ ਸਬੰਧੀ ਜਦੋਂ ਬੀਡੀਪੀਓ ਕਾਹਨੂੰਵਾਨ ਸੁਖਜੀਤ ਸਿੰਘ ਬਾਜਵਾ ਦੇ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਦੱਸਿਆ ਕਿ ਇਹ ਮਾਮਲਾ ਉਹਨਾਂ ਦੇ ਧਿਆਨ ਵਿੱਚ ਹੈ ਅਤੇ ਜਦੋਂ ਉਨਾਂ ਦੇ ਧਿਆਨ ਵਿੱਚ ਇਹ ਮਾਮਲਾ ਆਇਆ ਸੀ ਤਾਂ ਉਹਨਾਂ ਦੇ ਵੱਲੋਂ ਤੁਰੰਤ ਇਸ ਕੰਮ ਨੂੰ ਰੁਕਵਾ ਦਿੱਤਾ ਗਿਆ ਸੀ ਅਤੇ ਗ੍ਰਾਮ ਸਭਾ ਦੇ ਵੱਲੋਂ ਇਸ ਦੀ ਨਿਸ਼ਾਨਦਾਹੀ ਕਰਵਾਈ ਜਾ ਰਹੀ ਹੈ।ਬਾਕੀ ਇਸ ਮਾਮਲੇ ਦੀ ਅਗਲੀ ਕਾਰਵਾਈ ਤੱਥ ਸਾਹਮਣੇ ਆਉਣ ਤੇ ਹੀ ਕੀਤੀ ਜਾਵੇਗੀ।



## ਤਲਬੀਰ ਸਿੰਘ ਗਿੱਲ ਵੱਲੋਂ ਬਾਠ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਮਜੀਠਾ ਵਿਧਾਨ ਸਭਾ ਹਲਕੇ ਨਾਲ ਸੰਬੰਧਿਤ ਅਕਾਲੀ ਆਗੂ ਰਣਧੀਰ ਸਿੰਘ ਬਾਠ ਭੋਏ ਅਤੇ ਐਡਵੋਕੇਟ ਬਿਕਰਮਜੀਤ ਸਿੰਘ ਬਾਠ ਭੋਏ ਜਿਨਾਂ ਦੇ ਮਾਤਾ ਸੁਖਵੰਤ ਕੌਰ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ, 'ਤੇ ਵੱਖ-ਵੱਖ ਆਗੂਆਂ ਵੱਲੋਂ ਬਾਠ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਜਾ ਰਿਹਾ ਹੈ।ਮਜੀਠਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਵੀ ਪਿੰਡ ਭੋਏ ਵਿਖੇ ਪਹੁੰਚ ਕੇ ਰਣਧੀਰ ਸਿੰਘ ਬਾਠ ਅਤੇ ਐਡਵੋਕੇਟ ਬਿਕਰਮਜੀਤ ਸਿੰਘ ਬਾਠ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ, ਸਰਪੰਚ ਅਤੇ ਮੋਹਤਬਰ ਆਗੂ ਵੀ ਹਾਜ਼ਰ ਸਨ।



## ਕਮਿਊਨਿਟੀ ਹੈੱਲਥ ਸੈਂਟਰ ਕਾਹਨੂੰਵਾਨ 'ਚ ਐਕਸਰੇ ਫਿਲਮਾਂ ਦੀ ਘਾਟ ਕਾਰਨ ਮਰੀਜ਼ਾਂ ਨੂੰ ਪ੍ਰੇਸ਼ਾਨੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਇੱਕ ਪਾਸੇ ਜਿੱਥੇ ਸੱਤਾਧਾਰੀ ਪੰਜਾਬ ਸਰਕਾਰ ਪਿੰਡਾਂ ਅੰਦਰ ਮੁਹੱਲਾ ਕਲੀਨਿਕ ਖੋਲ੍ਹ ਕੇ ਰਾਜ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਦੇ ਦਾਅਵੇ ਕਰਦੀ ਨਹੀਂ ਥੱਕਦੀ ਉੱਥੇ ਸ਼ਹਿਰਾਂ ਅਤੇ ਕਸਬਿਆਂ ਵਿੱਚ ਖੁੱਲ੍ਹੇ ਕਮਿਊਨਿਟੀ ਹੈਲਥ ਸੈਂਟਰਾਂ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਦੇ ਅੰਦਰ ਲੋਕਾਂ ਨੂੰ ਨਾ ਮਾਤਰ ਸਿਹਤ ਸਹੂਲਤਾਂ ਹੀ ਮਿਲ ਰਹੀਆਂ ਹਨ।ਇਸ ਦੀ ਮਿਸਾਲ ਕਸਬਾ ਕਾਹਨੂੰਵਾਨ ਦੇ ਕਮਿਊਨਿਟੀ ਹੈਲਥ ਸੈਂਟਰ ਤੋਂ ਮਿਲਦੀ ਹੈ ਜਿੱਥੇ ਐਕਸਰੇ ਕਰਵਾਉਣ ਆਏ ਲੋਕਾਂ ਨੂੰ ਐਕਸਰੇ ਫਿਲਮਾਂ ਦੀ ਘਾਟ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਹਸਪਤਾਲ ਅੰਦਰ ਐਕਸਰੇ ਫਿਲਮਾਂ ਦੀ ਕਮੀ ਦੇ ਕਾਰਨ ਹਸਪਤਾਲ ਵਿਚ ਤੈਨਾਤ ਰੇਡੀਓਗ੍ਰਾਫਰ ਵੱਲੋਂ ਐਕਸਰੇ ਦੀ ਰਿਪੋਰਟ ਸਬੰਧਿਤ ਮਰੀਜ਼ ਦੇ ਵਟਸਐਪ 'ਤੇ ਪਾ ਦਿੱਤੀ ਜਾਂਦੀ ਹੈ।

ਜਦੋਂ ਸਬੰਧਤ ਮਰੀਜ਼ ਕਿਸੇ ਮਾਹਿਰ ਡਾਕਟਰ ਕੋਲ ਰਿਪੋਰਟ ਲੈ ਕੇ ਜਾਂਦਾ ਹੈ ਤਾਂ ਮਾਹਿਰ ਡਾਕਟਰ ਨੂੰ ਮਰੀਜ਼ ਨੂੰ ਵਟਸਐਪ ਤੇ ਪ੍ਰਾਪਤ ਹੋਈ ਐਕਸਰੇ ਦੀ ਰਿਪੋਰਟ ਧੁੰਦਲੀ ਦਿਖਾਈ ਦਿੰਦੀ ਹੈ। ਜਾਗੋਵਾਲ ਬਾਂਗਰ ਵਾਸੀ ਸੁਖਵਿੰਦਰ ਮਸੀਹ ਨੇ ਦੱਸਿਆ ਕਿ ਉਸ ਦੀ ਬਾਂਹ ਉਪਰ ਕਿਸੇ ਕਾਰਨ ਸੱਟ ਲੱਗ ਗਈ ਸੀ। ਉਹ ਸਰਕਾਰੀ ਹਸਪਤਾਲ ਕਾਹਨੂੰਵਾਨ ਵਿੱਚ ਆਪਣੀ ਬਾਂਹ ਦਾ ਐਕਸਰੇ ਕਰਵਾਉਣ ਆਇਆ ਤਾਂ ਸੰਬੰਧਿਤ ਰੇਡੀਓਗ੍ਰਾਫਰ ਨੇ ਉਸਦੇ ਐਕਸਰੇ ਦੀ ਰਿਪੋਰਟ ਉਸਦੇ ਵਟਸਐਪ ਤੇ ਭੇਜ ਦਿੱਤੀ। ਜਦੋਂ ਉਹ ਡਾਕਟਰ ਕੋਲ ਆਪਣਾ ਇਲਾਜ ਕਰਵਾਉਣ ਲਈ ਗਿਆ ਤਾਂ ਉਸਨੇ ਦੇਖਿਆ ਕਿ ਉਸ ਦੇ ਫੋਨ ਤੇ ਆਈ ਐਕਸਰੇ ਰਿਪੋਰਟ ਧੁੰਦਲੀ ਸੀ। ਡਾਕਟਰ ਨੇ ਉਸ ਨੂੰ ਪਹਿਲਾਂ ਤਾਂ ਦਵਾਈ ਦੇਣ ਤੋਂ ਮਨ੍ਹਾ ਕਰ ਦਿੱਤਾ ਅਤੇ ਬਾਅਦ ਵਿੱਚ ਜੋ ਡਾਕਟਰ ਨੇ ਉਸ ਨੂੰ ਦਵਾਈ ਲਿਖੀ ਉਸ ਨਾਲ ਉਸ ਨੂੰ ਕੋਈ ਵੀ ਫਾਇਦਾ ਨਹੀਂ ਹੋਇਆ। ਇਸ ਸਬੰਧੀ ਜਦੋਂ ਸਿਵਲ ਸਰਜਨ ਡਾ. ਮਹੇਸ਼ ਕੁਮਾਰ ਪ੍ਰਭਾਕਰ ਦਾ ਪੱਖ ਜਾਣਿਆ ਤਾਂ ਉਨ੍ਹਾਂ ਕਿਹਾ ਕਿ ਕਮਿਊਨਿਟੀ ਹੈਲਥ ਸੈਂਟਰ ਸਾਰੀਆਂ ਸਿਹਤ ਸਹੂਲਤਾਂ ਦੇ ਨਾਲ ਲੈਸ ਹੈ, ਜੇਕਰ ਕਿਸੇ ਨੂੰ ਐਕਸਰੇ ਫਿਲਮਾਂ ਨਾਲ ਸੰਬੰਧਿਤ ਕੋਈ ਸ਼ਿਕਾਇਤ ਹੈ ਤਾਂ ਉਹ ਲਿਖਤੀ ਤੌਰ 'ਤੇ ਸ਼ਿਕਾਇਤ ਕਰਨ। ਇਸ ਦੀ ਜਾਂਚ ਕਰਵਾਈ ਜਾਵੇਗੀ।




## ਸਰਕਾਰੀ ਪੋਸਟਾਂ 'ਤੇ ਰੈਗੂਲਰ ਭਰਤੀ ਕੀਤੀ ਜਾਵੇ : ਕਾਮਰੇਡ ਸੁੱਚਾ ਸਿੰਘ



ਛੇਹਰਟਾ, (ਮਨੋਜ ਕੁਮਾਰ)-ਗੌਰਮੈਂਟ ਪੈਨਸ਼ਨਰਜ਼ ਯੂਨੀਅਨ ਪੰਜਾਬ ਦੀ ਅੰਮ੍ਰਿਤਸਰ ਇਕਾਈ ਦੀ ਮੀਟਿੰਗ ਕਾਮਰੇਡ ਜਰਨੈਲ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਕੰਪਨੀ ਬਾਗ ਅੰਮ੍ਰਿਤਸਰ ਵਿਚ ਹੋਈ।ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਜਨਰਲ ਸਕੱਤਰ ਸਾਥੀ ਸਵਿੰਦਰ ਸਿੰਘ ਅਦਲੀਵਾਲ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲ ਨਾ ਕਰਨਾ ਮੁਲਾਜ਼ਮਾਂ ਨਾਲ ਧੱਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਛੇਵਾਂ ਪੇ ਕਮਿਸ਼ਨ ਠੀਕ ਢੰਗ ਨਾਲ ਲਾਗੂ ਨਾ ਕਰਨਾ ਤੇ ਡੀ. ਏ. ਦੀਆਂ ਕਿਸ਼ਤਾਂ ਨਾ ਦੇਣਾ ਅਤਿ ਨਿੰਦਣਯੋਗ ਹੈ। ਇਸ ਮੌਕੇ ਕਾਮਰੇਡ ਸੁੱਚਾ ਸਿੰਘ ਅਜਨਾਲਾ ਜ਼ਿਲ੍ਹਾ ਚੇਅਰਮੈਨ ਨੇ ਦੱਸਿਆ ਕਿ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਠੇਕੇਦਾਰੀ ਪ੍ਰਥਾ ਲਾਗੂ ਕਰ ਕੇ ਸਰਕਾਰੀ ਪੋਸਟਾਂ 'ਤੇ ਠੇਕੇ 'ਤੇ ਰੱਖੇ ਜਾਂਦੇ ਮੁਲਾਜ਼ਮਾਂ ਨੂੰ ਪੈਨਸ਼ਨ ਨਹੀਂ ਮਿਲੇਗੀ ਤਾਂ ਉਹ ਆਪਣੀ ਪੋਸਟ ਨਾਲ ਇਨਸਾਫ਼ ਕਰਨਗੇ। ਇਸ ਲਈ ਸਰਕਾਰੀ ਪੋਸਟਾਂ 'ਤੇ ਰੈਗੂਲਰ ਭਰਤੀ ਕੀਤੀ ਜਾਵੇ ਤੇ ਪੂਰਾ ਗ੍ਰੇਡ ਦਿੱਤਾ ਜਾਵੇ।

ਇਸ ਮੌਕੇ ਸਵਿੰਦਰ ਸਿੰਘ ਮੀਰਾਂਕੋਟ, ਸਰਬਜੀਤ ਸਿੰਘ ਹਰਭਜਨ ਸਿੰਘ ਬਰਾੜ, ਭੁਪਿੰਦਰਜੀਤ ਸਿੰਘ ਛੀਨਾ, ਦਰਬਾਰਾ ਸਿੰਘ, ਆਦਰਸ਼ ਕੁਮਾਰ, ਦਲਜੀਤ ਸਿੰਘ ਭੋਮਾ, ਸੰਤੋਖ ਸਿੰਘ, ਕੁਲਦੀਪ ਸਿੰਘ, ਜਸਬੀਰ ਸਿੰਘ ਝਬਾਲ, ਚਰਨਜੀਤ ਮਜੀਠਾ, ਰਾਜਵਿੰਦਰ ਸਿੰਘ, ਪਰਮਜੀਤ ਸਿੰਘ ਆਦਿ ਹਾਜ਼ਰ ਸਨ।

## ਕੁਦਰਤੀ ਆਫਤਾਂ ਨਾਲ ਨਜਿੱਠਣ ਲਈ ਅਭਿਆਸ ਤੇ ਅਗਾਊਂ ਪ੍ਰਬੰਧ ਜ਼ਰੂਰੀ: ਹਰਬਖਸ਼ ਸਿੰਘ



ਬਟਾਲਾ, (ਤਰਲੋਕ ਬੱਗਾ)-ਰਵੇਲ ਸਿੰਘ ਜ਼ਿਲ੍ਹਾ ਕਮਾਂਡਰ ਪੰਜਾਬ ਹੋਮ ਗਾਰਡਜ਼-ਕਮ-ਵਧੀਕ ਕੰਟਰੋਲਰ ਸਿਵਲ ਡਿਫੈਂਸ ਗੁਰਦਾਸਪੁਰ ਅਤੇ ਸਟੋਰ ਸੁਪਰਡੈਂਟ ਸਿਵਲ ਡਿਫੈਂਸ ਬਟਾਲਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਵਾਰਡਨ ਸਰਵਿਸ ਪੋਸਟ ਨੰ. 8, ਸਿਵਲ ਡਿਫੈਂਸ ਵਲੋ 446ਵਾਂ ਨਾਗਰਿਕ ਸੁਰੱਖਿਆ ਸੈਮੀਨਾਰ ਲਗਾਇਆ ਗਿਆ ਜਿਸ ਦਾ ਆਯੋਜਨ ਆਲ ਇੰਡੀਆ ਵੂਮੈਨ ਕਾਨਫਰੈਂਸ ਵਿਖੇ ਕੀਤਾ ਗਿਆ, ਜਿਸ ਵਿਚ ਪੋਸਟ ਵਾਰਡਨ ਹਰਬਖਸ਼ ਸਿੰਘ ਸਿਵਲ ਡਿਫੈਂਸ ਦੇ ਨਾਲ ਪ੍ਰਧਾਨ ਨਰਿੰਦਰ ਕੌਰ ਮੱਲ੍ਹੀ, ਮੈਡਮ ਪਰਮਿੰਦਰ ਕੌਰ, ਨੀਲਮ, ਹਰਪ੍ਰੀਤ ਕੌਰ, ਰਾਜਬੀਰ ਕੌਰ, ਗੁਰਲੀਨ ਕੌਰ, ਸਿਮਰਨਜੀਤ ਕੌਰ, ਗੀਤਾ ਸ਼ਰਮਾ ਅਤੇ ਸਿੱਖਿਆਰਥਣਾਂ ਸਮੇਤ ਸੀ. ਡੀ. ਵਲੰਟੀਅਰ ਮਨਿੰਦਰ ਕੌਰ ਤੇ ਜਸਪ੍ਰੀਤ ਕੌਰ ਮੌਜੂਦ ਸਨ।ਸੈਮੀਨਾਰ ਦੇ ਸ਼ੁਰੂਆਤ ਵਿਚ ਪੋਸਟ ਵਾਰਡਨ ਹਰਬਖਸ਼ ਸਿੰਘ ਨੇ ਦੱਸਿਆ ਕਿ ਵਿਸ਼ਵ ਸਿਵਲ ਡਿਫੈਂਸ ਆਰਗੇਨਾਈਜ਼ੇਸ਼ਨ ਦੇ ਸੈਕਟਰੀ ਜਨਰਲ ਅਰਗੁਜ ਕਲਾਂਟਾਰਨੀ ਦੇ ਸੰਦੇਸ਼ ਅਨੁਸਾਰ ਇਸ ਸਾਲ -2026 ਦਾ ਵਿਸ਼ਾ ਹੈ 'ਭਵਿੱਖ 'ਚ ਵਾਤਾਵਰਨ ਬਦਲਾਵ ਕਾਰਣ ਭਿਆਨਕ ਆਫਤਾਂ ਨੂੰ ਨਜਿੱਠਣ ਲਈ ਅਭਿਆਸ ਅਤੇ ਆਫਤ ਪ੍ਰਬੰਧ ਜ਼ਰੂਰੀ'।

ਇਸ ਤੋਂ ਬਾਅਦ ਸੀ. ਡੀ ਵਲੰਟੀਅਰ ਮਨਿੰਦਰ ਕੌਰ ਵੱਲੋਂ ਆਫਤ ਪ੍ਰਬੰਧਾਂ ਵਿਚ ਔਰਤਾਂ ਵੱਲੋਂ ਆਪਣੀ ਹਿੱਸੇਦਾਰੀ ਨਿਭਾਉਣ ਲਈ ਸਿਵਲ ਡਿਫੈਂਸ ਬਾਰੇ ਦਸਦੇ ਹੋਏ ਕਿਹਾ ਕਿ ਹਰੇਕ ਨਾਗਰਿਕ ਨੂੰ ਇਸ ਦਾ ਵਲੰਟੀਅਰ ਬਣ ਕੇ ਦੇਸ਼ ਦੀ ਨਿਸ਼ਕਾਮ ਸੇਵਾ ਕਰਨੀ ਚਾਹੀਦੀ ਹੈ।ਰਾਸ਼ਟਰੀ ਸਹਾਇਤਾ ਨੰਬਰ 112 ਬਾਰੇ ਹਾਜ਼ਰ ਸਿੱਖਿਆਰਥਣਾਂ ਨੂੰ ਵਿਸਥਾਰ ਨਾਲ ਦੱਸਿਆ।ਕਿਸੇ ਵੀ ਘਟਨਾ/ਆਫਤ ਮੌਕੇ ਕਿਸੇ ਵੀ ਤਰ੍ਹਾਂ ਦੀ ਮਦਦ ਕਰਨ ਵਾਲੇ ਮਦਦਗਾਰ 4 ਫਰਿਸ਼ਤਿਆਂ ਨੂੰ ਜੀਵਨ ਰਖਿਅਕ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ ਕੀਤਾ।ਆਖਰ ਵਿਚ ਸਮੂਹ ਸਟਾਫ ਵੱਲੋਂ ਆਏ ਮਹਿਮਾਨਾ ਦਾ ਧੰਨਵਾਦ ਕਰਦੇ ਹੋਏ ਸਨਮਾਨ ਚਿੰਨ੍ਹ ਭੇਟ ਕੀਤੇ।

## ਖ਼ਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਵੱਲੋਂ ਇਤਿਹਾਸਕ ਅਸਥਾਨਾਂ ਦਾ ਦੌਰਾ

ਧਾਰੀਵਾਲ, (ਮਨਦੀਪ ਵਿੱਕੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਇਤਿਹਾਸ ਵਿਭਾਗ ਦੇ ਵਿਦਿਆਰਥੀਆਂ ਨੂੰ ਕਲਾਨੌਰ ਦੇ ਇਤਿਹਾਸਕ ਸਥਾਨਾਂ ਦਾ ਦੌਰਾ ਕਰਵਾਇਆ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਦੱਸਿਆ ਕਿ ਡਾਇਰੈਕਟੋਰੇਟ ਆਫ ਐਜੂਕੇਸ਼ਨ ਬਹਾਦਰਗੜ੍ਹ ਪਟਿਆਲਾ ਤੋਂ ਹੋਏ ਆਦੇਸ਼ ਅਨੁਸਾਰ ਵਿਦਿਆਰਥੀਆਂ ਨੂੰ ਸਥਾਨਕ ਇਤਿਹਾਸ ਅਤੇ ਵਿਰਾਸਤ ਬਾਰੇ ਜਾਣਕਾਰੀ ਪ੍ਰਦਾਨ ਕਰਨ ਹਿਤ ਇਹ ਵਿੱਦਿਅਕ ਦੌਰਾ ਕਰਵਾਇਆ ਗਿਆ ਹੈ।

ਇਸ ਮੌਕੇ ਕਲਾਨੌਰ ਦੇ ਇਤਿਹਾਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਤਖ਼ਤ-ਏ-ਅਕਬਰੀ ਦਾ ਦੌਰਾ ਕੀਤਾ , ਜਿੱਥੇ 1556 ਈ: ਵਿੱਚ ਅਕਬਰ ਦੀ ਤਾਜਪੋਸ਼ੀ ਕੀਤੀ ਗਈ ਸੀ। ਕਾਲਜ ਦੇ ਇਤਿਹਾਸ ਵਿਭਾਗ ਦੇ ਪ੍ਰੋਫੈਸਰ ਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਇਸ ਇਤਿਹਾਸਕ ਸਥਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਸਿਲੇਬਸ ਅਨੁਸਾਰ ਮੁਗਲ ਕਾਲ ਨਾਲ ਸਬੰਧਤ ਮਹੱਤਵਪੂਰਨ ਤੱਥਾਂ ਤੋਂ ਜਾਣੂ ਕਰਵਾਇਆ। ਇਸ ਤੋਂ ਬਾਅਦ ਵਿਦਿਆਰਥੀਆਂ ਨੂੰ ਇਤਿਹਾਸਕ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਕਲਾਨੌਰ ਦੇ ਦਰਸ਼ਨ ਕਰਵਾਏ ਅਤੇ ਇਥੋਂ ਦੇ ਇਤਿਹਾਸਕ ਪਿਛੋਕੜ ਬਾਰੇ ਜਾਣਕਾਰੀ ਦਿੱਤੀ।

ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਕਿਤਾਬੀ ਪੜ੍ਹਾਈ ਦੇ ਨਾਲ-ਨਾਲ ਵਿਹਾਰਕ ਗਿਆਨ ਅਤੇ ਅਜਿਹੀਆਂ ਯਾਤਰਾਵਾਂ ਨਾਲ ਵਿਦਿਆਰਥੀਆਂ ਦੀ ਇਤਿਹਾਸ ਪ੍ਰਤੀ ਰੁਚੀ ਵਧਦੀ ਹੈ ਤੇ ਉਨਾਂ ਦੇ ਗਿਆਨ ਵਿੱਚ ਵਾਧਾ ਹੁੰਦਾ ਹੈ।



## ਖਾਰਘਰ (ਨਵੀਂ ਮੁੰਬਈ) ਵਿਖੇ 350 ਸਾਲਾ ਸ਼ਤਾਬਦੀ ਸਮਾਗਮ ਪੂਰੇ ਜਾਹੋ-ਜਲਾਲ ਨਾਲ ਆਰੰਭ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਨੂੰ ਸਮਰਪਿਤ ਮਹਾਰਾਸ਼ਟਰ ਵਿਖੇ ਮਨਾਏ ਜਾ ਰਹੇ ਦੋ ਦਿਨਾ ਸ਼ਤਾਬਦੀ ਸਮਾਗਮਾਂ ਦੀ ਨਵੀਂ ਮੁੰਬਈ ਦੇ ਖਾਰਘਰ ਵਿਖੇ ਪੂਰੇ ਜਾਹੋ ਜਲਾਲ ਨਾਲ ਆਰੰਭਤਾ ਹੋ ਚੁੱਕੀ ਹੈ।

ਮੁੱਖ ਮੰਤਰੀ ਮਹਾਂਰਾਸ਼ਟਰ ਦੇਵੇਂਦਰ ਫੜਨਵੀਸ ਦੇ ਵਿਸ਼ੇਸ਼ ਸਹਿਯੋਗ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਸਰਪ੍ਰਸਤੀ ਹੇਠ ਆਯੋਜਿਤ ਇਨ੍ਹਾਂ ਸ਼ਤਾਬਦੀ ਸਮਾਗਮਾਂ ਦੌਰਾਨ ਖਾਰਘਰ ਦੇ ਉਵੈ ਮੈਦਾਨ 'ਚ ਬਣੇ ਵਿਸ਼ਾਲ ਤੇ ਅਤਿ ਸੁੰਦਰ 'ਸ੍ਰੀ ਗੁਰੂ ਤੇਗ ਬਹਾਦਰ ਜੀ' ਦਰਬਾਰ ਅੰਦਰ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤੇ ਨਾਲ ਸ਼ਹੀਦ ਹੋਏ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਸਿਜਦਾ ਹੋਣ ਲਈ ਜੁੜ ਬੈਠੀਆਂ ਸਿੱਖ ਸਮੁਦਾਏ ਤੇ ਹੋਰ ਵੱਖ-ਵੱਖ ਸਮਾਜਾਂ ਤੋਂ ਪੁੱਜੀਆਂ ਨਾਨਕ ਨਾਮ ਲੇਵਾ ਸੰਗਤਾਂ ਦਾ ਇੱਕ ਖ਼ੂਬਸੂਰਤ ਸੁਮੇਲ ਦੇਖਣ ਨੂੰ ਮਿਲਿਆ।ਸੁਨਹਿਰੇ ਰੰਗ ਨਾਲ ਚਮਕ ਰਹੇ ਤੇ ਫੁੱਲਾਂ ਨਾਲ ਸਜੇ ਅਤੀ ਸੁੰਦਰ ਦਰਬਾਰ ਅੰਦਰ ਮਰਿਯਾਦਾ ਅਨੁਸਾਰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ 'ਆਸਣ' ਉਪਰ ਸੁਸ਼ੋਭਿਤ ਕੀਤੇ ਜਾਣ ਉਪਰੰਤ ਸਮਾਗਮ ਦੀ ਸ਼ੁਰੂਆਤ ਕੀਤੀ ਗਈ।ਇਸ ਦੌਰਾਨ ਪੰਥ ਪ੍ਰਸਿੱਧ ਕੀਰਤਨੀਏ ਭਾਈ ਜਸਬੀਰ ਸਿੰਘ ਪਟਨਾ ਸਾਹਿਬ ਤੇ ਭਾਈ ਚਮਨਜੀਤ ਸਿੰਘ ਦਿੱਲੀ ਵਾਲੇ, ਰਾਗੀ ਭਾਈ ਉਂਕਾਰ ਸਿੰਘ ਤੇ ਰਾਗੀ ਭਾਈ ਕਾਰਜ ਸਿੰਘ ਹਜ਼ੂਰੀ ਰਾਗੀ ਸ੍ਰੀ ਹਰਿਮੰਦਰ ਸਾਹਿਬ , ਕਵੀਸ਼ਰ ਭਾਈ ਕੇਵਲ ਸਿੰਘ ਤੇ ਢਾਡੀ ਭਾਈ ਤਰਲੋਚਨ ਸਿੰਘ ਦੇ ਜਥਿਆਂ ਨੇ ਲੱਖਾਂ ਦੀ ਗਿਣਤੀ 'ਚ ਜੁੜ ਬੈਠੀ ਸੰਗਤ ਨੂੰ ਗੁਰ ਜੱਸ ਸਰਵਣ ਕਰਾਇਆ। ਸਮਾਗਮ 'ਚ ਮੁੱਖ ਤੌਰ 'ਤੇ ਸਵਾਮੀ ਰਾਮਦੇਵ ਸ਼ਾਮਲ ਹੋਏ ਜਿਨ੍ਹਾਂ ਨੇ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਪ੍ਰਣਾਮ ਕੀਤਾ। ਮੁੱਖ ਮੰਤਰੀ ਮਹਾਂਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਰਾਮੇਸ਼ਵਰ ਨਾਇਕ, ਸੰਤ ਬਾਬੂ ਸਿੰਘ ਮਹਾਰਾਜ ਔਰ ਦੇਵੀ ਮਹੰਤ ਬਣਜਾਰਾ ਸਮਾਜ, ਹਰਬੰਸ ਸਿੰਘ ਯੂਐੱਸਏ ਨੇ ਇਸ ਇਤਿਹਾਸਕ ਸਮਾਗਮ ਦੀ ਸ਼ਲਾਘਾ ਕੀਤੀ।



# ਪੇਸ਼ੀ 'ਤੇ ਆਏ ਗੁਰਵਿੰਦਰ ਸਿੰਘ ਦਾ ਗੋਲੀਆਂ ਮਾਰ ਕੇ ਕਤਲ ਕਰਨ ਵਾਲੇ ਦੋ ਸ਼ੂਟਰਾਂ 'ਚੋਂ 1 ਗ੍ਰਿਫ਼ਤਾਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪੁਲਸ ਨੇ ਬੀਤੀ 28 ਜਨਵਰੀ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਬਾਹਰ ਪੇਸ਼ੀ ਭੁਗਤ ਕੇ ਵਾਪਸ ਆ ਰਹੇ ਗੁਰਵਿੰਦਰ ਸਿੰਘ ਨਾਮਕ ਇੱਕ ਵਿਅਕਤੀ ਨੂੰ ਗੋਲੀਆਂ ਮਾਰ ਕੇ ਕਤਲ ਕਰਨ ਵਾਲੇ ਦੋ ਸ਼ੂਟਰਾਂ ਵਿੱਚੋਂ ਇੱਕ ਮੁੱਖ ਮੁਲਜ਼ਮ ਗੌਰਵ ਉਰਫ ਬਾਵਾ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਸ ਨੇ ਉਸ ਨੂੰ ਪਨਾਹ ਦੇਣ ਵਾਲੇ ਉਸ ਦੇ ਵੱਡੇ ਭਰਾ ਪ੍ਰਿੰਸ ਨੂੰ ਵੀ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ ਜੋ ਕਿ ਫਿਰੋਜ਼ਪੁਰ ਸਿਟੀ ਥਾਣਾ 'ਚ ਦਰਜ ਇੱਕ ਕਤਲ ਕੇਸ ਵਿੱਚ ਭਗੌੜਾ ਹੈ।ਐਸ ਐਸ ਪੀ ਹਰਮਨਦੀਪ ਸਿੰਘ ਹਾਂਸ ਨੇ ਉਕਤ ਗ੍ਰਿਫ਼ਤਾਰੀਆਂ ਸਬੰਧੀ ਇੱਥੇ ਜਾਣਕਾਰੀ ਦਿੰਦੇ ਦੱਸਿਆ ਕਿ ਪਹਿਲਾਂ ਗ੍ਰਿਫ਼ਤਾਰ ਦੋ ਮੁਲਜ਼ਮਾਂ ਬਲਤੇਜ ਸਿੰਘ ਉਰਫ ਬੰਟੀ ਪੁੱਤਰ ਪਾਲ ਸਿੰਘ ਵਾਸੀ ਪਿੰਡ ਤੇਹਣਾ, ਜ਼ਿਲ੍ਹਾ ਫਰੀਦਕੋਟ ਅਤੇ ਮੰਗਤ ਸਿੰਘ ਉਰਫ



ਮੈਕਸ ਪੁੱਤਰ ਦੀਵਾਨ ਸਿੰਘ ਵਾਸੀ ਜਲਾਲਬਾਦ, ਜ਼ਿਲ੍ਹਾ ਫਾਜ਼ਿਲਕਾ ਸਮੇਤ ਇਸ ਮਾਮਲੇ ਵਿੱਚ ਹੁਣ ਤੱਕ ਚਾਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਇਸ ਮੁਕੱਦਮੇ ਦੇ ਇੱਕ ਹੋਰ ਅਹਿਮ ਮੁਲਜ਼ਮ ਜੋ ਕਿ ਇਨ੍ਹਾਂ ਦੋ ਸ਼ੂਟਰਾਂ ਵਿੱਚੋਂ ਇੱਕ ਸੀ, ਦੀ ਗ੍ਰਿਫ਼ਤਾਰੀ ਲਈ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਸੰਗੀਨ ਅਪਰਾਧ ਹੋਣ ਕਰਕੇ ਵਾਰਦਾਤ ਵਾਲੇ ਦਿਨ ਤੋਂ ਹੀ ਸੌਰਵ ਜਿੰਦਲ, ਕਪਤਾਨ ਪੁਲਸ (ਜਾਂਚ), ਤਲਵਿੰਦਰ ਸਿੰਘ, ਕਪਤਾਨ ਪੁਲਸ (ਆਪਰੇਸ਼ਨ), ਸੁਖਨਾਜ ਸਿੰਘ, ਕਪਤਾਨ ਪੁਲਸ ਸਪੈਸ਼ਲ ਬ੍ਰਾਂਚ ਮੋਹਾਲੀ ਅਤੇ ਰਾਜਨ ਪਰਮਿੰਦਰ ਸਿੰਘ, ਉੱਪ-ਕਪਤਾਨ ਪੁਲਸ (ਜਾਂਚ), ਦੀ ਨਿਗਰਾਨੀ ਹੇਠ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਸੀ.ਆਈ. ਏ. ਸਟਾਫ ਅਤੇ ਥਾਣਿਆਂ ਦੀਆਂ ਟੀਮਾਂ ਲਗਾਈਆਂ ਹੋਈਆਂ ਸਨ।ਦੋਸ਼ੀ ਗੌਰਵ ਉਰਫ ਬਾਵਾ ਨੂੰ ਇੰਸ: ਹਰਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ, ਇੰਸ: ਅਮਨਦੀਪ ਕੰਬੋਜ, ਮੁੱਖ ਅਫਸਰ ਥਾਣਾ ਆਈ.ਟੀ. ਸਿਟੀ, ਇੰਸ: ਯੋਗੇਸ਼ ਕੁਮਾਰ ਮੁੱਖ ਅਫਸਰ ਥਾਣਾ ਫੇਸ-11 ਮੋਹਾਲੀ ਅਤੇ ਮੁੱਖ ਅਫਸਰ ਥਾਣਾ ਸੋਹਾਣਾ ਦੀਆਂ ਟੀਮਾਂ ਵੱਲੋਂ ਅਲੱਗ-ਅਲੱਗ ਜਗ੍ਹਾ 'ਤੇ ਛਾਪੇਮਾਰੀ ਕਰਨ ਦੌਰਾਨ ਜ਼ਿਲ੍ਹਾ ਮੋਗਾ ਤੋਂ ਗ੍ਰਿਫ਼ਤਾਰ ਕੀਤਾ ਗਿਆ।

# ਭਗਵੰਤ ਮਾਨ ਸਰਕਾਰ ਨੇ 'ਨੌਕਰੀ ਮੰਗਣ ਵਾਲਿਆਂ' ਨੂੰ 'ਨੌਕਰੀ ਦੇਣ ਵਾਲਿਆਂ' 'ਚ ਬਦਲਿਆ

**● ਚੰਡੀਗੜ੍ਹ ਵਿਖੇ ਵਿਦਿਆਰਥੀ ਉੱਦਮੀ ਕੈਂਪ ਦੀ ਸ਼ੁਰੂਆਤ**

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਭਗਵੰਤ ਮਾਨ ਸਰਕਾਰ ਨੇ ਸੂਬੇ ਦੇ ਨੌਜਵਾਨਾਂ ਨੂੰ ਸਿਰਫ਼ ਨੌਕਰੀਆਂ ਦੀ ਭਾਲ ਕਰਨ ਵਾਲੇ ਬਣਾਉਣ ਵਾਲੇ ਰਵਾਇਤੀ ਸਿੱਖਿਆ ਮਾਡਲਾਂ ਨੂੰ ਬਦਲ ਕੇ ਉਹਨਾਂ ਨੂੰ ਯੋਜਨਾਬੱਧ ਢੰਗ ਨਾਲ ਨੌਕਰੀਆਂ ਪੈਦਾ ਕਰਨ ਵਾਲਿਆਂ ਵਿੱਚ ਬਦਲਣਾ ਸ਼ੁਰੂ ਕਰ ਦਿੱਤਾ ਹੈ। ਇਸ ਦ੍ਰਿਸ਼ਟੀਕੋਣ ਦੇ ਹਿੱਸੇ ਵਜੋਂ, ਪੰਜਾਬ ਸਰਕਾਰ ਵੱਲੋਂ ਸੂਬੇ ਭਰ ਦੇ ਸਰਕਾਰੀ ਆਈ.ਟੀ.ਆਈ. ਅਤੇ ਸਰਕਾਰੀ ਪੌਲੀਟੈਕਨਿਕਾਂ ਤੋਂ ਚੁਣੇ ਗਏ 40 ਉੱਚ ਸੰਭਾਵਨਾ ਵਾਲੇ ਨੌਜਵਾਨ ਕਾਰੋਬਾਰੀਆਂ ਲਈ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ (ਐਮਜੀਸੀਪਾ), ਚੰਡੀਗੜ੍ਹ ਵਿਖੇ ਪਹਿਲਾ ਦੋ-ਰੋਜ਼ਾ ਰੈਜ਼ੀਡੈਂਸ਼ੀਅਲ ਸਟੂਡੈਂਟ ਇੰਟਰਪ੍ਰੀਨੋਰਸ਼ਿਪ ਬੂਟਕੈਂਪ ਕਰਵਾਇਆ ਗਿਆ। ਇਹ ਸਿਰਫ ਇਕ ਵਰਕਸ਼ਾਪ ਹੀ ਨਹੀਂ ਹੈ ਸਗੋਂ ਇਹ ਇੱਕ ਤਿਮਾਹੀ ਲੜੀ ਦੀ ਸ਼ੁਰੂਆਤ ਨੂੰ ਦਰਸਾਉਂਦੀ ਹੈ ਜਿਸਦਾ ਉਦੇਸ਼ ਨੌਜਵਾਨਾਂ ਦੀ ਅਗਵਾਈ ਵਾਲੇ ਉੱਦਮ ਸਿਰਜਣਾ ਹੈ ਅਤੇ ਇਹ ਯਕੀਨੀ ਬਣਾਉਣਾ ਕਿ ਪੰਜਾਬ ਵਿੱਚ ਤਕਨੀਕੀ ਸਿੱਖਿਆ ਸਿੱਧੇ ਤੌਰ 'ਤੇ ਕਾਰੋਬਾਰ ਵਿੱਚ ਵਾਧਾ, ਆਮਦਨ ਪੈਦਾ ਕਰਨ ਅਤੇ ਸਥਾਨਕ ਰੁਜ਼ਗਾਰ ਦੇ ਮੌਕਿਆਂ ਨੂੰ ਯਕੀਨੀ ਬਣਾਉਂਦੀ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਨੇ 322 ਆਈ.ਟੀ.ਆਈ. ਅਤੇ 91 ਪੌਲੀਟੈਕਨਿਕਾਂ ਵਿੱਚ ਉੱਦਮਤਾ ਮਾਨਸਿਕਤਾ/ ਕਾਰੋਬਾਰੀ ਪਾਠਕ੍ਰਮ ਪੇਸ਼ ਕੀਤਾ ਹੈ, ਜਿਸ ਵਿੱਚ 137 ਸਰਕਾਰੀ ਆਈ.ਟੀ. ਆਈ. ਅਤੇ 26 ਸਰਕਾਰੀ ਪੌਲੀਟੈਕਨਿਕ ਸ਼ਾਮਲ ਹਨ। ਇਸ ਦਾ ਉਦੇਸ਼ ਅਹਿਮ ਪਰਿਵਰਤਨ ਲਿਆਉਣਾ ਹੈ ਅਤੇ ਵਿਦਿਆਰਥੀਆਂ ਨੂੰ ਆਪਣੇ ਤਕਨੀਕੀ ਕੋਰਸ ਸਿਰਫ਼ ਇੱਕ ਸਰਟੀਫਿਕੇਟ ਹਾਸਲ ਕਰਨ ਲਈ ਹੀ ਨਹੀਂ ਪੂਰੇ ਕਰਨੇ ਚਾਹੀਦੇ, ਸਗੋਂ ਨਾਲ ਹੀ ਵਿਵਹਾਰਕ ਵਪਾਰਕ ਵਿਚਾਰਾਂ ਦਾ ਨਿਰਮਾਣ ਕਰਨਾ ਚਾਹੀਦਾ ਹੈ। ਪੰਜਾਬ ਭਰ ਵਿੱਚ 36,139 ਵਿਦਿਆਰਥੀ, ਜਿਨ੍ਹਾਂ ਵਿੱਚ 28,967 ਆਈ ਟੀ ਆਈ ਤੋਂ ਅਤੇ 7,172 ਪੌਲੀਟੈਕਨਿਕਸ ਤੋਂ ਹਨ, ਸਿਰਫ਼ ਸਿਧਾਂਤਕ ਤੌਰ ਤੇ ਉੱਦਮਤਾ ਦੀ ਪੜ੍ਹਾਈ ਨਹੀਂ ਕਰ ਰਹੇ ਸਗੋਂ ਉਹ ਇੱਕ ਢਾਂਚਾਗਤ ਡਿਜੀਟਲ ਪਲੇਟਫਾਰਮ ਰਾਹੀਂ ਕਾਰੋਬਾਰੀ ਵਿਚਾਰਾਂ ਤੇ ਸਰਗਰਮੀ ਨਾਲ ਕੰਮ ਕਰ ਰਹੇ ਹਨ। ਸਿਰਫ਼ ਪ੍ਰੀਖਿਆਵਾਂ ਵਿੱਚ ਬੈਠਣ ਦੀ ਬਜਾਏ, ਉਹ ਅਸਲ ਗਾਹਕਾਂ ਦੀਆਂ ਸਮੱਸਿਆਵਾਂ ਦੀ ਪਛਾਣ ਕਰ ਰਹੇ ਹਨ, ਸੇਵਾਵਾਂ ਜਾਂ ਉਤਪਾਦਾਂ ਨੂੰ ਡਿਜ਼ਾਈਨ ਕਰ ਰਹੇ ਹਨ, ਵਿਚਾਰਾਂ ਦੀ ਜਾਂਚ ਕਰ ਰਹੇ ਹਨ, ਪ੍ਰੋਟੋਟਾਈਪ ਬਣਾ ਰਹੇ ਹਨ, ਗਾਹਕਾਂ ਤੱਕ ਪਹੁੰਚ ਰਹੇ ਹਨ ਅਤੇ ਮਾਲੀਆ ਪੈਦਾ ਕਰ ਰਹੇ ਹਨ।

# ਇਸਤਰੀ ਜਾਗ੍ਰਿਤੀ ਮੰਚ 8 ਨੂੰ ਮਨਾਏਗਾ ਕੌਮਾਂਤਰੀ ਇਸਤਰੀ ਦਿਵਸ



**ਬੰਗਾ (ਅਵਤਾਰ ਕਲੇਰ)**- ਇਸਤਰੀ ਜਾਗ੍ਰਿਤੀ ਮੰਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਕੌਮਾਂਤਰੀ ਇਸਤਰੀ ਦਿਵਸ 8 ਮਾਰਚ ਜ਼ਿਲ੍ਹਾ ਪੱਧਰ ਤੇ ਨਵਾਂਸ਼ਹਿਰ ਵਿਖੇ ਮਨਾਏਗਾ।ਇਹ ਫੈਸਲਾ ਨਵਾਂਸ਼ਹਿਰ ਵਿਖੇ ਹੋਈ ਜੱਥੇਬੰਦੀ ਦੀ ਜ਼ਿਲ੍ਹਾ ਪੱਧਰੀ ਵਿਸਥਾਰੀ ਮੀਟਿੰਗ ਵਿੱਚ ਕੀਤਾ ਗਿਆ।ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਜ਼ਿਲ੍ਹਾ ਸਕੱਤਰ ਰੁਪਿੰਦਰ ਕੌਰ ਦੁਰਗਾਪੁਰ ਨੇ ਦੱਸਿਆ ਕਿ ਇਸ ਵਾਰ ਇਹ ਪ੍ਰੋਗਰਾਮ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ, ਬੰਗਾ ਰੋਡ ਨਵਾਂ ਸ਼ਹਿਰ ਵਿਖੇ ਮਨਾਇਆ ਜਾਵੇਗਾ ਜੋ ਸਵੇਰੇ10 ਵਜੇ ਸ਼ੁਰੂ ਹੋਵੇਗਾ।ਇਸ ਵਿੱਚ ਬੁਲਾਰੇ ਕੌਮਾਂਤਰੀ ਇਸਤਰੀ ਲਹਿਰ ਅਤੇ ਮੌਜੂਦਾ ਸਮੇਂ ਵਿੱਚ ਇਸਤਰੀ ਵਰਗ ਨੂੰ ਦਰਪੇਸ਼ ਚਣੌਤੀਆਂ ਬਾਰੇ ਗੱਲ ਕਰਨਗੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਇਸਤਰੀ ਜਾਗਰਤੀ ਮੰਚ ਦੇ ਸੂਬਾ ਆਗੂ ਹਰਦੀਪ ਕੌਰ ਕੋਟਲਾ ਨੇ ਕਿਹਾ ਕਿ ਸਾਡੇ ਦੇਸ਼ ਵਿੱਚ ਔਰਤਾਂ ਦੀ ਸੁਰੱਖਿਆ ਦਾ ਮੁੱਦਾ ਬਹੁਤ ਅਹਿਮ ਬਣਿਆ ਹੋਇਆ ਹੈ।ਔਰਤਾਂ ਉੱਤੇ ਹਿੰਸਾ, ਘਰੇਲੂ ਹਿੰਸਾ,ਦਾਜ ਲਈ ਉਤਪੀੜਨ, ਮਰਦ ਦੇ ਮੁਕਾਬਲੇ ਉਜਰਤਾਂ ਵਿੱਚ ਵਿਤਕਰਾ, ਲੜਕੀਆਂ ਦੀ ਪਰਵਰਿਸ਼ ਵਿੱਚ ਵਿਤਕਰਾ ਅਤੇ ਔਰਤਾਂ ਨਾਲ ਬਲਾਤਕਾਰ ਜਿਹੇ ਅਹਿਮ ਮੁੱਦੇ ਹਨ ਜੋ ਹਰ ਸੰਵੇਦਨਸ਼ੀਲ ਮਨੁੱਖ ਦਾ ਧਿਆਨ ਖਿੱਚਦੇ ਹਨ। ਉਹਨਾਂ ਨੇ ਔਰਤਾਂ ਨੂੰ ਇਸ ਪ੍ਰੋਗਰਾਮ ਵਿੱਚ ਭਰਵੀਂ ਸ਼ਮੂਲੀਅਤ ਦੀ ਬੇਨਤੀ ਕੀਤੀ ਹੈ।ਇਸ ਮੀਟਿੰਗ ਨੂੰ ਹਰਬੰਸ ਕੌਰ ਨਵਾਂਸ਼ਹਿਰ, ਰਣਜੀਤ ਕੌਰ ਮਹਿਮੂਦਪੁਰ, ਬਲਵਿੰਦਰ ਕੌਰ ਸਲੋਹ, ਸੁਦੇਸ਼ ਸ਼ਰਮਾ, ਮਨਜੀਤ ਕੌਰ ਅਲਾਚੌਰ ਤੇ ਵੀਨਾ ਸੇਠੀ ਨੇ ਵੀ ਸੰਬੋਧਨ ਕੀਤਾ।

# ਅੱਖਾਂ ਦਾ ਮੁਫਤ ਅਪ੍ਰੇਸ਼ਨ ਤੇ ਚੈੱਕਅੱਪ ਕੈਂਪ



**ਗੁਰਾਇਆ (ਬਿੰਦਰ ਸੁੰਮਨ)**- ਨੇੜਲੇ ਪਿੰਡ ਜੱਜਾਂ ਕਲਾਂ ਵਿਖੇ ਜਗਤਾਰ ਸਿੰਘ ਪੁੱਤਰ ਮੋਹਣ ਸਿੰਘ ਯੂ ਐੱਸ ਏ ਵੱਲੋਂ ਅੱਖਾਂ ਦਾ ਮੁਫਤ ਅਪ੍ਰੇਸ਼ਨ ਤੇ ਚੈੱਕਅੱਪ ਕੈਂਪ ਸਰਕਾਰੀ ਪ੍ਰਾਈਮਰੀ ਸਕੂਲ ਜੱਜਾਂ ਕਲਾਂ ਵਿਖੇ ਲਗਾਇਆ ਗਿਆ, ਜਿਸ ਦਾ ਉਦਘਾਟਨ ਅਵਤਾਰ ਸਿੰਘ ਬਾਸੀ ਸਰਪੰਚ ਬਲਾਕ ਪ੍ਰਧਾਨ ਆਮ ਪਾਰਟੀ ਵਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਅਰੋੜਾ ਅੱਖਾਂ ਦਾ ਹਸਪਤਾਲ ਜਲੰਧਰ ਦੀ ਟੀਮ ਵਲੋਂ ਮਰੀਜ਼ਾਂ ਦਾ ਚੈਕਅੱਪ ਕਰਕੇ ਫਰੀ ਦਵਾਈ, ਐਨਕਾਂ ਅਤੇ ਅਪ੍ਰੇਸ਼ਨ ਲਈ ਚੁਣੇ ਗਈ ਮਰੀਜ਼ਾਂ ਦੇ ਲੈਂਜ਼ ਫਰੀ ਪਾਏ ਗਏ। ਪਿੰਡ ਜੱਜਾਂ ਕਲਾਂ ਦੇ ਸਰਪੰਚ ਜਸਪਾਲ ਸਿੰਘ ਨੇ ਐਨ ਆਰ ਵੀਰ ਜਗਤਾਰ ਸਿੰਘ ਵਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨਾਂ ਕਿਹਾ ਕਿ ਪਿੰਡ ਦੇ ਐੱਨ ਆਰ ਆਈ ਗੁਰਦੀਪ ਸਿੰਘ ਯੂ ਕੇ ਵਲੋਂ ਕੈਂਸਰ ਦਾ ਕੈਪ ਲਗਾਇਆ ਗਿਆ ਸੀ ਤੇ ਬਿੱਲਾ ਸੰਧੂ ਯੂ ਐੱਸ ਏ ਵਲੋਂ ਪਿੰਡ ਦੇ ਵਿਕਾਸ ਲਈ ਇੱਕ ਲੱਖ ਰੁਪਏ ਅਤੇ ਸਿੰਘ ਸਭਾ ਗੁਰਦੁਆਰੇ ਦੇ ਹੈਡ ਗ੍ਰੰਥੀ ਨੂੰ ਮੋਟਰਸਾਈਕਲ ਦਿੱਤਾ ਗਿਆ। ਗ੍ਰਾਮ ਪੰਚਾਇਤ ਵਲੋਂ ਐਨ ਆਰ ਆਈ ਵੀਰਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸਰਪੰਚ ਜਸਪਾਲ ਸਿੰਘ, ਅਵਤਾਰ ਸਿੰਘ ਸਰਪੰਚ, ਅਮਰਜੀਤ ਸਿੰਘ ਮਹਿਮੀ, ਕਰਨੈਲ ਸਿੰਘ ਨੰਬਰਦਾਰ, ਬਲਜੀਤ ਕੁਮਾਰ, ਕੁਲਦੀਪ ਸਿੰਘ, ਜਸਵੀਰ ਸਿੰਘ ਪੰਚ, ਮਨਪ੍ਰੀਤ ਸਿੰਘ ਯੂ ਐੱਸ ਏ, ਮਾਸਟਰ ਗੁਰਦੀਪ ਸਿੰਘ ਆਦਿ ਹਾਜ਼ਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਬਣੀ ਬਜ਼ੁਰਗਾਂ ਲਈ ਵਰਦਾਨ : ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਲਏ ਜਾ ਰਹੇ ਫੈਸਲਿਆਂ ਦੀ ਲੜੀ ਤਹਿਤ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਦੀ ਹਰ ਵਰਗ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਸਤਨਾਮ ਜਲਾਲਪੁਰ ਨੇ ਕੀਤਾ। ?ਸਤਨਾਮ ਜਲਾਲਪੁਰ ਨੇ ਕਿਹਾ ਕਿ ਅੱਜ ਦੀ ਭੱਜ-ਦੌੜ ਭਰੀ ਜ਼ਿੰਦਗੀ ਅਤੇ ਆਰਥਿਕ ਤੰਗੀ ਕਾਰਨ ਕਈ ਬਜ਼ੁਰਗ ਆਪਣੇ ਤੀਰਥ ਯਾਤਰਾ ਦੇ ਸੁਪਨੇ ਪੂਰੇ ਨਹੀਂ ਕਰ ਪਾਉਂਦੇ ਸਨ। ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਸਕੀਮ ਰਾਹੀਂ ਬਜ਼ੁਰਗਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾ ਕੇ ਪੰਜਾਬ ਦੇ 'ਸੱਚੇ ਪੁੱਤ' ਹੋਣ ਦਾ ਸਬੂਤ ਦਿੱਤਾ ਹੈ। ਇਹ ਸਕੀਮ ਬਜ਼ੁਰਗਾਂ ਦੀ ਜ਼ਿੰਦਗੀ ਵਿੱਚ ਖੁਸ਼ੀ ਅਤੇ ਮਾਨਸਿਕ ਸੰਤੁਸ਼ਟੀ ਭਰ ਰਹੀ ਹੈ।ਉਨ੍ਹਾਂ ਅੱਗੇ ਦੱਸਿਆ ਕਿ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਸਰਕਾਰ ਨੇ ਆਪਣੇ ਕੀਤੇ ਵਾਅਦਿਆਂ ਨੂੰ ਅਮਲੀ ਜਾਮਾ ਪਹਿਨਾਇਆ ਹੈ, ਜਿਸ ਵਿੱਚ 300 ਯੂਨਿਟ ਪ੍ਰਤੀ ਮਹੀਨਾ ਮੁਫਤ ਬਿਜਲੀ ਦੀ ਸਹੂਲਤ।ਆਮ ਆਦਮੀ ਕਲੀਨਿਕਾਂ ਰਾਹੀਂ ਘਰਾਂ ਦੇ ਨੇੜੇ ਇਲਾਜ, ਸੜਕ ਸੁਰੱਖਿਆ ਫੋਰਸ ਦਾ ਗਠਨ, ਸਿੱਖਿਆ ਵਿੱਚ ਸੁਧਾਰ ਅਤੇ ਹੁਣ ਰਸੋਈ ਕਿੱਟਾਂ ਵਰਗੀਆਂ ਸਹੂਲਤਾਂ।ਪੰਜਾਬ ਵਿੱਚ ਭ੍ਰਿਸ਼ਟਾਚਾਰ ਦਾ ਖਾਤਮਾ ਹੋਇਆ ਹੈ ਤੇ ਪਾਰਦਰਸ਼ੀ ਪ੍ਰਸ਼ਾਸਨ ਸਥਾਪਿਤ ਹੋਇਆ ਹੈ। ਲੋਕ ਪੱਖੀ ਨੀਤੀਆਂ ਸਦਕਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਮੁੜ ਬਹੁਮਤ ਨਾਲ ਸੱਤਾ ਵਿੱਚ ਵਾਪਸੀ ਕਰੇਗੀ।

# ਇਨੋਸੈਂਟ ਹਾਰਟਸ ਸਕੂਲ 'ਚ ਗ੍ਰੈਜੂਏਸ਼ਨ ਸੈਰੇਮਨੀ ਕਰਵਾਈ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ, ਨੂਰਪੁਰ ਕੈਂਪਸ ਵੱਲੋਂ ਕੇ ਜੀ-2 ਦੇ ਵਿਦਿਆਰਥੀਆਂ ਲਈ ਬੈਸਟੋਵਲ ਆਫ ਆਨਰਜ਼-ਗ੍ਰੈਜੂਏਸ਼ਨ ਸੈਰੇਮਨੀ ਦਾ ਆਯੋਜਨ ਕੀਤਾ ਗਿਆ, ਜੋ ਉਨ੍ਹਾਂ ਦੇ ਸਿੱਖਿਅਕ ਜੀਵਨ ਦੀ ਇੱਕ ਮਹੱਤਵਪੂਰਨ ਉਪਲਬਧੀ ਦਾ ਪ੍ਰਤੀਕ ਹੈ।ਕਾਰਜਕ੍ਰਮ ਦੀ ਸ਼ੋਭਾ ਗੁਰਮੀਤ ਕੌਰ (ਪ੍ਰੀ-ਪ੍ਰਾਇਮਰੀ ਸਕੂਲਜ਼ ਕੋਆਰਡੀਨੇਟਰ) ਤੇ ਨੂਰਪੁਰ ਕੈਂਪਸ ਦੀ ਡਾਇਰੈਕਟਰ ਸ਼੍ਰੀਮਤੀ ਮੀਨਾਕਸ਼ੀ ਸ਼ਰਮਾ ਨੇ ਆਪਣੀ ਹਾਜ਼ਰੀ ਨਾਲ ਵਧਾਈ। ਉਨ੍ਹਾਂ ਦੇ ਨਾਲ ਪ੍ਰਿੰਸੀਪਲ ਜਸਮੀਤ ਬਕਸ਼ੀ ਅਤੇ ਪ੍ਰੀ-ਪ੍ਰਾਇਮਰੀ ਸਕੂਲ ਦੀ ਇੰਚਾਰਜ ਪੂਜਾ ਰਾਣਾ ਵੀ ਮੌਜੂਦ ਰਹੀਆਂ। ਸਮਾਰੋਹ ਦੀ ਸ਼ੁਰੂਆਤ ਆਤਮਿਕ ਸਵਾਗਤ ਅਤੇ ਪ੍ਰਤੀਕਾਤਮਕ ਗ੍ਰੀਨ ਵੈਲਕਮ ਨਾਲ ਹੋਈ, ਜਿਸ ਤੋਂ ਬਾਅਦ ਨੰਨੇ-ਮੁੰਨੇ ਵਿਦਿਆਰਥੀਆਂ ਵੱਲੋਂ ਮਨਮੋਹਕ ਸੰਸਕ੍ਰਿਤਿਕ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ। ਕੈਪ ਅਤੇ ਗਾਊਨ ਪਹਿਨੇ ਛੋਟੇ-ਛੋਟੇ ਗ੍ਰੈਜੂਏਟਸ ਨੇ ਗਰਵ ਨਾਲ ਆਪਣੇ ਸਰਟੀਫਿਕੇਟ ਪ੍ਰਾਪਤ ਕੀਤੇ, ਜੋ ਉਨ੍ਹਾਂ ਦੇ ਜਮਾਤ ਪਹਿਲੀ ਵਿੱਚ ਸਫਲ ਪ੍ਰਵੇਸ਼ ਦਾ ਪ੍ਰਤੀਕ ਸਨ। ਰੰਗਾਰੰਗ ਨੱਚ ਅਤੇ ਸੰਗੀਤਕ ਪ੍ਰਸਤੁਤੀਆਂ ਨੇ ਸਮਾਰੋਹ ਨੂੰ ਹੋਰ ਵੀ ਖੁਸ਼ਗਵਾਰ ਬਣਾ ਦਿੱਤਾ।ਮਾਂ-ਬਾਪ ਆਪਣੇ ਬੱਚਿਆਂ ਦੇ ਜੀਵਨ ਦੇ ਇਸ ਮਾਣ-ਭਰੇ



ਪਲ ਦੇ ਸਾਕਸ਼ੀ ਬਣ ਕੇ ਬਹੁਤ ਉਤਸ਼ਾਹਿਤ ਤੇ ਪ੍ਰਸੰਨ ਦਿਖਾਈ ਦਿੱਤੇ ਅਤੇ ਉਨ੍ਹਾਂ ਨੇ ਤਾਲੀਆਂ ਦੀ ਗੂੰਜ ਨਾਲ ਬੱਚਿਆਂ ਦਾ ਹੌਸਲਾ ਵਧਾਇਆ।ਗੁਰਮੀਤ ਕੌਰ ਨੇ ਸੁਚੱਜੇ ਆਯੋਜਨ ਦੀ ਪ੍ਰਸ਼ੰਸਾ ਕਰਦੇ ਹੋਏ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸਰਾਹਨਾ ਕੀਤੀ। ਉਨ੍ਹਾਂ ਨੇ ਨੰਨੇ ਗ੍ਰੈਜੂਏਟਸ ਦੇ ਆਤਮ-ਵਿਸ਼ਵਾਸ ਦੀ ਭਰਪੂਰ ਤਾਰੀਫ਼ ਕੀਤੀ ਅਤੇ ਇੰਨੇ ਸੁੰਦਰ ਢੰਗ ਨਾਲ ਕਰਵਾਏ ਸਮਾਰੋਹ ਨੂੰ ਦੇਖ ਕੇ ਆਪਣੀ ਖੁਸ਼ੀ ਜ਼ਾਹਰ ਕੀਤੀ।

## 4 ਮਾਰਗੀ ਸੜਕ ਬਣਨ ਨਾਲ ਹੋਲੇ ਮਹੱਲੇ 'ਤੇ ਜਾ ਰਹੀਆਂ ਸੰਗਤਾਂ ਨੂੰ ਹੋਈ ਆਸਾਨੀ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਕਿਸਾਨ ਨੇਤਾ ਮੱਖਣ ਸਿੰਘ ਕੋਠੀ ਜੋ ਕਿ ਮਾਹਿਲਪੁਰ ਇਲਾਕੇ ਦੀਆਂ ਸਮਾਜਿਕ, ਧਾਰਮਿਕ ਅਤੇ ਹੋਰ ਉਸਾਰੂ ਗਤੀਵਿਧੀਆਂ ਵਿੱਚ ਹਿੱਸਾ ਲੈਂਦੇ ਰਹਿੰਦੇ ਹਨ ਨੇ ਗੱਲਬਾਤ ਕਰਦਿਆਂ ਕਿਹਾ ਕਿ ਸੰਤ ਬਾਬਾ ਸਤਨਾਮ ਸਿੰਘ ਜੀ ਕਿਲਾ ਆਨੰਦਗੜ੍ਹ ਸ੍ਰੀ ਆਨੰਦਪੁਰ ਸਾਹਿਬ ਵਾਲਿਆਂ ਨੇ ਜੋ ਕਲਮਾਂ ਮੋੜ ਤੋਂ ਸਿੰਘਪੁਰ ਤੱਕ ਚਾਰ ਮਾਰਗੀ ਸੜਕ ਬਣਾਈ ਹੈ। ਇਸ ਨਾਲ ਹੋਲੇ ਮਹੱਲੇ ਤੇ ਸ਼੍ਰੀ ਆਨੰਦਪੁਰ ਸਾਹਿਬ ਜਾ ਰਹੀਆਂ ਸੰਗਤਾਂ ਨੂੰ ਬਹੁਤ ਫਾਇਦਾ ਹੋਇਆ ਹੈ। ਪਹਿਲਾਂ ਜੋ ਕਿ ਅਕਸਰ ਇਸ ਜਗ੍ਹਾ ਤੇ ਜਾਮ ਲੱਗਾ ਰਹਿੰਦਾ ਸੀ ਤੇ ਸੰਗਤਾਂ ਨੂੰ ਜਾਣ ਵਿੱਚ ਔਖਿਆਈ ਹੁੰਦੀ ਸੀ, ਉਸ ਤੋ ਹੁਣ ਕਾਫੀ ਰਾਹਤ ਮਿਲੀ ਹੈ। ਉਹਨਾਂ ਕਿਹਾ ਕਿ ਸੰਤ ਬਾਬਾ ਸਤਨਾਮ ਸਿੰਘ ਸਮੁੱਚੀਆਂ ਸੰਗਤਾਂ ਦੇ ਸਹਿਯੋਗ ਨਾਲ ਗੜ੍ਹਸ਼ੰਕਰ ਵਿਖੇ ਨਹਿਰ ਦੇ ਦੋਨੋਂ ਪਾਸੇ ਸੜਕ ਨੂੰ ਚੌੜੀ ਕਰਨ ਦੇ ਯਤਨ ਕਰ ਰਹੇ ਹਨ ਤਾਂ ਕਿ ਸ਼ਹਿਰ ਵਿੱਚ ਜਾਮ ਨਾ ਲੱਗੇ। ਮੱਖਣ ਸਿੰਘ ਕੋਠੀ ਨੇ ਕਿਹਾ ਕਿ ਉਹ ਆਪਣੇ ਸਾਥੀਆਂ ਅਤੇ ਹੋਰ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਸਹਿਯੋਗ ਨਾਲ ਕਲਮਾਂ ਮੋੜ ਤੋਂ ਸਿੰਘਪੁਰ ਤੱਕ ਜੋ ਨਵੀਂ ਸੜਕ ਬਣੀ ਹੈ, ਉਸ ਦੇ ਆਲੇ ਦੁਆਲੇ ਜਾਮਣ ਅਤੇ ਅੰਬਾਂ ਦੇ ਫਲਦਾਰ ਅਤੇ ਛਾਂਦਾਰ ਬੂਟੇ ਲਗਾਉਣਗੇ ਤੇ ਇਸ ਦੀ ਸੰਭਾਲ ਕਰਨ ਦੇ ਵੀ ਪੂਰੇ ਯਤਨ ਕਰਨਗੇ।



# ਮੋਗਾ 'ਬਦਲਾਵ ਰੈਲੀ' ਦਾ ਉਦੇਸ਼ ਪੰਜਾਬ ਨੂੰ ਨਸ਼ਿਆਂ, ਗੈਂਗਸਟਰਾਂ, ਗੁੰਡਾਗਰਦੀ ਤੋਂ ਮੁਕਤ ਕਰਨਾ : ਮਿਨਹਾਸ



**ਦਸੂਹਾ (ਕਰਨੈਲ ਮਾਂਗਟ)**- ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲੋਂ 14 ਮਾਰਚ ਨੂੰ ਮੋਗਾ ਵਿੱਚ ਹੋਣ ਵਾਲੀ 'ਬਦਲਾਅ ਰੈਲੀ' ਸਬੰਧੀ ਪਾਰਟੀ ਵਰਕਰਾਂ ਨਾਲ ਮੀਟਿੰਗ ਕਰਦਿਆਂ ਭਾਜਪਾ ਜ਼ਿਲ੍ਹਾ ਜਲੰਧਰ ਦੇ ਇੰਚਾਰਜ ਸੰਜੀਵ ਮਿਨਹਾਸ ਨੇ ਦੱਸਿਆ ਕਿ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਰਣਨੀਤੀ ਤਿਆਰ ਕੀਤੀ ਜਾ ਰਹੀ ਹੈ। ਸੰਜੀਵ ਮਿਨਹਾਸ ਨੇ ਕਿਹਾ ਕਿ 14 ਮਾਰਚ ਨੂੰ ਹੋਣ ਵਾਲੀ ਇਹ ਰੈਲੀ ਪੰਜਾਬ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਸਾਬਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਰੈਲੀ ਨੂੰ ਸੰਬੋਧਨ ਕਰਨ ਲਈ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਸ਼ੇਸ਼ ਤੌਰ 'ਤੇ ਮੋਗਾ ਪਹੁੰਚਣਗੇ। ਇਸ ਰੈਲੀ ਵਿੱਚ ਅਮਿਤ ਸ਼ਾਹ ਨੂੰ ਪੰਜਾਬ ਦੀ ਤਰਸਯੋਗ ਹਾਲਤ ਤੋਂ ਜਾਣੂ ਕਰਵਾਇਆ ਜਾਵੇਗਾ। ਉਨਾਂ ਨੇ ਵਰਕਰਾਂ ਨੂੰ ਹਰੇਕ ਬੂਥ ਪੱਧਰ 'ਤੇ ਟੀਮਾਂ ਬਣਾ ਕੇ ਘਰ-ਘਰ ਜਾ ਕੇ ਲੋਕਾਂ ਨੂੰ ਰੈਲੀ ਵਿਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਮੰਡਲ ਪ੍ਰਧਾਨ ਵਿਨੋਦ ਕੁਮਾਰ ਮਿੰਟੂ , ਕੈਪਟਨ ਕਰਨ ਸਿੰਘ, ਮਾਸਟਰ ਮਹਿੰਦਰ ਸਿੰਘ, ਨਰੇਸ਼ ਠਾਕੁਰ, ਲਖਵੀਰ ਸਿੰਘ, ਅਮਿਤ ਕੁਮਾਰ ਗੋਰੀ ਆਦਿ ਹਾਜ਼ਰ ਸਨ।

# ਪ ਸ ਸ ਫ ਵੱਲੋਂ 8 ਨੂੰ ਪੰਜਾਬ ਵਿਧਾਨ ਸਭਾ ਦੇ ਘਿਰਾਓ ਕਰਨ ਦਾ ਫੈਸਲਾ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਸਾਂਝੀਆਂ ਅਤੇ ਜਾਇਜ਼ ਮੰਗਾਂ ਨੂੰ ਲੈ ਕੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਕੀਤੀ ਗਈ । ਮੀਟਿੰਗ ਨੂੰ ਵਿਸ਼ੇਸ਼ ਤੌਰ ਤੇ ਸੰਬੋਧਨ ਕਰਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਵਿਧਾਨ ਸਭਾ ਦੇ ਸੈਸ਼ਨ ਸਹਿਯੋਗ ਕਰਨ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ 5-6ਮਾਰਚ ਨੂੰ ਮਨਿਸਟੀਰੀਅਲ ਸਟਾਫ਼ ਅਤੇ ਕਾਮਿਆਂ ਦੇ ਸੰਘਰਸ਼ ਦਾ ਵੀ ਸਮਰਥਨ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 08 ਮਾਰਚ ਨੂੰ ਚੰਡੀਗੜ੍ਹ ਲਈ ਸ਼ਾਹਕੋਟ-ਨਕੋਦਰ, ਨੂਰਮਹਿਲ, ਫਿਲੌਰ, ਰੁੜਕਾ, ਗੁਰਾਇਆ, ਭੋਗਪੁਰ-ਆਦਮਪੁਰ ਅਤੇ ਜਲੰਧਰ ਸ਼ਹਿਰ ਤੋਂ ਵਹੀਕਲ ਚਲਾਏ ਜਾਣਗੇ।ਇਹਨਾਂ ਵਾਹੀਕਲਾਂ ਦੀ ਅਗਵਾਈ ਪ ਸ ਸ ਫ ਦੇ ਬਲਾਕ ਪ੍ਰਧਾਨ ਅਤੇ ਸਕੱਤਰ ਕਰਨਗੇ।ਮੀਟਿੰਗ




ਹੁਣ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਵੀ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਜਿਸ ਦੀ ਕੜੀ ਵਜੋਂ 8 ਮਾਰਚ ਨੂੰ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਬੈਨਰ ਹੇਠ ਰੋਸ ਮੁਜਾਹਰਾ ਕਰਨ ਤੋਂ ਬਾਅਦ ਪੰਜਾਬ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ। ਇਸ ਦੀ ਤਿਆਰੀ ਵਜੋਂ ਪ ਸ ਸ ਫ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਦੌਰਾਨ ਲਗਾਤਾਰ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਜਿਸ ਦੀ ਕੜੀ ਵਜੋਂ ਪਹਿਲੇ ਦਿਨ 8 ਮਾਰਚ ਨੂੰ ਕੀਤੇ ਜਾਣ ਵਾਲੇ ਰੋਸ ਮੁਜ਼ਾਹਰੇ ਵਿੱਚ ਪ ਸ ਸ ਫ ਦੇ ਕਾਰਕੁੰਨ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ। ਮੀਟਿੰਗ ਵਿੱਚ ਦਫ਼ਤਰੀ ਕਰਮਚਾਰੀਆਂ ਦੀ ਤਨਖਾਹ ਘਟਾਉਣ ਤੇ ਉਹਨਾਂ ਤੇ ਕੀਤੇ ਗਏ ਲਾਠੀ ਚਾਰਜ ਦੀ ਤਿੱਖੀ ਨਿਖੇਧੀ ਕੀਤੀ ਗਈ ਅਤੇ ਉਹਨਾਂ ਦੇ ਹਰ ਸੰਘਰਸ਼ ਵਿੱਚ ਵਿੱਚ ਨਿਰਮੋਲਕ ਸਿੰਘ ਹੀਰਾ, ਮਨੋਜ ਕੁਮਾਰ ਸਰੋਏ, ਬਲਬੀਰ ਸਿੰਘ, ਜਾਗੀਰ ਸਿੰਘ, ਰਤਨ ਸਿੰਘ, ਕੁਲਵੰਤ ਰਾਮ, ਓਮ ਪ੍ਰਕਾਸ਼, ਸਰਬਜੀਤ ਸਿੰਘ, ਸੰਦੀਪ ਰਾਜੋਵਾਲ, ਅਕਲ ਚੰਦ ਸਿੰਘ, ਤਾਰਾ ਸਿੰਘ ਬੀਕਾ, ਸੁਖਵਿੰਦਰ ਰਾਮ, ਕੁਲਦੀਪ ਵਾਲੀਆ, ਮਨੋਹਰ ਸਿੰਘ, ਬਲਵਿੰਦਰ ਕੁਮਾਰ, ਕੁਲਦੀਪ ਸਿੰਘ ਕੌੜਾ ਆਦਿ ਹਾਜ਼ਰ ਸਨ।

# ਨਸ਼ਿਆਂ ਨੂੰ ਖਤਮ ਕਰਨ ਲਈ ਲੋਕਾਂ ਦਾ ਸਹਿਯੋਗ ਜ਼ਰੂਰੀ : ਡੀ ਐੱਸ ਪੀ

**ਆਦਮਪੁਰ (ਪਰਮਜੀਤ ਸਿੰਘ)**- ਪੁਲਸ ਪ੍ਰਸ਼ਾਸਨ ਵੱਲੋਂ ਆਦਮਪੁਰ ਵਿਖੇ ਨਸ਼ਿਆਂ ਤੇ ਗੈਂਗਸਟਰ ਵਾਦ ਖ਼ਿਲਾਫ਼ ਸਮਾਜ ਨੂੰ ਚੇਤਨ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਲੈਕਚਰਾਰ ਗੁਰਿੰਦਰ ਸਿੰਘ ਨੇ ਪੰਜਾਬ ਦੇ




ਗੌਰਵਸ਼ਾਲੀ ਇਤਿਹਾਸ ਬਾਰੇ ਦੱਸਿਆ। ਉਪਰੰਤ ਲੋਕ ਮਿਲਣੀ ਕੀਤੀ ਗਈ ਜਿਸ ਵਿਚ ਜਲੰਧਰ ਜ਼ਿਲ੍ਹੇ ਦੇ ਪੁਲਿਸ ਐੱਸ ਐੱਸ ਪੀ ਹਰਵਿੰਦਰ ਸਿੰਘ ਵਿਰਕ, ਡੀ ਐੱਸ ਪੀ ਰਜੀਵ ਕੁਮਾਰ ਤੇ ਥਾਣੇਦਾਰ ਆਦਮਪੁਰ ਰਵਿੰਦਰਪਾਲ ਸਿੰਘ, ਐੱਸ ਐੱਚ ਓ. ਪਤਾਰਾ ਰਾਮ ਕਿਸ਼ਨ ਨੇਸਮੂਲੀਅਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਲੈਕਚਰਾਰ ਗੁਰਿੰਦਰ ਸਿੰਘ ਨੇ ਪੰਜਾਬ ਦੇ ਗੋਰਵਮਈ ਇਤਿਹਾਸ ਬਾਰੇ ਦੱਸਿਆ। ਉਪਰੰਤ ਐੱਸ ਐੱਸ ਪੀ ਹਰਵਿੰਦਰ ਸਿੰਘ ਵਿਰਕ ਨੇ ਹਾਜ਼ਰੀਨ ਸ਼ਖ਼ਸੀਅਤਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਪੁਲਸ ਵੱਲੋਂ ਨਸ਼ਿਆਂ ਤੇ ਗੈਂਗਸਟਰ ਵਾਦ ਖ਼ਿਲਾਫ਼ ਪੂਰਨ ਸਖ਼ਤੀ ਨਾਲ ਕੰਮ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਨਸ਼ਾਖੋਰੀ ਅਤੇ ਗੈਂਗਸਟਰਾਂ ਖ਼ਿਲਾਫ਼ ਪੂਰਨ ਸਖਤੀ ਨਾਲ ਕੰਮ ਕੀਤ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਖੋਰੀ ਤੇ ਗੈਂਗਸਟਰਾਂ ਖਿਲਾਫ ਕੋਈ ਵੀ ਸੂਚਨਾ ਪੁਲਿਸ ਨੂੰ ਦਿਤੀ ਜਾਵੇ ਤੇ ਪੁਲਸ ਪ੍ਰਸ਼ਾਸਨ ਸਖਤੀ ਨਾਲ ਦੋਸ਼ੀਆਂ ਖਿਲਾਫ ਕਾਰਵਾਈ ਕਰੇਗਾ। ਸੂਚਨਾ ਦੇਣ ਵਾਲੇ ਦਾ ਨਾਂਅ ਗੁਪਤ ਰੱਖਿਆ ਜਾਵੇਗਾ। ਸਟੇਟ ਸਕੱਤਰ ਦੀ ਭੂਮਿਕਾ ਲੈਕਚਰਾਰ ਗੁਰਿੰਦਰ ਸਿੰਘ ਵੱਲੋਂ ਬਾਖੂਬੀ ਢੰਗ ਨਾਲ ਨਿਭਾਈ ਗਈ। ਇਸ ਮੌਕੇ ਦਲਜੀਤ ਸਿੰਘ ਮਿਨਹਾਸ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਹਲਕਾ ਆਦਮਪੁਰ, ਲਖਵੀਰ ਸਿੰਘ ਹਜ਼ਾਰਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪਤਾਰਾ, ਪਰਮਜੀਤ ਸਿੰਘ ਰਾਜਵੰਸ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਜੋਗਿੰਦਰ ਪਾਲ ਸ਼ਹਿਰੀ ਪ੍ਰਧਾਨ, ਸਰਬਜੀਤ ਹੈਪੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜੰਡੂਸਿੰਘਾਂ, ਮਲਕੀਤ ਸਿੰਘ ਦੌਲਤਪੁਰ ਸਾਬਕਾ ਸਰਪੰਚ, ਚਰਨਜੀਤ ਸਿੰਘ ਸ਼ੇਰੀ, ਰਾਕੇਸ਼ ਅਗਰਵਾਲ, ਰਾਮ ਲਾਲ ਸੰਨੀ ਸਰਪੰਚ ਚੋਮੋਂ, ਅਕਾਸ਼ਦੀਪ ਆਸ਼ੂ ਬਲਾਕ ਪ੍ਰਧਾਨ, ਜਗਜੀਤ ਸਿੰਘ ਮਾਨਰਾਈ, ਤਰਸੇਮ ਸਿੰਘ ਚੁਖਿਆਰਾ, ਕੁਲਵਿੰਦਰ ਸਿੰਘ ਇੰਟਾਬੱਧੀ, ਸਲਿੰਦਰ ਸਿੰਘ ਨੌਲੀ, ਅੰਮ੍ਰਿਤਪਾਲ ਸਿੰਘ ਦੂਹੜਾ, ਸੁਰਿੰਦਰ ਸਿੰਘ ਸਰਪੰਚ, ਹਰਜੀਤ ਸਿੰਘ, ਬਲਜੀਤ ਸਿੰਘ ਪਧਿਆਨਾ, ਨਿਰਮਲ ਕੌਲ ਸਰਪੰਚ ਹਰੀਪੁਰ, ਜਸਪ੍ਰੀਤ ਸਿੰਘ ਸਰਪੰਚ ਲੁਟੇਰਾ ਖੁਰਦ, ਮਨਜੀਤ ਸਿੰਘ ਸਰਪੰਚ ਕੰਦੋਲਾ, ਦਲਜੀਤ ਸਿੰਘ ਜੀਤਾ, ਜਸਵੀਰ ਸਿੰਘ ਪਧਿਆਣਾ, ਗੁਲਜਾਰੀ ਲਾਲ ਸਰਪੰਚ ਖੁਰਦਪੁਰ, ਪ੍ਰਿਤਪਾਲ ਸਿੰਘ ਸਿਕੰਦਰਪੁਰ, ਸੁਖਵਿੰਦਰ ਸਿੰਘ ਸਰਪੰਚ ਫ਼ਤਿਹਪੁਰ, ਮਾਸਟਰ ਗੁਰਚਰਨ ਸਿੰਘ, ਕਮਲ ਕਡਿਆਣਾ ਬਿਜਲੀ ਬੋਰਡ, ਅੰਬੇਡਕਰ ਸੈਨਾ ਦੇ ਪ੍ਰਧਾਨ ਬਲਵੀਰ ਸਿੱਧੂ ਤੇ ਵੱਖ-ਵੱਖ ਪਿੰਡਾਂ ਦੇ ਸਰਪੰਚ ਤੇ ਇਲਾਕੇ ਦੇ ਲੋਕ ਹਾਜ਼ਰ ਸਨ।

## ਵਿਧਾਇਕ ਵੱਲੋਂ ਸੈਦਪੁਰਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਅੱਠਵੀਂ ਬੱਸ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਸੈਦਪੁਰਾ ਤੋਂ ਸ੍ਰੀ ਅੰਮ੍ਰਿਤਸਰ ਲਈ ਸ਼ਰਧਾਲੂਆਂ ਦੀ ਡੇਰਾਬੱਸੀ ਹਲਕੇ ਦੀ ਅੱਠਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚਾਇਤ ਮੈਂਬਰ ਤੇ ਪਾਰਟੀ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਨੇ ਤੀਰਥ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦੇ ਕੇ ਵਿਦਾ ਕੀਤਾ। ਇਸ ਅਵਸਰ 'ਤੇ ਵਿਧਾਇਕ ਕੁਲਜੀਤ ਸਿੰਘ



ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਪ੍ਰਤੀ ਸਤਿਕਾਰ ਅਤੇ ਸੇਵਾ ਭਾਵਨਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਬਜ਼ੁਰਗ ਆਰਥਿਕ ਜਾਂ ਸਿਹਤ ਕਾਰਨਾਂ ਕਰਕੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਤੋਂ ਵੰਚਿਤ ਰਹਿ ਜਾਂਦੇ ਹਨ, ਪਰ ਇਸ ਯੋਜਨਾ ਨਾਲ ਉਨ੍ਹਾਂ ਦਾ ਇਹ ਸੁਪਨਾ ਸਾਕਾਰ ਹੋ ਰਿਹਾ ਹੈ।ਤਿੰਨ ਦਿਨਾਂ ਦੀ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਦੇ ਨਾਲ-ਨਾਲ ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ ਦੇ ਦਰਸ਼ਨਾਂ ਤੋਂ ਇਲਾਵਾ ਅਤੇ ਹੋਰ ਇਤਿਹਾਸਕ ਤੇ ਅਹਿਮ ਸਥਾਨਾਂ ਜਿਵੇਂ ਕਿ ਜਲ੍ਹਿਆਂਵਾਲਾ ਬਾਗ਼ ਅਤੇ ਵਾਹਗਾ ਸਰਹੱਦ ਵੀ ਜਾਣਗੇ।

# ਅਮਰੀਕਾ-ਇਜ਼ਰਾਇਲ ਵੱਲੋਂ ਈਰਾਨ ਉੱਪਰ ਹਮਲੇ ਦੀ ਨਿਖੇਧੀ

**ਜਲੰਧਰ**- ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੀ ਪੰਜਾਬ ਰਾਜ ਕਮੇਟੀ ਨੇ ਅਮਰੀਕਾ-ਇਜ਼ਰਾਇਲ ਵਲੋਂ ਸਾਂਝੇ ਤੌਰ 'ਤੇ ਇਰਾਨ ਉੱਪਰ ਕੀਤੇ ਹਮਲੇ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਪਾਰਟੀ ਵੱਲੋਂ ਸੂਬਾਈ ਆਗੂ ਕਾਮਰੇਡ ਅਜਮੇਰ ਸਿੰਘ ਨੇ ਕਿਹਾ ਕਿ ਇਹ ਸਾਂਝਾ ਹਮਲਾ ਇਰਾਨ ਤੋਂ ਸੰਭਾਵਤ ਖਤਰੇ ਨੂੰ ਬਹਾਨਾ ਬਣਾ ਕੇ ਕੀਤਾ ਗਿਆ ਹੈ। ਅਮਰੀਕਾ ਵਲੋਂ ਇਸ ਹਮਲੇ 'ਚ ਇਰਾਨ ਦਾ ਸੁਪਰੀਮ ਲੀਡਰ ਆਇਤ ਉਲ ਅਲੀ ਖੁਮੀਨੀ, ਰੱਖਿਆ ਮੰਤਰੀ, ਰੈਵੋਲੂਸ਼ਨਰੀ ਗਾਰਡ, ਕਮਾਂਡਰ ਅਤੇ ਸੈਂਕੜੇ ਲੋਕ ਮਾਰੇ ਗਏ ਹਨ ਅਤੇ ਇਰਾਨ ਵਿੱਚ ਰਾਜ ਪਲਟਾ ਕੀਤੇ ਜਾਣ ਦਾ ਐਲਾਨ ਕੀਤਾ ਗਿਆ ਹੈ। ਅਮਰੀਕਾ ਇਹ ਸਾਰੀ ਗੁੰਡਾਗਰਦੀ ਇਰਾਨ ਦੇ ਤੇਲ ਭੰਡਾਰਾਂ ਅਤੇ ਰੂਟਾਂ ਉੱਪਰ ਕਬਜਾ ਕਰਨ ਲਈ ਕਰ ਰਿਹਾ ਹੈ। ਅਮਰੀਕਾ ਸੰਸਾਰ ਚੌਧਰ ਮੁੜ ਸਥਾਪਿਤ ਕਰਨ ਲਈ ਵੱਖਰੇ-ਵੱਖਰੇ ਦੇਸ਼ਾਂ ਨੂੰ ਡਰਾਉਣ ਧਮਕਾਉਣ, ਰਾਜ ਪਲਟੇ ਕਰਵਾਉਣ ਅਤੇ ਲੋਕਾਂ ਵੱਲੋਂ ਚੁਣੇ ਗਏ ਮੁਖੀਆਂ ਨੂੰ ਮਾਰਨ ਜਾਂ ਗ੍ਰਿਫਤਾਰ ਕਰਨ ਦੀ ਮੁਹਿੰਮ ਵਿੱਚ ਜੁਟਿਆ ਹੋਇਆ ਹੈ। ਪਿਛਲੇ ਸਮੇਂ ਵਿੱਚ ਟਰੰਪ ਵੱਲੋਂ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਮਾਦੁਰੋ ਨੂੰ ਪਤਨੀ ਸਮੇਤ ਹੱਥਕੜੀਆਂ ਵਿੱਚ ਜਕੜ ਕੇ ਅਮਰੀਕਾ ਲਿਜਾਇਆ ਗਿਆ ਅਤੇ ਆਪਣੇ ਆਪ ਨੂੰ ਵੈਨਜ਼ੁਵੇਲਾ ਦਾ ਕਾਰਜਕਾਰੀ ਰਾਸ਼ਟਰਪਤੀ ਹੋਣ ਦਾ ਐਲਾਨ ਕਰਕੇ ਉਥੋਂ ਦੇ ਤੇਲ ਭੰਡਾਰ ਵੇਚਣ ਦਾ ਅਧਿਕਾਰ ਆਪਣੇ ਹੱਥ ਵਿੱਚ ਲੈਣ ਦਾ ਐਲਾਨ ਕਰ ਦਿੱਤਾ। ਇਸ ਤੋਂ ਪਹਿਲਾਂ ਵੀ ਇਰਾਕ ਵਿੱਚ ਜਨਤਕ ਤਬਾਹੀ ਦੇ ਹਥਿਆਰ ਜਮ੍ਹਾਂ ਕਰਨ ਦਾ ਇਲਜ਼ਾਮ ਲਾ ਕੇ ਇਰਾਕ ਉੱਪਰ ਹਮਲਾ ਕੀਤਾ ਗਿਆ ਅਤੇ ਇਰਾਕ ਦੇ ਰਾਸ਼ਟਰਪਤੀ ਸੱਦਾਮ ਹੁਸੈਨ ਨੂੰ ਫਾਂਸੀ ਲਾਇਆ ਗਿਆ। ਲਿਬੀਆ ਵਿੱਚ ਰਾਜ ਪਲਟਾ ਕਰਵਾ ਕੇ ਕਰਨਲ ਗੱਦਾਫੀ ਨੂੰ ਮਾਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇੱਕ ਪਾਸੇ ਅਮਰੀਕਾ, ਇਰਾਨ ਨਾਲ ਪ੍ਰਮਾਣੂ ਪ੍ਰੋਗਰਾਮ ਸਬੰਧੀ ਗੱਲਬਾਤ ਕਰ ਰਿਹਾ ਸੀ ਅਤੇ ਦੂਜੇ ਪਾਸੇ ਬਿਨਾਂ ਭੜਕਾਹਟ ਤੋਂ ਇਰਾਨ ਉੱਪਰ ਹਮਲਾ ਕਰਕੇ ਸੰਸਾਰ ਅਮਨ ਲਈ ਖਤਰਾ ਪੈਦਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਦੋਸ਼ ਮੜ੍ਹ ਰਿਹਾ ਕਿ ਇਰਾਨ ਅਜਿਹੀਆਂ ਮਿਜ਼ਾਇਲ ਪ੍ਰਣਾਲੀਆਂ ਅਤੇ ਪ੍ਰਮਾਣੂ ਹਥਿਆਰ ਵਿਕਸਤ ਕਰ ਰਿਹਾ ਸੀ, ਜਿਨ੍ਹਾਂ ਦੀ ਪਹੁੰਚ ਅਮਰੀਕਾ ਤੱਕ ਹੋ ਸਕਦੀ ਸੀ।

# ਭਾਰਤ-ਅਮਰੀਕਾ ਵਪਾਰ ਸਮਝੌਤੇ ਨਾਲ ਕਿਸਾਨਾਂ ਦੀ ਆਮਦਨ 'ਚ ਵਾਧਾ ਹੋਵੇਗਾ : ਬਰਾੜ

**ਬਲਾਚੌਰ (ਜਸਵਿੰਦਰ ਬੈਂਸ)**- ਸੀਨੀਅਰ ਭਾਜਪਾ ਆਗੂ ਸਰਦਾਰ ਚਰਨਜੀਤ ਸਿੰਘ ਬਰਾੜ ਨੇ ਭਾਰਤੀ ਜਨਤਾ ਪਾਰਟੀ ਬਲਾਚੌਰ ਦੇ ਦਫ਼ਤਰ ਵਿੱਚ ਪ੍ਰੈੱਸ



ਕਾਨਫਰੰਸ ਦੌਰਾਨ ਭਾਰਤ ਤੇ ਅਮਰੀਕਾ ਦਰਮਿਆਨ ਹੋਏ ਇੰਡੋ-ਯੂਐਸ ਵਪਾਰ ਸਮਝੌਤੇ ਦੇ ਲਾਭਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਪੰਜਾਬ ਦੇ ਕਿਸਾਨਾਂ, ਉਦਯੋਗਪਤੀਆਂ, ਛੋਟੇ ਤੇ ਦਰਮਿਆਨੇ ਉਦਯੋਗਾਂ ਅਤੇ ਨੌਜਵਾਨਾਂ ਲਈ ਨਵੇਂ ਮੌਕੇ ਖੋਲ੍ਹੇਗਾ। ਬਰਾੜ ਨੇ ਕਿਹਾ ਕਿ ਇਸ ਵਪਾਰਕ ਸਾਂਝ ਨਾਲ ਪੰਜਾਬ ਦੇ ਬਾਸਮਤੀ ਚਾਵਲ, ਗੇਹੂੰ-ਅਧਾਰਤ ਉਤਪਾਦ, ਡੇਅਰੀ, ਪ੍ਰੋਸੈਸਡ ਫੂਡ ਅਤੇ ਬਾਗਬਾਨੀ ਉਤਪਾਦਾਂ ਦੀ ਅਮਰੀਕੀ ਮਾਰਕੀਟ ਵਿੱਚ ਮੰਗ ਵਧੇਗੀ। ਇਸ ਨਾਲ ਕਿਸਾਨਾਂ ਨੂੰ ਆਪਣੀ ਫਸਲ ਦਾ ਵਧੀਆ ਮੁੱਲ ਮਿਲੇਗਾ ਅਤੇ ਉਨ੍ਹਾਂ ਦੀ ਆਮਦਨ ਵਿੱਚ ਇਜਾਫਾ ਹੋਵੇਗਾ। ਉਨ੍ਹਾਂ ਦੱਸਿਆ ਕਿ ਇਹ ਸਮਝੌਤਾ ਪੰਜਾਬ ਵਿੱਚ ਨਿਵੇਸ਼ ਨੂੰ ਪ੍ਰੋਤਸਾਹਿਤ ਕਰੇਗਾ, ਖ਼ਾਸ ਕਰਕੇ ਖੇਤੀ-ਅਧਾਰਿਤ ਉਦਯੋਗ, ਫੂਡ ਪ੍ਰੋਸੈਸਿੰਗ ਅਤੇ ਮੈਨੂਫੈਕਚਰਿੰਗ ਖੇਤਰਾਂ ਵਿੱਚ। ਇਸ ਨਾਲ ਨਵੇਂ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ ਅਤੇ ਨੌਜਵਾਨਾਂ ਨੂੰ ਆਪਣੇ ਰਾਜ ਵਿੱਚ ਹੀ ਤਰੱਕੀ ਕਰਨ ਦਾ ਮੌਕਾ ਮਿਲੇਗਾ। ਪੰਜਾਬ ਦੇ ਟੈਕਸਟਾਈਲ, ਖੇਡ ਸਮਾਨ ਅਤੇ ਲਾਈਟ ਇੰਜੀਨੀਅਰਿੰਗ ਖੇਤਰਾਂ ਨੂੰ ਵੀ ਇਸ ਸਮਝੌਤੇ ਨਾਲ ਵੱਡਾ ਫ਼ਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਟੈਕਨਾਲੋਜੀ ਟ੍ਰਾਂਸਫਰ ਅਤੇ ਨਵੀਨਤਾ ਦੇ ਮੌਕੇ ਪੰਜਾਬ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਬਣਾਉਣਗੇ।ਉਨ੍ਹਾਂ ਦੱਸਿਆ ਕਿ ਇਸ ਸਮਝੌਤੇ ਵਿੱਚ ਖੇਤੀ ਨਾਲ ਸਬੰਧਤ ਕੋਈ ਵੀ ਵਸਤੂ ਅਮਰੀਕਾ ਤੋਂ ਨਹੀਂ ਆਵੇਗੀ ਜਿਸ ਨਾਲ ਦੇਸ਼ ਦੇ ਕਿਸਾਨ ਦਾ ਨੁਕਸਾਨ ਹੋਵੇ।




# ਵਾਤਾਵਰਨ ਸੰਬੰਧੀ ਬੱਚਿਆਂ ਨੇ ਪ੍ਰਦਰਸ਼ਨੀ ਲਗਾਈ

**ਪੋਜੇਵਾਲ (ਰਾਮ ਲਾਲ)**- ਭਾਰਤ ਸਰਕਾਰ ਦੇ ਵਾਤਾਵਰਨ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਅਤੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲਜੀ ਦੀਆਂ ਹਦਾਇਤਾਂ ਤੇ ਅਮਲ ਕਰਦੇ ਹੋਏ ਜ਼ਿਲ੍ਹਾ ਸਿੱਖਿਆ ਅਫਸਰ ਅਨੀਤਾ ਸ਼ਰਮਾ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਲਖਬੀਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਸਰਕਾਰੀ ਹਾਈ ਸਕੂਲ ਕੌਲਗੜ੍ਹ ਵਿਖੇ, ਸਕੂਲ ਇੰਚਾਰਜ ਰਵਿੰਦਰ ਕੁਮਾਰ ਦੀ ਅਗਵਾਈ ਹੇਠ ਸਾਇੰਸ ਮਿਸਟਰੈੱਸ ਤਨੂੰ ਦੁਆਰਾ ਵਾਤਾਵਰਨ ਸਿੱਖਿਆ ਪ੍ਰੋਗਰਾਮ ਤਹਿਤ ਪ੍ਰਦਰਸ਼ਨੀ ਲਗਾਈ ਗਈ। ਵਿਦਿਆਰਥੀਆਂ ਦੁਆਰਾ ਕੱਪੜਿਆਂ ਤੋਂ ਬੈਗ, ਕਿੱਟਾਂ ਅਤੇ ਵੇਸਟ ਚੀਜ਼ਾਂ ਤੋ ਪੈਨ ਪੈਨਸਲ ਸਟੈਂਡ, ਗੁਲਦਸਤੇ, ਕੂੜਾਦਾਨ ਆਦਿ ਬਣਾਏ ਗਏ। ਇਸ ਮੌਕੇ ਪਹਿਲਾ ਦੂਜਾ,ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸਕੂਲ ਮੁਖੀ ਰਵਿੰਦਰ ਕੁਮਾਰ ਤੇ ਸਟਾਫ ਵੱਲੋਂ ਸਰਟੀਫਿਕੇਟ ਅਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸ਼੍ਰੀਮਤੀ ਪਰਮਜੀਤ ਕੌਰ, ਰੁਪਿੰਦਰ ਕੌਰ, ਤਨੂੰ, ਮਨਜੀਤ ਕੌਰ,ਬਲਦੇਵ ਰਾਜ, ਕਿਰਨ ਕੁਮਾਰ, ਰਾਜੂ ਸੈਣੀ, ਸੁਖਵਿੰਦਰ ਸਿੰਘ ਅਤੇ ਅੰਜੂ ਰਾਣੀ ਹਾਜ਼ਰ ਸਨ।

## ਰੇਲ ਨਾਲ ਟਕਰਾਉਣ 'ਤੇ ਅਣਪਛਾਤੇ ਦੀ ਮੌਤ

**ਬਿਆਸ (ਰੱਖੜਾ)** ਜੀ ਆਰ ਪੀ ਚੌਂਕੀ ਬਿਆਸ ਦੇ ਸਬ-ਇੰਸਪੈਕਟਰ ਜਗਦੀਸ਼ ਸਿੰਘ ਨੇ ਦੱਸਿਆ ਕਿ ਰੇਲਵੇ ਸਟੇਸ਼ਨ ਬਿਆਸ ਤੋਂ ਕਿਲੋਮੀਟਰ ਨੰਬਰ 474/10-6 ਨੇੜੇ ਰੇਲਵੇ ਸਟੇਸ਼ਨ ਰਈਆ ਵਿਖੇ ਰੇਲ ਗੱਡੀ ਨੰਬਰ 14650 ਡਾਊਨ ਦੀ ਲਪੇਟ ਵਿੱਚ ਆਉਣ ਨਾਲ ਇੱਕ ਅਣਪਛਾਤੇ ਵਿਅਕਤੀ ਦੀ ਮੌਤ ਹੋ ਗਈ। ਇਸ ਸੰਬੰਧੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਮ੍ਰਿਤਕ ਦੀ ਉਮਰ ਕਰੀਬ 30-35 ਸਾਲ ਹੈ। ਲਾਸ਼ ਨੂੰ ਸ਼ਨਾਖਤ ਲਈ 72 ਘੰਟਿਆਂ ਲਈ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਰੱਖਿਆ ਗਿਆ ਹੈ।

## ਆਵਾਰਾ ਪਸ਼ੂਆਂ ਤੋਂ ਲੋਕ ਪਰੇਸ਼ਾਨ

**ਪੋਜੇਵਾਲ (ਰਾਮ ਲਾਲ)** ਆਵਾਰਾ ਪਸ਼ੂਆਂ ਗਲੀਆਂ ਮੁਹੱਲਿਆਂ ਵਿੱਚ ਆਮ ਹੀ ਘੁੰਮਦੇ ਨਜ਼ਰ ਆ ਰਹੇ ਹਨ। ਅਵਾਰਾ ਘੁੰਮ ਰਹੇ ਪਸ਼ੂਆਂ ਦੇ ਕਾਰਨ ਬਹੁਤ ਸਾਰੀਆਂ ਦੁਰਘਟਨਾਵਾਂ ਹਰ ਰੋਜ਼ ਦੇਖਣ ਨੂੰ ਮਿਲਦੀਆਂ ਹਨ। ਸੜਕ ਦੇ ਘੁੰਮਦੇ ਸਮੇਂ ਇਹਨਾਂ ਵਿੱਚ ਕਈ ਵਾਰ ਮੋਟਰਸਾਈਕਲ ਗੱਡੀਆਂ ਜਾਂ ਕੋਈ ਹੋਰ ਵੱਡੇ ਵਾਹਨ ਆ ਕੇ ਵੱਜ ਜਾਂਦੇ ਹਨ। ਗਲੀਆਂ ਮੁਹੱਲਿਆਂ ਵਿੱਚ ਘੁੰਮਦੇ ਸਮੇਂ ਕਿ ਇਹ ਅਵਾਰਾ ਪਸ਼ੂ ਬੱਚਿਆਂ ਨੂੰ ਬਜ਼ੁਰਗਾਂ ਨੂੰ ਜਾਂ ਕਿਸੇ ਹੋਰ ਵਿਅਕਤੀ ਨੂੰ ਆਪਣਾ ਸ਼ਿਕਾਰ ਬਣਾਉਂਦੇ ਹਨ। ਇਹਨਾਂ ਗਊਆਂ ਨੂੰ ਅਵਾਰਾ ਛੱਡਣ ਦੀ ਬਜਾਏ ਗਊਸ਼ਾਲਾਵਾਂ ਜਿਹੜੀਆਂ ਖੋਲੀਆਂ ਗਈਆਂ ਹਨ ਉਹਨਾਂ ਵਿੱਚ ਛੱਡ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਨੁਕਸਾਨ ਨਾ ਹੋਵੇ।

# ਹੋਲੇ ਮਹੱਲੇ ਮੌਕ 20 ਫਾਇਰ ਟੈਂਡਰ ਤਾਇਨਾਤ

**ਫਾਇਰ ਅਫਸਰਾਂ ਵੱਲੋਂ ਮੈਦਾਨੀ ਪੱਧਰ 'ਤੇ ਇੰਸਪੈਕਸ਼ਨ ਜਾਰੀ**

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹੋਲਾ ਮਹੱਲਾ ਦੇ ਪਵਿੱਤਰ ਤਿਉਹਾਰ ਦੌਰਾਨ ਲੱਖਾਂ ਦੀ ਗਿਣਤੀ



ਵਿੱਚ ਆ ਰਹੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਵਿੱਚ ਫਾਇਰ ਬ੍ਰਿਗੇਡ ਵੱਲੋਂ ਅੱਗ ਸੁਰੱਖਿਆ ਦੇ ਮਜ਼ਬੂਤ ਪ੍ਰਬੰਧ ਕੀਤੇ ਗਏ ਹਨ। ਮੇਲਾ ਖੇਤਰ ਤੇ ਆਲੇ-ਦੁਆਲੇ ਦੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਕੁੱਲ 20 ਫਾਇਰ ਟੈਂਡਰ ਤਾਇਨਾਤ ਕੀਤੇ ਗਏ ਹਨ, ਤਾਂ ਜੋ ਕਿਸੇ ਵੀ ਸਥਿਤੀ ਵਿੱਚ ਤੁਰੰਤ ਕਾਰਵਾਈ ਕੀਤੀ ਜਾ ਸਕੇ। ਇਨ੍ਹਾਂ ਫਾਇਰ ਟੈਂਡਰਾਂ ਦੀ ਮੈਦਾਨੀ ਪੱਧਰ 'ਤੇ ਇੰਸਪੈਕਸ਼ਨ ਫਾਇਰ ਅਫਸਰ ਕੌਰ ਸਿੰਘ ਤੇ ਅਮਰਪ੍ਰੀਤ ਸਿੰਘ ਵੱਲੋਂ ਕੀਤੀ ਗਈ। ਇੰਸਪੈਕਸ਼ਨ ਦੌਰਾਨ ਵਾਹਨਾਂ ਦੀ ਤਕਨੀਕੀ ਹਾਲਤ, ਪਾਣੀ ਦੀ ਉਪਲਬਧਤਾ, ਅੱਗ ਬੁਝਾਉ ਸਾਜ਼ੋ-ਸਾਮਾਨ ਅਤੇ ਸੰਚਾਰ ਪ੍ਰਣਾਲੀ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਗਈ। ਫਾਇਰ ਸਟਾਫ ਨੂੰ ਵੀ ਚੌਕਸ ਰਹਿਣ ਤੇ ਐਮਰਜੈਂਸੀ ਸਥਿਤੀ ਵਿੱਚ ਤੁਰੰਤ ਰਿਸਪਾਂਸ ਦੇਣ ਸਬੰਧੀ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ। ਫਾਇਰ ਅਧਿਕਾਰੀਆਂ ਨੇ ਦੱਸਿਆ ਕਿ ਮੇਲਾ ਖੇਤਰ ਵਿੱਚ ਅਸਥਾਈ ਦੁਕਾਨਾਂ, ਲੰਗਰ ਸਥਾਨਾਂ ਤੇ ਭੀੜ ਵਾਲੇ ਖੇਤਰਾਂ ਨੂੰ ਖ਼ਾਸ ਤੌਰ 'ਤੇ ਸੰਵੇਦਨਸ਼ੀਲ ਮੰਨਦਿਆਂ ਉੱਥੇ ਵਾਧੂ ਨਿਗਰਾਨੀ ਕੀਤੀ ਜਾ ਰਹੀ ਹੈ। ਫਾਇਰ ਬ੍ਰਿਗੇਡ ਨੇ ਸੰਗਤ ਤੇ ਵਪਾਰੀਆਂ ਨੂੰ ਅਪੀਲ ਕੀਤੀ ਹੈ ਕਿ ਅੱਗ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਦੇ ਹੋਏ ਪ੍ਰਸ਼ਾਸਨ ਦਾ ਸਹਿਯੋਗ ਕਰਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਤੁਰੰਤ ਨੇੜਲੇ ਫਾਇਰ ਟੈਂਡਰ ਜਾਂ ਕੰਟਰੋਲ ਰੂਮ ਨਾਲ ਸੰਪਰਕ ਕੀਤਾ ਜਾਵੇ। ਪ੍ਰਸ਼ਾਸਨ ਵੱਲੋਂ ਭਰੋਸਾ ਦਿਵਾਇਆ ਗਿਆ ਹੈ ਕਿ ਹੋਲਾ ਮਹੱਲਾ ਦੌਰਾਨ ਸੁਰੱਖਿਆ ਦੇ ਸਾਰੇ ਪ੍ਰਬੰਧ ਚੌਕਸ ਰੱਖੇ ਗਏ ਹਨ, ਤਾਂ ਜੋ ਤਿਉਹਾਰ ਸ਼ਾਂਤੀਪੂਰਕ ਅਤੇ ਸੁਰੱਖਿਅਤ ਢੰਗ ਨਾਲ ਸੰਪੰਨ ਹੋ ਸਕੇ।

# ਪੁਲਸ ਤੇ ਜਨਤਾ ਦੇ ਸਾਂਝੇ ਸਹਿਯੋਗ ਨਾਲ ਹੋਵੇਗਾ ਨਸ਼ਿਆਂ ਦਾ ਖਾਤਮਾ : ਡੀ ਐੱਸ ਪੀ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਅਤੇ ਗੈਂਗਸਟਰ ਕਲਚਰ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਿੱਢੀ ਮੁਹਿੰਮ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਐੱਸ ਐੱਸ ਪੀ ਤੁਸ਼ਾਰ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਹੇਠ 'ਸੰਪਰਕ 2026' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸੇ ਲੜੀ ਤਹਿਤ ਬਲਾਚੌਰ ਦੇ ਉਪ ਕਪਤਾਨ ਪੁਲਸ ਡੀ ਐੱਸ ਪੀ ਹਿੰਮਤ ਮਲਹੋਤਰਾ ਦੀ ਪ੍ਰਧਾਨਗੀ ਹੇਠ ਇਲਾਕੇ ਦੇ ਨਗਰ ਕੌਂਸਲ, ਵਪਾਰ ਮੰਡਲ ਯੂਨੀਅਨ,



ਆੜ੍ਹਤ ਅਸੋਸੀਏਸ਼ਨ ਸਬਜ਼ੀ ਮੰਡੀ ਬਲਾਚੌਰ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ ?ਮੀਟਿੰਗ ਦੌਰਾਨ ਡੀ ਐੱਸ ਪੀ ਮਲਹੋਤਰਾ ਨੇ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜਨ ਲਈ ਆਮ ਜਨਤਾ ਦਾ ਸਾਥ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰਾਂ ਬਾਰੇ ਪੁਲਸ ਨੂੰ ਜਾਣਕਾਰੀ ਦੇਣ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਜਾਣਕਾਰੀ ਦੇਣ ਵਾਲੇ ਵਿਅਕਤੀ ਦਾ ਨਾਮ ਅਤੇ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ?ਪੁਲਿਸ ਪ੍ਰਸ਼ਾਸਨ ਨੇ ਇੱਕ ਮਨੁੱਖੀ ਪਹੁੰਚ ਅਪਣਾਉਂਦਿਆਂ ਕਿਹਾ ਕਿ ਜਿਹੜੇ ਨੌਜਵਾਨ ਗਲਤੀ ਨਾਲ ਨਸ਼ਿਆਂ ਦੇ ਰਾਹ ਪੈ ਚੁੱਕੇ ਹਨ, ਜੇਕਰ ਉਹ ਵਾਪਸ ਮੁੱਖ ਧਾਰਾ ਵਿੱਚ ਆਉਣਾ ਚਾਹੁੰਦੇ ਹਨ, ਤਾਂ ਪੁਲਿਸ ਉਨ੍ਹਾਂ ਦੀ ਦੁਸ਼ਮਣ ਨਹੀਂ ਸਗੋਂ ਮਦਦਗਾਰ ਬਣੇਗੀ। ਅਜਿਹੇ ਨੌਜਵਾਨਾਂ ਨੂੰ ਸਰਕਾਰੀ ਨਸ਼ਾ ਛਡਾਊ ਕੇਂਦਰਾਂ ਵਿੱਚ ਦਾਖਲ ਕਰਵਾ ਕੇ ਉਨ੍ਹਾਂ ਦੇ ਮੁੜ ਵਸੇਬੇ ਲਈ ਹਰ ਸੰਭਵ ਸਹਾਇਤਾ ਦਿੱਤੀ ਜਾਵੇਗੀ। ?ਮੀਟਿੰਗ ਵਿੱਚ ਹਾਜ਼ਰ ਵਪਾਰ ਮੰਡਲ ਯੂਨੀਅਨ ਦੇ ਪ੍ਰਧਾਨ ਰਜਨੀਸ਼ ਨਾਗਪਾਲ ਨੇ ਸ਼ਹਿਰ ਦੀਆਂ ਹੋਰ ਮੁਸ਼ਕਿਲਾਂ ਵੱਲ ਵੀ ਧਿਆਨ ਦਿਵਾਇਆ। ਉਨ੍ਹਾਂ ਬਾਜ਼ਾਰਾਂ ਵਿੱਚ ਹੋ ਰਹੇ ਨਾਜਾਇਜ਼ ਕਬਜ਼ਿਆਂ ਤੇ ਬਲਾਚੌਰ ਸ਼ਹਿਰ ਦੇ ਅੰਦਰ ਫੁੱਟ ਪਾਥਾਂ ਤੇ ਨਜਾਇਜ਼ ਕਬਜ਼ੇ ਟ੍ਰੈਫਿਕ ਵਿੱਚ ਵਿਘਨ ਪਾਉਂਦੇ ਹਨ। ਇਹਨਾਂ ਸਮੱਸਿਆਵਾਂ ਬਾਰੇ ਚਾਨਣਾ ਪਾਇਆ ਅਤੇ ਪੁਲਸ ਨੂੰ ਇਨ੍ਹਾਂ ਦਾ ਜਲਦ ਹੱਲ ਕਰਨ ਦੀ ਮੰਗ ਕੀਤੀ। ?ਇਸ ਮੌਕੇ ਵਪਾਰ ਮੰਡਲ ਦੇ ਦੇ ਪ੍ਰਧਾਨ ਰਜਨੀਸ਼ ਨਾਗਪਾਲ, ਉਪ ਪ੍ਰਧਾਨ ਰਿਕੀ ਬਜਾਜ, ਆੜ੍ਹਤ ਐਸੋਸੀਏਸ਼ਨ ਸਬਜ਼ੀ ਮੰਡੀ ਦੇ ਪ੍ਰਧਾਨ ਰਵੀ ਨਈਆਰ, ਹਰੀਸ਼ ਅਰੋੜਾ, ਨੰਦ ਲਾਲ, ਰੋਹਿਤ ਸੋਨੀ, ਰਕੇਸ਼ ਕੁਮਾਰ ਤੇ ਪ੍ਰਦੀਪ ਕੁਮਾਰ ਸਮੇਤ ਕਈ ਹੋਰ ਮੋਹਤਵਾਰ ਵਿਅਕਤੀ ਹਾਜ਼ਰ ਸਨ। ਸਾਰੇ ਹਾਜ਼ਰੀਨ ਨੇ ਇੱਕਸੁਰ ਵਿੱਚ ਪੁਲਿਸ ਪ੍ਰਸ਼ਾਸਨ ਦੀ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

# ਪੰਜਾਬ ਨੂੰ ਮਿਲਿਆ ਵੱਕਾਰੀ ਡਿਜੀਟਲ ਐਕਸੀਲੈਂਸ ਐਵਾਰਡ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਨਾਗਰਿਕ-ਕੇਂਦ੍ਰਿਤ ਸੁਧਾਰਾਂ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੂੰ ਪਾਰਦਰਸ਼ਤਾ, ਕੁਸ਼ਲਤਾ ਅਤੇ ਜਨਤਕ ਸੇਵਾਵਾਂ ਦੀ ਨਿਰਵਿਘਨ ਡਿਲੀਵਰੀ ਨੂੰ ਯਕੀਨੀ ਬਣਾਉਣ ਵਿੱਚ ਤਕਨਾਲੋਜੀ ਦੀ ਵਰਤੋਂ ਵਿੱਚ ਮੋਹਰੀ ਪਹਿਲਕਦਮੀਆਂ ਕਰਨ ਲਈ ਤਕਨਾਲੋਜੀ ਸਭਾ 2026 ਦੌਰਾਨ ਵੱਕਾਰੀ ਡਿਜੀਟਲ ਐਕਸੀਲੈਂਸ ਐਵਾਰਡ ਮਿਲਿਆ ਹੈ। ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਵਿਭਾਗ ਦੇ ਡਾਇਰੈਕਟਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਸੂਬਾ ਸਰਕਾਰ ਤਰਫੋਂ ਇਹ ਪੁਰਸਕਾਰ ਹੈਦਰਾਬਾਦ ਵਿਖੇ ਇੰਡੀਅਨ ਐਕਸਪ੍ਰੈਸ ਗਰੁੱਪ ਵੱਲੋਂ ਕਰਵਾਈ ਗਈ ਤਕਨਾਲੋਜੀ ਸਭਾ 2026 ਦੌਰਾਨ ਹਾਸਲ ਕੀਤਾ। ਇਸ ਸਮਾਰੋਹ ਵਿੱਚ ਦੇਸ਼ ਭਰ ਦੇ ਚੋਟੀ ਦੇ ਤਕਨਾਲੋਜੀ ਦਿੱਗਜਾਂ ਅਤੇ ਨੀਤੀ ਘਾੜਿਆਂ ਨੇ ਸ਼ਿਰਕਤ ਕੀਤੀ। ਇਹ ਪੁਰਸਕਾਰ ਸੂਬੇ ਦੇ ਨਾਗਰਿਕਾਂ ਅਤੇ ਵਿਭਾਗ ਦੀ ਟੀਮ ਨੂੰ ਸਮਰਪਿਤ ਕਰਦਿਆਂ, ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਮਾਨਤਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇੱਕ ਪਾਰਦਰਸ਼ੀ, ਕਾਗਜ਼ ਰਹਿਤ ਅਤੇ ਜਵਾਬਦੇਹੀ ਵਾਲਾ ਪ੍ਰਬੰਧਕੀ ਢਾਂਚਾ ਬਣਾਉਣ ਲਈ ਸੌਂਪੇ ਕਾਰਜਾਂ ਦਾ ਨਤੀਜਾ ਹੈ।

**ਜਨਮ ਦਿਨ ਮੁਬਾਰਕ**



ਆਸ਼ਵੀ ਦੀਪ
ਜਲੰਧਰ

**ਵਰ੍ਹੇਗੰਢ ਮੁਬਾਰਕ**



ਸਤਨਾਮ ਸਿੰਘ ਅਤੇ ਦਰਸ਼ਨ ਕੌਰ ਨੇ ਆਪਣੇ ਵਿਆਹ ਦੀ 30ਵੀਂ ਵਰ੍ਹੇਗੰਢ ਮਨਾਈ।